ਸੋਮਵਾਰ, 3 ਅਗਸਤ, 2026
19 ਸਾਉਣ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 63

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 3 AUGUST, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਸਿਧਾਰਥ ਤੇ ਬੇਨੀਵਾਲ ਬਸਪਾ 'ਚੋਂ ਆਊਟ

## ਮਾਇਆਵਤੀ ਨੇ ਰਾਮਜੀ ਗੌਤਮ ਨੂੰ ਪੰਜਾਬ ਦਾ ਨਵਾਂ ਇੰਚਾਰਜ ਥਾਪਿਆ

**ਲਖਨਊ (ਨ ਜ਼ ਸ)**

ਬਸਪਾ ਸੁਪਰੀਮੋ ਮਾਇਆਵਤੀ ਨੇ ਆਪਣੇ ਭਤੀਜੇ ਆਕਾਸ਼ ਆਨੰਦ ਦੇ ਸਹੁਰੇ ਅਸ਼ੋਕ ਸਿਧਾਰਥ ਨੂੰ ਪਾਰਟੀ ਵਿੱਚੋਂ ਫਿਰ ਕੱਢ ਦਿੱਤਾ ਹੈ। ਉਸ ਨੇ ਐਤਵਾਰ ਕਿਹਾ, 'ਵਾਰ-ਵਾਰ ਚੇਤਾਵਨੀਆਂ ਦੇਣ ਦੇ ਬਾਵਜੂਦ ਅਸ਼ੋਕ ਵਿੱਚ ਕੋਈ ਸੁਧਾਰ ਨਹੀਂ ਹੋਇਆ। ਹੁਣ ਉਸ ਨੂੰ ਕਦੇ ਵੀ ਪਾਰਟੀ ਵਿੱਚ ਵਾਪਸ ਨਹੀਂ ਲਿਆ ਜਾਵੇਗਾ।' ਮਾਇਆਵਤੀ ਨੇ ਰਣਧੀਰ ਸਿੰਘ ਬੇਨੀਵਾਲ ਨੂੰ ਵੀ ਪਾਰਟੀ ਵਿੱਚੋਂ ਕੱਢ ਦਿੱਤਾ ਹੈ। ਬੇਨੀਵਾਲ ਬਸਪਾ ਕੋਆਰਡੀਨੇਟਰ ਸੀ ਅਤੇ ਉਸ ਨੂੰ ਪੰਜਾਬ, ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਦੀ ਜ਼ਿੰਮੇਵਾਰੀ ਦਿੱਤੀ ਗਈ ਸੀ।

ਡੇਢ ਸਾਲ ਵਿੱਚ ਇਹ ਦੂਜੀ ਵਾਰ ਹੈ, ਜਦੋਂ ਮਾਇਆਵਤੀ ਨੇ ਅਸ਼ੋਕ ਸਿਧਾਰਥ ਨੂੰ ਪਾਰਟੀ ਵਿੱਚੋਂ ਕੱਢਿਆ ਹੈ। 12 ਫਰਵਰੀ, 2025 ਨੂੰ ਉਸ ਨੂੰ ਵੀ ਧੜੇਬੰਦੀ ਦੇ ਕਾਰਨ ਕੱਢ ਦਿੱਤਾ ਗਿਆ ਸੀ। ਹਾਲਾਂਕਿ, ਛੇ ਮਹੀਨੇ ਬਾਅਦ ਸਤੰਬਰ ਵਿੱਚ ਬਹਾਲ ਕਰ ਦਿੱਤਾ ਸੀ। ਅਸ਼ੋਕ ਸਿਧਾਰਥ ਤਾਮਿਲਨਾਡੂ, ਕੇਰਲਾ, ਕਰਨਾਟਕ, ਗੁਜਰਾਤ, ਛੱਤੀਸਗੜ੍ਹ ਅਤੇ ਦਿੱਲੀ ਵਿੱਚ ਬਸਪਾ ਦਾ ਇੰਚਾਰਜ ਸੀ। ਮਾਇਆਵਤੀ ਨੇ ਸ਼ਨੀਵਾਰ ਉਸ ਤੋਂ ਇਨ੍ਹਾਂ ਰਾਜਾਂ ਦੀ ਜ਼ਿੰਮੇਵਾਰੀ ਵਾਪਸ ਲੈ ਲਈ ਸੀ। ਇਸ ਤੋਂ ਬਾਅਦ ਸੋਸ਼ਲ ਮੀਡੀਆ 'ਤੇ ਰਿਪੋਰਟਾਂ ਸਾਹਮਣੇ ਆਈਆਂ ਕਿ ਸਿਧਾਰਥ ਨੂੰ ਯੂ ਪੀ ਦੀ ਜ਼ਿੰਮੇਵਾਰੀ ਦਿੱਤੀ ਜਾ ਸਕਦੀ ਹੈ।

ਮਾਇਆਵਤੀ ਨੇ ਐਤਵਾਰ ਨੂੰ 'ਐੱਕਸ' 'ਤੇ ਲਿਖਿਆ—ਵਾਰ-ਵਾਰ ਚੇਤਾਵਨੀਆਂ ਦੇਣ 'ਤੇ ਵੀ ਅਸ਼ੋਕ ਸਿਧਾਰਥ ਦਾ ਰਵੱਈਆ ਬਦਲਿਆ ਨਹੀਂ। ਨਤੀਜੇ ਵਜੋਂ, ਉਸ ਤੋਂ ਸਾਰੀਆਂ ਜ਼ਿੰਮੇਵਾਰੀਆਂ ਖੋਹ ਲਈਆਂ ਗਈਆਂ ਸਨ। ਇਸ ਦੇ ਬਾਵਜੂਦ ਉਸ ਨੇ ਯੂ ਪੀ ਵਾਪਸ ਆਉਣ ਦੀਆਂ ਅਫਵਾਹਾਂ ਫੈਲਾ ਕੇ ਪਾਰਟੀ ਵਰਕਰਾਂ ਵਿੱਚ ਭੰਬਲਭੂਸਾ ਪੈਦਾ ਕਰਨ ਦੀ ਸਾਜ਼ਿਸ਼ ਰਚੀ। ਇਸ ਲਈ ਹੁਣ ਉਸ ਨੂੰ ਪਾਰਟੀ ਵਿੱਚੋਂ ਪੂਰੀ ਤਰ੍ਹਾਂ ਕੱਢ ਦਿੱਤਾ ਗਿਆ ਹੈ।


ਅਸ਼ੋਕ ਸਿਧਾਰਥ, ਰਣਧੀਰ ਸਿੰਘ ਬੇਨੀਵਾਲ, ਰਾਮਜੀ ਗੌਤਮ

ਅਸ਼ੋਕ ਸਿਧਾਰਥ ਅਤੇ ਰਣਧੀਰ ਸਿੰਘ ਬੇਨੀਵਾਲ ਨੂੰ ਪਾਰਟੀ ਵਿੱਚੋਂ ਕੱਢਣ ਤੋਂ ਬਾਅਦ ਮਾਇਆਵਤੀ ਨੇ ਰਾਜ ਸਭਾ ਮੈਂਬਰ ਰਾਮਜੀ ਗੌਤਮ ਨੂੰ ਪੰਜਾਬ ਦਾ ਇੰਚਾਰਜ ਨਿਯੁਕਤ ਕੀਤਾ ਹੈ। ਉਹ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਅਤੇ ਲੋਕ ਸਭਾ ਚੋਣਾਂ ਤੱਕ ਇਸ ਅਹੁਦੇ 'ਤੇ ਰਹਿਣਗੇ। ਮੱਧ ਪ੍ਰਦੇਸ਼ ਦੇ ਇੰਚਾਰਜ ਰਾਜਾਰਾਮ ਨੂੰ ਦਿੱਲੀ, ਕੇਰਲਾ, ਗੁਜਰਾਤ ਅਤੇ ਕਰਨਾਟਕ ਦਾ ਵਾਧੂ ਚਾਰਜ ਦਿੱਤਾ ਗਿਆ ਹੈ। ਮਾਇਆਵਤੀ ਨੇ ਸਪੱਸ਼ਟ ਕੀਤਾ ਕਿ ਯੂ ਪੀ ਦੇ ਪਾਰਟੀ ਅਧਿਕਾਰੀ ਜਾਂ ਕੋਆਰਡੀਨੇਟਰ, ਜੋ ਰਾਜ ਤੋਂ ਬਾਹਰ ਮਹੱਤਵਪੂਰਨ ਜ਼ਿੰਮੇਵਾਰੀਆਂ ਸੰਭਾਲ ਰਹੇ ਹਨ, ਨੂੰ ਯੂ ਪੀ ਵਿੱਚ ਕੋਈ ਪਾਰਟੀ ਜ਼ਿੰਮੇਵਾਰੀ ਨਹੀਂ ਦਿੱਤੀ ਜਾਵੇਗੀ। ਅਸ਼ੋਕ ਸਿਧਾਰਥ ਦੇ ਕਰੀਬੀ ਸਹਿਯੋਗੀ ਅਤੇ ਤਿੰਨ ਰਾਜਾਂ ਵਿੱਚ ਉਸ ਦੇ ਕੋ-ਇੰਚਾਰਜ ਨਿਤਿਨ ਸਿੰਘ ਤੋਂ ਵੀ ਕੇਰਲਾ, ਕਰਨਾਟਕ ਅਤੇ ਤਾਮਿਲਨਾਡੂ ਵਿੱਚ ਪਾਰਟੀ ਦੀ ਜ਼ਿੰਮੇਵਾਰੀ ਖੋਹ ਲਈ ਗਈ ਹੈ।

ਮਾਇਆਵਤੀ ਨੇ ਪਾਰਟੀ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਸ਼ਰਾਰਤੀ ਅਨਸਰਾਂ ਅਤੇ ਸਾਜ਼ਿਸ਼ਕਾਰਾਂ ਤੋਂ • ਬਾਕੀ ਸਫਾ 2 'ਤੇ

## ਮਾਨ ਵੱਲੋਂ ਲੁਧਿਆਣਾ ਨੂੰ ਦੋ ਹੋਰ 'ਸਕੂਲ ਆਫ਼ ਐਮੀਨੈਂਸ' ਦਾ ਤੋਹਫ਼ਾ

**ਲੁਧਿਆਣਾ (ਨਵਾਂ ਜ਼ਮਾਨਾ ਸਰਵਿਸ)**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਤਵਾਰ ਲੁਧਿਆਣਾ ਦੇ ਕਿਦਵਈ ਨਗਰ ਅਤੇ ਮਿਲਰ ਗੰਜ ਵਿਖੇ ਦੋ ਨਵੇਂ 'ਸਕੂਲ ਆਫ਼ ਐਮੀਨੈਂਸ' ਲੋਕਾਂ ਨੂੰ ਸਮਰਪਤ ਕੀਤੇ, ਜਿਸ ਨਾਲ ਜ਼ਿਲ੍ਹੇ ਵਿੱਚ ਸਕੂਲ ਆਫ਼ ਐਮੀਨੈਂਸ ਦੀ ਗਿਣਤੀ 16 ਹੋ ਗਈ ਹੈ। ਆਧੁਨਿਕ ਕਲਾਸਰੂਮਾਂ, ਅਤਿ-ਆਧੁਨਿਕ ਪ੍ਰਯੋਗਸ਼ਾਲਾਵਾਂ, ਆਡੀਟੋਰੀਅਮ ਅਤੇ ਹੋਰ ਉਨਤ ਸਹੂਲਤਾਂ ਨਾਲ ਲੈਸ ਇਹ ਨਵੇਂ ਕੈਂਪਸ, ਸਰਕਾਰੀ ਸਿੱਖਿਆ ਨੂੰ ਮਜ਼ਬੂਤ ਕਰਨ ਅਤੇ ਵਿਦਿਆਰਥੀਆਂ ਨੂੰ ਪੜ੍ਹਨ ਲਈ ਵਿਸ਼ਵ ਪੱਧਰੀ ਢਾਂਚਾ ਮੁਹੱਈਆ ਕਰਵਾਉਣ ਹਿੱਤ ਪੰਜਾਬ ਸਰਕਾਰ ਦੇ ਠੋਸ ਯਤਨਾਂ ਦਾ ਹਿੱਸਾ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਸਿੱਖਿਆ ਵਿੱਚ ਲਗਾਤਾਰ ਨਿਵੇਸ਼ ਨੇ ਸਰਕਾਰੀ ਸਕੂਲਾਂ ਨੂੰ ਬੁਲੰਦੀਆਂ 'ਤੇ ਪਹੁੰਚਾਇਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਬਿਹਤਰ ਬੁਨਿਆਦੀ ਢਾਂਚੇ, ਵਿਦੇਸ਼ਾਂ 'ਚ ਅਧਿਆਪਕਾਂ ਦੀ ਸਿਖਲਾਈ ਅਤੇ ਪੜ੍ਹਾਉਣ ਦੇ ਆਧੁਨਿਕ ਤਰੀਕਿਆਂ ਕਰਕੇ ਮਾਪਿਆਂ ਵਿੱਚ ਸਰਕਾਰੀ ਸਕੂਲਾਂ ਪ੍ਰਤੀ ਵਿਸ਼ਵਾਸ ਵਧਿਆ ਹੈ। ਪੰਜਾਬ ਦੇਸ਼ ਭਰ ਵਿੱਚ ਸਕੂਲੀ ਸਿੱਖਿਆ ਵਿੱਚ 27ਵੇਂ ਸਥਾਨ ਤੋਂ ਵੱਡੀ ਪੁਲਾਂਘ ਪੁੱਟ ਕੇ ਪਹਿਲੇ ਨੰਬਰ 'ਤੇ ਪਹੁੰਚ ਗਿਆ ਹੈ, ਜੋ ਹਰ ਬੱਚੇ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਕੇ ਇੱਕ ਸਿਹਤਮੰਦ, ਸਿੱਖਿਅਤ ਅਤੇ ਨਸ਼ਾ ਮੁਕਤ ਪੰਜਾਬ ਬਣਾਉਣ ਦੀ ਉਨ੍ਹਾਂ ਦੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਾ ਹੈ।

ਮੁੱਖ ਮੰਤਰੀ ਨੇ ਨਵੇਂ ਸ਼ੁਰੂ ਕੀਤੇ 'ਸਕੂਲ ਆਫ਼ ਐਮੀਨੈਂਸ' ਦੇ ਦੌਰੇ ਦੌਰਾਨ ਵਿਦਿਆਰਥੀਆਂ ਨਾਲ ਕਾਫ਼ੀ ਸਮਾਂ ਬਿਤਾਇਆ। ਉਨ੍ਹਾ ਕਲਾਸਰੂਮਾਂ, ਵਿਗਿਆਨ ਪ੍ਰਯੋਗਸ਼ਾਲਾਵਾਂ ਅਤੇ ਹੋਰ ਅਕਾਦਮਿਕ ਸਹੂਲਤਾਂ ਦਾ ਦੌਰਾ ਕੀਤਾ, ਜਿੱਥੇ ਉਨ੍ਹਾ ਆਧੁਨਿਕ ਬੁਨਿਆਦੀ ਢਾਂਚੇ ਦਾ ਜਾਇਜ਼ਾ ਲਿਆ ਅਤੇ ਵਿਦਿਆਰਥੀਆਂ ਨਾਲ ਉਨ੍ਹਾਂ ਦੀ ਪੜ੍ਹਾਈ, ਵਿਗਿਆਨਕ ਪ੍ਰਯੋਗਾਂ ਅਤੇ ਸਿੱਖਣ ਦੇ ਤਜਰਬਿਆਂ ਬਾਰੇ ਗੱਲਬਾਤ ਕੀਤੀ। ਮਾਨ ਨੇ ਅਧਿਆਪਕਾਂ ਅਤੇ ਸਕੂਲ ਸਟਾਫ਼ ਨਾਲ ਵੀ ਮੁਲਾਕਾਤ ਕੀਤੀ ਅਤੇ ਸੂਬੇ ਵਿੱਚ ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ ਉਨ੍ਹਾਂ ਦੇ ਸਮਰਪਣ ਦੀ ਸ਼ਲਾਘਾ ਕੀਤੀ।

ਮੁੱਖ ਮੰਤਰੀ ਦੇ ਦੌਰੇ ਦੌਰਾਨ ਕਈ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਉਨ੍ਹਾ ਤੋਂ ਆਟੋਗ੍ਰਾਫ਼ ਮੰਗੇ, ਜਦੋਂ ਕਿ ਕੁਝ ਨੇ ਪਿਆਰ ਅਤੇ ਸਤਿਕਾਰ ਵਜੋਂ ਉਨ੍ਹਾ ਨੂੰ ਆਪਣੇ ਹੱਥਾਂ ਨਾਲ ਬਣਾਏ ਸਕੈੱਚ/ ਪੋਰਟਰੇਟ ਭੇਟ ਕੀਤੇ। ਸਮਾਗਮ ਦੌਰਾਨ ਇੱਕ ਬੱਚੇ ਦੇ ਮਾਪਿਆਂ ਨੇ ਮੁੱਖ ਮੰਤਰੀ ਨੂੰ ਗੁਲਦਸਤਾ ਭੇਟ ਕੀਤਾ ਅਤੇ ਉਨ੍ਹਾਂ ਦੀ ਅਗਵਾਈ ਹੇਠ ਸਿੱਖਿਆ ਖੇਤਰ ਦੀ ਨੁਹਾਰ ਬਦਲਣ ਲਈ ਪੰਜਾਬ ਸਰਕਾਰ ਦੇ ਕ੍ਰਾਂਤੀਕਾਰੀ ਉਪਰਾਲਿਆਂ ਦੀ ਸ਼ਲਾਘਾ ਕੀਤੀ।

ਮਾਨ ਨੇ ਕਿਹਾ, 'ਕਿਦਵਈ ਨਗਰ ਵਿਖੇ ਸਕੂਲ ਆਫ਼ ਐਮੀਨੈਂਸ 10.62 ਕਰੋੜ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਇਆ ਹੈ। ਨਵੀਂ ਇਮਾਰਤ 8300 ਵਰਗ ਗਜ਼ ਤੋਂ ਵੱਧ ਖੇਤਰ ਵਿੱਚ ਬਣਾਈ ਗਈ ਹੈ ਅਤੇ ਇਸ ਵਿੱਚ 60 ਕਮਰੇ ਹਨ, ਜਿਸ ਵਿੱਚ 27 ਕਲਾਸਰੂਮ, ਸੱਤ ਆਧੁਨਿਕ ਲੈਬਾਂ, ਇੱਕ ਲਾਇਬ੍ਰੇਰੀ, ਪ੍ਰਿੰਸੀਪਲ ਦਾ ਦਫ਼ਤਰ, 500 ਵਿਦਿਆਰਥੀਆਂ ਦੇ ਬੈਠਣ ਦੀ ਸਮਰੱਥਾ ਵਾਲਾ ਇੱਕ ਅਤਿ-ਆਧੁਨਿਕ ਆਡੀਟੋਰੀਅਮ ਅਤੇ ਨੌਂ ਵਾਸ਼ਰੂਮ ਸ਼ਾਮਲ ਹਨ। ਮਿਲਰ ਗੰਜ ਵਿਖੇ ਸਕੂਲ ਆਫ਼ ਐਮੀਨੈਂਸ 3.48 ਕਰੋੜ ਰੁਪਏ ਦੀ ਲਾਗਤ ਨਾਲ ਪੂਰਾ ਹੋਇਆ ਹੈ। ਨਵੀਂ ਇਮਾਰਤ 1800 ਵਰਗ ਗਜ਼ ਤੋਂ ਵੱਧ ਵਿੱਚ ਬਣਾਈ ਗਈ ਹੈ ਅਤੇ ਇਸ ਵਿੱਚ 22 ਕਮਰੇ ਹਨ, ਜਿਸ ਵਿੱਚ 11 ਕਲਾਸਰੂਮ, ਸੱਤ ਲੈਬਾਰਟ੍ਰੀਆਂ, ਪ੍ਰਿੰਸੀਪਲ ਦਾ ਦਫ਼ਤਰ ਅਤੇ ਛੇ ਵਾਸ਼ਰੂਮ ਸ਼ਾਮਲ ਹਨ। ਵਿਦਿਆਰਥੀਆਂ ਦੀ ਸਹੂਲਤ ਲਈ ਇੱਕ ਲਿਫਟ ਵੀ ਲਗਾਈ ਗਈ ਹੈ। ਇਸ ਤੋਂ ਪਹਿਲਾਂ ਇੰਦਰਪੁਰੀ, ਲੁਧਿਆਣਾ ਵਿਖੇ ਇੱਕ ਸ਼ਾਨਦਾਰ ਸਕੂਲ ਆਫ਼ ਐਮੀਨੈਂਸ ਇਮਾਰਤ ਦਾ ਉਦਘਾਟਨ ਕੀਤਾ ਗਿਆ ਸੀ।'

ਮੁੱਖ ਮੰਤਰੀ ਨੇ ਕਿਹਾ—ਜਦੋਂ ਮੈਂ ਅਹੁਦਾ ਸੰਭਾਲਿਆ ਸੀ ਤਾਂ ਪੰਜਾਬ ਸਕੂਲ ਸਿੱਖਿਆ ਵਿੱਚ ਪੰਜਾਬ 27ਵੇਂ ਸਥਾਨ 'ਤੇ ਸੀ। ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਅੱਜ ਸੂਬੇ ਨੇ ਇਸ ਖੇਤਰ ਵਿੱਚ ਪਹਿਲੇ ਸਥਾਨ 'ਤੇ ਕਾਬਿਜ਼ ਹੈ। 2021 ਵਿੱਚ ਸਰਕਾਰੀ ਸਕੂਲਾਂ ਦੇ ਸਿਰਫ਼ 80 ਵਿਦਿਆਰਥੀਆਂ ਨੇ ਨੀਟ ਪ੍ਰੀਖਿਆ ਪਾਸ ਕੀਤੀ ਸੀ, ਪਰ 2026 ਵਿੱਚ ਇਹ ਗਿਣਤੀ 881 ਹੋ ਗਈ ਹੈ, ਜੋ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਦੁਆਰਾ ਹੁਣ ਤੱਕ ਦੀ ਸਭ ਤੋਂ ਵੱਡੀ ਪ੍ਰਾਪਤੀ ਹੈ। ਪੰਜਾਬ ਨੇ ਸਰਕਾਰੀ ਸਕੂਲਾਂ ਵਿੱਚ ਮਾਪੇ-ਅਧਿਆਪਕ ਮੀਟਿੰਗਾਂ ਦੀ ਵੀ ਅਗਵਾਈ ਕੀਤੀ ਹੈ, ਜਿਸ ਵਿੱਚ ਲਗਭਗ 24 ਲੱਖ ਮਾਪਿਆਂ ਦੀ ਸ਼ਮੂਲੀਅਤ ਦਰਜ ਕੀਤੀ ਗਈ। ਲਗਭਗ 20,000 ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਮੁਫ਼ਤ ਬੱਸ ਸੇਵਾ ਪ੍ਰਦਾਨ ਕੀਤੀ ਜਾ ਰਹੀ ਹੈ, ਜਿਨ੍ਹਾਂ ਵਿੱਚ 12000 ਕੁੜੀਆਂ ਸ਼ਾਮਲ ਹਨ।

## ਸਮਝੌਤਾ ਹੋਣ ਵਾਲਾ : ਟਰੰਪ

**ਵਾਸ਼ਿੰਗਟਨ (ਨ ਜ਼ ਸ)**-ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸੋਸ਼ਲ ਮੀਡੀਆ ਪੋਸਟ ਵਿੱਚ ਦਾਅਵਾ ਕੀਤਾ ਹੈ ਕਿ ਮੱਧ ਪੂਰਬ ਦੇ ਸਹਿਯੋਗੀ ਦੇਸ਼ ਈਰਾਨ ਨਾਲ ਯੁੱਧ ਖਤਮ ਕਰਨ ਲਈ ਇੱਕ ਸਮਝੌਤੇ ਦੀਆਂ ਸ਼ਰਤਾਂ 'ਤੇ ਸਹਿਮਤ ਹੋ ਗਏ ਹਨ। ਉਨ੍ਹਾ ਕਿਹਾ ਕਿ ਉਹ ਫਿਲਹਾਲ ਪੰਜ ਮਹੀਨਿਆਂ ਤੋਂ ਚੱਲ ਰਹੇ ਇਸ ਟਕਰਾਅ ਵਿੱਚ ਨਵੇਂ ਹਮਲੇ ਦਾ ਆਦੇਸ਼ ਦੇਣ ਤੋਂ ਗੁਰੇਜ਼ ਕਰਨਗੇ। ਟਰੰਪ ਨੇ ਸਨਿੱਚਰਵਾਰ ਕਿਹਾ ਕਿ ਇਸ ਪ੍ਰਸਤਾਵਤ ਸਮਝੌਤੇ ਵਿੱਚ ਹਾਰਮੁਜ਼ ਜਲ ਮਾਰਗ ਨੂੰ ਤੁਰੰਤ ਤੇ ਪੂਰੀ ਤਰ੍ਹਾਂ ਖੋਲ੍ਹਣਾ ਅਤੇ ਈਰਾਨ ਦੇ ਪ੍ਰਮਾਣੂ ਖਤਰੇ ਨੂੰ ਖਤਮ ਕਰਨਾ ਸ਼ਾਮਲ ਹੋਵੇਗਾ।ਟਰੰਪ ਨੇ ਕਿਹਾ, 'ਮੈਂ ਦੁਨੀਆ ਦੇ ਭਵਿੱਖ ਦੇ ਫਾਇਦੇ ਅਤੇ ਉਸੇ ਤਰ੍ਹਾਂ ਇੱਕ ਸਫਲ ਤੇ ਖੁਸ਼ਹਾਲ ਈਰਾਨ ਦੀ ਹੋਂਦ ਲਈ ਹਮਲੇ ਨੂੰ ਰੱਦ ਕਰਨ ਲਈ ਸਹਿਮਤੀ ਦੇ ਦਿੱਤੀ ਹੈ, ਬਸ਼ਰਤੇ ਕਿ ਜਲਦੀ ਹੀ ਕੋਈ ਸਮਝੌਤਾ ਹੋ ਸਕੇ।' ਉਨ੍ਹਾ ਕਿਹਾ ਕਿ ਇਜ਼ਰਾਈਲ ਈਰਾਨ ਨਾਲ ਉਸ ਸਮਝੌਤੇ ਨੂੰ ਪੂਰਾ ਕਰਨ ਦੀ ਕੋਸ਼ਿਸ਼ ਕਰਨ ਦੀ ਵਚਨਬੱਧਤਾ ਵਿੱਚ ਅਮਰੀਕਾ ਨਾਲ ਜੁੜਨ ਲਈ ਸਹਿਮਤ ਹੋ ਗਿਆ ਹੈ, ਜਿਸ ਨਾਲ ਯੁੱਧ ਦਾ ਅੰਤ ਹੋਵੇਗਾ।

## ਅਜਲਾਸ ਅੱਜ, ਗਨੀਵ ਕੌਰ ਵੱਲੋਂ ਸ਼ਾਮਲ ਹੋਣ ਬਾਰੇ ਜਥੇਦਾਰ ਨੂੰ ਮਾਰਗ-ਦਰਸ਼ਨ ਦੀ ਅਪੀਲ

**ਚੰਡੀਗੜ੍ਹ (ਨ ਜ਼ ਸ)**-ਪੰਜਾਬ ਵਿਧਾਨ ਸਭਾ ਦੇ ਸੋਮਵਾਰ ਸ਼ੁਰੂ ਹੋ ਰਹੇ ਮੌਨਸੂਨ ਇਜਲਾਸ 'ਚ ਅਪੋਜ਼ੀਸ਼ਨ ਪਾਰਟੀਆਂ ਵੱਲੋਂ ਕਾਨੂੰਨ ਵਿਵਸਥਾ, ਮੁਲਾਜ਼ਮਾਂ ਦੇ ਬਕਾਇਆ ਡੀ ਏ ਅਤੇ ਕਥਿਤ ਪੇਪਰ ਲੀਕ ਵਰਗੇ ਵੱਖ-ਵੱਖ ਮੁੱਦਿਆਂ 'ਤੇ 'ਆਪ' ਸਰਕਾਰ ਨੂੰ ਘੇਰੇ ਜਾਣ ਦੀ ਉਮੀਦ ਹੈ। ਉਨ੍ਹਾਂ ਵੱਲੋਂ ਬੇਅਦਬੀ ਵਿਰੋਧੀ ਕਾਨੂੰਨ ਦਾ ਮੁੱਦਾ ਵੀ ਉਠਾਏ ਜਾਣ ਦੀ ਸੰਭਾਵਨਾ ਹੈ। ਇਜਲਾਸ ਦੌਰਾਨ, ਸਰਕਾਰ ਨਿੱਜੀ ਸਕੂਲਾਂ ਦੀ ਫੀਸ ਨੂੰ ਕਾਬੂ ਹੇਠ ਰੱਖਣ ਲਈ 'ਪੰਜਾਬ ਰੈਗੂਲੇਸ਼ਨ ਆਫ ਫੀਸ ਆਫ ਅਨਏਡਿਡ ਐਜੂਕੇਸ਼ਨਲ ਇੰਸਟੀਚਿਊਸ਼ਨਜ਼ (ਅਮੈਂਡਮੈਂਟ) ਬਿਲ, 2026' ਪੇਸ਼ ਕਰੇਗੀ। ਇਸੇ ਦੌਰਾਨ ਅਕਾਲੀ ਵਿਧਾਇਕ ਗਨੀਵ ਕੌਰ ਮਜੀਠੀਆ ਨੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਨੂੰ ਪੱਤਰ ਭੇਜ ਕੇ ਇਜਲਾਸ ਵਿੱਚ ਸ਼ਾਮਲ ਹੋਣ ਸੰਬੰਧੀ ਮਾਰਗ ਦਰਸ਼ਨ ਦੇਣ ਦੀ ਅਪੀਲ ਕੀਤੀ ਹੈ। ਉਨ੍ਹਾ ਪੱਤਰ ਵਿੱਚ ਲਿਖਿਆ ਹੈ ਕਿ ਉਹ ਅਜਿਹੇ ਵਿਅਕਤੀ (ਭਗਵੰਤ ਸਿੰਘ ਮਾਨ) ਦਾ ਸਾਹਮਣਾ ਨਹੀਂ ਕਰਨਾ ਚਾਹੁੰਦੇ, ਜਿਸ ਨੂੰ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਗੁਰੂ ਦੋਖੀ ਅਤੇ ਪੰਥ ਵਿਰੋਧੀ ਕਰਾਰ ਦਿੱਤਾ ਗਿਆ ਹੈ। ਉਨ੍ਹਾ ਕਿਹਾ ਹੈ ਕਿ ਜਦੋਂ ਇੱਕ ਵਿਅਕਤੀ ਪ੍ਰਤੀ ਸ੍ਰੀ ਅਕਾਲ ਤਖ਼ਤ ਤੋਂ ਧਾਰਮਕ ਆਦੇਸ਼ ਦਿੱਤਾ ਗਿਆ ਹੈ ਅਤੇ ਦੂਜੇ ਪਾਸੇ ਸਰਕਾਰ ਵੱਲੋਂ ਲਗਾਤਾਰ ਸ੍ਰੀ ਅਕਾਲ ਤਖਤ ਦੇ ਹੁਕਮਾਂ ਨੂੰ ਅਣਦੇਖਿਆ ਕੀਤਾ ਜਾ ਰਿਹਾ ਹੈ, ਤਾਂ ਅਜਿਹੀ ਸਥਿਤੀ ਵਿੱਚ ਸ੍ਰੀ ਅਕਾਲ ਤਖਤ ਨੂੰ ਸਮਰਪਤ ਇੱਕ ਸਿੱਖ ਵਜੋਂ ਇਜਲਾਸ ਵਿੱਚ ਸ਼ਮੂਲੀਅਤ ਕਰਨਾ ਉਚਿਤ ਨਹੀਂ ਲੱਗਦਾ।

## ਮਾਮਲਾ ਜ਼ਿਆਦਾ ਗੜਬੜ !

**ਤਪਾ (ਨ ਜ਼ ਸ)**-ਬਿਨਾਂ ਆਰਡਰ ਡਲਿਵਰੀਮੈਨ ਵੱਲੋਂ 10 ਰੁਪਏ ਦੀ ਭਾਂਡੇ ਮਾਂਜਣ ਵਾਲੀ ਟਿੱਕੀ ਦੇ ਕਰੀਬ 500 ਰੁਪਏ ਵਸੂਲਣ ਨੇ ਚੌਕਸ ਰਹਿਣ ਦੀ ਲੋੜ ਨੂੰ ਮੁੜ ਉਭਾਰਿਆ ਹੈ। ਇੱਥੋਂ ਦੇ ਪੰਕਜ ਮਿੱਤਲ ਨੇ ਦੱਸਿਆ ਕਿ ਪਰਵਾਰ ਦੇ ਕਿਸੇ ਵੀ ਮੈਂਬਰ ਨੇ ਕੋਈ ਆਰਡਰ ਨਹੀਂ ਦਿੱਤਾ ਸੀ, ਇਸ ਦੇ ਬਾਵਜੂਦ ਡਲਿਵਰੀ ਬੁਆਏ ਨੇ ਪਾਰਸਲ ਦੀ ਡਲਿਵਰੀ ਕਰਨ ਬਦਲੇ ਕਰੀਬ 500 ਰੁਪਏ ਲੈ ਲਏ। ਪਰਵਾਰ ਨੇ ਉਸ ਦੇ ਸਾਹਮਣੇ ਹੀ ਜਦ ਪਾਰਸਲ ਖੋਲ੍ਹ ਕੇ ਦੇਖਿਆ ਤਾਂ ਭਾਂਡੇ ਮਾਂਜਣ ਵਾਲੀ ਛੋਟੀ ਜਿਹੀ ਸਾਬਣ ਦੀ ਟਿੱਕੀ ਨਿਕਲੀ। ਪਰਵਾਰ ਨੇ ਉਸ ਨੂੰ ਪੁੱਛਿਆ ਕਿ ਜਦੋਂ ਉਨ੍ਹਾਂ ਵੱਲੋਂ ਕੋਈ ਆਰਡਰ ਹੀ ਨਹੀਂ ਕੀਤਾ ਗਿਆ ਤਾਂ ਉਨ੍ਹਾਂ ਦਾ ਨਾਂਅ, ਪਤਾ ਅਤੇ ਮੋਬਾਇਲ ਨੰਬਰ ਉਸ ਨੇ ਕਿਵੇਂ ਵਰਤਿਆ। ਕਾਫੀ ਬਹਿਸ ਤੋਂ ਬਾਅਦ ਡਲਿਵਰੀ ਬੁਆਏ ਨੇ 500 ਰੁਪਏ ਵਾਪਸ ਦੇ ਕੇ ਆਪਣਾ ਖਹਿੜਾ ਛੁਡਵਾਇਆ। ਇਹ ਵਾਕਿਆ ਦਰਸਾਉਂਦਾ ਹੈ ਕਿ ਪਾਰਸਲ ਲੈਣ ਤੋਂ ਪਹਿਲਾਂ ਆਰਡਰ, ਭੇਜਣ ਵਾਲੇ ਦੀ ਜਾਣਕਾਰੀ ਅਤੇ ਸਮਾਨ ਦੀ ਪੁਸ਼ਟੀ ਕੀਤੀ ਜਾਵੇ ਅਤੇ ਸ਼ੱਕ ਹੋਣ 'ਤੇ ਪਾਰਸਲ ਨਾ ਲਿਆ ਜਾਵੇ। ਅਜਿਹੇ ਮਾਮਲਿਆਂ ਦੀ ਸੰਬੰਧਤ ਵਿਭਾਗ ਵੱਲੋਂ ਵੀ ਜਾਂਚ ਕੀਤੀ ਚਾਹੀਦੀ ਹੈ, ਤਾਂ ਜੋ ਡਲਿਵਰੀ ਸੇਵਾਵਾਂ ਦੀ ਆੜ ਵਿੱਚ ਕਿਸੇ ਨਾਲ ਧੋਖਾਧੜੀ ਨਾ ਹੋ ਸਕੇ।

## ਕੰਗਨਾ ਦੀ ਰਿਤਿਕ ਨੂੰ ਅੱਗ 'ਚ ਘਿਓ ਨਾ ਪਾਉਣ ਦੀ ਨਸੀਹਤ



**ਮੁੰਬਈ (ਨ ਜ਼ ਸ) :** ਅਦਾਕਾਰਾ ਤੇ ਭਾਜਪਾ ਸਾਂਸਦ ਕੰਗਨਾ ਰਣੌਤ ਤੇ ਅਦਾਕਾਰ ਰਿਤਿਕ ਰੌਸ਼ਨ ਨਾਲ ਜੁੜਿਆ ਇੱਕ ਟਰੈਂਡ ਤੇਜ਼ੀ ਨਾਲ ਵਾਇਰਲ ਹੋ ਰਿਹਾ ਹੈ, ਜਿਸ 'ਤੇ ਰਿਤਿਕ ਰੌਸ਼ਨ ਵੱਲੋਂ ਦਿੱਤੀ ਗਈ ਪ੍ਰਤੀਕਿਰਿਆ ਨੇ ਸਭ ਦਾ ਧਿਆਨ ਆਪਣੇ ਵੱਲ ਖਿੱਚਿਆ। ਕੰਗਨਾ ਰਣੌਤ ਨੇ ਰਿਤਿਕ ਨੂੰ ਅੱਗ 'ਚ ਘਿਓ ਨਾ ਪਾਉਣ ਦੀ ਨਸੀਹਤ ਦਿੱਤੀ ਹੈ। 'ਕਾਕਰੋਚ ਜਨਤਾ ਪਾਰਟੀ' ਦੇ ਬੁਲਾਰੇ ਸੌਰਭ ਦਾਸ ਨੇ ਇੱਕ ਇੰਟਰਵਿਊ ਦੌਰਾਨ ਕੰਗਨਾ 'ਤੇ ਟਿੱਪਣੀ ਕਰਦਿਆਂ ਮਜ਼ਾਕੀਆ ਲਹਿਜੇ ਵਿੱਚ ਕਿਹਾ ਸੀ ਕਿ ਉਸ ਦੇ ਦੋਸਤਾਂ ਅਨੁਸਾਰ ਕੰਗਨਾ ਉਸ ਦੇ ਪਿੱਛੇ ਇਸ ਲਈ ਪਈ ਹੋਈ ਹੈ, ਕਿਉਂਕਿ ਉਸ ਦੀ ਸ਼ਕਲ ਰਿਤਿਕ ਰੌਸ਼ਨ ਨਾਲ ਮਿਲਦੀ-ਜੁਲਦੀ ਹੈ। ਇਸ ਬਿਆਨ ਤੋਂ ਬਾਅਦ ਸੋਸ਼ਲ ਮੀਡੀਆ 'ਤੇ ਦੁਨੀਆ 'ਰਿਤਿਕ ਰੌਸ਼ਨ ਤੋਂ ਮੁਆਫੀ ਦੀ ਹੱਕਦਾਰ ਹੈ' ਟਰੈਂਡ ਕਰਨ ਲੱਗਾ ਅਤੇ ਲੋਕਾਂ ਨੇ ਕੰਗਨਾ ਨੂੰ ਟ੍ਰੋਲ ਕਰਨਾ ਸ਼ੁਰੂ ਕਰ ਦਿੱਤਾ। ਇਸ ਟਰੈਂਡ 'ਤੇ ਰਿਤਿਕ ਨੇ ਪ੍ਰਤੀਕਿਰਿਆ ਦਿੰਦੇ ਹੋਏ ਕਿਹਾ ਸੀ ਕਿ ਉਹ ਉਦੋਂ ਤੱਕ ਇੰਤਜ਼ਾਰ ਕਰਨਗੇ, ਜਦੋਂ ਤੱਕ ਮਾਮਲੇ ਦਾ ਸਹੀ ਸੰਦਰਭ ਸਾਹਮਣੇ ਨਹੀਂ ਆਉਂਦਾ। ਰਿਤਿਕ ਦੀ ਇਸ ਪ੍ਰਤੀਕਿਰਿਆ ਤੋਂ ਬਾਅਦ ਕੰਗਨਾ ਰਣੌਤ ਨੇ ਆਪਣੀ ਇੰਸਟਾਗ੍ਰਾਮ ਸਟੋਰੀ 'ਤੇ ਰਿਤਿਕ ਨਾਲ ਜੁੜੀ ਖਬਰ ਦਾ ਆਰਟੀਕਲ ਸ਼ੇਅਰ ਕਰਦਿਆਂ ਲਿਖਿਆ, "ਡੀਅਰ ਰਿਤਿਕ, ਮੈਨੂੰ ਖ਼ੁਸ਼ੀ ਹੈ ਕਿ ਤੁਹਾਨੂੰ ਆਪਣਾ ਪਰਫੈਕਟ ਮੈਚ ਮਿਲ ਗਿਆ ਹੈ। ਤੁਸੀਂ ਅਤੇ ਸਬਾ ਆਜ਼ਾਦ ਇੱਕ-ਦੂਜੇ ਨਾਲ ਬਹੁਤ ਚੰਗੇ ਲੱਗਦੇ ਹੋ।" ਕੰਗਨਾ ਨੇ ਆਪਣੀ ਗੱਲ ਜਾਰੀ ਰੱਖਦਿਆਂ ਅੱਗੇ ਲਿਖਿਆ, "ਤੁਸੀਂ ਇੱਕ ਕਮਿਟਿਡ ਰਿਲੇਸ਼ਨਸ਼ਿਪ ਵਿੱਚ ਹੋ ਅਤੇ ਕਿਸੇ ਔਰਤ ਨੂੰ ਇਸ ਤਰ੍ਹਾਂ ਪ੍ਰੇਸ਼ਾਨ ਕਰਨਾ ਤੁਹਾਨੂੰ ਸ਼ੋਭਾ ਨਹੀਂ ਦਿੰਦਾ। ਇਸ ਦੀ ਬਜਾਏ ਤੁਹਾਨੂੰ ਉਨ੍ਹਾਂ ਲੋਕਾਂ ਦੀ ਨਿੰਦਾ ਕਰਨੀ ਚਾਹੀਦੀ ਹੈ ਜੋ ਤੁਹਾਡੇ ਨਾਂਅ ਦੀ ਵਰਤੋਂ ਕਰਕੇ ਮੈਨੂੰ ਪ੍ਰੇਸ਼ਾਨ ਅਤੇ ਬੁੱਲੀ ਕਰ ਰਹੇ ਹਨ।" ਆਪਣੀ ਪੋਸਟ ਦੇ ਅਖੀਰ ਵਿੱਚ ਕੰਗਨਾ ਨੇ ਲਿਖਿਆ, "ਅੱਗ 'ਚ ਘਿਓ ਪਾਉਣਾ ਅਤੇ ਆਪਣੇ ਪਾਰਟਨਰ ਨੂੰ ਸ਼ਰਮਿੰਦਾ ਕਰਨਾ ਬੰਦ ਕਰੋ। ਉਮੀਦ ਹੈ ਕਿ ਤੁਹਾਨੂੰ ਸਹੀ ਗੱਲ ਸਮਝ ਆਵੇਗੀ ਅਤੇ ਤੁਸੀਂ ਬੇਮਤਲਬ ਦੀਆਂ ਗੱਲਾਂ ਕਰਨਾ ਬੰਦ • ਬਾਕੀ ਸਫਾ 2 'ਤੇ

## ਸੰਘ ਅੰਦੋਲਨ 'ਚ ਕਮਿਊਨਿਸਟਾਂ ਦੀ ਭਾਗੀਦਾਰੀ ਤੋਂ ਘਬਰਾਇਆ

**ਮੁੰਬਈ (ਨਵਾਂ ਜ਼ਮਾਨਾ ਸਰਵਿਸ)**



ਦਿੱਲੀ ਦੇ ਜੰਤਰ-ਮੰਤਰ ਵਿਖੇ ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੇ ਅੰਦੋਲਨ ਨੂੰ ਇੱਕ ਮਹੱਤਵਪੂਰਨ ਕੇਸ ਸਟੱਡੀ ਵਜੋਂ ਦੇਖਣ ਲਈ ਸੱਜੇ-ਪੱਖੀ ਸੰਗਠਨਾਂ ਨੂੰ ਅਪੀਲ ਕਰਦੇ ਹੋਏ ਰਾਸ਼ਟਰੀ ਸਵੈਮ ਸੇਵਕ ਸੰਘ (ਆਰ ਐੱਸ ਐੱਸ) ਦੇ ਜਾਇੰਟ ਜਨਰਲ ਸਕੱਤਰ ਅਤੁਲ ਲਿਮਏ ਨੇ ਇਸ ਪ੍ਰੋਟੈੱਸਟ ਨੂੰ 'ਸੰਵਿਧਾਨ ਵਿਰੋਧੀ' ਅਤੇ 'ਰਾਸ਼ਟਰ ਵਿਰੋਧੀ' ਕਰਾਰ ਦਿੱਤਾ ਹੈ। ਲਿਮਏ ਨੇ ਪਿਛਲੇ ਦਿਨੀਂ ਮਹਾਰਾਸ਼ਟਰ ਦੇ ਛਤਰਪਤੀ ਸੰਭਾਜੀਨਗਰ ਵਿੱਚ ਅਖਿਲ ਭਾਰਤੀ ਵਿਦਿਆਰਥੀ ਪ੍ਰੀਸ਼ਦ (ਏ ਬੀ ਵੀ ਪੀ) ਦੇ ਕਾਰਕੁੰਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜਦੋਂ ਕਿ ਨੀਟ ਪੇਪਰ ਲੀਕ 'ਤੇ ਵਿਦਿਆਰਥੀਆਂ ਦਾ ਸ਼ੁਰੂਆਤੀ ਪ੍ਰਗਟਾਵਾ ਆਪਮੁਹਾਰਾ ਸੀ, ਸੀ ਜੇ ਪੀ ਦੀ ਅਗਵਾਈ ਵਾਲੇ ਪ੍ਰੋਟੈੱਸਟ ਨੂੰ ਇੱਕ ਵੱਡੇ ਸਿਆਸੀ ਉਦੇਸ਼ ਨਾਲ ਚੰਗੀ ਤਰ੍ਹਾਂ ਜਥੇਬੰਦ ਕੀਤਾ ਗਿਆ। ਉਸ ਨੇ ਅੱਗੇ ਕਿਹਾ ਕਿ ਖੱਬੇ ਪੱਖੀ 'ਬਦਲਵੀਂ ਸਿਆਸਤ' ਦੇ ਸੰਕਲਪ ਨੂੰ ਅੰਦੋਲਨ ਰਾਹੀਂ ਸਫਲਤਾਪੂਰਵਕ ਪਰਖਿਆ ਗਿਆ। ਡਾ. ਬੀ ਆਰ ਅੰਬੇਡਕਰ ਦੇ ਆਪਣੇ ਇਤਿਹਾਸਕ 'ਅਰਾਜਕਤਾ ਦੀ ਵਿਆਕਰਣ' (ਗਰਾਮਰ ਆਫ ਅਨਾਰਕੀ) ਭਾਸ਼ਣ ਦੌਰਾਨ ਕਹੇ ਸ਼ਬਦਾਂ ਦਾ ਹਵਾਲਾ ਦਿੰਦੇ ਹੋਏ, ਲਿਮਏ ਨੇ ਕਿਹਾ, "ਡਾ. ਅੰਬੇਡਕਰ ਨੇ ਬਹੁਤ ਪਹਿਲਾਂ ਅਰਾਜਕਤਾਵਾਦੀਆਂ ਬਾਰੇ ਚੇਤਾਵਨੀ ਦਿੱਤੀ ਸੀ। ਹੁਣ ਸਮਾਂ ਆ ਗਿਆ ਹੈ ਕਿ ਇਸ ਨੂੰ ਸਮਝਿਆ ਜਾਵੇ ਅਤੇ ਅਜਿਹੀਆਂ ਅਰਾਜਕਤਾਵਾਦੀ ਤਾਕਤਾਂ ਵਿਰੁੱਧ ਸਾਵਧਾਨੀ ਵਰਤੀ ਜਾਵੇ, ਜੋ ਦੇਸ਼ ਲਈ ਨੁਕਸਾਨਦੇਹ ਹਨ।" ਉਸ ਨੇ ਕਿਹਾ, "ਪੇਪਰ ਲੀਕ ਤੋਂ ਸ਼ੁਰੂ ਹੋਇਆ ਵਿਦਿਆਰਥੀ ਅੰਦੋਲਨ ਸਿੱਖਿਆ ਪ੍ਰਣਾਲੀ ਵਿੱਚ ਇੱਕ ਗਲਤੀ ਨੂੰ ਸੁਧਾਰਨ ਲਈ ਸੀ।" ਹਾਲਾਂਕਿ ਇਹ ਗਲਤ ਲੋਕਾਂ ਦੇ ਹੱਥਾਂ ਵਿੱਚ ਚਲੇ ਗਿਆ। ਉਸ ਨੇ ਅੱਗੇ ਕਿਹਾ ਕਿ ਵਿਦਿਆਰਥੀ ਸ਼ਕਤੀ ਨੂੰ ਸਹੀ ਦਿਸ਼ਾ ਵਿੱਚ ਲਿਜਾਣਾ ਮਹੱਤਵਪੂਰਨ ਹੈ। ਏ ਬੀ ਵੀ ਪੀ ਨੂੰ ਪਹਿਲ ਕਰਨੀ ਚਾਹੀਦੀ ਹੈ ਅਤੇ ਵਿਦਿਆਰਥੀ ਊਰਜਾ ਨੂੰ ਰਾਸ਼ਟਰ ਨਿਰਮਾਣ ਦੇ ਕੰਮ ਵੱਲ ਲਿਜਾਣਾ ਚਾਹੀਦਾ ਹੈ। ਲਿਮਏ ਨੇ ਏ ਬੀ ਵੀ ਪੀ ਦੇ ਕਾਰਕੁੰਨਾਂ ਨੂੰ ਪ੍ਰੋਟੈੱਸਟ ਦੀ ਬਾਰੀਕੀ ਨਾਲ ਜਾਂਚ ਕਰਨ ਦੀ • ਬਾਕੀ ਸਫਾ 2 'ਤੇ

## ਬਲਤੇਜ ਪੰਨੂ ਦਾ ਰਾਜਾ ਵੜਿੰਗ ਨੂੰ ਮੋੜਵਾਂ ਜਵਾਬ

**ਚੰਡੀਗੜ੍ਹ (ਨ ਜ਼ ਸ) :** ਆਮ ਆਦਮੀ ਪਾਰਟੀ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਪੰਜਾਬ ਕਾਂਗਰਸ ਦੇ ਪ੍ਰਧਾਨ ਰਾਜਾ ਵੜਿੰਗ ਵੱਲੋਂ ਸੰਗਰੂਰ ਵਿੱਚ ਵਾਪਰੀ ਘਟਨਾ ਲਈ ਆਮ ਆਦਮੀ ਪਾਰਟੀ 'ਤੇ ਦੋਸ਼ ਲਗਾਉਣ ਨੂੰ ਲੈ ਕੇ ਐਤਵਾਰ ਮੋੜਵਾਂ ਜਵਾਬ ਦਿੰਦਿਆਂ ਕਿਹਾ ਕਿ ਰਾਜਾ ਵੜਿੰਗ ਆਪਣਾ ਘਰ ਸੰਭਾਲਣ, ਉਹ ਆਮ ਆਦਮੀ ਪਾਰਟੀ 'ਤੇ ਦੋਸ਼ ਲਗਾਉਣਾ ਬੰਦ ਕਰਨ। ਆਮ ਆਦਮੀ ਪਾਰਟੀ ਕੰਮਾਂ 'ਤੇ ਆਧਾਰਤ ਰਾਜਨੀਤੀ ਕਰਦੀ ਹੈ, ਕਾਂਗਰਸੀਆਂ ਵਾਂਗ ਅਹੁਦਿਆਂ ਪਿੱਛੇ ਲੜਾਈ ਨਹੀਂ ਕਰਦੀ। ਪੰਨੂ ਨੇ ਕਿਹਾ ਕਿ 'ਕਾਂਗਰਸ ਦੇ ਬੂਥ, ਹਰ ਜਗ੍ਹਾ ਝੂਠ' ਹੈ। ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਨੀਲ ਗਰਗ ਨੇ ਕਿਹਾ, "ਰਾਜਾ ਵੜਿੰਗ ਜੀ, ਜਦੋਂ ਆਪਣੇ ਹੀ ਸਮਾਗਮ 'ਚ ਤੁਹਾਡੇ ਸਾਹਮਣੇ 'ਚੰਨੀ' ਦੇ ਨਾਅਰੇ ਲੱਗਣ, ਤਾਂ ਕਸੂਰ ਤੁਹਾਡੀ 'ਫੁੱਟ' ਦਾ ਹੈ, 'ਆਮ ਆਦਮੀ ਪਾਰਟੀ' ਦਾ ਨਹੀਂ।

## ਨਸ਼ਾ ਮਾਂ ਦੀ ਮੁਸਕਾਨ ਖੋਹ ਲੈਂਦਾ ਤੇ ਪਿਤਾ ਦੇ ਸੁਪਨੇ ਤੋੜ ਦਿੰਦਾ : ਮੋਦੀ

**ਨਵੀਂ ਦਿੱਲੀ (ਨ ਜ਼ ਸ)**



ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਦੇਸ਼ ਦੇ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਸਹੁੰ ਖਾਣ ਦਾ ਸੱਦਾ ਦਿੰਦਿਆਂ ਕਿਹਾ ਕਿ ਨਸ਼ੇ ਕੁਝ ਸਮੇਂ ਲਈ ਜੋਸ਼ ਵਿੱਚ ਲਿਆ ਸਕਦੇ ਹਨ, ਪਰ ਇਹ ਪੂਰੇ ਕਰੀਅਰ ਅਤੇ ਨਿੱਜੀ ਜ਼ਿੰਦਗੀ ਨੂੰ ਕਮਜ਼ੋਰ ਜਾਂ ਬਰਬਾਦ ਕਰ ਦਿੰਦੇ ਹਨ। 'ਨਸ਼ਾਮੁਕਤ ਯੁਵਾ ਫਾਰ ਵਿਕਸਿਤ ਭਾਰਤ ਸੰਕਲਪ ਅਭਿਆਨ' ਦੀ ਸ਼ੁਰੂਆਤ ਕਰਦਿਆਂ, ਮੋਦੀ ਨੇ ਕਿਹਾ ਕਿ ਨੌਜਵਾਨਾਂ ਦਾ ਮਾਨਸਿਕ ਅਤੇ ਸਰੀਰਕ ਤੌਰ 'ਤੇ ਫਿੱਟ ਹੋਣਾ ਬਹੁਤ ਜ਼ਰੂਰੀ ਹੈ, ਜਿਸ ਲਈ ਉਨ੍ਹਾਂ ਦਾ ਹਰ ਤਰ੍ਹਾਂ ਦੇ ਨਸ਼ੇ ਤੋਂ ਦੂਰ ਰਹਿਣਾ ਜ਼ਰੂਰੀ ਹੈ। ਦੁਸ਼ਮਣ ਦੇਸ਼ ਆਪਣੀਆਂ ਅੱਤਵਾਦੀ ਯੋਜਨਾਵਾਂ ਦੇ ਹਿੱਸੇ ਵਜੋਂ ਨਸ਼ਿਆਂ ਦੀ ਸਪਲਾਈ ਦੀ ਵਰਤੋਂ ਕਰਦੇ ਹਨ, ਕਿਉਂਕਿ ਉਹ ਜਾਣਦੇ ਹਨ ਕਿ 'ਨੌਜਵਾਨ ਸਾਡੇ ਦੇਸ਼ ਦਾ ਭਵਿੱਖ ਹਨ।'

ਨਸ਼ੇੜੀਆਂ ਦੇ ਆਲੇ-ਦੁਆਲੇ ਦੇ ਸਮਾਜਿਕ ਡਰ ਜਾਂ ਝਿਜਕ 'ਤੇ ਸਵਾਲ ਉਠਾਉਂਦਿਆਂ ਮੋਦੀ ਨੇ ਕਿਹਾ ਕਿ ਜਿਹੜੇ ਲੋਕ ਨਸ਼ਾ ਛੱਡ ਕੇ ਬਾਹਰ ਆਉਂਦੇ ਹਨ, ਉਹ ਯੋਧਾ ਹਨ ਅਤੇ ਸਮਾਜ ਨੂੰ ਉਨ੍ਹਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ, ਉਨ੍ਹਾਂ ਨੂੰ ਗਲੇ ਲਗਾਉਣਾ ਚਾਹੀਦਾ ਹੈ ਅਤੇ ਉਨ੍ਹਾਂ ਨੂੰ ਦੂਜਾ ਮੌਕਾ ਦੇਣਾ ਚਾਹੀਦਾ ਹੈ।

ਪ੍ਰਧਾਨ ਮੰਤਰੀ ਨੇ ਜੈੱਨ-ਜ਼ੀ ਦੇ ਨੁਮਾਇੰਦਿਆਂ ਵਜੋਂ ਜਾਣੇ ਜਾਂਦੇ ਵੱਡੀ ਗਿਣਤੀ ਵਿੱਚ ਨੌਜਵਾਨਾਂ ਦੀ ਮੌਜੂਦਗੀ ਵਿੱਚ ਵਰਚੁਅਲ ਤਰੀਕੇ ਨਾਲ ਇਸ ਮੁਹਿੰਮ ਦੀ ਸ਼ੁਰੂਆਤ ਕੀਤੀ। ਦਿੱਲੀ ਅਤੇ ਦੇਸ਼ ਦੇ ਹੋਰ ਹਿੱਸਿਆਂ ਵਿੱਚ ਜਨਤਕ ਪ੍ਰੀਖਿਆ ਪ੍ਰਣਾਲੀ ਵਿੱਚ ਸੁਧਾਰ ਦੀ ਮੰਗ ਕਰਨ ਵਾਲੇ ਵਿਦਿਆਰਥੀਆਂ ਦੇ ਵੱਡੇ ਪੱਧਰ 'ਤੇ ਪ੍ਰਦਰਸ਼ਨਾਂ ਤੋਂ ਕੁਝ ਦਿਨ ਬਾਅਦ ਇਹ ਮੁਹਿੰਮ ਸ਼ੁਰੂ ਕੀਤੀ ਗਈ ਹੈ। ਪ੍ਰਧਾਨ ਮੰਤਰੀ ਨੇ ਕਿਹਾ "ਸਾਡਾ ਸੱਭਿਆਚਾਰ ਸਾਨੂੰ ਸਿਖਾਉਂਦਾ ਹੈ ਕਿ ਸਮਾਜ, ਯੋਗ ਅਤੇ ਧਿਆਨ ਦੇ ਸਹਿਯੋਗ ਨਾਲ ਨਸ਼ੇ ਨੂੰ ਦੂਰ ਕੀਤਾ ਜਾ ਸਕਦਾ ਹੈ।" ਪ੍ਰਧਾਨ ਮੰਤਰੀ ਨੇ ਕਿਹਾ ਕਿ 'ਨਸ਼ਾਮੁਕਤ ਯੁਵਾ' ਮੁਹਿੰਮ ਵਿਅਕਤੀ, ਪਰਵਾਰ, ਸਮਾਜ ਅਤੇ ਸਭ ਤੋਂ ਮਹੱਤਵਪੂਰਨ ਤੌਰ 'ਤੇ ਕੌਮ ਲਈ ਇੱਕ ਸੰਕਲਪ ਹੈ ਅਤੇ ਇਸ ਪਹਿਲਕਦਮੀ ਦਾ ਨਾਂਅ ਹੀ ਇਸ ਦੇ ਉਦੇਸ਼ ਨੂੰ ਦਰਸਾਉਂਦਾ ਹੈ।

ਉਨ੍ਹਾ ਕਿਹਾ, "ਜਦੋਂ ਦੇਸ਼ ਨੇ ਇੱਕ ਵਿਕਸਿਤ ਭਾਰਤ ਬਣਾਉਣ ਦਾ ਟੀਚਾ ਮਿੱਥਿਆ ਹੈ, ਤਾਂ ਇਹ ਜ਼ਰੂਰੀ ਹੈ ਕਿ ਨੌਜਵਾਨ ਸਰੀਰਕ ਅਤੇ ਮਾਨਸਿਕ ਤੌਰ 'ਤੇ ਸਿਹਤਮੰਦ ਅਤੇ ਸਵੈ-ਵਿਸ਼ਵਾਸ ਨਾਲ ਭਰਪੂਰ ਰਹਿਣ ਲਈ ਨੁਕਸਾਨਦੇਹ ਨਸ਼ਿਆਂ ਤੋਂ ਦੂਰ ਰਹਿਣ। ਉਨ੍ਹਾ ਸਾਰਿਆਂ ਨੂੰ ਇਹ ਯਕੀਨੀ ਬਣਾਉਣ ਲਈ ਪ੍ਰਣ ਲੈਣ ਦੀ ਅਪੀਲ ਕੀਤੀ ਕਿ ਨੌਜਵਾਨ ਨਸ਼ੇ ਦੀ ਲਤ ਦੇ ਖਤਰਿਆਂ ਨੂੰ ਸਮਝਣ ਅਤੇ ਹਰ ਸੰਭਵ ਤਰੀਕੇ ਨਾਲ ਸੁਚੇਤ ਅਤੇ ਚੌਕਸ ਰਹਿਣ।

ਮੋਦੀ ਨੇ ਕਿਹਾ, "ਅੱਜ ਲਿਆ ਗਿਆ ਸੰਕਲਪ ਆਉਣ ਵਾਲੇ 100 ਹਫਤਿਆਂ ਤੱਕ ਇਸੇ ਤਰ੍ਹਾਂ ਅੱਗੇ ਵਧੇਗਾ। ਹਰ ਐਤਵਾਰ ਨੂੰ ਕਲਾ, • ਬਾਕੀ ਸਫਾ 2 'ਤੇ

## ਮਨੁੱਖ ਇਨਕਲਾਬ ਕਰਦਾ ਹੈ, ਪਰ ਹਮੇਸ਼ਾ ਆਪਣੀ ਪਸੰਦ ਦੀਆਂ ਹਾਲਤਾਂ ਵਿੱਚ ਨਹੀਂ...

**ਨਵੀਂ ਦਿੱਲੀ (ਨ ਜ਼ ਸ)**

ਜੰਤਰ-ਮੰਤਰ ਵਿਖੇ ਪ੍ਰੋਟੈੱਸਟ ਖਤਮ ਹੋਣ ਤੋਂ ਬਾਅਦ ਆਲ ਇੰਡੀਆ ਸਟੂਡੈਂਟਸ ਐਸੋਸੀਏਸ਼ਨ (ਆਇਸਾ) ਦੀ ਪ੍ਰਧਾਨ ਨੇਹਾ ਬੋਰਾ ਨੇ ਕਿਹਾ ਹੈ ਕਿ ਵਿਦਿਆਰਥੀ ਅੰਦੋਲਨ ਅਜੇ ਖਤਮ ਨਹੀਂ ਹੋਇਆ। ਸਰਕਰਦਾ ਅੰਗਰੇਜ਼ੀ ਅਖਬਾਰ 'ਦੀ ਟੈਲੀਗ੍ਰਾਫ' ਨਾਲ ਇੰਟਰਵਿਊ ਵਿੱਚ ਉਸ ਨੇ ਅੰਦੋਲਨ ਤੇ ਸਿੱਖਿਆ ਪ੍ਰਣਾਲੀ ਨਾਲ ਸੰਬੰਧਤ ਕਈ ਸਵਾਲਾਂ ਦੇ ਜਵਾਬ ਦਿੱਤੇ।

**ਸਵਾਲ : ਤੁਸੀਂ 23 ਦਿਨ ਭੁੱਖ ਹੜਤਾਲ ਕੀਤੀ। ਲੋਕ ਸੋਚਦੇ ਹੋਣਗੇ ਕਿ ਤੁਸੀਂ ਹੁਣ ਆਰਾਮ ਕਰ ਰਹੇ ਹੋਵੋਗੇ, ਪਰ ਪ੍ਰੋਟੈੱਸਟ ਖਤਮ ਹੋਣ ਦੇ ਬਾਅਦ ਵੀ ਤੁਸੀਂ ਰੁੱਝੇ ਹੋਏ ਹੋ, ਅਜਿਹਾ ਕਿਉਂ ਹੈ ?**

ਜਵਾਬ : ਸਰਕਾਰ ਵੱਲੋਂ ਦਿੱਤੇ ਗਏ ਭਰੋਸੇ ਕਾਰਨ। ਉਹ ਭਰੋਸਿਆਂ ਨੂੰ ਅਮਲੀ ਜਾਮਾ ਨਹੀਂ ਪਹਿਨਾ ਰਹੀ। ਇਸੇ ਲਈ ਮੈਨੂੰ ਪਟਨਾ ਜਾਣਾ ਪਿਆ, ਕਿਉਂਕਿ ਉੱਥੇ ਸਾਥੀਆਂ ਨੂੰ ਗ੍ਰਿਫਤਾਰ ਕਰ ਲਿਆ ਗਿਆ।

**ਸਵਾਲ : ਤੁਸੀਂ ਬਿਹਾਰ ਵਿੱਚ ਕੀ ਦੇਖਿਆ ?**

ਜਵਾਬ : ਪਹਿਲਾਂ ਅਸੀਂ ਬੇਉਰ ਜੇਲ੍ਹ ਗਏ, ਜਿੱਥੇ ਜ਼ਿਆਦਾਤਰ ਗ੍ਰਿਫਤਾਰ ਕੀਤੇ ਗਏ ਵਿਦਿਆਰਥੀ ਸਨ। ਸਾਨੂੰ ਪਤਾ ਲੱਗਾ ਕਿ 24 ਜੁਲਾਈ ਨੂੰ ਹਿਰਾਸਤ ਵਿੱਚ ਲਏ ਗਏ ਵਿਦਿਆਰਥੀਆਂ ਨੂੰ 24 ਘੰਟੇ ਪੁਲਸ ਹਿਰਾਸਤ ਵਿੱਚ ਰੱਖਿਆ ਗਿਆ ਸੀ। ਉਨ੍ਹਾਂ ਨੂੰ ਖਾਣਾ ਨਹੀਂ ਦਿੱਤਾ ਗਿਆ, ਸਭ ਤੋਂ ਲੰਮੇ ਸਮੇਂ ਤੱਕ ਵਾਸ਼ਰੂਮ ਦੀਆਂ ਸਹੂਲਤਾਂ ਨਹੀਂ ਦਿੱਤੀਆਂ ਗਈਆਂ। ਉਸੇ ਰਾਤ ਹੋਰ ਲੋਕਾਂ ਨੂੰ ਬੇਉਰ ਜੇਲ੍ਹ ਵਿੱਚ ਲਿਆਂਦਾ ਗਿਆ। ਇਨ੍ਹਾਂ ਵਿਦਿਆਰਥੀਆਂ ਨੂੰ ਬਿਹਾਰ ਪੁਲਸ ਨੇ ਬੁਰੀ ਤਰ੍ਹਾਂ ਕੁੱਟਿਆ ਸੀ। ਸੀਵਾਨ ਵਿੱਚ ਪ੍ਰਦਰਸ਼ਨਕਾਰੀਆਂ 'ਤੇ ਏ ਕੇ-47 ਨਾਲ ਗੋਲੀਬਾਰੀ ਕਰਨ ਦਾ ਮਾਮਲਾ ਸਾਹਮਣੇ ਆਇਆ ਸੀ। ਦਰਅਸਲ ਉਨ੍ਹਾਂ ਹੁਣ ਸਵੀਕਾਰ ਕਰ ਲਿਆ ਹੈ ਕਿ ਇੱਕ ਏ ਕੇ-47 ਨਾਲ ਗੋਲੀ ਚਲਾਈ ਗਈ ਸੀ। ਅਸੀਂ ਦੋ ਵਿਦਿਆਰਥੀਆਂ ਨੂੰ ਮਿਲੇ, ਜਿਨ੍ਹਾਂ 'ਤੇ ਗੋਲੀ ਚਲਾਈ ਗਈ ਸੀ। ਉਨ੍ਹਾਂ ਵਿੱਚੋਂ ਇੱਕ ਆਪਣਾ ਹੱਥ ਨਹੀਂ ਹਿਲਾ ਸਕਦਾ ਅਤੇ ਨਾ ਹੀ ਆਪਣੀਆਂ ਉਂਗਲਾਂ ਨੂੰ ਮੋੜ ਸਕਦਾ ਹੈ। ਦੂਜੇ ਦੀ ਲੱਤ ਵਿੱਚੋਂ ਗੋਲੀ ਨਿਕਲ ਗਈ ਸੀ। ਉਹ ਤੁਰਨ ਦੇ ਯੋਗ ਨਹੀਂ। ਦੁਬਾਰਾ ਤੁਰਨ ਤੋਂ ਪਹਿਲਾਂ ਉਸ ਦੀਆਂ ਦੋ ਹੋਰ ਸਰਜਰੀਆਂ ਕਰਨ ਦੀ ਲੋੜ ਹੈ। ਅਸੀਂ ਡੀ ਜੀ ਪੀ ਨੂੰ ਮਿਲੇ। ਉਨ੍ਹਾ ਸਾਨੂੰ ਪੁਲਸ ਨੂੰ ਦਿੱਤੇ ਕੁਝ ਆਦੇਸ਼ ਦਿਖਾਏ, ਜਿਸ ਤਹਿਤ ਪੂਰੇ ਬਿਹਾਰ ਤੋਂ ਲਗਭਗ 600 ਵਿਦਿਆਰਥੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਸੀ।

**ਸਵਾਲ : ਤੁਹਾਡੇ ਪ੍ਰੋਟੈੱਸਟ ਵਾਲੇ ਭਾਸ਼ਣ ਵਾਇਰਲ ਹੋ ਗਏ। ਸ਼ਕਤੀਸ਼ਾਲੀ ਸਿਆਸੀ ਭਾਸ਼ਣ, ਉਪਦੇਸ਼ ਬਹੁਤ ਘੱਟ ਮਿਲਦੇ ਹਨ।**

ਜਵਾਬ : ਮੈਨੂੰ ਲੱਗਦਾ ਹੈ ਕਿ ਇਸ ਦਾ ਸ਼ਾਇਦ ਇਸ ਤੱਥ ਨਾਲ ਕੋਈ ਸੰਬੰਧ ਹੈ ਕਿ ਮੈਂ ਥੀਏਟਰ ਕਰਦੀ ਸੀ। ਮੈਂ ਅਜੇ ਵੀ ਥੀਏਟਰ ਦੀ ਵਿਦਿਆਰਥਣ ਹਾਂ ਅਤੇ ਬੇਸ਼ੱਕ ਅਸੀਂ ਖੱਬੇ-ਪੱਖੀ ਕਾਰਕੁੰਨ ਹਾਂ। ਇਸ ਲਈ ਕੁਝ ਸਰੋਤ ਹਨ, ਜਿਨ੍ਹਾਂ ਦੇ ਆਧਾਰ 'ਤੇ ਤੁਸੀਂ ਇੱਕ ਕਾਰਕੁਨ ਬਣਦੇ ਹੋ ਅਤੇ ਫਿਰ ਲੋਕਾਂ ਨੂੰ ਤੁਸੀਂ ਕੀ ਕਹਿੰਦੇ ਹੋ, ਕੀ ਬੋਲਦੇ ਹੋ, • ਬਾਕੀ ਸਫਾ 2 'ਤੇ

## ਅੱਜ-ਨਾਮਾ

ਭਾਜਪਾ ਆਗੂ ਨਹੀਂ ਲੋਕਾਂ ਦੇ ਵਿੱਚ ਓਨੇ,
ਜਿੰਦਾਂ ਨੈੱਟ ਦੇ ਉੱਪਰ ਸਰਗਰਮ ਮੀਆਂ।
ਸੁਨੇਹਾ ਆਵੇ ਤਾਂ ਫਾਰਵਰਡ ਕਰੀ ਜਾਂਦੇ,
ਇਹਨੂੰ ਸਮਝਦੇ ਫਰਜ਼ ਨੇ ਪਰਮ ਮੀਆਂ।
ਪੁੱਛਿਆ ਕਿਸੇ ਤੇ ਉੱਤਰ ਨਾ ਦੇਣ ਜੋਗੇ,
ਕਰਦੇ ਨਿੱਤ ਦਾ ਜਾਂਦੇ ਈ ਕਰਮ ਮੀਆਂ।
ਏਦਾਂ ਕੀਤੇ ਵੀ ਸ਼ਾਇਦ ਕੁਝ ਪੁੰਨ ਲੱਗੇ,
ਇਹੀ ਮਨਾਂ ਵਿੱਚ ਜਾਪਦਾ ਭਰਮ ਮੀਆਂ।
ਆਖਦੇ ਕਈ ਆ ਏਸ ਨੂੰ ਅੰਧ-ਭਗਤੀ,
ਕਰਦੀ ਜਾਂਦੀ ਆ ਹੱਦਾਂ ਨੂੰ ਪਾਰ ਮੀਆਂ।
ਮਿਲਦੀ ਇੰਨੇ ਤੋਂ ਜਿਨ੍ਹਾਂ ਨੂੰ ਖੁਸ਼ੀ ਹੋਊ,
ਕਰਦੇ ਬਾਹਲੀ ਨਾ ਕਦੇ ਵਿਚਾਰ ਮੀਆਂ।

-ਤੀਸ ਮਾਰ ਖਾਂ

## ਕਾਮਰੇਡ ਸੁਰਜੀਤ ਸਮੁੱਚੇ ਆਵਾਮ ਦੇ ਫਿਕਰਾਂ ਦੀ ਬਾਂਹ ਫੜਦੇ ਸਨ : ਨਿਲੋਤਪਾਲ ਬਾਸੂ

**ਚੰਡੀਗੜ੍ਹ (ਗਿਆਨ ਸੈਦਪੁਰੀ)**

'ਕਾਮਰੇਡ ਹਰਕਿਸ਼ਨ ਸਿੰਘ ਸੁਰਜੀਤ ਪੂਰੇ ਆਵਾਮ ਦੇ ਫਿਕਰਾਂ ਦੀ ਬਾਂਹ ਫੜਨ ਵਾਲੇ ਆਗੂ ਸਨ। ਸਾਮਰਾਜਵਾਦ ਵਿਰੁੱਧ ਡਟ ਕੇ ਲੜਨ ਦੀ ਲਗਾਤਾਰਤਾ ਦੀ ਲੋੜ ਲਈ ਕਾਮਰੇਡ ਸੁਰਜੀਤ ਸਾਨੂੰ ਹਮੇਸ਼ਾ ਪ੍ਰੇਰਤ ਕਰਦੇ ਰਹੇ। ਉਨ੍ਹਾ ਦੇ ਸ਼ਰਧਾਂਜਲੀ ਸਮਾਗਮ ਵਿੱਚ ਕਾਮਰੇਡ ਸੁਰਜੀਤ ਵੱਲੋਂ ਫਿਰਕਾਪ੍ਰਸਤੀ ਵਿਰੁੱਧ ਲੜਨ ਦੇ ਦਰਸਾਏ ਮਾਰਗ 'ਤੇ ਚੱਲਣ ਦਾ ਅਹਿਦ ਕਰਾਂਗੇ।'

ਉਕਤ ਵਿਚਾਰਾਂ ਦਾ ਪ੍ਰਗਟਾਵਾ ਸੀ ਪੀ ਆਈ (ਐੱਮ) ਦੇ ਪੋਲਿਟ ਬਿਊਰੋ ਮੈਂਬਰ ਕਾਮਰੇਡ ਨਿਲੋਤਪਾਲ ਬਾਸੂ ਨੇ ਕੀਤਾ। ਉਹ ਸ਼ਨਿੱਚਰਵਾਰ ਬਾਬਾ ਸੋਹਣ ਸਿੰਘ ਭਕਨਾ ਭਵਨ ਚੰਡੀਗੜ੍ਹ ਵਿਖੇ ਕੌਮਾਂਤਰੀ ਪੱਧਰ ਦੀ ਹਸਤੀ ਕਾਮਰੇਡ ਹਰਕਿਸ਼ਨ ਸਿੰਘ ਸੁਰਜੀਤ ਦੀ 18ਵੀਂ ਬਰਸੀ ਮੌਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕਰ ਰਹੇ ਸਨ। ਉਨ੍ਹਾ ਕਿਹਾ ਕਿ ਵਰਤਮਾਨ ਜਾਨਣ ਲਈ ਅਤੀਤ ਸਮਝਣਾ ਜ਼ਰੂਰੀ ਹੁੰਦਾ ਹੈ। ਇਸ ਲਈ ਅਤੀਤ ਸਾਡੇ ਲਈ ਮਹੱਤਵਪੂਰਨ ਹੈ।

ਕਾਮਰੇਡ ਬਾਸੂ ਨੇ ਕਿਹਾ ਕਿ ਮੌਜੂਦਾ ਦੌਰ

### ਸਿਆਸੀ ਚਿੱਤਰਪੱਟ 'ਤੇ 70 ਸਾਲ ਰਾਜ ਕੀਤਾ : ਧਾਲੀਵਾਲ, ਸਾਮਰਾਜਵਾਦ ਦੇ ਸ਼ੋਸ਼ਣ ਵਿਰੁੱਧ ਡਟ ਕੇ ਲੜੇ : ਸੇਖੋਂ




ਵਿੱਚ ਸਾਡੇ ਸੰਵਿਧਾਨ ਅਤੇ ਹੋਰ ਸੰਵਿਧਾਨਕ ਸੰਸਥਾਵਾਂ 'ਤੇ ਕਾਤਲਾਨਾ ਹਮਲਾ ਹੋ ਰਿਹਾ ਹੈ। ਉਨ੍ਹਾ ਕਿਹਾ ਕਿ ਕਮਿਊਨਿਸਟ ਆਪਣੀ ਕਮਜ਼ੋਰੀ ਨੂੰ ਨਹੀਂ ਛਪਾਉਂਦੇ, ਪਰ ਅਸੀਂ ਪਾਰਟੀ ਦੀ ਵਿਰਾਸਤ 'ਤੇ ਮਾਣ ਕਰਦੇ ਹਾਂ। ਆਜ਼ਾਦੀ ਦੇ ਅੰਦੋਲਨ ਵਿੱਚ ਕਮਿਊਨਿਸਟਾਂ ਦੀ ਮਹੱਤਵਪੂਰਨ ਭੂਮਿਕਾ ਰਹੀ ਹੈ।

ਕਾਮਰੇਡ ਸੁਰਜੀਤ ਨੂੰ ਨੇੜਿਓਂ ਜਾਨਣ ਦੇ ਹਵਾਲੇ ਨਾਲ ਕਾਮਰੇਡ ਨਿਲੋਤਪਾਲ ਬਾਸੂ ਨੇ ਕਿਹਾ ਕਿ ਉਨ੍ਹਾਂ ਨੂੰ ਪੰਜਾਬ ਦੀ ਡੂੰਘੀ ਸਮਝ ਸੀ। ਉਨ੍ਹਾ ਨੇ ਪੰਜਾਬ ਦੇ ਆਰਥਿਕ, ਸਮਾਜਿਕ, ਸੱਭਿਆਚਾਰਕ ਪਹਿਲੂਆਂ ਨੂੰ ਪੂਰੀ ਤਰ੍ਹਾਂ ਆਤਮਸਾਤ ਕੀਤਾ। ਉਨ੍ਹਾਂ ਨੂੰ ਪੰਜਾਬ ਦੀ ਵੰਡ ਨੇ ਹਮੇਸ਼ਾ ਦੁਖੀ ਕੀਤਾ।

ਕਾਮਰੇਡ ਨਿਲੋਤਪਾਲ ਬਾਸੂ ਨੇ ਕਿਹਾ ਕਿ ਕਿਸੇ ਮੁਲਕ ਦੀ ਧਰਮ ਅਧਾਰਤ ਵੰਡ ਕੀ-ਕੀ ਮੁਸੀਬਤਾਂ ਪੈਦਾ ਕਰਦੀ ਹੈ, ਇਸ ਬਾਰੇ ਕਾਮਰੇਡ ਸੁਰਜੀਤ ਅਤੇ ਕਾਮਰੇਡ ਜੋਤੀ ਬਾਸੂ ਦੀ ਸਮਝ ਕਮਾਲ ਦੀ ਸੀ। ਸੀ ਪੀ ਆਈ (ਐੱਮ) ਦੀ ਪੰਜਾਬ ਇਕਾਈ ਦੇ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਨੇ ਭਾਵਪੂਰਨ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਕਾਮਰੇਡ ਸੁਰਜੀਤ ਨੇ ਤਾ-ਜ਼ਿੰਦਗੀ ਸੰਘਰਸ਼ ਕੀਤਾ। ਉਨ੍ਹਾ ਨੇ ਸਾਮਰਾਜਵਾਦ ਦੇ ਸ਼ੋਸ਼ਣ ਵਿਰੁੱਧ ਡਟ ਕੇ ਲੜਾਈ ਲੜੀ। ਕਾਮਰੇਡ ਸੇਖੋਂ ਨੇ ਕਿਹਾ ਕਿ ਕਾਮਰੇਡ ਸੁਰਜੀਤ ਨੇ ਭਾਜਪਾ ਤੇ ਆਰ ਐੱਸ ਐੱਸ ਦੇ ਏਜੰਡੇ ਬਾਰੇ ਬਹੁਤ ਪਹਿਲਾਂ ਹੀ ਸੁਚੇਤ ਕਰ ਦਿੱਤਾ ਸੀ। ਉਨ੍ਹਾ ਕਿਹਾ ਕਿ ਮਾਰਕਸਵਾਦ ਤੇ ਲੈਨਿਨਵਾਦ ਨੂੰ ਸਮਝਣ ਲਈ ਕਾਮਰੇਡ ਸੁਰਜੀਤ ਵੱਲੋਂ ਦਰਸਾਏ ਮਾਰਗ 'ਤੇ ਚੱਲਣਾ ਹੀ ਉਨ੍ਹਾਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ। ਕਾਮਰੇਡ ਸੇਖੋਂ ਨੇ ਪੰਜਾਬ ਅਤੇ ਦੇਸ਼ ਦੇ ਹਾਲਾਤ 'ਤੇ ਵਿਸਥਾਰ ਨਾਲ ਚਾਨਣਾ ਪਾਇਆ। ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾ ਸਕੱਤਰ ਕਾਮਰੇਡ ਨਿਰਮਲ ਸਿੰਘ ਧਾਲੀਵਾਲ ਨੇ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਆਪਣੀ ਸੂਝ-ਬੂਝ ਸਦਕਾ ਭਾਰਤ ਦੀ ਰਾਜਨੀਤੀ ਦੇ ਚਿੱਤਰਪੱਟ 'ਤੇ 70 ਸਾਲ ਰਾਜ ਕੀਤਾ। ਕਾਮਰੇਡ ਸੁਰਜੀਤ ਨੂੰ ਬ ਹ ੁ ਪ ੱ ਖ ੀ • ਬਾਕੀ ਸਫਾ 2 'ਤੇ

## ਕਿਡਜ਼ੀ ਪ੍ਰੀ ਸਕੂਲ ਵਿਖੇ 'ਮਾਨਸੂਨ ਡੇਅ' ਮਨਾਇਆ



ਬਾਘਾ ਪੁਰਾਣਾ (ਮਨੀ ਸਿੰਗਲਾ)-ਇਲਾਕੇ ਦੀ ਮੰਨੀ-ਪ੍ਰਮੰਨੀ ਵਿੱਦਿਅਕ ਸੰਸਥਾ ਕਿਡਜ਼ੀ ਪ੍ਰੀ ਸਕੂਲ ਬਾਘਾ ਪੁਰਾਣਾ ਵਿਖੇ ਮਾਨਸੂਨ ਡੇਅ ਬੜੇ ਹੀ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਨੰਨ੍ਹੇ-ਮੁੰਨੇ ਬੱਚੇ ਰੰਗ-ਬਿਰੰਗੇ ਪਹਿਰਾਵਿਆਂ ਵਿੱਚ ਸਕੂਲ ਪਹੁੰਚੇ।ਬੱਚਿਆਂ ਨੇ ਪੇਪਰ ਬੋਟ ਕਰਾਫਟ, ਰੈਂਬੋ ਕਰਾਫਟ, ਮਾਨਸੂਨ ਦੇ ਮੌਸਮ ਨਾਲ ਸੰਬੰਧਤ ਆਰਟਵਰਕ, ਗੀਤਾਂ ਤੇ ਮਨੋਰੰਜਕ ਗਤੀਵਿਧੀਆਂ ਵਿੱਚ ਖ਼ੁਸ਼ੀ-ਖ਼ੁਸ਼ੀ ਹਿੱਸਾ ਲਿਆ।ਸਮੂਹ ਸਕੂਲ ਦਾ ਮਾਹੌਲ ਖ਼ੁਸ਼ੀਆਂ ਤੇ ਉਤਸ਼ਾਹ ਨਾਲ ਭਰਪੂਰ ਰਿਹਾ।ਇਸ ਮੌਕੇ ਕਿਡਜ਼ੀ ਦੇ ਡਾਇਰੈਕਟਰ ਮੈਡਮ ਸੁਧਾ ਮਹਿਤਾ ਨੇ ਕਿਹਾ ਕਿ ਸਾਡੇ ਲਈ ਹਰ ਤਿਉਹਾਰ ਬੱਚਿਆਂ ਨੂੰ ਖੇਡ-ਖੇਡ ਵਿੱਚ ਸਿਖਾਉਣ ਦਾ ਇੱਕ ਸੁੰਦਰ ਮੌਕਾ ਹੁੰਦਾ ਹੈ।ਮਾਨਸੂਨ ਡੇਅ ਨੇ ਬੱਚਿਆਂ ਦੀ ਰਚਨਾਤਮਕਤਾ, ਆਤਮ-ਵਿਸ਼ਵਾਸ ਤੇ ਕੁਦਰਤ ਪ੍ਰਤੀ ਪਿਆਰ ਨੂੰ ਹੋਰ ਨਿਖਾਰਿਆ ਹੈ।ਸਕੂਲ ਦੇ ਪ੍ਰਿੰਸੀਪਲ ਤੇ ਡਾਇਰੈਕਟਰ ਸੰਦੀਪ ਮਹਿਤਾ ਨੇ ਕਿਹਾ ਕਿ ਸਿੱਖਿਆ ਉਦੋਂ ਹੀ ਪ੍ਰਭਾਵਸ਼ਾਲੀ ਬਣਦੀ ਹੈ, ਜਦੋਂ ਬੱਚੇ ਖ਼ੁਸ਼ੀ ਨਾਲ ਸਿੱਖਦੇ ਹਨ।ਅਜਿਹੇ ਸਮਾਗਮ ਬੱਚਿਆਂ ਦੇ ਸਰਵਪੱਖੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਉਨ੍ਹਾਂ ਸਮੂਹ ਸਟਾਫ ਤੇ ਵਿਦਿਆਰਥੀਆਂ ਨੂੰ ਇਸ ਸਫਲ ਆਯੋਜਨ ਲਈ ਵਧਾਈ ਦਿੱਤੀ।ਸਕੂਲ ਦੇ ਸੈਂਟਰ ਹੈੱਡ ਮੈਡਮ ਪਰਮਿੰਦਰ ਕੌਰ ਨੇ ਬੱਚਿਆਂ ਦੇ ਉਤਸ਼ਾਹ ਤੇ ਅਧਿਆਪਕਾਂ ਦੀ ਮਿਹਨਤ ਲਈ ਸਭ ਦੀ ਸ਼ਲਾਘਾ ਕੀਤੀ।ਇਸ ਮੌਕੇ ਮਾਊਂਟ ਇੰਟਰਨੈਸ਼ਨਲ ਸਕੂਲ ਦੇ ਹੈੱਡ ਮੈਡਮ ਖ਼ੁਸ਼ਪ੍ਰੀਤ ਕੌਰ ਵੀ ਮੌਜੂਦ ਸਨ।ਕਿਡਜ਼ੀ ਦੇ ਕੌਂਸਲਰ ਮੈਡਮ ਭਾਵਨਾ ਨੇ ਕਿਹਾ ਕਿ ਸਾਡੇ ਨੰਨ੍ਹੇ-ਮੁੰਨੇ ਵਿਦਿਆਰਥੀਆਂ ਦਾ ਜੋਸ਼ ਤੇ ਉਤਸ਼ਾਹ ਦੇਖ ਕੇ ਸਾਨੂੰ ਮਾਣ ਮਹਿਸੂਸ ਹੁੰਦਾ ਹੈ।ਅਸੀਂ ਮਾਪਿਆਂ ਦੇ ਸਹਿਯੋਗ ਲਈ ਵੀ ਦਿਲੋਂ ਧੰਨਵਾਦੀ ਹਾਂ।

## ਧੂਰੀ ਹਲਕੇ 'ਚ ਬਰਸਾਤੀ ਨਾਲਿਆਂ ਦੀ ਸਫ਼ਾਈ ਨਾ ਹੋਣਾ ਚਿੰਤਾ ਦਾ ਵਿਸ਼ਾ : ਗੋਲਡੀ ਖੰਗੂੜਾ



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਹਲਕਾ ਧੂਰੀ ਦੇ ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਖੰਗੂੜਾ ਨੇ ਬਰਸਾਤੀ ਮੌਸਮ ਦੌਰਾਨ ਹਲਕੇ ਦੇ ਨਾਲਿਆਂ ਦੀ ਸਫ਼ਾਈ ਨਾ ਹੋਣ 'ਤੇ ਚਿੰਤਾ ਜਤਾਈ ਹੈ।ਉਨ੍ਹਾਂ ਕਿਹਾ ਕਿ ਕਹੇਰੂ, ਜਹਾਂਗੀਰ, ਰਾਜੋਮਾਜਰਾ, ਧੂਰਾ, ਬੇਨੜਾ ਤੇ ਲੱਡਾ ਸਮੇਤ ਕਈ ਪਿੰਡਾਂ ਦੇ ਬਰਸਾਤੀ ਨਾਲੇ ਗਾਦ, ਗੰਦਗੀ ਤੇ ਜੰਗਲੀ ਬੂਟੀਆਂ ਨਾਲ ਭਰੇ ਪਏ ਹਨ, ਜਿਸ ਕਾਰਨ ਖੇਤਾਂ ਤੇ ਰਿਹਾਇਸ਼ੀ ਇਲਾਕਿਆਂ ਵਿੱਚ ਪਾਣੀ ਭਰਨ ਦਾ ਖ਼ਤਰਾ ਬਣਿਆ ਹੋਇਆ ਹੈ।ਗੋਲਡੀ ਖੰਗੂੜਾ ਨੇ ਕਿਹਾ ਕਿ ਹਰ ਸਾਲ ਬਰਸਾਤਾਂ ਤੋਂ ਪਹਿਲਾਂ ਨਾਲਿਆਂ ਦੀ ਸਫ਼ਾਈ ਦੇ ਦਾਅਵੇ ਕੀਤੇ ਜਾਂਦੇ ਹਨ, ਪਰ ਜ਼ਮੀਨੀ ਹਕੀਕਤ ਇਸ ਦੇ ਉਲਟ ਹੈ।ਉਨ੍ਹਾਂ ਦੋਸ਼ ਲਗਾਇਆ ਕਿ ਪ੍ਰਸ਼ਾਸਨ ਦੀ ਅਣਗਹਿਲੀ ਕਾਰਨ ਕਿਸਾਨਾਂ ਦੀਆਂ ਫ਼ਸਲਾਂ ਤੇ ਆਮ ਲੋਕਾਂ ਦੇ ਮਾਲ-ਜਾਨ ਨੂੰ ਨੁਕਸਾਨ ਪਹੁੰਚ ਸਕਦਾ ਹੈ।ਉਨ੍ਹਾਂ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਵਿਸ਼ੇਸ਼ ਮੁਹਿੰਮ ਚਲਾ ਕੇ ਬਰਸਾਤੀ ਨਾਲਿਆਂ ਦੀ ਤੁਰੰਤ ਸਫ਼ਾਈ ਕਰਵਾਈ ਜਾਵੇ।

# ਪਿੰਡਾਂ ਦੇ ਵਿਕਾਸ ਕਾਰਜਾਂ ਲਈ ਗ੍ਰਾਂਟਾਂ ਦੀ ਕੋਈ ਘਾਟ ਨਹੀਂ ਰਹਿਣ ਦਿੱਤੀ ਜਾਵੇਗੀ : ਪੰਡੋਰੀ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਵਿਕਾਸ ਫੰਡਾਂ ਦੀ ਕੋਈ ਘਾਟ ਨਹੀਂ ਰਹਿਣ ਦਿੱਤੀ ਜਾਵੇਗੀ ਤੇ ਇਸੇ ਤਹਿਤ ਵਿਧਾਨ ਸਭਾ ਹਲਕਾ ਮਹਿਲ ਕਲਾਂ ਨੂੰ ਜਾਰੀ ਹੋਏ 10 ਕਰੋੜ ਰੁਪਏ ਵਿੱਚੋਂ 5 ਕਰੋੜ ਰੁਪਏ ਦੀ ਪਹਿਲੀ ਕਿਸ਼ਤ ਦੀ ਵੰਡ ਬਗ਼ੈਰ ਕਿਸੇ ਭੇਦਭਾਵ ਤੋਂ ਹਲਕੇ ਦੀਆਂ ਸਮੂਹ ਪੰਚਾਇਤਾਂ ਨੂੰ ਕੀਤੀ ਜਾ ਰਹੀ ਹੈ।ਇਹ ਪ੍ਰਗਟਾਵਾ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਸ਼ਿਵ ਮੰਦਰ ਮਹਿਲ ਕਲਾਂ ਵਿਖੇ ਗ੍ਰਾਮ ਪੰਚਾਇਤ ਨੂੰ ਸਾਢੇ 29 ਲੱਖ ਰੁਪਏ ਦੀ ਗ੍ਰਾਂਟ ਦੇ ਚੈੱਕ ਤਕਸੀਮ ਕਰਨ ਸਮੇਂ ਬੋਲਦਿਆਂ ਕੀਤਾ।ਉਨ੍ਹਾਂ ਕਿਹਾ ਕਿ ਉਹ ਰਵਾਇਤੀ ਰਾਜਨੀਤਕ ਪਾਰਟੀਆਂ ਵਾਂਗੂ ਇਕੱਲੇ ਨੀਂਹ ਪੱਥਰ ਨਹੀਂ ਰੱਖਦੇ, ਬਲਕਿ ਵਿਕਾਸ ਕਰਵਾਉਣ 'ਚ ਯਕੀਨ ਰੱਖਦੇ ਹਨ।ਪਿਛਲੇ ਸਮੇਂ ਦੌਰਾਨ ਉਨ੍ਹਾਂ ਨੇ ਜਿੱਥੇ-ਜਿੱਥੇ ਵੀ ਨੀਂਹ ਪੱਥਰ ਰੱਖੇ ਹਨ, ਉੱਥੇ ਵਿਕਾਸ ਕਾਰਜ ਮੁਕੰਮਲ ਕਰਵਾਏ ਜਾ ਚੁੱਕੇ ਹਨ ਅਤੇ ਚੱਲ ਰਹੇ ਕਾਰਜਾਂ ਲਈ ਵੀ ਗ੍ਰਾਂਟਾਂ ਨਿਰੰਤਰ ਜਾਰੀ ਕੀਤੀਆਂ ਜਾ ਰਹੀਆਂ ਹਨ।ਇਸ ਦੇ ਨਾਲ ਹੀ ਵਿਧਾਇਕ ਪੰਡੋਰੀ ਨੇ ਵਿਰੋਧੀ ਪਾਰਟੀਆਂ ਵੱਲੋਂ ਕੀਤੇ ਜਾ ਰਹੇ ਗੁੰਮਰਾਹਕੁਨ ਪ੍ਰਚਾਰ ਤੋਂ ਸੁਚੇਤ ਰਹਿ ਕੇ ਆਮ ਆਦਮੀ ਪਾਰਟੀ 'ਤੇ ਵਿਸ਼ਵਾਸ ਰੱਖਣ ਦੀ ਅਪੀਲ ਕੀਤੀ। ਯੂਥ ਆਗੂ ਅਰੁਣ ਕੁਮਾਰ ਬਾਂਸਲ ਨੇ ਦੱਸਿਆ ਕਿ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਦੀ ਗਤੀਸ਼ੀਲ ਅਗਵਾਈ ਹੇਠ ਹੁਣ ਤੱਕ 3 ਕਰੋੜ 26 ਲੱਖ ਰੁਪਏ ਪਿੰਡ ਦੇ ਵਿਕਾਸ 'ਤੇ ਖਰਚੇ ਜਾ ਚੁੱਕੇ ਹਨ, ਜਦਕਿ ਅੱਜ ਗਣੇਸ਼ ਕਮਿਊਨਿਟੀ ਹਾਲ ਮਹਿਲ ਕਲਾਂ ਨੂੰ 10 ਲੱਖ ਰੁਪਏ, ਚੋਪੜਾ ਪੱਤੀ ਧਰਮਸ਼ਾਲਾ ਲਈ 6 ਲੱਖ ਰੁਪਏ, ਬਾਬਾ ਜੀਵਨ ਸਿੰਘ ਧਰਮਸ਼ਾਲਾ ਲਈ 4 ਲੱਖ ਰੁਪਏ ਅਤੇ ਬੱਸ ਸਟੈਂਡ 'ਤੇ ਗੰਦੇ ਪਾਣੀ ਦੀ ਨਿਕਾਸੀ ਲਈ ਸੀਵਰੇਜ ਪਾਉਣ ਵਾਸਤੇ 9.5 ਲੱਖ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਗਈ ਹੈ।ਇਸ ਮੌਕੇ ਸਰਪੰਚ ਬੀਬੀ ਕਿਰਨਾ ਰਾਣੀ ਬਾਂਸਲ ਨੇ ਮੁੱਖ ਮੰਤਰੀ ਭਗਵੰਤ ਮਾਨ ਤੇ ਵਿਸ਼ੇਸ਼ ਅਧਿਕਾਰ ਕਮੇਟੀ ਦੇ ਚੇਅਰਮੈਨ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਦਾ ਉਚੇਚੇ ਤੌਰ 'ਤੇ ਧੰਨਵਾਦ ਕਰਦਿਆਂ ਅਧੂਰੇ ਵਿਕਾਸ ਕਾਰਜਾਂ ਨੂੰ ਨੇਪਰੇ ਚਾੜ੍ਹਨ ਲਈ 31 ਲੱਖ ਰੁਪਏ ਹੋਰ ਜਾਰੀ ਕਰਨ ਸਬੰਧੀ ਇੱਕ ਮੰਗ ਪੱਤਰ ਵੀ ਉਨ੍ਹਾਂ ਨੂੰ ਸੌਂਪਿਆ।ਇਸ ਖਾਸ ਮੌਕੇ 'ਤੇ ਸ਼ਿਵ ਮੰਦਰ ਕਮੇਟੀ ਤੇ ਗਊਸ਼ਾਲਾ ਕਮੇਟੀ ਦੇ ਪ੍ਰਧਾਨ ਵਿਜੇ ਕੁਮਾਰ ਬਾਂਸਲ ਵੱਲੋਂ ਵਿਧਾਇਕ ਪੰਡੋਰੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਸਮਾਗਮ ਵਿੱਚ ਪੰਚ ਮਨਜੀਤ ਸਿੰਘ, ਪੰਚ ਰਾਜੂ ਸਿੰਘ, ਪੰਚ ਮੱਖਣ ਸਿੰਘ, ਪੰਚ ਸੰਦੀਪ ਕੌਰ, ਮੱਖਣ ਸਿੰਘ ਫੌਜੀ, ਦਰਸ਼ਨ ਸਿੰਘ ਫੌਜੀ, ਨਰਿੰਦਰ ਸ਼ਰਮਾ, ਜੱਸੂ ਵਰਮਾ, ਕੁਲਵਿੰਦਰ ਸ਼ਰਮਾ, ਰਿੰਕੂ ਗੁਪਤਾ, ਆੜ੍ਹਤੀਆ ਟੋਨੀ, ਪੰਚ ਬ੍ਰਹਮ ਕਿਸ਼ੋਰ ਦੱਤ, ਇਸਤਰੀ ਆਗੂ ਰਮਨਦੀਪ ਕੌਰ, ਅਮਨਦੀਪ ਵਰਮਾ ਤੇ ਹੋਰ ਹਾਜ਼ਰ ਸਨ।

## ਨਸ਼ੀਲੀਆਂ ਗੋਲੀਆਂ ਸਮੇਤ ਕਾਬੂ

ਗਿੱਦੜਬਾਹਾ (ਜਸਵੰਤ ਸਿੰਘ ਗਿੱਲ)-ਥਾਣਾ ਗਿੱਦੜਬਾਹਾ ਪੁਲਸ ਨੇ ਇੱਕ ਵਿਅਕਤੀ ਨੂੰ ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕਰਕੇ ਉਸ ਖਿਲਾਫ ਮੁਕੱਦਮਾ ਦਰਜ ਕੀਤਾ ਹੈ।ਇਸ ਸਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਥਾਣਾ ਗਿੱਦੜਬਾਹਾ ਦੇ ਐੱਸ ਐੱਚ ਓ ਪਰਵਿੰਦਰ ਸਿੰਘ ਨੇ ਦੱਸਿਆ ਕਿ ਉਹ ਸਾਥੀ ਕਰਮਚਾਰੀਆਂ ਦੇ ਨਾਲ ਜਦੋਂ ਦੌਰਾਨੇ ਗਸ਼ਤ ਪਿੰਡ ਭਾਰੂ ਵੱਲ ਜਾ ਰਹੇ ਸਨ ਤਾਂ ਜਦੋਂ ਪੁਲਸ ਪਾਰਟੀ ਅੰਬੇਡਕਰ ਨਗਰ ਗਿੱਦੜਬਾਹਾ ਤੋਂ ਕੁਝ ਅੱਗੇ ਪੁੱਜੀ ਤਾਂ ਲਿੰਕ ਰੋਡ ਦੇ ਖੱਬੇ ਹੱਥ ਬਣੇ ਖਾਲ ਦੇ ਬੜੇ ਉੱਪਰ ਇੱਕ ਵਿਅਕਤੀ ਬੈਠਾ ਦਿਖਾਈ ਦਿੱਤਾ, ਜੋ ਆਪਣੇ ਹੱਥ ਵਿੱਚ ਫੜੇ ਹੋਏ ਲਿਫਾਫੇ ਵਿੱਚ ਫਰੋਲਾ ਫਰਾਲੀ ਕਰ ਰਿਹਾ ਸੀ।ਪੁਲਸ ਵੱਲੋਂ ਜਦੋਂ ਉਸ ਦੇ ਲਿਫਾਫੇ ਦੀ ਤਲਾਸ਼ੀ ਲਈ ਗਈ ਤਾਂ ਉਸ ਵਿੱਚੋਂ 60 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ।ਪੁਲਸ ਵੱਲੋਂ ਗ੍ਰਿਫਤਾਰ ਕੀਤੇ ਗਏ ਵਿਅਕਤੀ ਦੀ ਪਹਿਚਾਣ ਰਾਮ ਸਿੰਘ ਉਰਫ ਰਾਮਾ ਪੁੱਤਰ ਟੇਕ ਸਿੰਘ ਵਾਸੀ ਪਿੰਡ ਗਿੱਦੜਬਾਹਾ ਵਜੋਂ ਹੋਈ ਹੈ।ਪੁਲਸ ਨੇ ਉਕਤ ਰਾਮ ਸਿੰਘ ਉਰਫ ਰਾਮਾ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਪੀੜਤ ਐੱਮ ਸੀ ਮੁਖਤਿਆਰ ਸਿੰਘ ਨੇ ਇਨਸਾਫ ਲਈ ਟੈਂਕੀ 'ਤੇ ਲਾਏ ਡੇਰੇ



ਮੂਨਕ (ਰਾਜਪਾਲ ਸਿੰਗਲਾ)-ਸ਼ਹਿਰ ਦੇ ਪੰਚਾਇਤ ਦਫਤਰ ਦੇ ਅੰਦਰ ਪਿਛਲੇ ਦਿਨੀਂ ਮੌਕੇ ਦੇ ਐੱਮ ਸੀ ਮੁਖਤਿਆਰ ਸਿੰਘ 'ਤੇ ਬਦਮਾਸ਼ਾਂ ਵੱਲੋਂ ਤੇਜ਼ ਹਥਿਆਰਾਂ ਦੇ ਨਾਲ ਜਾਨਲੇਵਾ ਹਮਲਾ ਕੀਤਾ ਗਿਆ ਸੀ, ਜਿਸ ਨੂੰ ਲੈ ਕੇ ਪੀੜਤ ਐੱਮ ਸੀ ਮੁਖਤਿਆਰ ਸਿੰਘ ਇਨਸਾਫ ਲਈ ਸ਼ਹਿਰ ਦੇ ਪੁਰਾਣੇ ਬੱਸ ਸਟੈਂਡ 'ਤੇ ਭਰੇ ਬਾਜ਼ਾਰ ਵਿੱਚ ਪੱਕਾ ਮੋਰਚਾ ਲਗਾ ਕੇ ਬੈਠੇ ਸਨ। ਇਸ ਮੌਕੇ ਮੁਖਤਿਆਰ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਜਿਨ੍ਹਾਂ ਵਿਅਕਤੀਆਂ ਨੇ ਉਸ 'ਤੇ ਜਾਨਲੇਵਾ ਹਮਲਾ ਕੀਤਾ, ਉਨ੍ਹਾਂ ਵਿੱਚੋਂ ਕੁੱਝ ਲੋਕਾਂ ਨੂੰ ਉਹ ਜਾਣਦੇ ਤੇ ਪਹਿਚਾਣਦੇ ਵੀ ਹਨ ਅਤੇ ਕੁੱਝ ਲੋਕ ਨਕਾਬਪੋਸ਼ ਸਨ, ਪਰ ਅੱਜ ਤੱਕ ਉਨ੍ਹਾਂ ਲੋਕਾਂ ਦੀ ਪੁਲਸ ਵੱਲੋਂ ਕੋਈ ਗ੍ਰਿਫਤਾਰੀ ਨਹੀਂ ਕੀਤੀ ਗਈ। ਜਦੋਂ ਤੱਕ ਪੁਲਸ ਉਨ੍ਹਾਂ ਦੀ ਗ੍ਰਿਫਤਾਰੀ ਨਹੀਂ ਕਰਦੀ, ਉਸ ਸਮੇਂ ਤੱਕ ਸੰਘਰਸ਼ ਜਾਰੀ ਰਹੇਗਾ।ਜਦੋਂ ਸ਼ਾਂਤਮਈ ਲੱਗੇ ਮੋਰਚੇ ਵਿੱਚ ਸਰਕਾਰ ਜਾਂ ਪ੍ਰਸ਼ਾਸਨ ਨੇ ਨਹੀਂ ਸੁਣੀ ਤਾਂ ਪਿਛਲੇ ਦਿਨੀਂ ਸਮਰਥਕਾਂ ਨੇ ਰੋਡ ਜਾਮ ਕਰਨ ਦੀ ਕੋਸ਼ਿਸ਼ ਕੀਤੀ, ਪਰ ਪੁਲਸ ਧਰਨਾਕਾਰੀਆਂ ਨੂੰ ਰੋਸ ਵਜੋਂ ਰੋਡ ਜਾਮ ਕਰਨ ਤੋਂ ਖਦੇੜਨ ਵਿੱਚ ਸਫਲ ਹੋ ਗਈ, ਜਿਸ ਤੋਂ ਬਾਅਦ ਐੱਮ ਸੀ ਮੁਖਤਿਆਰ ਸਿੰਘ ਨੇ ਪ੍ਰਣ ਕਰ ਲਿਆ ਕਿ ਉਹ ਸਾਹਮਣੇ ਪਾਣੀ ਵਾਲੀ ਟੈਂਕੀ 'ਤੇ ਚੜ੍ਹ ਕੇ ਰੋਸ ਪ੍ਰਦਰਸ਼ਨ ਕਰਨਗੇ। ਮੌਕੇ 'ਤੇ ਪੁਲਸ ਪ੍ਰਸ਼ਾਸਨ ਦੀ ਢਿੱਲੀ ਸੁਰੱਖਿਆ ਹੋਣ ਕਾਰਨ ਅੱਜ ਸਵੇਰ ਦੇ ਸਮੇਂ ਮੇਨ ਬਾਜ਼ਾਰ ਦੇ ਅੰਦਰ ਵਾਟਰ ਵਰਕਸ ਵਾਲੀ ਟੈਂਕੀ 'ਤੇ ਜਾ ਚੜ੍ਹਿਆ, ਇਸ ਤੋਂ ਬਾਅਦ ਹੁਣ ਐੱਸਐੱਚਓ ਦੀ ਅਗਵਾਈ ਹੇਠ ਪੁਲਸ ਟੀਮ ਸੁਰੱਖਿਆ ਦਾ ਨਾਟਕ ਕਰ ਰਹੀ ਹੈ।ਇਸ ਢਿੱਲੀ ਕਾਰਗੁਜ਼ਾਰੀ ਤੋਂ ਸਾਫ ਨਜ਼ਰ ਆ ਰਿਹਾ ਹੈ ਕਿ ਪੁਲਸ ਐੱਮ ਸੀ ਮੁਖਤਿਆਰ ਸਿੰਘ ਨੂੰ ਇਨਸਾਫ ਦੇਣ ਦੇ ਮੂਡ ਵਿੱਚ ਨਹੀਂ ਲੱਗਦੀ ਹੈ।ਜਦੋਂ ਇਸ ਸਬੰਧੀ ਐੱਸਐੱਚਓ ਵਿਨੋਦ ਕੁਮਾਰ ਨਾਲ ਗੱਲ ਕਰਨ ਦੀ ਕੋਸ਼ਿਸ਼ ਕੀਤੀ ਤਾਂ ਉਨ੍ਹਾਂ ਨੇ ਗੱਲ ਸੁਣਨ ਦੀ ਬਜਾਏ ਉਹ ਆਪਣੇ ਮੋਬਾਈਲ ਫੋਨ 'ਤੇ ਲੱਗੇ ਰਹੇ।

## ਰੋਟਰੈਕਟ ਕਲੱਬ ਨਾਭਾ ਗ੍ਰੇਟਰ ਵੱਲੋਂ ਖ਼ੂਨਦਾਨ ਕੈਂਪ



ਨਾਭਾ (ਅਮਨ ਗਰਗ)-ਰੋਟਰੈਕਟ ਕਲੱਬ ਨਾਭਾ ਗ੍ਰੇਟਰ ਦੇ ਪ੍ਰਧਾਨ ਰਾਹੁਲ ਸਿੰਗਲਾ ਦੀ ਅਗਵਾਈ ਹੇਠ ਸਿਵਲ ਹਸਪਤਾਲ ਨਾਭਾ ਵਿਖੇ ਖ਼ੂਨਦਾਨ ਕੈਂਪ ਲਗਾਇਆ ਗਿਆ।ਇਸ ਕੈਂਪ 'ਚ ਮੁੱਖ ਮਹਿਮਾਨ ਐੱਸ ਐੱਮ ਓ ਡਾਕਟਰ ਵੀਨੂੰ ਗੋਇਲ ਤੇ ਵਿਸ਼ੇਸ਼ ਮਹਿਮਾਨ ਰੋਟਰੈਕਟ ਮੈਂਬਰ ਕਸ਼ਿਸ਼ ਨਰੂਲਾ ਰੋਟਰੀ ਇੰਟਰਨੈਸ਼ਨਲ ਸਾਲ 2026-27 ਜ਼ਿਲ੍ਹਾ ਰੋਟਰੈਕਟ (ਡੀ.ਆਰ.ਆਰ) ਨੇ ਸ਼ਿਰਕਤ ਕੀਤੀ।ਉਨ੍ਹਾਂ ਸਾਂਝੇ ਤੌਰ 'ਤੇ ਕਿਹਾ ਕਿ ਦੂਸਰੇ ਦੀ ਜ਼ਿੰਦਗੀ ਬਚਾਉਣ ਲਈ ਸਾਨੂੰ ਖ਼ੂਨ ਦਾਨ ਜ਼ਰੂਰ ਕਰਨਾ ਚਾਹੀਦਾ ਹੈ।ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਅਪੀਲ ਕੀਤੀ ਕਿ ਉਹ ਆਪਣੇ ਜਨਮ ਦਿਨ ਮੌਕੇ ਖ਼ੂਨ ਦਾਨ ਜ਼ਰੂਰ ਕਰਨ ਤਾਂ ਕਿ ਅਸੀਂ ਲੋੜਵੰਦ ਵਿਅਕਤੀ ਦੀ ਜ਼ਿੰਦਗੀ ਨੂੰ ਬਚਾ ਸਕਦੇ ਹਾਂ।ਇਸ ਮੌਕੇ ਕਲੱਬ ਪ੍ਰਧਾਨ ਰਾਹੁਲ ਸਿੰਗਲਾ ਨੇ ਕਿਹਾ ਕਿ ਸਿਵਲ ਹਸਪਤਾਲ ਨਾਭਾ ਦੇ ਬਲੱਡ ਬੈਂਕ ਦੀ ਟੀਮ ਵੱਲੋਂ ਖ਼ੂਨਦਾਨੀਆਂ ਤੋਂ ਖ਼ੂਨ ਇਕੱਤਰ ਕੀਤਾ ਗਿਆ।ਉਪਰੰਤ ਪ੍ਰਧਾਨ ਰਾਹੁਲ ਸਿੰਗਲਾ ਤੇ ਸਮੂਹ ਮੈਂਬਰਾਂ ਵੱਲੋਂ ਖ਼ੂਨਦਾਨੀਆਂ ਨੂੰ ਸਰਟੀਫਿਕੇਟ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਵਿਸ਼ੇਸ਼ ਮਹਿਮਾਨ ਨੇ ਕਲੱਬ ਵੱਲੋਂ ਲਗਾਏ ਗਏ ਖ਼ੂਨਦਾਨ ਕੈਂਪ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਹਰ ਇੱਕ ਵਿਅਕਤੀ 65 ਸਾਲ ਦੀ ਉਮਰ ਤੱਕ ਸਾਲ ਵਿੱਚ ਚਾਰ ਵਾਰ ਖ਼ੂਨ ਦਾਨ ਕਰ ਸਕਦਾ ਹੈ।ਇਸ ਮੌਕੇ ਜਨਰਲ ਸਕੱਤਰ ਕਰਨ ਗਰਗ, ਕੈਸ਼ੀਅਰ ਮਾਨਿਕ ਸਿੰਗਲਾ, ਵਾਈਸ ਪ੍ਰਧਾਨ ਸ਼ਾਂਤਨੂੰ ਖੰਨਾ, ਜੁਆਇੰਟ ਸਕੱਤਰ ਹਾਰੂਨ ਵਰਮਾ, ਸਾਬਕਾ ਪ੍ਰਧਾਨ ਐਡਵੋਕੇਟ ਸੰਦੀਪ ਸਿੰਗਲਾ ਤੇ ਤਰੁਣ ਗੁਪਤਾ, ਵਿਨੀਤ ਬਾਂਸਲ, ਜੈਅੰਤ ਸਿੰਗਲਾ, ਨਿਖਿਲ ਗਰਗ ਆਦਿ ਮੈਂਬਰ ਹਾਜ਼ਰ ਸਨ।

# ਸੇਂਟ ਜ਼ੇਵੀਅਰਜ਼ ਵਿਖੇ ਅੰਤਰ-ਸਕੂਲ ਕੁਇਜ਼ ਚੈਂਪੀਅਨਸ਼ਿਪ ਦਾ ਆਯੋਜਨ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਵਿਦਿਆਰਥੀਆਂ ਦੇ ਗਿਆਨ ਤੇ ਬੌਧਿਕ ਸਮਰੱਥਾ ਨੂੰ ਵਧਾਉਣ ਲਈ ਸੇਂਟ ਜ਼ੇਵੀਅਰਜ਼ ਸਕੂਲ ਰਾਮਪੁਰਾ ਫੂਲ ਵਿਖੇ ਫਾਦਰ ਟੀਵਰਸੀਓ ਫੈਰਾਓ ਮੈਮੋਰੀਅਲ ਅੰਤਰ-ਸਕੂਲ ਕੁਇਜ਼ ਚੈਂਪੀਅਨਸ਼ਿਪ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ।ਇਸ ਮੁਕਾਬਲੇ ਵਿੱਚ ਸਾਰੇ ਜ਼ੇਵੀਅਰਸ ਸਕੂਲਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ।ਸਭ ਤੋਂ ਪਹਿਲਾਂ ਸਕੂਲ ਬੈਂਡ ਸਵਾਗਤੀ ਧੁਨਾਂ ਨਾਲ ਮੁੱਖ ਮਹਿਮਾਨ ਫਾਦਰ ਯੂਲਾਲੀਓ ਫਰਨਾਂਡਿਜ਼ (ਪ੍ਰੈਜ਼ੀਡੈਂਟ ਆਫ਼ ਦਿੱਲੀ ਪ੍ਰੋਵਿੰਸ, ਦਿੱਲੀ-ਹਰਿਆਣਾ) ਨੂੰ ਫਾਦਰ ਰੋਮੀ ਕਾਰਡੋਜ਼ੋ, ਫਾਦਰ ਪ੍ਰਸਾਦ, ਫਾਦਰ ਯੂਸੇਬੀਓ ਗੋਂਜ਼, ਫਾਦਰ ਸਿਡਨਾਲ, ਪ੍ਰਿੰਸੀਪਲ ਫਾਦਰ ਜੇਰੀ ਪੌਲ ਲੋਬੋ, ਮੈਨੇਜਰ ਫਾਦਰ ਆਂਦਰੇ ਫਰਨਾਂਡਿਜ਼, ਕੋਆਰਡੀਨੇਟਰ ਮੈਡਮ ਪ੍ਰੇਮ ਲਤਾ ਤੇ ਮੈਡਮ ਅੰਜੂ ਬਾਲਾ ਮੰਚ ਉੱਤੇ ਲੈ ਕੇ ਆਏ। ਸਕੂਲ ਦੇ ਵਿਦਿਆਰਥੀਆਂ ਨੇ ਆਪਣੀ ਮਨਮੋਹਕ ਅਵਾਜ਼ ਰਾਹੀਂ ਸਵਾਗਤੀ ਗੀਤ ਗਾ ਕੇ ਮੁੱਖ ਮਹਿਮਾਨਾਂ ਦਾ ਸਵਾਗਤ ਕੀਤਾ।ਵਿਦਿਆਰਥੀਆਂ ਵੱਲੋਂ ਕਲਾਸੀਕਲ ਡਾਂਸ, ਵੈਸਟਰਨ ਡਾਂਸ ਤੇ ਯੋਗਾ ਦੇ ਨਾਲ-ਨਾਲ ਭੰਗੜਾ ਡਾਂਸ ਪੇਸ਼ ਕਰਕੇ ਪੰਡਾਲ ਵਿੱਚ ਬੈਠੇ ਸਾਰੇ ਸਰੋਤਿਆਂ ਦਾ ਮਨ ਮੋਹ ਲਿਆ।ਕੁਇਜ਼ ਮੁਕਾਬਲੇ ਨੂੰ ਵੱਖ-ਵੱਖ ਦੌਰ ਵਿੱਚ ਵੰਡਿਆ ਗਿਆ, ਜਿਸ ਵਿੱਚ ਆਮ ਗਿਆਨ, ਵਿਗਿਆਨ, ਗਣਿਤ, ਸਮਾਜਿਕ ਗਿਆਨ ਤੇ ਮੌਜੂਦਾ ਮਾਮਲੇ, ਆਡੀਓ ਵੀਡੀਓ ਰਾਊਂਡ ਸ਼ਾਮਲ ਸਨ।ਸਾਰੀਆਂ ਟੀਮਾਂ ਦੇ ਵਿਦਿਆਰਥੀਆਂ ਨੇ ਬਹੁਤ ਹੀ ਸੂਝ-ਬੂਝ ਤੇ ਤੇਜ਼ੀ ਨਾਲ ਸਵਾਲਾਂ ਦੇ ਜਵਾਬ ਦਿੱਤੇ। ਸਖ਼ਤ ਮੁਕਾਬਲੇ ਤੋਂ ਬਾਅਦ ਸੇਂਟ ਜ਼ੇਵੀਅਰਜ਼ ਸਕੂਲ ਬਠਿੰਡਾ ਨੇ ਪਹਿਲਾ ਸਥਾਨ, ਸੇਂਟ ਜ਼ੇਵੀਅਰਜ਼ ਸਕੂਲ ਹਿਸਾਰ ਨੇ ਦੂਜਾ ਸਥਾਨ ਤੇ ਸੇਂਟ ਜ਼ੇਵੀਅਰਜ਼ ਸਕੂਲ ਗੋਆਲਾਨਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਮੁੱਖ ਮਹਿਮਾਨ ਫਾਦਰ ਯੂਲਾਲੀਓ ਫਰਨਾਂਡਿਜ਼ ਨੇ ਵਿਦਿਆਰਥੀਆਂ ਨੂੰ ਇਸ ਤਰ੍ਹਾਂ ਦੇ ਮੁਕਾਬਲਿਆਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।ਸਕੂਲ ਪ੍ਰਿੰਸੀਪਲ ਫਾਦਰ ਜੇਰੀ ਪੌਲ ਲੋਬੋ ਨੇ ਮੁੱਖ ਮਹਿਮਾਨ, ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲ ਸਾਹਿਬਾਨ, ਮੈਨੇਜਰ ਸਾਹਿਬਾਨ, ਅਧਿਆਪਕਾਂ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।ਮੁੱਖ ਮਹਿਮਾਨ ਨੇ ਜੇਤੂ ਵਿਦਿਆਰਥੀਆਂ ਤੇ ਉਨ੍ਹਾਂ ਦੇ ਅਧਿਆਪਕਾਂ ਨੂੰ ਟਰਾਫ਼ੀਆਂ ਤੇ ਸਰਟੀਫਿਕੇਟਾਂ ਨਾਲ ਸਨਮਾਨਤ ਕੀਤਾ।ਪ੍ਰੋਗਰਾਮ ਦੀ ਸਮਾਪਤੀ ਰਾਸ਼ਟਰੀ ਗੀਤ ਨਾਲ ਕੀਤੀ ਗਈ।

## ਸਰਵਹਿੱਤਕਾਰੀ ਵਿੱਦਿਆ ਮੰਦਰ ਵਿਖੇ ਵਿਸ਼ਵ ਸਕਾਊਟ ਸਕਾਰਫ਼ ਦਿਵਸ ਮਨਾਇਆ



ਭੀਖੀ (ਗੁਰਿੰਦਰ ਸਿੰਘ ਔਲਖ)-ਸਰਵਹਿੱਤਕਾਰੀ ਵਿੱਦਿਆ ਮੰਦਰ (ਸੀ ਬੀ ਐੱਸ ਈ) ਭੀਖੀ ਵਿਖੇ ਸਕੂਲ ਦੀ ਭਾਰਤ ਸਕਾਊਟਸ ਐਂਡ ਗਾਈਡਜ਼ ਯੂਨਿਟ ਵੱਲੋਂ ਵਿਸ਼ਵ ਸਕਾਊਟ ਸਕਾਰਫ਼ ਦਿਵਸ ਬੜੇ ਹੀ ਉਤਸ਼ਾਹ ਤੇ ਦੇਸ਼-ਸੇਵਾ ਦੀ ਭਾਵਨਾ ਨਾਲ ਮਨਾਇਆ ਗਿਆ।ਇਸ ਮੌਕੇ ਸਕਾਊਟ ਮਾਸਟਰ ਅਸ਼ੀਸ਼ ਧੀਮਾਨ ਤੇ ਸਕਾਊਟ ਵਿਦਿਆਰਥੀਆਂ ਵੱਲੋਂ ਸਕੂਲ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਨੂੰ ਸਕਾਊਟ ਸਕਾਰਫ਼ ਪਹਿਨਾ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸਮੂਹ ਸਕਾਊਟਸ ਤੇ ਗਾਈਡਜ਼ ਵੱਲੋਂ ਪ੍ਰਾਰਥਨਾ ਤੇ ਦੇਸ਼ ਪ੍ਰਤੀ ਆਪਣੇ ਫਰਜ਼ਾਂ ਨੂੰ ਨਿਭਾਉਣ ਦਾ ਪ੍ਰਣ ਲਿਆ ਗਿਆ ਤੇ ਪ੍ਰਾਰਥਨਾ ਕੀਤੀ ਗਈ।ਇਸ ਦੌਰਾਨ ਸਕੂਲ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਨੇ ਵਿਦਿਆਰਥੀਆਂ ਨੂੰ ਸਕਾਰਫ਼ ਦਿਵਸ ਦੀ ਵਧਾਈ ਦਿੰਦਿਆਂ ਸਕਾਊਟ ਤੇ ਗਾਈਡਜ਼ ਦੀਆਂ ਗਤੀਵਿਧੀਆਂ ਵਿੱਚ ਪੂਰੀ ਲਗਨ, ਅਨੁਸ਼ਾਸਨ ਤੇ ਸਮਰਪਣ ਨਾਲ ਭਾਗ ਲੈਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਭਾਈ ਘਨ੍ਹੱਈਆ ਜੀ ਦੀ ਉਦਾਹਰਨ ਦਿੰਦਿਆਂ ਕਿਹਾ ਕਿ ਨਿਸ਼ਕਾਮ ਸੇਵਾ, ਦਇਆ, ਪਰਉਪਕਾਰ ਤੇ ਮਨੁੱਖਤਾ ਦੀ ਭਾਵਨਾ ਹੀ ਸਕਾਊਟਿੰਗ ਦਾ ਮੂਲ ਆਧਾਰ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਹਰ ਰੋਜ਼ ਇੱਕ ਨੇਕ ਕੰਮ ਕਰਨ, ਵਾਤਾਵਰਨ ਦੀ ਸੰਭਾਲ ਕਰਨ ਤੇ ਸਮਾਜ ਦੀ ਸੇਵਾ ਲਈ ਹਮੇਸ਼ਾ ਤਤਪਰ ਰਹਿਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਗਾਈਡ ਕੈਪਟਨ ਮਨਜੀਤ ਕੌਰ ਵੱਲੋਂ ਸਕਾਰਫ਼ ਦੀ ਮਹੱਤਤਾ ਬਾਰੇ ਬੱਚਿਆਂ ਨਾਲ ਵਿਚਾਰ ਸਾਂਝੇ ਕੀਤੇ ਗਏ।ਇਸ ਉਪਰੰਤ ਸਮੂਹ ਸਕਾਊਟਸ ਤੇ ਗਾਈਡਜ਼ ਵੱਲੋਂ ਸਕੂਲ ਕੈਂਪਸ ਵਿੱਚ ਪੌਦੇ ਲਗਾ ਕੇ ਵਾਤਾਵਰਨ ਸੰਭਾਲ ਦਾ ਸੰਦੇਸ਼ ਦਿੱਤਾ ਗਿਆ ਤੇ ਉਨ੍ਹਾਂ ਦੀ ਸੰਭਾਲ ਕਰਨ ਦਾ ਸੰਕਲਪ ਲਿਆ ਗਿਆ।

## ਭਰਾਜ ਵੱਲੋਂ ਸੱਤ ਪਿੰਡਾਂ ਨੂੰ ਆਧੁਨਿਕ ਫਾਇਰ ਫਾਈਟਿੰਗ ਵਾਟਰ ਟੈਂਕ ਭੇਟ




ਭਵਾਨੀਗੜ੍ਹ (ਰਾਜ ਖੁਰਮੀ)-ਹਲਕਾ ਸੰਗਰੂਰ ਦੀ ਵਿਧਾਇਕਾ ਨਰਿੰਦਰ ਕੌਰ ਭਰਾਜ ਨੇ ਪੇਂਡੂ ਖੇਤਰਾਂ ਵਿੱਚ ਅੱਗ ਵਰਗੀਆਂ ਐਮਰਜੈਂਸੀ ਸਥਿਤੀਆਂ ਨਾਲ ਨਜਿੱਠਣ ਲਈ ਅਹਿਮ ਕਦਮ ਚੁੱਕਦਿਆਂ ਹਲਕੇ ਦੇ ਸੱਤ ਪਿੰਡਾਂ ਲੱਖੇਵਾਲ, ਨੰਦਗੜ੍ਹ, ਫੱਗੂਵਾਲ, ਖੇੜੀ ਚੰਦਵਾ, ਫੁੰਮਣਵਾਲ, ਹਰਕਿਸ਼ਨਪੁਰਾ ਤੇ ਭਰਾਜ ਨੂੰ 5000 ਲੀਟਰ ਸਮਰੱਥਾ ਵਾਲੇ ਆਧੁਨਿਕ ਵਾਟਰ ਟੈਂਕ ਫਾਇਰ ਫਾਈਟਿੰਗ ਸਿਸਟਮ ਸਮੇਤ ਭੇਟ ਕੀਤੇ।ਇਸ ਮੌਕੇ ਵਿਧਾਇਕ ਭਰਾਜ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਨੂੰ ਆਧੁਨਿਕ ਬੁਨਿਆਦੀ ਸਹੂਲਤਾਂ ਨਾਲ ਲੈਸ ਕਰਨ ਦੇ ਨਾਲ-ਨਾਲ ਲੋਕਾਂ ਦੀ ਸੁਰੱਖਿਆ ਨੂੰ ਵੀ ਸਰਵੋਚ ਤਰਜੀਹ ਦੇ ਰਹੀ ਹੈ।ਉਨ੍ਹਾਂ ਕਿਹਾ ਕਿ ਪੇਂਡੂ ਖੇਤਰਾਂ ਵਿੱਚ ਅੱਗ ਲੱਗਣ ਦੀਆਂ ਘਟਨਾਵਾਂ ਦੌਰਾਨ ਸਮੇਂ ਸਿਰ ਸਾਧਨਾਂ ਦੀ ਉਪਲਬਧਤਾ ਬੇਹੱਦ ਜ਼ਰੂਰੀ ਹੁੰਦੀ ਹੈ ਤੇ ਇਹ ਵਾਟਰ ਟੈਂਕ ਅਜਿਹੀਆਂ ਸਥਿਤੀਆਂ ਵਿੱਚ ਤੁਰੰਤ ਰਾਹਤ ਮੁਹੱਈਆ ਕਰਵਾਉਣ ਦੇ ਨਾਲ ਜਾਨ-ਮਾਲ ਦੇ ਨੁਕਸਾਨ ਨੂੰ ਘਟਾਉਣ ਵਿੱਚ ਸਹਾਈ ਸਾਬਿਤ ਹੋਣਗੇ।ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਇਨ੍ਹਾਂ ਵਾਟਰ ਟੈਂਕਾਂ ਤੇ ਫਾਇਰ ਫਾਈਟਿੰਗ ਸਿਸਟਮ ਦੀ ਸੰਭਾਲ ਤੇ ਸਹੀ ਵਰਤੋਂ ਨੂੰ ਯਕੀਨੀ ਬਣਾਇਆ ਜਾਵੇ ਤਾਂ ਜੋ ਸੰਕਟ ਦੀ ਘੜੀ ਵਿੱਚ ਇਨ੍ਹਾਂ ਦਾ ਵੱਧ ਤੋਂ ਵੱਧ ਲਾਭ ਲਿਆ ਜਾ ਸਕੇ।ਇਸ ਮੌਕੇ ਤੇਜਵਿੰਦਰ ਸਿੰਘ, ਚਮਕੌਰ ਸਿੰਘ (ਖੇੜੀ ਚੰਦਵਾ), ਲਖਵਿੰਦਰ ਸਿੰਘ (ਫੱਗੂਵਾਲ), ਰੌਕੀ, ਜਗਸੀਰ ਸਿੰਘ (ਝਨੇੜੀ), ਕੁਲਵਿੰਦਰ ਸਿੰਘ, ਮਨਿੰਦਰ ਸਿੰਘ, ਸਰਪੰਚ ਸੁਖਚੈਨ ਸਿੰਘ, ਬਿੰਦਰ ਖਹਿਰਾ, ਸਿਮਰਨ ਸਿੰਘ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਤੇ ਪਤਵੰਤੇ ਹਾਜ਼ਰ ਸਨ।

## ਕੈਪਟਨ ਸੁਰਜੀਤ ਸਿੰਘ ਸੰਧੂ ਮਾਰਗ ਦੇ ਨੀਵੀਨੀਕਰਨ ਦਾ ਵਿਧਾਇਕ ਵੱਲੋਂ ਉਦਘਾਟਨ



ਸਰਦੂਲਗੜ੍ਹ (ਅਵਤਾਰ ਜਟਾਣਾ)-ਭਾਰਤ ਦੇਸ਼ ਲਈ ਚਾਰ ਲੜਾਈਆਂ ਵਿੱਚ ਹਿੱਸਾ ਲੈਣ ਵਾਲੇ ਕੈਪਟਨ ਸੁਰਜੀਤ ਸਿੰਘ ਸੰਧੂ ਨੂੰ ਸਮਰਪਤ ਉਨ੍ਹਾਂ ਦੇ ਨਾਮ 'ਤੇ ਬਣੇ ਚਿਲਿੰਗ ਸੈਂਟਰ ਤੋਂ ਰੱਤੀਆ ਰੋਡ ਨੂੰ ਜੋੜਨ ਵਾਲੀ ਸੜਕ, ਜੋ ਕਿ ਸੰਨ 2010 ਵਿੱਚ ਉਸ ਵੇਲੇ ਦੀ ਸਰਕਾਰ ਤੇ ਪੰਚਾਇਤ ਵੱਲੋਂ ਉਨ੍ਹਾਂ ਦੀ ਯਾਦ ਵਿੱਚ ਬਣਵਾ ਕੇ ਸ਼ਰਧਾਂਜਲੀ ਦਿੱਤੀ ਸੀ, ਦੀ ਕਾਫੀ ਖਸਤਾ ਹਾਲਤ ਹੋ ਚੁੱਕੀ ਸੀ ਤੇ ਨਵਾਂ ਸੀਵੇਰਜ ਪੈਣ ਕਰਕੇ ਲੋਕਾਂ ਨੂੰ ਬਹੁਤ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਰਿਹਾ ਸੀ।ਇਸ ਲਈ ਇਸ ਸੜਕ ਦਾ ਨਵੀਨੀਕਰਨ ਤੇ ਪ੍ਰੀਮਿਕਸ ਪਾਉਣ ਦਾ ਕੰਮ ਅੱਜ ਸਰਦੂਲਗੜ੍ਹ ਹਲਕੇ ਦੇ ਐੱਮ. ਐੱਲ. ਏ. ਸ੍ਰ: ਗੁਰਪ੍ਰੀਤ ਸਿੰਘ ਬਣਾਂਵਾਲੀ ਨੇ ਉਦਘਾਟਨ ਕੀਤਾ।ਇਸ ਮੌਕੇ ਪ੍ਰਿੰਸੀਪਲ ਭੁਪਿੰਦਰ ਸਿੰਘ ਸੰਧੂ ਤੇ ਦਿਲਮੋਹਿਤ ਸਿੰਘ ਸੰਧੂ ਨੇ ਐੱਮ.ਐੱਲ.ਏ. ਗੁਰਪ੍ਰੀਤ ਸਿੰਘ ਬਣਾਂਵਾਲੀ, ਪ੍ਰਧਾਨ ਸ੍ਰੀ ਪ੍ਰੇਮ ਗਰਗ, ਪੰਕਜ ਗਰਗ ਟਾਟਾ, ਐੱਮ ਸੀ ਸੁਖਜੀਤ ਸਿੰਘ ਬੱਬਰ, ਨਵਿੰਦਰ ਸਿੰਘ ਐੱਮ.ਸੀ., ਵਿਰਸਾ ਸਿੰਘ ਐੱਮ. ਸੀ., ਦੀਪ ਸੰਧੂ ਐੱਮ. ਸੀ., ਨਿਰਮਲ ਸਿੰਘ ਨਿੰਮਾ ਐੱਮ. ਸੀ., ਰੇਸ਼ਮ ਸਿੰਘ ਐੱਮ. ਸੀ., ਸੁਖਵਿੰਦਰ ਜੈਂਕ ਐੱਮ. ਸੀ., ਬਿੰਦਰ ਸਿੰਘ ਸੰਧੂ, ਠੇਕੇਦਾਰ ਭੀਮ ਸਿੰਗਲਾ, ਰਿੰਕੂ ਸਿੰਗਲਾ ਤੇ ਪੀ.ਏ. ਦੀਪਕ ਸਿੰਗਲਾ ਦਾ ਧੰਨਵਾਦ ਕੀਤਾ।

## ਮਾਛੀਕੇ ਦੇ ਵਿਕਾਸ ਕਾਰਜਾਂ ਲਈ 6 ਲੱਖ ਦਾ ਚੈੱਕ ਭੇਟ



ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਪਿੰਡ ਮਾਛੀਕੇ ਦੇ ਵਿਕਾਸ ਕਾਰਜਾਂ ਨੂੰ ਹੋਰ ਗਤੀ ਦੇਣ ਲਈ ਪੰਜਾਬ ਸਰਕਾਰ ਵੱਲੋਂ 6 ਲੱਖ ਰੁਪਏ ਦਾ ਚੈੱਕ ਗ੍ਰਾਮ ਪੰਚਾਇਤ ਨੂੰ ਭੇਟ ਕੀਤਾ ਗਿਆ।ਇਸ ਮੌਕੇ ਗ੍ਰਾਮ ਪੰਚਾਇਤ ਤੇ ਆਮ ਆਦਮੀ ਪਾਰਟੀ ਦੀ ਟੀਮ ਨੇ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ, ਹਲਕਾ ਨਿਹਾਲ ਸਿੰਘ ਵਾਲਾ ਦੇ ਵਿਧਾਇਕ ਸ੍ਰ. ਮਨਜੀਤ ਸਿੰਘ ਬਿਲਾਸਪੁਰ ਤੇ ਪਲੈਨਿੰਗ ਬੋਰਡ ਦੇ ਚੇਅਰਮੈਨ ਬਰਿੰਦਰ ਕੁਮਾਰ ਮਧੇਕੇ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਰਾਸ਼ੀ ਪਿੰਡ ਦੇ ਵਿਕਾਸ ਕਾਰਜਾਂ ਵਿੱਚ ਅਹਿਮ ਯੋਗਦਾਨ ਪਾਵੇਗੀ।ਇਸ ਮੌਕੇ ਡਾ. ਜਗਦੇਵ ਸਿੰਘ ਬੱਬੂ ਮਾਛੀਕੇ (ਸੋਸ਼ਲ ਮੀਡੀਆ ਹਲਕਾ ਇੰਚਾਰਜ), ਸਰਪੰਚ ਜਗਮੋਹਨ ਸਿੰਘ, ਪੰਚਾਇਤ ਮੈਂਬਰ ਹਾਕਮ ਸਿੰਘ, ਚੰਦ ਸਿੰਘ (ਆਪ ਆਗੂ), ਕਰਮਜੀਤ ਸਿੰਘ ਕੰਮਾਂ (ਪੰਚਾਇਤ ਮੈਂਬਰ), ਅਮਰਜੀਤ ਸਿੰਘ ਮਿੱਟੂ (ਆਪ ਆਗੂ), ਸੰਦੀਪ ਵਾਲੀਆਂ (ਬਲਾਕ ਪ੍ਰਧਾਨ), ਗੁਰਮੇਲ ਸਿੰਘ ਕੱਕੂ ਤੇ ਆਮ ਆਦਮੀ ਪਾਰਟੀ ਦੀ ਸਮੁੱਚੀ ਟੀਮ ਹਾਜ਼ਰ ਸੀ।

## ਸਫ਼ਾ 1 ਦੇ ਬਾਕੀ...

### ਸਿਧਾਰਥ ਤੇ ਬੇਨੀਵਾਲ...

ਸਾਵਧਾਨ ਰਹਿਣ, ਜੋ ਬਸਪਾ ਦੀ ਪੂਰਨ ਬਹੁਮਤ ਵਾਲੀ ਸਰਕਾਰ ਬਣਾਉਣ ਦੀ ਮੁਹਿੰਮ ਨੂੰ ਸਾਬੋਤਾਜ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਮਾਇਆਵਤੀ ਨੇ ਸੰਗਠਨ ਵਿੱਚ ਧੜੇਬੰਦੀ ਦੇ ਕਾਰਨ ਪਿਛਲੇ ਸਾਲ ਅਸ਼ੋਕ ਸਿਧਾਰਥ ਦੇ ਨਾਲ-ਨਾਲ ਨਿਤਿਨ ਸਿੰਘ ਨੂੰ ਵੀ ਪਾਰਟੀ ਵਿੱਚੋਂ ਕੱਢ ਦਿੱਤਾ ਸੀ। ਉਸ ਸਮੇਂ ਮਾਇਆਵਤੀ ਨੇ ਕਿਹਾ ਸੀ ਕਿ ਅਸ਼ੋਕ ਸਿਧਾਰਥ ਅਤੇ ਨਿਤਿਨ ਸਿੰਘ ਪਾਰਟੀ ਵਿਰੁੱਧ ਸਾਜ਼ਿਸ਼ ਰਚ ਰਹੇ ਸਨ। ਇਸ ਤੋਂ ਬਾਅਦ ਮਾਇਆਵਤੀ ਨੇ ਪਹਿਲਾਂ 2 ਮਾਰਚ ਨੂੰ ਆਕਾਸ਼ ਨੂੰ ਉਸ ਦੇ ਅਹੁਦੇ ਤੋਂ ਹਟਾ ਦਿੱਤਾ ਅਤੇ ਫਿਰ 3 ਮਾਰਚ ਨੂੰ ਉਸ ਨੂੰ ਪਾਰਟੀ ਵਿੱਚੋਂ ਕੱਢ ਦਿੱਤਾ। ਮੁਆਫ਼ੀ ਮੰਗਣ ਤੋਂ ਬਾਅਦ ਆਕਾਸ਼ ਨੂੰ 13 ਅਪ੍ਰੈਲ ਨੂੰ ਬਹਾਲ ਕਰ ਦਿੱਤਾ। ਫਿਰ ਹੌਲੀ-ਹੌਲੀ ਬਾਅਦ ਅਸ਼ੋਕ ਸਿਧਾਰਥ ਪਾਰਟੀ ਵਿੱਚ ਵਾਪਸ ਆ ਗਿਆ।

### ਕਾਮਰੇਡ ਸੁਰਜੀਤ ਸਮੁੱਚੇ ...

ਸ਼ਖ਼ਸੀਅਤ ਦੱਸਦਿਆਂ ਧਾਲੀਵਾਲ ਨੇ ਕਿਹਾ ਕਿ ਉਹ ਸੰਕਟ ਮੋਚਨ ਵੀ ਸਨ। ਕਮਿਊਨਿਸਟਾਂ ਦੀ ਅਗਵਾਈ ਕਰਨ ਦੀ ਯੋਗਤਾ ਦੀ ਗੱਲ ਕਰਦਿਆਂ ਕਾਮਰੇਡ ਧਾਲੀਵਾਲ ਨੇ ਦਿੱਲੀ ਦੀਆਂ ਬਰੂਹਾਂ 'ਤੇ ਲੜੇ ਤੇ ਜਿੱਤੇ ਕਿਸਾਨ ਅੰਦੋਲਨ ਦਾ ਹਵਾਲਾ ਦਿੱਤਾ। ਉਨ੍ਹਾ ਕਿਹਾ ਕਿ ਕਿਸਾਨ ਆਗੂ ਬਲਬੀਰ ਸਿੰਘ ਰਾਜੇਵਾਲ ਵੀ ਇਹ ਗੱਲ ਸਵੀਕਾਰ ਕਰਦੇ ਹਨ ਕਿ ਕਮਿਊਨਿਸਟਾਂ ਦੀ ਅਹਿਮ ਭੂਮਿਕਾ ਸਦਕਾ ਮੋਰਚਾ ਸਫ਼ਲਤਾ ਵੱਲ ਵਧਦਾ ਰਿਹਾ।

ਕਿਸਾਨੀ ਮਸਲਿਆਂ ਬਾਰੇ ਕਾਮਰੇਡ ਧਾਲੀਵਾਲ ਨੇ ਕਿਹਾ ਕਿ ਮੁਕਤ ਵਪਾਰ ਦੀ ਨੀਤੀ ਖੇਤੀ ਨੂੰ ਤਬਾਹ ਕਰ ਦੇਵੇਗੀ। ਉਨ੍ਹਾ ਕਿਹਾ ਕਿ 9-10 ਫ਼ੀਸਦੀ ਕਿਸਾਨ ਖੇਤੀ ਛੱਡ ਗਏ ਹਨ। ਕਾਮਰੇਡ ਧਾਲੀਵਾਲ ਨੇ ਕਿਹਾ ਕਿ ਕਮਿਊਨਿਸਟ ਸੱਤਾ ਵਿੱਚ ਆਉਣ ਜਾਂ ਨਾ, ਪਰ ਉਹ ਲੋਕਾਂ ਲਈ ਹਮੇਸ਼ਾ ਲੜਦੇ ਆਏ ਹਨ ਤੇ ਲੜਦੇ ਰਹਿਣਗੇ।

ਕਮਿਊਨਿਸਟ ਆਗੂ ਨੇ ਜੰਤਰ ਮੰਤਰ 'ਤੇ ਵਾਪਰੀਆਂ ਘਟਨਾਵਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਨੌਜਵਾਨਾਂ ਨੇ ਡਰ ਤੇ ਫਿਰਕਾਪ੍ਰਸਤੀ ਨੂੰ ਚੁਣੌਤੀ ਦਿੱਤੀ ਹੈ। ਕਾਮਰੇਡ ਧਾਲੀਵਾਲ ਨੇ ਕਿਹਾ ਕਿ ਭਾਜਪਾ ਨੇ ਬੰਗਾਲ ਵਿੱਚ ਛਲ ਕਪਟ ਨਾਲ ਚੋਣਾਂ ਜਿੱਤੀਆਂ ਹਨ। ਉਹ ਕਹਿ ਰਹੇ ਹਨ ਕਿ ਹੁਣ ਪੰਜਾਬ ਦੀ ਵਾਰੀ ਹੈ। ਇਹ ਸਾਡੇ ਲਈ ਚੁਣੌਤੀ ਤੇ ਸੋਚਣ ਦਾ ਮਸਲਾ ਹੈ। ਕਾਮਰੇਡ ਸੁਰਜੀਤ ਨੂੰ ਸੀਨੀਅਰ ਕਾਂਗਰਸੀ ਆਗੂ ਪਵਨ ਕੁਮਾਰ ਬਾਂਸਲ, ਅਕਾਲੀ ਦਲ ਬਾਦਲ ਦੇ ਸਕੱਤਰ ਜਨਰਲ ਬਲਵਿੰਦਰ ਸਿੰਘ ਭੂੰਦੜ, ਅਕਾਲੀ ਦਲ ਦੇ ਜਨਰਲ ਸਕੱਤਰ ਡਾ. ਦਲਜੀਤ ਸਿੰਘ ਚੀਮਾ, ਦੇਸ਼ ਸੇਵਕ ਦੇ ਰੈਜ਼ੀਡੈਂਟ ਐਡੀਟਰ ਚੇਤਨ ਸ਼ਰਮਾ, ਐਡੀਟਰ ਰਿਪੁਦਮਨ ਸਿੰਘ ਰਿਪੀ, ਨਰਿੰਦਰ ਸਿੰਘ ਜੌਹਲ, ਵਰਿੰਦਰਪਾਲ ਸਿੰਘ, ਸਤਨਾਮ ਸਿੰਘ ਵੜੈਚ, ਬਲਜੀਤ ਸਿੰਘ ਗਰੇਵਾਲ, ਕਾਮਰੇਡ ਸੁਰਜੀਤ ਦੇ ਪੋਤਰੇ ਸੰਦੀਪ ਸਿੰਘ ਬਾਸੀ ਤੇ ਮਜ਼ਦੂਰ ਆਗੂ ਗੁਰਮੇਸ਼ ਸਿੰਘ ਨੇ ਵੀ ਭਾਵਪੂਰਤ ਸ਼ਬਦਾਂ ਵਿੱਚ ਸ਼ਰਧਾ ਦੇ ਫੁੱਲ ਭੇਟ ਕੀਤੇ।

ਕਾਮਰੇਡ ਭੂਪ ਚੰਦ ਚੰਨੋ ਨੇ ਸਟੇਜ ਸੰਚਾਲਨ ਕਰਦਿਆਂ ਕਾਮਰੇਡ ਸੁਰਜੀਤ ਦੇ ਵੱਖ-ਵੱਖ ਪਹਿਲੂਆਂ ਬਾਰੇ ਚਰਚਾ ਕੀਤੀ। ਸਮਾਗਮ ਦੀ ਪ੍ਰਧਾਨਗੀ ਕਾਮਰੇਡ ਗੁਰਦਰਸ਼ਨ ਸਿੰਘ ਖਾਸਪੁਰ ਨੇ ਕੀਤੀ।

### ਕੰਗਨਾ ਦੀ ਰਿਤਿਕ...

ਕਰ ਦਿਓਗੇ।" ਕੰਗਨਾ ਅਤੇ ਰਿਤਿਕ ਵਿਚਾਲੇ ਵਿਵਾਦ ਸਾਲਾਂ ਪੁਰਾਣਾ ਹੈ, ਜਦੋਂ ਕੰਗਨਾ ਨੇ ਇੱਕ ਇੰਟਰਵਿਊ ਦੌਰਾਨ ਰਿਤਿਕ ਨੂੰ 'ਸਿਲੀ ਐਕਸ' ਕਿਹਾ ਸੀ। ਉਸ ਸਮੇਂ ਰਿਤਿਕ ਨੇ ਕੰਗਨਾ ਨਾਲ ਕਿਸੇ ਵੀ ਤਰ੍ਹਾਂ ਦੇ ਸੰਬੰਧ ਤੋਂ ਸਾਫ ਇਨਕਾਰ ਕਰ ਦਿੱਤਾ ਸੀ ਅਤੇ ਅਦਾਕਾਰਾ ਨੂੰ ਲੀਗਲ ਨੋਟਿਸ ਵੀ ਭੇਜਿਆ ਸੀ। ਰਿਤਿਕ ਦਾ ਦਾਅਵਾ ਸੀ ਕਿ ਕੋਈ ਅਣਪਛਾਤਾ ਵਿਅਕਤੀ ਉਸ ਦੀ ਨਕਲੀ ਈਮੇਲ ਆਈ ਡੀ ਬਣਾ ਕੇ ਕੰਗਨਾ ਨਾਲ ਗੱਲ ਕਰ ਰਿਹਾ ਸੀ, ਜਦੋਂਕਿ ਕੰਗਨਾ ਦਾ ਕਹਿਣਾ ਸੀ ਕਿ ਉਹ ਈਮੇਲ ਆਈ ਡੀ ਖੁਦ ਰਿਤਿਕ ਨੇ ਹੀ ਦਿੱਤੀ ਸੀ।

### ਨਸ਼ਾ ਮਾਂ ਦੀ ਮੁਸਕਾਨ...

ਸੱਭਿਆਚਾਰ, ਖੇਡਾਂ, ਧਿਆਨ, ਅਧਿਆਤਮਿਕਤਾ ਅਤੇ ਸੇਵਾ ਨਾਲ ਜੁੜੀਆਂ ਗਤੀਵਿਧੀਆਂ ਆਯੋਜਤ ਕੀਤੀਆਂ ਜਾਣਗੀਆਂ। ਨਸ਼ਾ ਛੁਡਾਉਣ ਦਾ ਸੁਨੇਹਾ ਨਵੇਂ ਲੋਕਾਂ ਤੱਕ ਪਹੁੰਚੇਗਾ। ਆਉਣ ਵਾਲੇ 100 ਐਤਵਾਰ ਨਸ਼ਾਮੁਕਤ ਭਾਰਤ ਵੱਲ 100 ਮਜ਼ਬੂਤ ਕਦਮ ਹੋਣਗੇ।"

ਪ੍ਰਧਾਨ ਮੰਤਰੀ ਨੇ ਇਹ ਵੀ ਕਿਹਾ ਕਿ ਨਸ਼ਾ ਨਾ ਸਿਰਫ ਸਰੀਰ ਨੂੰ ਨੁਕਸਾਨ ਪਹੁੰਚਾਉਂਦਾ ਹੈ, ਸਗੋਂ ਇਹ ਮਾਂ ਦੀ ਮੁਸਕਾਨ ਖੋਹ ਲੈਂਦਾ ਹੈ, ਪਿਤਾ ਦੇ ਸੁਪਨਿਆਂ ਨੂੰ ਤੋੜ ਦਿੰਦਾ ਹੈ, ਭੈਣ ਦੀ ਉਮੀਦ ਨੂੰ ਕਮਜ਼ੋਰ ਕਰਦਾ ਹੈ ਅਤੇ ਛੋਟੇ ਭਰਾ ਦੀ ਇੱਜ਼ਤ ਖੋਹ ਲੈਂਦਾ ਹੈ। ਪਰਵਾਰਕ ਮੈਂਬਰ ਹਰ ਰੋਜ਼ ਇਸ ਦਰਦ ਨਾਲ ਜਿਉਂਦੇ ਹਨ ਅਤੇ ਆਪਣੇ ਬੱਚਿਆਂ ਨੂੰ ਆਪਣੀਆਂ ਅੱਖਾਂ ਸਾਹਮਣੇ ਹੌਲੀ-ਹੌਲੀ ਖਤਮ ਹੁੰਦੇ ਦੇਖਦੇ ਹਨ।

ਮੋਦੀ ਨੇ ਇਹ ਵੀ ਕਿਹਾ ਕਿ ਸਰਕਾਰ ਨਸ਼ਿਆਂ ਵਿਰੁੱਧ ਇਸ ਮੁਹਿੰਮ ਵਿੱਚ ਨੌਜਵਾਨਾਂ ਦੇ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ। ਦੇਸ਼ ਭਰ ਵਿੱਚ ਨਸ਼ਾ ਤਸਕਰਾਂ ਵਿਰੁੱਧ ਸਖਤ ਕਾਰਵਾਈ ਕੀਤੀ ਜਾ ਰਹੀ ਹੈ। ਪਹਿਲਾਂ ਦੇ ਮੁਕਾਬਲੇ ਗ੍ਰਿਫਤਾਰੀਆਂ ਕਈ ਗੁਣਾ ਵਧ ਗਈਆਂ ਹਨ ਅਤੇ ਹਜ਼ਾਰਾਂ ਕਰੋੜ ਰੁਪਏ ਦੇ ਨਸ਼ੇ ਜ਼ਬਤ ਕੀਤੇ ਗਏ ਹਨ। ਇਹ ਦਰਸਾਉਂਦਾ ਹੈ ਕਿ ਉਨ੍ਹਾ ਦੀ ਸਰਕਾਰ ਨਸ਼ਿਆਂ ਵਿਰੁੱਧ ਕਿੰਨੀ ਮਜ਼ਬੂਤੀ ਨਾਲ ਕਾਰਵਾਈ ਕਰ ਰਹੀ ਹੈ। ਉਨ੍ਹਾ ਪਰਵਾਰਾਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਸਮਾਜਿਕ ਪ੍ਰਤਿਸ਼ਠਾ ਦੀ ਚਿੰਤਾ ਕਾਰਨ ਆਪਣੇ ਬੱਚਿਆਂ ਦੀ ਨਸ਼ੇ ਦੀ ਲਤ ਨੂੰ ਨਾ ਲੁਕਾਉਣ, ਸਗੋਂ ਉਨ੍ਹਾਂ ਨਾਲ ਖੁੱਲ੍ਹ ਕੇ ਗੱਲਬਾਤ ਕਰਨ ਅਤੇ ਨਸ਼ੇ ਤੋਂ ਛੁਟਕਾਰਾ ਪਾਉਣ ਲਈ ਮਾਹਰਾਂ ਅਤੇ ਡਾਕਟਰਾ ਦੀ ਮਦਦ ਲੈਣ।

ਇਨ੍ਹਾਂ ਗਤੀਵਿਧੀਆਂ ਵਿੱਚ ਖੇਡ ਸਮਾਗਮ, ਵਾਕਾਥਨ, ਧਿਆਨ ਸੈਸ਼ਨ, ਸੱਭਿਆਚਾਰਕ ਪ੍ਰੋਗਰਾਮ, ਜਾਗਰੂਕਤਾ ਮੁਹਿੰਮਾਂ, ਨੁੱਕੜ ਨਾਟਕ, ਵਿਚਾਰ ਵਟਾਂਦਰੇ, ਕਲਾ ਮੁਕਾਬਲੇ ਅਤੇ ਭਾਈਚਾਰਕ ਸ਼ਮੂਲੀਅਤ ਦੇ ਪ੍ਰੋਗਰਾਮ ਸ਼ਾਮਲ ਹੋਣਗੇ। ਯੁਵਾ ਮਾਮਲੇ ਅਤੇ ਖੇਡ ਮੰਤਰੀ ਮਨਸੁਖ ਮਾਂਡਵੀਆ ਨੇ ਸ਼ੁਰੂਆਤੀ ਮੌਕੇ 'ਤੇ ਕਿਹਾ ਕਿ ਪ੍ਰਧਾਨ ਮੰਤਰੀ ਦੇ 'ਨਸ਼ਾਮੁਕਤ ਭਾਰਤ' ਦੇ ਵਿਜ਼ਨ ਦੇ ਅਨੁਸਾਰ 'ਨਸ਼ਾਮੁਕਤ ਭਾਰਤ ਅਭਿਆਨ' ਸਾਲ 2020 ਵਿੱਚ ਸ਼ੁਰੂ ਕੀਤਾ ਗਿਆ ਸੀ।

### ਸੰਘ ਅੰਦੋਲਨ 'ਚ...

ਅਪੀਲ ਕਰਦਿਆਂ ਕਿਹਾ, "ਸੀ ਜੇ ਪੀ ਅੰਦੋਲਨ ਨੂੰ ਇੱਕ ਕੇਸ ਸਟੱਡੀ ਵਜੋਂ ਦੇਖਿਆ ਜਾਣਾ ਚਾਹੀਦਾ ਹੈ ਅਤੇ ਡੀਕੋਡ ਕੀਤਾ ਜਾਣਾ ਚਾਹੀਦਾ ਹੈ। ਸੀ ਜੇ ਪੀ ਦੇ ਕਾਲਕ੍ਰਮ, ਇਸ ਦੀ ਕਾਰਜਪ੍ਰਣਾਲੀ, ਸਹਾਇਤਾ ਪ੍ਰਣਾਲੀ ਅਤੇ ਵਿਚਾਰਧਾਰਕ ਸਮਰਥਨ ਨੂੰ ਵਿਸਥਾਰ ਵਿੱਚ ਸਮਝਣਾ ਚਾਹੀਦਾ ਹੈ।"

ਉਸ ਨੇ ਦੱਸਿਆ ਕਿ ਸੀ ਜੇ ਪੀ ਨੇਤਾ ਅਭਿਜੀਤ ਦੀਪਕੇ ਨੂੰ ਭਾਰਤ ਵਾਪਸ ਆਉਣ ਅਤੇ ਬਾਅਦ ਵਿੱਚ ਦੇਸ਼ਵਿਆਪੀ ਦੌਰੇ 'ਤੇ ਸ਼ੁਰੂਆਤੀ ਸਮਰਥਨ ਨਹੀਂ ਮਿਲਿਆ। 20 ਜੂਨ ਤੋਂ ਬਾਅਦ ਪ੍ਰੋਟੈਸਟ ਕਾਫੀ ਵਧਿਆ, ਜਿਸ ਵਿੱਚ ਵੱਡੀ ਭੀੜ ਅਤੇ ਸਮਰਥਨ ਪ੍ਰਾਪਤ ਹੋਇਆ। ਦੀਪਕੇ ਦੇ ਆਉਣ ਅਤੇ 20 ਜੂਨ ਦੇ ਵਿਚਕਾਰ ਅਸਲ ਵਿੱਚ ਕੀ ਹੋਇਆ ? ਇਸ ਅੰਦੋਲਨ ਦਾ ਰੁਖ ਕੀ ਬਦਲਿਆ ਅਤੇ ਕਿਹੜੀਆਂ ਸਮਰਥਨ ਪ੍ਰਣਾਲੀਆਂ ਇਸ ਵਿੱਚ ਸ਼ਾਮਲ ਹੋਈਆਂ ? ਇਨ੍ਹਾਂ ਪਹਿਲੂਆਂ ਨੂੰ ਉਜਾਗਰ ਕੀਤਾ ਜਾਣਾ ਚਾਹੀਦਾ ਹੈ। ਸੀ ਜੇ ਪੀ ਦਾ ਸਮਰਥਨ ਕਰਨ ਵਾਲੇ ਸੰਗਠਨਾਂ 'ਤੇ ਨਜ਼ਰ ਮਾਰਨ ਤੋਂ ਪਤਾ ਲੱਗਦਾ ਹੈ ਕਿ ਉਹ ਜ਼ਿਆਦਾਤਰ ਖੱਬੇ ਪੱਖੀ ਵਿਚਾਰਧਾਰਾ ਵੱਲ ਝੁਕਾਅ ਰੱਖਦੇ ਹਨ, ਉਹ ਸੰਗਠਨ ਜੋ 'ਭਾਰਤ ਤੇਰੇ ਟੁਕੜੇ ਟੁਕੜੇ' ਦੇ ਨਾਅਰੇ ਲਾਉਂਦੇ ਹਨ। ਲਿਮਏ ਨੇ ਅੱਗੇ ਕਿਹਾ ਕਿ ਅੰਦੋਲਨ ਨੂੰ ਸੱਚਮੁੱਚ ਸਮਝਣ ਲਈ, ਸਿਆਸੀ ਟਿੱਪਣੀਕਾਰ ਯੋਗੇਂਦਰ ਯਾਦਵ ਦੁਆਰਾ ਦਿੱਤੇ ਗਏ ਬਿਆਨਾਂ ਨੂੰ ਧਿਆਨ ਵਿੱਚ ਰੱਖਣਾ ਚਾਹੀਦਾ ਹੈ। ਯੋਗੇਂਦਰ ਯਾਦਵ ਨੇ ਕਿਹਾ ਸੀ ਕਿ ਲੋਕਤੰਤਰ ਦਾ ਭਵਿੱਖ ਸੰਸਦ ਵਿੱਚ ਨਹੀਂ ਬਲਕਿ ਸੜਕਾਂ 'ਤੇ ਹੋਵੇਗਾ, ਅਤੇ ਪ੍ਰੋਟੈਸਟ (ਚੋਣਾਂ ਨਹੀਂ) ਦੇਸ਼ ਦੀ ਦਿਸ਼ਾ ਨੂੰ ਪਰਿਭਾਸ਼ਤ ਕਰਨਗੇ। ਇਨ੍ਹਾਂ ਸਾਰੀਆਂ ਟਿੱਪਣੀਆਂ ਨੂੰ ਡੀਕੋਡ ਕੀਤਾ ਜਾਣਾ ਚਾਹੀਦਾ ਹੈ।

### ਮਨੁੱਖ ਇਨਕਲਾਬ ਕਰਦਾ...

ਇਸ ਬਾਰੇ ਯਕੀਨ ਦਿਵਾਉਂਦੇ ਹੋ। ਤੁਸੀਂ ਉਹੀ ਸਵਾਲਾਂ ਵਾਲੇ ਨਵੇਂ ਲੋਕਾਂ ਨੂੰ ਮਿਲਦੇ ਹੋ। ਤੁਸੀਂ ਸੁਣਨਾ ਸਿੱਖਦੇ ਹੋ ਕਿ ਲੋਕ ਅਸਲ ਵਿੱਚ ਕੀ ਪੁੱਛ ਰਹੇ ਹਨ, ਉਨ੍ਹਾਂ ਸਵਾਲਾਂ ਦੇ ਪਿੱਛੇ ਕੀ ਸਵਾਲ ਹਨ।

**ਸਵਾਲ : ਕੀ ਤੁਸੀਂ ਇਸ ਬਾਰੇ ਵਿਸਥਾਰ ਨਾਲ ਦੱਸ ਸਕਦੇ ਹੋ ?**

ਜਵਾਬ : ਲਗਭਗ ਹਰ ਕੋਈ ਪੁੱਛ ਰਿਹਾ ਹੈ ਕਿ ਪ੍ਰੋਟੈੱਸਟ ਬਹੁਤ ਜਲਦੀ ਖਤਮ ਹੋ ਗਏ, ਪਰ ਉਹ ਅਸਲ ਵਿੱਚ ਇਹ ਪੁੱਛ ਰਹੇ ਹਨ ਕਿ ਕੀ ਵੱਖ-ਵੱਖ ਰਾਜਾਂ ਵਿੱਚ ਗ੍ਰਿਫਤਾਰ ਕੀਤੇ ਗਏ ਵਿਦਿਆਰਥੀਆਂ ਨੂੰ ਛੱਡ ਦਿੱਤਾ ਜਾਵੇਗਾ ਜਾਂ ਨਹੀਂ। ਇਹ ਸੱਚ ਹੈ ਕਿ ਮੁਸਲਮ ਵਿਦਿਆਰਥੀਆਂ ਨੂੰ ਖਾਸ ਤੌਰ 'ਤੇ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਕੁਝ ਲੋਕ ਹਨ, ਜੋ ਤੁਹਾਡੇ ਤੋਂ ਇਹ ਸੁਣਨਾ ਚਾਹੁੰਦੇ ਹਨ ਕਿ ਸਾਰੀਆਂ ਜਾਨਾਂ ਮਹੱਤਵਪੂਰਨ ਹਨ। ਸਾਰੇ ਵਿਦਿਆਰਥੀਆਂ ਦੀ ਰਿਹਾਈ ਮਹੱਤਵਪੂਰਨ ਹੈ।

**ਸਵਾਲ : ਤੁਸੀਂ ਇੱਕ ਅਜਿਹੀ ਲਹਿਰ ਦਾ ਹਿੱਸਾ ਬਣੇ, ਜੋ ਸ਼ਾਇਦ ਇਤਿਹਾਸ ਵਿੱਚ ਖੱਬੇ-ਪੱਖੀ ਸਿਆਸੀ ਲਹਿਰ ਵਜੋਂ ਦਰਜ ਨਹੀਂ ਹੋਵੇਗੀ, ਪਰ ਤੁਸੀਂ ਅਤੇ ਤੁਹਾਡੇ ਸਾਥੀ ਇਸ ਦਾ ਇੱਕ ਵੱਡਾ ਹਿੱਸਾ ਸੀ।**

ਜਵਾਬ : ਮੈਨੂੰ ਨਹੀਂ ਲੱਗਦਾ ਕਿ ਸਾਡੀ ਪਾਰਟੀ ਦੇ ਸਿਧਾਂਤ ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੇ ਅੰਦੋਲਨ ਵਿੱਚ ਸਾਡੀ ਭਾਗੀਦਾਰੀ ਦੇ ਵਿਰੁੱਧ ਸਨ। ਇਸ ਪ੍ਰੋਟੈੱਸਟ ਵਿੱਚ ਹਿੱਸਾ ਲੈਣ ਲਈ ਬਹੁਤ ਜ਼ੋਰਦਾਰ ਉਤਸ਼ਾਹ ਸੀ। ਏ ਆਈ ਐੱਸ ਏ ਪਹਿਲੇ ਵਿਦਿਆਰਥੀ ਸੰਗਠਨਾਂ ਵਿੱਚੋਂ ਇੱਕ ਸੀ, ਜਿਸ ਨੇ ਮਹਿਸੂਸ ਕੀਤਾ ਕਿ ਜ਼ਮੀਨੀ ਪੱਧਰ 'ਤੇ ਵਾਈਬ੍ਰੇਸ਼ਨ ਹੋ ਰਹੀ ਹੈ, ਜਿੱਥੋਂ ਸੀ ਜੇ ਪੀ ਦਾ ਸੱਦਾ ਕੁਝ ਹੋਰ ਬਣਨ ਜਾ ਰਿਹਾ ਹੈ। ਹਾਂ, ਗਿਣਤੀ ਸਾਡੀ ਉਮੀਦ ਨਾਲੋਂ ਬਹੁਤ ਜ਼ਿਆਦਾ ਸੀ, ਪਰ ਸਾਡੇ ਵਿੱਚੋਂ ਕੋਈ ਵੀ ਹੈਰਾਨ ਨਹੀਂ ਸੀ ਕਿ ਏਨੇ ਸਾਰੇ ਲੋਕ ਗੁੱਸੇ ਵਿੱਚ ਹਨ, ਏਨੇ ਸਾਰੇ ਲੋਕ ਉਸ ਢੰਗ-ਤਰੀਕੇ ਤੋਂ ਨਿਰਾਸ਼ ਹਨ, ਜੋ ਸਰਕਾਰ ਵਰਤ ਰਹੀ ਹੈ।

**ਸਵਾਲ : ਏਨੀ ਨਿਗਰਾਨੀ ਦੇ ਬਾਵਜੂਦ ਇਸ ਸਮੇਂ ਪ੍ਰੋਟੈੱਸਟ ਕਰਨ ਦਾ ਕੀ ਅਰਥ ਹੈ ?**

ਜਵਾਬ : ਜੇ ਸਾਡੇ 'ਤੇ ਬਹੁਤ ਜ਼ਿਆਦਾ ਨਿਗਰਾਨੀ ਹੈ, ਜੇ ਬਹੁਤ ਜ਼ਿਆਦਾ ਦਮਨ ਹੈ, ਜੇ ਦਫਤਰਾਂ ਅਤੇ ਯੂਨੀਵਰਸਿਟੀਆਂ ਤੋਂ ਲੋਕਾਂ ਨੂੰ ਇਨ੍ਹਾਂ ਵਿਰੋਧ ਪ੍ਰਦਰਸ਼ਨਾਂ ਦਾ ਹਿੱਸਾ ਨਾ ਬਣਨ ਲਈ ਕਿਹਾ ਜਾਂਦਾ ਹੈ, ਤਾਂ ਸਾਨੂੰ ਇਸ ਦਾ ਬਹਾਦਰੀ ਨਾਲ ਟਾਕਰਾ ਕਰਨਾ ਪਵੇਗਾ ਅਤੇ ਇਨ੍ਹਾਂ ਪ੍ਰੋਟੈੱਸਟਾਂ ਦਾ ਹਿੱਸਾ ਬਣਨਾ ਪਵੇਗਾ। ਮਾਰਕਸ ਨੇ ਕਿਹਾ ਹੈ : ਮਨੁੱਖ ਇਨਕਲਾਬ ਕਰਦਾ ਹੈ, ਪਰ ਹਮੇਸ਼ਾ ਆਪਣੀ ਪਸੰਦ ਦੀਆਂ ਹਾਲਤਾਂ ਵਿੱਚ ਨਹੀਂ।

**ਸਵਾਲ : ਪਰ ਕੋਈ ਇਸ ਸਭ ਨਾਲ ਕਿਵੇਂ ਲੜ ਸਕਦਾ ਹੈ ?**

ਜਵਾਬ : ਮੈਂ ਜੇ ਐੱਨ ਯੂ ਤੋਂ ਹਾਂ, ਜਿਸ ਨੇ ਪ੍ਰੋਟੈੱਸਟ ਵਿੱਚ ਹਿੱਸਾ ਲੈਣ ਵਿਰੁੱਧ ਸਰਕੂਲਰ ਜਾਰੀ ਕੀਤਾ ਸੀ। ਪ੍ਰਦਰਸ਼ਨਕਾਰੀ ਵਿਦਿਆਰਥੀਆਂ ਵਿੱਚੋਂ ਬਹੁਤ ਸਾਰੇ ਡੀ ਯੂ ਤੋਂ ਸਨ ਅਤੇ ਡੀ ਯੂ ਨੇ ਵੀ ਇੱਕ ਸਰਕੂਲਰ ਜਾਰੀ ਕੀਤਾ ਸੀ, ਪਰ ਚੋਣ ਸਾਡੀ ਹੈ। ਅਸੀਂ ਉਨ੍ਹਾਂ ਸਰਕੂਲਰਾਂ ਨੂੰ ਦੇਖ ਕੇ ਹੈਰਾਨ ਰਹਿ ਗਏ ਕਿ ਸਾਡੀਆਂ ਯੂਨੀਵਰਸਿਟੀਆਂ ਬਾਲਗਾਂ ਨੂੰ ਏਨਾ ਕੰਟਰੋਲ ਕਰਨ ਦੀ ਕੋਸ਼ਿਸ਼ ਕਰ ਰਹੀਆਂ ਹਨ। ਜਦੋਂ ਇੱਕ ਪੀੜ੍ਹੀ ਨੂੰ ਤੁਸੀਂ ਬੁਰੀ ਤਰ੍ਹਾਂ ਕੁੱਟਿਆ, ਪੈਲੇਟ ਬੰਦੂਕਾਂ ਚਲਾਈਆਂ ਅਤੇ ਉਨ੍ਹਾਂ ਦੇ ਹੌਸਲੇ ਨੂੰ ਤੋੜਨ ਲਈ ਹਰ ਹਰਬਾ ਵਰਤਿਆ, ਤਾਂ ਯੂਨੀਵਰਸਿਟੀ ਦਾ ਇੱਕ ਸਰਕੂਲਰ ਸ਼ਾਇਦ ਹੀ ਆਖਰੀ ਤਿਣਕਾ ਹੁੰਦਾ, ਜਿਸ ਤੋਂ ਬਾਅਦ ਅਸੀਂ ਘਰ ਵਾਪਸ ਆ ਜਾਂਦੇ। ਜੇ ਅਸੀਂ ਆਪਣੇ ਭਵਿੱਖ ਲਈ ਹੁਣ ਨਹੀਂ ਲੜਦੇ, ਤਾਂ ਕੋਈ ਭਵਿੱਖ ਨਹੀਂ ਹੋਵੇਗਾ।

**ਸਵਾਲ: ਭਾਰਤ ਇਸ ਤਰ੍ਹਾਂ ਉਮਰ ਖਾਲਿਦ ਲਈ ਕਿਉਂ ਇਕੱਠਾ ਨਹੀਂ ਹੋ ਸਕਿਆ ?**

ਜਵਾਬ : ਬਹੁਤ ਸਾਰੇ ਲੋਕ ਇਕੱਠੇ ਹੋਏ, ਪਰ ਜਦੋਂ ਉਮਰ ਖਾਲਿਦ ਨੂੰ ਦੇਸ਼-ਵਿਰੋਧੀ ਕਿਹਾ ਜਾ ਰਿਹਾ ਸੀ, ਜਦੋਂ ਉਸ ਅਤੇ ਹੋਰ ਵਿਦਿਆਰਥੀਆਂ ਵਿਰੁੱਧ ਟੈਲੀਵਿਜ਼ਨ ਮੁਕੱਦਮੇ ਚੱਲ ਰਹੇ ਸਨ, ਤਾਂ ਲੋਕਾਂ ਨੇ ਤਾੜੀਆਂ ਵਜਾਈਆਂ। ਵਿਰੋਧੀ ਪਾਰਟੀਆਂ ਅਤੇ ਸਿਵਲ ਸਮਾਜ ਦੇ ਉਨ੍ਹਾਂ ਵਰਗਾਂ ਨੇ ਵੀ, ਜਿਨ੍ਹਾਂ ਨੂੰ ਅੱਗੇ ਆਉਣਾ ਚਾਹੀਦਾ ਸੀ, ਕੁਝ ਨਹੀਂ ਕੀਤਾ। ਉਨ੍ਹਾਂ ਇਸ ਮੁੱਦੇ ਨੂੰ ਅਛੂਤ ਸਮਝਿਆ। ਉਨ੍ਹਾਂ ਨੇ ਅਜਿਹੇ ਮੁੱਦਿਆਂ ਨੂੰ ਅਛੂਤ ਹੋਣ ਦਿੱਤਾ। ਕਿਸੇ ਨੂੰ ਦੇਸ਼ ਵਿਰੋਧੀ ਕਹਿਣਾ ਆਮ ਹੋ ਗਿਆ ਹੈ। ਉਮਰ ਖਾਲਿਦ ਨੂੰ ਅੱਤਵਾਦੀ ਕਹਿਣਾ ਆਮ ਹੋ ਜਾਂਦਾ ਹੈ ਅਤੇ ਉਸ ਦਾ ਜੇਲ੍ਹ ਵਿੱਚ ਹੋਣਾ ਆਮ ਹੋ ਜਾਂਦਾ ਹੈ ਅਤੇ ਫਿਰ ਉਸ ਦੀ ਰਿਹਾਈ ਦੀ ਮੰਗ ਕਰਨਾ ਅਸਧਾਰਨ ਹੋ ਜਾਂਦਾ ਹੈ। ਅਸਲ ਵਿੱਚ ਉਸ ਦੀ ਰਿਹਾਈ ਦੀ ਮੰਗ ਕਰਨਾ ਰਾਸ਼ਟਰ ਵਿਰੋਧੀ ਹੋ ਜਾਂਦਾ ਹੈ। ਇਸ ਲਈ ਇਹ ਚੰਗਾ ਹੈ ਕਿ ਇਨ੍ਹਾਂ ਵਿਰੋਧ ਪ੍ਰਦਰਸ਼ਨਾਂ ਨੇ ਪ੍ਰਦਰਸ਼ਨਕਾਰੀਆਂ ਨੂੰ ਦੇਸ਼-ਵਿਰੋਧੀ ਜਾਂ ਪਾਕਿਸਤਾਨੀ ਕਹਿਣਾ ਅਸ਼ਲੀਲ ਬਣਾ ਦਿੱਤਾ। ਇਸ ਨੇ ਸਰਕਾਰ ਨੂੰ ਉਨ੍ਹਾਂ ਨੂੰ ਅਜਿਹਾ ਕਹਿਣ ਲਈ ਅਲੋਕਪ੍ਰਿਯ ਬਣਾ ਦਿੱਤਾ।

## 7 ਦੀ ਮੁਹਾਲੀ ਮਹਾਂ ਰੈਲੀ ਤੇ ਰੋਸ ਮੁਜ਼ਾਹਰੇ 'ਚ ਸ਼ਾਮਲ ਹੋਣਗੇ ਪੈਨਸ਼ਨਰ



ਦੋਰਾਹਾ (ਹਰਮਿੰਦਰ ਸੇਠ)-ਗੌਰਮਿੰਟ ਪੈਨਸ਼ਨਰ ਐਸੋਸੀਏਸ਼ਨ ਦੋਰਾਹਾ ਦੀ ਰਣਜੀਤ ਸਿੰਘ ਟਿਵਾਣਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਮਹਾਨ ਸ਼ਹੀਦ ਊਧਮ ਸਿੰਘ ਨੂੰ ਯਾਦ ਕਰਦੇ ਹੋਏ ਜਲ੍ਹਿਆਂਵਾਲਾ ਬਾਗ ਦੇ ਕਤਲੇਆਮ ਦਾ ਨਿੱਡਰ ਬਦਲਾ ਲੈਣ ਵਾਲੇ ਮਹਾਨ ਇਨਕਲਾਬੀ ਤੇ ਮਹਾਨ ਸ਼ਹੀਦ ਊਧਮ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। 7 ਅਗਸਤ ਦੀ ਮੁਹਾਲੀ ਮਹਾਂਰੈਲੀ ਨੂੰ ਸਰਕਾਰ ਦੇ ਏਜੰਟਾਂ ਰਾਹੀਂ ਸਾਬੋਤਾਜ ਕਰਨ ਦੀਆਂ ਕੋਝੀਆਂ ਕੋਸ਼ਿਸ਼ਾਂ ਨੂੰ ਮਾਤ ਕਰਦੇ ਹੋਏ ਇਸ ਰੈਲੀ ਵਿੱਚ ਵਧ ਚੜ੍ਹ ਕੇ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ। ਇਸ ਮੌਕੇ ਗੁਰਦਿਆਲ ਦਲਾਲ, ਕਰਮ ਸਿੰਘ, ਰਣਜੀਤ ਸਿੰਘ ਟਿਵਾਣਾ, ਕਮਲਜੀਤ ਸਿੰਘ ਤੇ ਹੋਰ ਸਾਥੀਆਂ ਤੇ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਸੱਤਾ ਵਿੱਚ ਆਉਣ ਤੋਂ ਪਹਿਲਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਕੀਤੇ ਵਾਅਦੇ ਪੁਗਾਉਣ ਤੋਂ ਮੁਨਕਰ ਹੋ ਗਈ ਹੈ ਤੇ ਪੈਨਸ਼ਨਰਜ਼ ਦੇ ਹੱਕ ਵਿੱਚ ਕੀਤੇ ਅਦਾਲਤੀ ਫੈਸਲੇ ਵੀ ਲਾਗੂ ਨਹੀਂ ਕਰ ਰਹੀ। ਮੁੱਖ ਮੰਤਰੀ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਪੂਰੀਆਂ ਕਰਨ ਲਈ ਇਸ ਸਮੇਂ ਦੌਰਾਨ ਜਥੇਬੰਦੀਆਂ ਨਾਲ ਕੋਈ ਵੀ ਮੀਟਿੰਗ ਨਹੀਂ ਕੀਤੀ ਗਈ, ਜਦਕਿ ਕੇਂਦਰ ਦੇ ਮੁਲਾਜ਼ਮਾਂ ਨੂੰ ਮਿਲ ਰਹੇ ਭੱਤੇ ਤੇ ਹੋਰ ਸਹੂਲਤਾਂ ਵਾਂਗ ਲਾਗੂ ਕਰਨੀਆਂ ਬਣਦੀਆਂ ਸਨ। ਉਨ੍ਹਾਂ ਦੱਸਿਆ ਕਿ 7 ਅਗਸਤ ਨੂੰ ਮੁਹਾਲੀ ਵਿਖੇ ਹੋਣ ਵਾਲੀ ਮਹਾਂਰੈਲੀ ਤੇ ਰੋਸ ਮੁਜ਼ਾਹਰੇ ਵਿੱਚ ਸ਼ਾਮਲ ਹੋਣਗੇ। ਪੈਨਸ਼ਨਰਾਂ ਤੇ ਮੁਲਾਜ਼ਮਾਂ ਵੱਲੋਂ ਸਰਕਾਰ ਨੂੰ ਮੰਗਾਂ ਸਬੰਧੀ ਵਾਰ ਵਾਰ ਯਾਦ ਪੱਤਰ ਦੇਣ ਦੇ ਬਾਵਜੂਦ ਪੈਨਸ਼ਨਰਾਂ ਤੇ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਪ੍ਰਤੀ ਪੰਜਾਬ ਸਰਕਾਰ ਦਾ ਬੇਰੁਖ਼ੀ ਭਰਿਆ ਰਵੱਈਆ ਨਿੰਦਣਯੋਗ ਹੈ ਤੇ ਇਹ ਮਾੜੇ ਪ੍ਰਸ਼ਾਸਨ ਨੂੰ ਦਰਸਾਉਂਦਾ ਹੈ। ਅਸੀਂ ਮੰਗ ਕਰਦੇ ਹਾਂ ਕਿ ਪੈਨਸ਼ਨਰਾਂ ਤੇ ਮੁਲਾਜ਼ਮਾਂ ਨਾਲ ਤੁਰੰਤ ਗੱਲਬਾਤ ਕੀਤੀ ਜਾਵੇ ਤੇ ਕੀਤੇ ਪੁਰਾਣੇ ਵਾਅਦੇ ਪੂਰੇ ਕੀਤੇ ਜਾਣ।

## ਸ੍ਰੀ ਰਾਮ ਬਾਗ ਸ਼ਾਂਤੀ ਭਵਨ ਚੈਰੀਟੇਬਲ ਕਮੇਟੀ ਵੱਲੋਂ ਆਯੁਰਵੈਦਿਕ ਮੈਡੀਕਲ ਕੈਂਪ



ਮਾਨਸਾ (ਆਤਮਾ ਸਿੰਘ ਪਮਾਰ)-ਸ੍ਰੀ ਰਾਮ ਬਾਗ ਚੈਰੀਟੇਬਲ ਸੋਸਾਇਟੀ ਸ਼ਾਂਤੀ ਭਵਨ ਵੱਲੋਂ ਸੀਨੀਅਰ ਸਿਟੀਜ਼ਨ ਵੈੱਲਫੇਅਰ ਐਸੋਸੀਏਸ਼ਨ ਦੇ ਸਹਿਯੋਗ ਨਾਲ ਸ਼ਾਂਤੀ ਭਵਨ ਵਿਖੇ ਆਯੁਰਵੈਦਿਕ ਮੈਡੀਕਲ ਕੈਂਪ ਲਗਾਇਆ ਗਿਆ, ਜਿਸ ਦਾ ਉਦਘਾਟਨ ਉੱਘੇ ਸਮਾਜ ਸੇਵੀ ਮਿੱਠੂ ਰਾਮ ਅਰੋੜਾ ਨੇ ਕੀਤਾ। ਅਰੋੜਾ ਨੇ ਇਨ੍ਹਾਂ ਸੰਸਥਾਵਾਂ ਵੱਲੋਂ ਕੀਤੇ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।ਕੈਂਪ ਦੌਰਾਨ ਡਾ. ਸ਼ਿਵਮ ਮਿੱਤਲ ਬੀ.ਏ.ਐੱਮ.ਐੱਸ. ਨੇ 50 ਦੇ ਕਰੀਬ ਸੀਨੀਅਰ ਸਿਟੀਜ਼ਨਾਂ ਦੀ ਸਿਹਤ ਦਾ ਨਿਰੀਖਣ ਕੀਤਾ ਤੇ ਮੁਫ਼ਤ ਆਯੁਰਵੈਦਿਕ ਡਾਕਟਰੀ ਸਲਾਹ ਦਿੱਤੀ।ਉਨ੍ਹਾਂ ਆਪਣੇ ਭਾਸ਼ਣ ਦੌਰਾਨ ਸ਼ੂਗਰ ਦੇ ਮਰੀਜ਼ਾਂ ਨੂੰ ਆਪਣੀ ਜੀਵਨ ਸ਼ੈਲੀ ਬਦਲਣ, ਖੁਰਾਕ ਦਾ ਧਿਆਨ ਰੱਖਣ ਤੇ ਰੋਜ਼ਾਨਾ ਹਲਕੀਆਂ ਕਸਰਤਾਂ ਕਰਨ ਲਈ ਵੀ ਕਿਹਾ।ਇਸ ਸਮੇਂ ਸ਼ੂਗਰ ਦੇ ਟੈਸਟ ਵੀ ਬਿੱਲਕੁਲ ਮੁਫ਼ਤ ਕੀਤੇ ਗਏ ਤੇ ਲੋੜਵੰਦਾਂ ਨੂੰ ਦਵਾਈਆਂ ਵੀ ਮੁਫ਼ਤ ਹੀ ਦਿੱਤੀਆਂ ਗਈਆਂ।ਇਸ ਮੌਕੇ ਬਲਵਿੰਦਰ ਬਾਂਸਲ ਪ੍ਰਧਾਨ ਸ਼ਾਂਤੀ ਭਵਨ ਕਮੇਟੀ ਤੇ ਸ਼ਮਸ਼ੇਰ ਸਿੰਘ ਸਰਾਓ ਪ੍ਰਧਾਨ ਸੀਨੀਅਰ ਸਿਟੀਜ਼ਨ ਵੈੱਲਫੇਅਰ ਐਸੋਸੀਏਸ਼ਨ ਮਾਨਸਾ, ਧੰਨਾ ਸਿੰਘ ਅਕਲੀਆ, ਹੰਸ ਰਾਜ ਮੋਫਰ ਤੇ ਸਵਿੰਦਰ ਸਿੰਘ ਸਿੱਧੂ ਨੇ ਆਯੁਰਵੈਦਿਕ ਪ੍ਰਣਾਲੀ ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ।ਇਸ ਸਮੇਂ ਸੇਠੀ ਸਿੰਘ ਸਰਾਂ, ਦਰਸ਼ਨ ਜੋਗਾ ਕਹਾਣੀਕਾਰ, ਸ਼ਾਮ ਲਾਲ ਸੇਵਾ ਭਾਰਤੀ, ਰੁਲਦੂ ਰਾਮ ਪੰਸਾਰੀ, ਮੰਗਤ ਰਾਏ ਅਰੋੜਾ, ਮਾਸਟਰ ਨਸੀਬ ਚੰਦ, ਜਨਕ ਰਾਜ ਤੇ ਬਾਲਾ ਰਾਮ ਆਦਿ ਪਤਵੰਤੇ ਸੱਜਣ ਹਾਜ਼ਰ ਸਨ।

## ਸ਼ਹੀਦ ਕਿਰਨਜੀਤ ਕੌਰ ਯਾਦਗਾਰੀ ਸਮਾਗਮ ਦੀਆਂ ਤਿਆਰੀਆਂ ਜੰਗੀ ਪੱਧਰ 'ਤੇ ਜਾਰੀ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਸ਼ਹੀਦ ਕਿਰਨਜੀਤ ਕੌਰ ਯਾਦਗਾਰ ਕਮੇਟੀ ਮਹਿਲ ਕਲਾਂ ਦੀ ਅਗਵਾਈ ਵਿੱਚ 12 ਅਗਸਤ ਸ਼ਹੀਦ ਕਿਰਨਜੀਤ ਕੌਰ ਮਹਿਲ ਕਲਾਂ ਦੇ 29ਵੇਂ ਯਾਦਗਾਰੀ ਸਮਾਗਮ ਦੀਆਂ ਤਿਆਰੀਆਂ ਜੰਗੀ ਪੱਧਰ ਚੱਲ ਰਹੀਆਂ ਹਨ।ਅਧਿਆਪਕਾਂ ਦੀ ਸੰਘਰਸ਼ਸ਼ੀਲ ਜਥੇਬੰਦੀ ਡੀ ਟੀ ਐੱਫ ਦੇ ਆਗੂਆਂ ਨਿਰਮਲ ਸਿੰਘ ਚੁਹਾਣਕੇ ਤੇ ਪਲਵਿੰਦਰ ਸਿੰਘ ਠੀਕਰੀਵਾਲਾ ਨੇ ਪਹਿਲ ਕਦਮੀ ਕਰਦਿਆਂ ਇਤਿਹਾਸਕ ਪਿੰਡ ਠੀਕਰੀਵਾਲਾ ਦੇ ਦੋ ਮੁੰਡੇ, ਕੁੜੀਆਂ ਤੇ ਪ੍ਰਾਇਮਰੀ ਸਕੂਲ ਦੇ ਹਾਈ/ਸੈਕੰਡਰੀ ਸਕੂਲਾਂ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨਾਲ ਲੋਕ ਘੋਲ ਦੇ ਵਿਗਿਆਨ ਬਾਰੇ ਵਿਚਾਰਾਂ ਕੀਤੀਆਂ।ਭਾਰਤੀ ਕਿਸਾਨ ਯੂਨੀਅਨ ਡਕੌਂਦਾ ਤੇ ਇਨਕਲਾਬੀ ਕੇਂਦਰ ਪੰਜਾਬ ਵੱਲੋਂ ਹਰਦਾਸਪੁਰਾ ਤੋਂ ਪਿੰਡਾਂ 'ਚ ਲਾਮਬੰਦੀ ਦੀ ਮੁਹਿੰਮ ਜਗਰਾਜ ਸਿੰਘ ਹਰਦਾਸਪੁਰਾ, ਗੁਰਦੇਵ ਸਿੰਘ ਮਾਂਗੇਵਾਲ, ਜਗਮੀਤ ਸਿੰਘ ਬੱਲਮਗੜ੍ਹ ਦੀ ਅਗਵਾਈ ਵਿੱਚ ਸ਼ੁਰੂ ਕੀਤੀ ਗਈ।ਇਸ ਮੁਹਿੰਮ 'ਚ ਦਰਸ਼ਨ ਸਿੰਘ ਦਸੌਂਦਾ ਸਿੰਘ ਵਾਲਾ, ਸੁਖਵਿੰਦਰ ਸਿੰਘ ਠੀਕਰੀਵਾਲਾ, ਨਾਨਕ ਸਿੰਘ ਅਮਲਾ ਸਿੰਘ ਵਾਲਾ, ਗੋਰਾ ਸਿੰਘ ਰਾਇਸਰ, ਰਜਿੰਦਰ ਸਿੰਘ ਖਿਆਲੀ, ਅਜਮੇਰ ਸਿੰਘ ਕਾਲਸਾਂ ਤੋਂ ਇਲਾਵਾ ਨੌਜਵਾਨਾਂ ਹਰਪ੍ਰੀਤ ਸਿੰਘ, ਪ੍ਰਦੀਪ ਮੁਸਾਹਿਬ, ਤਾਨੀਆ, ਹਰਪ੍ਰੀਤ ਕੌਰ, ਹਰਮਨ ਰਾਇਸਰ, ਰੁਪਿੰਦਰ ਕੌਰ ਨੇ ਵੱਡੀ ਗਿਣਤੀ 'ਚ ਇਕੱਤਰ ਹੋਏ ਮਰਦ-ਔਰਤਾਂ ਨੂੰ ਸੰਬੋਧਨ ਕਰਦਿਆਂ ਮਹਿਲ ਕਲਾਂ ਲੋਕ ਘੋਲ ਦੇ ਵਿਗਿਆਨ ਤੇ ਭਾਰਤ ਅਮਰੀਕਾ ਵਪਾਰ ਵਾਰਤਾ ਖ਼ਿਲਾਫ਼ ਲਾਮਬੰਦੀ ਕਰਨ ਲਈ ਪ੍ਰੇਰਿਆ।ਇਸੇ ਹੀ ਤਰ੍ਹਾਂ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਮਹਿਲ ਕਲਾਂ ਦੀ ਮਹਿਲ ਕਲਾਂ ਦੀ ਮੀਟਿੰਗ ਡਾ: ਦਲਵਾਰ ਸਿੰਘ ਮਹਿਲ ਕਲਾਂ ਦੀ ਅਗਵਾਈ ਹੇਠ ਹੋਈ।ਜ਼ਿਲ੍ਹਾ ਜਨਰਲ ਸਕੱਤਰ ਡਾ. ਅਮਰਜੀਤ ਸਿੰਘ ਕਾਲਸਾਂ, ਡਾ. ਕੇਸਰ ਖਾਨ, ਡਾ: ਨਿਰਭੈ ਸਿੰਘ ਨਿਹਾਲੂਵਾਲ, ਡਾ: ਬਾਰੂ ਮੁਹੰਮਦ ਨੇ ਚਾਰ ਟੀਮਾਂ ਬਣਾ ਕੇ 4-5 ਅਗਸਤ ਨੂੰ ਪੋਸਟਰ ਲਾਉਣ ਦੀ ਯੋਜਨਾ ਬਣਾਉਣ ਦੇ ਨਾਲ ਨਾਲ ਪਿੰਡਾਂ ਦੀਆਂ ਮੀਟਿੰਗਾਂ ਨੂੰ ਸਫ਼ਲ ਬਣਾਉਣ ਦੀ ਅਪੀਲ ਕੀਤੀ।ਮੁਹਿੰਮ ਦੌਰਾਨ ਅਧਿਆਪਕਾਂ ਵੱਲੋਂ ਬਹੁਤ ਹੀ ਉਤਸ਼ਾਹ ਨਾਲ ਸਮਾਗਮ ਦੀ ਸਫ਼ਲਤਾ ਲਈ ਆਰਥਿਕ ਸਹਾਇਤਾ ਕੀਤੀ ਗਈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਪੁਲਸ 'ਚ ਖੇਡ ਕੋਟੇ ਦੀਆਂ 358 ਅਸਾਮੀਆਂ ਤੁਰੰਤ ਭਰੇ ਸਰਕਾਰ: ਔਜਲਾ

ਛੇਹਰਟਾ, (ਮਨੋਜ ਕੁਮਾਰ) : ਅੰਮ੍ਰਿਤਸਰ ਤੋਂ ਕਾਂਗਰਸ ਦੇ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਪੱਤਰ ਲਿਖ ਕੇ ਪੰਜਾਬ ਪੁਲਸ ਵਿਚ 3 ਫ਼ੀਸਦੀ ਖੇਡ ਕੋਟੇ ਅਧੀਨ ਲੰਬੇ ਸਮੇਂ ਤੋਂ ਨਾ ਹੋ ਰਹੀ ਭਰਤੀ ਤੁਰੰਤ ਸ਼ੁਰੂ ਕਰਨ ਤੇ ਜਲੰਧਰ ਸਥਿਤ ਪੰਜਾਬ ਆਰਮਡ ਪੁਲਸ (ਪੀਏਪੀ) ਸਪੋਰਟਸ ਕੰਪਲੈਕਸ ਨੂੰ ਮੁੜ ਸਰਗਰਮ ਕਰਨ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਸਾਲਾਂ ਤੋਂ ਖਿਡਾਰੀਆਂ ਦੀ ਭਰਤੀ ਨਾ ਹੋਣ ਕਾਰਨ ਹਜ਼ਾਰਾਂ ਪ੍ਰਤਿਭਾਸ਼ਾਲੀ ਖਿਡਾਰੀ ਨਿਰਾਸ਼ ਹਨ ਤੇ ਪੰਜਾਬ ਦੀ ਖੇਡ ਵਿਰਾਸਤ ਨੂੰ ਵੀ ਵੱਡਾ ਨੁਕਸਾਨ ਪਹੁੰਚ ਰਿਹਾ ਹੈ। ਸੰਸਦ ਮੈਂਬਰ ਔਜਲਾ ਨੇ ਆਪਣੇ ਪੱਤਰ ਵਿੱਚ ਲਿਖਿਆ ਕਿ ਪੰਜਾਬ ਪੁਲਸ ਵਿੱਚ ਖੇਡ ਕੋਟੇ ਦੀਆਂ 358 ਅਸਾਮੀਆਂ ਅਜੇ ਵੀ ਖਾਲੀ ਪਈਆਂ ਹਨ। ਇਨ੍ਹਾਂ ਵਿੱਚ ਜ਼ਿਲ੍ਹਾ ਪੁਲਿਸ, ਆਰਮਡ ਪੁਲਿਸ, ਇਨਵੈਸਟੀਗੇਸ਼ਨ ਤੇ ਇੰਟੈਲੀਜੈਂਸ ਕੈਡਰ ਦੀਆਂ ਬੈਕਲਾਗ ਅਸਾਮੀਆਂ ਸ਼ਾਮਲ ਹਨ। ਲੰਬੇ ਸਮੇਂ ਤੋਂ ਇਹ ਅਸਾਮੀਆਂ ਨਾ ਭਰਨ ਕਾਰਨ ਯੋਗ ਖਿਡਾਰੀਆਂ ਨੂੰ ਰੁਜ਼ਗਾਰ ਦੇ ਮੌਕੇ ਨਹੀਂ ਮਿਲ ਰਹੇ। ਔਜਲਾ ਨੇ ਕਿਹਾ ਕਿ ਜਲੰਧਰ ਦਾ ਪੀਏਪੀ ਸਪੋਰਟਸ ਕੰਪਲੈਕਸ ਅੱਜ ਅਣਦੇਖੀ ਦਾ ਸ਼ਿਕਾਰ ਹੈ। ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਇਸ ਇਤਿਹਾਸਕ ਸੰਸਥਾ ਨੂੰ ਮੁੜ ਜੀਵੰਤ ਕਰਨ ਲਈ ਤੁਰੰਤ ਕਦਮ ਚੁੱਕੇ ਜਾਣ।



ਔਜਲਾ ਨੇ ਇਹ ਵੀ ਚਿੰਤਾ ਪ੍ਰਗਟਾਈ ਕਿ ਪੰਜਾਬ ਪੁਲਸ ਵਿਚ ਤਜਵੀਜ਼ਤ ਕਰੀਬ 2,600 ਜ਼ਿਲ੍ਹਾ ਪੁਲਸ ਤੇ 800 ਆਰਮਡ ਪੁਲਸ ਵਿਚ ਅਸਾਮੀਆਂ ਦੀ ਭਰਤੀ ਦੌਰਾਨ ਜੇਕਰ ਪਹਿਲਾਂ ਖੇਡ ਕੋਟੇ ਦੀਆਂ ਖਾਲੀ ਅਸਾਮੀਆਂ ਨਾ ਭਰੀਆਂ ਗਈਆਂ ਤਾਂ ਯੋਗ ਖਿਡਾਰੀਆਂ ਦੇ ਹੱਕ ਪ੍ਰਭਾਵਿਤ ਹੋਣਗੇ। ਉਨ੍ਹਾਂ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਪੰਜਾਬ ਦੇ ਖੇਡ ਭਵਿੱਖ ਤੇ ਖਿਡਾਰੀਆਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਖੇਡ ਕੋਟੇ ਦੀਆਂ 3 ਫ਼ੀਸਦੀ ਸਾਰੀਆਂ ਲੰਬੇ ਸਮੇਂ ਤੋਂ ਅਟਕੀਆਂ ਪਈਆਂ ਭਰਤੀਆਂ ਤੁਰੰਤ ਸ਼ੁਰੂ ਕੀਤੀਆਂ ਜਾਣ ਤੇ ਪੀਏਪੀ ਸਪੋਰਟਸ ਕੰਪਲੈਕਸ ਨੂੰ ਮੁੜ ਰਾਸ਼ਟਰੀ ਪੱਧਰ ਦਾ ਖੇਡ ਤੇ ਟਰੇਨਿੰਗ ਕੇਂਦਰ ਬਣਾਉਣ ਲਈ ਲੋੜੀਂਦੇ ਕਦਮ ਚੁੱਕੇ ਜਾਣ।

# ਭਾਜਪਾ ਨੂੰ ਵੱਡਾ ਝਟਕਾ, ਕੰਚਨ ਚੌਹਾਨ ਆਪਣੇ ਪਰਿਵਾਰ ਤੇ ਸਮੁੱਚੀ ਟੀਮ ਨਾਲ 'ਆਪ' 'ਚ ਸ਼ਾਮਲ

ਬਟਾਲਾ, (ਤਰਲੋਕ ਬੱਗਾ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਸ਼ਹਿਰ ਅੰਦਰ ਦਿਨੋਂ ਦਿਨ ਆਪ ਦੇ ਪਰਿਵਾਰ ਵਿੱਚ ਵਾਧਾ ਹੋ ਰਿਹਾ ਹੈ। 20 ਸਾਲਾਂ ਤੋਂ ਭਾਜਪਾ ਨਾਲ ਸਬੰਧਤ ਕੰਚਨ ਚੌਹਾਨ ਆਪਣੇ ਪਰਿਵਾਰ ਅਤੇ ਆਪਣੀ ਟੀਮ ਨਾਲ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।ਸ਼ਾਮਲ ਹੋਣ 'ਤੇ ਕੰਚਨ ਚੌਹਾਨ ਅਤੇ ਉਨ੍ਹਾਂ ਦੀ ਪੂਰੀ ਟੀਮ ਦਾ ਭਰਵਾਂ ਸਵਾਗਤ ਕਰਦਿਆਂ ਸ਼ੈਰੀ ਕਲਸੀ ਨੇ ਕਿਹਾ ਕਿ ਪਾਰਟੀ ਵਿੱਚ ਉਨ੍ਹਾਂ ਦਾ ਪੂਰਾ ਮਾਣ ਸਤਿਕਾਰ ਕੀਤਾ ਜਾਵੇਗਾ।ਪੱਤਰਕਾਰਾਂ ਨਾਲ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿ ਮਾਨ ਸਰਕਾਰ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਲੋਕਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਰਵਾਇਤੀ ਪਾਰਟੀਆਂ ਦੇ ਆਗੂ/ਵਰਕਰ, ਦਿਨੋਂ-ਦਿਨ ਆਪ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ। ਆਪ ਪਾਰਟੀ ਦਾ ਕਾਫਲਾ ਲਗਾਤਾਰ ਅੱਗੇ ਵੱਧ ਰਿਹਾ ਹੈ।ਉਨਾਂ ਅੱਗੇ ਕਿਹਾ ਕਿ ਆਪ ਪਾਰਟੀ ਦੇ ਸੁਪਰੀਮੋ ਸ੍ਰੀ ਅਰਵਿੰਦ ਕੇਜਰੀਵਾਲ ਅਤੇ ਸ. ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਕ੍ਰਮਵਾਰ ਦਿੱਲੀ ਤੇ ਪੰਜਾਬ ਸਰਕਾਰ ਵਲੋਂ ਲੋਕਹਿੱਤ ਵਿੱਚ ਵੱਡੇ ਇਤਿਹਾਸਕ ਫੈਸਲਿਆਂ ਕਾਰਨ ਪੂਰੇ ਦੇਸ਼



ਵਿੱਚ ਆਪ ਪਾਰਟੀ ਦਾ ਲੋਕ ਆਧਾਰ ਵਧਿਆ ਹੈ।ਇਸ ਮੌਕੇ ਕੰਚਨ ਚੌਹਾਨ ਨੇ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਦੀ ਕਾਰਜਸ਼ੈਲੀ ਅਤੇ ਲੋਕਪੱਖੀ ਕੰਮਾਂ ਨੂੰ ਵੇਖਦਿਆਂ ਆਪ ਪਾਰਟੀ ਵਿੱਚ ਸ਼ਾਮਲ ਹੋਏ ਹਨ ਅਤੇ ਬਟਾਲਾ ਦੇ ਸਰਬਪੱਖੀ ਵਿਕਾਸ ਲਈ ਵਿਧਾਇਕ ਸ਼ੈਰੀ ਕਲਸੀ ਦੇ ਨਾਲ ਹਨ।ਇਸ ਮੌਕੇ ਚੇਅਰਮੈਨ ਯਸ਼ਪਾਲ ਚੌਹਾਨ, ਚੇਅਰਮੈਨ ਮਾਨਿਕ ਮਹਿਤਾ, ਮੇਅਰ ਭੁਪਿੰਦਰ ਸਿੰਘ ਬਾਜਵਾ ਸਮੇਤ ਆਪ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਮਨਜਿੰਦਰ ਸਿੰਘ (ਖਿਡੌਣਿਆਂ ਵਾਲੀ ਗਲੀ, ਵਾਰਡ ਨੰਬਰ 32), ਆਰੀਆ (ਖਿਡੌਣਿਆਂ ਵਾਲੀ ਗਲੀ, ਵਾਰਡ ਨੰਬਰ 32), ਅਸ਼ਵਨੀ ਯਾਦਵ (ਪਹਾੜੀ ਗੇਟ ਦੇ ਅੰਦਰ, ਵਾਰਡ ਨੰਬਰ), ਅਮੀਤਾ (ਪਹਾੜੀ ਗੇਟ ਦੇ ਅੰਦਰ, ਵਾਰਡ ਨੰਬਰ), ਪ੍ਰਿਆ ਚੌਹਾਨ (ਖਿਡੌਣਿਆਂ ਵਾਲੀ ਗਲੀ, ਵਾਰਡ ਨੰਬਰ 32), ਰਮਾ ਰਾਣੀ ਖੁੱਲਰ (ਓਹਰੀ ਚੌਂਕ, ਬਟਾਲਾ), ਪ੍ਰਿੰਸ ਖੁੱਲਰ (ਓਹਰੀ ਚੌਂਕ, ਬਟਾਲਾ), ਕੁਬੇਰ ਖੁੱਲਰ (ਓਹਰੀ ਚੌਂਕ, ਬਟਾਲਾ), ਖੁਸ਼ਬੂ ਖੁੱਲਰ (ਓਹਰੀ ਚੌਂਕ, ਬਟਾਲਾ), ਅਨਮੋਲ ਖੁੱਲਰ (ਓਹਰੀ ਚੌਂਕ, ਬਟਾਲਾ), ਭਾਵਨਾ ਵਰਮਾ (ਓਹਰੀ ਚੌਂਕ, ਬਟਾਲਾ), ਲਕਸ਼ੇ ਖੁੱਲਰ (ਓਹਰੀ ਚੌਂਕ, ਬਟਾਲਾ), ਕਿਰਨ ਮਲਹੋਤਰਾ (ਬੈਂਕ ਕਾਲੋਨੀ),ਪਿੰਕੀ (ਅਚਲੀ ਗੇਟ ਦੇ ਬਾਹਰ), ਸ਼ੀਲ ਮੱਟੂ (ਨੇਹਰੂ ਗੇਟ), ਬਾਲਾ ਮੱਟੂ (ਨੇਹਰੂ ਗੇਟ), ਪ੍ਰਿਆ ਭਾਟੀਆ (ਅਚਲੀ ਗੇਟ) ਰਾਧਿਕਾ ਭਾਟੀਆ (ਅਚਲੀ ਗੇਟ), ਪੂਨਮ ਕਲਿਆਣ (ਬੈਂਕ ਕਾਲੋਨੀ), ਰਜਨੀ (ਕਪੂਰੀ ਗੇਟ, ਬਟਾਲਾ), ਮਨਜਿੰਦਰ ਕੌਰ (ਡਾ. ਕਲਸੀ ਵਾਲੀ ਗਲੀ, ਗੁਰੂ ਨਾਨਕ ਨਗਰ), ਤਜਿੰਦਰ ਸਿੰਘ (ਡਾ. ਕਲਸੀ ਵਾਲੀ ਗਲੀ, ਗੁਰੂ ਨਾਨਕ ਨਗਰ), ਲਕਸ਼ਦੀਪ ਸਿੰਘ (ਡਾ. ਕਲਸੀ ਵਾਲੀ ਗਲੀ, ਗੁਰੂ ਨਾਨਕ ਨਗਰ), ਕਵਲਜੀਤ ਕੌਰ ਸਟਾਫ ਰੋਡ, ਵਿਸ਼ਾਲ ਚੌਹਾਨ ਨੇੜੇ ਗੁਰਦੁਆਰਾ ਸ੍ਰੀ ਕੰਧ ਸਾਹਿਬ ਸਮੇਤ ਵੱਡੀ ਗਿਣਤੀ ਵਿੱਚ ਲੋਕ ਸ਼ਾਮਿਲ ਸਨ।

# ਤਰਨਤਾਰਨ 'ਚ ਆਵਾਰਾ ਕੁੱਤਿਆਂ ਦੀ ਦਹਿਸ਼ਤ; ਪ੍ਰਸ਼ਾਸਨ ਸ਼ਾਇਦ ਕਿਸੇ ਹੋਰ ਮਾਸੂਮ ਦੀ ਬਲੀ ਉਡੀਕ ਰਿਹੈ !

ਝਬਾਲ (ਹਰਜਿੰਦਰ ਸਿੰਘ ਸੋਨੀ)-ਪੰਜਵੀ ਪਾਤਸ਼ਾਹੀ ਸ੍ਰੀ ਗੁਰੂ ਅਰਜਨ ਦੇਵ ਜੀ ਵੱਲੋਂ ਵਸਾਈ ਗੁਰੂ ਨਗਰੀ ਸ੍ਰੀ ਤਰਨ ਤਾਰਨ ਸਾਹਿਬ ਜੋ ਪਹਿਲਾਂ ਕਈ ਦਹਾਕੇ ਅੱਤਵਾਦ ਦੀ ਲਪੇਟ ਵਿੱਚ ਰਿਹਾ, ਬਾਅਦ ਵਿੱਚ ਨਸ਼ਿਆਂ ਦੀ ਦਲ ਦਲ ਵਿੱਚ ਫਸ ਕੇ ਕਈ ਨੌਜਵਾਨ ਚਲ ਵਸੇ ਤੇ ਅੱਜ ਇੱਥੇ ਇੱਕ ਹੋਰ ਤਰਾਸਗੀ ਹੈ ਆਵਾਰਾ ਕੁੱਤਿਆਂ ਦੀ ਜੋ ਕਈ ਮਾਸੂਮ ਬੱਚਿਆਂ, ਬਜ਼ੁਰਗਾਂ ਦੀਆਂ ਜ਼ਿੰਦਗੀਆਂ ਨੂੰ ਨਿਗਲ ਚੁੱਕੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸੀਪੀਆਈ ਐੱਮ ਤਰਨਤਾਰਨ ਦੇ ਸਕੱਤਰ ਕਾਮਰੇਡ ਹੀਰਾ ਸਿੰਘ ਕੰਡਿਆਂ ਵਾਲੇ ਨੇ ਕਰਦਿਆਂ ਕਿਹਾ ਕਿ ਇਸ ਪਵਿੱਤਰ ਸ਼ਹਿਰ ਦੇ ਚੌਕ ਬੋਹੜੀ ਨਜ਼ਦੀਕ ਮੀਟ ਦੀਆਂ ਦੁਕਾਨਾਂ ਕਾਰਨ ਆਵਾਰਾ ਕੁੱਤਿਆਂ ਦੇ ਮੂੰਹ ਨੂੰ ਖੂਨ ਲੱਗ ਚੁੱਕਾ ਹੈ। ਇਹ ਕੁੱਤੇ ਇਕੱਲੇ ਕਾਹਰੇ ਬੱਚੇ ਨੂੰ ਵੇਖ ਕੇ ਖਾਣ ਨੂੰ ਪੈਂਦੇ ਹਨ।ਕਾਮਰੇਡ ਹੀਰਾ ਸਿੰਘ ਨੇ ਪਿਛਲੇ ਕੁਝ ਦਿਨਾਂ ਦੀ ਘਟਨਾ ਦਾ ਵਰਨਣ ਕਰਦੇ ਹੋਏ ਦੱਸਿਆ ਕਿ ਉਨ੍ਹਾਂ ਆਪਣੀ ਰਿਹਾਇਸ਼ ਦੀ ਛੱਤ ਤੋਂ ਸਵੇਰ ਦੇ ਸਮੇਂ ਵੇਖਿਆ ਕਿ ਇੱਕ 10-12 ਸਾਲ ਦਾ ਬੱਚਾ ਜੋ ਸਕੂਲ ਦੀ ਵਰਦੀ ਵਿੱਚ ਸੀ ਅਤੇ ਸਾਇਕਲ 'ਤੇ ਸ਼ਾਇਦ ਟਿਊਸ਼ਨ ਲਈ ਜਾ ਰਿਹਾ ਸੀ, ਨੂੰ 5-6 ਆਵਾਰਾ ਕੁੱਤਿਆਂ ਨੇ ਘੇਰ ਲਿਆ। ਜਦ ਉਸਨੇ ਸਾਇਕਲ ਭਜਾ ਕੇ ਬਚਣ ਦੀ ਕੋਸ਼ਿਸ਼ ਕੀਤੀ ਤਾਂ ਪੰਜਾਬ ਐਂਡ ਸਿੰਧ ਬੈਂਕ ਵਾਲੀ ਗਲੀ ਲਾਗੋਂ ਕੁਝ ਹੋਰ ਕੁੱਤਿਆਂ ਦੀ ਗ੍ਰਿਫ਼ਤ ਵਿੱਚ ਆ ਗਿਆ। ਬਹੁਤ ਮੁਸ਼ਕਲ ਨਾਲ ਉਸ ਨੇ ਆਪਣੀ ਜਾਨ ਬਚਾਈ। ਕਾਮਰੇਡ ਹੋਰਾਂ ਸਥਾਨਕ ਪ੍ਰਸ਼ਾਸਨ ਨੂੰ ਸਵਾਲ ਕੀਤਾ ਕਿ ਜਦ ਮਾਨਯੋਗ ਸੁਪਰੀਮ ਕੋਰਟ ਨੇ ਵੀ ਆਵਾਰਾ ਕੁੱਤਿਆਂ ਦੀ ਦਹਿਸ਼ਤ ਖਤਮ ਕਰਨ ਦੇ ਹੁਕਮ ਜਾਰੀ ਕੀਤੇ ਹੋਏ ਹਨ ਤਾਂ ਤਰਨਤਾਰਨ ਪ੍ਰਸ਼ਾਸਨ ਕਿਸੇ ਹੋਰ ਬੱਚੇ ਦੀ ਬਲੀ ਦੀ ਉਡੀਕ ਕਿਓਂ ਕਰ ਰਿਹਾ? ਉਨ੍ਹਾਂ ਕਿਹਾ ਕਿ ਤਰਨਤਾਰਨ ਦੇ ਡਿਪਟੀ ਕਮਿਸ਼ਨਰ ਇਸ ਸਬੰਧ ਵਿੱਚ ਵੱਡਾ ਫੈਸਲਾ ਲੈਂਦਿਆਂ ਇਹ ਯਕੀਨੀ ਬਣਾਉਣ ਕਿ ਇਨ੍ਹਾਂ ਆਵਾਰਾ ਕੁੱਤਿਆਂ ਤੋਂ ਹਰ ਨਾਗਰਿਕ ਦੀ ਜ਼ਿੰਦਗੀ ਮਹਿਫੂਜ਼ ਹੋਵੇ। ਇਸ ਮੌਕੇ ਜ਼ਿਲ੍ਹਾ ਸੀਟੂ ਤਰਨਤਾਰਨ ਦੇ ਕਨਵੀਨਰ ਕਾਮਰੇਡ ਸੁਖਦੇਵ ਸਿੰਘ ਗੋਹਲਵੜ, ਗੌਰਮੈਂਟ ਪੈਨਸ਼ਨ ਯੂਨੀਅਨ ਦੇ ਚੇਅਰਮੈਨ ਕਾਮਰੇਡ ਜਸਵਿੰਦਰ ਸਿੰਘ ਮਾਨੋਚਾਹਲ, ਜ਼ਿਲ੍ਹਾ ਪ੍ਰਧਾਨ ਕਾਮਰੇਡ ਕਰਮ ਸਿੰਘ ਲਾਲਪੁਰਾ ਅਤੇ ਹੋਰ ਅਹੁਦੇਦਾਰ ਮਜੂਦ ਸਨ।

# ਮਿਸ਼ਨ ਹਰਿਆਲੀ-2026 ਤਹਿਤ ਪੌਦੇ ਲਗਾਓ ਮੁਹਿੰਮ ਦਾ ਪਹਿਲਾ ਪੜਾਅ ਸ਼ੁਰੂ

ਧਾਰੀਵਾਲ, (ਮਨਦੀਪ ਵਿੱਕੀ)-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ, ਸਕੱਤਰ ਮੈਡਮ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਹਰਤਾਜ ਸਿੰਘ ਸਿੱਧੂ ਦੀ ਯੋਗ ਅਗਵਾਈ ਹੇਠ ਸਕੂਲ ਵਿਖੇ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਜ਼ ਆਫ ਪੰਜਾਬ (ਫੈਪ) ਅਤੇ ਅਪਣਾ ਪੰਜਾਬ ਫਾਊਂਡੇਸ਼ਨ ਵੱਲੋਂ ਚਲਾਏ ਜਾ ਰਹੇ ਮਿਸ਼ਨ ਹਰਿਆਲੀ 2026 ਤਹਿਤ ਵਿਦਿਆਰਥੀਆਂ ਨਾਲ ਪੌਦੇ ਲਗਾਉ ਮੁਹਿੰਮ ਦਾ ਪਹਿਲਾ ਪੜਾਅ ਸ਼ੁਰੂ ਕੀਤਾ ਗਿਆ।ਇਸ ਮੁਹਿੰਮ ਅਧੀਨ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਵੱਖ-ਵੱਖ ਕਿਸਮ ਦੇ ਛਾਂਦਾਰ, ਫਲਦਾਰ ਅਤੇ ਮੈਡੀਸੀਨਲ ਪੌਦੇ ਲਗਾਏ ਅਤੇ ਉਨ੍ਹਾਂ ਦੀ ਸੰਭਾਲ ਕਰਨ ਦਾ ਸੰਕਲਪ ਲਿਆ।ਇਸ ਮੌਕੇ ਸਕੂਲ ਦੇ ਡਾਇਰੈਕਟਰ ਸ. ਅਮਰਜੀਤ ਸਿੰਘ ਚਾਹਲ ਨੇ ਕਿਹਾ ਕਿ ਰੁੱਖ ਲਗਾਉਣਾ ਹੀ ਕਾਫ਼ੀ ਨਹੀਂ, ਸਗੋਂ ਉਨ੍ਹਾਂ ਦੀ ਸੰਭਾਲ ਕਰਨਾ ਵੀ ਹਰ ਨਾਗਰਿਕ ਦਾ ਫ਼ਰਜ਼ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਵਾਤਾਵਰਣ ਪ੍ਰਤੀ ਜਾਗਰੂਕ ਹੋ ਕੇ ਹਰਿਆਲੀ ਵਧਾਉਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਰੁੱਖ ਧਰਤੀ ਦਾ ਅਸਲੀ ਗਹਿਣਾ ਹਨ।ਵਾਤਾਵਰਣ ਦੀ ਸੰਭਾਲ ਸਾਡੀ ਸਾਂਝੀ ਜ਼ਿੰਮੇਵਾਰੀ ਹੈ।ਮਿਸ਼ਨ ਹਰਿਆਲੀ 2026' ਸਿਰਫ਼ ਪੌਦੇ ਲਗਾਉਣ ਦੀ ਮੁਹਿੰਮ ਨਹੀਂ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਾਫ਼-ਸੁਥਰਾ ਅਤੇ ਹਰਿਆ-ਭਰਿਆ ਵਾਤਾਵਰਣ ਦੇਣ ਦਾ ਸੰਕਲਪ ਹੈ।ਮੈਂ ਹਰ ਵਿਦਿਆਰਥੀ ਨੂੰ ਅਪੀਲ ਕਰਦਾ ਹਾਂ ਕਿ ਉਹ ਘੱਟੋ-ਘੱਟ ਇੱਕ ਪੌਦਾ ਲਗਾ ਕੇ ਉਸ ਦੀ ਪੂਰੀ ਦੇਖਭਾਲ ਕਰੇ।ਇਸ ਦੌਰਾਨ ਪ੍ਰਿੰਸੀਪਲ ਹਰਤਾਜ ਸਿੰਘ ਸਿੱਧੂ ਨੇ ਕਿਹਾ ਕਿ ਬੱਚਿਆਂ ਵਿੱਚ ਕੁਦਰਤ ਪ੍ਰਤੀ ਪਿਆਰ ਅਤੇ ਵਾਤਾਵਰਣ ਸੰਭਾਲ ਦੀ ਭਾਵਨਾ ਪੈਦਾ ਕਰਨਾ ਸਾਡਾ ਮੁੱਖ ਉਦੇਸ਼ ਹੈ।'ਮਿਸ਼ਨ ਹਰਿਆਲੀ 2026' ਦੇ ਪਹਿਲੇ ਪੜਾਅ ਵਿੱਚ ਵਿਦਿਆਰਥੀਆਂ ਦਾ ਉਤਸ਼ਾਹ ਸ਼ਲਾਘਾਯੋਗ ਹੈ।ਜੇਕਰ ਹਰ ਵਿਦਿਆਰਥੀ ਇੱਕ ਪੌਦਾ ਲਗਾ ਕੇ ਉਸ ਦੀ ਸੰਭਾਲ ਕਰੇ ਤਾਂ ਅਸੀਂ ਆਪਣੇ ਆਲੇ-ਦੁਆਲੇ ਨੂੰ ਹੋਰ ਹਰਿਆ-ਭਰਿਆ ਅਤੇ ਪ੍ਰਦੂਸ਼ਣ-ਮੁਕਤ ਬਣਾ ਸਕਦੇ ਹਾਂ।



# ਅੰਮ੍ਰਿਤਸਰ ਸੀ ਡੀ ਪੀ ਵੱਲੋਂ 'ਪਲਾਸਟਿਕ ਨੂੰ ਨਾਂਹ' ਜਾਗਰੂਕਤਾ ਮੁਹਿੰਮ ਦਾ ਆਗਾਜ਼

ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ)-ਵਿਸ਼ਵ ਵਾਤਾਵਰਣ ਦਿਵਸ-2026 ਦੇ ਸਬੰਧ ਵਿੱਚ ਹੈਲਪ ਏ ਚਾਈਲਡ ਆਫ ਇੰਡੀਆ ਦੇ ਅੰਮ੍ਰਿਤਸਰ ਕਮਿਊਨਿਟੀ ਡਿਵੈਲਪਮੈਂਟ ਪ੍ਰੋਜੈਕਟ ਵੱਲੋਂ ਪ੍ਰੀਤ ਨਗਰ, ਨੰਗਲੀ, ਐੱਫ ਜੀ ਸੀ ਰੋਡ ਅੰਮ੍ਰਿਤਸਰ ਵਿਖੇ 'ਪਲਾਸਟਿਕ ਨੂੰ ਨਾਂਹ' 'ਧਰਤੀ ਨੂੰ ਬਚਾਓ' ਵਿਸ਼ੇ 'ਤੇ ਵਾਤਾਵਰਣ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਹ ਪ੍ਰੋਗਰਾਮ ਹਰਿਆਵਲ ਮੰਚ ਅਤੇ ਇਨਰਵੀਲ ਕਲੱਬ ਅੰਮ੍ਰਿਤਸਰ ਰਾਈਜ਼ਿੰਗ ਸੰਨ ਦੇ ਸਹਿਯੋਗ ਨਾਲ ਕਰਵਾਇਆ ਗਿਆ।ਇਸ ਪ੍ਰੋਗਰਾਮ ਦਾ ਉਦੇਸ਼ ਇੱਕੋ ਵਾਰੀ ਵਰਤੋਂ 'ਚ ਆਉਣ ਵਾਲੀ ਪਲਾਸਟਿਕ ਦੀ ਵਰਤੋਂ ਨੂੰ ਘਟਾਉਣ ਅਤੇ ਵਾਤਾਵਰਣ ਦੀ ਸੁਰੱਖਿਆ ਲਈ ਲੋਕਾਂ ਨੂੰ ਜਾਗਰੂਕ ਕਰਨਾ ਸੀ।ਮੁੱਖ ਬੁਲਾਰੇ ਡਾਕਟਰ ਜਸਪ੍ਰੀਤ ਨੇ ਆਪਣੇ ਸੰਬੋਧਨ ਵਿੱਚ ਪੋਲੀਥੀਨ ਅਤੇ ਇੱਕੋ ਵਾਰ ਵਰਤੋਂ 'ਚ ਆਉਣ ਵਾਲੇ ਪਲਾਸਟਿਕ ਦੇ ਗੰਭੀਰ ਨੁਕਸਾਨ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਪਲਾਸਟਿਕ ਪ੍ਰਦੂਸ਼ਣ ਮਿੱਟੀ, ਪਾਣੀ, ਜੰਗਲੀ ਜੀਵਾਂ ਅਤੇ ਮਨੁੱਖੀ ਸਿਹਤ ਲਈ ਇੱਕ ਵੱਡਾ ਖਤਰਾ ਬਣ ਚੁੱਕਾ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇ ਅੱਜ ਅਸੀਂ ਇਸ ਸਮੱਸਿਆ ਪ੍ਰਤੀ ਜਾਗਰੂਕ ਨਾ ਹੋਏ ਤਾਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਇਸ ਦੀ ਸਜ਼ਾ ਭੁਗਤਣੀ ਪੈਣੀ ਹੈ।ਉਨ੍ਹਾਂ ਨੇ ਲੋਕਾਂ ਨੂੰ ਪੋਲੀਥੀਨ ਦਾ ਵਿਕਲਪ ਚੁਣਨ ਲਈ ਅਪੀਲ ਕੀਤੀ ।ਇਨਰਵੀਲ੍ਹ ਕਲੱਬ ਅੰਮ੍ਰਿਤਸਰ ਰਾਈਜ਼ਿੰਗ ਸੰਨ ਦੀ ਪ੍ਰਤੀਨਧੀ ਸਮ੍ਰਿਤੀ ਕਪੂਰ ਨੇ ਵੀ ਪਲਾਸਟਿਕ ਦੀ ਵਰਤੋਂ ਦੇ ਨੁਕਸਾਨ 'ਤੇ ਵਿਸਥਾਰ ਨਾਲ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਹਰ ਇਕ ਨਾਗਰਿਕ ਦੀ ਜ਼ਿੰਮੇਵਾਰੀ ਹੈ ਕਿ ਇਸ ਪਲਾਸਟਿਕ ਦੀ ਵਰਤੋਂ ਨੂੰ ਘਟਾਉਣ, ਹਰਿਆਵਲ ਮੰਚ ਦੇ ਮੈਂਬਰਾਂ ਨੇ ਵੀ ਇਸ ਦੀ ਵਰਤੋਂ ਨਾਲ ਹੋਣ ਵਾਲੇ ਨੁਕਸਾਨ ਨੂੰ ਸਮਝੇ ਅਤੇ ਇਸ ਦੀ ਵਰਤੋਂ ਘੱਟ ਕਰੇ। ਇਸ ਮੌਕੇ ਵਿਸ਼ਵ ਵਾਤਾਵਰਣ ਸਬੰਧੀ ਜਾਗਰੂਕਤਾ ਫੈਲਾਉਣ ਲਈ ਲੋਕਾਂ ਨੂੰ ਕੱਪੜੇ ਦੇ ਥੈਲੇ ਵੰਡ ਕੇ ਪਲਾਸਟਿਕ ਨੂੰ ਨਾਂਹ ਦਾ ਸੰਦੇਸ਼ ਦਿੱਤਾ ਗਿਆ ਤਾਂ ਕਿ ਲੋਕ ਰੋਜ਼ਾਨਾ ਲੋੜ ਦੀਆਂ ਚੀਜ਼ਾਂ ਇਨ੍ਹਾਂ ਥੈਲਿਆਂ ਵਿੱਚ ਲੈ ਕੇ ਆਉਣ ਅਤੇ ਪੋਲੀਥੀਨ ਦੀ ਵਰਤੋਂ ਘੱਟ ਹੋ ਸਕੇ ।ਪ੍ਰੋਗਰਾਮ ਵਿੱਚ ਸ਼ਾਮਿਲ ਬੱਚਿਆਂ ਨੂੰ ਵੀ ਇੱਕ ਐਕਸ਼ਨ ਬਣਨ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਆਪਣੇ ਪਰਿਵਾਰਾਂ, ਸਕੂਲ ਤੇ ਸਮਾਜ ਵਿੱਚ ਵਾਤਾਵਰਣ ਸੰਭਾਲਣ ਦਾ ਸੰਦੇਸ਼ ਫੈਲਾ ਸਕਣ ।ਹੈਲਪ ਏ ਚਾਈਲਡ ਆਫ ਇੰਡੀਆ, ਅੰਮ੍ਰਿਤਸਰ ਸੀ. ਡੀ. ਪੀ. ਦੇ ਨੁਮਾਇੰਦਿਆਂ ਨੇ ਕਿਹਾ ਕਿ ਵਾਤਾਵਰਣ ਦੀ ਸੁਰੱਖਿਆ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ ਅਤੇ ਸਮਾਜ ਦੇ ਸਹਿਯੋਗ ਨਾਲ ਹੀ ਪਲਾਸਟਿਕ ਦੀ ਵਰਤੋਂ ਘਟਾ ਕੇ ਇਸ ਧਰਤੀ ਨੂੰ ਹਰਿਆ ਭਰਿਆ ਬਣਾਇਆ ਜਾ ਸਕਦਾ ਹੈ।ਅੰਮ੍ਰਿਤਸਰ ਸੀ. ਡੀ. ਪੀ. , ਹਰਿਆਵਲ ਮੰਚ ਅਤੇ ਇਨਰਵੀਲ੍ਹ ਕਲੱਬ ਅੰਮ੍ਰਿਤਸਰ ਰਾਈਜ਼ਿੰਗ ਸੰਨ ਨੇ ਵਾਅਦਾ ਕੀਤਾ ਕਿ ਉਹ ਮਿਲ ਕੇ ਇਸ ਸਮੱਸਿਆ ਨਾਲ ਲੜਨਗੇ।

# ਹਿੰਦੂ ਕੰਨਿਆ ਮਹਾਂ ਵਿਦਿਆਲਾ ਧਾਰੀਵਾਲ ਦਾ ਬੀਸੀਏ ਦਾ ਨਤੀਜਾ ਰਿਹਾ ਸ਼ਾਨਦਾਰ

ਧਾਰੀਵਾਲ, (ਮਨਦੀਪ ਵਿੱਕੀ)-ਹਿੰਦੂ ਕੰਨਿਆ ਮਹਾਂ ਵਿਦਿਆਲਿਆ ਧਾਰੀਵਾਲ ਦਾ ਬੀ ਸੀ ਏ ਸਮੈਸਟਰ ਛੇਵਾਂ ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਸਬੰਧੀ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਨ. ਡੀ. ਅਨੰਦ, ਸਕੱਤਰ ਰਮੇਸ਼ ਕੌਂਸਲੀ ਅਤੇ



ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਨੇ ਦੱਸਿਆ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਐਲਾਨੇ ਗਏ ਬੀ ਸੀ ਏ ਸਮੈਸਟਰ ਛੇਵਾਂ ਦੇ ਨਤੀਜੇ ਵਿੱਚ ਹਿੰਦੂ ਕੰਨਿਆ ਮਹਾਂ ਵਿਦਿਆਲਾ ਦੀ ਵਿਦਿਆਰਥਣ ਨਵਨੀਤ ਕੌਰ ਅਤੇ ਕ੍ਰਿਸ਼ਾਨਾ ਨੇ 9.45 ਐੱਸਜੀਪੀਏ ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਪਹਿਲਾ ਸਥਾਨ ਅਤੇ ਮਹਿਕਪ੍ਰੀਤ ਕੌਰ ਨੇ 9.27 ਐੱਸਜੀਪੀਏ ਅੰਕ ਪ੍ਰਾਪਤ ਕਰਕੇ ਦੂਸਰਾ ਸਥਾਨ ਹਾਸਿਲ ਕਰਕੇ ਆਪਣੇ ਮਾਤਾ-ਪਿਤਾ ਅਤੇ ਸੰਸਥਾ ਦਾ ਨਾਮ ਰੌਸ਼ਨ ਕੀਤਾ ਹੈ। ਇਨ੍ਹਾਂ ਤੋਂ ਇਲਾਵਾ ਬਾਕੀ ਵਿਦਿਆਰਥਣਾਂ ਵੀ ਚੰਗੇ ਨੰਬਰਾਂ ਨਾਲ ਪਾਸ ਹੋਈਆਂ ਹਨ। ਇਸ ਮੌਕੇ ਕਾਲਜ ਪ੍ਰਬੰਧਕਾਂ ਅਤੇ ਪ੍ਰਿੰਸੀਪਲ ਡਾਕਟਰ ਰਜਵਿੰਦਰ ਕੌਰ ਦੁਆਰਾ ਵਿਦਿਆਰਥਣਾਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਇਸ ਸ਼ਾਨਦਾਰ ਪ੍ਰਾਪਤੀ ਲਈ ਵਿਦਿਆਰਥਣਾਂ ਅਤੇ ਉਨ੍ਹਾਂ ਦੇ ਮਾਪਿਆਂ ਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਗਈ ਅਤੇ ਵਿਦਿਆਰਥੀਆਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ ਗਈ।

# 7 ਦੇ ਚੰਡੀਗੜ੍ਹ ਧਰਨੇ 'ਚ ਪੈਨਸ਼ਨਰ ਵੱਧ-ਚੜ੍ਹ ਕੇ ਸ਼ਾਮਿਲ ਹੋਣਗੇ: ਸੁਰਿੰਦਰ ਪੱਪੂ



ਗੁਰਦਾਸਪੁਰ, (ਜਨਕ ਮਹਾਜਨ)-ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਤੇ ਟਰਾਂਸਕੋ ਦੇ ਪੈਨਸ਼ਨਰ ਐਸੋਸੀਏਸ਼ਨ ਰਜਿਸਟਰੇਸ਼ਨ ਨੰਬਰ 56 ਦੇ ਸਰਕਲ ਗੁਰਦਾਸਪੁਰ ਦੇ ਸਰਕਲ ਸਕੱਤਰ ਸੁਰਿੰਦਰ ਪੱਪੂ ਨੇ ਵਿਸ਼ੇਸ਼ ਤੌਰ ਤੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੈਨਸ਼ਨਰ ਮੁਲਾਜ਼ਮ ਸਾਂਝਾ ਫਰੰਟ ਪੰਜਾਬ ਤੇ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਵੱਲੋਂ ਪੈਨਸ਼ਨਰਾਂ ਤੇ ਮੁਲਾਜ਼ਮਾਂ ਦੀਆਂ ਮੰਗਾਂ ਪੰਜਾਬ ਸਰਕਾਰ ਕੋਲੋਂ ਮਨਵਾਉਣ ਲਈ ਕੀਤੇ ਸੰਘਰਸ਼ ਨੂੰ ਕਾਮਯਾਬ ਕਰਨ ਲਈ ਮੁਲਾਜ਼ਮ ਤੇ ਪੈਨਸ਼ਨਰਾਂ ਅੰਦਰ ਭਾਰੀ ਉਤਸ਼ਾਹ ਹੈ।ਪੱਪੂ ਨੇ ਦੱਸਿਆ ਕਿ 29 ਜੁਲਾਈ ਨੂੰ ਸੰਗਰੂਰ ਮਹਾਂ ਰੈਲੀ ਨੂੰ ਕਾਮਯਾਬ ਕਰਨ ਤੋਂ ਬਾਅਦ ਹੁਣ 7 ਅਗਸਤ ਨੂੰ ਚੰਡੀਗੜ੍ਹ ਦੇ 39 ਸੈਕਟਰ ਵਿੱਚ ਹੋ ਰਹੇ ਮੁਜ਼ਾਹਰੇ ਨੂੰ ਕਾਮਯਾਬ ਕਰਨ ਲਈ ਪੈਨਸ਼ਨਰ ਅੰਦਰ ਭਾਰੀ ਉਤਸਾਹ ਹੈ ਤੇ ਪੈਨਸ਼ਨਰ ਕਰੋ ਜਾਂ ਮਰੋ ਦੀ ਨੀਤੀ ਤਹਿਤ ਇਸ ਮੁਜ਼ਾਹਰੇ ਵਿੱਚ ਸ਼ਾਮਲ ਹੋਣਗੇ। ਉਨ੍ਹਾਂ ਕਿਹਾ ਕਿ ਪੈਨਸ਼ਨਰਾਂ ਦੀਆਂ ਪ੍ਰਮੁੱਖ ਮੰਗਾਂ ਜਿਵੇਂ ਕਿ ਪੈਨਸ਼ਨਰਾਂ ਨੂੰ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਵਾਲੇ ਹਾਈਕੋਰਟ ਦੇ ਫੈਸਲੇ ਅਨੁਸਾਰ ਵੱਧ-ਚੜ੍ਹ ਕੇ ਸ਼ਾਮਿਲ ਹੋਣਗੇ ਤਾਂ ਜੋ ਪੰਜਾਬ ਸਰਕਾਰ ਜੋ ਪੈਨਸ਼ਨਰਾਂ ਤੇ ਮੁਲਾਜ਼ਮਾਂ ਦਾ 18 ਫੀਸਦੀ ਡੀਏ ਉਸਦਾ ਬਣਦਾ ਬਕਾਇਆ, ਛੇਵੇਂ ਪੇ ਕਮਿਸ਼ਨ ਅਨੁਸਾਰ 2.45 ਗੁਣਾਂਕ ਦੀ ਬਜਾਏ 2.59 ਗੁਣਾਂਕ ਨਾਲ ਪੈਨਸ਼ਨ ਫਿਕਸ ਕਰਕੇ ਉਸਦਾ ਏਰੀਅਰ, 1972 ਨਿਯਮ ਤਹਿਤ ਪੁਰਾਣੀ ਪੈਨਸ਼ਨ ਦਾ ਨੋਟੀਫਿਕੇਸ਼ਨ ਜਾਰੀ ਕਰਕੇ ਪੁਰਾਣੀ ਪੈਨਸ਼ਨ ਬਹਾਲ ਕਰਨਾ, 17-7-20 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਦੇ ਛੇਵੇਂ ਪੇ ਕਮਿਸ਼ਨ ਲਾਗੂ ਕਰਨਾ, 37 ਤਰ੍ਹਾਂ ਦੇ ਬੰਦ ਕੀਤੇ ਭੱਤੇ ਬਹਾਲ ਕਰਨਾ, ਪੈਨਸ਼ਨਰਾਂ ਨੂੰ ਵੀ ਰੈਗੂਲਰ ਕਰਮਚਾਰੀਆਂ ਵਾਂਗ ਬਿਜਲੀ ਦੀ ਰਿਆਇਤ ਦੇਣਾ ਆਦਿ ਪੰਜਾਬ ਸਰਕਾਰ ਕੋਲੋਂ ਲਾਗੂ ਕਰਵਾਈਆਂ ਜਾ ਸਕਣ। ਜੇਕਰ ਪੰਜਾਬ ਸਰਕਾਰ ਨੇ 7 ਅਗਸਤ ਤੋਂ ਪਹਿਲਾਂ ਪਹਿਲਾਂ ਇਹ ਮੰਗਾਂ ਨਾ ਮੰਨੀਆਂ ਤਾਂ 7 ਅਗਸਤ ਤੋਂ ਬਾਅਦ ਪੈਨਸ਼ਨਰ ਐਸੋਸੀਏਸ਼ਨ ਪੰਜਾਬ ਅਤੇ ਮੁਲਾਜ਼ਮ ਪੈਨਸ਼ਨਰ ਸਾਂਝਾ ਫਰੰਟ ਦੇ ਸੱਦੇ ਤੇ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

# ਪਾਵਰਕਾਮ ਆਊਟਸੋਰਸ ਸਪੋਟ ਬਿਲਿੰਗ ਮੀਟਰ ਰੀਡਰ ਯੂਨੀਅਨ ਅੱਜ ਕਰੇਗੀ ਰੋਸ ਪ੍ਰਦਰਸ਼ਨ

ਗੁਰਦਾਸਪੁਰ, (ਜਨਕ ਮਹਾਜਨ)-ਜਾਣਕਾਰੀ ਦਿੰਦਿਆਂ ਪਾਵਰਕਾਮ ਆਊਟਸੋਰਸ ਸਪੋਟ ਬਿਲਿੰਗ ਮੀਟਰ ਰੀਡਰ ਯੂਨੀਅਨ ਪੰਜਾਬ ਦੇ ਗੁਰਦਾਸਪੁਰ ਡਿਵੀਜ਼ਨ ਪ੍ਰਧਾਨ ਬਲਜਿੰਦਰ ਸਿੰਘ ਬਾਜਵਾ ਅਤੇ ਜਸਵਿੰਦਰ ਸਿੰਘ ਨੇ ਦੱਸਿਆ ਕਿ ਜਥੇਬੰਦੀ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਸਬੰਧੀ ਲੰਘੀ 29 ਜੁਲਾਈ ਨੂੰ ਮਾਣਯੋਗ ਵਿੱਤ ਮੰਤਰੀ ਨਾਲ ਇੱਕ ਅਹਿਮ ਮੀਟਿੰਗ ਹੋਈ ਸੀ।ਮੀਟਿੰਗ ਦੌਰਾਨ ਸਰਕਾਰ ਵੱਲੋਂ ਆਊਟਸੋਰਸ ਕਾਮਿਆਂ ਨੂੰ ਮਹਿਕਮੇ ਅਧੀਨ ਲਿਆਉਣ ਲਈ ਬਣਾਈ ਜਾ ਰਹੀ ਪਾਲਿਸੀ ਵਿੱਚ ਸਮੂਹ ਸਪੋਟ ਬਿਲਿੰਗ ਕਾਮਿਆਂ ਨੂੰ ਸ਼ਾਮਲ ਕਰਨ ਅਤੇ ਸਾਰੇ ਸਾਥੀਆਂ ਦੀਆਂ ਬੰਦ ਪਈਆਂ ਆਈਡੀਆਂ ਤੁਰੰਤ ਚਾਲੂ ਕਰਕੇ ਉਨ੍ਹਾਂ ਨੂੰ ਕੰਮ 'ਤੇ ਵਾਪਸ ਲਿਆਉਣ ਸਬੰਧੀ ਪੂਰੀ ਸਹਿਮਤੀ ਬਣੀ ਸੀ।ਯੂਨੀਅਨ ਆਗੂਆਂ ਨੇ ਰੋਸ ਪ੍ਰਗਟਾਉਂਦਿਆਂ ਕਿਹਾ ਕਿ ਮੀਟਿੰਗ ਨੂੰ 3 ਦਿਨ ਬੀਤ ਜਾਣ ਦੇ ਬਾਵਜੂਦ ਵੀ ਮਹਿਕਮੇ ਜਾਂ ਸਰਕਾਰ ਵੱਲੋਂ ਬਣੀ ਸਹਿਮਤੀ ਅਨੁਸਾਰ ਕੋਈ ਵੀ ਲਿਖਤੀ ਪੱਤਰ (ਨੋਟੀਫਿਕੇਸ਼ਨ) ਜਾਰੀ ਨਹੀਂ ਕੀਤਾ ਗਿਆ। ਸਰਕਾਰ ਅਤੇ ਮਹਿਕਮੇ ਦੇ ਇਸ ਅੜੀਅਲ ਰੱਵੀਈਏ ਕਾਰਨ ਸਮੂਹ ਸਪੋਟ ਬਿਲਿੰਗ ਕਾਮਿਆਂ ਵਿੱਚ ਭਾਰੀ ਰੋਸ ਅਤੇ ਨਿਰਾਸ਼ਾ ਪਾਈ ਜਾ ਰਹੀ ਹੈ।ਜਥੇਬੰਦੀ ਨੇ ਤਿੱਖੇ ਸ਼ਬਦਾਂ ਵਿੱਚ ਚੇਤਾਵਨੀ ਦਿੰਦਿਆਂ ਐਲਾਨ ਕੀਤਾ ਹੈ ਕਿ ਜੇਕਰ ਸਰਕਾਰ ਵੱਲੋਂ ਤੁਰੰਤ ਇਸ ਸਹਿਮਤੀ ਨੂੰ ਲਿਖਤੀ ਰੂਪ ਵਿੱਚ ਲਾਗੂ ਨਾ ਕੀਤਾ ਗਿਆ ਤਾਂ 3 ਅਗਸਤ (ਦਿਨ ਸੋਮਵਾਰ) ਦੀ ਮੈਨੇਜਮੈਂਟ ਅਤੇ ਸੂਬਾ ਸਰਕਾਰ ਦੇ ਖ਼ਿਲਾਫ਼ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਇਸ ਮੌਕੇ ਉਨ੍ਹਾਂ ਨਾਲ ਬਲਜਿੰਦਰ ਸਿੰਘ ਬਾਜਵਾ (ਡਵੀਜ਼ਨ ਪ੍ਰਧਾਨ), ਜਸਵਿੰਦਰ ਸਿੰਘ, ਰਾਜੇਸ਼ ਕੁਮਾਰ, ਨਰਿੰਦਰ, ਦਿਲਬਾਗ ਸਿੰਘ, ਪਰਮਜੀਤ ਸਿੰਘ, ਭੁਪਿੰਦਰਜੀਤ ਸਿੰਘ, ਬੂਟਾ ਸਿੰਘ, ਰਾਕੇਸ਼ ਮਸੀਹ ਅਤੇ ਸਮੂਹ ਸਾਥੀ ਹਾਜ਼ਰ ਸਨ।



# ਨੌਵੀਂ ਤੇ ਦੱਸਵੀਂ ਜਮਾਤ ਦੀਆਂ ਵਿਦਿਆਰਥਣਾਂ ਲਈ ਕਰਵਾਇਆ ਜਾਗਰੂਕਤਾ ਸੈਸ਼ਨ

ਤਰਨਤਾਰਨ (ਪ੍ਰਿਤਪਾਲ ਸਿੰਘ)-ਬੀਤੇ ਦਿਨੀਂ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਗੋਇੰਦਵਾਲ ਸਾਹਿਬ ਵਿਖੇ ਨੌਵੀਂ ਅਤੇ ਦੱਸਵੀਂ ਜਮਾਤ ਦੀਆਂ ਵਿਦਿਆਰਥਣਾਂ ਲਈ ਇੱਕ ਵਿਸ਼ੇਸ਼ ਜਾਗਰੂਕਤਾ ਸੈਸ਼ਨ ਕਰਵਾਇਆ ਗਿਆ। ਇਸ ਸੈਸ਼ਨ ਦਾ ਮਕਸਦ ਵਿਦਿਆਰਥਣਾਂ ਦੇ ਭਵਿੱਖ ਵਿੱਚ ਆਉਣ ਵਾਲੀਆਂ ਸਮੱਸਿਆਵਾਂ ਤੋਂ ਉਨ੍ਹਾਂ ਨੂੰ ਸੁਚੇਤ ਕਰਵਾਉਣਾ ਸੀ।ਇਸ ਸੈਸ਼ਨ ਦਾ ਸੰਚਾਲਨ ਸਕੂਲ ਦੇ ਕੋ-ਆਰਡੀਨੇਟਰ ਸੋਨੀਆ ਸੈਣੀ ਵੱਲੋਂ ਕੀਤਾ ਗਿਆ।ਉਨ੍ਹਾਂ ਨੇ ਵਿਦਿਆਰਥਣਾਂ ਨੂੰ ਮਾਪਿਆਂ, ਅਧਿਆਪਕਾਂ ਅਤੇ ਬਜ਼ੁਰਗਾਂ ਦਾ ਸਤਿਕਾਰ ਕਰਨ ਦੇ ਨਾਲ-ਨਾਲ ਉਨ੍ਹਾਂ ਦੀ ਮਹੱਤਤਾ ਤੋਂ ਜਾਣੂ ਕਰਵਾਇਆ।ਇਸ ਤੋਂ ਇਲਾਵਾ ਉਨ੍ਹਾਂ ਨੇ ਭਵਿੱਖ ਵਿੱਚ ਆਉਣ ਵਾਲੀਆਂ ਸਰੀਰਕ, ਮਾਨਸਿਕ ਅਤੇ ਸਮਾਜਿਕ ਤਬਦੀਲੀਆਂ ਬਾਰੇ ਜਾਣਕਾਰੀ ਦਿੰਦਿਆਂ ਵਿਦਿਆਰਥਣਾਂ ਨੂੰ ਸਹੀ ਫ਼ੈਸਲੇ ਲੈਣ, ਚੰਗੀ ਸੰਗਤ ਚੁਣਨ ਅਤੇ ਆਪਣੇ ਟੀਚਿਆਂ ਪ੍ਰਤੀ ਸਮਰਪਿਤ ਰਹਿਣ ਲਈ ਪ੍ਰੇਰਿਤ ਕੀਤਾ।ਇਸ ਤੋਂ ਇਲਾਵਾ ਵਿਦਿਆਰਥਣਾਂ ਨੂੰ ਆਪਣੀ ਸੁਰੱਖਿਆ, ਗਲਤ ਪ੍ਰਭਾਵਾਂ ਤੋਂ ਦੂਰ ਰਹਿਣ ਅਤੇ ਕਿਸੇ ਵੀ ਸਮੱਸਿਆ ਦੀ ਸਥਿਤੀ ਵਿੱਚ ਆਪਣੇ ਮਾਪਿਆਂ ਜਾਂ ਅਧਿਆਪਕਾਂ ਨਾਲ ਖੁੱਲ੍ਹ ਕੇ ਗੱਲ ਕਰਨ ਦੀ ਸਲਾਹ ਦਿੱਤੀ।ਸੈਸ਼ਨ ਦੇ ਅਖੀਰ ਵਿੱਚ ਪ੍ਰਿੰ. ਮਨੀਸ਼ਾ ਸੂਦ ਨੇ ਵੀ ਵਿਦਿਆਰਥਣਾਂ ਨੂੰ ਹਰ ਮੁਸ਼ਕਿਲ ਦਾ ਡਟ ਕੇ ਸਾਹਮਣਾ ਕਰਨ ਅਤੇ ਦ੍ਰਿੜ੍ਹਤਾ ਨਾਲ ਆਪਣੀ ਜ਼ਿੰਦਗੀ ਦੇ ਫ਼ੈਸਲੇ ਲੈਣ ਦੀ ਪ੍ਰੇਰਨਾ ਦਿੱਤੀ।



# ਕਮਿਊਨਿਟੀ ਹੈਲਥ ਅਫ਼ਸਰਾਂ ਵੱਲੋਂ ਪੰਜਾਬ ਭਰ 'ਚ ਪੱਕੇ ਧਰਨੇ ਲਾਉਣ ਦਾ ਐਲਾਨ

ਤਰਨਤਾਰਨ (ਪ੍ਰਿਤਪਾਲ ਸਿੰਘ)-ਪੰਜਾਬ ਸਰਕਾਰ ਵੱਲੋਂ ਲਗਾਤਾਰ ਭਰੋਸਿਆਂ ਦੇ ਬਾਵਜੂਦ ਕਮਿਊਨਿਟੀ ਹੈਲਥ ਅਫ਼ਸਰਾਂ ਦੀਆਂ ਮੰਗਾਂ ਦਾ ਹੱਲ ਨਾ ਨਿਕਲਣ ਕਾਰਨ ਸੂਬੇ ਭਰ ਵਿੱਚ ਰੋਸ ਦੀ ਲਹਿਰ ਦੇਖਣ ਨੂੰ ਮਿਲੀ। ਕਮਿਊਨਿਟੀ ਹੈਲਥ ਅਫ਼ਸਰ ਐਸੋਸੀਏਸ਼ਨ ਪੰਜਾਬ ਦੇ ਸੱਦੇ 'ਤੇ ਸਮੂਹ ਜ਼ਿਲ੍ਹਾ ਹਸਪਤਾਲਾਂ ਅੱਗੇ ਸੰਕੇਤਿਕ ਭੁੱਖ ਹੜਤਾਲ ਕਰਦਿਆਂ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।ਯੂਨੀਅਨ ਨੇ ਸਪੱਸ਼ਟ ਕਰ ਦਿੱਤਾ ਕਿ ਜੇ 4 ਅਗਸਤ ਨੂੰ ਉਪ-ਕਮੇਟੀ ਨਾਲ ਹੋਣ ਵਾਲੀ ਮੀਟਿੰਗ ਵਿੱਚ ਵੀ ਕੋਈ ਠੋਸ ਫ਼ੈਸਲਾ ਨਾ ਹੋਇਆ ਤਾਂ ਪੰਜਾਬ ਭਰ ਵਿੱਚ ਅਣਮਿੱਥੇ ਸਮੇਂ ਲਈ ਪੱਕੇ ਧਰਨੇ ਸ਼ੁਰੂ ਕਰ ਦਿੱਤੇ ਜਾਣਗੇ।ਯੂਨੀਅਨ ਆਗੂਆਂ ਨੇ ਦੋਸ਼ ਲਾਇਆ ਕਿ ਸਰਕਾਰ ਵੱਲੋਂ ਵਾਰ-ਵਾਰ ਮੀਟਿੰਗਾਂ ਦਾ ਸੱਦਾ ਦੇ ਕੇ ਸਿਰਫ਼ ਭਰੋਸੇ ਹੀ ਦਿੱਤੇ ਜਾ ਰਹੇ ਹਨ, ਪਰ ਮੰਗਾਂ ਨੂੰ ਲਾਗੂ ਕਰਨ ਲਈ ਕੋਈ ਲਿਖਤੀ ਹੁਕਮ ਜਾਰੀ ਨਹੀਂ ਕੀਤਾ ਜਾ ਰਿਹਾ।ਉਨ੍ਹਾਂ ਦੱਸਿਆ ਕਿ 29 ਜੁਲਾਈ ਨੂੰ ਮੁੱਖ ਮੰਤਰੀ ਨੇ ਮੀਟਿੰਗ ਲਈ ਸਮਾਂ ਦਿੱਤਾ ਸੀ, ਪਰ ਚੰਡੀਗੜ੍ਹ ਪਹੁੰਚਣ ਦੇ ਬਾਵਜੂਦ ਯੂਨੀਅਨ ਆਗੂਆਂ ਨਾਲ ਮੁਲਾਕਾਤ ਨਹੀਂ ਕੀਤੀ ਗਈ, ਜਿਸ ਕਾਰਨ ਕਮਿਊਨਿਟੀ ਹੈਲਥ ਅਫ਼ਸਰਾਂ ਵਿੱਚ ਭਾਰੀ ਨਿਰਾਸ਼ਾ ਅਤੇ ਰੋਸ ਹੈ।ਆਗੂਆਂ ਨੇ ਕਿਹਾ ਕਿ ਕਈ ਸਾਲਾਂ ਤੋਂ ਸਰਕਾਰ ਸਿਰਫ਼ ਲਾਰੇ ਲਗਾ ਰਹੀ ਹੈ, ਜਦਕਿ ਕਮਿਊਨਿਟੀ ਹੈਲਥ ਅਫ਼ਸਰਾਂ ਦੀਆਂ ਜਾਇਜ਼ ਮੰਗਾਂ ਅਜੇ ਵੀ ਫ਼ਾਈਲਾਂ ਵਿੱਚ ਦੱਬੀਆਂ ਪਈਆਂ ਹਨ।ਉਨ੍ਹਾਂ ਦੋ-ਟੁੱਕ ਸ਼ਬਦਾਂ ਵਿੱਚ ਕਿਹਾ ਕਿ ਹੁਣ ਮੌਖਿਕ ਭਰੋਸਿਆਂ ਦਾ ਸਮਾਂ ਲੰਘ ਚੁੱਕਾ ਹੈ ਅਤੇ ਸਰਕਾਰ ਨੂੰ ਲਿਖਤੀ ਹੁਕਮ ਜਾਰੀ ਕਰਕੇ ਆਪਣੇ ਵਾਅਦੇ ਪੂਰੇ ਕਰਨੇ ਪੈਣਗੇ।ਯੂਨੀਅਨ ਨੇ ਮੰਗ ਕੀਤੀ ਕਿ 5,000 ਸਬੰਧੀ ਜਾਰੀ ਪੱਤਰ ਵਿੱਚੋਂ ਬੈਂਚਮਾਰਕ ਦੀ ਸ਼ਰਤ ਪੂਰੀ ਤਰ੍ਹਾਂ ਖ਼ਤਮ ਕਰਕੇ ਰਕਮ ਨੂੰ ਮੁੱਢਲੀ ਤਨਖ਼ਾਹ ਵਿੱਚ ਸ਼ਾਮਲ ਕੀਤਾ ਜਾਵੇ।ਇਸ ਤੋਂ ਇਲਾਵਾ ਸਮੂਹ ਕਮਿਊਨਿਟੀ ਹੈਲਥ ਅਫ਼ਸਰਾਂ ਨੂੰ ਵਫ਼ਾਦਾਰੀ ਬੋਨਸ ਦਿੱਤਾ ਜਾਵੇ, ਰੈਗੂਲਰ ਕੇਡਰ ਨੂੰ ਤੁਰੰਤ ਮਨਜ਼ੂਰੀ ਮਿਲੇ, ਤਨਖ਼ਾਹ ਅਤੇ ਪ੍ਰੋਤਸਾਹਨ ਰਾਸ਼ੀ ਨੂੰ ਇਕੱਠਾ ਕੀਤਾ ਜਾਵੇ ਅਤੇ ਪ੍ਰੋਤਸਾਹਨ ਨੀਤੀ ਵਿੱਚ ਲੋੜੀਂਦੀਆਂ ਸੋਧਾਂ ਕੀਤੀਆਂ ਜਾਣ।ਜ਼ਿਲ੍ਹਾ ਪ੍ਰਧਾਨ ਜੈਸਮੀਨ ਕੌਰ, ਜੁਗਰਾਜ ਕੌਰ, ਸੀਨੀਅਰ ਮੀਤ ਪ੍ਰਧਾਨ ਰਵਿੰਦਰ ਕੌਰ ਅਤੇ ਜੀਵਨਜੋਤ ਸਿੰਘ ਨੇ ਕਿਹਾ ਕਿ 4 ਅਗਸਤ ਨੂੰ ਸਰਕਾਰ ਨਾਲ ਹੋਣ ਵਾਲੀ ਉਪ-ਕਮੇਟੀ ਦੀ ਮੀਟਿੰਗ ਕਮਿਊਨਿਟੀ ਹੈਲਥ ਅਫ਼ਸਰਾਂ ਦੇ ਭਵਿੱਖ ਲਈ ਨਿਰਣਾਇਕ ਸਾਬਤ ਹੋਵੇਗੀ।



# ਵਿਧਾਇਕ ਸ਼ੈਰੀ ਕਲਸੀ ਨੇ ਸਿਨੇਮਾ ਰੋਡ ਚੌਂਕ ਵਿਖੇ ਸਟਰੀਟ ਲਾਈਟਾਂ ਦਾ ਕੀਤਾ ਉਦਘਾਟਨ

ਬਟਾਲਾ, (ਡਾ. ਮਲਵਿੰਦਰ ਸਿੰਘ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ, ਸ਼ੈਰੀ ਕਲਸੀ ਵੱਲੋਂ ਬਟਾਲਾ ਸ਼ਹਿਰ ਨੂੰ ਸੁੰਦਰ ਬਣਾਉਣ ਲਈ ਖਾਸ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਦੇ ਚੱਲਦਿਆਂ ਉਨ੍ਹਾਂ ਵਲੋਂ ਸ਼ਹਿਰ ਵਾਸੀਆਂ ਦੀ ਮੌਜੂਦਗੀ ਵਿੱਚ ਸਿਨੇਮਾ ਰੋਡ ਚੌਂਕ ਵਿਖੇ ਸਟਰੀਟ ਲਾਈਟਾਂ ਦਾ ਉਦਘਾਟਨ ਕੀਤਾ ਗਿਆ।ਸ਼ਹਿਰ ਵਾਸੀਆਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਇਤਿਹਾਸਕ ਤੇ ਧਾਰਮਿਕ ਸ਼ਹਿਰ ਬਟਾਲਾ ਨੂੰ ਹੋਰ ਖ਼ੂਬਸੂਰਤ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਅਤੇ ਪਾਰਦਰਸ਼ੀ ਢੰਗ ਨਾਲ ਵਿਕਾਸ ਕੰਮ ਤੇਜ਼ ਗਤੀ ਨਾਲ ਚੱਲ ਰਹੇ ਹਨ।ਉਨ੍ਹਾਂ ਦੱਸਿਆ ਕਿ ਸ਼ਹਿਰ ਦੀਆਂ ਵੱਖ-ਵੱਖ ਵਾਰਡਾਂ ਵਿੱਚ ਵਿਕਾਸ ਕੰਮ ਬਿਨਾਂ ਪੱਖਪਾਤ ਦੇ ਕਰਵਾਏ ਜਾ ਰਹੇ ਹਨ।ਸ਼ਹਿਰ ਅੰਦਰ ਚੌਕਾਂ ਨੂੰ ਚੋੜਾ ਕਰਕੇ ਖ਼ੂਬਸੂਰਤ ਬਣਾਇਆ ਗਿਆ ਹੈ।ਸ਼ਹਿਰ ਦੇ ਮੁੱਖ ਚੌਕਾਂ ਵਿੱਚ ਟਰੈਫਿਕ ਲਾਈਟਾਂ ਲਗਾਈਆਂ ਗਈਆਂ ਹਨ ।ਸੀਸੀਟੀਵੀ ਕੈਮਰੇ ਲਗਾਏ ਜਾ ਰਹੇ ਹਨ।ਸ਼ਹੀਦ ਭਾਈ ਸੁੱਖਾ ਸਿੰਘ ਭਾਈ ਮਹਿਤਾਬ ਦੀ ਯਾਦ ਵਿੱਚ ਉਸਾਰੇ ਨਵੇਂ ਚੌਂਕ ਦਾ ਉਦਘਾਟਨ ਕਰਕੇ ਲੋਕ ਸਮਰਪਿਤ ਕੀਤਾ ਗਿਆ ਹੈ।ਇਸ ਤੋਂ ਪਹਿਲਾਂ ਵੀ ਸ਼ਹੀਦ ਭਗਤ ਸਿੰਘ ਚੌਂਕ ਅਗਰਸੈਨ ਚੌਂਕ ਆਦਿ ਦੀ ਉਸਾਰੀ ਕੀਤੀ ਜਾ ਚੁੱਕੀ ਹੈ।ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਮੁੱਖ ਉਦੇਸ਼ ਬਟਾਲੇ ਦਾ ਸਰਬਪੱਖੀ ਵਿਕਾਸ ਕਰਵਾਉਣਾ ਤੇ ਦਹਾਕਿਆਂ ਤੋਂ ਮੁਸ਼ਕਿਲਾਂ ਨਾਲ ਜੂਝ ਰਹੇ ਸ਼ਹਿਰ ਵਾਸੀਆਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕਰਨਾ ਹੈ, ਜਿਸ ਲਈ ਉਹ ਦਿਨ ਰਾਤ ਲੋਕਾਂ ਦੀ ਸੇਵਾ ਵਿੱਚ ਲੱਗੇ ਹੋਏ ਹਨ।ਇਸ ਮੌਕੇ ਸਿਨੇਮਾ ਰੋਡ ਦੇ ਦੁਕਾਨਦਾਰਾਂ ਤੇ ਵਸਨੀਕਾਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਲਾਈਟਾਂ ਲੱਗਣ ਨਾਲ ਉਨ੍ਹਾਂ ਨੂੰ ਬਹੁਤ ਰਾਹਤ ਮਿਲੀ ਹੈ ਅਤੇ ਸਵੇਰੇ ਤੜਕਸਾਰ ਅਤੇ ਰਾਤ ਸਮੇਂ ਸਟਰੀਟ ਲਾਈਟਾਂ ਲੱਗਣ ਨਾਲ ਬਹੁਤ ਲਾਭ ਮਿਲੇਗਾ।



# ਸਵਰਨਕਾਰ ਭਾਈਚਾਰੇ ਦੀਆਂ ਸਮੱਸਿਆਵਾਂ ਦੇ ਹੱਲ ਲਈ ਮਾਨ ਸਰਕਾਰ ਵਚਨਬੱਧ : ਟੌਂਗ

ਬਿਆਸ/ਰਈਆ (ਪਰਮਜੀਤ ਸਿੰਘ ਰੱਖੜਾ, ਡੀ ਕੇ ਰੈਡੀ) ਹਲਕਾ ਬਾਬਾ ਬਕਾਲਾ ਸਾਹਿਬ ਵਿਖੇ ਸਵਰਨਕਾਰ ਵੈੱਲਫੇਅਰ ਬੋਰਡ ਦੇ ਨਵ-ਨਿਯੁਕਤ ਚੇਅਰਮੈਨ ਚੰਦਨ ਲੂਥਰਾ ਦੀ ਅਗਵਾਈ ਹੇਠ ਸਵਰਨਕਾਰ ਭਾਈਚਾਰੇ ਦੀ ਪਹਿਲੀ ਅਹਿਮ ਮੀਟਿੰਗ ਕਰਵਾਈ ਗਈ। ਮੀਟਿੰਗ ਵਿੱਚ ਹਲਕੇ ਦੇ ਵੱਡੀ ਗਿਣਤੀ ਵਿੱਚ ਸਵਰਨਕਾਰ ਵਪਾਰੀਆਂ ਨੇ ਸ਼ਮੂਲੀਅਤ ਕਰਕੇ ਆਪਣੇ ਕਾਰੋਬਾਰ ਅਤੇ ਸੁਰੱਖਿਆ ਨਾਲ ਸੰਬੰਧਤ ਮੁੱਦੇ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਂਦੇ। ਇਸ ਮੌਕੇ ਹਲਕਾ ਵਿਧਾਇਕ ਦਲਬੀਰ ਸਿੰਘ ਟੌਂਗ, ਡੀ ਐੱਸ ਪੀ ਬਾਬਾ ਬਕਾਲਾ ਸੁਖਪਾਲ ਸਿੰਘ, ਐੱਸ ਐੱਚ ਓ ਬਿਆਸ ਇੰਸਪੈਕਟਰ ਗੁਰਵਿੰਦਰ ਸਿੰਘ ਅਤੇ ਹੋਰ ਪ੍ਰਸ਼ਾਸਨਿਕ ਅਧਿਕਾਰੀ ਵੀ ਮੌਜੂਦ ਸਨ। ਮੀਟਿੰਗ ਦੌਰਾਨ ਸਵਰਨਕਾਰ ਭਾਈਚਾਰੇ ਦੀ ਸੁਰੱਖਿਆ, ਪੁਲਸ ਨਾਲ ਤਾਲਮੇਲ ਅਤੇ ਵਪਾਰਕ ਮੁਸ਼ਕਲਾਂ ਸੰਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਸਵਰਨਕਾਰ ਭਾਈਚਾਰੇ ਦੇ ਨੁਮਾਇੰਦਿਆਂ ਨੇ ਆਪਣੇ ਖੇਤਰ ਨਾਲ ਸੰਬੰਧਤ ਮੁਸ਼ਕਲਾਂ ਤੋਂ ਵਿਧਾਇਕ ਦਲਬੀਰ ਸਿੰਘ ਟੌਂਗ ਨੂੰ ਜਾਣੂ ਕਰਵਾਇਆ। ਹਲਕਾ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਅਤੇ ਸਵਰਨਕਾਰ ਭਾਈਚਾਰੇ ਦੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਉਨ੍ਹਾ ਕਿਹਾ ਕਿ ਵਪਾਰੀਆਂ ਦੀ ਸੁਰੱਖਿਆ ਅਤੇ ਉਨ੍ਹਾਂ ਦੇ ਕਾਰੋਬਾਰ ਲਈ ਅਨੁਕੂਲ ਮਾਹੌਲ ਯਕੀਨੀ ਬਣਾਉਣਾ ਸਰਕਾਰ ਦੀ ਪ੍ਰਾਥਮਿਕਤਾ ਹੈ।ਸਵਰਨਕਾਰ ਵੈੱਲਫੇਅਰ ਬੋਰਡ ਦੇ ਚੇਅਰਮੈਨ ਚੰਦਨ ਲੂਥਰਾ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ ਅਤੇ ਨਿਸ਼ਠਾ ਨਾਲ ਨਿਭਾਉਣਗੇ। ਉਨ੍ਹਾ ਕਿਹਾ ਕਿ ਸਵਰਨਕਾਰ ਭਾਈਚਾਰੇ ਦੀ ਹਰ ਜਾਇਜ਼ ਸਮੱਸਿਆ ਨੂੰ ਸਰਕਾਰ ਅਤੇ ਪ੍ਰਸ਼ਾਸਨ ਤੱਕ ਪਹੁੰਚਾ ਕੇ ਉਸ ਦਾ ਜਲਦ ਹੱਲ ਕਰਵਾਉਣਾ ਉਨ੍ਹਾਂ ਦੀ ਪਹਿਲੀ ਤਰਜੀਹ ਹੋਵੇਗੀ। ਇਸ ਮੌਕੇ ਸੁਰਿੰਦਰ ਕੁਮਾਰ ਲੂਥਰਾ, ਰਜਿੰਦਰ ਕੁਮਾਰ ਲੂਥਰਾ, ਅਮਿਤ ਲੂਥਰਾ, ਦੀਪਕ ਵਰਮਾ, ਸੰਦੀਪ ਵਰਮਾ, ਗੁਰਦੇਵ ਸਦਿਓੜਾ, ਰਵਿੰਦਰ ਸਿੰਘ ਸਦਿਓੜਾ, ਇਕਬਾਲ ਸਿੰਘ ਸਦਿਓੜਾ, ਦਵਿੰਦਰ ਸਿੰਘ ਸਦਿਓੜਾ, ਅਮਨ ਸੂਰੀਆ, ਸੰਦੀਪ ਕੁਮਾਰ, ਸੋਨੂ ਧੁੰਨਾ, ਜਗਜੀਤ ਸਿੰਘ ਭੋਲਾ, ਹਰਪ੍ਰੀਤ ਸਿੰਘ ਬਿੱਟਾ, ਰਾਕੇਸ਼ ਕੁਮਾਰ, ਅਸ਼ਵਨੀ, ਜਸਵੰਤ ਸਿੰਘ ਲਾਡਾ, ਰਜਵੰਤ ਸਿੰਘ ਸੋਨੀ, ਜਸਵਿੰਦਰ ਸਿੰਘ ਸਾਬ, ਹਰਦੀਪ ਸਿੰਘ, ਸ਼ਿਵਪਾਲ ਸਿੰਘ, ਅਨਮੋਲਪ੍ਰੀਤ ਸਿੰਘ, ਨਿਰੰਜਨ ਸਿੰਘ, ਆਕਾਸ਼ਦੀਪ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸਵਰਨਕਾਰ ਭਾਈਚਾਰੇ ਦੇ ਮੈਂਬਰ ਹਾਜ਼ਰ ਸਨ।



# ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 7 ਦੀ ਚੰਡੀਗੜ੍ਹ ਰੈਲੀ 'ਚ ਹੋਵੇਗੀ ਸ਼ਾਮਲ : ਫੈਡਰੇਸ਼ਨ ਆਗੂ

ਤਰਨ ਤਾਰਨ (ਨਜ਼ਸ)-ਪੰਜਾਬ ਸੁਬਾਰਡੀਨੇਟ ਸਰਸਵਿਜ਼ ਫੈਡਰੇਸ਼ਨ 1680 22-ਬੀ ਚੰਡੀਗੜ੍ਹ ਜ਼ਿਲ੍ਹਾ ਤਰਨ ਤਾਰਨ ਦੀ ਮੀਟਿੰਗ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਕਾਰਜ ਸਿੰਘ ਕੈਰੋਂ, ਜਨ ਸਕੱਤਰ ਰਜਵੰਤ ਬਾਗੜੀਆਂ ਦੀ ਪ੍ਰਧਾਨਗੀ ਹੇਠ ਰੋਡਵੇਜ਼ ਭਵਨ ਤਰਨ ਤਾਰਨ ਵਿਖੇ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪਸਸਫ ਦੇ ਸੀਨੀਅਰ ਆਗੂ ਬਲਕਾਰ ਵਲਟੋਹਾ, ਗੁਰਪ੍ਰੀਤ ਗੰਡੀਵਿੰਡ, ਬਲਜੀਤ ਟਾਮ, ਅਜਮੇਰ ਸਿੰਘ ਕੱਲ੍ਹਾ, ਕੁਲਵਿੰਦਰ ਸਿੰਘ ਰੋਡਵੇਜ, ਸੀਮਾ ਸੋਹਲ ਨੇ ਕਿਹਾ ਕਿ ਪਿਛਲੇ ਸਾਢੇ ਚਾਰ ਸਾਲ ਬੀਤ ਗਏ ਹਨ ਪਰ ਪੰਜਾਬ ਸਰਕਾਰ ਨੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਲਾਰੇ ਲਾਉਣ ਤੋਂ ਸਿਵਾਏ ਇਕ ਵੀ ਮੰਗ ਪੂਰੀ ਨਹੀਂ ਕੀਤੀ। ਇਸ ਲਈ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਤੇ ਮੁਲਾਜ਼ਮ ਮੰਚ ਵੱਲੋਂ 7 ਅਗਸਤ ਨੂੰ ਹੋਣ ਜਾ ਰਹੀ ਚੰਡੀਗੜ੍ਹ ਮਹਾਂ ਰੈਲੀ 'ਚ ਸ਼ਾਮਲ ਹੋਣ ਲਈ ਪੰਜਾਬ ਸੁਬਾਰਡੀਨੇਟ ਸਰਸਵਿਜ ਫੈਡਰੇਸ਼ਨ 1680, 22,ਬੀ ਦੇ ਝੰਡੇ ਹੇਠ ਜ਼ਿਲ੍ਹਾ ਤਰਨ ਤਾਰਨ ਤੋਂ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ, ਹੈਲਥ ਇੰਪਲਾਈਜ਼ ਫੈਡਰੇਸ਼ਨ, ਪੰਜਾਬ ਰੋਡਵੇਜ਼ ਟਰਾਂਸਪੋਰਟ ਵਰਕਰ ਯੂਨੀਅਨ, ਪੰਜਾਬ ਪੈਨਸ਼ਨ ਯੂਨੀਅਨ, ਪੀ ਐੱਸ ਦੀ ਬੀ ਇੰਪਲਾਈਜ਼ ਫੈਡਰੇਸ਼ਨ, ਆਲ ਇੰਡੀਆ ਆਸ਼ਾ ਵਰਕਰਜ਼ ਯੂਨੀਅਨ ਜਥੇਬੰਦੀਆਂ ਦੇ ਲਗਭਗ 400 ਮੁਲਾਜ਼ਮ ਤੇ ਪੈਨਸ਼ਨਰ ਜਿਲੇ ਦੇ ਵੱਖ-ਵੱਖ ਭਾਗਾਂ ਤੋਂ ਬੱਸਾਂ, ਗੱਡੀਆਂ ਰਾਹੀਂ ਚੰਡੀਗੜ੍ਹ ਰੈਲੀ ਸ਼ਾਮਲ ਹੋਣਗੇ।ਇਸ ਸਮੇਂ ਨਰਿੰਦਰ ਨੂਰ, ਅੰਮ੍ਰਿਤਪਾਲ ਬਾਕੀਪਰ, ਪ੍ਰਿਤਪਾਲ ਸਿੰਘ ਝਬਾਲ, ਦੀਦਾਰ ਸਿੰਘ ਮੰਡ, ਸਵਰਨ ਸਿੰਘ ਕੁਹਾੜਕਾ, ਹਰਬੰਸ ਸਿੰਘ ਭੁੱਲਰ, ਸੁੱਖਵੰਤ ਸਿੰਘ ਠੱਟਾ, ਰਵੀ ਕੁਮਾਰ, ਸੁਰਿੰਦਰ ਸਿੰਘ ਆਦਿ ਆਗੂ ਹਾਜ਼ਰ ਸਨ।



# ਸ਼ਹੀਦੀ ਦਿਹਾੜੇ 'ਤੇ ਸ਼ਹੀਦ ਊਧਮ ਸਿੰਘ ਨੂੰ ਕੀਤਾ ਯਾਦ

ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਸੀਟੂ ਵੱਲੋਂ ਪੁਤਲੀਘਰ ਦਫ਼ਤਰ ਵਿਚ ਰੈਲੀ ਕਰਕੇ ਸ਼ਹੀਦ ਊਧਮ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ। ਇਸ ਮੌਕੇ ਸੰਬੋਧਨ ਕਰਦੇ ਹੋਏ ਸੀਟੂ ਦੇ ਸੂਬਾਈ ਮੀਤ ਪ੍ਰਧਾਨ ਸੁੱਚਾ ਸਿੰਘ ਅਜਨਾਲਾ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਸੁਨਾਮ ਦੀ ਜ਼ਿੰਦਗੀ ਦੇਸ਼ ਵਾਸੀਆਂ ਲਈ ਪ੍ਰੇਰਨਾ ਸਰੋਤ ਹੈ। ਉਨ੍ਹਾਂ ਨੇ ਜਲ੍ਹਿਆਂਵਾਲਾ ਬਾਗ਼ ਦੇ ਸ਼ਹੀਦਾਂ ਨੂੰ ਯਾਦ ਰੱਖਦਿਆਂ ਕਾਤਲ ਓਡਵਾਇਰ ਦਾ ਲੰਦਨ ਜਾ ਕੇ ਕਤਲ ਕਰਕੇ ਬਦਲਾ ਲਿਆ ਅਤੇ ਦੇਸ਼ ਦੀ ਆਜ਼ਾਦੀ ਵਿਚ ਅਹਿਮ ਯੋਗਦਾਨ ਅਦਾ ਕੀਤਾ। ਇਸ ਮੌਕੇ ਆਂਗਨਵਾੜੀ ਮੁਲਾਜ਼ਮ ਯੂਨੀਅਨ ਸੀਟੂ ਪੰਜਾਬ ਵੱਲੋਂ 15 ਅਗਸਤ ਤੋਂ 17 ਅਗਸਤ ਤਕ ਅੰਮ੍ਰਿਤਸਰ ਦੇ ਵਿਰਸਾ ਵਿਹਾਰ ਨੇੜੇ ਗਾਂਧੀ ਗਰਾਊਂਡ ਵਿਚ ਹੋ ਰਹੀ ਆਲ ਇੰਡੀਆ ਵਰਕਿੰਗ ਕਮੇਟੀ ਦੀ ਮੀਟਿੰਗ ਨੂੰ ਸਫ਼ਲ ਬਣਾਉਣ ਲਈ ਪ੍ਰਧਾਨ ਹਰਜੀਤ ਕੌਰ ਤੇ ਜਨਰਲ ਸਕੱਤਰ ਸੰਤੋਸ਼ ਰਾਣੀ ਦੀ ਅਗਵਾਈ ਵਿਚ ਸਰਬਸੰਮਤੀ ਨਾਲ ਰਿਸੈਪਸ਼ਨ ਕਮੇਟੀ ਬਣਾਈ ਗਈ, ਜਿਸ ਦੀ ਚੇਅਰਪਰਸਨ ਐਡਵੋਕੇਟ ਕੰਵਲਜੀਤ ਨੂੰ ਨਿਯੁਕਤ ਕੀਤਾ ਗਿਆ। ਇਸ ਦੇ ਨਾਲ ਹੀ ਲੰਗਰ ਕਮੇਟੀ, ਰਿਹਾਇਸ਼ ਕਮੇਟੀ ਤੇ ਪ੍ਰਚਾਰ ਕਮੇਟੀ ਦਾ ਗਠਨ ਕੀਤਾ ਗਿਆ ਅਤੇ 20 ਵਲੰਟੀਅਰ ਨਿਯੁਕਤ ਕੀਤੇ ਗਏ ਜੋ ਡੈਲੀਗੇਟਾਂ ਦਾ ਹਵਾਈ ਅੱਡੇ, ਬੱਸ ਅੱਡੇ ਤੇ ਰੇਲਵੇ ਸਟੇਸ਼ਨ 'ਤੇ ਸਵਾਗਤ ਕਰਨਗੇ। ਇਸ ਮੌਕੇ ਜ਼ਿਲ੍ਹਾ ਅੰਮ੍ਰਿਤਸਰ ਦੀ ਪ੍ਰਧਾਨ ਗੁਰਮਿੰਦਰ ਕੌਰ, ਜ਼ਿਲ੍ਹਾ ਗੁਰਦਾਸਪੁਰ ਦੀ ਪ੍ਰਧਾਨ ਰਵਿੰਦਰ ਕੌਰ, ਬਲਜਿੰਦਰ ਕੌਰ, ਜਸਪਾਲ ਕੌਰ, ਰਮਨ, ਅਮਨ, ਗੁਰਬਖਸ਼ ਕੌਰ, ਭਰਾਤਰੀ ਜਥੇਬੰਦੀਆਂ ਵੱਲੋਂ ਕੁੱਲ ਹਿੰਦ ਕਿਸਾਨ ਸਭਾ ਦੇ ਪ੍ਰਧਾਨ ਰਣਜੀਤ ਬੱਲ, ਚਰਨਜੀਤ ਮਜੀਠਾ, ਕਿਰਪਾ ਰਾਮ, ਵਿਜੈ ਸੀਟੂ ਆਦਿ ਹਾਜ਼ਰ ਸਨ।



# ਕਰੰਟ ਲੱਗਣ ਨਾਲ ਨੌਜਵਾਨ ਦੀ ਦਰਦਨਾਕ ਮੌਤ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਹਲਕਾ ਮਜੀਠਾ ਅਧੀਨ ਆਉਂਦੇ ਪਿੰਡ ਚਵਿੰਡਾ ਦੇਵੀ ਵਿਖੇ ਇੱਕ ਬਹੁਤ ਹੀ ਦੁਖਦਾਈ ਘਟਨਾ ਵਾਪਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ, ਜਿੱਥੇ ਬਿਜਲੀ ਦਾ ਕੰਮ ਕਰਦੇ ਸਮੇਂ ਕਰੰਟ ਲੱਗਣ ਨਾਲ ਇੱਕ ਨੌਜਵਾਨ ਦੀ ਮੌਕੇ 'ਤੇ ਹੀ ਮੌਤ ਹੋ ਗਈ।ਮਿਲੀ ਜਾਣਕਾਰੀ ਅਨੁਸਾਰ ਮ੍ਰਿਤਕ ਦੀ ਪਛਾਣ ਧਰਮਿੰਦਰ ਸਿੰਘ (ਉਮਰ 42 ਸਾਲ), ਵਾਸੀ ਪਿੰਡ ਫੱਤੂਭੀਲਾ ਵਜੋਂ ਹੋਈ ਹੈ।ਦੱਸਿਆ ਜਾ ਰਹਾ ਹੈ ਕਿ ਧਰਮਿੰਦਰ ਸਿੰਘ ਬਿਜਲੀ ਵਿਭਾਗ ਵਿੱਚ ਪ੍ਰਾਈਵੇਟ ਤੌਰ 'ਤੇ ਕੰਮ ਕਰਦਾ ਸੀ।ਅੱਜ ਜਦੋਂ ਉਹ ਪਿੰਡ ਚਵਿੰਡਾ ਦੇਵੀ ਵਿਖੇ ਬਿਜਲੀ ਦੀ ਲਾਈਨ 'ਤੇ ਕੰਮ ਕਰ ਰਿਹਾ ਸੀ ਤਾਂ ਅਚਾਨਕ ਤੇਜ਼ ਕਰੰਟ ਦੀ ਚਪੇਟ ਵਿੱਚ ਆਉਣ ਕਾਰਨ ਉਸ ਦੀ ਮੌਕੇ ਤੇ ਹੀ ਮੌਤ ਹੋ ਗਈ।ਘਟਨਾ ਦੀ ਸੂਚਨਾ ਮਿਲਦਿਆਂ ਹੀ ਪੁਲਸ ਚੌਕੀ ਚਵਿੰਡਾ ਦੇਵੀ ਦੀ ਪੁਲਸ ਟੀਮ ਨੇ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ।ਪੁਲਸ ਵੱਲੋਂ ਮ੍ਰਿਤਕ ਦੀ ਦੇਹ ਨੂੰ ਕਬਜ਼ੇ ਵਿੱਚ ਲੈ ਕੇ ਲਾਸ਼ ਨੂੰ ਪੋਟਮਾਰਟਮ ਲਈ ਭੇਜ ਦਿੱਤਾ ਅਤੇ ਅਗਲੇਰੀ ਕਾਨੂੰਨੀ ਕਾਰਵਾਈ ਅਤੇ ਮੌਤ ਦੇ ਅਸਲ ਕਾਰਨਾਂ ਦੀ ਜਾਂਚ ਆਰੰਭ ਕਰ ਦਿੱਤੀ ਗਈ ਹੈ।ਇਸ ਦਰਦਨਾਕ ਘਟਨਾ ਤੋਂ ਬਾਅਦ ਇਲਾਕੇ ਅਤੇ ਮ੍ਰਿਤਕ ਦੇ ਪਿੰਡ ਫੱਤੂਭੀਲਾ ਵਿੱਚ ਸੋਗ ਦੀ ਲਹਿਰ ਫੈਲ ਗਈ ਹੈ।

# ਚੰਬਾ ਖੁਰਦ ਦੇ ਸੈਂਕੜੇ ਪਰਿਵਾਰਾਂ ਵੱਲੋਂ ਕਾਂਗਰਸ 'ਚ ਸ਼ਮੂਲੀਅਤ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਪਿੰਡ ਚੰਬਾ ਖੁਰਦ ਦੇ ਸੈਂਕੜੇ ਆਮ ਆਦਮੀ ਪਾਰਟੀ ਤੇ ਸ਼੍ਰੋਮਣੀ ਅਕਾਲੀ ਦਲ (ਬ) ਦੇ ਸਰਗਰਮ ਵਰਕਰ ਤੇ ਪਤਵੰਤੇ ਆਪੋ-ਆਪਣੀਆਂ ਪਾਰਟੀਆਂ ਨੂੰ ਫਤਿਹ ਬੁਲਾ ਕੇ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਦੀ ਅਗਵਾਈ ਹੇਠ ਪਿੰਡ ਚੰਬਾ ਖੁਰਦ ਵਿੱਚ ਜੈਕਾਰਿਆਂ ਤੇ ਨਾਅਰਿਆਂ ਦੀ ਗੂੰਜ 'ਚ ਕਾਂਗਰਸ ਪਾਰਟੀ 'ਚ ਸ਼ਾਮਿਲ ਹੋ ਗਏ ਜਿਨ੍ਹਾਂ 'ਚ ਫੌਜੀ ਕਸ਼ਮੀਰ ਸਿੰਘ, ਬਾਬਾ ਪਿਆਰਾ ਸਿੰਘ, ਰਵਿੰਦਰ ਸਿੰਘ, ਰਵੀ ਸੇਖੋਂ, ਫੌਜੀ ਬਲਵੀਰ ਸਿੰਘ, ਕਾਰਜ ਸਿੰਘ, ਕੁਲਵਿੰਦਰ ਸਿੰਘ ਜੇਈ, ਜਤਿੰਦਰ ਸਿੰਘ, ਮਨਜੀਤ ਸਿੰਘ, ਪਿਆਰਾ ਸਿੰਘ, ਸਰੂਪ ਸਿੰਘ, ਬੂਟਾ ਸਿੰਘ, ਜਰਨੈਲ ਸਿੰਘ, ਜਸਵੀਰ ਸਿੰਘ, ਹਰਦੇਵ ਸਿੰਘ, ਇਕਬਾਲ ਸਿੰਘ, ਕੁਲਵਿੰਦਰ ਸਿੰਘ, ਵਿਸਾਖਾ ਸਿੰਘ, ਗੁਰਦਿਆਲ ਸਿੰਘ, ਅਜੀਤ ਸਿੰਘ, ਗੁਰਬਚਨ ਸਿੰਘ, ਚੰਦ ਸਿੰਘ, ਹਰਭਜਨ ਸਿੰਘ, ਪਾਲ ਸਿੰਘ, ਗੁਰਬਾਜ ਸਿੰਘ ਮੈਂਬਰ ਪੰਚਾਇਤ, ਤੇਗਾ ਸਿੰਘ ਮੈਂਬਰ ਪੰਚਾਇਤ, ਜਸਬੀਰ ਸਿੰਘ, ਚਰਨ ਸਿੰਘ, ਪਰਮਜੀਤ ਸਿੰਘ ਪੰਮਾ, ਗੁਰਜੰਟ ਸਿੰਘ, ਵਿਰਸਾ ਸਿੰਘ, ਚੰਦ ਸਿੰਘ ਰਵੀਸ਼ੇਰ ਸਿੰਘ, ਸਾਹਿਬ ਸਿੰਘ ਫੌਜੀ, ਮਨਜੀਤ ਸਿੰਘ, ਅੰਮ੍ਰਿਤਪਾਲ ਸਿੰਘ, ਗੁਰਮੇਜ ਸਿੰਘ, ਅਜਮੇਰ ਸਿੰਘ, ਬਗੀਚਾ ਸਿੰਘ, ਨਿਰਮਲ ਸਿੰਘ, ਜੋਬਨ ਸਿੰਘ ਮੌਜੂਦਾ ਮੈਂਬਰ, ਬੀਬੀ ਪਰਮਜੀਤ ਕੌਰ, ਬੀਬੀ ਬਲਬੀਰ ਕੌਰ, ਬੀਬੀ ਸਿਮਰਜੀਤ ਕੌਰ, ਬੀਬੀ ਕਮਲਜੀਤ ਕੌਰ, ਬੀਬੀ ਨਿਰਮਲ ਕੌਰ, ਬੀਬੀ ਕੁਲਦੀਪ ਕੌਰ, ਬੀਬੀ ਸੁਰਜੀਤ ਕੌਰ, ਬੀਬੀ ਦਲਜੀਤ ਕੌਰ, ਬੀਬੀ ਜਸਬੀਰ ਕੌਰ, ਬੀਬੀ ਜਸਵਿੰਦਰ ਕੌਰ, ਬੀਬੀ ਕੰਸ ਕੌਰ, ਬੀਬੀ ਸਵਰਨ ਕੌਰ, ਬੀਬੀ ਬਲਵਿੰਦਰ ਕੌਰ ਅਤੇ ਬੀਬੀ ਕਵਲਜੀਤ ਕੌਰ ਆਦਿ ਪਿੰਡ ਦੇ ਪਤਵੰਤਿਆਂ ਦਾ ਵੱਡੀ ਤਾਦਾਦ 'ਚ ਕਾਂਗਰਸ ਪਾਰਟੀ 'ਚ ਸ਼ਾਮਿਲ ਹੋਣ ਤੇ ਸਾਬਕਾ ਵਿਧਾਇਕ ਸਿੱਕੀ ਨੇ ਸਭ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਤੇ ਕਾਂਗਰਸ ਪਾਰਟੀ ਦੇ ਚਿੰਨ੍ਹ ਵਾਲੇ ਪਰਨਿਆਂ ਨਾਲ ਤਾੜੀਆਂ ਦੀ ਗੂੰਜ 'ਚ ਸਨਮਾਨਿਤ ਕੀਤਾ ਤੇ ਸਭ ਨੂੰ ਵਿਸ਼ਵਾਸ ਦਿੱਤਾ ਕਿ ਸਮੇਂ-ਸਮੇਂ ਤੇ ਹਰੇਕ ਨੂੰ ਕਾਂਗਰਸ ਪਾਰਟੀ ਦੀ ਸੇਵਾ ਕਰਨ ਲਈ ਵੱਡੀਆਂ ਜਿੰਮੇਵਾਰੀਆਂ ਲਾ ਕੇ ਮਾਣ ਸਨਮਾਨ ਕੀਤਾ ਜਾਵੇਗਾ। ਇਸ ਮੌਕੇ ਸਾਬਕਾ ਵਿਧਾਇਕ ਸਿੱਕੀ ਨੇ ਵੱਡੀ ਤਦਾਦ 'ਚ ਜੁੜੇ ਕਾਂਗਰਸੀਆਂ ਤੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ 2027 ਵਿੱਚ ਪੰਜਾਬ ਚ ਮੁੜ ਕਾਂਗਰਸ ਪਾਰਟੀ ਦੀ ਅਗਵਾਹੀ ਵਾਲੀ ਕਾਂਗਰਸ ਸਰਕਾਰ ਬਣਨੀ ਤੈਅ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪਿੰਡ ਚੰਬਾ ਖੁਰਦ ਦੇ ਸਰਗਰਮ ਕਾਂਗਰਸੀ ਆਗੂ ਤੇ ਵਰਕਰ ਜਿਨਾਂ ਚੋਂ ਜਸਬੀਰ ਸਿੰਘ ਸਾਬਕਾ ਸਰਪੰਚ, ਬਾਬਾ ਪਿਆਰਾ ਸਿੰਘ,ਕਸ਼ਮੀਰ ਸਿੰਘ ਫੌਜੀ,ਗੁਰਬਾਜ ਸਿੰਘ,ਰਵਿੰਦਰ ਸਿੰਘ, ਕਾਬਲ ਸਿੰਘ, ਬਲਬੀਰ ਸਿੰਘ, ਮਨਜੀਤ ਸਿੰਘ,ਵਿਸਾਖਾ ਸਿੰਘ,ਕਾਰਜ ਸਿੰਘ ਮੈਂਬਰ ਪੰਚਾਇਤ,ਜਸਬੀਰ ਸਿੰਘ ਕੈਪਟਨ ਬਲਬੀਰ ਸਿੰਘ ਪੰਚ,ਹਰਜੀਤ ਸਿੰਘ ਸਾਬਕਾ ਸਰਪੰਚ ਤੋਂ ਇਲਾਵਾ ਹਲਕੇ ਦੇ ਸੀਨੀਅਰ ਕਾਂਗਰਸੀ ਆਗੂ ਜਿਨ੍ਹਾਂ 'ਚ ਗੁਰਨਾਮ ਸਿੰਘ ਕੋਟ ਮੁਹੰਮਦ, ਇੰਦਰਜੀਤ ਸਿੰਘ ਕੋਟ ਮੁਹੰਮਦ, ਗੁਰਪ੍ਰੀਤ ਸਿੰਘ ਕਾਹਲਵਾਂ ਬਲਾਕ ਪ੍ਰਧਾਨ ਕਾਂਗਰਸ ਕਮੇਟੀ ਚੋਹਲਾ ਸਾਹਿਬ, ਡਾਕਟਰ ਅਮਰਜੀਤ ਸਿੰਘ ਤੁੜ, ਸਰਪੰਚ ਸੁਰਜੀਤ ਸਿੰਘ ਚਾਹਲ, ਕੈਪਟਨ ਬਲਬੀਰ ਸਿੰਘ, ਮੋਹਨ ਸਿੰਘ,ਬਿੱਲਾ ਪਹਿਲਵਾਨ, ਚੇਅਰਮੈਨ ਅਮਰਜੀਤ ਸਿੰਘ, ਗੁਰਸਾਹਿਬ ਸਿੰਘ,ਯੂਥ ਜਨਰਲ ਸਕੱਤਰ ਕੁਲਬੀਰ ਸਿੰਘ, ਪੀ. ਏ. ਰਣਜੀਤ ਸਿੰਘ ਰਾਣਾ ਪਵਾਰ ਆਦਿ ਹਾਜ਼ਰ ਸਨ।



# ਸ਼ਹੀਦੀ ਦਿਹਾੜੇ ਮੌਕੇ ਪੁਲਸ ਵਧੀਕੀਆਂ ਵਿਰੁੱਧ ਡੀ ਐੱਸ ਪੀ ਫਿਲੌਰ ਨੂੰ ਦਿੱਤਾ ਮੰਗ ਪੱਤਰ

ਫਿਲੌਰ (ਨਿਰਮਲ)-ਲੋਕ ਇਨਸਾਫ਼ ਮੰਚ, ਕਿਰਤੀ ਕਿਸਾਨ ਯੂਨੀਅਨ ਅਤੇ ਭਾਰਤੀ ਕਿਸਾਨ ਯੂਨੀਅਨ ਦੋਆਬਾ ਵੱਲੋਂ ਸਰਦਾਰ ਊਧਮ ਸਿੰਘ ਦਾ ਸ਼ਹੀਦੀ ਦਿਹਾੜਾ ਫਿਲੌਰ ਵਿੱਚ ਮਨਾਇਆ ਗਿਆ ਅਤੇ ਸ਼ਹੀਦਾਂ ਦੇ ਸੁਪਨੇ ਪੂਰੇ ਹੋਣ ਤੱਕ ਸੰਘਰਸ਼ ਜਾਰੀ ਰੱਖਣ ਦਾ ਪ੍ਰਣ ਲਿਆ ਗਿਆ।ਇਸ ਮੌਕੇ ਮਾਸਟਰ ਹੰਸ ਰਾਜ, ਰਾਜਵਿੰਦਰ ਸਿੰਘ ਮੁਠੱਡਾ, ਸੰਤੋਖ ਸਿੰਘ ਸੰਧੂ, ਤਰਸੇਮ ਸਿੰਘ ਢਿੱਲੋਂ, ਰਾਮ ਜੀ ਦਾਸ ਗੰਨਾ ਪਿੰਡ, ਕਰਨੈਲ ਫਿਲੌਰ ਅਤੇ ਹਨੀ ਸੰਤੋਖਪੁਰਾ ਨੇ ਆਪਣੇ ਵਿਚਾਰ ਪੇਸ਼ ਕੀਤੇ।ਇਸ ਮੌਕੇ ਹਾਜ਼ਰ ਲੋਕਾਂ ਵੱਲੋਂ ਸ਼ਹੀਦ ਊਧਮ ਸਿੰਘ ਦੀ ਤਸਵੀਰ ਤੇ ਫ਼ੁੱਲਮਾਲਾਵਾਂ ਅਰਪਿਤ ਕੀਤੀਆਂ ਗਈਆਂ।ਇਸ ਮੌਕੇ ਤਹਿਸੀਲ ਫਿਲੌਰ ਵਿੱਚ ਵੱਧ ਰਹੀਆਂ ਪੁਲਸ ਵਧੀਕੀਆਂ ਵਿਰੁੱਧ ਇੱਕ ਮੰਗ ਪੱਤਰ ਡੀ ਐੱਸ ਪੀ ਫਿਲੌਰ ਭਰਤ ਮਸੀਹ ਨੂੰ ਦਿੱਤਾ ਗਿਆ ਅਤੇ ਇੱਕ ਹਫ਼ਤੇ ਵਿੱਚ ਮਸਲੇ ਹੱਲ ਨਾ ਹੋਣ ਦੀ ਸੂਰਤ ਵਿੱਚ 14 ਅਗਸਤ ਨੂੰ ਵਿਸ਼ਾਲ ਪਰਦਰਸ਼ਨ ਦਾ ਐਲਾਨ ਕੀਤਾ ਗਿਆ।ਆਗੂਆਂ ਨੇ ਮੰਗ ਕੀਤੀ ਕਿ ਬੱਚਿਆਂ ਦੇ ਸਕੂਲ ਦੇ ਸਵੇਰ ਅਤੇ ਛੁੱਟੀ ਵੇਲੇ ਟਿੱਪਰਾਂ ਤੇ ਭਾਰੇ ਵਾਹਨਾਂ 'ਤੇ ਪਾਬੰਦੀ ਲਗਾਈ ਜਾਵੇ ਤਾਂ ਜੋ ਕੋਈ ਅਣਸੁਖਾਵੀਂ ਘਟਨਾ ਤੋਂ ਬਚਿਆ ਜਾ ਸਕੇ, ਚਿੱਟਾ ਵੇਚਣ ਵਾਲਿਆਂ ਨੂੰ ਸਖ਼ਤੀ ਨਾਲ ਨੱਥ ਪਾਈ ਜਾਵੇ, ਗੈਰ-ਕਾਨੂੰਨੀ ਮਾਈਨਿੰਗ ਨੂੰ ਰੋਕਿਆ ਜਾਵੇ, ਲੁੱਟਾਂ-ਖੋਹਾਂ ਕਰਨ ਵਾਲਿਆਂ 'ਤੇ ਸਖ਼ਤ ਕਾਰਵਾਈ ਕੀਤੀ ਜਾਵੇ, ਲੋਕਾਂ ਦੇ ਘਰੇਲੂ ਮਾਮਲਿਆਂ ਵਿੱਚ ਸਿਆਸੀ ਸ਼ਹਿ 'ਤੇ ਕੀਤੀ ਜਾਂਦੀ ਪੁਲਸ ਦਖ਼ਲ ਅੰਦਾਜ਼ੀ ਬੰਦ ਕੀਤੀ ਜਾਵੇ, ਮੁਠੱਡਾ ਕਲਾਂ ਦੇ ਇੱਕ ਕੇਸ ਵਿੱਚ ਪੁਲਸ ਦੀ ਵਧੀਕੀ ਨੂੰ ਰੋਕਿਆ ਜਾਵੇ, ਮੁਹੱਲਾ ਸੰਤੋਖਪੁਰਾ ਦੀ ਇੱਕ ਔਰਤ ਨੂੰ ਬਿਨਾਂ ਵਜ੍ਹਾ ਪੁਲਸ ਵੱਲੋਂ ਤੰਗ ਪ੍ਰੇਸ਼ਾਨ ਬੰਦ ਕੀਤਾ ਜਾਵੇ, ਬਿਲਗਾ ਵਿਖੇ ਬੀਤੇ ਸਾਲ ਪਿੰਡ ਨੰਗਲ ਦੇ ਦੋ ਬੱਚਿਆਂ ਦੀ ਐਕਸੀਡੈਂਟ ਦੌਰਾਨ ਹੋਈ ਮੌਤ 'ਤੇ ਬਣਦੀ ਕਾਰਵਾਈ ਕੀਤੀ ਜਾਵੇ। ਪਿੰਡ ਸਰਗੁੰਦੀ ਵਿਖੇ ਇੱਕ ਜ਼ਮੀਨ ਦੇ ਮਸਲੇ 'ਤੇ ਪੁਲਸ ਵੱਲੋਂ ਕੀਤੀ ਗਲਤ ਦਖ਼ਲਅੰਦਾਜ਼ੀ ਬੰਦ ਕੀਤੀ ਜਾਵੇ ਅਤੇ ਮੰਗ ਪੱਤਰ ਵਿੱਚ ਦਰਜ ਸਾਰੇ ਮਾਮਲਿਆਂ ਵਿੱਚ ਬਣਦੀ ਕਾਰਵਾਈ ਕੀਤੀ ਜਾਵੇ ਆਦਿ।ਇਸ ਮੌਕੇ ਡਾ. ਸੰਦੀਪ ਕੁਮਾਰ, ਡਾ. ਅਸ਼ੋਕ ਕੁਮਾਰ, ਡਾ. ਸੁਨੀਲ ਕੁਮਾਰ, ਤਰਸੇਮ ਸਿੰਘ ਕੜਿਆਣਾ, ਰਣਜੀਤ ਸਿੰਘ, ਹਰਮਿੰਦਰ ਸਿੰਘ, ਗੁਰਨਾਮ ਸਿੰਘ, ਭਰਪੂਰ ਸਿੰਘ, ਅਕਾਸ਼ ਸੰਧੂ, ਲੇਖ ਰਾਜ, ਹੰਸ ਰਾਜ ਸਾਬਕਾ ਸਰਪੰਚ ਗੜ੍ਹਾ, ਜਸਵੰਤ ਬੋਧ, ਰਾਜਿੰਦਰ ਕੁਮਾਰ ਪੰਚ, ਜਸਬੀਰ ਸਿੰਘ, ਰਣਜੀਤ ਕੁਮਾਰ, ਕਰਨੈਲ ਚੰਦ ਮਾਹਲਾਂ, ਵਿਜੇ ਬੰਗਰ, ਸਰੂਪ ਕਲੇਰ, ਸਾਬੀ ਕੁਮਾਰ ਜਗਤਪੁਰ, ਰਣਜੀਤ ਮਹਿਮੀ, ਕਸ਼ਮੀਰੀ ਲਾਲ, ਗੁਰਬਚਨ ਰਾਮ, ਅਜੇ ਕੁਮਾਰ, ਸੋਨੀ ਰਾਮ, ਬਖਸ਼ੀਸ਼ ਸਿੰਘ, ਧਰਮਪਾਲ, ਬਿੰਦਰ ਪਵਾਰ, ਪਰਦੀਪ ਕੁਮਾਰ, ਸੁਰਿੰਦਰ ਕੌਰ, ਸੁਨੀਤਾ, ਬਬਲੀ ਰਾਣੀ, ਡਿੰਪਲ, ਆਰਤੀ, ਸੁਨੀਤਾ, ਗੀਤਾ ਰਾਣੀ, ਹੰਸੋ ਰਾਣੀ, ਕੁਵਿੰਦਰ ਕੌਰ ਅਤੇ ਮਹਿੰਦਰ ਕੌਰ ਆਦਿ ਹਾਜ਼ਰ ਸਨ।



# ਖ਼ੁਦਮੁਖਤਾਰੀ ਨੂੰ ਖਤਰਾ

ਉੱਚ ਵਿਦਿਅਕ ਅਦਾਰਿਆਂ ਨੂੰ ਰੈਗੂਲੇਟ ਕਰਨ ਲਈ ਵਿਕਸਿਤ ਭਾਰਤ ਸ਼ਿਕਸ਼ਾ ਅਧਿਸ਼ਠਾਨ (ਵੀ ਬੀ ਐੱਸ ਏ) ਕਾਇਮ ਕਰਨ ਦੇ ਪ੍ਰਸਤਾਵਤ ਬਿੱਲ ਨਾਲ ਆਈ ਆਈ ਟੀ ਤੇ ਇੰਸਟੀਚਿਊਸ਼ਨਜ਼ ਆਫ ਐਕਸੇਲੈਂਸ ਵਰਗੇ ਵੱਡੇ ਅਦਾਰਿਆਂ ਦੀ ਅਕਾਦਮਿਕ ਖ਼ੁਦਮੁਖਤਾਰੀ ਨੂੰ ਖੋਰਾ ਲੱਗਣ ਦੀਆਂ ਚਿੰਤਾਵਾਂ ਜ਼ਾਹਰ ਕੀਤੀਆਂ ਜਾ ਰਹੀਆਂ ਹਨ। ਵੀ ਬੀ ਐੱਸ ਏ ਕਾਇਮ ਹੋਣ ਤੋਂ ਬਾਅਦ ਯੂਨੀਵਰਸਿਟੀ ਗਰਾਂਟਸ ਕਮਿਸ਼ਨ (ਯੂ ਜੀ ਸੀ), ਆਲ ਇੰਡੀਆ ਕੌਂਸਲ ਫਾਰ ਟੈਕਨੀਕਲ ਐਜੂਕੇਸ਼ਨ (ਏ ਆਈ ਸੀ ਟੀ ਈ) ਤੇ ਨੈਸ਼ਨਲ ਕੌਂਸਲ ਫਾਰ ਟੀਚਰ ਐਜੂਕੇਸ਼ਨ (ਐੱਨ ਸੀ ਟੀ ਈ) ਦੀ ਹੋਂਦ ਖਤਮ ਹੋ ਜਾਵੇਗੀ। ਇਸ ਵੇਲੇ ਸਾਂਝੀ ਸੰਸਦੀ ਕਮੇਟੀ ਦੇ ਵਿਚਾਰਾਧੀਨ ਬਿੱਲ ਪਾਸ ਹੋਣ ਤੋਂ ਬਾਅਦ 12 ਮੈਂਬਰੀ ਕਮਿਸ਼ਨ ਬਣੇਗਾ। ਇਸ ਵਿੱਚ ਰੈਗੂਲੇਟਰੀ ਕੌਂਸਲ ਤੇ ਐਕ੍ਰੇਡੀਸ਼ਨ ਕੌਂਸਲ ਹੋਵੇਗੀ। ਵੀ ਬੀ ਐੱਸ ਏ ਹੀ ਉੱਚ ਵਿਦਿਅਕ ਅਦਾਰਿਆਂ ਦੇ ਸਟੈਂਡਰਡ, ਐਕ੍ਰੇਡੀਸ਼ਨ ਤੇ ਰੈਗੂਲੇਸ਼ਨ ਤੈਅ ਕਰੇਗਾ।


ਮਾਹਰਾਂ ਦਾ ਕਹਿਣਾ ਹੈ ਕਿ ਵੀ ਬੀ ਐੱਸ ਏ ਅਦਾਰਿਆਂ ਦੀ ਖ਼ੁਦਮੁਖਤਾਰੀ ਲਈ ਸਭ ਤੋਂ ਵੱਡਾ ਖਤਰਾ ਬਣੇਗਾ। ਜਦੋਂ ਉਹ ਅਕੈਡਮਿਕ ਮਾਮਲਿਆਂ ਵਿੱਚ ਸਟੈਂਡਰਡ ਤੈਅ ਕਰ ਦੇਵੇਗਾ ਤਾਂ ਸਭ ਅਦਾਰਿਆਂ ਲਈ ਉਨ੍ਹਾਂ ਦੀ ਪਾਲਣਾ ਜ਼ਰੂਰੀ ਹੋਵੇਗੀ ਤੇ ਜੇ ਪਾਲਣਾ ਨਾ ਕੀਤੀ ਤਾਂ ਸਜ਼ਾ ਦੇ ਭਾਗੀ ਬਣਨਾ ਪਵੇਗਾ। ਇੰਸਟੀਚਿਊਸ਼ਨਜ਼ ਆਫ ਐਕਸੇਲੈਂਸ ਨੇ ਇਸ ਬਾਰੇ ਸਾਂਝੀ ਸੰਸਦੀ ਕਮੇਟੀ ਨੂੰ ਜਾਣੂੰ ਵੀ ਕਰਵਾਇਆ ਹੈ। ਕਈ ਆਈ ਆਈ ਟੀ ਨੇ ਵੀ ਸਿੱਖਿਆ ਮੰਤਰਾਲੇ ਕੋਲ ਅਜਿਹੀਆਂ ਚਿੰਤਾਵਾਂ ਜ਼ਾਹਰ ਕੀਤੀਆਂ ਹਨ। ਐੱਨ ਆਈ ਟੀ ਗੋਆ ਦੇ ਸਾਬਕਾ ਡਾਇਰੈਕਟਰ ਪ੍ਰੋਫੈਸਰ ਜੀ ਆਰ ਸੀ ਰੈੱਡੀ ਮੁਤਾਬਕ ਰੈਗੂਲੇਸ਼ਨਾਂ ਨੇ ਇੰਸਟੀਚਿਊਸ਼ਨਾਂ ਦੀ ਕਾਰਕਰਦਗੀ ਵਿੱਚ ਕਦੇ ਸੁਧਾਰ ਨਹੀਂ ਲਿਆਂਦਾ। ਆਈ ਆਈ ਟੀ, ਆਈ ਆਈ ਐੱਮ, ਦੀ ਇੰਡੀਅਨ ਇੰਸਟੀਚਿਊਟਸ ਆਫ ਸਾਇੰਸ ਐਜੂਕੇਸ਼ਨ ਐਂਡ ਰਿਸਰਚ (ਆਈ ਆਈ ਐੱਸ ਈ ਆਰ) ਅਤੇ ਐੱਨ ਆਈ ਟੀ ਨੂੰ ਯੂ ਜੀ ਸੀ ਨੇ ਕਦੇ ਰੈਗੂਲੇਟ ਨਹੀਂ ਕੀਤਾ, ਪਰ ਉਹ ਬਿਹਤਰ ਕਾਰਗੁਜ਼ਾਰੀ ਦਿਖਾ ਰਹੇ ਹਨ। ਸਾਰੇ ਅਦਾਰਿਆਂ ਨੂੰ ਇੱਕ ਰੈਗੂਲੇਟਰ ਦੇ ਥੱਲੇ ਲਿਆਉਣਾ ਤਬਾਹਕਾਰੀ ਹੋਵੇਗਾ। ਅਕਾਦਮਿਕ ਅਦਾਰਿਆਂ ਨੂੰ ਲਚਕਤਾ ਦੀ ਲੋੜ ਹੁੰਦੀ ਹੈ, ਕਠੋਰ ਨਿਯਮਾਂ ਦੀ ਨਹੀਂ। ਉਨ੍ਹਾਂ ਨੂੰ ਚੰਗੇ ਆਗੂਆਂ ਦੀ ਲੋੜ ਹੁੰਦੀ ਹੈ, ਜਿਹੜੇ ਉੱਚੇ ਸਟੈਂਡਰਡ ਕਾਇਮ ਕਰਨ ਤੇ ਅਦਾਰਿਆਂ ਦੇ ਵਿਕਾਸ ਵਿੱਚ ਮਦਦਗਾਰ ਸਾਬਤ ਹੋਣ। ਐੱਨ ਆਈ ਟੀ ਦੁਰਗਾਪੁਰ ਦੇ ਸਾਬਕਾ ਡਾਇਰੈਕਟਰ ਅਨੁਪਮ ਬਾਸੂ ਦਾ ਕਹਿਣਾ ਹੈ ਕਿ ਯੂ ਜੀ ਸੀ ਨੇ ਯੂਨੀਵਰਸਿਟੀਆਂ ਲਈ ਨਿਯਮ ਤੇ ਢਾਂਚਾ ਲਾਗੂ ਕਰਨ ਦੀ ਕੋਸ਼ਿਸ਼ ਕੀਤੀ ਸੀ, ਜਿਸ ਦਾ ਨਤੀਜਾ ਅਕਾਦਮਿਕ ਆਜ਼ਾਦੀ ਦੇ ਨਿਘਾਰ 'ਚ ਨਿਕਲਿਆ। ਇਹ ਤੈਅ ਕਰਨ ਦਾ ਫੈਸਲਾ ਅਦਾਰਿਆਂ ਦਾ ਹੋਣਾ ਚਾਹੀਦਾ ਹੈ ਕਿ ਕੋਰਸ ਕਿਹੜੇ ਹੋਣੇ ਚਾਹੀਦੇ ਹਨ ਤੇ ਪੜ੍ਹਾਈ ਕਿੰਨੇ ਘੰਟੇ ਹੋਣੀ ਚਾਹੀਦੀ ਹੈ। ਹਰ ਅਦਾਰੇ ਨੂੰ ਇੱਕੋ ਨਿਯਮ ਨਾਲ ਨਹੀਂ ਬੰਨ੍ਹਿਆ ਜਾਣਾ ਚਾਹੀਦਾ। ਜੇਕਰ ਵੀ ਬੀ ਐੱਸ ਏ ਨੇ ਯੂ ਜੀ ਸੀ ਵਾਂਗ ਕੰਮ ਕੀਤਾ ਅਤੇ ਆਈ ਆਈ ਟੀ, ਐੱਨ ਆਈ ਟੀ ਅਤੇ ਆਈ ਆਈ ਐੱਸ ਈ ਆਰ ਨੂੰ ਇੱਕੋ ਰੱਸੇ ਬੰਨ੍ਹਿਆ ਤਾਂ ਕੁਆਲਿਟੀ ਵਿੱਚ ਗਿਰਾਵਟ ਆਏਗੀ।

ਜੰਤਰ-ਮੰਤਰ ਦੇ ਵਿਦਿਆਰਥੀ ਅੰਦੋਲਨ ਤੋਂ ਬਾਅਦ ਇਹ ਦੇਖਣ ਵਾਲੀ ਗੱਲ ਹੋਵੇਗੀ ਕਿ ਮੋਦੀ ਸਰਕਾਰ ਵਿਦਿਅਕ ਅਦਾਰਿਆਂ 'ਤੇ ਕਬਜ਼ਾ ਜਮਾ ਕੇ ਸਿੱਖਿਆ ਦਾ ਭਗਵਾਂਕਰਨ ਕਰਨ ਦੇ ਆਪਣੇ ਏਜੰਡੇ ਨੂੰ ਲਾਗੂ ਕਰਨ ਲਈ ਬਿੱਲ ਪਾਸ ਕਰਵਾ ਕੇ ਸਾਹ ਲਵੇਗੀ ਜਾਂ ਨਵੇਂ ਅੰਦੋਲਨ ਦੇ ਡਰੋਂ ਬਿੱਲ ਨੂੰ ਹੋਲਡ 'ਤੇ ਰੱਖੇਗੀ।

# ਕੀ ਖਾਲਿਸਤਾਨ ਸਿੱਖਾਂ ਦੀ ਲੋੜ ਹੈ?

ਸਮਾਂ ਕਦੇ ਰੁਕਦਾ ਨਹੀਂ। ਸਮੇਂ ਨਾਲ ਜੁੜੀਆਂ ਸਥਿਤੀਆਂ ਅਤੇ ਹਾਲਤਾਂ ਸਮੇਂ ਨਾਲ ਹੀ ਗਤੀ ਕਰਦੀਆਂ ਅਤੇ ਪਲ-ਪਲ ਬਦਲਦੀਆਂ ਹਨ। ਕਿਸੇ ਵੀ ਸਮਾਜ ਜਾਂ ਕੌਮ ਦੀਆਂ ਲੋੜਾਂ ਅਤੇ ਉਮੰਗਾਂ ਵੀ ਸਮੇਂ ਅਨੁਸਾਰ ਆਪਣਾ ਰੂਪ, ਤੀਬਰਤਾ ਅਤੇ ਭਾਵੁਕਤਾ ਬਦਲਦੀਆਂ ਹਨ। ਸਮਾਜਿਕ, ਸਿਆਸੀ ਪ੍ਰਸ਼ਾਸਕੀ ਖੇਤਰਾਂ ਵਿੱਚ ਇਹ ਤਬਦੀਲੀਆਂ ਅਕਸਰ ਪ੍ਰਗਟ ਹੁੰਦੀਆਂ ਰਹਿੰਦੀਆਂ ਹਨ। ਖਾਲਿਸਤਾਨ ਦਾ ਮੁੱਦਾ ਵੀ ਅਜਿਹਾ ਹੀ ਮੁੱਦਾ ਹੈ, ਜੋ ਭਾਵਨਾਤਮਕ ਹੋਣ ਕਾਰਨ ਸਧਾਰਨ ਵਿਆਖਿਆ ਤੋਂ ਪਰੇ ਹੈ। ਸਿੱਖ ਇਤਿਹਾਸ਼ ਵਿੱਚ ਖਾਲਸੇ ਦਾ ਜਨਮ (1699) ਇੱਕ ਅਜਿਹਾ ਪੜਾਅ ਹੈ, ਜਿਸ ਉਪ੍ਰੰਤ ਖਾਲਸੇ ਦਾ ਵਾਹ ਹਿੰਦੂ ਅਤੇ ਇਸਲਾਮਿਕ ਕਰਮ ਕਾਂਡਾਂ ਅਤੇ ਮਾਨਤਾਵਾਂ ਤੋਂ ਹਟ ਕੇ ਹਕੂਮਤਾਂ ਨਾਲ ਪੈਣਾ ਸ਼ੁਰੂ ਹੋਇਆ। ਹਿੰਦੂ ਅਤੇ ਇਸਲਾਮਿਕ ਕਰਮ ਕਾਂਡਾਂ ਤੋਂ ਇਹ ਲੋਕ ਪਹਿਲਾਂ ਹੀ ਇੱਕ ਵੱਖਰੀ ਧਾਰਮਿਕ ਸ਼ੈਲੀ ਅਪਣਾ ਚੁੱਕੇ ਸਨ, ਜਿਸ ਨੂੰ ਹੁਣ ਵਿਰੋਧ ਦੀ ਥਾਂਹ ਮਾਨਤਾ ਮਿਲ ਚੁੱਕੀ ਸੀ। ਸ੍ਰੀ ਅਨੰਦਪੁਰ ਸਾਹਿਬ ਦਾ ਕਿਲ੍ਹਾ ਛੱਡਣ (20 ਦਸੰਬਰ 1704) ਤੋਂ ਸਿੱਖ ਰਾਜ ਦੀ ਸਥਾਪਤੀ (ਲਾਹੌਰ ਉੱਤੇ ਮਹਾਰਾਜਾ ਰਣਜੀਤ ਸਿੰਘ ਦਾ ਕਬਜ਼ਾ ਜੁਲਾਈ 1799) ਤੱਕ ਖਾਲਸਾ ਪੰਜਾਬ (ਦਿੱਲੀ ਤੋਂ ਪਿਸ਼ਾਵਰ) ਵਿੱਚ ਰਾਜਨੀਤਕ ਸ਼ਕਤੀਆਂ ਨਾਲ ਜੂਝਦਾ ਰਿਹਾ। ਖਾਲਸਾ ਰਾਜ ਦੀ ਸਥਾਪਤੀ ਇਹਦੀ ਸੈਨਿਕ ਅਤੇ ਪ੍ਰਸ਼ਾਸਕੀ ਸ਼ਾਨ ਇੱਕ ਅਜਿਹਾ ਇਤਿਹਾਸਕ ਅਨੁਭਵ ਹੈ ਕਿ ਇਸ ਰਾਜ ਦੇ ਖੁਸਣ ਨਾਲ ਇਹ ਇਤਿਹਾਸ਼ਕ ਅਨੁਭਵ ਹੁਣ ਸਿੱਖਾਂ ਦੇ ਮਨ ਵਿੱਚ ਇਕ ਚੀਸ ਬਣ ਕੇ ਉਭਰਦਾ ਹੈ ਅਤੇ ਆਪ-ਹੁਦਰੇ ਹੀ ਅੰਦਰੋਂ ਉਠਦਾ ਹੈ, ਖਾਲਿਸਤਾਨ।

ਪਰ ਖਾਲਸਾ ਰਾਜ ਖੁਸਣ ਤੋਂ ਬਾਅਦ ਦੇਸ਼ ਦੀ ਅਜ਼ਾਦੀ ਤੱਕ ਸਿੱਖਾਂ ਲਈ ਹਿੰਦੁਸਤਾਨ ਹੀ ਸਭ ਕੁਝ ਸੀ। ਹਾਲਾਂ ਕਿ ਗੁਰੂ ਨਾਨਕ ਅਤੇ ਬਾਕੀ ਗੁਰੂ ਸਾਹਿਬਾਨਾ ਦੀ ਭਾਵੇਂ ਕਰਮਭੂਮੀ ਹਿੰਦੁਸਤਾਨ ਸੀ, ਪਰ ਉਹਨਾਂ ਦਾ ਵਿਸ਼ਾ ਸਮੁੱਚੀ ਮਾਨਵਤਾ ਸੀ, ਸਗਲ ਜਗਤ ਸੀ। ਇਹ ਗੁਰੂ ਨਾਨਕ ਦੇਵ ਜੀ ਦੀਆਂ ਚਾਰ ਦਿਸ਼ਾਵਾਂ ਵਿੱਚ ਕੀਤੀਆਂ ਉਦਾਸੀਆਂ ਅਤੇ ਬਾਣੀ ਕਿਸੇ ਭੂਗੋਲਿਕ ਵਲਗਣ ਦੀਆਂ ਮੁਥਾਜ਼ ਨਹੀਂ। ਪੰਜ ਪਿਆਰਿਆਂ ਦਾ ਪਿਛੋਕੜ ਵੀ ਪੰਜਾਬ ਅਧਾਰਤ ਨਹੀਂ। ਇਹੀ ਕਾਰਨ ਹੈ ਕਿ ਪੰਜਾਬ ਦੇ ਗਦਰੀਆਂ, ਬੱਬਰਾਂ, ਇਨਕਲਾਬੀਆਂ, ਦੇਸ਼ ਭਗਤਾਂ ਦੀਆਂ ਕੁਰਬਾਨੀਆਂ ਹਿੰਦੁਸਤਾਨ ਲਈ ਸਨ, ਖਾਲਿਸਤਾਨ ਲਈ ਨਹੀਂ ਸਨ। ਸਚਾਈ ਇਹ ਹੈ ਕਿ ਲੋਕ ਸਮਝ ਚੁੱਕੇ ਸਨ ਕਿ ਅਜ਼ਾਦ ਹਿੰਦੁਸਤਾਨ ਵਿੱਚ ਹਰ ਕਿਸੇ ਵਾਂਗ ਸਿੱਖਾਂ ਨੂੰ, ਸਿੱਖੀ ਨੂੰ ਵਿਕਾਸ ਕਰਨ ਦੇ ਪੂਰੇ ਮੌਕੇ ਅਤੇ ਅਵਸਥਾਵਾਂ ਮਿਲਣਗੀਆਂ।



ਸੁੱਚਾ ਸਿੰਘ ਖੱਟੜਾ

ਦੇਸ਼ ਦੀ ਅਜ਼ਾਦੀ ਦੀ ਲੜਾਈ ਦੌਰਾਨ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਅਕਾਲੀ ਦਲ ਹੋਂਦ ਵਿੱਚ ਆਏ। ਇਹਨਾਂ ਸੰਸਥਾਵਾਂ ਨੇ ਉਹਨਾਂ ਸਮਿਆਂ ਵਿੱਚ ਕਦੇ ਖਾਲਿਸਤਾਨ ਦੀ ਮੰਗ ਨਹੀਂ ਕੀਤੀ। ਅਜ਼ਾਦੀ ਉਪਰੰਤ ਪੰਜਾਬ ਸੂਬੇ ਲਈ ਮੋਰਚਾ ਚਲਿਆ। ਦਰਸ਼ਨ ਫੇਰੂਮਾਨ ਵਰਗਿਆਂ ਦੀ ਸ਼ਹਾਦਤ ਹੋਈ। ਪੰਜਾਬੀ ਸੂਬਾ ਮਿਲ ਗਿਆ। ਅਜ਼ਾਦੀ ਉਪਰੰਤ ਪੰਜਾਬ ਅੰਦਰ ਖੇਤਰੀ ਪਾਰਟੀ ਅਕਾਲੀ ਦਲ ਦੀ ਅਗਵਾਈ ਵਾਲੀਆਂ ਅਤੇ ਕੌਮੀ ਪਾਰਟੀ ਕਾਂਗਰਸ ਦੀਆਂ ਹਕੂਮਤਾਂ ਚੱਲੀਆਂ। ਕਿਸੇ ਨੇ ਖਾਲਿਸਤਾਨ ਦਾ ਨਾਂਅ ਤੱਕ ਨਹੀਂ ਲਿਆ, ਪਰ ਇਹ ਸ਼ਬਦ ਇਹ ਮੁੱਦਾ ਫਿਰ ਵੀ ਕਰਾਮਤੀ ਸ਼ਕਤੀ ਰੱਖਦਾ ਹੈ। ਕਈਆਂ ਲਈ ਇਹ ਜ਼ਿੰਦਗੀ ਵਾਂਗ ਪਿਆਰਾ ਹੈ ਅਤੇ ਕਈ ਹੋਰਨਾਂ ਲਈ ਮੌਤ ਵਾਂਗ ਡਰਾਉਣਾ ਹੈ। ਦੂਜੇ ਪਾਸੇ ਸਿੱਖੀ ਕਿਸੇ ਲਈ ਵੀ ਡਰਾਉਣੀ ਨਹੀਂ, ਸਗੋਂ ਬਹੁਤਾ ਕਰਕੇ ਸਤਿਕਾਰ ਦੀ ਪਾਤਰ ਹੀ ਵੇਖੀਦੀ ਹੈ।

1946 ਵਿੱਚ ਕੈਬਨਿਟ ਮਿਸ਼ਨ ਭਾਰਤ ਆਇਆ। ਪਾਕਿਸਤਾਨ ਹੋਂਦ ਵਿੱਚ ਆ ਗਿਆ। ਸਿੱਖਾਂ ਨੂੰ ਵੀ ਮੌਕਾ ਦਿੱਤਾ ਗਿਆ। ਕਈ ਬਦਲ ਵਿਚਾਰੇ ਗਏ। ਆਖਰ ਭਾਰਤ ਵਿੱਚ ਰਹਿਣ ਦਾ ਫੈਸਲਾ ਪ੍ਰਵਾਨ ਚੜ੍ਹਿਆ। ਉਸ ਵੇਲੇ ਦੀ ਸਿੱਖ ਲੀਡਰਸ਼ਿਪ ਨੂੰ ਅੱਜ ਤੱਕ ਇਹ ਆਖਿਆ ਜਾਂਦਾ ਹੈ ਕਿ ਉਹਨਾਂ ਖਾਲਿਸਤਾਨ ਨਾ ਲੈ ਕੇ ਇਤਿਹਾਸਕ ਗਲਤੀ ਕੀਤੀ। ਉਹਨਾਂ ਉੱਤੇ ਨਹਿਰੂ ਵੱਲੋਂ ਗੁੰਮਰਾਹ ਹੋਣ ਦਾ ਵੀ ਇਲਜ਼ਾਮ ਹੈ, ਪਰ ਅੱਜ ਵੱਡੀ ਗਿਣਤੀ ਸਿੱਖ ਭਾਰਤ ਨਾਲ ਰਹਿਣ ਵਾਲੇ ਫੈਸਲੇ ਨੂੰ ਉਸ ਲੀਡਰਸ਼ਿਪ ਦੀ ਦੂਰ-ਅੰਦੇਸ਼ੀ ਮੰਨਦੇ ਹਨ। ਉਹਨਾਂ ਦਾ ਵਿਚਾਰ ਹੈ ਕਿ ਭਾਰਤ ਵਿੱਚ ਰਹਿ ਕੇ ਪੰਜਾਬ ਨੂੰ ਨੰਗਲ ਭਾਖੜਾ ਮਿਲਿਆ। ਦੇਸ਼ ਦੀਆਂ ਤਿੰਨਾਂ ਸੈਨਾਵਾਂ ਦੀ ਵੱਖ-ਵੱਖ ਸਮਿਆਂ ਵਿੱਚ ਅਗਵਾਈ ਕਰਨ ਦੇ ਮੌਕੇ ਮਿਲੇ। ਦੂਜੇ ਸੁਰੱਖਿਆ ਬਲਾਂ ਵਿੱਚ ਵੀ ਉੱਚੇ ਅਹੁਦਿਆਂ ਵਿੱਚ ਰਹਿੰਦਿਆਂ ਅਗਵਾਈ ਕਰਨ ਦੇ ਮੌਕੇ ਮਿਲੇ। ਪਬਲਿਕ ਸਰਵਿਸ ਕਮਿਸ਼ਨ ਰਾਹੀਂ ਪੰਜਾਬ ਤੋਂ ਬਾਹਰ ਦੇਸ਼ ਦੇ ਵੱਖ-ਵੱਖ ਸੂਬਿਆਂ ਵਿੱਚ ਵਕਾਰੀ ਅਹੁਦੇ ਹਾਸਲ ਹੋਏ। ਕੇਂਦਰ ਸਰਕਾਰ ਦੇ ਅਨੇਕਾਂ ਵਕਾਰੀ ਅਹੁਦੇ ਮਿਲਦੇ ਰਹੇ। ਕੇਂਦਰੀ ਮੰਤਰੀ ਮੰਡਲ ਵਿੱਚ ਵਕਾਰੀ ਮਹਿਕਮਿਆਂ ਦੀ ਅਗਵਾਈ ਮਿਲੀ। ਦੇਸ਼ ਦਾ ਰਾਸ਼ਟਰਪਤੀ, ਪ੍ਰਧਾਨ ਮੰਤਰੀ ਬਣਨ ਦੇ ਮੌਕੇ ਮਿਲੇ। ਦੇਸ਼ ਦੇ ਕਿਸੇ ਵੀ ਕੋਣੇ ਵਿੱਚ ਕਾਰੋਬਾਰ ਕਰਨ ਦਾ ਵਿਸ਼ਾਲ ਖੇਤਰ ਹਾਸਲ ਹੈ। ਪੰਜਾਬੋਂ ਬਾਹਰ ਦੇਸ਼ ਦੇ ਕਿਸੇ ਵੀ ਗੁਰਦੁਆਰੇ ਦੇ ਦਰਸ਼ਨ ਕਰਨ ਜਾਣ ਲਈ ਕਿਸੇ ਪਾਸਪੋਰਟ/ਵੀਜ਼ੇ ਦੀ ਲੋੜ ਨਹੀਂ। ਕਰਨਾ ਜਾਂ ਨਹੀਂ ਕਰਨਾ, ਇਹ ਕਿਸੇ ਦੀ ਸਮਰੱਥਾ, ਇੱਛਾ ਹੋ ਸਕਦੀ ਹੈ, ਪਰ ਧਰਮ ਦਾ ਪ੍ਰਚਾਰ ਕਰਨ ਦੀ ਪੂਰੀ ਅਜ਼ਾਦੀ ਹੈ। ਉਪਰੋਕਤ ਵਿਚਾਰਾਂ ਵਾਲੇ ਸਿੱਖ ਤਬਕਿਆਂ ਦਾ ਮੰਨਣਾ ਹੈ ਕਿ ਸਿੱਖਾਂ ਅਤੇ ਸਿੱਖੀ ਦੇ ਵਿਕਾਸ ਲਈ ਭਾਰਤ ਦੇਸ਼ ਅਤੇ ਸੰਵਿਧਾਨ ਵਿਸ਼ਾਲ ਮੌਕਾ ਦਿੰਦੇ ਹਨ।

ਫਿਰ ਅਜਿਹਾ ਕਿਉਂ ਹੈ ਕਿ ਅੰਮ੍ਰਿਤਪਾਲ ਸਿੰਘ ਦੇ ਪੰਜਾਬ ਆ ਕੇ ਸਰਗਰਮ ਹੋਣ ਨਾਲ ਲੋਕਾਂ ਨੂੰ ਖਾਲਿਸਤਾਨ ਬਣਨ ਦੀਆਂ ਸੰਭਾਵਨਾਵਾਂ ਭਰਮਾਉਣ ਅਤੇ ਸਤਾਉਣ ਲੱਗ ਜਾਂਦੀਆਂ ਹਨ। ਹਕੀਕੀ ਹਾਲਾਤ ਇਹ ਹਨ ਕਿ ਸਿੱਖ ਅਬਾਦੀ ਦੇ ਦਾਅਵੇਦਾਰ ਅਕਾਲੀ ਦਲ ਬਾਦਲ, ਅਕਾਲੀ ਦਲ ਪੁਨਰ ਸੁਰਜੀਤ, ਅਕਾਲੀ ਦਲ ਮਾਨ, ਵਾਰਿਸ ਪੰਜਾਬ ਆਦਿ ਅਨੇਕਾਂ ਧੜੇ ਹਨ। ਸਿੱਖਾਂ ਵਿੱਚ ਕਾਂਗਰਸ ਪਾਰਟੀ ਦਾ ਹਿੱਸਾ ਕਿਸੇ ਤੋਂ ਘੱਟ ਨਹੀ। ਆਮ ਆਦਮੀ ਪਾਰਟੀ ਨੇ ਤਾਂ ਸਤਿਕਾਰ ਐਕਟ ਪਾਸ ਹੀ ਸਿੱਖ ਵੋਟਰਾਂ ਨੂੰ ਭਰਮਾਉਣ ਲਈ ਕੀਤਾ ਹੈ। ਭਾਜਪਾ ਸਿੱਖ ਚਿਹਰਿਆਂ ਦੀ ਆਪਣੇ ਅੰਦਰ ਗਿਣਤੀ ਵਧਾਉਣ ਦੀ ਮੁਹਿੰਮ ਉੱਤੇ ਹੈ। ਇਹਨਾਂ ਸਾਰੇ ਖੇਮਿਆਂ ਵਿੱਚੋਂ ਖਾਲਿਸਤਾਨ ਕਿਸੇ ਦਾ ਮੁੱਦਾ ਨਹੀਂ।

ਬਿਨਾਂ ਸ਼ੱਕ ਜਦੋਂ ਪਾਣੀਆਂ, ਇਲਾਕਿਆਂ, ਚੰਡੀਗੜ੍ਹ ਅਤੇ ਭਾਖੜਾ ਪ੍ਰਬੰਧਕੀ ਬੋਰਡ ਆਦਿ ਮੁੱਦਿਆਂ ਉੱਤੇ ਸਹਿਮਤੀਆਂ ਉਪਰੰਤ ਵੀ ਮੁੱਦੇ ਖੜੇ ਰੱਖੇ ਜਾਂਦੇ ਹਨ, ਤਾਂ ਬੁੱਧੀਜੀਵੀਆਂ ਤੱਕ ਲੋਕ ਨਿਰਾਸ਼ਾ ਵਿੱਚ ਆ ਜਾਂਦੇ ਹਨ। ਕਈ ਵੱਖਵਾਦ ਦੀਆਂ ਸੁਰਾਂ ਕੱਢਣ ਬੈਠ ਜਾਂਦੇ ਹਨ। ਲੋਕ ਇਨ੍ਹਾਂ ਸੁਰਾਂ ਨੂੰ ਸੁਣਨ ਵੀ ਲੱਗ ਜਾਂਦੇ ਹਨ।

1978 ਤੋਂ ਨੱਬੇਵਿਆਂ ਦੇ ਅੱਧ ਤੱਕ ਬਹੁਤ ਕੁਝ ਅਜਿਹਾ ਵਾਪਰਿਆ, ਜਿਸ ਦੇ ਅਨੇਕਾਂ ਪੜਾਅ ਹਨ। ਹਰ ਪੜਾਅ ਰੋਕਿਆ ਜਾ ਸਕਦਾ ਸੀ, ਪਰ ਮੌਕਾਪ੍ਰਸਤੀ ਨੇ ਕਿਸੇ ਵੀ ਪੜਾਅ 'ਤੇ ਕੁੱਝ ਵੀ ਕਰਨ ਨਹੀਂ ਦਿੱਤਾ। ਇਹ ਇਤਿਹਾਸਕ ਖੋਜ਼ ਦਾ ਵਿਸ਼ਾ ਹੈ। ਗਲ ਖਾਲਿਸਤਾਨ ਦੀ ਹੈ, ਜੋ ਗੁਰਬਾਣੀ ਅਤੇ ਸਿੱਖ ਇਤਿਹਾਸ ਦੋਨਾਂ ਦੇ ਉਲਟ ਹੈ, ਤਾਂ ਵੀ ਇਹ ਮੁੱਦਾ ਹੈ। 1978 ਤੋਂ ਨੱਬੇਵਿਆਂ ਦੇ ਅੱਧ ਤੱਕ ਦੇ ਘਟਨਾਕ੍ਰਮ ਨੂੰ ਖੋਜਣ ਲਈ ਇਤਿਹਾਸਕਾਰਾਂ ਦਾ ਕੋਈ ਪੈਨਲ ਬਣਾਉਣਾ ਚਾਹੀਦਾ ਹੈ। ਜਿਹੜਾ ਇਸ ਸਮੇਂ ਵਾਪਰੇ ਹਰ ਪਹਿਲੂ ਦਾ ਸੱਚ ਸਾਹਮਣੇ ਲਿਆਵੇ। ਮੰਤਵ ਕਿਸੇ ਨੂੰ ਕਿਸੇ ਵਿਰੁੱਧ ਉਭਾਰਨ ਦਾ ਨਹੀਂ, ਸਗੋਂ ਪੰਜਾਬੀ ਅਤੇ ਭਾਰਤੀ ਸਮਾਜ ਦੀ ਉਸ ਤਾਸੀਰ ਨੂੰ ਸਾਬਾਸ਼ੀ ਦੇਣਾ ਹੋਣਾ ਚਾਹੀਦਾ ਹੈ, ਜਿਸ ਸਦਕਾ ਮਾਹੌਲ ਫਿਰ ਆਮ ਵਰਗਾ ਹੁੰਦਾ ਰਿਹਾ।

# ਸੰਪਰਕ : 94176-52947

# ਸਿੱਖਿਆ ਨੂੰ ਰਾਸ਼ਟਰ ਨਿਰਮਾਣ ਦਾ ਸਾਧਨ ਬਣਾਉਣਾ ਹੋਵੇਗਾ

ਪਿਛਲੇ ਕੁਝ ਸਾਲਾਂ ਵਿੱਚ ਨੀਟ, ਯੂ ਜੀ ਸੀ-ਨੈੱਟ, ਸੀ ਯੂ ਈ ਟੀ, ਭਰਤੀ ਪ੍ਰੀਖਿਆਵਾਂ ਅਤੇ ਹੋਰ ਮੁਕਾਬਲੇ ਦੀਆਂ ਪ੍ਰੀਖਿਆਵਾਂ ਨਾਲ ਜੁੜੇ ਪੇਪਰ ਲੀਕ ਅਤੇ ਬੇਨਿਯਮੀਆਂ ਨੇ ਨੌਜਵਾਨਾਂ ਦਾ ਵਿਸ਼ਵਾਸ ਹਿਲਾ ਦਿੱਤਾ ਹੈ, ਪਰ ਅਸਲ ਸਵਾਲ ਇਹ ਹੈ ਕਿ ਕੀ ਸਮੱਸਿਆ ਸਿਰਫ਼ ਪੇਪਰ ਲੀਕ ਹੈ? ਜਵਾਬ ਹੈ—ਨਹੀਂ।

ਸਮੱਸਿਆ ਪੂਰੇ ਸਿੱਖਿਆ ਪ੍ਰਬੰਧ ਦੀ ਹੈ, ਜੋ ਵਿਦਿਆਰਥੀਆਂ ਨੂੰ ਗੁਣਵੱਤਾ ਵਾਲੀ ਸਿੱਖਿਆ, ਬਰਾਬਰ ਮੌਕੇ ਅਤੇ ਰੁਜ਼ਗਾਰ ਦੀ ਗਾਰੰਟੀ ਦੇਣ ਵਿੱਚ ਅਸਫ਼ਲ ਰਿਹਾ ਹੈ।ਅੱਜ ਸਰਕਾਰੀ ਸਕੂਲਾਂ ਅਤੇ ਕਾਲਜਾਂ ਨੂੰ ਅਣਗੌਲਿਆ ਕੀਤਾ ਜਾ ਰਿਹਾ ਹੈ, ਜਦਕਿ ਨਿੱਜੀ ਸਿੱਖਿਆ ਸੰਸਥਾਵਾਂ ਮਹਿੰਗੀ ਸਿੱਖਿਆ ਨੂੰ ਇੱਕ ਕਾਰੋਬਾਰ ਵਿੱਚ ਬਦਲ ਰਹੀਆਂ ਹਨ। ਕੋਚਿੰਗ ਸੈਂਟਰਾਂ ਦੀ ਅਰਬਾਂ ਰੁਪਏ ਦੀ ਇੰਡਸਟਰੀ ਇਸ ਗੱਲ ਦਾ ਸਬੂਤ ਹੈ ਕਿ ਆਮ ਸਿੱਖਿਆ ਪ੍ਰਣਾਲੀ ਵਿਦਿਆਰਥੀਆਂ ਨੂੰ ਪ੍ਰਤੀਯੋਗੀ ਪ੍ਰੀਖਿਆਵਾਂ ਲਈ ਤਿਆਰ ਕਰਨ ਵਿੱਚ ਅਸਫ਼ਲ ਹੋ ਰਹੀ ਹੈ। ਪਿੰਡਾਂ, ਗਰੀਬ ਅਤੇ ਮੱਧ ਵਰਗੀ ਪਰਵਾਰਾਂ ਦੇ ਵਿਦਿਆਰਥੀ ਇਸ ਅਸਮਾਨਤਾ ਦਾ ਸਭ ਤੋਂ ਵੱਧ ਸ਼ਿਕਾਰ ਬਣਦੇ ਹਨ।

ਇਸ ਪ੍ਰਸੰਗ ਵਿੱਚ ਡਾ. ਡੀ ਐਸ ਕੋਠਾਰੀ ਅਤੇ ਉਨ੍ਹਾ ਦੀ ਅਗਵਾਈ ਹੇਠ ਬਣੇ ਕੋਠਾਰੀ ਕਮਿਸ਼ਨ (1964-66) ਦੀਆਂ ਸਿਫ਼ਾਰਸ਼ਾਂ ਅੱਜ ਪਹਿਲਾਂ ਨਾਲੋਂ ਵੀ ਵੱਧ ਪ੍ਰਸੰਗਿਕ ਲੱਗਦੀਆਂ ਹਨ। ਡਾ. ਕੋਠਾਰੀ ਦਾ ਸਪੱਸ਼ਟ ਮਤ ਸੀ ਕਿ ਕਿਸੇ ਵੀ ਦੇਸ਼ ਦਾ ਭਵਿੱਖ ਉਸ ਦੇ ਸਕੂਲਾਂ ਦੀਆਂ ਕਲਾਸਾਂ ਵਿੱਚ ਬਣਦਾ ਹੈ। ਉਹ ਸਿੱਖਿਆ ਨੂੰ ਸਿਰਫ਼ ਡਿਗਰੀ ਹਾਸਲ ਕਰਨ ਦਾ ਸਾਧਨ ਨਹੀਂ, ਸਗੋਂ ਸਮਾਜਿਕ ਬਦਲਾਅ ਅਤੇ ਰਾਸ਼ਟਰ ਨਿਰਮਾਣ ਦਾ ਸਭ ਤੋਂ ਵੱਡਾ ਹਥਿਆਰ ਮੰਨਦੇ ਸਨ।

ਕੋਠਾਰੀ ਕਮਿਸ਼ਨ ਨੇ ਕਈ ਦੂਰਦਰਸ਼ੀ ਸਿਫ਼ਾਰਸ਼ਾਂ ਕੀਤੀਆਂ ਸਨ—

ਦੇਸ਼ ਭਰ ਵਿੱਚ ਸਾਂਝੀ ਸਕੂਲ ਪ੍ਰਣਾਲੀ ਲਾਗੂ ਕੀਤੀ ਜਾਵੇ ਤਾਂ ਜੋ ਅਮੀਰ ਅਤੇ ਗਰੀਬ ਦੇ ਬੱਚੇ ਇੱਕੋ ਜਿਹੀ ਗੁਣਵੱਤਾ ਵਾਲੀ ਸਿੱਖਿਆ ਪ੍ਰਾਪਤ ਕਰ ਸਕਣ।

ਸਿੱਖਿਆ 'ਤੇ ਜੀ ਡੀ ਪੀ ਦਾ ਘੱਟੋ-ਘੱਟ 6 ਫ਼ੀਸਦੀ ਖਰਚ ਕੀਤਾ ਜਾਵੇ।

ਵਿਗਿਆਨਕ ਸੋਚ, ਤਰਕਸ਼ੀਲਤਾ ਅਤੇ ਸਮਾਜਿਕ ਜ਼ਿੰਮੇਵਾਰੀ ਨੂੰ ਸਿੱਖਿਆ ਦਾ ਕੇਂਦਰ ਬਣਾਇਆ ਜਾਵੇ।ਮਾਤ ਭਾਸ਼ਾ ਵਿੱਚ ਸਿੱਖਿਆ ਨੂੰ ਉਤਸ਼ਾਹਤ ਕੀਤਾ ਜਾਵੇ ਅਤੇ 10+2+3 ਪ੍ਰਣਾਲੀ ਲਾਗੂ ਕੀਤੀ ਜਾਵੇ।ਅਧਿਆਪਕ ਦੀ ਸਮਾਜਿਕ ਅਤੇ ਆਰਥਿਕ ਸਥਿਤੀ ਮਜ਼ਬੂਤ ਕੀਤੀ ਜਾਵੇ।ਸਿੱਖਿਆ ਨੂੰ ਬਾਜ਼ਾਰ ਦੀਆਂ ਲੋੜਾਂ ਦੀ ਬਜਾਏ ਸਮਾਜ ਅਤੇ ਦੇਸ਼ ਦੇ ਵਿਕਾਸ ਨਾਲ ਜੋੜਿਆ ਜਾਵੇ।



ਐੱਮ ਐੱਸ ਭਾਟੀਆ

ਅਫ਼ਸੋਸ ਦੀ ਗੱਲ ਹੈ ਕਿ ਕੋਠਾਰੀ ਕਮਿਸ਼ਨ ਦੀਆਂ ਸਭ ਤੋਂ ਮਹੱਤਵਪੂਰਨ ਸਿਫ਼ਾਰਸ਼ਾਂ ਨੂੰ ਕਦੇ ਵੀ ਪੂਰੀ ਤਰ੍ਹਾਂ ਲਾਗੂ ਨਹੀਂ ਕੀਤਾ ਗਿਆ। ਜੀ ਡੀ ਪੀ ਦਾ 6 ਫ਼ੀਸਦੀ ਦਾ ਟੀਚਾ ਅੱਜ ਵੀ ਅਧੂਰਾ ਹੈ। ਸਾਂਝੀ ਸਕੂਲ ਪ੍ਰਣਾਲੀ ਦੀ ਥਾਂ ਸਿੱਖਿਆ ਵਿੱਚ ਵਰਗ-ਅਧਾਰਤ ਵੰਡ ਹੋਰ ਡੂੰਘੀ ਹੋ ਗਈ ਹੈ। ਇੱਕ ਪਾਸੇ ਮਹਿੰਗੇ ਨਿੱਜੀ ਸਕੂਲ ਹਨ, ਦੂਜੇ ਪਾਸੇ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਸਹੂਲਤਾਂ ਦੀ ਘਾਟ ਹੈ।

ਨਵੀਂ ਸਿੱਖਿਆ ਨੀਤੀ -2020 ਨੂੰ ਸਰਕਾਰ ਵੱਲੋਂ ਇਤਿਹਾਸਕ ਦੱਸਿਆ ਜਾ ਰਿਹਾ ਹੈ, ਪਰ ਵਿਦਿਆਰਥੀਆਂ ਅਤੇ ਅਧਿਆਪਕਾਂ ਦਾ ਇੱਕ ਵੱਡਾ ਵਰਗ ਮੰਨਦਾ ਹੈ ਕਿ ਇਸ ਨਾਲ ਸਿੱਖਿਆ ਦੇ ਵਪਾਰੀਕਰਨ ਨੂੰ ਹੋਰ ਤਾਕਤ ਮਿਲੇਗੀ। ਉੱਚ ਸਿੱਖਿਆ ਵਿੱਚ ਫ਼ੀਸਾਂ ਦਾ ਵਾਧਾ, ਠੇਕੇ ਤੇ ਅਧਿਆਪਕਾਂ ਦੀ ਭਰਤੀ, ਸਰਕਾਰੀ ਸੰਸਥਾਵਾਂ ਦੀ ਕਮਜ਼ੋਰੀ ਅਤੇ ਨਿੱਜੀ ਨਿਵੇਸ਼ ਨੂੰ ਉਤਸ਼ਾਹਤ ਕਰਨ ਵਾਲੀਆਂ ਨੀਤੀਆਂ ਇਸ ਚਿੰਤਾ ਨੂੰ ਹੋਰ ਗੰਭੀਰ ਬਣਾਉਂਦੀਆਂ ਹਨ।

ਸਰਕਾਰ ਨੂੰ ਚਾਹੀਦਾ ਹੈ ਕਿ ਉਹ ਇਸ ਸੰਘਰਸ਼ ਨੂੰ ਕਾਨੂੰਨ-ਵਿਵਸਥਾ ਦੀ ਸਮੱਸਿਆ ਵਜੋਂ ਨਾ ਵੇਖੇ, ਸਗੋਂ ਨੌਜਵਾਨਾਂ ਦੀ ਜਾਇਜ਼ ਚਿੰਤਾ ਵਜੋਂ ਸਮਝੇ। ਵਿਦਿਆਰਥੀਆਂ 'ਤੇ ਲਾਠੀਚਾਰਜ ਜਾਂ ਗ੍ਰਿਫ਼ਤਾਰੀਆਂ ਨਾਲ ਸਮੱਸਿਆ ਦਾ ਹੱਲ ਨਹੀਂ ਨਿਕਲੇਗਾ। ਹੱਲ ਤਾਂ ਇੱਕ ਭਰੋਸੇਯੋਗ, ਪਾਰਦਰਸ਼ੀ, ਸਮਾਨਤਾ-ਅਧਾਰਤ ਅਤੇ ਵਿਗਿਆਨਕ ਸਿੱਖਿਆ ਪ੍ਰਣਾਲੀ ਬਣਾਉਣ ਵਿੱਚ ਹੈ।

ਅੱਜ ਜਦੋਂ ਭਾਰਤ ਦੁਨੀਆ ਦੀ ਸਭ ਤੋਂ ਵੱਡੀ ਨੌਜਵਾਨ ਆਬਾਦੀ ਵਾਲਾ ਦੇਸ਼ ਹੈ, ਤਾਂ ਸਿੱਖਿਆ ਨੂੰ ਸਿਰਫ਼ ਇਮਤਿਹਾਨਾਂ ਅਤੇ ਡਿਗਰੀਆਂ ਤੱਕ ਸੀਮਤ ਰੱਖਣਾ ਦੇਸ਼ ਦੇ ਭਵਿੱਖ ਨਾਲ ਖੇਡਣ ਦੇ ਬਰਾਬਰ ਹੈ। ਜੇਕਰ ਅਸੀਂ ਸੱਚਮੁੱਚ ਇੱਕ ਵਿਕਸਤ ਅਤੇ ਵਿਗਿਆਨਕ ਭਾਰਤ ਬਣਾਉਣਾ ਚਾਹੁੰਦੇ ਹਾਂ, ਤਾਂ ਸਾਨੂੰ ਡਾ. ਡੀ ਐੱਸ ਕੋਠਾਰੀ ਦੀ ਉਸ ਸੋਚ ਵੱਲ ਮੁੜਨਾ ਪਵੇਗਾ, ਜਿਸ ਵਿੱਚ ਸਿੱਖਿਆ ਨੂੰ ਸਮਾਜਿਕ ਨਿਆਂ, ਬਰਾਬਰੀ ਅਤੇ ਰਾਸ਼ਟਰ ਨਿਰਮਾਣ ਦਾ ਆਧਾਰ ਮੰਨਿਆ ਗਿਆ ਸੀ।

ਸਭ ਤੋਂ ਵੱਧ ਚਿੰਤਾ ਦਾ ਵਿਸ਼ਾ ਇਹ ਹੈ ਕਿ ਆਪਣੀਆਂ ਜਾਇਜ਼ ਮੰਗਾਂ ਲਈ ਸ਼ਾਂਤਮਈ ਢੰਗ ਨਾਲ ਸੰਘਰਸ਼ ਕਰ ਰਹੇ ਵਿਦਿਆਰਥੀਆਂ ਅਤੇ ਨੌਜਵਾਨਾਂ ਨਾਲ ਸਰਕਾਰ ਦਾ ਵਤੀਰਾ ਲੋਕਤੰਤਰੀ ਕਦਰਾਂ-ਕੀਮਤਾਂ ਦੇ ਅਨੁਕੂਲ ਨਹੀਂ।

ਇਸ ਦੇ ਬਾਵਜੂਦ ਜੇ ਸਰਕਾਰ ਗੱਲਬਾਤ ਦੀ ਥਾਂ ਦਮਨ, ਗ੍ਰਿਫ਼ਤਾਰੀਆਂ, ਪੁਲਸ ਬਲ ਜਾਂ ਹੋਰ ਪ੍ਰਸ਼ਾਸਨਿਕ ਦਬਾਅ ਦਾ ਸਹਾਰਾ ਲੈਂਦੀ ਹੈ ਤਾਂ ਇਹ ਨਾ ਸਿਰਫ਼ ਲੋਕਤੰਤਰ ਦੀ ਭਾਵਨਾ ਦੇ ਉਲਟ ਹੈ, ਸਗੋਂ ਨੌਜਵਾਨ ਪੀੜ੍ਹੀ ਵਿੱਚ ਨਿਰਾਸ਼ਾ ਅਤੇ ਬੇਭਰੋਸੇ ਨੂੰ ਵੀ ਵਧਾਉਂਦਾ ਹੈ।

ਕਿਸੇ ਵੀ ਲੋਕਤੰਤਰੀ ਸਰਕਾਰ ਦੀ ਤਾਕਤ ਆਪਣੇ ਨਾਗਰਿਕਾਂ ਦੀ ਆਵਾਜ਼ ਨੂੰ ਦਬਾਉਣ ਵਿੱਚ ਨਹੀਂ, ਸਗੋਂ ਉਸ ਨੂੰ ਧੀਰਜ ਨਾਲ ਸੁਣਨ ਅਤੇ ਉਸ ਦਾ ਨਿਆਂਪੂਰਨ ਹੱਲ ਕੱਢਣ ਵਿੱਚ ਹੁੰਦੀ ਹੈ। ਵਿਦਿਆਰਥੀਆਂ ਨੂੰ ਵਿਰੋਧੀ ਜਾਂ ਕਾਨੂੰਨ-ਵਿਵਸਥਾ ਦੀ ਸਮੱਸਿਆ ਵਜੋਂ ਨਹੀਂ, ਸਗੋਂ ਦੇਸ਼ ਦੀ ਸਭ ਤੋਂ ਕੀਮਤੀ ਮਨੁੱਖੀ ਸੰਪਤੀ ਵਜੋਂ ਦੇਖਿਆ ਜਾਣਾ ਚਾਹੀਦਾ ਹੈ।

ਜੇ ਅੱਜ ਵੀ ਨੌਜਵਾਨਾਂ ਦੀ ਆਵਾਜ਼ ਨੂੰ ਅਣਸੁਣਿਆ ਕੀਤਾ ਗਿਆ ਤਾਂ ਇਸ ਦਾ ਨੁਕਸਾਨ ਸਿਰਫ਼ ਇੱਕ ਪੀੜ੍ਹੀ ਨੂੰ ਨਹੀਂ, ਸਗੋਂ ਪੂਰੇ ਦੇਸ਼ ਨੂੰ ਭੁਗਤਣਾ ਪਵੇਗਾ। ਇਸ ਲਈ ਸਮੇਂ ਦੀ ਮੰਗ ਹੈ ਕਿ ਸਰਕਾਰ ਵਿਦਿਆਰਥੀਆਂ ਅਤੇ ਨੌਜਵਾਨਾਂ ਦੀਆਂ ਜਾਇਜ਼ ਅਤੇ ਹਕੀਕਤ-ਅਧਾਰਤ ਮੰਗਾਂ ਨੂੰ ਸਵੀਕਾਰ ਕਰਕੇ ਸਿੱਖਿਆ ਪ੍ਰਣਾਲੀ ਵਿੱਚ ਲੋੜੀਂਦੇ ਸੁਧਾਰ ਲਿਆਵੇ। ਇਹੀ ਲੋਕਤੰਤਰ ਦਾ ਰਾਹ ਹੈ ਅਤੇ ਇਹੀ ਭਾਰਤ ਦੇ ਭਵਿੱਖ ਨੂੰ ਮਜ਼ਬੂਤ ਕਰਨ ਦਾ ਸਭ ਤੋਂ ਸਹੀ ਰਸਤਾ ਹੈ।


# ਸੰਪਰਕ : 99884-91002

# ਵਿਗਿਆਨਕ ਵਿਚਾਰ ਅਪਨਾਉਣਾ ਹੀ ਮਨੁੱਖ ਦਾ ਅਗਲਾ ਜਨਮ

ਸਾਡੇ ਸਮਾਜ ਵਿੱਚ ਆਮ ਮਾਨਤਾ ਹੈ ਕਿ ਮਨੁੱਖ ਮੌਤ ਉਪਰੰਤ ਕਿਸੇ ਹੋਰ ਜੀਵ ਦੀ ਜੂਨੀ ਵਿੱਚ ਅਗਲਾ ਜਨਮ ਲੈਂਦਾ ਹੈ। ਇਹ ਵੀ ਮੰਨਿਆ ਜਾਂਦਾ ਹੈ 84 ਲੱਖ ਜੂਨਾਂ ਭੋਗਣ ਉਪਰੰਤ ਜੀਵ ਨੂੰ ਮਨੁੱਖਾ ਜੂਨੀ ਪ੍ਰਾਪਤ ਹੁੰਦੀ ਹੈ, ਜੋ ਉਸ ਨੂੰ ਰੱਬ ਨੂੰ ਮਿਲਣ, ਸਵਰਗ ਅਤੇ ਜੰਮਣ-ਮਰਨ ਤੋਂ ਮੁਕਤੀ ਦੀ ਪ੍ਰਾਪਤੀ ਕਰਨ ਲਈ ਮਿਲਦੀ ਹੈ।ਇੱਕ ਪਾਸੇ ਸਾਰੇ ਧਰਮ ਮਾੜੇ-ਮੋਟੇ ਫਰਕ ਨਾਲ ਇਹਨਾਂ ਮਾਨਤਾਵਾਂ ਨੂੰ ਹਰ ਰੋਜ਼ ਆਪਣੇ ਧਰਮ ਅਸਥਾਨਾਂ ਵਿੱਚ ਵੱਡੀ ਪੱਧਰ 'ਤੇ ਪ੍ਰਚਾਰ ਕੇ, ਮਨੁੱਖ ਨੂੰ ਇਸ ਮਾਰਗ ਉੱਪਰ ਚੱਲਣ ਦੇ ਉਪਦੇਸ਼ ਦਿੰਦਿਆਂ ਨੂੰ ਆਪਾਂ ਸਭ ਵੇਖਦੇ ਹਾਂ।

ਦੂਜੇ ਪਾਸੇ ਇਹਨਾਂ ਵੱਲੋਂ ਇਹ ਵੀ ਕਿਹਾ ਜਾਂਦਾ ਹੈ ਕਿ ਮਨੁੱਖ ਆਇਆ ਵੀ ਰੱਬ ਕੋਲੋਂ ਹੈ ਅਤੇ ਅੰਤ ਵੇਲੇ ਜਾਣਾ ਵੀ ਉਸੇ ਕੋਲ ਹੈ। ਇਹ ਸੁਣ ਕੇ ਸਵਾਲ ਪੈਦਾ ਹੁੰਦਾ ਹੈ ਕਿ ਜੇ ਮਨੁੱਖ ਆਇਆ ਵੀ ਉਸੇ ਕੋਲੋਂ ਹੈ ਤੇ ਜਾਣਾ ਵੀ ਉਸੇ ਕੋਲ ਹੈ ਤਾਂ ਉਸ ਨੂੰ ਇੱਥੇ ਲੱਭਣ ਦੇ ਪ੍ਰਵਚਨ ਕਿਉਂ ਕੀਤੇ ਜਾਂਦੇ ਹਨ, ਪਰ ਮਨੁੱਖ ਇਹਨਾਂ ਨੂੰ ਸੁਣ ਕੇ 'ਅਣ ਦੇਖੇ ਰੱਬ' ਨੂੰ ਮਿਲਣ ਲਈ ਦਿੱਤੇ ਉਪਦੇਸ਼ਾਂ ਅਨੁਸਾਰ ਕੋਸ਼ਿਸ਼ ਕਰਦਾ ਰਹਿੰਦਾ ਹੈ, ਪਰ ਉਸ ਦੀ ਇੱਛਾ ਨੂੰ ਕਦੀ ਵੀ ਬੂਰ ਨਹੀਂ ਪਿਆ। ਇਸ ਦੇ ਬਾਵਜੂਦ ਉਹ ਸਾਰੀ ਉਮਰ ਇਸ ਇੱਛਾ ਨੂੰ ਬਰਕਰਾਰ ਰੱਖਦਾ ਹੈ ਅਤੇ ਅੰਤ ਬਿਨਾਂ ਕਿਸੇ ਪ੍ਰਾਪਤੀ ਤੋਂ ਇਸ ਦੁਨੀਅਜ ਨੂੰ ਸਦੀਵੀ ਅਲਵਿਦਾ ਆਖ ਜਾਂਦਾ ਹੈ। ਫਿਰ ਅੰਤਮ ਰਸਮਾਂ ਨਿਭਾਉਣ ਲਈ ਵੀ ਉਹੀ ਉਪਦੇਸ਼ ਦੇਣ ਵਾਲੇ ਆ ਪਹੁੰਚਦੇ ਹਨ ਅਤੇ 'ਵਿੱਛੜੀ ਰੂਹ' ਨੂੰ ਉਸ ਰੱਬ ਦੇ ਚਰਨਾਂ ਵਿੱਚ ਨਿਵਾਸ ਦੇਣ ਲਈ ਬੇਨਤੀਆਂ ਕਰਦੇ ਹਨ, ਜਿਹੜੇ ਉਸ ਦੇ ਜਿਉਂਦੇ ਸਮੇਂ ਰੱਬ ਨਾਲ ਮਿਲਣ ਦੇ ਢੰਗ ਦੱਸਦੇ ਰਹੇ ਸਨ। ਪਰਿਵਾਰਿਕ ਮੈਂਬਰ, ਸਕੇ ਸਬੰਧੀ, ਮਿੱਤਰ ਅਜਿਹੀਆਂ ਰਸਮਾਂ ਦੀ ਪੂਰਤੀ ਉਪਰੰਤ ਆਪਣੀ ਜ਼ਿੰਦਗੀ ਅੱਗੇ ਤੋਰਨ ਅਤੇ ਅਗਲੇ ਜਨਮ ਵਿੱਚ ਤਰ੍ਹਾਂ-ਤਰ੍ਹਾਂ ਦੀਆਂ ਇਛਾਵਾਂ ਦੀ ਪੂਰਤੀ ਲਈ ਜੁਟ ਜਾਂਦਾ ਹੈ, ਜਿਹਨਾਂ ਨੂੰ ਪੂਰਾ ਕਰਨ ਦੇ ਯਤਨ ਕਰਦਾ ਹੋਇਆ ਉਹਨਾਂ ਦਾ ਸੰਗੀ-ਸਾਥੀ ਇਸ ਦੁਨੀਆਂ 'ਚੋਂ ਰੁਖ਼ਸਤ ਹੋਇਆ।

ਲੋਕਾਂ ਵਿੱਚ ਉਪਰੋਕਤ ਵਿਸ਼ਵਾਸ ਬਣਾਈ ਰੱਖਣ ਲਈ, ਜਿੱਥੇ ਤਰ੍ਹਾਂ-ਤਰ੍ਹਾਂ ਦੇ ਧਰਮ ਅਸਥਾਨਾਂ ਅਤੇ ਡੇਰਿਆਂ ਦੇ 'ਮਹਾਂਪੁਰਖਾਂ' ਵੱਲੋਂ ਮਨੁੱਖ ਨੂੰ ਦੁੱਖਾਂ-ਕਲ਼ੇਸਾਂ ਵਾਲੀ ਜ਼ਿੰਦਗੀ ਤੋਂ ਮੁਕਤੀ ਦੇ ਜੋੜ-ਤੋੜ ਦੱਸ ਕੇ ਭਰਮਾਉਣ ਵਿੱਚ ਕਸਰ ਨਹੀਂ ਛੱਡੀ ਜਾਂਦੀ, ਉੱਥੇ ਸਰਕਾਰਾਂ ਵੀ ਇਸ ਕੰਮ ਨੂੰ ਚਲਦਾ ਰੱਖਣ ਲਈ ਬਰਾਬਰ ਦੀਆਂ ਭਾਈਵਾਲ ਹਨ। ਸਰਕਾਰਾਂ ਲੋਕਾਂ ਨੂੰ ਧਰਮ ਅਸਥਾਨਾਂ ਦੀਆਂ ਮੁਫ਼ਤ ਯਾਤਰਾਵਾਂ ਕਰਵਾਉਣ ਲਈ ਵਿਸ਼ੇਸ਼ ਬੱਸਾਂ, ਗੱਡੀਆਂ ਦੇ ਪ੍ਰਬੰਧ ਕਰਕੇ ਲੋਕਾਂ ਦੇ ਰੂੜ੍ਹੀਵਾਦੀ ਵਿਸ਼ਵਾਸਾਂ ਨੂੰ ਹੋਰ ਪੱਕਾ ਕਰਨ ਦਾ ਕੋਈ ਵੀ ਮੌਕਾ ਨਹੀਂ ਖੁੰਝਾਉਂਦੀਆਂ।ਭਾਵੇਂ ਸੰਵਿਧਾਨਿਕ ਤੌਰ 'ਤੇ ਕੋਈ ਵੀ ਸਰਕਾਰ ਕਿਸੇ ਧਾਰਮਿਕ ਕੰਮ ਲਈ ਖਰਚ ਨਹੀਂ ਕਰ ਸਕਦੀ, ਪਰ ਸਾਡੇ ਮੁਲਕ ਵਿਚ ਇਹ ਸਭ ਆਮ ਚੱਲ ਰਿਹਾ ਹੈ। ਸਰਕਾਰ ਅਤੇ ਹਰ ਮਨੁੱਖ ਦੀ ਵਿਗਿਆਨਿਕ ਵਿਚਾਰਾਂ ਨੂੰ ਪ੍ਰਫੁੱਲਤ ਕਰਨ ਦੀ ਸੰਵਿਧਾਨਿਕ ਜ਼ੁੰਮੇਵਾਰੀ ਹੈ, ਪਰ ਇਸ ਦੀ ਕੋਈ ਵੀ ਪ੍ਰਵਾਹ ਨਹੀਂ ਕੀਤੀ ਜਾ ਰਹੀ ਅਤੇ ਨਾ ਹੀ ਸੰਵਿਧਾਨ ਦੀ ਪਾਲਣਾ ਕਰਵਾਉਣ ਲਈ ਕਿਸੇ ਅਦਾਲਤ ਵੱਲੋਂ ਕੋਈ ਯਤਨ ਕੀਤਾ ਜਾ ਰਿਹਾ ਹੈ। ਸਰਕਾਰੀ ਤੌਰ 'ਤੇ ਜਿਹੜੇ ਧਰਮ ਅਸਥਾਨਾਂ ਦੀ ਯਾਤਰਾ ਲੋਕਾਂ ਨੂੰ ਕਰਵਾਈ ਜਾਂਦੀ ਹੈ, ਉਹਨਾਂ ਸਥਾਨਾਂ ਵਿੱਚ ਮਨੁੱਖਤਾ ਵਿਰੋਧੀ ਅਤੇ ਗੈਰ ਇਖ਼ਲਾਕੀ ਕਰਮ ਕਾਂਡ ਅਕਸਰ ਹੀ ਵਾਪਰਦੇ ਰਹਿੰਦੇ ਹਨ, ਉਹਨਾਂ ਨੂੰ ਕਦੀ ਵੀ ਕਿਸੇ ਰੱਬ ਨੇ ਨਹੀਂ ਰੋਕਿਆ। ਉਸ ਨੂੰ ਰੋਕਣ ਲਈ ਹਮੇਸ਼ਾ ਮਨੁੱਖ ਨੂੰ ਹੀ ਅੱਗੇ ਆਉਣਾ ਪੈਂਦਾ ਹੈ। ਇਹਨਾਂ ਧਰਮ ਅਸਥਾਨਾਂ ਵਿੱਚ ਲੋਕਾਂ ਦੀ ਧਾਰਮਿਕ ਆਸਥਾ ਬਣਾ ਕੇ ਰੱਖਣ ਅਤੇ ਉਹਨਾਂ ਨੂੰ ਅਗਲੇ ਜਨਮ ਵਿੱਚ ਅਮੀਰੀ ਮਿਲਣ ਅਤੇ ਮੌਜੂਦਾ ਸਮੇਂ ਪਰਿਵਾਰਕ ਸੁੱਖ-ਸ਼ਾਂਤੀ ਰਹਿਣ ਦੇ ਅੰਧਵਿਸ਼ਵਾਸੀ ਭਰੋਸੇ ਕਾਰਨ, ਉਹਨਾਂ ਦੀ ਦਾਨ ਪੁੰਨ ਕਰਨ ਦੀ ਭਾਵਨਾ ਨੂੰ ਮਾਇਆ ਇਕੱਠੀ ਕਰਨ ਦੇ ਸਾਧਨ ਵਜੋਂ ਵਰਤਿਆ ਜਾ ਰਿਹਾ ਹੈ। ਇਸੇ ਮਾਇਆ ਉਪਰ ਕਬਜ਼ਾ ਬਣਾ ਕੇ ਰੱਖਣ ਲਈ ਕਿੰਨੇ ਹੀ ਧਰਮ ਅਸਥਾਨਾਂ ਵਿੱਚ ਹੁੰਦੇ ਲੜਾਈ-ਝਗੜਿਆਂ ਤੋਂ ਕੋਈ ਵੀ ਅਣਜਾਣ ਨਹੀਂ। ਕਰੋੜਾਂ ਹੀ ਰੁਪਏ ਦੀ ਚੋਰੀ ਅਤੇ ਹੋ ਰਹੇ ਘਪਲਿਆਂ ਸਮੇਤ ਕਈ ਕੀਮਤੀ ਵਸਤਾਂ ਦੇ ਖੁਰਦ-ਬੁਰਦ ਦੇ ਮਾਮਲੇ ਅਕਸਰ ਹੀ ਅਜਿਹੇ ਧਰਮ ਅਸਥਾਨਾਂ ਦੀ ਚਰਚਾ ਦਾ ਵਿਸ਼ਾ ਬਣਦੇ ਆ ਰਹੇ ਹਨ। ਹੁਣ ਤਾਂ ਵਿਗਿਆਨ ਦੀ ਦੇਣ ਸੀ ਸੀ ਟੀ ਵੀ ਕੈਮਰੇ ਵੀ ਹਰ ਧਰਮ ਅਸਥਾਨ ਵਿੱਚ ਲੱਗ ਚੁੱਕੇ ਹਨ, ਜੋ ਉਸ ਦੀ ਰੱਖਿਆ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।



ਜਸਵੰਤ ਜੀਰਖ

ਇਹ ਸਭ ਵੇਖਣ ਸੁਣਨ ਦੇ ਬਾਵਜੂਦ ਲੋਕਾਂ ਦਾ ਵਿਸ਼ਵਾਸ ਆਪਣੀਆਂ ਸਮੱਸਿਆਵਾਂ ਦੇ ਹੱਲ ਕਰਨ ਲਈ ਕੀਤੇ ਜਾਂਦੇ ਖੁਦ ਦੇ ਉਪਰਾਲਿਆਂ ਅਤੇ ਜਥੇਬੰਦ ਹੋ ਕੇ ਕੀਤੇ ਸੰਘਰਸ਼ਾਂ ਦੀਆਂ ਪ੍ਰਾਪਤੀਆਂ ਤੋਂ ਸਿੱਖਣ ਦੀ ਬਜਾਏ ਰੂੜ੍ਹੀਵਾਦੀ ਵਿਚਾਰਾਂ ਦੀ ਘੁੰਮਣਘੇਰੀ ਵਿੱਚੋਂ ਬਾਹਰ ਆਉਣ ਤੋਂ ਝਿਜਕਦਾ ਹੈ।ਉਸ ਨੂੰ ਡਰ ਹੈ ਕਿ ਜੇ ਆਪਣੇ ਧਰਮ ਨੂੰ ਮੰਨਣਾ ਛੱਡ ਦਿੱਤਾ ਤਾਂ ਪਤਾ ਨਹੀਂ ਕਿਹੜੀ ਆਫ਼ਤ ਘੇਰ ਲਏਗੀ, ਪਰ ਉਹ ਇਹ ਨਹੀਂ ਜਾਣਦਾ ਕਿ ਕਿਸਮਤਵਾਦੀ ਵਿਚਾਰਾਂ ਦਾ ਤਿਆਗ ਕਰਕੇ ਹਰ ਆਫ਼ਤ ਦਾ ਮੁਕਾਬਲਾ ਕਰਦਿਆਂ ਅੱਗੇ ਵਧਣਾ ਹੀ ਮਨੁੱਖ ਦਾ ਅਸਲ ਧਰਮ ਹੈ। ਸਿਰਫ ਧਰਮ ਅਸਥਾਨਾਂ ਦੀ ਯਾਤਰਾ ਕਰਨਾ, ਮੱਥਾ ਟੇਕ ਲੈਣਾ, ਪਾਠ ਪੂਜਾ ਕਰ ਲੈਣਾ, ਹਰ ਚੰਗੀ ਮਾੜੀ ਘਟਨਾ ਨੂੰ ਕਿਸਮਤ ਵਿੱਚ ਲਿਖੀ ਸਮਝਣਾ ਕੋਈ ਧਰਮ ਨਹੀਂ, ਸਗੋਂ ਸਮਾਜ ਵਿੱਚ ਚੱਲ ਰਹੇ ਗਲਤ ਵਰਤਾਰਿਆਂ, ਮਜ਼ਲੂਮਾਂ ਨਾਲ ਹੋ ਰਹੇ ਜ਼ੁਲਮਾਂ, ਔਰਤਾਂ 'ਤੇ ਹੋ ਰਹੇ ਅੱਤਿਆਚਾਰਾਂ ਲਈ ਜ਼ੁੰਮੇਵਾਰਾਂ ਖਿਲਾਫ ਆਵਾਜ਼ ਉਠਾਉਂਦਿਆਂ ਆਪਣੀ ਜ਼ਿੰਦਗੀ ਨੂੰ ਖੁਸ਼ਹਾਲ ਬਣਾਉਣ ਵੱਲ ਅੱਗੇ ਵਧਣਾ ਹੀ ਇੱਕ ਸੱਚਾ ਧਰਮ ਹੈ।

ਕੁਝ ਸਾਲ ਪਹਿਲਾਂ ਜੇਕਰ ਸਰਕਾਰ ਵੱਲੋਂ ਖੇਤੀ ਸੰਬੰਧੀ ਬਣਾਏ ਤਿੰਨ ਕਾਨੂੰਨਾਂ ਨੂੰ ਰੱਦ ਕਰਵਾਉਣ ਲਈ ਦਿੱਲੀ ਵਿਖੇ ਕਿਸਾਨੀ ਮੋਰਚਾ ਲਾਉਣ ਦੀ ਬਜਾਏ ਇਹ ਮੰਨ ਲਿਆ ਜਾਂਦਾ ਕਿ ਇਹ ਕਿਸਮਤ ਵਿੱਚ ਹੀ ਲਿਖਿਆ ਸੀ, ਤਾਂ ਕੀ ਉਹ ਵਾਪਸ ਹੋ ਜਾਂਦੇ ? ਜੇ ਨੀਟ ਦਾ ਪੇਪਰ ਲੀਕ ਹੋਣ ਕਰਕੇ ਸਰਕਾਰ ਦੀ ਨਲਾਇਕੀ ਨੂੰ ਨਜ਼ਰ-ਅੰਦਾਜ਼ ਕਰਕੇ ਕਿਸਮਤ ਵਿੱਚ ਲਿਖਿਆ ਮੰਨ ਲਿਆ ਜਾਂਦਾ, ਤਾਂ ਕੀ ਕੇਂਦਰੀ ਵਿੱਦਿਆ ਮੰਤਰੀ ਦਾ ਅਸਤੀਫ਼ਾ ਹੋ ਸਕਦਾ ਸੀ ? ਅਜਿਹੇ ਅਨੇਕਾਂ ਹੀ ਸਵਾਲ ਸਾਡੇ ਸਾਹਮਣੇ ਹਨ, ਜਿਹਨਾਂ ਦਾ ਜਵਾਬ ਲੱਭਣ ਲੱਗਿਆਂ ਸਪੱਸ਼ਟ ਹੋ ਜਾਂਦਾ ਹੈ ਕਿ ਕਿਸੇ ਵੀ ਮਨੁੱਖ ਦੀ ਕਿਸਮਤ ਕੋਈ ਹੋਰ ਨਹੀਂ, ਸਗੋਂ ਸਾਡੇ ਦੇਸ਼ ਦਾ ਰਾਜ ਪ੍ਰਬੰਧ ਚਲਾਉਣ ਦੇ ਜ਼ੁੰਮੇਵਾਰ ਲਿਖਦੇ ਹਨ। ਲੋਕਾਂ ਨੂੰ ਕਿਸਮਤ ਦਾ ਪਾਠ ਪੜ੍ਹਾ ਕੇ 'ਮਹਾਰਾਜ' ਅਖਵਾਉਣ ਵਾਲੇ ਕਿੰਨੇ ਹੀ ਬਾਬੇ ਬਲਾਤਕਾਰੀ ਕੇਸਾਂ ਵਿੱਚ ਉਮਰ ਕੈਦ ਵਰਗੀਆਂ ਸਜ਼ਾਵਾਂ ਭੁਗਤ ਰਹੇ ਹਨ। ਭਾਵੇਂ ਸਰਕਾਰਾਂ ਦੀ ਉਹਨਾਂ ਉਪਰ ਛਤਰ ਛਾਇਆ ਹੋਣ ਕਰਕੇ ਆਪਣੀ ਲੋੜ ਅਨੁਸਾਰ ਉਹਨਾਂ ਨੂੰ ਬਾਹਰ ਲਿਆਂਦਾ ਜਾਂਦਾ ਹੈ, ਪਰ ਕੋਈ ਦੈਵੀ ਤਾਕਤ ਉਹਨਾਂ ਨੂੰ ਜੇਲ੍ਹ ਜਾਣ ਤੋਂ ਰੋਕਣ ਲਈ ਸਹਾਈ ਨਹੀਂ ਹੋ ਸਕੀ।ਜੇਕਰ ਅੱਜ ਦੇਸ਼ ਦੀ ਨੌਜਵਾਨੀ ਵੱਡੀ ਗਿਣਤੀ ਵਿੱਚ ਪੜ੍ਹ-ਲਿਖ ਕੇ ਵੀ ਬੇਰੁਜ਼ਗਾਰ ਹੈ ਤਾਂ ਇਹ ਇਸ ਕਰਕੇ ਨਹੀਂ ਕਿ ਉਹਨਾਂ ਦੀ ਕਿਸਮਤ ਵਿੱਚ ਬੇਰੁਜ਼ਗਾਰੀ ਲਿਖੀ ਹੋਈ ਹੈ। ਇਸ ਸਮੱਸਿਆ ਲਈ ਸਾਡੇ ਦੇਸ਼ ਦਾ ਰਾਜ ਪ੍ਰਬੰਧ ਜ਼ੁੰਮੇਵਾਰ ਹੈ, ਜਿਸ ਨੇ ਦੇਸ਼ ਦੇ ਰੋਜ਼ਗਾਰ ਪੈਦਾ ਕਰਨ ਵਾਲੇ ਅਦਾਰਿਆਂ ਨੂੰ ਨਿੱਜੀ ਹੱਥਾਂ (ਕਾਰਪੋਰੇਟਾਂ) ਵਿੱਚ ਵੇਚ ਦਿੱਤਾ ਹੈ, ਜਿਹਨਾਂ ਦਾ ਮੁੱਖ ਮੰਤਵ ਲੋਕ ਭਲਾਈ ਦੀ ਬਜਾਏ ਵੱਧ ਤੋਂ ਵੱਧ ਮੁਨਾਫ਼ਾ ਕਮਾਉਣਾ ਹੈ। ਅਜਿਹੇ ਰਾਜ ਪ੍ਰਬੰਧ ਨੂੰ ਬਦਲਣ ਲਈ ਲੋਕਾਂ ਦੀ ਜਥੇਬੰਦਕ ਤਾਕਤ ਹੀ ਸਮਰੱਥ ਹੈ, ਜਿਸ ਬਾਰੇ ਸਮਝਣਾ ਤੇ ਸਮਝਾਉਣਾ ਹਰ ਲੋਕ ਹਿਤੈਸ਼ੀ ਮਨੁੱਖ ਦਾ ਇਨਸਾਨੀ ਧਰਮ ਹੈ। ਇਸ ਤਰ੍ਹਾਂ ਜਦੋਂ ਮਨੁੱਖ ਕਿਸਮਤ ਵਿੱਚ ਲਿਖਿਆ ਵਰਗੇ ਰੂੜ੍ਹੀਵਾਦੀ ਵਿਚਾਰ ਮੰਨਣਾ ਛੱਡ ਕੇ ਗਲਤ ਰਾਜ ਪ੍ਰਬੰਧ ਨੂੰ ਆਪਣੀ ਮਾੜੀ ਜ਼ਿੰਦਗੀ ਲਈ ਦੋਸ਼ੀ ਸਮਝ ਕੇ, ਵਿਗਿਆਨਕ ਸਮਝ ਰਾਹੀਂ ਉਸ ਨੂੰ ਬਦਲਣ ਦੇ ਰਾਹ ਪੈ ਗਿਆ ਤਾਂ ਇਹ ਉਸ ਦੇ ਜਿਉਂਦਿਆਂ ਹੀ ਅਗਲਾ ਜਨਮ ਹੋਵੇਗਾ। ਅਸਲ ਵਿੱਚ ਇਹੋ ਅਗਲਾ ਜਨਮ ਹੈ, ਜਿਸ ਨੂੰ ਮਰਨ ਤੋਂ ਬਾਅਦ ਮਿਲਣ ਦਾ ਝੂਠਾ ਦਾਅਵਾ ਕੀਤਾ ਜਾਂਦਾ ਹੈ। ਇਹੋ ਰਸਤਾ ਮਨੁੱਖ ਦੇ ਇਸੇ ਜਨਮ ਵਿੱਚ ਪ੍ਰਾਪਤ ਹੋਣ ਵਾਲੇ ਅਸਲ ਸਵਰਗ ਅਤੇ ਹੋਰ ਦੁਨਿਆਵੀ ਸਮੱਸਿਆਵਾਂ ਦਾ ਨਿਪਟਾਰਾ ਕਰਨ ਵੱਲ ਜਾਂਦਾ ਹੈ।

# ਸੰਪਰਕ : 98151-69825

# ਕੀ ਏ ਆਈ ਤਕਨੀਕ ਮਨੁੱਖ ਦੀ ਥਾਂ ਲੈ ਲਵੇਗੀ

ਰਵਿੰਦਰ ਸਿੰਘ ਖੁਰਮੀ

1937 ਦੇ ਇੱਕ 'ਪ੍ਰੀਤ ਲੜੀ' ਅੰਕ ਵਿੱਚ ਗੁਰਬਖ਼ਸ਼ ਸਿੰਘ ਪ੍ਰੀਤ ਲੜੀ ਨੇ ਇੱਕ ਵਿਚਾਰ ਲਿਖਿਆ ਸੀ, -ਭਵਿੱਖ ਵਿੱਚ ਮਸ਼ੀਨਾਂ ਨਿੱਤਨੇਮ ਅਤੇ ਕੀਰਤਨ ਕਰਿਆ ਕਰਨਗੀਆਂ।' ਉਸ ਸਮੇਂ ਇਹ ਗੱਲ ਲੋਕਾਂ ਨੂੰ ਅਸੰਭਵ ਜਾਪਦੀ ਸੀ। ਕਈਆਂ ਨੇ ਇਸ ਵਿਚਾਰ ਦਾ ਮਖੌਲ ਉਡਾਇਆ, ਕਿਉਂਕਿ ਉਸ ਵੇਲੇ ਲੋਕਾਂ ਦੀ ਕਲਪਨਾ ਵੀ ਇੱਥੋਂ ਤੱਕ ਨਹੀਂ ਸੀ ਪਹੁੰਚਦੀ, ਪਰ ਸਮੇਂ ਨੇ ਸਾਬਤ ਕਰ ਦਿੱਤਾ ਕਿ ਤਕਨਾਲੋਜੀ ਉਹ ਕੰਮ ਵੀ ਕਰ ਸਕਦੀ ਹੈ, ਜਿਨ੍ਹਾਂ ਬਾਰੇ ਕਦੇ ਸੋਚਿਆ ਵੀ ਨਹੀਂ ਗਿਆ ਸੀ।ਅੱਜ ਅਸੀਂ ਇੱਕ ਹੋਰ ਵੱਡੇ ਬਦਲਾਅ ਦੇ ਦੌਰ ਵਿੱਚ ਖੜ੍ਹੇ ਹਾਂ। ਆਰਟੀਫ਼ੀਸ਼ਲ ਇੰਟੈਲੀਜੈਂਸ (ਏ ਆਈ) ਸਿਰਫ਼ ਇੱਕ ਨਵੀਂ ਤਕਨੀਕ ਨਹੀਂ, ਸਗੋਂ ਮਨੁੱਖੀ ਜੀਵਨ ਦੇ ਲਗਭਗ ਹਰ ਖੇਤਰ ਵਿੱਚ ਦਾਖ਼ਲ ਹੋ ਚੁੱਕੀ ਹੈ। ਸਿੱਖਿਆ, ਸਿਹਤ, ਪੱਤਰਕਾਰਤਾ, ਖੇਤੀਬਾੜੀ, ਦਫ਼ਤਰੀ ਕੰਮ, ਕਾਨੂੰਨ, ਵਪਾਰ, ਧਾਰਮਿਕ ਪ੍ਰਚਾਰ ਅਤੇ ਮਨੋਰੰਜਨ—ਕੋਈ ਵੀ ਖੇਤਰ ਇਸ ਦੇ ਪ੍ਰਭਾਵ ਤੋਂ ਬਚਿਆ ਨਹੀਂ।ਇੱਕ ਸਮਾਂ ਸੀ, ਜਦੋਂ ਮਸ਼ੀਨਾਂ ਨੇ ਸਿਰਫ਼ ਸਰੀਰਕ ਮਿਹਨਤ ਘਟਾਈ। ਫਿਰ ਕੰਪਿਊਟਰਾਂ ਨੇ ਦਫ਼ਤਰੀ ਕੰਮ ਤੇਜ਼ ਕਰ ਦਿੱਤੇ। ਹੁਣ ਏ ਆਈ ਸੋਚਣ, ਲਿਖਣ, ਬੋਲਣ, ਅਨੁਵਾਦ ਕਰਨ, ਚਿੱਤਰ ਬਣਾਉਣ ਅਤੇ ਵੀਡੀਓ ਤਿਆਰ ਕਰਨ ਵਰਗੇ ਕੰਮ ਵੀ ਕਰ ਰਹੀ ਹੈ। ਇਹ ਉਹ ਖੇਤਰ ਹਨ, ਜੋ ਪਹਿਲਾਂ ਸਿਰਫ਼ ਮਨੁੱਖੀ ਬੁੱਧੀ ਨਾਲ ਹੀ ਜੁੜੇ ਮੰਨੇ ਜਾਂਦੇ ਸਨ।ਇਸ ਕਰਕੇ ਇਹ ਚਿੰਤਾ ਵੀ ਉੱਠ ਰਹੀ ਹੈ ਕਿ ਆਉਣ ਵਾਲੇ ਸਮੇਂ ਵਿੱਚ ਅਧਿਆਪਕਾਂ, ਪ੍ਰਚਾਰਕਾਂ, ਲੇਖਕਾਂ, ਦਫ਼ਤਰੀ ਕਰਮਚਾਰੀਆਂ ਅਤੇ ਹੋਰ ਬਹੁਤ ਸਾਰੇ ਪੇਸ਼ਿਆਂ ਦਾ ਸਰੂਪ ਬਦਲ ਸਕਦਾ ਹੈ। ਕਈ ਕੰਮ ਆਟੋਮੇਟ ਹੋਣਗੇ, ਕੁਝ ਨੌਕਰੀਆਂ ਘਟਣਗੀਆਂ ਅਤੇ ਨਵੀਆਂ ਕਿਸਮ ਦੀਆਂ ਨੌਕਰੀਆਂ ਵੀ ਪੈਦਾ ਹੋਣਗੀਆਂ। ਇਤਿਹਾਸ ਦੱਸਦਾ ਹੈ ਕਿ ਹਰ ਵੱਡੀ ਤਕਨੀਕੀ ਕ੍ਰਾਂਤੀ ਨਾਲ ਕੁਝ ਰੁਜ਼ਗਾਰ ਖ਼ਤਮ ਹੋਏ ਹਨ, ਪਰ ਨਵੇਂ ਰੁਜ਼ਗਾਰ ਵੀ ਬਣੇ ਹਨ। ਇਸ ਲਈ ਭਵਿੱਖ ਨੂੰ ਸਿਰਫ਼ ਇੱਕ ਪਾਸੇ ਤੋਂ ਦੇਖਣਾ ਠੀਕ ਨਹੀਂ।

ਧਾਰਮਿਕ ਖੇਤਰ ਵੀ ਇਸ ਤੋਂ ਅਛੂਤਾ ਨਹੀਂ ਰਿਹਾ। ਅੱਜ ਏ ਆਈ ਦੀ ਮਦਦ ਨਾਲ ਗੁਰਬਾਣੀ ਦੇ ਅਨੁਵਾਦ, ਕੀਰਤਨ ਦੀ ਖੋਜ, ਧਾਰਮਿਕ ਪੁਸਤਕਾਂ ਦਾ ਅਧਿਐਨ ਅਤੇ ਹੋਰ ਬਹੁਤ ਕੁਝ ਸੰਭਵ ਹੋ ਰਿਹਾ ਹੈ। ਇਹ ਸਹੂਲਤ ਵੀ ਹੈ, ਪਰ ਇਹ ਵੀ ਯਾਦ ਰੱਖਣਾ ਚਾਹੀਦਾ ਹੈ ਕਿ ਮਸ਼ੀਨ ਜਾਣਕਾਰੀ ਦੇ ਸਕਦੀ ਹੈ, ਪਰ ਅਨੁਭਵ, ਆਤਮਿਕ ਅਹਿਸਾਸ, ਜੀਵਨ ਦੀ ਸਿਆਣਪ ਅਤੇ ਨੈਤਿਕ ਫ਼ੈਸਲੇ ਮਨੁੱਖੀ ਸਮਝ ਨਾਲ ਹੀ ਆਉਂਦੇ ਹਨ।ਇੱਕ ਹੋਰ ਗੰਭੀਰ ਚਿੰਤਾ ਇਤਿਹਾਸ ਨੂੰ ਲੈ ਕੇ ਹੈ। ਜੇ ਲੋਕ ਬਿਨਾਂ ਜਾਂਚ-ਪੜਤਾਲ ਕੀਤੇ ਏ ਆਈ ਦੇ ਜਵਾਬਾਂ ਨੂੰ ਹੀ ਅੰਤਮ ਸੱਚ ਮੰਨਣ ਲੱਗ ਪਏ, ਤਾਂ ਗਲਤ ਜਾਣਕਾਰੀ ਵੀ ਤੇਜ਼ੀ ਨਾਲ ਫੈਲ ਸਕਦੀ ਹੈ। ਇਸ ਲਈ ਇਤਿਹਾਸ, ਧਰਮ ਅਤੇ ਹੋਰ ਮਹੱਤਵਪੂਰਨ ਵਿਸ਼ਿਆਂ ਬਾਰੇ ਮੂਲ ਸਰੋਤਾਂ, ਪ੍ਰਮਾਣਿਕ ਖੋਜ ਅਤੇ ਵਿਦਵਾਨਾਂ ਦੀ ਰਾਏ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ।ਇਹ ਸੱਚ ਹੈ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ ਨੇ ਸਾਨੂੰ ਬੇਮਿਸਾਲ ਰਫ਼ਤਾਰ ਅਤੇ ਸਹੂਲਤ ਦਿੱਤੀ ਹੈ, ਪਰ ਹਰ ਤਾਕਤਵਰ ਸਾਧਨ ਦੀ ਤਰ੍ਹਾਂ ਇਸ ਦੇ ਲਾਭ ਵੀ ਹਨ ਅਤੇ ਜੋਖ਼ਮ ਵੀ। ਅਸਲ ਚੁਣੌਤੀ ਇਸ ਨੂੰ ਰੋਕਣ ਦੀ ਨਹੀਂ, ਸਗੋਂ ਇਸ ਦੀ ਸਮਝਦਾਰੀ ਨਾਲ ਵਰਤੋਂ ਕਰਨ ਦੀ ਹੈ। ਜੇ ਮਨੁੱਖ ਆਪਣੀ ਸੋਚਣ-ਸਮਝਣ ਦੀ ਸਮਰੱਥਾ, ਤੱਥਾਂ ਦੀ ਜਾਂਚ ਕਰਨ ਦੀ ਆਦਤ ਅਤੇ ਸਿਰਜਣਾਤਮਕਤਾ ਨੂੰ ਕਾਇਮ ਰੱਖੇਗਾ, ਤਾਂ ਏ ਆਈ ਇੱਕ ਸਹਾਇਕ ਬਣੇਗੀ, ਪਰ ਜੇ ਹਰ ਗੱਲ ਬਿਨਾਂ ਸੋਚੇ-ਸਮਝੇ ਇਸ ਉੱਤੇ ਛੱਡ ਦਿੱਤੀ, ਤਾਂ ਨੁਕਸਾਨ ਵੀ ਝੱਲਣੇ ਪੈ ਸਕਦੇ ਹਨ।ਗੁਰਬਖ਼ਸ਼ ਸਿੰਘ ਪ੍ਰੀਤ ਲੜੀ ਦੀ ਲਗਭਗ ਨੱਬੇ ਸਾਲ ਪਹਿਲਾਂ ਕੀਤੀ ਗਈ ਕਲਪਨਾ ਅੱਜ ਸਾਨੂੰ ਸੋਚਣ ਲਈ ਮਜਬੂਰ ਕਰਦੀ ਹੈ। ਸ਼ਾਇਦ ਸਵਾਲ ਇਹ ਨਹੀਂ ਕਿ ਮਸ਼ੀਨਾਂ ਕੀ ਕਰ ਸਕਦੀਆਂ ਹਨ; ਸਵਾਲ ਇਹ ਹੈ ਕਿ ਮਨੁੱਖ ਆਪਣੀ ਸੋਚ, ਆਪਣੀ ਸੂਝ ਅਤੇ ਆਪਣੀ ਜ਼ਿੰਮੇਵਾਰੀ ਨੂੰ ਕਿੰਨਾ ਸੰਭਾਲ ਕੇ ਰੱਖਦਾ ਹੈ।

# ਸੰਪਰਕ : 96150-26000

# ਵਿਆਹ ਤੋਂ ਬਾਅਦ ਖੁਦ ਨੂੰ 'ਕੁਆਰੀ' ਦੱਸ ਕੇ ਕੈਨੇਡਾ ਗਈ ਪਤਨੀ ਖਿਲਾਫ ਧੋਖਾਧੜੀ ਤੇ ਚੋਰੀ ਦਾ ਮਾਮਲਾ ਦਰਜ

- ਕੈਨੇਡਾ ਬੈਠੀ ਪਤਨੀ ਨੇ ਪਤੀ ਨੂੰ ਲਾਇਆ ਲੱਖਾਂ ਦਾ ਚੂਨਾ
- ਗਹਿਣੇ-ਨਕਦੀ ਚੋਰੀ ਕਰਨ ਤੇ ਪਾਸਪੋਰਟ ਫਰਾਡ ਦਾ ਦੋਸ਼

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਫਿਰੋਜ਼ਪੁਰ ਦੇ ਐੱਨ.ਆਰ.ਆਈ. ਥਾਣੇ ਵਿੱਚ ਇੱਕ ਨੌਜਵਾਨ ਦੀ ਸ਼ਿਕਾਇਤ 'ਤੇ ਉਸ ਦੀ ਕੈਨੇਡਾ ਰਹਿੰਦੀ ਪਤਨੀ ਖਿਲਾਫ ਧੋਖਾਧੜੀ, ਅਮਾਨਤ ਵਿੱਚ ਖਿਆਨਤ ਤੇ ਚੋਰੀ ਦੇ ਗੰਭੀਰ ਦੋਸ਼ਾਂ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਮੁਲਜ਼ਮ ਮਹਿਲਾ 'ਤੇ ਦੋਸ਼ ਹੈ ਕਿ ਉਸ ਨੇ ਵਿਆਹੀ ਹੋਣ ਦੇ ਬਾਵਜੂਦ ਖੁਦ ਨੂੰ 'ਕੁਆਰੀ' ਦੱਸ ਕੇ ਨਵਾਂ ਪਾਸਪੋਰਟ ਬਣਵਾਇਆ ਤੇ ਪਤੀ ਨੂੰ ਬਿਨਾਂ ਦੱਸੇ ਕੈਨੇਡਾ ਚਲੀ ਗਈ। ਪੁਲਸ ਨੂੰ ਦਿੱਤੀ ਦਰਖਾਸਤ ਵਿੱਚ ਸ਼ਿਕਾਇਤਕਰਤਾ ਤ੍ਰਿਪੁਸ਼ ਸ਼ਰਮਾ ਪੁੱਤਰ ਅਸ਼ੋਕ ਕੁਮਾਰ, ਵਾਸੀ ਨਿਊ ਫਰੈਂਡਸ ਕਲੋਨੀ ਫਿਰੋਜ਼ਪੁਰ ਨੇ ਦੱਸਿਆ ਕਿ ਉਸ ਦਾ ਵਿਆਹ 10 ਸਤੰਬਰ 2021 ਨੂੰ ਪਵਨਪ੍ਰੀਤ ਕੌਰ ਪੁੱਤਰੀ ਲਖਵਿੰਦਰ ਸਿੰਘ, ਵਾਸੀ ਜਲੰਧਰ ਹਾਲ ਵਾਸੀ ਨੋਵਾ ਸਕੋਸ਼ੀਆ, ਕੈਨੇਡਾ ਨਾਲ ਸਿੱਖ ਰੀਤੀ-ਰਿਵਾਜਾਂ ਅਨੁਸਾਰ ਆਨੰਦ ਕਾਰਜ ਰਾਹੀਂ ਹੋਇਆ ਸੀ।

ਸ਼ਰਮਾ ਨੇ ਦੋਸ਼ ਲਾਇਆ ਕਿ ਉਸ ਦੀ ਪਤਨੀ ਤੇ ਸਹੁਰਾ ਪਰਵਾਰ ਨੇ ਸਾਜ਼ਿਸ਼ ਤਹਿਤ ਉਸ ਦੀ ਸਹਿਮਤੀ ਤੋਂ ਬਿਨਾਂ ਹੀ ਅਗਸਤ 2023 ਵਿੱਚ ਉਸ ਨੂੰ ਸਟੂਡੈਂਟ ਵੀਜ਼ੇ 'ਤੇ ਕੈਨੇਡਾ ਭੇਜ ਦਿੱਤਾ। ਸ਼ਿਕਾਇਤਕਰਤਾ ਨੇ ਦੱਸਿਆ ਕਿ ਕੈਨੇਡਾ ਜਾਣ ਤੋਂ ਪਹਿਲਾਂ ਉਸ ਦੀ ਪਤਨੀ ਨੇ ਘਰੋਂ ਉਸ ਦੀ ਮਾਂ ਦੇ ਕਰੀਬ 16 ਤੋਲੇ ਸੋਨੇ ਦੇ ਗਹਿਣੇ, ਜਿਸ ਵਿੱਚ ਵੰਗਾਂ, ਚੇਨ ਸੈੱਟ, ਡਾਇਮੰਡ ਰਿੰਗ ਆਦਿ ਸ਼ਾਮਲ ਸਨ ਅਤੇ 1.25 ਲੱਖ ਰੁਪਏ ਨਕਦ ਚੋਰੀ ਕਰ ਲਏ। ਤ੍ਰਿਪੁਸ਼ ਨੇ ਪੁਲਸ ਨੂੰ ਵਟਸਐਪ ਚੈਟ ਤੇ ਕਾਲ ਰਿਕਾਰਡਿੰਗ ਦੇ ਸਬੂਤ ਵੀ ਸੌਂਪੇ, ਜਿਸ ਵਿੱਚ ਪਵਨਪ੍ਰੀਤ ਕੌਰ ਨੇ ਸੋਨਾ ਚੋਰੀ ਕਰਨ ਦੀ ਗੱਲ ਕਬੂਲੀ ਸੀ। ਇਸ ਤੋਂ ਇਲਾਵਾ ਦੋਸ਼ ਹੈ ਕਿ ਮੁਲਜ਼ਮ ਮਹਿਲਾ ਨੇ ਆਪਣੇ ਪੁਰਾਣੇ ਪਾਸਪੋਰਟ ਦੇ ਗੁੰਮ ਹੋਣ ਦੀ ਝੂਠੀ ਰਿਪੋਰਟ ਲਿਖਵਾਈ ਤੇ ਜਲੰਧਰ ਪਾਸਪੋਰਟ ਦਫਤਰ ਤੋਂ ਨਵਾਂ ਪਾਸਪੋਰਟ ਜਾਰੀ ਕਰਵਾਉਂਦੇ ਸਮੇਂ ਖੁਦ ਨੂੰ 'ਸਿੰਗਲ' ਦੱਸਿਆ, ਜਦਕਿ ਉਹ ਉਸ ਸਮੇਂ ਵਿਆਹੀ ਹੋਈ ਸੀ। ਮਾਮਲੇ ਦੀ ਪੜਤਾਲ ਐੱਨ ਆਰ ਆਈ ਵਿੰਗ ਦੇ ਉੱਚ ਅਧਿਕਾਰੀਆਂ ਦੇ ਨਿਰਦੇਸ਼ਾਂ 'ਤੇ ਕੀਤੀ ਗਈ। ਪੁਲਸ ਪੜਤਾਲ ਦੌਰਾਨ ਗੁਰਦੁਆਰਾ ਸਾਹਿਬ ਦੇ ਰਿਕਾਰਡ, ਗ੍ਰੰਥੀ ਤੇ ਪ੍ਰਧਾਨ ਦੇ ਬਿਆਨਾਂ ਅਤੇ ਵਿਆਹ ਦੀਆਂ ਵੀਡੀਓ/ਫੋਟੋਆਂ ਰਾਹੀਂ ਆਨੰਦ ਕਾਰਜ ਹੋਣ ਦੀ ਪੁਸ਼ਟੀ ਹੋਈ। ਪੁਲਸ ਨੇ ਪਾਇਆ ਕਿ ਪਵਨਪ੍ਰੀਤ ਕੌਰ ਨੇ ਬਦਨੀਤੀ ਨਾਲ ਪਤੀ ਦਾ ਨਾਮ ਪਾਸਪੋਰਟ ਵਿਚ ਦਰਜ ਨਹੀਂ ਕਰਵਾਇਆ ਤੇ ਧੋਖੇ ਨਾਲ ਵਿਦੇਸ਼ ਚਲੀ ਗਈ। ਗਹਿਣਿਆਂ ਤੇ ਨਕਦੀ ਦੀ ਚੋਰੀ ਦੇ ਦੋਸ਼ ਵੀ ਜਾਂਚ ਵਿੱਚ ਸਹੀ ਪਾਏ ਗਏ। ਵਧੀਕ ਡਾਇਰੈਕਟਰ ਜਨਰਲ ਪੁਲਸ, ਐੱਨ.ਆਰ.ਆਈ. ਵਿੰਗ, ਪੰਜਾਬ ਤੋਂ ਮਨਜ਼ੂਰੀ ਮਿਲਣ ਤੋਂ ਬਾਅਦ, ਥਾਣਾ ਐੱਨਆਰਆਈ ਫਿਰੋਜ਼ਪੁਰ ਵਿਖੇ ਪਵਨਪ੍ਰੀਤ ਕੌਰ ਖਿਲਾਫ 406 ਤੇ 420 ਤਹਿਤ ਐੱਫ.ਆਈ.ਆਰ. ਨੰਬਰ 0006 ਦਰਜ ਕੀਤੀ ਗਈ ਹੈ। ਮਾਮਲੇ ਦੀ ਅਗਲੀ ਤਫਤੀਸ਼ ਏਐੱਸਆਈ ਧਰਮ ਪਾਲ ਵੱਲੋਂ ਕੀਤੀ ਜਾ ਰਹੀ ਹੈ।

# ਆਰ ਐੱਸ ਡੀ ਸਕੂਲ 'ਚ ਮਨਾਇਆ 'ਹਰਿਆਲੀ ਤੀਜ' ਦਾ ਤਿਉਹਾਰ




**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਫ਼ਿਰੋਜ਼ਪੁਰ ਦੇ ਆਰ.ਐੱਸ.ਡੀ. ਰਾਜ ਰਤਨ ਪਬਲਿਕ ਸਕੂਲ ਵਿਖੇ ਰੰਗਾਂ, ਖ਼ੁਸ਼ੀਆਂ ਤੇ ਅਮੀਰ ਵਿਰਸੇ ਦਾ ਪ੍ਰਤੀਕ 'ਹਰਿਆਲੀ ਤੀਜ' ਦਾ ਤਿਉਹਾਰ ਬੜੇ ਹੀ ਉਤਸ਼ਾਹ ਤੇ ਪ੍ਰੰਪਰਾਗਤ ਭਾਵਨਾ ਨਾਲ ਮਨਾਇਆ ਗਿਆ। ਇਸ ਦੌਰਾਨ ਪੂਰਾ ਸਕੂਲ ਵਿਹੜਾ ਹਰੇ-ਪੀਲੇ ਲਿਬਾਸਾਂ, ਮਹਿੰਦੀ ਦੀ ਭਿੰਨੀ-ਭਿੰਨੀ ਖ਼ੁਸ਼ਬੂ ਤੇ ਪੰਜਾਬੀ ਲੋਕ ਗੀਤਾਂ ਦੀਆਂ ਮਿੱਠੀਆਂ ਧੁਨਾਂ ਨਾਲ ਗੂੰਜ ਉੱਠਿਆ। ਇਸ ਖ਼ਾਸ ਸਮਾਗਮ ਦੌਰਾਨ ਅਪਰਨਾ ਸਾਂਵਲਕਾ, ਰਿਤਿਕਾ ਅਰਚਿਤ ਜੈਨ, ਡਾਇਰੈਕਟਰ ਪ੍ਰੋਫੈਸਰ ਐੱਸ. ਪੀ. ਆਨੰਦ ਤੇ ਆਰ.ਐੱਸ.ਡੀ. ਕਾਲਜ ਦੀ ਪ੍ਰਿੰਸੀਪਲ ਡਾ. ਆਰਾਧਨਾ ਬਾਹਰੀ ਨੇ ਮੁੱਖ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ ਤੇ ਸਮਾਗਮ ਦੀ ਰੌਣਕ ਵਧਾਈ। ਸਕੂਲ ਦੀ ਪ੍ਰਿੰਸੀਪਲ ਡਾ. ਪ੍ਰਵੀਨ ਔਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਮਾਰੋਹ ਦਾ ਆਗਾਜ਼ ਸਕੂਲ ਬੈਂਡ ਦੀਆਂ ਜੋਸ਼ੀਲੀਆਂ ਤੇ ਸ਼ਾਨਦਾਰ ਧੁਨਾਂ ਨਾਲ ਕੀਤਾ ਗਿਆ। ਇਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਧਮਾਕੇਦਾਰ ਗਿੱਧੇ, ਪ੍ਰੰਪਰਾਗਤ ਪੰਜਾਬੀ ਲੋਕ ਗੀਤਾਂ ਤੇ ਸਾਵਣ ਦੇ ਰੰਗ ਵਿੱਚ ਰੰਗੇ ਹੋਏ ਸ਼ਿੰਗਾਰੇ ਗਏ ਪੀਂਘਾਂ ਦੇ ਦ੍ਰਿਸ਼ਾਂ ਨੇ ਪੂਰੇ ਮਾਹੌਲ ਨੂੰ ਖ਼ੁਸ਼ੀਆਂ ਨਾਲ ਭਰ ਦਿੱਤਾ। ਇਸ ਮੌਕੇ ਸਕੂਲ ਦੇ ਅਧਿਆਪਕਾਂ ਨੇ ਵੀ ਪੰਜਾਬੀ ਲੋਕ ਗੀਤ ਗਾ ਕੇ ਸਾਰਿਆਂ ਨੂੰ ਆਪਣੀ ਅਮੀਰ ਸੱਭਿਆਚਾਰਕ ਵਿਰਾਸਤ ਨਾਲ ਜੋੜਿਆ। ਸਮਾਗਮ ਦੇ ਅੰਤ ਵਿੱਚ ਪ੍ਰਿੰਸੀਪਲ ਡਾ. ਪ੍ਰਵੀਨ ਔਲ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਤੀਜ ਦਾ ਤਿਉਹਾਰ ਸਾਨੂੰ ਕੁਦਰਤ, ਆਪਸੀ ਪਿਆਰ ਤੇ ਸਾਡੇ ਅਮੀਰ ਵਿਰਸੇ ਨਾਲ ਜੋੜਦਾ ਹੈ। ਅਜਿਹੇ ਸੱਭਿਆਚਾਰਕ ਆਯੋਜਨ ਬੱਚਿਆਂ ਵਿੱਚ ਆਪਣੀ ਮਿੱਟੀ ਪ੍ਰਤੀ ਸਤਿਕਾਰ, ਚੰਗੇ ਸੰਸਕਾਰ ਤੇ ਆਪਸੀ ਏਕਤਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ।

# ਬਾਲਮੀਕੀ ਭਾਈਚਾਰੇ 'ਤੇ ਪੁਲਸ ਲਾਠੀਚਾਰਜ ਤੇ ਬਦਸਲੂਕੀ ਦੀ ਬਸਪਾ ਵੱਲੋਂ ਸਖ਼ਤ ਨਿੰਦਾ

- ਬਹੁਜਨ ਸਮਾਜ ਵੋਟ ਦੀ ਸਹੀ ਵਰਤੋਂ ਕਰਕੇ ਆਪਣੀ ਸਰਕਾਰ ਬਣਾਏ : ਰੁਲਦੂ ਰਾਮ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਬਹੁਜਨ ਸਮਾਜ ਪਾਰਟੀ ਪੰਜਾਬ ਵੱਲੋਂ ਬਾਲਮੀਕੀ ਭਾਈਚਾਰੇ ਉੱਤੇ ਹੋਏ ਜ਼ੁਲਮ, ਪੁਲਸ ਲਾਠੀਚਾਰਜ ਤੇ ਮਹਿਲਾ ਕਰਮਚਾਰੀਆਂ ਨਾਲ ਕੀਤੀ ਗਈ ਬਦਸਲੂਕੀ ਉੱਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਇਸ ਦੀ ਪੂਰਨ ਨਿਖੇਧੀ ਕੀਤੀ ਗਈ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਬਸਪਾ ਦੇ ਕੋਆਰਡੀਨੇਟਰ ਰੁਲਦੂ ਰਾਮ ਨੇ ਕਿਹਾ ਕਿ ਅਜਿਹਾ ਅੱਤਿਆਚਾਰ ਕਿਸੇ ਵੀ ਸਰਕਾਰ ਦੇ ਕਾਰਜਕਾਲ ਦੌਰਾਨ ਨਹੀਂ ਹੋਇਆ ਤੇ ਇਸ ਸਰਕਾਰ ਦਾ ਨਾਮ ਇਤਿਹਾਸ ਵਿੱਚ ਕਾਲੇ ਅੱਖਰਾਂ ਨਾਲ ਦਰਜ ਹੋਵੇਗਾ। ਉਨ੍ਹਾਂ ਦੋਸ਼ ਲਗਾਇਆ ਕਿ ਉਪ-ਕਪਤਾਨ ਆਫ਼ ਪੁਲਸ (ਡੀ.ਐੱਸ.ਪੀ.), ਜਿਸ ਦੀ ਮੁੱਖ ਜ਼ਿੰਮੇਵਾਰੀ ਕਾਨੂੰਨ ਵਿਵਸਥਾ ਨੂੰ ਬਣਾਏ ਰੱਖਣਾ ਤੇ ਮਾਹੌਲ ਨੂੰ ਸ਼ਾਂਤ ਰੱਖਣਾ ਹੁੰਦੀ ਹੈ, ਉਸ ਅਧਿਕਾਰੀ ਵੱਲੋਂ ਹੀ ਭਾਈਚਾਰੇ ਦੇ ਲੋਕਾਂ 'ਤੇ ਇਸ ਤਰ੍ਹਾਂ ਡਾਂਗਾਂ ਵਰ੍ਹਾਈਆਂ ਗਈਆਂ, ਜਿਵੇਂ ਉਹ ਕਿਸੇ ਬਾਹਰਲੇ ਮੁਲਕ ਦੇ ਅੱਤਵਾਦੀ ਹੋਣ। ਰੁਲਦੂ ਰਾਮ ਨੇ ਕਿਹਾ ਕਿ ਸਾਡੇ ਦੇਸ਼ ਦਾ ਸੰਵਿਧਾਨ ਹਰ ਨਾਗਰਿਕ ਨੂੰ ਇਹ ਅਧਿਕਾਰ ਦਿੰਦਾ ਹੈ ਕਿ ਜੇਕਰ ਕੋਈ ਸਰਕਾਰ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਨਹੀਂ ਕਰਦੀ, ਤਾਂ ਉਹ ਸਰਕਾਰ ਵਿਰੁੱਧ ਰੋਸ ਰੈਲੀ, ਧਰਨਾ, ਪ੍ਰਦਰਸ਼ਨ ਤੇ ਘੇਰਾਓ ਵੀ ਕਰ ਸਕਦੇ ਹਨ, ਪਰ ਇਸ ਸਰਕਾਰ ਵੱਲੋਂ ਸੰਵਿਧਾਨਕ ਹੱਕਾਂ ਦਾ ਘਾਣ ਕੀਤਾ ਜਾ ਰਿਹਾ ਹੈ। ਇਸ ਦੌਰਾਨ ਹਲਕਾ ਦਸੂਹਾ ਦੇ ਪ੍ਰਧਾਨ ਤੇ ਰਿਟਾਇਰਡ ਸਹਾਇਕ ਕਾਰਜਕਾਰੀ ਇੰਜੀਨੀਅਰ (ਬਿਜਲੀ ਵਿਭਾਗ) ਸ੍ਰ. ਲਛਮਣ ਸਿੰਘ, ਹਲਕਾ ਦਸੂਹਾ ਤੇ ਮੁਕੇਰੀਆਂ ਦੇ ਇੰਚਾਰਜ ਤੇ ਨਹਿਰ ਮਹਿਕਮੇ ਦੇ ਰਿਟਾਇਰਡ ਚੀਫ਼ ਇੰਜੀਨੀਅਰ ਰਾਮ ਲਾਲ ਸੰਧੂ ਅਤੇ ਹਲਕਾ ਮੁਕੇਰੀਆਂ ਦੇ ਵਿਧਾਨ ਸਭਾ ਪ੍ਰਧਾਨ ਸੰਜੀਵ ਕੁਮਾਰ ਨੇ ਵੀ ਇਸ ਘਟਨਾ ਦੀ ਪੁਰਜ਼ੋਰ ਨਿੰਦਾ ਕੀਤੀ। ਬਸਪਾ ਆਗੂਆਂ ਨੇ ਸਮੁੱਚੇ ਬਹੁਜਨ ਸਮਾਜ ਨੂੰ ਵਿਸ਼ਵਾਸ ਦੁਆਇਆ ਤੇ ਅਪੀਲ ਕੀਤੀ ਕਿ ਹੁਣ ਸਮਾਂ ਆ ਗਿਆ ਹੈ ਕਿ ਅਸੀਂ ਆਪਣੀ ਸੋਚ ਬਦਲੀਏ। ਦੂਸਰਿਆਂ ਕੋਲੋਂ ਮੰਗਣ ਦੀ ਜਗ੍ਹਾ ਆਪਣੇ ਸਮਾਜ ਦੇ ਪੜ੍ਹੇ-ਲਿਖੇ ਤੇ ਕਾਬਿਲ ਲੋਕਾਂ ਨੂੰ ਅੱਗੇ ਲਿਆ ਕੇ ਆਪ 'ਦਾਤੇ' ਬਣੀਏ। ਸਮੇਂ ਦਾ ਤਕਾਜ਼ਾ ਹੈ ਕਿ ਰਾਜ-ਪਾਟ ਤੋਂ ਬਿਨਾਂ ਕੁਝ ਵੀ ਸੰਭਵ ਨਹੀਂ ਕੀਤਾ ਜਾ ਸਕਦਾ। ਜੇਕਰ ਚੰਗੀ ਜ਼ਿੰਦਗੀ ਜਿਊਣੀ ਹੈ ਤਾਂ ਆਪਣੀ ਵੋਟ ਦਾ ਸਹੀ ਵਰਤੋਂ ਕਰਕੇ ਸਮਾਜ ਦੇ ਹੋਣਹਾਰ ਅਗਵਾਈਕਰਤਾਵਾਂ ਨੂੰ ਵਿਧਾਨ ਸਭਾ ਤੇ ਲੋਕ ਸਭਾ ਵਿੱਚ ਭੇਜੋ। ਉਨ੍ਹਾਂ ਕਿਹਾ ਕਿ ਸਾਡੀਆਂ ਵੋਟਾਂ ਨਾਲ ਜਿੱਤ ਕੇ ਦੂਜੀਆਂ ਪਾਰਟੀਆਂ ਸਾਨੂੰ ਹੀ 'ਵਿਕਾਊ' ਦੱਸਦੀਆਂ ਹਨ, ਇਸ ਲਈ ਇਸ ਕਲੰਕ ਨੂੰ ਧੋ ਕੇ ਆਪਣੀ ਬਹੁਜਨ ਸਮਾਜ ਪਾਰਟੀ ਦੀ ਸਰਕਾਰ ਬਣਾਓ।

# ਕਿਸਾਨ ਭਵਨ ਚੰਡੀਗੜ੍ਹ ਵਿਖੇ ਸੂਬਾ ਪੱਧਰੀ ਸੈਮੀਨਾਰ 7 ਨੂੰ



**ਭਵਾਨੀਗੜ੍ਹ (ਰਾਜ ਖੁਰਮੀ)**-ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਦੀ ਜ਼ਿਲ੍ਹਾ ਸੰਗਰੂਰ ਇਕਾਈ ਦੀ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਕਪਿਆਲ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ 7 ਅਗਸਤ ਨੂੰ ਕਿਸਾਨ ਭਵਨ ਚੰਡੀਗੜ੍ਹ ਵਿਖੇ ਹੋਣ ਵਾਲੇ ਸੂਬਾ ਪੱਧਰੀ ਸੈਮੀਨਾਰ ਤੇ 1 ਸਤੰਬਰ ਤੋਂ ਸੰਯੁਕਤ ਕਿਸਾਨ ਮੋਰਚੇ ਵੱਲੋਂ ਚੰਡੀਗੜ੍ਹ ਵਿੱਚ ਲਗਾਏ ਜਾਣ ਵਾਲੇ ਸੱਤ ਦਿਨਾਂ ਦੇ ਪੱਕੇ ਮੋਰਚੇ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਕਪਿਆਲ ਨੇ ਦੱਸਿਆ ਕਿ 7 ਅਗਸਤ ਨੂੰ ਹੋਣ ਵਾਲੇ ਸੂਬਾ ਪੱਧਰੀ ਸੈਮੀਨਾਰ ਵਿੱਚ ਵਾਤਾਵਰਨ ਪ੍ਰੇਮੀ, ਬੁੱਧੀਜੀਵੀ ਤੇ ਕਿਸਾਨ ਆਗੂ ਕਿਸਾਨਾਂ ਨੂੰ ਦਰਪੇਸ਼ ਚੁਣੌਤੀਆਂ ਤੇ ਖੇਤੀਬਾੜੀ ਨਾਲ ਜੁੜੇ ਅਹਿਮ ਮੁੱਦਿਆਂ 'ਤੇ ਆਪਣੇ ਵਿਚਾਰ ਸਾਂਝੇ ਕਰਨਗੇ।ਉਨ੍ਹਾਂ ਜ਼ਿਲ੍ਹੇ ਦੇ ਵੱਧ ਤੋਂ ਵੱਧ ਕਿਸਾਨਾਂ ਨੂੰ ਇਸ ਸੈਮੀਨਾਰ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।ਉਨ੍ਹਾਂ ਦੱਸਿਆ ਕਿ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ 1 ਸਤੰਬਰ ਤੋਂ ਚੰਡੀਗੜ੍ਹ ਵਿਖੇ ਸੱਤ ਦਿਨਾਂ ਦਾ ਪੱਕਾ ਮੋਰਚਾ ਲਗਾਇਆ ਜਾਵੇਗਾ।ਇਸ ਵਿੱਚ ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਵੱਲੋਂ ਵੱਡੀ ਗਿਣਤੀ ਵਿੱਚ ਕਿਸਾਨਾਂ ਦੀ ਸ਼ਮੂਲੀਅਤ ਯਕੀਨੀ ਬਣਾਉਣ ਲਈ ਅੱਜ ਤੋਂ ਹੀ ਜ਼ਿੰਮੇਵਾਰੀਆਂ ਵੰਡ ਦਿੱਤੀਆਂ ਗਈਆਂ ਹਨ।ਜ਼ਿਲ੍ਹਾ ਜਨਰਲ ਸਕੱਤਰ ਕਸ਼ਮੀਰ ਸਿੰਘ ਘਰਾਚੋਂ ਨੇ ਫਾਜ਼ਿਲਕਾ ਵਿਖੇ ਹੋਈ ਸੂਬਾ ਪੱਧਰੀ ਰੈਲੀ ਵਿੱਚ ਸ਼ਾਮਲ ਹੋਏ ਕਿਸਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਿਸਾਨ ਏਕਤਾ ਹੀ ਉਨ੍ਹਾਂ ਦੀ ਸਭ ਤੋਂ ਵੱਡੀ ਤਾਕਤ ਹੈ।ਮੀਟਿੰਗ ਵਿੱਚ ਬਲਵਿੰਦਰ ਸਿੰਘ ਜੱਖਲਾ, ਗੁਰਜੀਤ ਸਿੰਘ ਭੜੀ (ਮਾਨਸਾ), ਜਸਪਾਲ ਸਿੰਘ ਘਰਾਚੋਂ, ਰੋਹੀ ਸਿੰਘ ਮੰਗਵਾਲ, ਦਰਸ਼ਨ ਸਿੰਘ ਲਿੱਦੜਾ, ਪ੍ਰੀਤਮ ਸਿੰਘ, ਯਾਦਵਿੰਦਰ ਸਿੰਘ ਘਰਾਚੋਂ ਸਮੇਤ ਹੋਰ ਆਗੂ ਵੀ ਹਾਜ਼ਰ ਸਨ।

## ਕਾਤਰਾਂ

### ਉੱਪ-ਚੇਅਰਮੈਨ ਪੰਜਾਬ ਗਊ ਸੇਵਾ ਕਮਿਸ਼ਨ ਵੱਲੋਂ ਮੁਕਤਸਰ ਦਾ ਦੌਰਾ ਅੱਜ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ)**-ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਡਾ. ਗੁਰਦਿੱਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੜਕਾਂ 'ਤੇ ਘੁੰਮ ਰਹੇ ਲਵਾਰਿਸ ਤੇ ਬੇਸਹਾਰਾ ਗਊਧਨ ਨੂੰ ਜ਼ਿਲ੍ਹੇ ਦੀਆਂ ਸਰਕਾਰੀ ਕੈਟਲ ਪੌਂਡ ਗਊਸ਼ਾਲਾਵਾਂ ਵਿੱਚ ਸ਼ਿਫਟ ਕਰਨ ਅਤੇ ਜ਼ਿਲ੍ਹੇ ਦੀਆਂ ਗਊਸ਼ਾਲਾਵਾਂ ਵਿੱਚ ਗਊਧਨ ਦੀ ਸਾਂਭ-ਸੰਭਾਲ ਸਬੰਧੀ ਵਿਚਾਰ-ਵਟਾਂਦਰਾ ਕਰਨ ਲਈ ਉੱਪ-ਚੇਅਰਮੈਨ ਪੰਜਾਬ ਗਊ ਸੇਵਾ ਕਮਿਸ਼ਨ ਸ੍ਰੀ ਕੀਮਤੀ ਭਗਤ ਵੱਲੋਂ 3 ਅਗਸਤ (ਸੋਮਵਾਰ) ਨੂੰ ਦੁਪਹਿਰ 12:00 ਵਜੇ ਡਿਪਟੀ ਕਮਿਸ਼ਨਰ ਕੰਪਲੈਕਸ ਦੇ ਮੀਟਿੰਗ ਹਾਲ ਵਿੱਚ ਇੱਕ ਅਹਿਮ ਮੀਟਿੰਗ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਮੀਟਿੰਗ ਦੌਰਾਨ ਜ਼ਿਲ੍ਹੇ ਦੇ ਦਾਨੀ ਸੱਜਣਾਂ, ਸਮਾਜ ਸੇਵੀ ਸੰਸਥਾਵਾਂ (ਐੱਨ.ਜੀ.ਓ.), ਟਰੱਸਟਾਂ ਤੇ ਨਿੱਜੀ ਤੌਰ 'ਤੇ ਗਊਸ਼ਾਲਾਵਾਂ ਵਿੱਚ ਹਜ਼ਾਰਾਂ ਗਊਆਂ ਦੀ ਸੇਵਾ ਤੇ ਸੰਭਾਲ ਕਰ ਰਹੇ ਗਊ ਭਗਤਾਂ ਨਾਲ ਉਨ੍ਹਾਂ ਨੂੰ ਦਰਪੇਸ਼ ਮੁਸ਼ਕਲਾਂ ਤੇ ਸੰਭਾਵੀ ਹੱਲਾਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਜਾਵੇਗਾ।

### ਹਰਚੰਦਪੁਰੀ ਨੂੰ ਸਦਮਾ, ਪਤਨੀ ਦਾ ਦਿਹਾਂਤ



**ਧੂਰੀ (ਮਨੋਹਰ ਸਿੰਘ ਸੱਗੂ)**-ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਰਜਿ. ਦੇ ਪ੍ਰਧਾਨ ਪਵਨ ਹਰਚੰਦਪੁਰੀ ਨੂੰ ਉਸ ਵੇਲੇ ਡੂੰਘਾ ਸਦਮਾ ਪੁੱਜਿਆ, ਜਦੋਂ ਉਨ੍ਹਾਂ ਦੀ ਧਰਮ ਪਤਨੀ ਸ੍ਰੀਮਤੀ ਪੁਸ਼ਪਾ ਸ਼ਰਮਾ (67) ਬੀਤੀ ਰਾਤ ਸਦੀਵੀਂ ਵਿਛੋੜਾ ਦੇ ਗਏ।ਉਹ ਪਿਛਲੇ ਕਾਫ਼ੀ ਸਮੇਂ ਤੋਂ ਕੈਂਸਰ ਦੀ ਬਿਮਾਰੀ ਨਾਲ ਪੀੜਤ ਸਨ ਤੇ ਸ਼ਹਿਰ ਦੇ ਇੱਕ ਨਿੱਜੀ ਹਸਪਤਾਲ ਵਿੱਚ ਉਨ੍ਹਾਂ ਨੇ ਆਖ਼ਰੀ ਸਾਹ ਲਿਆ।ਵਿੱਛੜੀ ਰੂਹ ਦਾ ਅੰਤਿਮ ਸੰਸਕਾਰ ਅੱਜ ਬਾਅਦ ਦੁਪਹਿਰ 2 ਵਜੇ ਸਥਾਨਕ ਰਾਮਬਾਗ ਸ਼ਮਸ਼ਾਨਘਾਟ ਵਿਖੇ ਕੀਤਾ ਗਿਆ। ਅੰਤਿਮ ਯਾਤਰਾ ਵਿੱਚ ਸ਼ਹਿਰ ਦੀਆਂ ਵੱਖ-ਵੱਖ ਧਾਰਮਿਕ ਤੇ ਸਮਾਜ ਸੇਵੀ ਸੰਸਥਾਵਾਂ, ਸਿਆਸੀ ਪਾਰਟੀਆਂ ਦੇ ਆਗੂਆਂ, ਇਲਾਕੇ ਦੇ ਪਤਵੰਤਿਆਂ, ਸਾਹਿਤਕ ਸ਼ਖ਼ਸੀਅਤਾਂ, ਪੱਤਰਕਾਰ ਭਾਈਚਾਰੇ ਤੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਿਰਕਤ ਕਰਕੇ ਵਿੱਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕੀਤੀ।

### ਅਕਾਲੀ ਆਗੂ ਮਨਵਿੰਦਰ ਬਿੰਨਰ ਨੂੰ ਸਦਮਾ, ਪਿਤਾ ਦਾ ਦਿਹਾਂਤ



**ਧੂਰੀ (ਮਨੋਹਰ ਸਿੰਘ ਸੱਗੂ)**-ਅਕਾਲੀ ਆਗੂ ਮਨਵਿੰਦਰ ਸਿੰਘ ਬਿੰਨਰ ਦੇ ਸਤਿਕਾਰਯੋਗ ਪਿਤਾ ਤੇ ਸੇਵਾਮੁਕਤ ਆਨਰੇਰੀ ਕੈਪਟਨ ਹਰਦੇਵ ਸਿੰਘ ਬਿੰਨਰ ਐਤਵਾਰ ਸਵੇਰੇ ਅਚਾਨਕ ਅਕਾਲ ਚਲਾਣਾ ਕਰ ਗਏ।ਉਹ ਪਿਛਲੇ ਕਾਫ਼ੀ ਸਮੇਂ ਤੋਂ ਬਿਮਾਰ ਚੱਲੇ ਆ ਰਹੇ ਸਨ।ਉਨ੍ਹਾਂ ਦਾ ਅੰਤਿਮ ਸੰਸਕਾਰ ਸ਼ਾਮ ਸਾਢੇ ਤਿੰਨ ਵਜੇ ਸਥਾਨਕ ਰਾਮਬਾਗ ਸ਼ਮਸ਼ਾਨਘਾਟ ਵਿਖੇ ਕੀਤਾ ਗਿਆ।ਅੰਤਿਮ ਯਾਤਰਾ ਵਿੱਚ ਉਨ੍ਹਾਂ ਦੇ ਸਕੇ-ਸਬੰਧੀਆਂ, ਮਿੱਤਰਾਂ-ਦੋਸਤਾਂ ਤੋਂ ਇਲਾਵਾ ਸ਼ਹਿਰ ਦੀਆਂ ਵੱਖ-ਵੱਖ ਧਾਰਮਿਕ, ਸਮਾਜ ਸੇਵੀ ਸੰਸਥਾਵਾਂ ਤੇ ਰਾਜਨੀਤਕ ਪਾਰਟੀਆਂ ਦੇ ਆਗੂਆਂ ਤੇ ਵੱਡੀ ਗਿਣਤੀ ਵਿੱਚ ਸ਼ਹਿਰੀਆਂ ਨੇ ਸ਼ਾਮਲ ਹੋ ਕੇ ਵਿੱਛੜੀ ਰੂਹ ਨੂੰ ਅੰਤਿਮ ਵਿਦਾਈ ਦਿੱਤੀ।

# ਆੜ੍ਹਤੀਆ ਐਸੋਸੀਏਸ਼ਨ ਪੰਜਾਬ ਨੇ ਕੇਂਦਰ ਨੂੰ ਸੌਂਪਿਆ ਮੰਗ ਪੱਤਰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਆੜ੍ਹਤੀ ਐਸੋਸੀਏਸ਼ਨ ਪੰਜਾਬ (ਰਜਿ:) ਵੱਲੋਂ ਅੱਜ ਰਾਵੀ ਹਾਲ ਕਿਸਾਨ ਭਵਨ ਸੈਕਟਰ 35 ਚੰਡੀਗੜ੍ਹ ਵਿਖੇ ਇੱਕ ਅਹਿਮ ਸੂਬਾ ਪੱਧਰੀ ਮੀਟਿੰਗ ਕੀਤੀ ਗਈ।ਇਸ ਮੀਟਿੰਗ ਵਿੱਚ ਭਾਰਤੀ ਉਦਯੋਗ ਵਪਾਰ ਮੰਡਲ ਦੇ ਰਾਸ਼ਟਰੀ ਪ੍ਰਧਾਨ ਸ਼੍ਰੀ ਬਾਬੂ ਲਾਲ ਗੁਪਤਾ ਨੇ ਮੁੱਖ ਮਹਿਮਾਨ ਵਜੋਂ ਵਿਸ਼ੇਸ਼ ਸ਼ਿਰਕਤ ਕੀਤੀ।ਮੀਟਿੰਗ ਦੀ ਅਗਵਾਈ ਐਸੋਸੀਏਸ਼ਨ ਦੇ ਪ੍ਰਧਾਨ ਜਸਵਿੰਦਰ ਸਿੰਘ ਰਾਣਾ, ਚੀਫ਼ ਸਰਪ੍ਰਸਤ ਰਵਿੰਦਰ ਸਿੰਘ ਚੀਮਾ, ਜਨਰਲ ਸਕੱਤਰ ਰਜਿੰਦਰ ਕੁਮਾਰ ਤੇ ਜਨਰਲ ਸਕੱਤਰ (ਸੰਗਠਨ) ਪੁਨੀਤ ਕੁਮਾਰ ਜੈਨ ਨੇ ਕੀਤੀ।ਇਸ ਮੌਕੇ ਨਰਿੰਦਰ ਕੁਮਾਰ ਬਹਿਲ (ਜ਼ਿਲ੍ਹਾ ਪ੍ਰਧਾਨ, ਅੰਮ੍ਰਿਤਸਰ), ਦਵਿੰਦਰ ਸਿੰਘ ਬੈਦਵਾਨ (ਜ਼ਿਲ੍ਹਾ ਪ੍ਰਧਾਨ, ਪਟਿਆਲਾ), ਅਵਤਾਰ ਸਿੰਘ (ਪ੍ਰਧਾਨ, ਰੋਪੜ ਮੰਡੀ), ਸੁਰਿੰਦਰ ਕੁਮਾਰ (ਪ੍ਰਧਾਨ, ਅਹਿਮਦਗੜ੍ਹ ਮੰਡੀ), ਰਵੀ ਆਹੂਜਾ (ਪੀ.ਆਰ.ਓ., ਪੰਜਾਬ), ਤੇ ਗੌਰਵ ਥਮਨ (ਦਫ਼ਤਰ ਸਕੱਤਰ, ਪੰਜਾਬ) ਸਮੇਤ ਸੂਬੇ ਭਰ ਦੇ ਪ੍ਰਮੁੱਖ ਆਗੂ ਹਾਜ਼ਰ ਸਨ।

ਮੀਟਿੰਗ ਦੌਰਾਨ ਮੁੱਖ ਮਹਿਮਾਨ ਸ੍ਰੀ ਬਾਬੂ ਲਾਲ ਗੁਪਤਾ ਨੂੰ ਕੇਂਦਰ ਸਰਕਾਰ ਤੱਕ ਪਹੁੰਚਾਉਣ ਲਈ 5 ਮੁੱਖ ਮੰਗਾਂ ਦਾ ਇੱਕ ਮੰਗ ਪੱਤਰ ਸੌਂਪਿਆ ਗਿਆ, ਜਿਸ ਵਿੱਚ ਕਾਨੂੰਨ ਮੁਤਾਬਕ 2.5% ਆੜ੍ਹਤ (ਕਮਿਸ਼ਨ) ਤੁਰੰਤ ਬਹਾਲ ਕੀਤੀ ਜਾਵੇ ਤੇ ਮੌਜੂਦਾ ਫਲੈਟ ਰੇਟ (50/ਕੁਇੰਟਲ) ਸਿਸਟਮ ਬੰਦ ਹੋਵੇ।ਸਾਈਲੋ ਡਿਲਿਵਰੀ ਉੱਤੇ ਵੀ ਆੜ੍ਹਤੀਆਂ ਦੀ ਮਿਹਨਤ ਨੂੰ ਦੇਖਦੇ ਹੋਏ ਪੂਰੀ 2.5% ਆੜ੍ਹਤ ਦਿੱਤੀ ਜਾਵੇ।ਮੰਡੀ ਮਜ਼ਦੂਰਾਂ ਦੇ ਅਸਥਾਈ ਹੋਣ ਕਰਕੇ ਫੰਡਾਂ ਵਿੱਚ ਫਸੇ 55 ਕਰੋੜ ਦੀ ਅਸੰਗਤ ਈ ਪੀ ਐੱਫ ਕਟੌਤੀ ਤੁਰੰਤ ਬੰਦ ਕੀਤੀ ਜਾਵੇ।ਮਜ਼ਦੂਰਾਂ ਦੀ ਘਾਟ ਨੂੰ ਦੂਰ ਕਰਨ ਲਈ ਮੰਡੀ ਬੋਰਡ ਵੱਲੋਂ ਲੇਬਰ ਰੇਟਾਂ ਵਿੱਚ 50% ਦਾ ਵਾਧਾ ਕੀਤਾ ਜਾਵੇ।ਗਰਮੀ ਕਰਕੇ ਫਸਲ ਦੇ ਸੁੱਕਣ ਨਾਲ ਘਟੇ ਵਜ਼ਨ ਦਾ ਬੋਝ ਆੜ੍ਹਤੀਆਂ 'ਤੇ ਪਾਉਣ ਦੀ ਬਜਾਏ ਜਾਇਜ਼ ਸਮਾਯੋਜਨ ਕੀਤਾ ਜਾਵੇ।

# ਰੋਟਰੀ ਕਲੱਬ ਦੀ ਪਲੇਠੀ ਡਿਨਰ ਮੀਟਿੰਗ 'ਚ ਨਵੇਂ ਅਹੁਦੇਦਾਰਾਂ ਤੇ ਮੈਂਬਰਾਂ ਦਾ ਸਵਾਗਤ



**ਜਲਾਲਾਬਾਦ (ਜੀਤ ਕੁਮਾਰ)**-ਰੋਟਰੀ ਕਲੱਬ ਜਲਾਲਾਬਾਦ ਦੀ ਪਹਿਲੀ ਡਿਨਰ ਮੀਟਿੰਗ ਨਿਖੰਜ ਫਾਰਮ ਹਾਊਸ ਵੈਰੋਕੇ ਵਿਖੇ ਬੜੇ ਉਤਸ਼ਾਹ ਤੇ ਆਪਸੀ ਭਾਈਚਾਰੇ ਦੇ ਮਾਹੌਲ ਵਿੱਚ ਕੀਤੀ ਗਈ। ਮੀਟਿੰਗ ਦੀ ਅਗਵਾਈ ਰੋਟਰੀ ਕਲੱਬ ਜਲਾਲਾਬਾਦ ਦੇ ਡਾਇਰੈਕਟਰ ਜੈਸਰਤ ਸਿੰਘ ਸੰਧੂ ਨੇ ਕੀਤੀ, ਜਦਕਿ ਮੀਟਿੰਗ ਦੀ ਪ੍ਰਧਾਨਗੀ ਕਲੱਬ ਦੇ ਪ੍ਰਧਾਨ ਡਾ. ਗੁਰਪ੍ਰੀਤ ਸਿੰਘ ਬੱਬਰ ਨੇ ਕੀਤੀ। ਮੀਟਿੰਗ ਦੀ ਕਾਰਵਾਈ ਨੂੰ ਕਲੱਬ ਦੇ ਸਕੱਤਰ ਅਮਨਦੀਪ ਗੁੰਬਰ ਨੇ ਬਹੁਤ ਹੀ ਸੁਚੱਜੇ ਤੇ ਪ੍ਰਭਾਵਸ਼ਾਲੀ ਢੰਗ ਨਾਲ ਚਲਾਇਆ। ਇਸ ਦੌਰਾਨ ਫਾਇਨਾਂਸ ਸਕੱਤਰ ਨੀਰਜ ਮੱਕੜ ਵੱਲੋਂ ਕਲੱਬ ਦੇ ਵਿੱਤੀ ਖਾਤਿਆਂ ਤੇ ਆਰਥਿਕ ਗਤੀਵਿਧੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਗਈ। ਇਸ ਮੌਕੇ ਡਾ. ਗੁਰਪ੍ਰੀਤ ਸਿੰਘ ਬੱਬਰ ਨੇ ਰੋਟਰੀ ਕਲੱਬ ਵੱਲੋਂ ਹੁਣ ਤੱਕ ਕੀਤੀਆਂ ਸਮਾਜ ਸੇਵੀ ਗਤੀਵਿਧੀਆਂ, ਆਉਣ ਵਾਲੇ ਨਵੇਂ ਪ੍ਰੋਜੈਕਟਾਂ ਤੇ ਰੋਟਰੀ ਦੀ ਵਿਸ਼ਵ ਪੱਧਰੀ ਪਹਿਚਾਣ ਬਾਰੇ ਮੈਂਬਰਾਂ ਨਾਲ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਦੱਸਿਆ ਕਿ ਰੋਟਰੀ ਇੰਟਰਨੈਸ਼ਨਲ ਡਿਸਟ੍ਰਿਕਟ 3090 ਵੱਲੋਂ ਸਾਲਾਨਾ ਕੈਲੰਡਰ ਜਾਰੀ ਕੀਤਾ ਗਿਆ ਹੈ, ਜਿਸ ਵਿੱਚ ਹਰ ਮਹੀਨੇ ਕੀਤੇ ਜਾਣ ਵਾਲੇ ਸਮਾਜ ਸੇਵਾ ਪ੍ਰੋਜੈਕਟਾਂ ਦੀ ਰੂਪ-ਰੇਖਾ ਦਰਸਾਈ ਗਈ ਹੈ।

ਮੀਟਿੰਗ ਦੌਰਾਨ ਡਾਇਰੈਕਟਰ ਜੈਸਰਤ ਸਿੰਘ ਸੰਧੂ ਵੱਲੋਂ ਕਲੱਬ ਨੂੰ ਹੋਰ ਮਜ਼ਬੂਤ ਬਣਾਉਣ ਦੇ ਉਦੇਸ਼ ਨਾਲ ਹੇਠ ਲਿਖੇ ਮੈਂਬਰਾਂ ਨੂੰ ਨਵੇਂ ਅਹੁਦੇ ਸੌਂਪੇ ਗਏ, ਜਿਸ ਵਿੱਚ ਭੁਪਿੰਦਰ ਸਿੰਘ ਕਾਠਪਾਲ ਡਿਸਟ੍ਰਿਕਟ ਚੇਅਰਮੈਨ, ਵਿੱਕੀ ਨਿਖੰਜ ਸੀਨੀਅਰ ਮੀਤ ਪ੍ਰਧਾਨ, ਡਾ. ਧੀਰਜ ਵਾਟਸ ਮੀਤ ਪ੍ਰਧਾਨ, ਸਤਵੰਤ ਸਿੰਘ ਮਾਨ ਜੁਆਇੰਟ ਸਕੱਤਰ, ਭੂਸ਼ਨ ਲੂਣਾ ਜੁਆਇੰਟ ਫਾਇਨਾਂਸ ਸਕੱਤਰ, ਰੇਸ਼ਮ ਸਿੰਘ ਗਿੱਲ ਪਬਲਿਕ ਰਿਲੇਸ਼ਨ ਅਫ਼ਸਰ, ਜਸਪਾਲ ਸਿੰਘ ਦਰਗਨ ਪ੍ਰੈਸ ਸਕੱਤਰ ਨਵ-ਨਿਯੁਕਤ ਅਹੁਦੇਦਾਰਾਂ ਨੂੰ ਸਮੂਹ ਮੈਂਬਰਾਂ ਵੱਲੋਂ ਨਿੱਘੀਆਂ ਵਧਾਈਆਂ ਦਿੱਤੀਆਂ ਗਈਆਂ ਤੇ ਉਨ੍ਹਾਂ ਦੇ ਸਫਲ ਕਾਰਜਕਾਲ ਲਈ ਸ਼ੁੱਭ-ਕਾਮਨਾਵਾਂ ਕੀਤੀਆਂ ਗਈਆਂ।

ਇਸ ਮੌਕੇ ਕਲੱਬ ਵਿੱਚ ਗੋਰਾ ਖੇੜਾ ਤੇ ਮਲਕੀਤ ਸਿੰਘ (ਸੋਨੂੰ ਧਮੀਜਾ) ਨਵੇਂ ਮੈਂਬਰਾਂ ਦਾ ਵੀ ਸਵਾਗਤ ਕੀਤਾ ਗਿਆ। ਮੀਟਿੰਗ ਦੇ ਅੰਤ ਵਿੱਚ ਕਲੱਬ ਦੇ ਸਮੂਹ ਮੈਂਬਰਾਂ ਨੇ ਰੋਟਰੀ ਦੇ ਸੇਵਾ, ਮਿੱਤਰਤਾ ਤੇ ਮਨੁੱਖਤਾ ਦੇ ਸਿਧਾਂਤਾਂ ਨੂੰ ਹੋਰ ਮਜ਼ਬੂਤੀ ਨਾਲ ਅੱਗੇ ਵਧਾਉਣ ਦਾ ਸੰਕਲਪ ਲੈਂਦਿਆਂ ਸਮਾਜ ਭਲਾਈ ਲਈ ਵੱਧ ਤੋਂ ਵੱਧ ਪ੍ਰੋਜੈਕਟ ਕਰਨ ਦਾ ਫੈਸਲਾ ਕੀਤਾ। ਡਿਨਰ ਉਪਰੰਤ ਆਪਸੀ ਮਿਲਣ-ਜੁਲਣ ਦੇ ਮਾਹੌਲ ਵਿੱਚ ਮੀਟਿੰਗ ਸਫਲਤਾਪੂਰਵਕ ਸੰਪੰਨ ਹੋਈ।

# ਸੇਖੋਂ ਵੱਲੋਂ ਸਿਹਤ ਬਲਾਕ ਜੰਡ ਸਾਹਿਬ ਦੀ ਬਿਲਡਿੰਗ ਨਿਰਮਾਣ ਦਾ ਆਗਾਜ਼



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਪੰਜਾਬ ਸਰਕਾਰ ਪਿੰਡ ਪੱਧਰ ਤੱਕ ਲੋਕਾਂ ਨੂੰ ਉੱਚ ਪੱਧਰ ਦੀਆਂ ਸਿਹਤ ਸੇਵਾਵਾਂ ਤੇ ਸਹੂਲਤਾਂ ਪ੍ਰਦਾਨ ਕਰਨ ਹਿੱਤ ਸਿਹਤ ਬਲਾਕ ਜੰਡ ਸਾਹਿਬ ਹਸਪਤਾਲ ਨੂੰ ਨਵੀਂ ਤਕਨੀਕ ਨਾਲ ਬਣਾਇਆ ਜਾਵੇਗਾ। ਇਹ ਹਸਪਤਾਲ ਕਰੀਬ 20-25 ਪਿੰਡਾਂ ਦੇ ਲੋਕਾਂ ਨੂੰ ਸਿਹਤ ਸੇਵਾਵਾਂ ਤੇ ਸਹੂਲਤਾਂ ਦੇ ਰਿਹਾ ਹੈ ਅਤੇ ਇਹ ਮੁੱਢਲਾ ਸਿਹਤ ਕੇਂਦਰ ਜੰਡ ਸਾਹਿਬ ਜ਼ਿਲ੍ਹਾ ਫਰੀਦਕੋਟ ਦੀ ਬਿਲਡਿੰਗ ਕਰੀਬ 70 ਸਾਲ ਤੋਂ ਪਹਿਲਾਂ ਦੀ ਬਣੀ ਹੋਈ ਸੀ, ਹੁਣ ਇਹ ਬਿਲਡਿੰਗ ਨੂੰ ਢਾਹ ਕੇ ਨਵੀਂ ਬਨਣ ਜਾ ਰਹੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਐੱਮ. ਐੱਲ. ਏ. ਫਰੀਦਕੋਟ ਸ੍ਰ. ਗੁਰਦਿੱਤ ਸਿੰਘ ਸੇਖੋਂ ਵੱਲੋਂ ਸਿਹਤ ਬਲਾਕ ਜੰਡ ਸਾਹਿਬ ਦੀ ਨਵੀਂ ਬਣਨ ਜਾ ਰਹੀ ਬਿਲਡਿੰਗ ਦਾ ਆਗਾਜ਼ ਕਰਨ ਮੌਕੇ ਕੀਤਾ।ਹਲਕਾ ਵਿਧਾਇਕ ਨੇ ਦੱਸਿਆ ਕਿ ਇਹ ਮੁੱਢਲਾ ਸਿਹਤ ਕੇਂਦਰ ਜੰਡ ਸਾਹਿਬ ਹਸਪਤਾਲ 10 ਬੈੱਡ ਵਾਲਾ ਹਸਪਤਾਲ ਬਣੇਗਾ। ਇਹ ਤਿੰਨ ਕੰਪਲੈਕਸ (ਬਲਾਕ) ਵਿੱਚ ਬਣਾਇਆ ਜਾਵੇਗਾ, ਜਿਸ ਵਿੱਚ ਇੱਕ 10 ਬੈੱਡ ਵਾਲਾ ਹਸਪਤਾਲ ਹੋਵੇਗਾ ਤੇ ਡਾਕਟਰ, ਪੈਰਾਮੈਡੀਕਲ ਸਟਾਫ਼ ਤੇ ਦਰਜਾ ਚਾਰ ਕਰਮਚਾਰੀਆਂ ਦੇ ਰਿਹਾਇਸ਼ੀ ਕੁਆਟਰ ਹੋਣਗੇ। ਇਹ ਬਿਲਡਿੰਗ ਕਰੀਬ 9 ਮਹੀਨੇ ਵਿੱਚ ਬਣ ਕੇ ਤਿਆਰ ਹੋ ਜਾਵੇਗੀ ਤੇ ਇਸ ਬਿਲਡਿੰਗ 'ਤੇ ਕਰੀਬ 5 ਕਰੋੜ ਦੀ ਲਾਗਤ ਆਵੇਗੀ।

ਇਹ ਹਸਪਤਾਲ ਕਰੀਬ 20-25 ਨੇੜੇ ਦੇ ਪਿੰਡਾਂ ਨੂੰ ਸਿਹਤ ਸੇਵਾਵਾਂ ਤੇ ਸਹੂਲਤਾਂ ਦੇਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਜ਼ਮੀਨੀ ਪੱਧਰ ਤੱਕ ਲੋਕਾਂ ਨੂੰ ਉੱਚ ਪੱਧਰੀ ਸੇਵਾਵਾਂ ਦੇਣ ਲਈ ਵਚਨਬੱਧ ਹੈ। ਇਸ ਸਮੇਂ ਡਾ. ਅਰਸ਼ਦੀਪ ਸਿੰਘ ਬਰਾੜ ਸੀਨੀਅਰ ਮੈਡੀਕਲ ਅਫ਼ਸਰ ਇੰਚਾਰਜ ਪੀ. ਐੱਚ. ਸੀ. ਜੰਡ, ਡਾ. ਪਰਮਜੀਤ ਕੌਰ ਮੈਡੀਕਲ ਅਫ਼ਸਰ, ਰਾਜਿੰਦਰ ਅਰੋੜਾ, ਸੁਖਦੀਪ ਸ਼ਰਮਾ ਫਾਰਮੇਸੀ ਅਫ਼ਸਰ, ਰਾਜਿੰਦਰ ਕੁਮਾਰ ਬਲਾਕ ਐਜੂਕੇਟਰ ਤੋਂ ਇਲਾਵਾ ਵੱਖ ਵੱਖ ਪਿੰਡਾਂ ਦੇ ਸਰਪੰਚ ਤੇ ਮੈਂਬਰ ਸਾਹਿਬਾਨ ਅਤੇ ਪਿੰਡਾਂ ਦੇ ਪਤਵੰਤੇ ਸੱਜਣ ਹਾਜ਼ਰ ਸਨ।

# ਸਫਾਈ ਕਰਮਚਾਰੀਆਂ ਦੀਆਂ ਮੰਗਾਂ ਦੇ ਹੱਲ ਲਈ ਸਰਕਾਰ ਵਚਨਬੱਧ : ਅਮੋਲਕ ਸਿੰਘ

**ਗੱਲਬਾਤ ਰਾਹੀਂ ਨਿਕਲਿਆ ਹੱਲ ਸਰਕਾਰ ਦੀ ਲੋਕ ਪੱਖੀ ਸੋਚ ਦਾ ਸਬੂਤ : ਸੇਖੋਂ**



**ਫ਼ਰੀਦਕੋਟ/ਜੈਤੋ (ਐਲਿਗਜੈਂਡਰ ਡਿਸੂਜਾ)**

ਵਿਧਾਇਕ ਜੈਤੋ ਸ੍ਰ. ਅਮੋਲਕ ਸਿੰਘ ਤੇ ਵਿਧਾਇਕ ਫ਼ਰੀਦਕੋਟ ਸ੍ਰ. ਗੁਰਦਿੱਤ ਸਿੰਘ ਸੇਖੋਂ ਨੇ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਜਾਬ ਸਰਕਾਰ ਤੇ ਸਫਾਈ ਕਰਮਚਾਰੀਆਂ ਵਿਚਾਲੇ ਗੱਲਬਾਤ ਰਾਹੀਂ ਬਣੀ ਸਹਿਮਤੀ ਦਾ ਸਵਾਗਤ ਕੀਤਾ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਮੇਸ਼ਾ ਗੱਲਬਾਤ ਤੇ ਆਪਸੀ ਸਹਿਮਤੀ ਰਾਹੀਂ ਲੋਕਾਂ ਤੇ ਕਰਮਚਾਰੀਆਂ ਦੇ ਮਸਲਿਆਂ ਦਾ ਹੱਲ ਕਰਨ ਵਿੱਚ ਵਿਸ਼ਵਾਸ ਰੱਖਦੀ ਹੈ।ਪ੍ਰੈੱਸ ਕਾਨਫਰੰਸ ਦੌਰਾਨ ਵਿਧਾਇਕ ਸ੍ਰ. ਅਮੋਲਕ ਸਿੰਘ ਨੇ ਕਿਹਾ ਕਿ ਸਫਾਈ ਕਰਮਚਾਰੀਆਂ ਦੀਆਂ ਮੰਗਾਂ ਨੂੰ ਸਰਕਾਰ ਨੇ ਪੂਰੀ ਗੰਭੀਰਤਾ ਨਾਲ ਸੁਣਿਆ ਤੇ ਉਨ੍ਹਾਂ ਦੇ ਹਿੱਤਾਂ ਦੀ ਰਾਖੀ ਲਈ ਅਹਿਮ ਫ਼ੈਸਲੇ ਲਏ ਹਨ।ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਵੀ ਬਿਜਲੀ ਬੋਰਡ, ਮਨਰੇਗਾ, ਪੀ.ਆਰ.ਟੀ.ਸੀ. ਤੇ ਹੋਰ ਵਿਭਾਗਾਂ ਦੇ ਕਰਮਚਾਰੀਆਂ ਦੀਆਂ ਮੰਗਾਂ ਨੂੰ ਗੱਲਬਾਤ ਰਾਹੀਂ ਹੱਲ ਕੀਤਾ ਗਿਆ ਹੈ।ਉਨ੍ਹਾਂ ਭਰੋਸਾ ਦਿੱਤਾ ਕਿ ਸਫਾਈ ਕਰਮਚਾਰੀਆਂ ਦੀਆਂ ਬਾਕੀ ਰਹਿੰਦੀਆਂ ਜਾਇਜ਼ ਮੰਗਾਂ ਵੀ ਪੜਾਅਵਾਰ ਪੂਰੀਆਂ ਕੀਤੀਆਂ ਜਾਣਗੀਆਂ।ਉਨ੍ਹਾਂ ਸਫਾਈ ਕਰਮਚਾਰੀਆਂ ਨੂੰ ਅਪੀਲ ਕੀਤੀ ਕਿ ਮੌਨਸੂਨ ਦੇ ਮੱਦੇਨਜ਼ਰ ਲੋਕ ਹਿੱਤ ਨੂੰ ਪਹਿਲ ਦਿੰਦਿਆਂ ਸਰਕਾਰ 'ਤੇ ਆਪਣਾ ਭਰੋਸਾ ਬਣਾਈ ਰੱਖਣ।

ਇਸ ਮੌਕੇ ਵਿਧਾਇਕ ਸ੍ਰ. ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸੱਤਾ ਸੰਭਾਲਣ ਤੋਂ ਬਾਅਦ ਹਰ ਵਰਗ ਦੀ ਭਲਾਈ ਲਈ ਇਤਿਹਾਸਕ ਫ਼ੈਸਲੇ ਲਏ ਹਨ।ਕੱਚੇ ਅਧਿਆਪਕਾਂ ਨੂੰ ਪੱਕਾ ਕਰਨਾ, ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਰਿਕਾਰਡ ਭਰਤੀਆਂ ਕਰਨਾ, ਸਰਕਾਰੀ ਮੁਲਾਜ਼ਮਾਂ ਦੇ ਹਿੱਤਾਂ ਦੀ ਰਾਖੀ ਕਰਨਾ ਤੇ ਪਿੰਡ ਪੱਧਰ ਤੱਕ ਮਿਆਰੀ ਸਿਹਤ ਸਹੂਲਤਾਂ ਪਹੁੰਚਾਉਣਾ ਸਰਕਾਰ ਦੀਆਂ ਮਹੱਤਵਪੂਰਨ ਪ੍ਰਾਪਤੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਰ ਮਾਮਲੇ ਵਿੱਚ ਪਾਰਦਰਸ਼ੀ ਤੇ ਜਵਾਬਦੇਹ ਢੰਗ ਨਾਲ ਕੰਮ ਕਰ ਰਹੀ ਹੈ।ਦੋਵਾਂ ਵਿਧਾਇਕਾਂ ਨੇ ਕਿਹਾ ਕਿ ਪੰਜਾਬ ਸਰਕਾਰ ਆਪਣੇ ਹਰ ਕਰਮਚਾਰੀ ਨੂੰ ਪਰਿਵਾਰ ਦਾ ਮੈਂਬਰ ਸਮਝਦੀ ਹੈ ਤੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦੇ ਹੱਲ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਇਸ ਮੌਕੇ ਲੋਕ ਸਭਾ ਫਰੀਦਕੋਟ ਇੰਚਾਰਜ ਸੁਖਜਿੰਦਰ ਸਿੰਘ ਕਾਉਣੀ, ਚੇਅਰਮੈਨ ਅਮਨਦੀਪ ਸਿੰਘ ਬਾਬਾ, ਮਾਸਟਰ ਅਮਰਜੀਤ ਸਿੰਘ ਪਰਮਾਰ, ਬਿੱਟੂ ਗਿੱਲ, ਬਲਜਿੰਦਰ ਸਿੰਘ ਅਹੂਜਾ ਪ੍ਰਧਾਨ ਨਗਰ ਕੌਂਸਲ ਫਰੀਦਕੋਟ, ਗੁਰਪ੍ਰੀਤ ਸਿੰਘ ਧਾਲੀਵਾਲ ਹਲਕਾ ਸੰਗਠਨ ਇੰਚਾਰਜ ਹਾਜ਼ਰ ਸਨ।

# ਸੋਲਰ ਮੋਟਰ ਦਾ ਸਟਾਟਰ ਤੇ ਹੋਰ ਸਾਮਾਨ ਚੋਰੀ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਅਮੀਰ ਖਾਸ ਦੀ ਪੁਲਸ ਵੱਲੋਂ ਪਿੰਡ ਚੱਕ ਸਵਾਹ ਵਾਲਾ ਵਿਖੇ ਸੋਲਰ ਮੋਟਰ ਦਾ ਸਾਮਾਨ ਚੋਰੀ ਕਰਨ ਵਾਲੇ ਅਣਪਛਾਤੇ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਮਹਿੰਦਰ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਬਲਵਿੰਦਰ ਸਿੰਘ ਪੁੱਤਰ ਸਾਧਾ ਸਿੰਘ ਵਾਸੀ ਚੱਕ ਸਵਾਹ ਵਾਲਾ ਵੱਲੋਂ ਪੁਲਸ ਕੋਲ ਦਰਖਾਸਤ ਦਿੱਤੀ ਗਈ ਕਿ ਉਸ ਦੇ ਖੇਤ ਵਿੱਚ ਸੋਲਰ ਮੋਟਰ ਲੱਗੀ ਹੋਈ ਹੈ ਤੇ ਬੀਤੀ 31 ਜੁਲਾਈ 2026 ਦੀ ਰਾਤ ਨੂੰ ਸੋਲਰ ਮੋਟਰ ਦਾ ਸਟਾਟਰ ਤੇ ਪੈਨਲ ਦੇ ਨਾਲ ਜੋ ਤਾਰਾਂ ਮੋਟਰਾਂ ਨੂੰ ਜਾਂਦੀਆਂ ਹਨ, ਇਹ ਸਾਮਾਨ ਅਣਪਛਾਤੇ ਵਿਅਕਤੀ ਚੋਰੀ ਕਰਕੇ ਲੈ ਗਏ ਹਨ। ਪੁਲਸ ਨੇ ਮੁੱਦਈ ਬਲਵਿੰਦਰ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਅਣਪਛਾਤੇ ਵਿਅਕਤੀ ਵਿਰੁੱਧ ਥਾਣਾ ਅਮੀਰ ਖਾਸ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

## ਹੈਰੋਇਨ ਸਣੇ ਗ੍ਰਿਫਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ 1 ਗ੍ਰਾਮ ਹੈਰੋਇਨ ਸਣੇ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਗੁਰਦੇਵ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਪੁਲ ਨਹਿਰ ਪਿੰਡ ਸੁਖੇਰਾ ਬੋਦਲਾ ਦੇ ਕੋਲ ਮੌਜੂਦ ਸੀ ਤਾਂ ਸਾਹਮਣੇ ਤੋਂ ਇਕ ਨੌਜਵਾਨ ਵਿਅਕਤੀ ਆਉਂਦਾ ਦਿਖਾਈ ਦਿੱਤਾ, ਜਿਸ ਦੇ ਕਬਜ਼ੇ ਵਿੱਚੋਂ 1 ਗ੍ਰਾਮ ਹੈਰੋਇਨ ਬਰਾਮਦ ਹੋਣ 'ਤੇ ਕਾਬੂ ਕੀਤਾ ਗਿਆ ਹੈ। ਪੁਲਸ ਨੇ ਥਾਣਾ ਸਦਰ ਜਲਾਲਾਬਦ ਵਿਖੇ ਮੁਕੱਦਮਾ ਕੀਤਾ ਹੈ।

# ਪੰਜਾਬੀ 'ਵਰਸਿਟੀ ਦੇ ਖੋਜਾਰਥੀ ਵੱਲੋਂ ਹਰੀਕੇ ਤੇ ਪੌਂਗ ਵੈੱਟਲੈਂਡਜ਼ ਦੇ ਪੰਛੀਆਂ ਬਾਰੇ ਅਧਿਐਨ

- ਪੰਛੀਆਂ ਦੇ ਸਰੀਰ 'ਚ ਜਮ੍ਹਾਂ ਹੋ ਰਹੀਆਂ ਹਨ ਭਾਰੀ ਧਾਤਾਂ
- ਆਂਡਿਆਂ ਦੇ ਛਿਲਕੇ ਪਤਲੇ ਹੋਣ ਨਾਲ ਹੋ ਜਾਂਦੀ ਹੈ ਭਰੂਣ ਦੀ ਮੌਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬੀ ਯੂਨੀਵਰਸਿਟੀ ਦੇ ਇੱਕ ਤਾਜ਼ਾ ਅਧਿਐਨ ਰਾਹੀਂ ਹਰੀਕੇ ਤੇ ਪੌਂਗ ਵੈੱਟਲੈਂਡਜ਼ ਦੇ ਪੰਛੀਆਂ ਦੀ ਵੰਨ-ਸੁਵੰਨਤਾ ਤੇ ਇਨ੍ਹਾਂ ਉੱਤੇ ਪੈਂਦੇ ਪ੍ਰਦੂਸ਼ਣ ਦੇ ਪ੍ਰਭਾਵ ਬਾਰੇ ਤੁਲਨਾਤਮਕ ਪੜਚੋਲ ਕੀਤੀ ਗਈ ਹੈ।ਯੂਨੀਵਰਸਿਟੀ ਦੇ ਪ੍ਰਾਣੀ ਵਿਗਿਆਨ ਤੇ ਵਾਤਾਵਰਣ ਵਿਗਿਆਨ ਵਿਭਾਗ ਦੇ ਖੋਜਾਰਥੀ ਡਾ. ਜਗਦੀਪ ਸਿੰਘ ਵੱਲੋਂ ਨਿਗਰਾਨ ਡਾ. ਓਂਕਾਰ ਸਿੰਘ ਬੜੈਚ ਦੀ ਅਗਵਾਈ ਵਿੱਚ ਹੋਈ ਇਸ ਖੋਜ ਦੌਰਾਨ ਅਹਿਮ ਨੁਕਤੇ ਸਾਹਮਣੇ ਆਏ ਹਨ।

ਖੋਜਾਰਥੀ ਡਾ. ਜਗਦੀਪ ਸਿੰਘ ਨੇ ਦੱਸਿਆ ਕਿ ਬਿਆਸ ਤੇ ਸਤਲੁਜ ਨਦੀਆਂ ਦੇ ਸੰਗਮ 'ਤੇ ਸਥਿਤ ਹਰੀਕੇ ਵੈੱਟਲੈਂਡ, ਜੋ ਕਿ ਇੱਕ ਅੰਤਰ-ਰਾਸ਼ਟਰੀ ਰਾਮਸਰ ਸਾਈਟ ਹੈ, ਵਿੱਚ 230 ਦੇ ਲਗਭਗ ਪੰਛੀਆਂ ਦੀਆਂ ਪ੍ਰਜਾਤੀਆਂ ਪਾਈਆਂ ਜਾਂਦੀਆਂ ਹਨ, ਪਰ ਮਨੁੱਖੀ ਗਤੀਵਿਧੀਆਂ, ਬੁੱਢੇ ਨਾਲੇ ਤੇ ਕਾਲਾ ਸੰਘਿਆਂ ਡਰੇਨ ਰਾਹੀਂ ਆਉਂਦੇ ਉਦਯੋਗਿਕ ਤੇ ਸ਼ਹਿਰੀ ਪ੍ਰਦੂਸ਼ਿਤ ਪਾਣੀ ਤੇ ਖੇਤੀਬਾੜੀ ਦੇ ਰਸਾਇਣਾਂ ਕਰਕੇ ਇੱਥੇ ਭਾਰੀ ਧਾਤਾਂ ਜਿਵੇਂ ਕਿ ਸੀਸਾ, ਕੈਡਮੀਅਮ, ਕ੍ਰੋਮੀਅਮ, ਨਿਕਲ, ਲੋਹਾ, ਤਾਂਬਾ, ਜਿਸਤ ਤੇ ਮੈਗਨੀਜ਼ ਦਾ ਪ੍ਰਦੂਸ਼ਣ ਬਹੁਤ ਵਧ ਗਿਆ ਹੈ।ਉਨ੍ਹਾਂ ਦੱਸਿਆ ਕਿ ਅਧਿਐਨ ਲਈ ਪੰਛੀਆਂ ਦੇ ਕੁਦਰਤੀ ਤੌਰ 'ਤੇ ਝੜੇ ਹੋਏ ਖੰਭਾਂ ਤੇ ਖਾਲੀ ਆਂਡਿਆਂ ਦੇ ਛਿਲਕਿਆਂ ਦੀ ਜਾਂਚ ਕੀਤੀ ਗਈ।

ਡਾ. ਓਂਕਾਰ ਸਿੰਘ ਬੜੈਚ ਨੇ ਦੱਸਿਆ ਕਿ ਇਨ੍ਹਾਂ ਨਤੀਜਿਆਂ ਤੋਂ ਸਾਹਮਣੇ ਆਇਆ ਹੈ ਕਿ ਪੌਂਗ ਵੈੱਟਲੈਂਡ ਦੇ ਮੁਕਾਬਲੇ ਹਰੀਕੇ ਵੈੱਟਲੈਂਡ ਵਿੱਚ ਇਹ ਭਾਰੀ ਧਾਤਾਂ ਪੰਛੀਆਂ ਦੇ ਸਰੀਰ ਵਿੱਚ ਵੱਧ ਮਾਤਰਾ ਵਿੱਚ ਜਮ੍ਹਾਂ ਹੋ ਰਹੀਆਂ ਹਨ।ਇਸ ਕਾਰਨ ਆਂਡਿਆਂ ਦੇ ਛਿਲਕੇ ਪਤਲੇ ਤੇ ਕਮਜ਼ੋਰ ਹੋ ਕੇ ਸਮੇਂ ਤੋਂ ਪਹਿਲਾਂ ਹੀ ਟੁੱਟ ਜਾਂਦੇ ਹਨ, ਜਿਸ ਨਾਲ ਭਰੂਣ ਦੀ ਮੌਤ ਹੋ ਜਾਂਦੀ ਹੈ।ਇਹ ਇਸ ਖੇਤਰ ਵਿੱਚ ਪੰਛੀਆਂ ਦੀ ਘਟਦੀ ਜਨਸੰਖਿਆ ਦਾ ਇੱਕ ਵੱਡਾ ਕਾਰਨ ਹੈ।ਉਨ੍ਹਾਂ ਦੱਸਿਆ ਕਿ ਅਧਿਐਨ ਤੋਂ ਪ੍ਰਾਪਤ ਨਤੀਜਿਆਂ ਰਾਹੀਂ ਇਹ ਉੱਭਰ ਕੇ ਸਾਹਮਣੇ ਆਇਆ ਹੈ ਕਿ ਹਰੀਕੇ ਵੈੱਟਲੈਂਡ ਦੀ ਅਨਮੋਲ ਜੀਵ ਵੰਨ-ਸੁਵੰਨਤਾ ਨੂੰ ਬਚਾਉਣ ਲਈ ਸੀਵਰੇਜ ਤੇ ਉਦਯੋਗਿਕ ਫਾਲਤੂ ਪਾਣੀ ਦੇ ਸਹੀ ਟ੍ਰੀਟਮੈਂਟ ਤੋਂ ਇਲਾਵਾ ਸਖ਼ਤ ਨਿਯਮਾਂ ਤੇ ਨਿਰੰਤਰ ਵਾਤਾਵਰਣਕ ਨਿਗਰਾਨੀ ਦੀ ਤੁਰੰਤ ਲੋੜ ਹੈ।ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਖੋਜਾਰਥੀ ਤੇ ਨਿਗਰਾਨ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਅਧਿਐਨ ਨਾ ਕੇਵਲ ਸਾਡੇ ਕੁਦਰਤੀ ਹੱਦ-ਬੰਨ੍ਹਿਆਂ ਤੇ ਪੰਛੀਆਂ ਦੀ ਸੁਰੱਖਿਆ ਲਈ ਅੱਖਾਂ ਖੋਲ੍ਹਣ ਵਾਲਾ ਹੈ, ਸਗੋਂ ਇਹ ਨੀਤੀ-ਘਾੜਿਆਂ ਨੂੰ ਵੀ ਵਾਤਾਵਰਣ ਸੰਭਾਲ ਲਈ ਠੋਸ ਕਦਮ ਚੁੱਕਣ ਦਾ ਰਾਹ ਦਿਖਾਉਂਦਾ ਹੈ।

# ਸੜਕ ਦੇ ਨਵਨਿਰਮਾਣ 'ਤੇ ਉੱਠੇ ਗੰਭੀਰ ਸਵਾਲ; ਬਿਨਾਂ ਸਫ਼ਾਈ ਪ੍ਰੀਮਿਕਸ ਵਿਛਾਉਣ ਦਾ ਦੋਸ਼



**ਰਾਏਕੋਟ (ਸੰਤੋਖ ਗਿੱਲ)**-ਸ਼ਹਿਰ ਦੇ ਇਤਿਹਾਸਕ ਤਲਵੰਡੀ ਗੇਟ ਤੋਂ ਮੁੱਖ ਬੱਸ ਅੱਡੇ ਤੱਕ ਜਾਂਦੀ ਤਲਵੰਡੀ ਰੋਡ ਦੇ ਨਵਨਿਰਮਾਣ ਕਾਰਜ ਨੂੰ ਲੈ ਕੇ ਵਿਵਾਦ ਖੜ੍ਹਾ ਹੋ ਗਿਆ ਹੈ।ਸੜਕ ਦੀ ਉਸਾਰੀ ਦੌਰਾਨ ਮਿਆਰੀ ਤਕਨੀਕੀ ਪ੍ਰਕਿਰਿਆਵਾਂ ਦੀ ਅਣਦੇਖੀ ਕੀਤੇ ਜਾਣ ਦੇ ਦੋਸ਼ਾਂ ਨੇ ਨਾ ਸਿਰਫ਼ ਕੰਮ ਦੀ ਗੁਣਵੱਤਾ 'ਤੇ ਸਵਾਲ ਖੜ੍ਹੇ ਕੀਤੇ ਹਨ, ਸਗੋਂ ਸਰਕਾਰੀ ਖ਼ਜ਼ਾਨੇ ਦੀ ਦੁਰਵਰਤੋਂ ਤੇ ਠੇਕੇ ਦੀਆਂ ਸ਼ਰਤਾਂ ਦੀ ਪਾਲਣਾ ਨੂੰ ਲੈ ਕੇ ਵੀ ਚਿੰਤਾਵਾਂ ਵਧਾ ਦਿੱਤੀਆਂ ਹਨ।ਸੈਂਟਰ ਆਫ਼ ਇੰਡੀਅਨ ਟਰੇਡ ਯੂਨੀਅਨ (ਸੀਟੂ) ਦੇ ਸੂਬਾਈ ਮੀਤ ਪ੍ਰਧਾਨ ਦਲਜੀਤ ਕੁਮਾਰ ਗੋਰਾ ਨੇ ਦੋਸ਼ ਲਗਾਇਆ ਕਿ ਪ੍ਰੀਮਿਕਸ ਵਿਛਾਉਣ ਤੋਂ ਪਹਿਲਾਂ ਸੜਕ ਦੀ ਲਾਜ਼ਮੀ ਸਫ਼ਾਈ ਨਹੀਂ ਕੀਤੀ ਗਈ।ਉਨ੍ਹਾਂ ਕਿਹਾ ਕਿ ਸੜਕ ਲੰਬੇ ਸਮੇਂ ਤੋਂ ਪੱਥਰ ਪਾ ਕੇ ਛੱਡੀ ਹੋਈ ਸੀ, ਜਿਸ ਕਾਰਨ ਇਸ 'ਤੇ ਧੂੜ, ਮਿੱਟੀ ਤੇ ਹੋਰ ਮਲਬਾ ਜਮ੍ਹਾਂ ਸੀ। ਅਜਿਹੀ ਸਥਿਤੀ ਵਿੱਚ ਬਿਨਾਂ ਸਫ਼ਾਈ ਕੀਤੇ ਪ੍ਰੀਮਿਕਸ ਵਿਛਾਉਣਾ ਤਕਨੀਕੀ ਮਾਪਦੰਡਾਂ ਦੇ ਉਲਟ ਹੈ ਤੇ ਇਸ ਨਾਲ ਸੜਕ ਦੀ ਮਜ਼ਬੂਤੀ 'ਤੇ ਸਿੱਧਾ ਅਸਰ ਪੈ ਸਕਦਾ ਹੈ।

ਉਨ੍ਹਾਂ ਇਹ ਵੀ ਦੋਸ਼ ਲਗਾਇਆ ਕਿ ਛੁੱਟੀ ਵਾਲੇ ਦਿਨ ਕਾਹਲੀ ਵਿੱਚ ਕੰਮ ਕਰਕੇ ਸਿਰਫ਼ ਰਸਮੀ ਕਾਰਵਾਈ ਪੂਰੀ ਕਰਨ ਦੀ ਕੋਸ਼ਿਸ਼ ਕੀਤੀ ਗਈ, ਜਦਕਿ ਲੋਕਾਂ ਨੂੰ ਉੱਚ-ਗੁਣਵੱਤਾ ਵਾਲੀ ਸੜਕ ਦੇਣ ਦੀ ਥਾਂ ਖਾਨਾਪੂਰਤੀ ਕੀਤੀ ਜਾ ਰਹੀ ਹੈ।ਉਨ੍ਹਾਂ ਮੰਗ ਕੀਤੀ ਕਿ ਸੜਕ ਨਿਰਮਾਣ ਦੀ ਸੁਤੰਤਰ ਤਕਨੀਕੀ ਜਾਂਚ ਕਰਵਾਈ ਜਾਵੇ ਤੇ ਜੇਕਰ ਕੰਮ ਵਿੱਚ ਮਿਆਰਾਂ ਦੀ ਉਲੰਘਣਾ ਸਾਬਿਤ ਹੁੰਦੀ ਹੈ ਤਾਂ ਜ਼ਿੰਮੇਵਾਰ ਅਧਿਕਾਰੀਆਂ ਤੇ ਠੇਕੇਦਾਰ ਖ਼ਿਲਾਫ਼ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇ।ਨਗਰ ਕੌਂਸਲ ਰਾਏਕੋਟ ਦੇ ਸਾਬਕਾ ਪ੍ਰਧਾਨ ਤੇ ਸੀਨੀਅਰ ਅਕਾਲੀ ਆਗੂ ਅਮਨਦੀਪ ਸਿੰਘ ਗਿੱਲ ਨੇ ਕਿਹਾ ਕਿ ਸੜਕ ਨਿਰਮਾਣ ਦੌਰਾਨ ਸਤ੍ਹਾ ਦੀ ਸਫ਼ਾਈ, ਧੂੜ-ਮਿੱਟੀ ਹਟਾਉਣਾ ਤੇ ਨਿਰਧਾਰਤ ਤਕਨੀਕੀ ਪ੍ਰਕਿਰਿਆ ਦੀ ਪਾਲਣਾ ਕਰਨਾ ਬੁਨਿਆਦੀ ਸ਼ਰਤਾਂ ਵਿੱਚ ਸ਼ਾਮਲ ਹੁੰਦਾ ਹੈ।ਜੇਕਰ ਇਨ੍ਹਾਂ ਮਾਪਦੰਡਾਂ ਦੀ ਪਾਲਣਾ ਨਹੀਂ ਕੀਤੀ ਜਾਂਦੀ ਤਾਂ ਨਾ ਸਿਰਫ਼ ਸੜਕ ਜਲਦੀ ਖ਼ਰਾਬ ਹੋਣ ਦਾ ਖ਼ਤਰਾ ਰਹਿੰਦਾ ਹੈ, ਸਗੋਂ ਜਨਤਕ ਧਨ ਦੀ ਪ੍ਰਭਾਵਸ਼ਾਲੀ ਵਰਤੋਂ ਬਾਰੇ ਵੀ ਸਵਾਲ ਉੱਠਦੇ ਹਨ।ਇਸ ਪਹਿਲਾਂ ਤਲਵੰਡੀ ਗੇਟ ਤੋਂ ਲੁਧਿਆਣਾ ਰੋਡ ਉਪਰ ਪੈਚ-ਵਰਕ ਮਾਪਦੰਡਾਂ ਦੀ ਅਣਦੇਖੀ ਕਰ ਕੇ ਬਾਰਸ਼ ਦੌਰਾਨ ਹੀ ਕੀਤਾ ਗਿਆ ਹੈ।ਇਸ ਸਬੰਧੀ ਨਗਰ ਕੌਂਸਲ ਰਾਏਕੋਟ ਦੇ ਕਾਰਜਸਾਧਕ ਅਫ਼ਸਰ ਵਿਕਾਸ ਉੱਪਲ ਨਾਲ ਫ਼ੋਨ ਰਾਹੀਂ ਸੰਪਰਕ ਕਰਨ ਦੇ ਕਈ ਯਤਨ ਕੀਤੇ ਗਏ, ਪਰ ਉਨ੍ਹਾਂ ਕੋਈ ਜਵਾਬ ਦੇਣਾ ਉਚਿਤ ਨਹੀਂ ਸਮਝਿਆ।ਇਸ ਤੋਂ ਇਲਾਵਾ ਸੜਕ ਨਿਰਮਾਣ ਕਰ ਰਹੀ ਠੇਕੇਦਾਰ ਕੰਪਨੀ ਦਾ ਕੋਈ ਜ਼ਿੰਮੇਵਾਰ ਅਧਿਕਾਰੀ ਵੀ ਮੌਕੇ 'ਤੇ ਮੌਜੂਦ ਨਹੀਂ ਮਿਲਿਆ, ਜਿਸ ਕਾਰਨ ਉਨ੍ਹਾਂ ਦਾ ਪੱਖ ਪ੍ਰਾਪਤ ਨਹੀਂ ਹੋ ਸਕਿਆ।

# ਸੈਣੀ ਦੀ ਮੌਜੂਦਗੀ 'ਚ ਭਾਜਪਾ ਵੱਲੋਂ ਫਰੀਦਕੋਟ 'ਚ ਸ਼ਕਤੀ ਪ੍ਰਦਰਸ਼ਨ

**ਡਾ. ਗੋਇਲ 30 ਸਾਥੀਆਂ ਸਮੇਤ ਪਾਰਟੀ 'ਚ ਸ਼ਾਮਲ**



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਫ਼ਰੀਦਕੋਟ ਜ਼ਿਲ੍ਹੇ ਦੀ ਰਾਜਨੀਤੀ ਵਿੱਚ ਐਤਵਾਰ ਨੂੰ ਉਸ ਵੇਲੇ ਵੱਡੀ ਸਿਆਸੀ ਹਲਚਲ ਦੇਖਣ ਨੂੰ ਮਿਲੀ, ਜਦੋਂ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਮੌਜੂਦਗੀ ਵਿੱਚ ਭਾਰਤੀ ਜਨਤਾ ਪਾਰਟੀ ਵੱਲੋਂ ਵੱਡਾ ਸ਼ਕਤੀ ਪ੍ਰਦਰਸ਼ਨ ਕੀਤਾ ਗਿਆ।ਇਸ ਦੌਰਾਨ ਫ਼ਰੀਦਕੋਟ ਦੇ ਮਸ਼ਹੂਰ ਡਾਕਟਰ ਸੰਜੀਵ ਗੋਇਲ ਆਪਣੇ 30 ਸਾਥੀਆਂ ਸਮੇਤ ਰਸਮੀ ਤੌਰ 'ਤੇ ਭਾਜਪਾ ਵਿੱਚ ਸ਼ਾਮਲ ਹੋ ਗਏ, ਜਿਨ੍ਹਾਂ ਦਾ ਮੁੱਖ ਮੰਤਰੀ ਸੈਣੀ ਵੱਲੋਂ ਸਿਰੋਪਾਓ ਪਾ ਕੇ ਪਾਰਟੀ 'ਚ ਸਵਾਗਤ ਕੀਤਾ ਗਿਆ।ਇਸ ਤੋਂ ਇਲਾਵਾ ਸਥਾਨਕ ਨਗਰ ਕੌਂਸਲ ਦੇ ਕੁਝ ਕੌਂਸਲਰਾਂ ਤੇ ਵਿਰੋਧੀ ਧਿਰਾਂ ਨਾਲ ਜੁੜੇ ਕਈ ਪ੍ਰਮੁੱਖ ਚਿਹਰਿਆਂ ਦੀ ਆਮਦ ਨੇ ਵੀ ਜ਼ਿਲ੍ਹੇ ਦੇ ਸਿਆਸੀ ਸਮੀਕਰਨਾਂ ਨੂੰ ਗਰਮਾ ਦਿੱਤਾ ਹੈ।ਨਸ਼ਿਆਂ ਦੀ ਗੰਭੀਰ ਚੁਣੌਤੀ 'ਤੇ ਚਿੰਤਾ ਪ੍ਰਗਟਾਉਂਦਿਆਂ ਨਾਇਬ ਸੈਣੀ ਨੇ ਕਿਹਾ ਕਿ ਨਸ਼ਾ ਪੂਰੇ ਸਮਾਜ ਲਈ ਇੱਕ ਵੱਡਾ ਕੋੜ੍ਹ ਹੈ।ਇਸ ਨੂੰ ਜੜ੍ਹੋਂ ਖ਼ਤਮ ਕਰਨ ਲਈ ਸਰਕਾਰਾਂ, ਪਰਿਵਾਰਾਂ ਤੇ ਨੌਜਵਾਨਾਂ ਨੂੰ ਇਕਜੁੱਟ ਹੋਣਾ ਪਵੇਗਾ।ਉਨ੍ਹਾਂ ਨੌਜਵਾਨਾਂ ਨੂੰ ਖੇਡਾਂ, ਸਿੱਖਿਆ ਤੇ ਰੁਜ਼ਗਾਰ ਦੇ ਰਾਹ 'ਤੇ ਚੱਲਣ ਦਾ ਸੱਦਾ ਦਿੱਤਾ।ਸਮਾਗਮ ਦੌਰਾਨ ਤੇ ਡਾ. ਸੰਜੀਵ ਗੋਇਲ ਦੇ ਗ੍ਰਹਿ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਰਿਆਣਾ ਦੇ ਮੁੱਖ ਮੰਤਰੀ ਨੇ ਪੰਜਾਬ ਦੀ 'ਆਪ' ਸਰਕਾਰ 'ਤੇ ਤਿੱਖੇ ਨਿਸ਼ਾਨੇ ਸਾਧੇ।ਉਨ੍ਹਾਂ ਦੋਸ਼ ਲਾਇਆ ਕਿ ਚੋਣਾਂ ਤੋਂ ਪਹਿਲਾਂ ਕੀਤੇ ਵਾਅਦਿਆਂ ਨੂੰ ਸਰਕਾਰ ਬਣਦਿਆਂ ਹੀ ਵਿਸਾਰ ਦਿੱਤਾ ਗਿਆ ਹੈ।ਖਰਾਬ ਲਾਅ ਐਂਡ ਆਰਡਰ ਕਾਰਨ ਪੰਜਾਬ 'ਚੋਂ ਇੰਡਸਟਰੀ ਲਗਾਤਾਰ ਬਾਹਰ ਜਾ ਰਹੀ ਹੈ।ਉਨ੍ਹਾਂ ਦਾਅਵਾ ਕੀਤਾ ਕਿ ਜੇਕਰ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣਦੀ ਹੈ ਤਾਂ ਸੂਬੇ ਨੂੰ ਪੂਰੀ ਤਰ੍ਹਾਂ ਨਸ਼ਾ ਮੁਕਤ ਕਰਕੇ ਨੌਜਵਾਨਾਂ ਲਈ ਰੁਜ਼ਗਾਰ ਦੇ ਮੁਕੰਮਲ ਅਵਸਰ ਪੈਦਾ ਕੀਤੇ ਜਾਣਗੇ।ਕਿਸਾਨਾਂ ਦੀਆਂ ਸਮੁੱਚੀਆਂ ਫਸਲਾਂ ਐੱਮ.ਐੱਸ.ਪੀ. 'ਤੇ ਖਰੀਦੀਆਂ ਜਾਣਗੀਆਂ।ਇੰਡਸਟਰੀ ਲਈ ਸੁਰੱਖਿਅਤ ਮਾਹੌਲ ਸਿਰਜਿਆ ਜਾਵੇਗਾ ਤਾਂ ਜੋ ਉਦਯੋਗਪਤੀਆਂ ਦਾ ਪਲਾਇਨ ਰੋਕਿਆ ਜਾ ਸਕੇ।

# ਪੰਥਕ ਹਿੱਤਾਂ ਲਈ ਪੰਥਕ ਏਕਤਾ ਸਮੇਂ ਦੀ ਮੁੱਖ ਲੋੜ : ਗਿਆਨੀ ਹਰਪ੍ਰੀਤ ਸਿੰਘ

- ਏਕਤਾ ਲਈ ਮੈਂ ਹਰ ਕੁਰਬਾਨੀ ਕਰਨ ਲਈ ਵਚਨਬੱਧ ਹਾਂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਐਤਵਾਰ ਪਟਿਆਲਾ ਵਿਖੇ ਭੁਪਿੰਦਰ ਸਿੰਘ ਸੇਖੂਪੁਰ ਦੇ ਗ੍ਰਹਿ ਵਿਖੇ ਪਹੁੰਚੇ। ਗਿਆਨੀ ਹਰਪ੍ਰੀਤ ਸਿੰਘ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਥਕ ਹਿੱਤਾਂ ਦੇ ਲਈ ਪੰਥਕ ਏਕਤਾ ਸਮੇਂ ਦੀ ਮੁੱਖ ਲੋੜ ਹੈ। ਅੱਜ ਪੰਥਕ ਏਕਤਾ ਲਈ ਸਾਰੀਆਂ ਧਿਰਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ 2 ਦਸੰਬਰ 2024 ਨੂੰ ਹੋਏ ਹੁਕਮਨਾਮੇ ਨੂੰ ਮੁੱਖ ਮਨ ਕੇ ਯਤਨ ਕਰਨੇ ਚਾਹੀਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਮੈਂ ਨਿੱਜੀ ਤੌਰ 'ਤੇ ਇਹ ਗੱਲ ਵਾਰ ਵਾਰ ਕਹਿ ਰਿਹਾ ਹਾਂ ਕਿ ਪੰਥਕ ਏਕਤਾ ਤਾਂ ਸੰਭਵ ਹੈ, ਜਦੋਂ ਆਪਾਂ ਸਾਰੇ ਆਪਣੇ ਹੰਕਾਰ ਨੂੰ ਛੱਡ ਕੇ ਪੰਥ ਤੇ ਪੰਜਾਬ ਦੇ ਮੁੱਦਿਆਂ ਨੂੰ ਅੱਗੇ ਰੱਖ ਕੇ ਯਤਨਸ਼ੀਲ ਹੋਵਾਂਗੇ।

ਉਨ੍ਹਾਂ ਕਿਹਾ ਕਿ ਅੱਜ ਪੰਜਾਬ 'ਚ ਗੈਂਗਸਟਰਵਾਦ ਤੇ ਲੁੱਟ ਖਸੁੱਟ ਆਮ ਹੈ, ਸਰਕਾਰ ਨੇ ਕਰਜ਼ਾ ਚੁੱਕ ਚੁੱਕ ਕੇ ਪੰਜਾਬ ਦੇ ਪੈਸਿਆਂ ਨਾਲ ਆਪਣੀ ਪਾਰਟੀ ਦਾ ਪ੍ਰਚਾਰ ਦੇਸ਼ ਭਰ 'ਚ ਕਰ ਕੇ ਪੰਜਾਬ ਨੂੰ ਉਜਾੜਨ 'ਚ ਲੱਗੀ ਹੋਈ ਹੈ।ਆਮ ਆਦਮੀ ਪਾਰਟੀ ਦੇ ਸੁਪਰੀਮੋ ਕੇਜਰੀਵਾਲ ਤੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇਸ਼ 'ਚ ਹੋਏ ਪੇਪਰ ਲੀਕ ਮਾਮਲਿਆਂ 'ਚ ਦੇਸ਼ ਦੇ ਸਿੱਖਿਆ ਮੰਤਰੀ ਦਾ ਅਸਤੀਫ਼ਾ ਮੰਗਦੇ ਸੀ ਅਤੇ ਨੌਜਵਾਨਾਂ ਦੇ ਸੰਘਰਸ਼ ਅੱਗੇ ਝੁਕਦਿਆਂ ਦੇਸ਼ ਦੇ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੇ ਅਸਤੀਫਾ ਦੇ ਦਿੱਤਾ ਅਤੇ ਹੁਣ ਪੰਜਾਬ ਅੰਦਰ ਵੀ ਅੱਧੀ ਦਰਜਨ ਤੋਂ ਵਧ ਪੇਪਰ ਲੀਕ ਮਾਮਲੇ ਤੇ ਘਪਲਿਆਂ ਲਈ ਜ਼ਿੰਮੇਵਾਰੀ ਮੰਨਦਿਆਂ ਪੰਜਾਬ ਦੇ ਸਿੱਖਿਆ ਮੰਤਰੀ ਨੂੰ ਅਸਤੀਫ਼ਾ ਦੇਣਾ ਚਾਹੀਦਾ ਹੈ। ਉਨ੍ਹਾਂ ਇਕ ਸਵਾਲ ਦੇ ਜਵਾਬ 'ਚ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ, ਜੋ ਹਲਕਾ ਪੱਧਰ 'ਤੇ ਪ੍ਰੋਗਰਾਮ ਅਰੰਭੇ ਗਏ ਹਨ, ਉਨ੍ਹਾਂ 'ਚ ਪੰਜਾਬ ਦੇ ਲੋਕਾਂ ਵੱਲੋਂ ਭਰਪੂਰ ਸਮਰਥਨ ਮਿਲ ਰਿਹਾ। ਉਨ੍ਹਾਂ ਕਿਹਾ ਕਿ ਜਲਦੀ ਹਲਕਾ ਇੰਚਾਰਜਾਂ ਦਾ ਐਲਾਨ ਕਰ ਦਿੱਤਾ ਜਾਵੇਗਾ।ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨ ਹਰਪ੍ਰੀਤ ਸਿੰਘ ਨੇ ਕਿਹਾ ਕਿ ਅਸੀਂ ਹਮੇਸ਼ਾ ਇਸ ਗੱਲ ਦੇ ਮੁਦਈ ਰਹੇ ਹਨ ਕਿ ਪੰਜਾਬ ਅੰਦਰ ਚੋਣਾਂ 'ਚ ਹਿੱਸਾ ਲੈਣ ਲਈ ਸੁਹਿਰਦ ਤੇ ਤਜਰਬੇਕਾਰ ਲੀਡਰਸ਼ਿਪ ਦੇ ਨਾਲ ਨਾਲ ਨੌਜਵਾਨਾਂ, ਔਰਤਾਂ ਤੇ ਪੰਥਕ ਸੇਵਾਵਾਂ 'ਚ ਯੋਗਦਾਨ ਪਾਉਣ ਵਾਲੇ ਪਰਵਾਰਾਂ ਨੂੰ ਤਰਜੀਹ ਦਿੱਤੀ ਜਾਵੇਗੀ।ਉਨ੍ਹਾਂ ਨਾਲ ਵਿਸ਼ੇਸ਼ ਤੌਰ 'ਤੇ ਦਫਤਰ ਸਕੱਤਰ ਜਗਜੀਤ ਸਿੰਘ ਕੋਹਲੀ ਵੀ ਪਹੁੰਚੇ ਹੋਏ ਸਨ। ਇਸ ਮੌਕੇ ਭੁਪਿੰਦਰ ਸਿੰਘ ਸੇਖੂਪੁਰ ਨੇ ਘਰ ਪਹੁੰਚਣ 'ਤੇ ਗਿਆਨੀ ਹਰਪ੍ਰੀਤ ਸਿੰਘ ਨੂੰ ਸਨਮਾਨਤ ਵੀ ਕੀਤਾ।

ਇਸ ਮੌਕੇ ਸਾਬਕਾ ਵਿਧਾਇਕ ਹਰਿੰਦਰਪਾਲ ਸਿੰਘ ਚੰਦੂਮਾਜਰਾ, ਜਿਲਾ ਪ੍ਰਧਾਨ ਰਣਧੀਰ ਸਿੰਘ ਰੱਖੜਾ, ਸ਼੍ਰੋਮਣੀ ਕਮੇਟੀ ਮੈਂਬਰ ਜਰਨੈਲ ਸਿੰਘ ਕਰਤਾਰਪੁਰ, ਕਮਲਜੀਤ ਸਿੰਘ ਢੰਡਾ, ਚਰਨਜੀਤ ਸਿੰਘ ਮਾਵੀ, ਦਵਿੰਦਰ ਸਿੰਘ ਸੋਢੀ, ਗਿਆਨੀ ਹਰਦੀਪ ਸਿੰਘ, ਅਮਰੀਕ ਸਿੰਘ ਲੋਚਮਾ, ਹਰਵਿੰਦਰ ਸਿੰਘ ਮਹਿਮਦਪੁਰ, ਗੁਰਵਿੰਦਰ ਸਿੰਘ ਰਾਮਪੁਰ, ਨਰਿੰਦਰ ਸਿੰਘ ਦੌਣ ਤੇ ਹਰਜੀਤ ਸਿੰਘ ਭੰਗੂ ਹਾਜ਼ਰ ਸਨ।

## ਸ਼੍ਰੋਮਣੀ ਅਕਾਲੀ ਦਲ ਵੱਲੋਂ ਬੀ ਸੀ ਵਿੰਗ ਦੇ ਅੱਠ ਸਰਕਲ ਪ੍ਰਧਾਨ ਨਿਯੁਕਤ



ਨਾਭਾ (ਅਮਨ ਗਰਗ)-ਸ਼੍ਰੋਮਣੀ ਅਕਾਲੀ ਦਲ ਨੇ ਹਲਕਾ ਨਾਭਾ ਦੇ ਅੱਠ ਸਰਕਲਾਂ ਦੇ ਬੀ ਸੀ ਵਿੰਗ ਦੇ ਪ੍ਰਧਾਨ ਨਿਯੁਕਤ ਕੀਤੇ ਗਏ, ਜਿਨ੍ਹਾਂ ਨੂੰ ਹਲਕਾ ਇੰਚਾਰਜ ਮੱਖਣ ਸਿੰਘ ਲਾਲਕਾ ਤੇ ਜ਼ਿਲ੍ਹਾ ਪ੍ਰਧਾਨ ਬੀ ਸੀ ਵਿੰਗ ਗੁਰਦੀਪ ਸਿੰਘ ਸੇਖੂਪੁਰਾ ਨੇ ਬਲਾਕ ਪ੍ਰਧਾਨ ਬੀ ਸੀ ਵਿੰਗ ਹਲਕਾ ਨਾਭਾ ਦੀ ਅਗਵਾਈ ਹੇਠ ਨਿਯੁਕਤੀ ਪੱਤਰ ਵੰਡੇ ਗਏ। ਇਸ ਮੌਕੇ ਸੁਖਬੀਰ ਸਿੰਘ ਸਕੋਹਾਂ ਦਿਹਾਤੀ ਪ੍ਰਧਾਨ, ਹਰਪ੍ਰੀਤ ਸਿੰਘ ਮੀਤ ਪ੍ਰਧਾਨ ਦਿਹਾਤੀ ਤੋਂ ਇਲਾਵਾ ਸਰਕਲ ਪ੍ਰਧਾਨ ਕੁਲਵਿੰਦਰ ਸਿੰਘ ਚੌਧਰੀਮਾਜਰਾ ਸਰਕਲ ਪ੍ਰਧਾਨ ਦੁਲੱਦੀ, ਗੁਰਪ੍ਰੀਤ ਸਿੰਘ ਕਮੇਲੀ ਸਰਕਲ ਪ੍ਰਧਾਨ ਰਾਜਗੜ੍ਹ, ਸਰਬਜੀਤ ਸਿੰਘ ਦੰਦਰਾਲਾ ਢੀਂਡਸਾ ਸਰਕਲ ਪ੍ਰਧਾਨ ਟੋਡਰਵਾਲ, ਗੁਰਵਿੰਦਰ ਸਿੰਘ ਭੀਲੋਵਾਲ ਸਰਕਲ ਪ੍ਰਧਾਨ ਗਲਵੱਟੀ, ਹਰਜੀਤ ਸਿੰਘ ਛੀਂਟਾਂਵਾਲਾ ਸਰਕਲ ਪ੍ਰਧਾਨ ਛੀਂਟਾਂਵਾਲਾ, ਦਰਸਨ ਸਿੰਘ ਪ੍ਰਧਾਨ ਆਊਟਰ ਕਾਲੋਨੀ, ਰਜਿੰਦਰ ਸਿੰਘ ਬਨੇਰਾ ਸਰਕਲ ਪ੍ਰਧਾਨ ਥੂਹੀ, ਸਮਸਾਦ ਖਾਨ ਸਰਕਲ ਪ੍ਰਧਾਨ ਰਾਮਗੜ੍ਹ, ਸਮੇਤ ਯਾਦਵਿੰਦਰਪਾਲ ਸਿੰਘ ਬਬਲੀ ਪ੍ਰਧਾਨ ਸਹਿਰੀ, ਪਰਮਜੀਤ ਸਿੰਘ ਪੰਮੀ ਮੀਤ ਪ੍ਰਧਾਨ, ਦਵਿੰਦਰ ਸਿੰਘ ਸਕੱਤਰ, ਜਨਕ ਰਾਜ ਸਕੱਤਰ ਚੁਣੇ ਗਏ। ਇਸ ਮੌਕੇ ਮਨਜਿੰਦਰ ਸਿੰਘ ਕੌੜਾ ਸਹਿਰੀ ਪ੍ਰਧਾਨ ਪਟਿਆਲਾ ਬੀ ਸੀ ਵਿੰਗ, ਨਰੇਸ਼ ਕੁਮਾਰ ਗਰਗ ਪ੍ਰਧਾਨ ਵਪਾਰ ਵਿੰਗ, ਸੁਖਚੈਨ ਸਿੰਘ ਬਿਸ਼ਨਪੁਰਾ ਪ੍ਰਧਾਨ ਯੂਥ ਵਿੰਗ, ਰਣਜੀਤ ਸਿੰਘ ਲਾਡੀ ਮੈਂਬਰ ਬਲਾਕ ਸੰਮਤੀ, ਮੇਜਰ ਸਿੰਘ ਸਕੋਹਾਂ ਸਰਕਲ ਪ੍ਰਧਾਨ ਗਲਵੱਟੀ, ਰਣਧੀਰ ਸਿੰਘ ਬਿਨਾਹੇੜੀ, ਦਾਰਾ ਸਿੰਘ ਬਨੇਰਾ, ਮੱਖਣ ਸਿੰਘ ਠੇਕੇਦਾਰ ਬਿਨਾਹੇੜੀ, ਦੇਵਰਾਜ ਨੰਬਰਦਾਰ ਆਦਿ ਆਗੂ ਤੇ ਵਰਕਰ ਹਾਜ਼ਰ ਸਨ।

## ਸੈਂਟੀਨਲ ਦੀਆਂ ਵਿਦਿਆਰਥਣਾਂ ਬਾਸਕਿਟਬਾਲ 'ਚ ਬਣੀਆਂ ਚੈਂਪੀਅਨ



ਸਮਰਾਲਾ (ਸੁਰਜੀਤ ਸਿੰਘ)-ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਕਰਵਾਏ ਗਏ ਇੰਟਰ-ਸਕੂਲ ਜ਼ੋਨਲ ਬਾਸਕਟਬਾੱਲ ਟੂਰਨਾਮੈਂਟ ਅੰਡਰ-19 ਲੜਕੀਆਂ ਦੇ ਮੁਕਾਬਲਿਆਂ ਵਿੱਚ ਸਥਾਨਕ ਸੈਂਟੀਨਲ ਇੰਟਰਨੈਸ਼ਨਲ ਸਕੂਲ ਦੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਗੋਲਡ ਮੈਡਲ ਆਪਣੇ ਨਾਮ ਦਰਜ ਕੀਤਾ।ਬਾਸਕਟਬਾਲ ਟੂਰਨਾਮੈਂਟ ਜ਼ੋਨਲ ਅੰਡਰ-19 ਸੰਤ ਕਿਰਪਾਲ ਸਿੰਘ ਸੇਵਾ ਪੰਥੀ ਪਬਲਿਕ ਸਕੂਲ, ਨੀਲੋਂ ਵਿੱਚ ਕਰਵਾਇਆ ਗਿਆ।ਸੈਮੀ ਫਾਇਨਲ ਮੁਕਾਬਲੇ ਵਿੱਚ ਸੈਂਟੀਨਲ ਇੰਟਰਨੈਸ਼ਨਲ ਸਕੂਲ ਦੀ ਟੀਮ ਨੇ ਸੰਤ ਕਿਰਪਾਲ ਸਿੰਘ ਸੇਵਾ ਪੰਥੀ ਪਬਲਿਕ ਸਕੂਲ ਨੀਲੋਂ ਨੂੰ 12-0 ਦੇ ਇੱਕਤਰਫ਼ਾ ਸਕੋਰ ਨਾਲ ਹਰਾ ਕੇ ਜਿੱਤ ਹਾਸਲ ਕੀਤੀ ਅਤੇ ਫਾਇਨਲ ਮੈਚ ਵਿੱਚ ਅਕਾਲ ਅਕੈਡਮੀ ਢੀਂਡਸਾ ਦੀ ਟੀਮ ਨੂੰ 3-0 ਦੇ ਸਕੋਰ ਨਾਲ ਹਰਾ ਕੇ ਜਿੱਤ ਦਰਜ ਕਰਕੇ ਜ਼ੋਨਲ ਚੈਂਪੀਅਨਸ਼ਿਪ ਵਿੱਚ ਜਿੱਤ ਹਾਸਲ ਕੀਤੀ।ਸੈਂਟੀਨਲ ਸਕੂਲ ਖਿਡਾਰਨਾਂ ਦੀ ਇਸ ਜਿੱਤ ਨਾਲ ਖਿਡਾਰਨਾਂ ਦੀ ਜ਼ਿਲ੍ਹਾ ਪੱਧਰੀ ਬਾਸਕਟਬਾਲ ਮੁਕਾਬਲਿਆਂ ਲਈ ਚੋਣ ਵੀ ਹੋ ਚੁੱਕੀ ਹੈ।ਸਕੂਲ ਦੀ ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਨੇ ਜੇਤੂ ਟੀਮ, ਕੋਚਾਂ ਤੇ ਸਮੂਹ ਖੇਡ ਵਿਭਾਗ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਉਪਲਬਧੀ ਵਿਦਿਆਰਥੀਆਂ ਦੀ ਸਖ਼ਤ ਮਿਹਨਤ, ਕੋਚਾਂ ਦੀ ਨਿਰੰਤਰ ਸਿਖਲਾਈ ਤੇ ਸਕੂਲ ਵੱਲੋਂ ਖੇਡਾਂ ਨੂੰ ਦਿੱਤੇ ਜਾ ਰਹੇ ਉਤਸ਼ਾਹ ਦਾ ਨਤੀਜਾ ਹੈ।ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਤੇ ਸਮੂਹ ਸਟਾਫ਼ ਨੇ ਜੇਤੂ ਟੀਮ ਤੇ ਕੋਚ ਨੂੰ ਵਧਾਈ ਦਿੰਦੀਆਂ ਕਿਹਾ ਕਿ ਖਿਡਾਰਣਾਂ ਦੀ ਇਹ ਉਪਲਬਧੀ ਸਖ਼ਤ ਮਿਹਨਤ ਤੇ ਨਿਰੰਤਰ ਅਭਿਆਸ ਦਾ ਨਤੀਜਾ ਹੈ।ਉਨ੍ਹਾਂ ਸਾਰੀ ਟੀਮ ਦੀਆਂ ਖਿਡਾਰਨਾਂ ਦੇ ਨਾਲ-ਨਾਲ ਜ਼ਿਲ੍ਹਾ ਮੁਕਾਬਲਿਆਂ ਲਈ ਚੁਣੀਆਂ ਗਈਆਂ ਖਿਡਾਰਨਾਂ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ। ਸਕੂਲ ਦੇ ਪ੍ਰਧਾਨ ਕਰਨਵੀਰ ਸਿੰਘ ਢਿੱਲੋਂ, ਮੈਨੇਜਿੰਗ ਡਾਇਰੈਕਟਰ ਅਮ੍ਰਿਤਪਾਲ ਕੌਰ ਢਿੱਲੋਂ, ਪ੍ਰਿੰਸੀਪਲ, ਸਮੂਹ ਸਟਾਫ਼, ਵਿਦਿਆਰਥੀਆਂ ਤੇ ਮਾਪਿਆਂ ਨੇ ਜੇਤੂ ਟੀਮ ਦੀਆਂ ਖਿਡਾਰਣਾਂ ਨੂੰ ਹਾਰਦਿਕ ਵਧਾਈ ਦਿੱਤੀ।

## ਅੰਤਰ-ਰਾਸ਼ਟਰੀ ਸਕਾਰਫ਼ ਦਿਵਸ ਮਨਾਇਆ



ਮਾਨਸਾ (ਆਤਮਾ ਸਿੰਘ ਪਮਾਰ)-ਜ਼ਿਲ੍ਹਾ ਸਿੱਖਿਆ ਅਫਸਰ (ਸ ਸ) ਮਾਨਸਾ ਸ਼੍ਰੀਮਤੀ ਨੀਲਮ ਰਾਣੀ ਤੇ ਜ਼ਿਲ੍ਹਾ ਸਿੱਖਿਆ ਅਫਸਰ (ਅ ਸ) ਮਾਨਸਾ ਸ਼੍ਰੀਮਤੀ ਮੰਜੂ ਬਾਲਾ ਅਤੇ ਉਪ ਜ਼ਿਲ੍ਹਾ ਸਿੱਖਿਆ ਅਫਸਰ ਡਾ. ਪਰਮਜੀਤ ਸਿੰਘ ਦੀ ਅਗਵਾਈ 'ਚ ਅੰਤਰ ਰਾਸ਼ਟਰੀ ਸਕਾਰਫ਼ ਦਿਵਸ ਜ਼ਿਲ੍ਹੇ ਦੀਆਂ ਭਾਰਤ ਸਕਾਊਟ ਤੇ ਗਾਈਡ ਯੂਨਿਟਾਂ ਸਮਸ ਚੱਕ ਭਾਈਕੇ, ਸ ਸ ਸ ਸ ਕੁਲਰੀਆਂ, ਸਮਸ ਭਾਈਦੇਸਾ, ਸਰਵਹਿੱਤਕਾਰੀ ਵਿੱਦਿਆ ਮੰਦਰ ਭੀਖੀ, ਸ ਪ ਸ ਦੋਦੜਾ ਸਪਸ ਸਿਰਸੀਵਾਲਾ, ਸਪਸ ਰੋੜਕੀ, ਸ ਸ ਸ ਸ ਮੀਰਪੁਰ ਕਲਾਂ, ਸਸਸਸ ਫੱਤਾ ਮਲੂਕਾ, ਮਨੂਵਾਟਿਕਾ ਸ ਸ ਸ ਬੁਢਲਾਡਾ ਆਦਿ ਵਿਖੇ ਧੂਮਧਾਮ ਨਾਲ ਮਨਾਇਆ ਗਿਆ।ਜ਼ਿਲ੍ਹਾ ਆਰਗੇਨਾਈਜ਼ਿੰਗ ਕਮਿਸ਼ਨਰ ਦਰਸ਼ਨ ਸਿੰਘ ਬਰੇਟਾ ਨੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਵੱਖ ਵੱਖ ਸਕੂਲਾਂ 'ਚ ਸਕੂਲ ਮੁਖੀਆਂ, ਯੂਨਿਟ ਲੀਡਰਾਂ ਤੇ ਸਕਾਊਟਸ, ਗਾਈਡਜ਼ ਨੇ ਵਾਤਾਵਰਨ ਦੀ ਸੰਭਾਲ ਲਈ ਪੌਦੇ ਲਗਾਏ ਗਏ।ਸਿਹਤ ਸੰਭਾਲ ਲਈ ਖੇਡਾਂ ਦੇ ਮੁਕਾਬਲੇ ਕਰਵਾਏ ਗਏ।ਸਮਾਗਮਾਂ ਦੌਰਾਨ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਭੀਖੀ, ਡੀ ਓ ਸੀ ਨਿਰਲੇਪ ਕੌਰ, ਜਗਦੀਪ ਕੌਰ, ਅਜੇ ਕੁਮਾਰ, ਦੇਸਰਾਜ ਸਿੰਘ, ਜਸਮੇਲ ਸਿੰਘ, ਮਹਿੰਦਰਪਾਲ ਬਰੇਟਾ, ਨਵੀਨ ਬੋਹਾ, ਜਸਮੇਲ ਸਿੰਘ, ਜਗਸੀਰ ਸਿੰਘ ਆਦਿ ਦਾ ਵੀ ਵਿਸ਼ੇਸ਼ ਯੋਗਦਾਨ ਰਿਹਾ।

## ਕਾਂਗਰਸ ਨੂੰ ਬੂਥ ਪੱਧਰ 'ਤੇ ਮਜ਼ਬੂਤ ਕੀਤਾ ਜਾਵੇਗਾ : ਰਾਜਿੰਦਰ ਸਿੰਘ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪੰਜਾਬ ਕਾਂਗਰਸ ਦੇ ਇੰਚਾਰਜ ਭੂਪੇਸ਼ ਬਘੇਲ ਤੇ ਸੂਬਾ ਪ੍ਰਧਾਨ ਰਾਜਾ ਵੜਿੰਗ ਦੀ ਅਗਵਾਈ ਹੇਠ ਪਟਿਆਲਾ ਵਿਖੇ ਕਾਂਗਰਸ ਦੀ ਜ਼ਿਲ੍ਹਾ ਇਕਾਈ ਦਿਹਾਤੀ ਤੇ ਸ਼ਹਿਰੀ ਵੱਲੋਂ ਹਰ ਬੂਥ 'ਤੇ ਕਾਂਗਰਸ ਮਜ਼ਬੂਤ ਮਿਸ਼ਨ 2027 ਮੁਹਿੰਮ ਤਹਿਤ ਕਰਵਾਏ ਕਾਂਗਰਸ ਦੇ ਇੱਕ ਭਰਵੇਂ ਸਮਾਗਮ ਨੂੰ ਸਬੋਧਨ ਕਰਦੇ ਹੋਏ ਸੀਨੀਅਰ ਆਗੂ ਤੇ ਸਮਾਣਾ ਦੇ ਸਾਬਕਾ ਵਿਧਾਇਕ ਰਾਜਿੰਦਰ ਸਿੰਘ ਨੇ ਕਿਹਾ ਕਿ ਕਾਂਗਰਸ ਨੂੰ ਬੂਥ ਪੱਧਰ 'ਤੇ ਮਜ਼ਬੂਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਚੋਣਾਂ ਨਵੰਬਰ-ਦਸੰਬਰ ਵਿੱਚ ਹੋਣ ਦੀ ਸੰਭਾਵਨਾ ਹੈ।ਇਸ ਲਈ ਸਾਰੇ ਕਾਂਗਰਸੀ ਵਰਕਰਾਂ ਨੂੰ ਪੂਰੀ ਤਿਆਰੀ ਵਿੱਚ ਜੁੱਟ ਜਾਣਾ ਚਾਹੀਦਾ ਹੈ।ਪੰਜਾਬ ਵਿੱਚ ਇਸ ਵਾਰੀ ਪੰਜ ਕੋਣੀ ਲੜਾਈ ਹੋਣ ਦੀ ਸੰਭਾਵਨਾ ਹੈ ਤੇ ਪੰਜਾਬ ਦੇ ਲੋਕ ਕਾਂਗਰਸੀ ਵੱਲ ਵੇਖ ਰਹੇ ਹਨ ਕਿ ਪਾਰਟੀ ਹੀ ਮੌਜੂਦਾ ਆਮ ਆਦਮੀ ਪਾਰਟੀ ਦਾ ਬਦਲ ਹੈ।ਇਹ ਚੋਣਾਂ ਪੰਜਾਬ ਦੀ ਕਿਸਮਤ ਦਾ ਫ਼ੈਸਲਾ ਕਰਨਗੀਆਂ।ਉਨ੍ਹਾਂ ਦੋਸ਼ ਲਾਇਆ ਕਿ ਕੇਂਦਰ ਵਿੱਚ ਭਾਜਪਾ ਵਾਂਗ ਪੰਜਾਬ ਵਿੱਚ 'ਆਪ' ਵੀ ਬਦਲੇ ਦੀ ਭਾਵਨਾ ਨਾਲ ਕੰਮ ਕਰਦੀ ਹੈ, ਜਦੋਂ ਕਿ ਕਾਂਗਰਸ ਨੇ ਕਦੇ ਬਦਲੇ ਦੀ ਰਾਜਨੀਤੀ ਨਹੀਂ ਕੀਤੀ।ਉਨ੍ਹਾਂ ਖੁਲਾਸਾ ਕੀਤਾ ਕਿ 'ਆਪ' ਦਾ ਪੰਜਾਬ ਵਿੱਚ ਸਮਾਂ ਮੁੱਕਣ ਵਾਲਾ ਹੈ ਤੇ ਸੂਬੇ ਲਈ ਕਾਂਗਰਸ ਹੀ ਇਕਲੌਤਾ ਬਦਲ ਹੈ।ਇਸ ਸਮਾਗਮ 'ਚ ਹਲਕਾ ਸਮਾਣਾ ਦੇ ਹਜ਼ਾਰਾਂ ਆਗੂਆਂ ਤੇ ਵਰਕਰਾਂ ਤੋਂ ਇਲਾਵਾ ਅਮਰ ਸਿੰਘ ਐੱਮ ਪੀ, ਸਾਬਕਾ ਮੰਤਰੀ ਬਰਹਮ ਮਹਿੰਦਰਾ, ਸਾਬਕਾ ਮੰਤਰੀ ਧਰਮ ਸਿੰਘ ਧਰਮਸੋਤ, ਸਾਬਕਾ ਮੰਤਰੀ ਰਣਦੀਪ ਸਿੰਘ, ਬੀਬਾ ਅਮਰਜੀਤ ਕੌਰ, ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ, ਸਾਬਕਾ ਜ਼ਿਲ੍ਹਾ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ, ਜ਼ਿਲ੍ਹਾ ਪ੍ਰਧਾਨ ਸ਼ਹਿਰੀ ਨਰੇਸ਼ ਦੁੱਗਲ, ਯੂਥ ਕਾਂਗਰਸ ਦੇ ਆਗੂ ਗੌਰਵ ਸੰਧੂ, ਕਾਂਗਰਸੀ ਆਗੂ ਬਲਿਹਾਰ ਸਿੰਘ ਸਮਸਪੁਰ, ਜ਼ਿਲ੍ਹਾ ਯੂਥ ਕਾਂਗਰਸ ਦੇ ਪ੍ਰਧਾਨ ਅਰਸ਼ਦੀਪ ਮੱਲ ਤੋਂ ਇਲਾਵਾ ਹੋਰ ਸੈਂਕੜੇ ਆਗੂ ਹਾਜ਼ਰ ਸਨ।

## ਸਫਾਈ ਸੇਵਕ ਯੂਨੀਅਨ ਨੇ ਸਹਿਯੋਗ ਲਈ ਕੀਤਾ ਸ਼ਹਿਰ ਵਾਸੀਆਂ ਦਾ ਧੰਨਵਾਦ



ਮੋਗਾ (ਇਕਬਾਲ ਸਿੰਘ ਖਹਿਰਾ)-ਮਿਊਂਸੀਪਲ ਇੰਪਲਾਈਜ਼ ਫੈਡਰੇਸ਼ਨ ਤੇ ਸਫਾਈ ਸੇਵਕ ਯੂਨੀਅਨ ਨਗਰ ਨਿਗਮ ਮੋਗਾ ਵੱਲੋਂ ਮੀਟਿੰਗ ਬੁਲਾਈ ਗਈ। ਇਸ ਮੀਟਿੰਗ ਦੀ ਅਗਵਾਈ ਮਿਊਂਸੀਪਲ ਇੰਪਲਾਈਜ਼ ਫੈਡਰੇਸ਼ਨ ਦੇ ਪ੍ਰਧਾਨ ਜਸਵੀਰ ਸਿੰਘ ਗਿੱਲ ਤੇ ਸਫਾਈ ਸੇਵਕ ਯੂਨੀਅਨ ਦੇ ਪ੍ਰਧਾਨ ਸੋਮਨਾਥ ਚੋਬੜ, ਰਜਿੰਦਰ ਬੋਹਤ ਗੰਗੂ ਚੇਅਰਮੈਨ, ਜਨਰਲ ਸਕੱਤਰ ਵਿਸ਼ਵ ਨਾਥ ਜੋਨੀ ਨੇ ਦੱਸਿਆ ਕਿ ਸਫਾਈ ਜਥੇਬੰਦੀਆਂ ਤੇ ਵਾਲਮੀਕਿ ਸਮਾਜ ਵੱਲੋਂ ਜਿੱਥੇ ਪੰਜਾਬ ਬੰਦ ਦੀ ਕਾਲ ਦਿੱਤੀ ਗਈ ਸੀ, ਉਸ ਨੂੰ ਸਫਲ ਬਣਾਉਣ ਲਈ ਸਾਰੇ ਹੀ ਮੋਗਾ ਸ਼ਹਿਰ ਵਾਸੀਆਂ ਤੇ ਦੁਕਾਨਦਾਰ ਵੀਰਾਂ ਦਾ ਅਸੀਂ ਤਹਿਦਿਲੋਂ ਧੰਨਵਾਦ ਕਰਦੇ ਹਾਂ, ਜਿਨ੍ਹਾਂ ਨੇ ਸਾਨੂੰ ਆਪਣਾ ਪੂਰਾ ਸਮਰਥਨ ਦੇ ਕੇ ਦੁਕਾਨਾਂ ਬੰਦ ਕੀਤੀਆਂ। ਇਸ ਦੌਰਾਨ ਚੀਫ ਸਕੱਤਰ ਨਰੋਤਮ ਬੋਹਤ, ਕੈਸ਼ੀਅਰ ਨਰੇਸ਼ ਬੋਹਤ, ਪ੍ਰਧਾਨ ਅਜੇ ਚਾਵਰੀਆ, ਕੁਲਵੰਤ ਰਾਏ, ਸੁਰੇਸ਼ ਕਰੋਤੀਆ, ਅਸ਼ੋਕ ਪਮੌਲੀ, ਸੋਨੂ ਸਾਬਰੀਆ, ਰਕੇਸ਼ ਕੁਮਾਰ, ਸ਼ੇਖਰ ਕੁਮਾਰ, ਸਾਗਰ ਕੁਮਾਰ, ਵਿੱਕੀ ਕੁਮਾਰ, ਅਨੂ ਕੁਮਾਰ, ਹੈਪੀ ਚੋਬੜ, ਅਜੇ ਕੁਮਾਰ ਤੇ ਹੋਰ ਮੁਲਾਜ਼ਮ ਸਾਥੀਆਂ ਨੇ ਹਿੱਸਾ ਲਿਆ।

## ਗੁਰੂ ਰਵਿਦਾਸ ਜੀ ਦੇ ਜੀਵਨ 'ਤੇ ਡਾਕੂਮੈਂਟਰੀ ਦਿਖਾਈ



ਸੰਗਰੂਰ/ਸੁਨਾਮ (ਪ੍ਰਵੀਨ ਸਿੰਘ/ਅਸ਼ੋਕ ਬਾਂਸਲ, ਹਾਕਮ ਭੱਟੀ)-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਪਿੰਡ ਰਾਮ ਨਗਰ ਸਿਵੀਆ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫ਼ਲਸਫ਼ੇ ਤੇ ਸਮਾਜ ਸੁਧਾਰ ਲਈ ਉਨ੍ਹਾਂ ਦੇ ਮਹਾਨ ਯੋਗਦਾਨ 'ਤੇ ਅਧਾਰਤ ਡਾਕੂਮੈਂਟਰੀ ਦਿਖਾਈ ਗਈ।ਇਸ ਮੌਕੇ ਪਿੰਡ ਦੇ ਸਰਪੰਚ ਹਾਕਮ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੇ ਆਪਣੀ ਬਾਣੀ ਤੇ ਜੀਵਨ ਰਾਹੀਂ ਸਮਾਜ ਨੂੰ ਬਰਾਬਰੀ, ਆਪਸੀ ਭਾਈਚਾਰੇ, ਸੱਚ, ਮਿਹਨਤ ਤੇ ਮਨੁੱਖਤਾ ਦਾ ਸੰਦੇਸ਼ ਦਿੱਤਾ।ਉਨ੍ਹਾਂ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਨਾਲ ਸਮਾਜ ਵਿੱਚ ਸਮਾਨਤਾ, ਸਮਾਜਿਕ ਸਦਭਾਵਨਾ ਤੇ ਆਪਸੀ ਏਕਤਾ ਦਾ ਸੰਦੇਸ਼ ਹੋਰ ਮਜ਼ਬੂਤ ਹੋਵੇਗਾ। ਡਾਕੂਮੈਂਟਰੀ ਦੌਰਾਨ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ, ਪੰਚਾਇਤ ਮੈਂਬਰਾਂ ਤੇ ਨੌਜਵਾਨਾਂ ਨੇ ਸ਼ਮੂਲੀਅਤ ਕਰਕੇ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਤੇ ਉਪਦੇਸ਼ਾਂ ਤੋਂ ਪ੍ਰੇਰਨਾ ਲਈ।

## 15 ਲੱਖ ਨਕਦੀ ਤੇ ਗਹਿਣੇ ਚੋਰੀ ਮਾਮਲੇ 'ਚ ਪਿਤਾ ਤੇ ਪੁੱਤਰ 'ਤੇ ਮਾਮਲਾ ਦਰਜ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਸ਼ਹਿਰ ਦੇ ਇੱਕ ਵਪਾਰੀ ਦੇ ਘਰ 15 ਲੱਖ ਰੁਪਏ ਨਕਦੀ ਤੇ ਸੋਨੇ ਦੇ ਗਹਿਣੇ ਉਸ ਦੇ ਗੁਪਤ ਲਾਕਰ 'ਚੋਂ ਭੇਤਭਰੇ ਢੰਗ ਨਾਲ ਚੋਰੀ ਹੋਣ ਦੇ ਮਾਮਲੇ ਵਿੱਚ ਪੁਲਸ ਨੇ ਇਹ ਮਾਮਲਾ ਸੁਲਝਾਉਂਦਿਆਂ ਚੋਰੀ ਦੀ ਹੀ ਸ਼ਿਕਾਇਤ ਕਰਨ ਵਾਲੇ ਵਪਾਰੀ ਅਭੈ ਕੁਮਾਰ ਤੇ ਉਸ ਦੇ ਨਾਬਾਲਗ ਪੁੱਤਰ ਖਿਲਾਫ਼ ਮਾਮਲਾ ਦਰਜ ਕੀਤਾ ਹੈ। ਡੀ.ਐੱਸ.ਪੀ. ਸਮਰਾਲਾ ਪ੍ਰਿਤਪਾਲ ਸਿੰਘ ਨੇ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਘਰ 'ਚ ਚੋਰੀ ਹੋਣ ਸੰਬੰਧੀ ਸ਼ਿਕਾਇਤਕਰਤਾ ਅਭੈ ਕੁਮਾਰ ਨੇ ਪੁਲਸ ਕੋਲ ਸ਼ਿਕਾਇਤ ਦਰਜ ਕਰਵਾਈ ਕਿ ਉਸਦੇ ਘਰੋਂ 15 ਲੱਖ ਰੁਪਏ ਦੇ ਗਹਿਣੇ ਚੋਰੀ ਹੋ ਗਏ ਹਨ, ਜਿਸ ਸੰਬੰਧੀ ਉਸ ਨੂੰ ਸ਼ਹਿਰ ਦੇ ਹੀ ਇੱਕ ਵਿਅਕਤੀ ਉੱਪਰ ਸ਼ੱਕ ਹੈ। ਡੀ.ਐੱਸ.ਪੀ. ਨੇ ਕਿਹਾ ਕਿ ਪੁਲਸ ਵੱਲੋਂ ਜਦੋਂ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਤਾਂ ਇਹ ਸਾਹਮਣੇ ਆਇਆ ਕਿ ਵਪਾਰੀ ਅਭੈ ਕੁਮਾਰ ਦਾ ਨਾਬਾਲਗ ਪੁੱਤਰ ਘਰ 'ਚੋਂ ਹੀ ਲੱਖਾਂ ਰੁਪਏ ਚੋਰੀ ਕਰਕੇ ਮੋਟਰਸਾਈਕਲ, ਮਹਿੰਗੇ ਫੋਨ, ਸੋਨੇ ਦਾ ਬ੍ਰੈਸਲੈਟ ਤੇ ਹੋਰ ਐਸ਼ਪ੍ਰਸਤੀ ਦਾ ਸਾਮਾਨ ਖਰੀਦ ਕਰ ਗਿਆ। ਡੀ.ਐੱਸ.ਪੀ. ਨੇ ਦੱਸਿਆ ਕਿ ਪੁਲਸ ਕੋਲ ਅਭੈ ਕੁਮਾਰ ਨੇ ਗੁੰਮਰਾਹ ਕਰਨ ਵਾਲੀ ਝੂਠੀ ਸ਼ਿਕਾਇਤ ਦਰਜ ਕਰਵਾਈ, ਜਦਕਿ ਉਸ ਦਾ ਨਾਬਾਲਗ ਪੁੱਤਰ ਹੀ ਲੱਖਾਂ ਰੁਪਏ ਚੋਰੀ ਕਰਕੇ ਮਹਿੰਗੇ ਸਾਮਾਨ ਖਰੀਦ ਰਿਹਾ ਸੀ। ਡੀ.ਐੱਸ.ਪੀ. ਨੇ ਕਿਹਾ ਕਿ ਦੋਵੇਂ ਪਿਓ-ਪੁੱਤਰ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ ਤੇ ਜਲਦ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

# ਸਿੱਖਿਆ ਮੰਤਰੀ ਨਾਲ ਮੀਟਿੰਗ ਤੋਂ ਪਹਿਲਾਂ ਈ ਟੀ ਟੀ ਬੇਰੁਜ਼ਗਾਰ ਅਧਿਆਪਕਾਂ ਦੀ ਚੇਤਾਵਨੀ

### 2994 ਬੈਕਲਾਗ ਭਰਤੀ ਪ੍ਰਕਿਰਿਆ ਸ਼ੁਰੂ ਨਾ ਹੋਈ ਤਾਂ ਦਿਆਂਗੇ ਧਰਨਾ



ਜਲਾਲਾਬਾਦ (ਜੀਤ ਕੁਮਾਰ/ਜੰਗੀਰ ਕੌਰ) ਈ.ਟੀ.ਟੀ. 5994 ਬੇਰੁਜ਼ਗਾਰ ਅਧਿਆਪਕ ਯੂਨੀਅਨ ਨੇ ਚੇਤਾਵਨੀ ਦਿੱਤੀ ਹੈ ਕਿ ਜੇਕਰ 3 ਅਗਸਤ ਨੂੰ ਹੋਣ ਵਾਲੀ ਮੀਟਿੰਗ ਵਿੱਚ ਸਿੱਖਿਆ ਮੰਤਰੀ ਵੱਲੋਂ 2994 ਬੈਕਲਾਗ ਭਰਤੀ ਦੀ ਪ੍ਰਕਿਰਿਆ ਸ਼ੁਰੂ ਕਰਨ ਬਾਰੇ ਕੋਈ ਢੁੱਕਵਾਂ ਫ਼ੈਸਲਾ ਨਾ ਲਿਆ ਗਿਆ ਤਾਂ ਸਿੱਖਿਆ ਮੰਤਰੀ ਦੇ ਪਿੰਡ ਗੰਭੀਰਪੁਰ ਵਿੱਚ ਧਰਨਾ ਲਗਾਉਣ ਤੇ ਸੰਘਰਸ਼ ਨੂੰ ਹੋਰ ਤਿੱਖਾ ਕਰਨ ਲਈ ਫ਼ਾਜ਼ਿਲਕਾ 'ਚ ਮੀਟਿੰਗ ਕੀਤੀ ਗਈ। ਯੂਨੀਅਨ ਆਗੂਆਂ ਨੇ ਕਿਹਾ ਕਿ 5994 ਈ.ਟੀ.ਟੀ. ਅਧਿਆਪਕ ਭਰਤੀ ਦਾ ਨੋਟੀਫਿਕੇਸ਼ਨ ਸਾਲ 2022 'ਚ ਜਾਰੀ ਹੋਇਆ ਸੀ, ਜਿਸ ਤਹਿਤ ਲਗਭਗ 3000 ਉਮੀਦਵਾਰਾਂ ਨੂੰ ਨਿਯੁਕਤੀਆਂ ਦਿੱਤੀਆਂ ਜਾ ਚੁੱਕੀਆਂ ਹਨ, ਪਰ ਬਾਕੀ ਰਹਿੰਦੇ 2994 ਬੈਕਲਾਗ ਉਮੀਦਵਾਰਾਂ ਨੂੰ ਅਜੇ ਤੱਕ ਨਿਯੁਕਤੀ ਪੱਤਰ ਜਾਰੀ ਨਹੀਂ ਕੀਤੇ ਗਏ। ਮੀਟਿੰਗ ਦੌਰਾਨ ਆਗੂਆਂ ਨੇ ਦੱਸਿਆ ਕਿ ਕਈ ਉਮੀਦਵਾਰ ਚਾਰ-ਚਾਰ ਪੇਪਰ ਪਾਸ ਕਰਨ ਦੇ ਬਾਵਜੂਦ ਲੰਬੇ ਸਮੇਂ ਤੋਂ ਨਿਯੁਕਤੀ ਦੀ ਉਡੀਕ ਕਰ ਰਹੇ ਹਨ, ਪਰ ਉਨ੍ਹਾਂ ਦੀ ਕੋਈ ਸੁਣਵਾਈ ਨਹੀਂ ਹੋ ਰਹੀ ਉਨ੍ਹਾਂ ਕਿਹਾ ਕਿ ਬੇਰੁਜ਼ਗਾਰ ਅਧਿਆਪਕ ਲਗਾਤਾਰ ਸਰਕਾਰ ਕੋਲ ਮੰਗ ਰੱਖ ਰਹੇ ਹਨ ਕਿ 2994 ਬੈਕਲਾਗ ਭਰਤੀ ਦੀ ਪ੍ਰਕਿਰਿਆ ਨੂੰ ਤੁਰੰਤ ਸ਼ੁਰੂ ਕੀਤਾ ਜਾਵੇ। ਯੂਨੀਅਨ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ 3 ਅਗਸਤ ਦੀ ਮੀਟਿੰਗ ਵਿੱਚ ਇਸ ਮਾਮਲੇ ਦਾ ਕੋਈ ਸੰਤੋਸ਼ਜਨਕ ਹੱਲ ਨਾ ਨਿਕਲਿਆ ਤਾਂ ਸਿੱਖਿਆ ਮੰਤਰੀ ਦੇ ਹਲਕੇ 'ਚ ਧਰਨੇ, ਪ੍ਰਦਰਸ਼ਨ ਤੇ ਹੋਰ ਤਿੱਖੇ ਐਕਸ਼ਨ ਕੀਤੇ ਜਾਣਗੇ। ਆਗੂਆਂ ਨੇ ਕਿਹਾ ਕਿ ਇਸ ਸਥਿਤੀ ਦੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਸ੍ਰੀ ਆਨੰਦਪੁਰ ਸਾਹਿਬ ਦੇ ਪ੍ਰਸ਼ਾਸਨ ਦੀ ਹੋਵੇਗੀ। ਮੀਟਿੰਗ ਵਿੱਚ ਡਾ. ਪਰਵਿੰਦਰ ਸਿੰਘ ਲੋਹਰਿਆ, ਕੁਲਵਿੰਦਰ ਸਾਮਾ,ਸਰਬਜੀਤ ਪਿੰਡੀ,ਅਰਸ਼ ਬਠਿੰਡਾ, ਮਾਇਨਾ ਫਾਜ਼ਿਲਕਾ, ਰਿਤੇਸ਼ ਅਬੋਹਰ, ਸੁਭ ਜਲਾਲਾਬਾਦ, ਕਾਜਲ, ਦੇਵਮ ਫਾਜ਼ਿਲਕਾ, ਮੁਖਤਿਆਰ ਜਲਾਲਾਬਾਦ, ਰਜਨੀਕਾਂਤ ਅਬੋਹਰ, ਸੂਰਜ ਗੁਰੂ ਹਰਸਹਾਏ ਸਮੇਤ ਹੋਰ ਕਈ ਸਾਥੀ ਮੌਜੂਦ ਸਨ।

## ਐੱਮ ਸੀ ਵਿਰਕ ਵੱਲੋਂ ਭਲਾਈ ਕੇਂਦਰ ਨੂੰ ਸਕੂਟਰੀ ਭੇਟ



ਬੁਢਲਾਡਾ (ਅਸ਼ੋਕ ਲਾਕੜਾ)-ਸਥਾਨਕ ਸਮਾਜ ਸੇਵੀ ਸੰਸਥਾ ਮਾਤਾ ਗੁਜਰੀ ਜੀ ਭਲਾਈ ਕੇਂਦਰ ਦੇ ਲੋਕ ਭਲਾਈ ਕਾਰਜਾਂ ਨੂੰ ਦੇਖਦੇ ਹੋਏ ਨਵੇਂ ਬਣੇ ਐੱਮ ਸੀ ਗੁਰਪ੍ਰੀਤ ਸਿੰਘ ਵਿਰਕ ਵੱਲੋਂ ਸੰਸਥਾ ਨੂੰ ਸਕੂਟਰੀ ਭੇਟ ਕੀਤੀ ਗਈ।ਸੰਸਥਾ ਆਗੂ ਮਾਸਟਰ ਕੁਲਵੰਤ ਸਿੰਘ ਤੇ ਕੁਲਦੀਪ ਸਿੰਘ ਅਨੇਜਾ ਨੇ ਦੱਸਿਆ ਕਿ ਸੰਸਥਾ ਵੱਲੋਂ 250 ਲੋੜਵੰਦ ਵਿਧਵਾ ਤੇ ਅੰਗਹੀਣ ਪਰਵਾਰਾਂ ਨੂੰ ਰਾਸ਼ਨ ਦਿੱਤਾ ਜਾਂਦਾ ਹੈ।ਹਰ ਸਾਲ ਲਗਭਗ 20 ਮਕਾਨਾਂ ਦੀ ਮੁਰੰਮਤ ਕੀਤੀ ਜਾਂਦੀ ਹੈ।ਇਸ ਤੋਂ ਇਲਾਵਾ ਬੱਚੀਆਂ ਦੇ ਵਿਆਹ, ਲੋੜਵੰਦਾਂ ਦੇ ਇਲਾਜ, ਫੀਸਾਂ ਸਮੇਤ ਅਨੇਕਾਂ ਕਾਰਜ ਕੀਤੇ ਜਾਂਦੇ ਹਨ, ਜਿਸ ਦੀ ਇਨਕੁਆਰੀ ਲਈ ਸਾਰੇ ਸ਼ਹਿਰ ਤੇ ਪਿੰਡਾਂ ਵਿੱਚ ਜਾਣਾ ਹੁੰਦਾ ਹੈ।ਇਸ ਦੇ ਨਾਲ ਹੀ ਸ਼ਹਿਰ ਵਿੱਚ ਲਗਭਗ 300 ਮਹੀਨਾਵਾਰ ਫੰਡ ਮੈਂਬਰਾਂ ਤੋਂ ਇਕੱਠਾ ਕਰਨਾ ਹੁੰਦਾ ਹੈ।ਪੈਟਰੋਲ ਦੀ ਬੱਚਤ ਲਈ ਸੰਸਥਾ ਨੂੰ ਬੈਟਰੀ ਵਾਲੀ ਸਕੂਟਰੀ ਦੀ ਲੋੜ ਸੀ, ਜੋ ਐੱਮ ਸੀ ਗੁਰਪ੍ਰੀਤ ਸਿੰਘ ਵਿਰਕ ਵੱਲੋਂ ਪੂਰੀ ਕੀਤੀ ਗਈ।ਸੰਸਥਾ ਵੱਲੋਂ ਵਿਰਕ ਸਾਹਿਬ ਦਾ ਤਹਿਦਿਲੋਂ ਧੰਨਵਾਦ ਕੀਤਾ ਜਾਂਦਾ ਹੈ।ਸਕੂਟਰੀ ਸੰਸਥਾ ਨੂੰ ਸੌਂਪਣ ਮੌਕੇ ਉਪਰੋਕਤ ਤੋਂ ਇਲਾਵਾ ਗੁਰਪ੍ਰੀਤ ਸਿੰਘ ਵਿਰਕ, ਕੁਲਵਿੰਦਰ ਸਿੰਘ ਈ ਓ, ਬਲਬੀਰ ਸਿੰਘ ਕੈਂਥ, ਇੰਦਰਜੀਤ ਸਿੰਘ, ਗਗਨਪ੍ਰੀਤ ਸਿੰਘ ਅਨੇਜਾ, ਨੱਥਾ ਸਿੰਘ, ਮਹਿੰਦਰਪਾਲ ਸਿੰਘ ਹਾਜ਼ਰ ਸਨ।

## ਇੱਕੋ ਰਾਤ 40 ਤੋਂ ਵੱਧ ਮੋਟਰਾਂ ਚੋਰੀ

ਫਿਰੋਜ਼ਪੁਰ (ਅਸ਼ਕ ਸ਼ਰਮਾ)-ਫਿਰੋਜ਼ਪੁਰ ਜ਼ਿਲ੍ਹੇ ਦੇ ਥਾਣਾ ਘੱਲ ਖੁਰਦ ਅਧੀਨ ਪੈਂਦੇ ਪਿੰਡ ਸ਼ਾਹਰ ਤੇ ਕਾਮਲਵਾਲਾ ਸਮੇਤ ਆਸ-ਪਾਸ ਦੇ ਇਲਾਕਿਆਂ ਵਿੱਚੋਂ ਚੋਰਾਂ ਵੱਲੋਂ ਇੱਕ ਹੀ ਰਾਤ ਅੰਦਰ ਕਿਸਾਨਾਂ ਦੇ ਖੇਤਾਂ 'ਚ ਲੱਗੀਆਂ 40 ਤੋਂ ਵੀ ਵੱਧ ਸਿੰਚਾਈ ਵਾਲੀਆਂ ਮੋਟਰਾਂ ਨੂੰ ਗ੍ਰਾਈਂਡਰ ਨਾਲ ਵੱਢ ਕੇ ਚੋਰੀ ਕਰਨ ਦਾ ਇੱਕ ਬੇਹੱਦ ਗੰਭੀਰ ਮਾਮਲਾ ਸਾਹਮਣੇ ਆਇਆ ਹੈ। ਇਸ ਵੱਡੀ ਵਾਰਦਾਤ ਤੋਂ ਬਾਅਦ ਪੀੜਤ ਕਿਸਾਨਾਂ ਨੇ ਪੁਲਸ ਤੇ ਮੀਡੀਆ ਨਾਲ ਤੁਰੰਤ ਕਾਰਵਾਈ ਕਰਦਿਆਂ ਕਈ ਚੋਰਾਂ ਤੋਂ ਚੋਰੀ ਦਾ ਸਾਮਾਨ ਖ਼ਰੀਦਣ ਵਾਲੇ ਕਬਾੜੀਆਂ ਦੀ ਪਛਾਣ ਕਰ ਲਈ ਹੈ। ਪੁਲਸ ਵੱਲੋਂ ਕੁਝ ਚੋਰੀ ਕੀਤਾ ਸਾਮਾਨ ਅਤੇ ਔਜ਼ਾਰ ਵੀ ਬਰਾਮਦ ਕਰ ਲਏ ਗਏ ਹਨ। ਖੇਤਾਂ ਵਿੱਚੋਂ ਪਾਣੀ ਵਾਲੀਆਂ ਮੋਟਰਾਂ ਤੇ ਬਿਜਲੀ ਦੀਆਂ ਤਾਰਾਂ ਲਗਾਤਾਰ ਚੋਰੀ ਹੋਣ ਕਾਰਨ ਕਿਸਾਨਾਂ ਦਾ ਵੱਡਾ ਆਰਥਿਕ ਨੁਕਸਾਨ ਹੋ ਰਿਹਾ ਹੈ ਤੇ ਉਹ ਪੂਰੀ ਤਰ੍ਹਾਂ ਪ੍ਰੇਸ਼ਾਨ ਹੋ ਚੁੱਕੇ ਹਨ। ਇਸ ਮਸਲੇ ਦੇ ਸਥਾਈ ਹੱਲ ਲਈ ਹੁਣ ਇਲਾਕੇ ਦੇ ਕਿਸਾਨਾਂ ਨੇ ਇਕੱਠੇ ਹੋ ਕੇ ਇੱਕ ਵੱਡਾ ਅਤੇ ਸਖ਼ਤ ਫ਼ੈਸਲਾ ਲਿਆ ਹੈ। ਕਿਸਾਨ ਆਗੂਆਂ ਦਾ ਕਹਿਣਾ ਹੈ ਕਿ ਜੇਕਰ ਇੱਥੇ ਚੋਰੀ ਕਰਨ ਵਾਲੇ ਚੋਰਾਂ ਦਾ ਜੋ ਵੀ ਹਸ਼ਰ ਹੋਵੇਗਾ, ਉਹ ਤਾਂ ਜਲਦ ਹੀ ਸਭ ਦੇ ਸਾਹਮਣੇ ਆ ਹੀ ਜਾਵੇਗਾ, ਪਰ ਹੁਣ ਉਨ੍ਹਾਂ ਕਬਾੜੀਆਂ ਤੇ ਡੀਲਰਾਂ ਵਾਲੇ ਦੁਕਾਨਦਾਰਾਂ ਖ਼ਿਲਾਫ਼ ਸਖ਼ਤ ਰਣਨੀਤੀ ਉਲੀਕੀ ਗਈ ਹੈ ਜੋ ਚੋਰਾਂ ਤੋਂ ਇਹ ਚੋਰੀ ਦਾ ਸਾਮਾਨ ਖ਼ਰੀਦਦੇ ਹਨ। ਕਿਸਾਨਾਂ ਨੇ ਸਪੱਸ਼ਟ ਸ਼ਬਦਾਂ ਵਿੱਚ ਐਲਾਨ ਕੀਤਾ ਹੈ ਕਿ ਜੇਕਰ ਕੋਈ ਵੀ ਕਬਾੜੀਆ ਜਾਂ ਦੁਕਾਨਦਾਰ ਖੇਤਾਂ ਵਿੱਚੋਂ ਚੋਰੀ ਕੀਤੀਆਂ ਮੋਟਰਾਂ, ਤਾਂਬਾ ਜਾਂ ਬਿਜਲੀ ਦੀਆਂ ਤਾਰਾਂ ਖ਼ਰੀਦਦਾ ਫੜਿਆ ਗਿਆ, ਤਾਂ ਕਿਸਾਨਾਂ ਵੱਲੋਂ ਉਸ ਦਾ ਪੂਰੇ ਇਲਾਕੇ ਵਿੱਚ ਜਲੂਸ ਕੱਢਿਆ ਜਾਵੇਗਾ। ਇਸ ਪੂਰੀ ਘਟਨਾ ਦੀ ਵੀਡੀਓ ਬਣਾ ਕੇ ਸੋਸ਼ਲ ਮੀਡੀਆ 'ਤੇ ਵਾਇਰਲ ਕੀਤੀ ਜਾਵੇਗੀ ਤਾਂ ਜੋ ਉਨ੍ਹਾਂ ਦਾ ਚਿਹਰਾ ਨੰਗਾ ਹੋ ਸਕੇ। ਇਸ ਦੇ ਨਾਲ ਹੀ ਅਜਿਹੇ ਗਲਤ ਅਨਸਰਾਂ ਨੂੰ 5 ਲੱਖ ਰੁਪਏ ਤੱਕ ਦਾ ਜੁਰਮਾਨਾ ਲਗਾਇਆ ਜਾਵੇਗਾ।

## ਪੰਜਾਬ ਬਾਜ਼ੀਗਰ ਸਮਾਜ ਭਵਨ ਲਈ ਜ਼ਮੀਨ ਅਲਾਟ ਕਰਨ ਦੀ ਮੰਗ

### ਵਿਧਾਇਕ ਰਾਏ ਨੇ ਮੁੱਖ ਮੰਤਰੀ ਕੋਲ ਮਾਮਲਾ ਉਠਾਉਣ ਦਾ ਦਿੱਤਾ ਭਰੋਸਾ



ਸਮਰਾਲਾ (ਸੁਰਜੀਤ ਸਿੰਘ)-ਪੰਜਾਬ ਬਾਜ਼ੀਗਰ ਸਮਾਜ ਭਵਨ ਟਰੱਸਟ ਦਾ ਇੱਕ ਵਫ਼ਦ ਟਰੱਸਟ ਦੇ ਪ੍ਰਧਾਨ ਸੁੱਚਾ ਸਿੰਘ ਦੀ ਅਗਵਾਈ ਹੇਠ ਹਲਕਾ ਸਰਹਿੰਦ ਦੇ ਵਿਧਾਇਕ ਲਖਬੀਰ ਸਿੰਘ ਰਾਏ ਨੂੰ ਉਨ੍ਹਾਂ ਦੀ ਰਿਹਾਇਸ਼ ਪਿੰਡ ਮੂਲੇਪੁਰ ਵਿਖੇ ਮਿਲਿਆ।ਵਫ਼ਦ ਵੱਲੋਂ ਪੰਜਾਬ ਸਰਕਾਰ ਦੇ ਨਾਮ ਇੱਕ ਮੰਗ ਪੱਤਰ ਸੌਂਪ ਕੇ ਮੁਹਾਲੀ/ਚੰਡੀਗੜ੍ਹ ਵਿਖੇ ਪੰਜਾਬ ਬਾਜ਼ੀਗਰ ਸਮਾਜ ਭਵਨ ਦੇ ਨਿਰਮਾਣ ਲਈ ਉਚਿਤ ਜ਼ਮੀਨ ਅਲਾਟ ਕਰਨ ਦੀ ਮੰਗ ਕੀਤੀ ਗਈ।ਵਿਧਾਇਕ ਲਖਬੀਰ ਸਿੰਘ ਰਾਏ ਨੇ ਵਫ਼ਦ ਨੂੰ ਭਰੋਸਾ ਦਿਵਾਇਆ ਕਿ ਉਹ ਇਸ ਮੰਗ ਨੂੰ ਮੁੱਖ ਮੰਤਰੀ ਪੰਜਾਬ ਦੇ ਧਿਆਨ ਵਿੱਚ ਲਿਆ ਕੇ ਬਾਜ਼ੀਗਰ ਸਮਾਜ ਭਵਨ ਲਈ ਜ਼ਮੀਨ ਅਲਾਟ ਕਰਵਾਉਣ ਵਾਸਤੇ ਹਰ ਸੰਭਵ ਯਤਨ ਕਰਨਗੇ।ਉਨ੍ਹਾਂ ਕਿਹਾ ਕਿ ਸਮਾਜ ਦੀ ਇਹ ਜਾਇਜ਼ ਮੰਗ ਹੈ ਤੇ ਇਸ ਨੂੰ ਸਰਕਾਰ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਇਆ ਜਾਵੇਗਾ।ਵਿਧਾਇਕ ਵੱਲੋਂ ਦਿੱਤੇ ਭਰੋਸੇ ਲਈ ਟਰੱਸਟ ਦੇ ਪ੍ਰਧਾਨ ਸੁੱਚਾ ਸਿੰਘ ਨੇ ਸਮੂਹ ਟਰੱਸਟ ਵੱਲੋਂ ਉਨ੍ਹਾਂ ਦਾ ਧੰਨਵਾਦ ਕੀਤਾ ਤੇ ਆਸ ਪ੍ਰਗਟਾਈ ਕਿ ਪੰਜਾਬ ਸਰਕਾਰ ਜਲਦ ਹੀ ਇਸ ਮੰਗ 'ਤੇ ਸਕਾਰਾਤਮਕ ਫ਼ੈਸਲਾ ਲਵੇਗੀ।ਇਸ ਮੌਕੇ ਵਫ਼ਦ ਵਿੱਚ ਬਲਵੰਤ ਸਿੰਘ (ਮੋਹਾਲੀ), ਬਲਕਾਰ ਸਿੰਘ (ਬਲੌਂਗੀ), ਰਾਜ ਕੁਮਾਰ ਰਾਜੂ (ਪਾਇਲ), ਬਲਕਾਰ ਸਿੰਘ (ਮੈਂਬਰ ਬਲਾਕ ਸੰਮਤੀ, ਨਬੀਪੁਰ), ਦਰਸ਼ਨ ਸਿੰਘ (ਖੀਵਾ ਸਰਦਾਰ ਨਗਰ, ਮੰਡੀ ਗੋਬਿੰਦਗੜ੍ਹ), ਰਣਜੀਤ ਸਿੰਘ (ਮੂਲੇਪੁਰ), ਜੋਰਾ ਸਿੰਘ (ਰਜਿੰਦਰ ਨਗਰ), ਗੁਰਨਾਮ ਸਿੰਘ ਤੇ ਗੁਰਕੀਰਤ ਸਿੰਘ ਸਮੇਤ ਹੋਰ ਮੈਂਬਰ ਹਾਜ਼ਰ ਸਨ।

## ਬੀਬੀ ਹਰਿਆਊ ਦੀ ਕਾਂਗਰਸ 'ਚ ਸ਼ਮੂਲੀਅਤ ਨੇ ਸ਼ੁਤਰਾਣਾ 'ਚ ਸਿਆਸੀ ਸਮੀਕਰਨ ਬਦਲੇ

ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)

ਆਮ ਆਦਮੀ ਪਾਰਟੀ ਦੀ ਟਿਕਟ ਉੱਤੇ 2017 ਦੀਆਂ ਵਿਧਾਨ ਸਭਾ ਚੋਣਾਂ ਲੜਨ ਵਾਲੀ ਬੀਬੀ ਪਲਵਿੰਦਰ ਕੌਰ ਹਰਿਆਊ ਨੇ ਕਾਂਗਰਸ ਦੇ ਸੂਬਾ ਇੰਚਾਰਜ ਭੂਪੇਸ਼ ਬਘੇਲ, ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਹਾਜ਼ਰੀ ਵਿੱਚ ਕਾਂਗਰਸ ਪਾਰਟੀ ਵਿੱਚ ਰਸਮੀ ਤੌਰ 'ਤੇ ਸ਼ਮੂਲੀਅਤ ਕੀਤੀ।ਬੀਬੀ ਪਲਵਿੰਦਰ ਕੌਰ ਹਰਿਆਊ ਦੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਸਿਆਸੀ ਸਮੀਕਰਨਾਂ ਵਿੱਚ ਵੱਡੀ ਤਬਦੀਲੀ ਹੁੰਦੀ ਨਜ਼ਰ ਆ ਰਹੀ ਹੈ।ਭਾਵੇਂ ਪਿਛਲੀਆਂ ਵਿਧਾਨ ਸਭਾ ਚੋਣਾਂ ਦੌਰਾਨ ਬੀਬੀ ਪਲਵਿੰਦਰ ਕੌਰ ਹਰਿਆਊ ਚੋਣ ਦ੍ਰਿਸ਼ ਤੋਂ ਲਾਂਭੇ ਸਨ, ਪਰ ਆਗਾਮੀ ਵਿਧਾਨ ਸਭਾ ਚੋਣਾਂ ਲਈ ਹਲਕਾ ਸ਼ੁਤਰਾਣਾ ਵਿੱਚ ਸ਼ੁਰੂ ਹੋਈਆਂ ਚੋਣ ਸਰਗਰਮੀਆਂ ਦੌਰਾਨ ਪਿਛਲੇ ਕਰੀਬ ਤਿੰਨ ਮਹੀਨਿਆਂ ਤੋਂ ਬੀਬੀ ਪਲਵਿੰਦਰ ਕੌਰ ਹਰਿਆਊ ਵੱਲੋਂ ਸਰਗਰਮੀਆਂ ਤੇਜ਼ੀ ਨਾਲ ਚੱਲ ਰਹੀਆਂ ਸਨ ਤੇ ਉਹ ਪਿਛਲੇ ਕਾਫੀ ਸਮੇਂ ਤੋਂ ਆਮ ਆਦਮੀ ਪਾਰਟੀ ਦੀ ਟਿਕਟ ਹਾਸਲ ਕਰਨ ਲਈ ਚਾਰਾਜੋਈ ਕਰ ਰਹੇ ਸਨ, ਪਰ ਸਾਬਕਾ ਵਿਧਾਇਕਾ ਬੀਬੀ ਵਨਿੰਦਰ ਕੌਰ ਲੂੰਬਾ ਦੇ ਪਤੀ ਡੀਟੀਓ ਕਰਨ ਸਿੰਘ ਦੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਮਗਰੋਂ ਬਣੇ ਸਿਆਸੀ ਸਮੀਕਰਨਾਂ ਦੌਰਾਨ ਬੀਬੀ ਪਲਵਿੰਦਰ ਕੌਰ ਹਰਿਆਊ ਵੱਲੋਂ ਕਾਂਗਰਸ ਪਾਰਟੀ ਵਿੱਚ ਕੀਤੀ ਗਈ ਸ਼ਮੂਲੀਅਤ ਨੇ ਕਾਂਗਰਸੀ ਟਿਕਟ ਦੇ ਚਾਹਵਾਨਾਂ ਦੀ ਕਤਾਰ ਵਿੱਚ ਵਾਧਾ ਕਰ ਦਿੱਤਾ ਹੈ।ਦੱਸਣਯੋਗ ਹੈ ਕਿ 2017 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਦੀ ਟਿਕਟ 'ਤੇ ਚੋਣ ਲੜਨ ਮੌਕੇ ਬੀਬੀ ਪਲਵਿੰਦਰ ਕੌਰ ਹਰਿਆਊ ਨੂੰ ਮਿਲੀਆਂ 30 ਹਜ਼ਾਰ ਤੋਂ ਵੱਧ ਵੋਟ ਕਰਕੇ ਹਲਕੇ ਵਿੱਚ ਉਨ੍ਹਾਂ ਦਾ ਵੱਡਾ ਸਿਆਸੀ ਆਧਾਰ ਮੰਨਿਆ ਜਾ ਰਿਹਾ ਹੈ।ਆਮ ਆਦਮੀ ਪਾਰਟੀ ਦੇ ਫਾਊਂਡਰ ਮੈਂਬਰਾਂ ਵਿੱਚੋਂ ਹੋਣ ਕਰਕੇ ਉਨ੍ਹਾਂ ਨੂੰ ਆਮ ਆਦਮੀ ਪਾਰਟੀ ਦੇ ਕੇਡਰ ਵਿੱਚੋਂ ਵੀ ਨਰਾਜ਼ਗੀ ਦੀ ਵੋਟ ਮਿਲਣ ਦੀਆਂ ਸੰਭਾਵਨਾਵਾਂ ਨੂੰ ਨਜ਼ਰ ਅੰਦਾਜ਼ ਨਹੀਂ ਕੀਤਾ ਜਾ ਸਕਦਾ।ਹਲਕਾ ਸ਼ੁਤਰਾਣਾ ਵਿੱਚ ਕਾਂਗਰਸ ਦੀ ਟਿਕਟ ਪ੍ਰਾਪਤੀ ਲਈ ਪਹਿਲਾਂ ਹੀ ਅੱਧੀ ਦਰਜਨ ਦੇ ਕਰੀਬ ਸੰਭਾਵੀ ਉਮੀਦਵਾਰ ਆਪਣੀਆਂ ਕੋਸ਼ਿਸ਼ਾਂ ਵਿੱਚ ਲੱਗੇ ਹੋਏ ਹਨ। ਇਸ ਦੌਰਾਨ ਬੀਬੀ ਪਲਵਿੰਦਰ ਕੌਰ ਦੇ ਕਾਂਗਰਸ ਵਿੱਚ ਸ਼ਾਮਲ ਹੋਣ ਕਾਂਗਰਸ ਦੀ ਟਿਕਟ ਹਾਸਲ ਕਰਨ ਵਾਲਿਆਂ ਦੀ ਕਤਾਰ ਹੋਰ ਲੰਬੀ ਕਰ ਦਿੱਤੀ ਹੈ।ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਦੀ ਟਿਕਟ ਹਾਸਲ ਕਰਨ ਵਿੱਚ ਕਿਹੜਾ ਕਾਂਗਰਸ ਦਾ ਸੰਭਾਵੀ ਉਮੀਦਵਾਰ ਕਾਮਯਾਬ ਹੁੰਦਾ ਹੈ, ਇਹ ਆਉਣ ਵਾਲਾ ਸਮਾਂ ਹੀ ਦੱਸੇਗਾ।

## ਜ਼ਿਲ੍ਹਾ ਪੱਧਰੀ ਮੁਕਾਬਲੇ ਅੱਜ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਪਰਮਜੀਤ ਸਿੰਘ)-ਮੇਰਾ ਯੁਵਾ ਭਾਰਤ, ਸ੍ਰੀ ਮੁਕਤਸਰ ਸਾਹਿਬ ਵੱਲੋਂ ਨਸ਼ਾ ਮੁਕਤ ਯੁਵਾ ਫ਼ਾਰ ਵਿਕਸਿਤ ਭਾਰਤ ਮੁਹਿੰਮ ਤਹਿਤ ਜ਼ਿਲ੍ਹਾ ਪੱਧਰੀ ਮੁਕਾਬਲੇ 3 ਅਗਸਤ ਸਵੇਰੇ 10:00 ਵਜੇ ਸਰਕਾਰੀ ਕਾਲਜ ਸ੍ਰੀ ਮੁਕਤਸਰ ਸਾਹਿਬ ਵਿਖੇ ਕਰਵਾਏ ਜਾ ਰਹੇ ਹਨ।ਇਨ੍ਹਾਂ ਮੁਕਾਬਲਿਆਂ ਵਿੱਚ ਲੋਕ ਗੀਤ, ਨਾਚ, ਨੁੱਕੜ ਨਾਟਕ/ਮਾਈਮ ਐਕਟ, ਚਿੱਤਰਕਲਾ, ਭਾਸ਼ਣ/ਵਾਦ-ਵਿਵਾਦ, ਸ਼ਾਰਟ ਫ਼ਿਲਮ/ਰੀਲ, ਨਾਅਰਾ ਲੇਖਣ ਤੇ ਸਲੈਮ ਕਵਿਤਾ ਸ਼ਾਮਲ ਹਨ।ਜ਼ਿਲ੍ਹਾ ਯੁਵਾ ਅਧਿਕਾਰੀ ਸ੍ਰੀਮਤੀ ਤਨਵੀ ਅਗਰਵਾਲ ਨੇ ਜ਼ਿਲ੍ਹੇ ਦੇ ਸਮੂਹ ਨੌਜਵਾਨਾਂ, ਵਿਦਿਆਰਥੀਆਂ ਤੇ ਵਿੱਦਿਅਕ ਸੰਸਥਾਵਾਂ ਨੂੰ ਅਪੀਲ ਕੀਤੀ ਹੈ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਇਨ੍ਹਾਂ ਮੁਕਾਬਲਿਆਂ ਵਿੱਚ ਭਾਗ ਲੈਣ ਤੇ ਨਸ਼ਾ ਮੁਕਤ ਪੰਜਾਬ ਤੇ ਵਿਕਸਿਤ ਭਾਰਤ ਦੇ ਸੰਦੇਸ਼ ਨੂੰ ਜਨ-ਜਨ ਤੱਕ ਪਹੁੰਚਾਉਣ ਵਿੱਚ ਆਪਣਾ ਯੋਗਦਾਨ ਪਾਉਣ।

# ਜਰਨਲਿਸਟ ਪ੍ਰੈੱਸ ਐਸੋਸੀਏਸ਼ਨ ਲੁਧਿਆਣਾ ਇਕਾਈ ਦੇ ਅਹੁਦੇਦਾਰ ਸਨਮਾਨਤ

### ਐੱਮ ਐੱਸ ਭਾਟੀਆ ਜਰਨਲਿਸਟ ਪ੍ਰੈੱਸ ਐਸੋਸੀਏਸ਼ਨ ਲੁਧਿਆਣਾ ਦੇ ਸਲਾਹਕਾਰ ਚੁਣੇ ਗਏ



ਲੁਧਿਆਣਾ (ਐੱਮ ਐੱਸ ਭਾਟੀਆ)

ਜਰਨਲਿਸਟ ਪ੍ਰੈੱਸ ਐਸੋਸੀਏਸ਼ਨ ਪੰਜਾਬ (ਰਜਿ:) ਦੇ ਸਰਪ੍ਰਸਤ ਜੀ. ਐੱਸ. ਸੰਧੂ, ਚੇਅਰਮੈਨ ਰਾਕੇਸ਼ ਖੰਨਾ, ਸੂਬਾ ਪ੍ਰਧਾਨ ਰਾਕੇਸ਼ ਦੁੱਗਲ, ਜਨਰਲ ਸੈਕਟਰੀ ਪੀ. ਪੀ. ਸਿੰਘ, ਪ੍ਰੈੱਸ ਸਕੱਤਰ ਗੋਬਿੰਦ ਰਾਏ ਤੇ ਹੋਰ ਅਹੁਦੇਦਾਰਾਂ ਵੱਲੋਂ ਜ਼ਿਲ੍ਹਾ ਲੁਧਿਆਣਾ ਇਕਾਈ ਦੇ ਚੇਅਰਮੈਨ ਅਸ਼ੋਕ ਪੁਰੀ, ਪ੍ਰਧਾਨ ਵਰਿੰਦਰ ਕੁਮਾਰ, ਜਨਰਲ ਸਕੱਤਰ ਮਨਜੀਤ ਸਿੰਘ ਰੋਮਾਣਾ, ਸਰਪ੍ਰਸਤ ਗੁਰਦੀਪ ਸਿੰਘ, ਸਲਾਹਕਾਰ ਭੁਪਿੰਦਰ ਸਿੰਘ ਪਨੇਸਰ, ਭੁਪਿੰਦਰ ਸਿੰਘ ਬੇਦੀ, ਐੱਮ. ਐੱਸ. ਭਾਟੀਆ, ਸੂਰਜ ਕੁਮਾਰ, ਸੁਮਿਤ ਭਾਟੀਆ, ਕੁਲਦੀਪ ਸਿੰਘ, ਰਾਜੇਸ਼ ਪਾਲ ਉੱਪਲ, ਰਾਜੇਸ਼ ਆਹੂਜਾ, ਸਤਬੀਰ ਸਿੰਘ, ਵਿਸ਼ਨੂ, ਅਸ਼ੋਕ ਵਰਮਾ ਸੁਰਜੀਤ ਸਿੰਘ, ਮਨਿੰਦਰ ਸਿੰਘ ਭੱਟੀ, ਕੁਲਦੀਪ ਦੁਗਰੀ, ਸੰਦੀਪ ਸੂਦ, ਦਵਿੰਦਰ ਵਰਮਾ, ਹਰਵਿੰਦਰ ਸਿੰਘ, ਅਨੰਦ ਸਿੰਘ, ਵਿਮਲ ਕੁਮਾਰ, ਰਾਜ ਕੁਮਾਰ ਸਾਥੀ, ਕੁਲਵਿੰਦਰ ਸਿੰਘ ਸਲੇਮ ਟਾਬਰੀ, ਅਨੰਦ ਸਿੰਘ, ਬਿਮਲ ਕੁਮਾਰ ਆਦਿ ਅਹੁਦੇਦਾਰਾਂ ਤੇ ਕਾਰਜਕਾਰੀ ਮੈਂਬਰਾਂ ਨੂੰ ਸਨਮਾਨਤ ਕੀਤਾ ਗਿਆ। ਇਸ ਤੋਂ ਪਹਿਲਾਂ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਹੋਈ ਇਕ ਮੀਟਿੰਗ ਦੌਰਾਨ ਸੀਨੀਅਰ ਪੱਤਰਕਾਰ ਮੁਹੰਮਦ ਨਦੀਮ ਅੰਸਾਰੀ ਦੇ ਦੇਹਾਂਤ 'ਤੇ 2 ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਉਪਰੰਤ ਐਸੋ: ਪੰਜਾਬ ਦੇ ਅਹੁਦੇਦਾਰ ਦਾ ਜ਼ਿਲ੍ਹਾ ਲੁਧਿਆਣਾ ਇਕਾਈ ਵੱਲੋਂ ਸਵਾਗਤ ਕੀਤਾ ਗਿਆ।

ਇਸ ਮੌਕੇ ਪੰਜਾਬ ਪ੍ਰਧਾਨ ਸ੍ਰੀ ਰਾਕੇਸ਼ ਦੁੱਗਲ ਨੇ ਪੱਤਰਕਾਰਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਅਸਲੀ ਪੱਤਰਕਾਰੀ ਸੱਚ ਨੂੰ ਆਮ ਜਨਤਾ ਤੱਕ ਲਿਆਉਣ ਨਾਲ ਹੀ ਬਣਦੀ ਹੈ, ਜਦਕਿ ਸਰਕਾਰਾਂ ਦੇ ਝੋਲੀਚੁੱਕ ਤੇ ਪੈਸੇ ਲੈ ਕੇ ਅਸਲੀਅਤ ਲੁਕਾਉਣ ਵਾਲੇ ਦਲਾਲ ਹੀ ਕਹਾਉਂਦੇ ਹਨ।ਉਨ੍ਹਾਂ ਕਿਹਾ ਕਿ ਤੁਸੀਂ ਆਪਣੀ ਚੰਗੇ ਅਕਸ ਵਾਲੀ ਪਛਾਣ ਬਣਾਉਣ ਲਈ ਬਿਨਾਂ ਕਿਸੇ ਡਰ ਦੇ ਡੱਟ ਕੇ ਪੱਤਰਕਾਰੀ ਕਰੋ, ਪੰਜਾਬ ਦੀ ਸਮੁੱਚੀ ਜਥੇਬੰਦੀ ਤੁਹਾਡੀ ਪਿੱਠ 'ਤੇ ਖੜ੍ਹੀ ਹੈ।ਇਸ ਮੌਕੇ ਪੰਜਾਬ ਦੇ ਸਰਪ੍ਰਸਤ ਜੀ. ਐੱਸ. ਸੰਧੂ ਨੇ ਕਿਹਾ ਕਿ ਐਸੋਸੀਏਸ਼ਨ ਪੱਤਰਕਾਰਾਂ ਨੂੰ ਦਰਪੇਸ਼ ਆ ਰਹੀਆਂ ਸਮੱਸਿਆਵਾਂ ਦੇ ਹੱਲ ਦੇ ਨਾਲ ਨਾਲ ਸਮਾਜ ਭਲਾਈ ਦੇ ਕੰਮ ਵੀ ਕਰੇਗੀ।ਉਨ੍ਹਾਂ ਕਿਹਾ ਕਿ ਲੁਧਿਆਣਾ ਦੇ ਪੱਤਰਕਾਰਾਂ ਨੂੰ ਆ ਰਹੀਆਂ ਸਮੱਸਿਆਵਾਂ ਦੇ ਹੱਲ ਲਈ ਨੇੜ ਭਵਿੱਖ ਵਿੱਚ ਪੰਜਾਬ ਦੀ ਬਾਡੀ ਲੁਧਿਆਣਾ ਦੇ ਅਹੁਦੇਦਾਰਾਂ ਨੂੰ ਨਾਲ ਲੈ ਕੇ ਮਾਣਯੋਗ ਡਿਪਟੀ ਕਮਿਸ਼ਨਰ ਤੇ ਪੁਲਸ ਕਮਿਸ਼ਨਰ ਨੂੰ ਮਿਲੇਗੀ।

ਇਸ ਮੌਕੇ ਲੁਧਿਆਣਾ ਇਕਾਈ ਦੇ ਪ੍ਰਧਾਨ ਸ੍ਰੀ ਵਰਿੰਦਰ ਕੁਮਾਰ ਨੇ ਕਿਹਾ ਕਿ ਜ਼ਿਲ੍ਹਾ ਲੁਧਿਆਣਾ ਦੀ ਸਮੁੱਚੀ ਟੀਮ ਐਸੋਸੀਏਸ਼ਨ ਪੰਜਾਬ ਦੀ ਰਹਿਨੁਮਾਈ ਹੇਠ ਡੱਟ ਕੇ ਕੰਮ ਕਰੇਗੀ ਤੇ ਨਵੇਂ ਪੱਤਰਕਾਰਾਂ ਨੂੰ ਸੱਚੀ ਸੁੱਚੀ ਪੱਤਰਕਾਰੀ ਦੇ ਅਸੂਲ ਸਿਖਾਉਣ ਲਈ ਸੈਮੀਨਾਰ ਵੀ ਲਗਾਏ ਜਾਣਗੇ, ਜਿਸ ਲਈ ਪੜ੍ਹੇ ਲਿਖੇ ਤੇ ਸੀਨੀਅਰ ਪੱਤਰਕਾਰਾਂ ਦੀਆਂ ਸੇਵਾਵਾਂ ਲਈਆਂ ਜਾਣਗੀਆਂ।ਉਨ੍ਹਾਂ ਭਰੋਸਾ ਦੁਆਇਆ ਕਿ ਲੁਧਿਆਣਾ ਇਕਾਈ ਦੇ ਸਮੁੱਚੇ ਅਹੁਦੇਦਾਰਾਂ ਤੇ ਕਾਰਜਕਾਰੀ ਮੈਂਬਰਾਂ ਦੇ ਸ਼ਨਾਖਤੀ ਕਾਰਡ ਜਲਦ ਹੀ ਬਣਾ ਕੇ ਦਿੱਤੇ ਜਾਣਗੇ।

# ਬਾਬਾ ਫ਼ਰੀਦ 'ਵਰਸਿਟੀ ਤੇ ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ 'ਚ ਵੱਡੇ ਪ੍ਰਬੰਧਕੀ ਫੇਰਬਦਲ

### ਨਵ-ਨਿਯੁਕਤ ਰਜਿਸਟ੍ਰਾਰ ਡਾ. ਗਿਰੀਸ਼ ਸਾਹਨੀ ਤੇ ਨਵੇਂ ਐੱਮ ਐੱਸ ਡਾ. ਬੋਪਾਰਾਏ ਨੇ ਸੰਭਾਲੇ ਅਹੁਦੇ

ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)

ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਤੇ ਇਸ ਦੇ ਅਧੀਨ ਚੱਲ ਰਹੇ ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ/ਕਾਲਜ ਵਿੱਚ ਪ੍ਰਬੰਧਕੀ ਪੱਧਰ 'ਤੇ ਵੱਡੇ ਬਦਲਾਅ ਦੇਖਣ ਨੂੰ ਮਿਲੇ ਹਨ।ਮੁੱਖ ਅਹੁਦਿਆਂ 'ਚ ਹੋਈ ਇਸ ਅਹਿਮ ਤਬਦੀਲੀ ਨਾਲ ਹੁਣ ਮੈਡੀਕਲ ਹਸਪਤਾਲ ਦੀ ਕਾਇਆ-ਕਲਪ ਹੋਣ ਦੀਆਂ ਪੂਰੀਆਂ ਆਸਾਂ ਬੱਝ ਗਈਆਂ ਹਨ।ਰਜਿਸਟ੍ਰਾਰ ਤੋਂ ਬਾਅਦ ਹੁਣ ਮੈਡੀਕਲ ਸੁਪਰਡੈਂਟ (ਐੱਮ.ਐੱਸ.) ਵੀ ਬਦਲ ਦਿੱਤੇ ਗਏ ਹਨ।ਦੋਹਾਂ ਨਵ-ਨਿਯੁਕਤ ਉੱਚ ਅਧਿਕਾਰੀਆਂ ਨੇ ਅਹੁਦੇ ਦੀ ਗਰਿਮਾ ਨੂੰ ਕਾਇਮ ਰੱਖਦਿਆਂ ਹਸਪਤਾਲ ਦੇ ਸੁਧਾਰ, ਮਰੀਜ਼ਾਂ ਦੀ ਭਲਾਈ ਤੇ ਵਿਦਿਆਰਥੀਆਂ ਦੀਆਂ ਜ਼ਰੂਰਤਾਂ ਨੂੰ ਪਹਿਲ ਦੇਣ ਦਾ ਐਲਾਨ ਕੀਤਾ ਹੈ।

ਯੂਨੀਵਰਸਿਟੀ ਦੇ ਨਵੇਂ ਰਜਿਸਟ੍ਰਾਰ ਡਾ. ਗਿਰੀਸ਼ ਸਾਹਨੀ ਨੇ ਆਪਣਾ ਪਦਭਾਰ ਸੰਭਾਲਦਿਆਂ ਹੀ ਸ਼ਹਿਰ ਦੇ ਸਮਾਜ ਸੇਵੀਆਂ ਵਲੋਂ ਕੀਤੇ ਗਏ ਸਵਾਗਤ ਲਈ ਧੰਨਵਾਦ ਕੀਤਾ।ਉਨ੍ਹਾਂ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਪਹਿਲਾਂ ਮੇਰਾ ਕੰਮ ਦੇਖੋ, ਮੈਂ ਆਪ ਸਭ ਦੇ ਸਹਿਯੋਗ ਨਾਲ ਹਸਪਤਾਲ ਵਿੱਚ ਦਾਖ਼ਲ ਮਰੀਜ਼ਾਂ ਦੀ ਵੈੱਲਫ਼ੇਅਰ ਨੂੰ ਪਹਿਲ ਦੇ ਆਧਾਰ 'ਤੇ ਰੱਖਾਂਗਾ।ਚਾਰਜ ਸੰਭਾਲਣ ਦੇ ਪਹਿਲੇ ਹੀ ਦਿਨ ਡਾ. ਸਾਹਨੀ ਨੇ ਹਸਪਤਾਲ ਦੇ ਸਟਾਫ਼ ਤੇ ਡਾਕਟਰਾਂ ਨੂੰ ਮਰੀਜ਼ਾਂ ਦੀ ਸੁਚੱਜੇ ਢੰਗ ਨਾਲ ਸੇਵਾ ਕਰਨ ਦੀ ਹਦਾਇਤ ਕੀਤੀ।ਉਨ੍ਹਾਂ ਹਸਪਤਾਲ ਦੀ ਸਾਫ਼-ਸਫ਼ਾਈ, ਮਰੀਜ਼ਾਂ ਦੀਆਂ ਸਹੂਲਤਾਂ ਤੇ ਮੌਜੂਦਾ ਗਰਮੀ ਦੇ ਮੌਸਮ ਨੂੰ ਦੇਖਦਿਆਂ ਏ. ਸੀ. ਆਦਿ ਦੇ ਪ੍ਰਬੰਧ ਤੁਰੰਤ ਦਰੁਸਤ ਕਰਨ ਦੇ ਨਿਰਦੇਸ਼ ਜਾਰੀ ਕੀਤੇ।ਇਸ ਤੋਂ ਇਲਾਵਾ, ਉਨ੍ਹਾਂ ਮੈਡੀਕਲ ਕਾਲਜ ਦੇ ਪ੍ਰਿੰਸੀਪਲ ਨੂੰ ਹਦਾਇਤ ਕੀਤੀ ਕਿ ਡਾਕਟਰੀ ਦੀ ਪੜ੍ਹਾਈ ਕਰ ਰਹੇ ਵਿਦਿਆਰਥੀਆਂ ਦੀਆਂ ਸਾਰੀਆਂ ਜ਼ਰੂਰਤਾਂ ਪੂਰੀਆਂ ਕੀਤੀਆਂ ਜਾਣ ਤੇ ਉਨ੍ਹਾਂ ਨੂੰ ਪੜ੍ਹਾਈ ਲਈ ਸਾਫ਼-ਸੁਥਰਾ ਮਾਹੌਲ ਮੁਹੱਈਆ ਕਰਵਾਇਆ ਜਾਵੇ।ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ ਦੇ ਐੱਮ.ਐੱਸ. ਦੇ ਅਹੁਦੇ 'ਤੇ ਵੱਡਾ ਫੇਰਬਦਲ ਕਰਦਿਆਂ ਡਾ. ਨੀਤੂ ਕੁੱਕੜ ਦੀ ਥਾਂ ਡਾ. ਅਮਰਵੀਰ ਸਿੰਘ ਬੋਪਾਰਾਏ ਨੂੰ ਨਵਾਂ ਮੈਡੀਕਲ ਸੁਪਰਡੈਂਟ ਨਿਯੁਕਤ ਕੀਤਾ ਗਿਆ ਹੈ।ਡਾ. ਕੁੱਕੜ ਪਹਿਲਾਂ ਕਰੀਬ 4 ਅਹੁਦਿਆਂ ਦਾ ਚਾਰਜ ਸੰਭਾਲ ਰਹੇ ਸਨ।ਡਾ. ਬੋਪਾਰਾਏ ਨੇ ਅਹੁਦਾ ਸੰਭਾਲਦਿਆਂ ਹੀ ਬਾਕੀ ਵਾਧੂ ਪਦ ਲੈਣ ਤੋਂ ਇਨਕਾਰ ਕਰ ਦਿੱਤਾ ਤੇ ਸਿਰਫ਼ ਇੱਕੋ ਅਹੁਦੇ (ਐੱਮ.ਐੱਸ.) 'ਤੇ ਧਿਆਨ ਕੇਂਦਰਿਤ ਕਰਨ ਦਾ ਫ਼ੈਸਲਾ ਕੀਤਾ।ਉਨ੍ਹਾਂ ਕਿਹਾ ਕਿ 1400 ਬੈੱਡਾਂ ਵਾਲੇ ਇਸ ਵਿਸ਼ਾਲ ਮੈਡੀਕਲ ਹਸਪਤਾਲ ਦੀ ਦੇਖ-ਰੇਖ 24×7 (ਦਿਨ-ਰਾਤ) ਦਾ ਕੰਮ ਹੈ।ਮੈਂ ਪੂਰੀ ਨਿਸ਼ਠਾ ਨਾਲ ਸਿਰਫ਼ ਹਸਪਤਾਲ ਨਾਲ ਸਬੰਧਤ ਕਮੀਆਂ ਨੂੰ ਦੂਰ ਕਰਨ ਤੇ ਇਸ ਦੀ ਬਿਹਤਰੀ ਲਈ ਵਚਨਬੱਧ ਹਾਂ।ਇਨ੍ਹਾਂ ਪ੍ਰਬੰਧਕੀ ਤਬਦੀਲੀਆਂ ਤੇ ਨਵੇਂ ਅਧਿਕਾਰੀਆਂ ਦੇ ਲੋਕ-ਹਿੱਤੂ ਰਵੱਈਏ ਨੂੰ ਦੇਖਦਿਆਂ ਫ਼ਰੀਦਕੋਟ ਤੇ ਆਸ-ਪਾਸ ਦੇ ਇਲਾਕੇ ਦੇ ਲੋਕਾਂ ਵਿੱਚ ਆਸ ਜਾਗੀ ਹੈ ਕਿ ਹੁਣ ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ ਦੀ ਵਿਵਸਥਾ ਵਿੱਚ ਵੱਡਾ ਸੁਧਾਰ ਆਵੇਗਾ।

## ਸ਼ੇਰ-ਏ-ਪੰਜਾਬ ਕਿਸਾਨ ਯੂਨੀਅਨ ਨੇ ਪੌਦੇ ਲਗਾਏ

ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਵਾਤਾਵਰਨ ਦੀ ਸੰਭਾਲ ਤੇ ਹਰਿਆਲੀ ਨੂੰ ਉਤਸ਼ਾਹਤ ਕਰਨ ਦੇ ਮੰਤਵ ਨਾਲ ਮੋਗਾ ਦੇ ਪਿੰਡ ਝੰਡੇਆਣਾ ਵਿਖੇ ਸ਼ੇਰ-ਏ-ਪੰਜਾਬ ਯੂਨੀਅਨ ਦੇ ਪ੍ਰਧਾਨ ਸ੍ਰ. ਆਤਮਾ ਸਿੰਘ ਧੂੜਕੋਟ ਦੀ ਅਗਵਾਈ ਹੇਠ ਯੂਨੀਅਨ ਦੀ ਸਮੁੱਚੀ ਟੀਮ ਵੱਲੋਂ ਕਰੀਬ 1300 ਬੂਟੇ ਲਗਾਏ ਗਏ। ਇਸ ਰੁੱਖ ਲਗਾਓ ਮੁਹਿੰਮ ਵਿੱਚ ਯੂਨੀਅਨ ਦੇ ਅਹੁਦੇਦਾਰਾਂ, ਮੈਂਬਰਾਂ ਤੇ ਪਿੰਡ ਵਾਸੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰ. ਆਤਮਾ ਸਿੰਘ ਧੂੜਕੋਟ ਨੇ ਕਿਹਾ ਕਿ ਰੁੱਖ ਮਨੁੱਖੀ ਜੀਵਨ ਦਾ ਅਨਮੋਲ ਆਧਾਰ ਹਨ ਤੇ ਵਾਤਾਵਰਨ ਨੂੰ ਪ੍ਰਦੂਸ਼ਣ ਤੋਂ ਬਚਾਉਣ ਲਈ ਵੱਧ ਤੋਂ ਵੱਧ ਰੁੱਖ ਲਗਾਉਣੇ ਸਮੇਂ ਦੀ ਮੁੱਖ ਲੋੜ ਹੈ।ਉਨ੍ਹਾਂ ਕਿਹਾ ਕਿ ਸ਼ੇਰ-ਏ-ਪੰਜਾਬ ਯੂਨੀਅਨ ਵੱਲੋਂ ਸ਼ੁਰੂ ਕੀਤੀ ਗਈ ਇਹ ਮੁਹਿੰਮ ਲਗਾਤਾਰ ਜਾਰੀ ਰਹੇਗੀ ਤੇ ਆਉਣ ਵਾਲੇ ਸਮੇਂ ਵਿੱਚ ਬੂਟੇ ਲਗਾਉਣ ਦਾ ਟੀਚਾ ਹੋਰ ਵੀ ਵਧਾਇਆ ਜਾਵੇਗਾ।ਉਨ੍ਹਾਂ ਸਮੂਹ ਲੋਕਾਂ ਨੂੰ ਅਪੀਲ ਕੀਤੀ ਕਿ ਹਰ ਵਿਅਕਤੀ ਆਪਣੇ ਜੀਵਨ ਵਿੱਚ ਘੱਟੋ-ਘੱਟ ਇੱਕ ਬੂਟਾ ਜ਼ਰੂਰ ਲਗਾਏ ਤੇ ਉਸ ਦੀ ਸੰਭਾਲ ਦੀ ਜ਼ਿੰਮੇਵਾਰੀ ਵੀ ਨਿਭਾਏ।ਉਨ੍ਹਾਂ ਕਿਹਾ ਕਿ ਰੁੱਖਾਂ ਦੀ ਸੁਰੱਖਿਆ ਤੇ ਸੰਭਾਲ ਨਾਲ ਹੀ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਾਫ਼-ਸੁਥਰਾ ਤੇ ਸਿਹਤਮੰਦ ਵਾਤਾਵਰਨ ਦਿੱਤਾ ਜਾ ਸਕਦਾ ਹੈ।ਇਸ ਮੌਕੇ ਯੂਨੀਅਨ ਦੇ ਹੋਰ ਅਹੁਦੇਦਾਰ ਤੇ ਮੈਂਬਰ ਵੀ ਹਾਜ਼ਰ ਸਨ।

## ਬਰਸਟ ਨੇ ਲੋਕਾਂ ਲਈ ਮੁਫ਼ਤ 'ਚ ਰਾਸ਼ਨ ਕਾਰਡ ਬਣਾਉਣ ਲਈ ਖੋਲ੍ਹਿਆ ਸੇਵਾ ਕੇਂਦਰ



ਸਮਾਣਾ (ਇਕਬਾਲ ਸਿੰਘ ਬੱਲ)-ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸੂਬਾ ਜਨਰਲ ਸਕੱਤਰ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਸਮਾਣਾ ਤਹਿਸੀਲ ਪਾਰਕ ਦੇ ਸਾਹਮਣੇ ਸਥਿਤ ਦਫ਼ਤਰ ਵਿਖੇ ਹਲਕਾ ਸਮਾਣਾ ਵਾਸੀਆਂ ਦੀ ਸਹੂਲਤ ਲਈ ਮੁਫ਼ਤ ਰਾਸ਼ਨ ਕਾਰਡ ਬਣਾਉਣ ਦੀ ਸੁਵਿਧਾ ਦੀ ਰਿਬਨ ਕੱਟ ਕੇ ਸ਼ੁਰੂਆਤ ਕੀਤੀ ਗਈ।ਉਨ੍ਹਾਂ ਦੱਸਿਆ ਕਿ ਰਾਸ਼ਨ ਕਾਰਡ ਅਪਲਾਈ ਕਰਨ ਲਈ ਸਵੇਰੇ 10:00 ਵਜੇ ਤੋਂ ਦੁਪਹਿਰ 3:00 ਵਜੇ ਤੱਕ ਦਫ਼ਤਰ ਵਿੱਚ ਆ ਕੇ ਸੰਪਰਕ ਕੀਤਾ ਜਾ ਸਕਦਾ ਹੈ, ਜਿਸ ਦੇ ਲਈ ਅਧਾਰ ਕਾਰਡ, ਪਾਸਪੋਰਟ ਸਾਈਜ਼ ਫੋਟੋ, ਪਰਿਵਾਰ ਦੀ ਗਰੁੱਪ ਫੋਟੋ, ਬਿਜਲੀ ਦਾ ਬਿੱਲ, ਗੈਸ ਕਾਪੀ ਅਤੇ ਜਾਤੀ ਸਰਟੀਫਿਕੇਟ ਨਾਲ ਹੋਣਾ ਜ਼ਰੂਰੀ ਹੈ।ਸ਼੍ਰ. ਬਰਸਟ ਨੇ ਹਲਕਾ ਸਮਾਣਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਨਿਰਧਾਰਤ ਸਮੇਂ ਅੰਦਰ ਆਪਣੇ ਜ਼ਰੂਰੀ ਕਾਗਜ਼ਾਤ ਨਾਲ ਲੈ ਕੇ ਦਫ਼ਤਰ ਪਹੁੰਚਣ ਤੇ ਇਸ ਮੁਫ਼ਤ ਸੁਵਿਧਾ ਦਾ ਵੱਧ ਤੋਂ ਵੱਧ ਲਾਭ ਉਠਾਉਣ।ਇਸ ਮੌਕੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਜ਼ਿਲ੍ਹਾ ਪ੍ਰਧਾਨ, ਹਨੀ ਮਾਹਲਾ ਚੇਅਰਮੈਨ ਮਾਰਕਿਟ ਕਮੇਟੀ ਡਕਾਲਾ, ਬਲਜਿੰਦਰ ਸਿੰਘ ਪਹਾੜਪੁਰ ਬਲਾਕ ਸੰਮਤੀ ਮੈਂਬਰ, ਸੁਖਦੇਵ ਸਿੰਘ ਸਰਪੰਚ ਖੇੜੀ ਵੱਟਾ, ਗੁਰਪ੍ਰਤਾਪ ਸਿੰਘ ਸਰਪੰਚ ਚੌਹਠ, ਮਹਿੰਦਰ ਸਿੰਘ ਸਰਪੰਚ ਡਰੋਲਾ ਸਮੇਤ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਰਹੇ।

## ਸ੍ਰੀ ਰਾਮ ਕਾਲਜ ਡੱਲਾ ਵੱਲੋਂ ਨਵੇਂ ਸੈਸ਼ਨ ਦੀ ਸ਼ੁਰੂਆਤ



ਹਠੂਰ (ਲਵਲੀ ਕੁਮਾਰ)-ਪੇਂਡੂ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਰਾਮ ਕਾਲਜ ਡੱਲਾ ਵੱਲੋਂ ਨਵੇਂ ਸੈਸ਼ਨ 2026-27 ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਸ੍ਰੀ ਗੁਰਦੁਆਰਾ ਸਾਹਿਬ ਡੱਲਾ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ।ਇਸ ਮੌਕੇ ਪ੍ਰਿੰਸੀਪਲ ਪ੍ਰੋਫੈਸਰ ਪ੍ਰਭਜੀਤ ਸਿੰਘ ਨੇ ਕਿਹਾ ਕਿ ਸਾਡੇ ਜੀਵਨ ਵਿੱਚ ਕਿਸੇ ਵੀ ਸ਼ੁਭ ਕੰਮ ਤੇ ਕੰਮ ਨੂੰ ਸਫ਼ਲਤਾ ਪੂਰਵਕ ਕਰਨ ਲਈ ਹਮੇਸ਼ਾ ਪ੍ਰਮਾਤਮਾ ਦਾ ਓਟ ਆਸਰਾ ਲਿਆ ਜਾਂਦਾ ਹੈ।ਉਨ੍ਹਾ ਕਿਹਾ ਕਿ ਹਰ ਸਾਲ ਸ੍ਰੀ ਰਾਮ ਕਾਲਜ ਡੱਲਾ ਦੀ ਪ੍ਰਬੰਧਕੀ ਕਮੇਟੀ, ਸਟਾਫ ਤੇ ਵਿਦਿਆਰਥੀ ਸ੍ਰੀ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋ ਕੇ ਆਸ਼ੀਰਵਾਦ ਪ੍ਰਾਪਤ ਕਰਦੇ ਹਨ।ਇਸ ਮੌਕੇ ਕਾਲਜ ਦੀ ਪ੍ਰਬੰਧਕੀ ਕਮੇਟੀ ਦੇ ਚੇਅਰਮੈਨ ਸ੍ਰੀ ਦੇਵੀ ਚੰਦ ਸ਼ਰਮਾ ਨੇ ਸਟਾਫ ਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਨਵੇਂ ਸੈਸ਼ਨ ਵਿੱਚ ਦਾਖਲ ਹੋਏ ਵਿਦਿਆਰਥੀਆਂ ਨੂੰ ਵਧਾਈਆਂ ਦਿੰਦੇ ਹੋਏ ਸਖ਼ਤ ਮਿਹਨਤ ਕਰਕੇ ਤਰੱਕੀ ਦੇ ਰਾਹ 'ਤੇ ਤੁਰਨ ਦਾ ਸੰਦੇਸ਼ ਦਿੱਤਾ।ਇਸ ਮੌਕੇ ਕਾਲਜ ਦੀ ਪ੍ਰਬੰਧਕੀ ਕਮੇਟੀ ਵੱਲੋਂ ਵਿਦਿਆਰਥੀਆਂ ਨੂੰ ਸਮੇਂ-ਸਮੇਂ ਦਿੱਤੀਆਂ ਜਾ ਰਹੀਆਂ ਵੱਖ-ਵੱਖ ਸਹੂਲਤਾਂ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ।ਅੰਤ ਵਿੱਚ ਕਾਲਜ ਦੀ ਪ੍ਰਬੰਧਕੀ ਕਮੇਟੀ ਨੇ ਗ੍ਰਾਥੀ ਸਿੰਘ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਉਨ੍ਹਾ ਨਾਲ ਸੈਕਟਰੀ ਕਿਰਨਜੀਤ ਸਿੰਘ, ਸਾਬਕਾ ਹੈੱਡ ਮਾਸਟਰ ਅਵਤਾਰ ਸਿੰਘ, ਮਾਸਟਰ ਭਗਵੰਤ ਸਿੰਘ, ਕਾਲਜ ਦਾ ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

## ਬਾਬਾ ਅਜਾਪਾਲ ਸਕੂਲ 'ਚ ਅੱਖਾਂ ਤੇ ਦੰਦਾਂ ਦਾ ਚੈੱਕਅੱਪ ਕੈਂਪ ਲਗਾਇਆ



ਨਾਭਾ (ਅਮਨ ਗਰਗ)-ਬਾਬਾ ਅਜਾਪਾਲ ਸਿੰਘ ਖਾਲਸਾ ਪਬਲਿਕ ਸਕੂਲ ਨੇੜੇ ਗੁ. ਘੋੜਿਆਂ ਵਾਲਾ ਸਾਹਿਬ ਨਾਭਾ ਵੱਲੋਂ ਬੱਚਿਆਂ ਲਈ ਅੱਖਾਂ ਤੇ ਦੰਦਾਂ ਦਾ ਚੈੱਕਅਪ ਕੈਂਪ ਲਗਾਇਆ ਗਿਆ।ਇਸ ਕੈਂਪ ਬਾਰੇ ਜਾਣਕਾਰੀ ਦਿੰਦਿਆਂ ਸਕੂਲ ਦੇ ਪ੍ਰਿੰਸੀਪਲ ਮੈਡਮ ਤੇਜਿੰਦਰ ਪਾਲ ਕੌਰ ਨੇ ਦੱਸਿਆ ਕਿ ਇਹ ਮਾਨਵ ਸੇਵਾ ਉੱਤਮ ਸੇਵਾ (ਰਜਿ.) ਨਾਭਾ ਵੱਲੋਂ ਮੁਨੀਆਂ ਫਾਊਂਡੇਸ਼ਨ ਪਟਿਆਲਾ ਦੇ ਸਹਿਯੋਗ ਨਾਲ ਫ਼ਰੀ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ ਹੈ।ਇਸ ਕੈਂਪ ਵਿੱਚ (ਦੰਦਾਂ ਦੇ ਰੋਗਾ ਦੇ ਮਾਹਰ) ਡਾ. ਪਾਹੁਲਪ੍ਰੀਤ ਸਿੰਘ ਮਲਹੋਤਰਾ, (ਅੱਖਾਂ ਦੇ ਰੋਗਾਂ ਦੇ ਮਾਹਰ) ਡਾ. ਹਰਦੀਪ ਸਿੰਘ ਰੰਧਾਵਾ ਵੱਲੋਂ ਸਕੂਲ ਦੇ 405 ਦੇ ਕਰੀਬ ਬੱਚਿਆਂ ਦਾ ਚੈੱਕਅਪ ਕੀਤਾ ਗਿਆ।ਕੈਂਪ ਦੌਰਾਨ ਲੋੜਵੰਦ ਬੱਚਿਆਂ ਨੂੰ ਦਵਾਈਆਂ ਮੁਫ਼ਤ ਦਿੱਤੀਆਂ ਗਈਆਂ।ਸੰਸਥਾ ਦੇ ਮੁੱਖ ਸੇਵਾਦਾਰ ਵਿਕਾਸ ਮਿੱਤਲ ਤੇ ਸਮੂਹ ਮੈਂਬਰਾਂ ਵੱਲੋਂ ਡਾਕਟਰ ਤੇ ਸ਼ਖਸੀਅਤਾਂ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਪ੍ਰਿੰਸੀਪਲ ਮੈਡਮ ਤੇਜਿੰਦਰ ਪਾਲ ਕੌਰ ਨੇ ਸਹਿਯੋਗ ਦੇਣ 'ਤੇ ਸੰਸਥਾ ਦੇ ਸਮੂਹ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਪ੍ਰਿੰਸੀਪਲ ਅਸ਼ਵਨੀ ਮਦਾਨ, ਸ਼ਿਖਾ ਸ਼ੁਕਲਾ ਤੇ ਸੌਰਭ ਸ਼ੁਕਲਾ (ਮੁਨੀਆਂ ਫਾਊਂਡੇਸ਼ਨ), ਸਪਨਾ ਦੇਵੀ, ਹਰਮਨ ਸਿੰਘ, ਰੰਜਮ ਦੀਪ ਕੌਰ ਤੋਂ ਇਲਾਵਾ ਸੰਸਥਾ ਦੇ ਮੈਂਬਰ ਅੰਕੁਰ ਸਿੰਗਲਾ, ਵਰੁਣ ਸਿੰਗਲਾ, ਰਵਿੰਦਰ ਸਿੰਘ, ਸੁਨੀਲ ਗੁਪਤਾ, ਨਰਿੰਦਰ ਮੋਹਣ ਸ਼ਰਮਾ, ਸਾਹਿਲ ਗੁਪਤਾ, ਦੀਪਕ ਕੁਮਾਰ, ਕਰਨ ਸਿੰਗਲਾ ਆਦਿ ਹਾਜ਼ਰ ਸਨ।

## ਡਾ. ਅਰੋੜਾ ਨੇ ਸੜਕ 'ਤੇ ਪ੍ਰੀਮਿਕਸ ਪਾਉਣ ਦੇ ਕੰਮ ਦੀ ਕਰਵਾਈ ਸ਼ੁਰੂਆਤ



ਮੋਗਾ (ਇਕਬਾਲ ਸਿੰਘ ਖਹਿਰਾ)-ਮੋਗਾ ਨਗਰ ਨਿਗਮ ਅਧੀਨ ਆਉਂਦੇ ਵਾਰਡ ਨੰਬਰ 16 ਦੇ ਪਿੰਡ ਮਹਿਮੇਵਾਲਾ ਵਿੱਚ ਪਿੰਡ ਦੀ ਫਿਰਨੀ ਉੱਪਰ ਪੀ.ਸੀ. (ਪ੍ਰੀਮਿਕਸ ਕਾਰਪੇਟ) ਪਾਉਣ ਦੇ ਕੰਮ ਦੀ ਸ਼ੁਰੂਆਤ ਹਲਕਾ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਵੱਲੋਂ ਕਰਵਾਈ ਗਈ।ਇਸ ਮੌਕੇ ਉਨ੍ਹਾਂ ਨਾਲ ਨਗਰ ਨਿਗਮ ਮੋਗਾ ਦੀ ਮੇਅਰ ਵਿਨੇਪਾਲ ਕੌਰ ਤੇ ਕੌਂਸਲਰ ਵਿਜੇ ਭੂਸ਼ਣ ਵੀ ਮੌਜੂਦ ਸਨ।ਇਨ੍ਹਾਂ ਵਿਕਾਸ ਕਾਰਜਾਂ ਪਿੰਡ ਦੇ ਪਤਵੰਤਿਆਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਸੰਬੋਧਨ ਕਰਦਿਆਂ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਤੇ ਨਗਰ ਨਿਗਮ ਮੋਗਾ ਵੱਲੋਂ ਸ਼ਹਿਰ ਤੇ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਵਧੀਆ ਸੜਕਾਂ, ਸਫ਼ਾਈ ਤੇ ਹੋਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਹੀ ਸਰਕਾਰ ਦਾ ਮੁੱਖ ਉਦੇਸ਼ ਹੈ ਤੇ ਵਿਕਾਸ ਕਾਰਜ ਭਵਿੱਖ ਵਿੱਚ ਵੀ ਇਸੇ ਰਫ਼ਤਾਰ ਨਾਲ ਜਾਰੀ ਰਹਿਣਗੇ।ਡਾ. ਅਰੋੜਾ ਨੇ ਕਿਹਾ ਕਿ ਜੇਕਰ ਕਿਸੇ ਵੀ ਵਾਰਡ ਵਾਸੀ ਨੂੰ ਕਿਸੇ ਤਰ੍ਹਾਂ ਦੀ ਸਮੱਸਿਆ ਆਉਂਦੀ ਹੈ ਤਾਂ ਉਹ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੀ ਜਾਵੇ, ਜਿਸ ਦਾ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।ਇਸ ਮੌਕੇ ਹਾਜ਼ਰ ਲੋਕਾਂ ਨੇ ਇਲਾਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ 'ਤੇ ਸੰਤੁਸ਼ਟੀ ਪ੍ਰਗਟਾਈ।ਸਮਾਗਮ ਦੌਰਾਨ ਵੱਡੀ ਗਿਣਤੀ 'ਚ ਵਾਰਡ ਵਾਸੀ ਤੇ ਆਮ ਆਦਮੀ ਪਾਰਟੀ ਦੇ ਵਲੰਟੀਅਰ ਮੌਜੂਦ ਸਨ।

## ਰੂਪ ਵਾਟਿਕਾ ਸਕੂਲ 'ਚ ਜੀ ਕੇ ਕੁਇੱਜ਼ ਮੁਕਾਬਲੇ ਕਰਵਾਏ



ਜਗਰਾਉਂ (ਅਮਿਤ ਖੰਨਾ)-ਰੂਪ ਵਾਟਿਕਾ ਸੀਨੀਅਰ ਸੈਕੰਡਰੀ ਸਕੂਲ ਵਿੱਚ ਵਿਦਿਆਰਥੀਆਂ ਦੇ ਆਮ ਗਿਆਨ ਨੂੰ ਉਤਸ਼ਾਹਤ ਕਰਨ ਲਈ ਅੰਤਰ-ਕਲਾਸ ਤੇ ਅੰਤਰ-ਹਾਊਸ ਜੀ.ਕੇ. ਕੁਇੱਜ਼ ਮੁਕਾਬਲੇ ਕਰਵਾਏ ਗਏ।ਇਸ ਮੁਕਾਬਲੇ ਨੂੰ ਤਿੰਨ ਵੱਖ-ਵੱਖ ਸ਼੍ਰੇਣੀਆਂ ਵਿੱਚ ਵੰਡਿਆ ਗਿਆ ਸੀ, ਜਿਸ ਵਿੱਚ ਚੌਥੀ ਤੋਂ ਪੰਜਵੀਂ (ਸ਼੍ਰੇਣੀ-1), ਛੇਵੀਂ ਤੋਂ ਅੱਠਵੀਂ (ਸ਼੍ਰੇਣੀ-2) ਤੇ ਨੌਵੀਂ ਤੋਂ ਬਾਰਵੀਂ (ਸ਼੍ਰੇਣੀ-3) ਜਮਾਤਾਂ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ।ਸ਼੍ਰੇਣੀ-1 (ਚੌਥੀ ਤੇ ਪੰਜਵੀਂ ਜਮਾਤ) : ਚੌਥੀ 'ਬੀ' ਦੀ ਟੀਮ, ਜਿਸ ਵਿੱਚ ਪ੍ਰਨੀਤ ਕੌਰ, ਵੈਸ਼ਨਵੀ, ਅਵਨੂਰ ਕੌਰ, ਅਨਵੀ, ਤਰਨਪ੍ਰੀਤ ਕੌਰ ਤੇ ਸੁਖਮਨਦੀਪ ਕੌਰ ਸ਼ਾਮਲ ਸਨ, ਜੇਤੂ ਰਹੀ।ਸ਼੍ਰੇਣੀ-2 (ਛੇਵੀਂ ਤੋਂ ਅੱਠਵੀਂ ਜਮਾਤ) : ਇਸ ਵਰਗ ਵਿੱਚ ਸੱਤਵੀਂ 'ਏ' ਦੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ।ਜੇਤੂ ਟੀਮ ਵਿੱਚ ਹਰਮੀਤ, ਹਿਮਾਂਸ਼ੂ, ਤ੍ਰਿਜਲ ਤੇ ਜਸ਼ਨ ਸ਼ਾਮਲ ਸਨ।ਸ਼੍ਰੇਣੀ-3 (ਨੌਵੀਂ ਤੋਂ ਬਾਰ੍ਹਵੀਂ ਜਮਾਤ-ਅੰਤਰ-ਹਾਊਸ) : ਸੀਨੀਅਰ ਵਿੰਗ ਦੇ ਵਿਦਿਆਰਥੀਆਂ ਵਿਚਕਾਰ ਕਾਫ਼ੀ ਰੋਮਾਂਚਕ ਮੁਕਾਬਲਾ ਦੇਖਣ ਨੂੰ ਮਿਲਿਆ। ਇਸ ਵਿੱਚ ਭਾਸਕਰ ਹਾਊਸ ਨੇ ਪਹਿਲਾ ਸਥਾਨ, ਰਮਨ ਹਾਊਸ ਨੇ ਦੂਜਾ ਤੇ ਅਬਦੁਲ ਕਲਾਮ ਹਾਊਸ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਵਿਮੀ ਠਾਕੁਰ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਦੇ ਬੌਧਿਕ ਵਿਕਾਸ ਤੇ ਆਤਮ-ਵਿਸ਼ਵਾਸ ਨੂੰ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਸਕੂਲ ਮੈਨੇਜਮੈਂਟ ਨੇ ਵੀ ਸਾਰੇ ਭਾਗੀਦਾਰ ਵਿਦਿਆਰਥੀਆਂ ਦੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ ਤੇ ਭਵਿੱਖ ਵਿੱਚ ਵੀ ਅਜਿਹੇ ਗਿਆਨਵਰਧਕ ਮੁਕਾਬਲੇ ਕਰਵਾਉਣ ਦਾ ਭਰੋਸਾ ਦਿੱਤਾ।

## ਜ਼ੋਨਲ ਕਰਾਟੇ ਮੁਕਾਬਲਿਆਂ 'ਚ ਸੈਂਟੀਨਲ ਸਕੂਲ ਨੇ ਜਿੱਤੇ ਮੈਡਲ



ਸਮਰਾਲਾ (ਸੁਰਜੀਤ ਸਿੰਘ)-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਕਰਵਾਏ ਜਾ ਰਹੇ ਇੰਟਰ-ਸਕੂਲ ਜ਼ੋਨਲ ਖੇਡ ਮੁਕਾਬਲਿਆਂ ਵਿੱਚ ਸਥਾਨਕ ਸੈਂਟੀਨਲ ਨੇ ਕਰਾਟੇ ਮੁਕਾਬਲਿਆਂ ਵਿੱਚ 9 ਸੋਨੇ ਤੇ 2 ਚਾਂਦੀ ਦੇ ਮੈਡਲ ਜਿੱਤ ਕੇ ਸਕੂਲ ਦੇ ਸ਼ਾਨਦਾਰ ਖੇਡ ਰਿਕਾਰਡ ਵਿੱਚ ਇੱਕ ਹੋਰ ਸੁਨਹਿਰੀ ਅਧਿਆਇ ਜੋੜ ਦਿੱਤਾ। ਅੰਡਰ-14 ਵਰਗ ਵਿੱਚ ਪ੍ਰਭਨੂਰ ਕੌਰ, ਸਹਿਜਪ੍ਰੀਤ ਕੌਰ, ਹਰਜੋਤ ਸਿੰਘ ਮਾਂਗਟ, ਵਾਸੂ ਵਰਮਾ ਤੇ ਰੁਦਰਾ ਪ੍ਰਤਾਪ ਵਰਮਾ ਨੇ ਆਪਣੇ-ਆਪਣੇ ਮੁਕਾਬਲਿਆਂ ਵਿੱਚ ਸ਼ਾਨਦਾਰ ਜਿੱਤ ਦਰਜ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ।ਇਸੇ ਤਰ੍ਹਾਂ ਅੰਡਰ-17 ਵਰਗ ਵਿੱਚ ਗੁਰਨੂਰ ਢਿੱਲੋਂ, ਚਿਰਾਗਦੀਪ ਸਿੰਘ, ਸੁਕਰਨ ਤੇ ਜਸਰਾਜ ਸਿੰਘ ਨੇ ਸੋਨੇ ਦੇ ਮੈਡਲ ਜਿੱਤੇ।ਅੰਡਰ-14 'ਚ ਮਨਰੀਤ ਕੌਰ ਰਾਏ ਤੇ ਅੰਡਰ-17 ਵਿੱਚ ਸੁਖਮਨਜੀਤ ਸਿੰਘ ਨੇ ਦੂਜਾ ਸਥਾਨ ਹਾਸਲ ਕਰਕੇ ਚਾਂਦੀ ਦੇ ਮੈਡਲ ਜਿੱਤੇ।ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਨੇ ਜੇਤੂ ਟੀਮ ਦੀ ਸ਼ਲਾਘਾ ਕਰਦੇ ਹੋਏ ਕੋਚ ਨੂੰ ਵਧਾਈ ਦਿੰਦਿਆਂ ਕਿਹਾ ਕਿ ਖਿਡਾਰੀਆਂ ਦੀ ਇਹ ਉਪਲਬਧੀ ਸਖ਼ਤ ਮਿਹਨਤ ਤੇ ਨਿਰੰਤਰ ਅਭਿਆਸ ਦਾ ਨਤੀਜਾ ਹੈ।ਉਨ੍ਹਾਂ ਸਾਰੀ ਟੀਮ ਦੇ ਖਿਡਾਰੀਆਂ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਸ ਮੌਕੇ ਸਕੂਲ ਦੇ ਪ੍ਰਧਾਨ ਕਰਨਵੀਰ ਸਿੰਘ ਢਿੱਲੋਂ, ਮੈਨੇਜਿੰਗ ਡਾਇਰੈਕਟਰ ਅਮ੍ਰਿਤਪਾਲ ਕੌਰ ਢਿੱਲੋਂ ਤੇ ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਨੇ ਜੇਤੂ ਖਿਡਾਰੀਆਂ, ਉਨ੍ਹਾਂ ਦੇ ਮਾਪਿਆਂ ਤੇ ਕੋਚ ਭੁਪਿੰਦਰ ਸਿੰਘ ਨੂੰ ਹਾਰਦਿਕ ਵਧਾਈ ਦਿੱਤੀ।ਉਨ੍ਹਾਂ ਆਸ ਪ੍ਰਗਟਾਈ ਕਿ ਇਹ ਖਿਡਾਰੀ ਆਉਣ ਵਾਲੇ ਜ਼ਿਲ੍ਹਾ ਤੇ ਰਾਜ ਪੱਧਰੀ ਮੁਕਾਬਲਿਆਂ ਵਿੱਚ ਵੀ ਇਸੇ ਜਜ਼ਬੇ ਤੇ ਦ੍ਰਿੜ੍ਹ ਨਿਸ਼ਚੇ ਨਾਲ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਤੇ ਪੰਜਾਬ ਦਾ ਨਾਮ ਰੌਸ਼ਨ ਕਰਨਗੇ।

# ਪੰਜਾਬ ਕਿਸਾਨ ਯੂਨੀਅਨ ਵੱਲੋਂ 9 ਨੂੰ ਸਾਮਰਾਜ ਵਿਰੋਧੀ ਦਿਵਸ ਮਨਾਉਣ ਦਾ ਫੈਸਲਾ

## ਆਲ ਇੰਡੀਆ ਕਿਸਾਨ ਮਹਾਂਸਭਾ ਦੀ ਪੰਜਵੀਂ ਕੌਮੀ ਕਾਨਫਰੰਸ ਜਲੰਧਰ ਵਿਖੇ 20 ਤੇ 21 ਸਤੰਬਰ ਨੂੰ



ਮਾਨਸਾ (ਆਤਮਾ ਸਿੰਘ ਪਮਾਰ)-ਪੰਜਾਬ ਕਿਸਾਨ ਯੂਨੀਅਨ ਮਾਲਵਾ ਜ਼ੋਨ ਦੀ ਖੁੱਲ੍ਹੀ ਮੀਟਿੰਗ ਆਲ ਇੰਡੀਆ ਕਿਸਾਨ ਮਹਾਸਭਾ ਦੇ ਪ੍ਰਧਾਨ ਰੁਲਦੂ ਸਿੰਘ ਮਾਨਸਾ ਦੀ ਤਬੀਅਤ ਠੀਕ ਨਾ ਹੋਣ ਦੇ ਕਾਰਨ ਉਨ੍ਹਾਂ ਦੀ ਰਿਹਾਇਸ਼ ਵਿਖੇ ਉਨ੍ਹਾਂ ਦੀ ਪ੍ਰਧਾਨਗੀ ਹੇਠ ਹੋਈ।ਪ੍ਰੈੱਸ ਦੇ ਨਾਂ ਬਿਆਨ ਜਾਰੀ ਕਰਦਿਆਂ ਪ੍ਰਧਾਨ ਰੁਲਦੂ ਸਿੰਘ ਮਾਨਸਾ, ਜਨਰਲ ਸਕੱਤਰ ਗੁਰਨਾਮ ਸਿੰਘ ਭੀਖੀ ਪ੍ਰੈੱਸ ਸਕੱਤਰ ਨਰਿੰਦਰ ਕੌਰ ਬੁਰਜ ਹਮੀਰਾ ਨੇ ਕਿਹਾ ਕਿ ਦੇਸ਼ ਦੀ ਕਿਸਾਨੀ ਨੂੰ ਦਰਪੇਸ਼ ਚੁਣੌਤੀਆਂ ਸੰਕਟਾਂ ਖਿਲਾਫ ਪੰਜਵੀਂ ਕੌਮੀ ਕਾਨਫਰੰਸ 20-21 ਸਤੰਬਰ ਨੂੰ ਇਤਿਹਾਸਕ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਹੋ ਰਹੀ ਹੈ। ਇਸ ਮੌਕੇ 20 ਸਤੰਬਰ ਨੂੰ ਜਲੰਧਰ ਵਿਖੇ ਇੱਕ ਵਿਸ਼ਾਲ ਕਿਸਾਨ ਰੈਲੀ ਦਾ ਆਯੋਜਨ ਕੀਤਾ ਗਿਆ ਹੈ, ਜਿਸ ਵਿੱਚ ਦੇਸ਼ ਭਰ ਦੇ ਹਜ਼ਾਰਾਂ ਕਿਸਾਨ ਤੇ ਮਜ਼ਦੂਰ ਨੂੰ ਵੱਧ ਚੜ੍ਹ ਕੇ ਸ਼ਾਮਲ ਹੋਣਗੇ।ਉਨ੍ਹਾਂ ਕਿਹਾ ਕਿ 'ਇਹ ਕਾਨਫਰੰਸ ਜਮਹੂਰੀ ਕਿਸਾਨ ਸਭਾ' ਤੇ ਪੰਜਾਬ ਕਿਸਾਨ ਯੂਨੀਅਨ ਦੇ ਇਕਜੁੱਟ ਹੋਣ ਕਰਕੇ ਇਤਿਹਾਸਕ ਪਲਾਂ ਦੀ ਗਵਾਹ ਬਣੇਗੀ।ਮੀਟਿੰਗ 'ਚ ਸੂਬਾ ਆਗੂ ਗੁਰਜੰਟ ਸਿੰਘ ਮਾਨਸਾ, ਜੱਗਾ ਸਿੰਘ ਬਦਰਾ, ਰਾਮਫਲ ਚੱਕ ਅਲੀਸ਼ੇਰ, ਕਾਮਰੇਡ ਰਾਜਵਿੰਦਰ ਸਿੰਘ ਰਾਣਾ, ਜੁਗਰਾਜ ਸਿੰਘ, ਗੁਰਪ੍ਰੀਤ ਸਿੰਘ ਰਾਈਆ, ਡਾਕਟਰ ਗੁਰਚਰਨ ਸਿੰਘ ਰਾਏਕੋਟ, ਦਿਲਜੀਤ ਸਿੰਘ ਮਲੋਟ, ਬਲਵੀਰ ਸਿੰਘ ਮਲੂਕ, ਜਸਵਿੰਦਰ ਸਿੰਘ, ਗੁਰਜੀਤ ਸਿੰਘ ਜੈਤੋ, ਮੱਖਣ ਸਿੰਘ ਜੱਸੜ ਸਰਾਵਾਂ, ਭੋਲਾ ਸਿੰਘ ਸਮਾਓਂ, ਪੰਜਾਬ ਸਿੰਘ ਅਕਲੀਆ, ਕਰਨੈਲ ਸਿੰਘ ਮਾਨਸਾ ਨੇ ਆਪਣੇ ਵਿਚਾਰ ਪੇਸ਼ ਕੀਤੇ। 'ਇਸ ਤੋਂ ਇਲਾਵਾ ਸੂਬਾ ਕਮੇਟੀ ਨੇ 9 ਅਗਸਤ ਨੂੰ ਵੱਖ ਵੱਖ ਜ਼ਿਲਿਆਂ ਵਿੱਚ 'ਸਾਮਰਾਜ ਵਿਰੋਧੀ ਦਿਵਸ' ਮਨਾਉਣ, ਫਾਜ਼ਿਲਵਾਦੀ ਕਾਰਪੋਰੇਟ ਗੱਠਜੋੜ ਵਿਰੁੱਧ ਇਕਜੁੱਟ ਹੋ ਕੇ 20 ਸਤੰਬਰ ਦੀ ਜਲੰਧਰ ਰੈਲੀ 'ਚ ਸ਼ਾਮਲ ਹੋਣ ਦੀ ਵੀ ਅਪੀਲ ਕੀਤੀ।

# ਨਸ਼ਾ ਪੀੜਤਾਂ ਨੂੰ ਨਸ਼ਾ-ਮੁਕਤ ਰੱਖਣ ਲਈ 'ਕਮਿਊਨਿਟੀ ਬ੍ਰਿਜ ਮਾਡਲ' ਸ਼ੁਰੂ : ਡਾ. ਬਲਬੀਰ ਸਿੰਘ

ਚੰਡੀਗੜ੍ਹ (ਗੁਰਜੀਤ ਬਿੱਲਾ)-ਭਗਵੰਤ ਮਾਨ ਸਰਕਾਰ ਕਮਿਊਨਿਟੀ ਬ੍ਰਿਜ ਮਾਡਲ (ਸੀ ਬੀ ਐੱਮ) ਸ਼ੁਰੂ ਕਰਨ ਜਾ ਰਹੀ ਹੈ, ਜੋ ਕਿ 90 ਦਿਨਾਂ ਦਾ ਢਾਂਚਾਗਤ, ਸਮਾਜ-ਆਧਾਰਤ ਮੁੜ ਵਸੇਬਾ ਪ੍ਰੋਗਰਾਮ ਹੈ। ਇਸ ਦੀ ਸ਼ੁਰੂਆਤ ਨਸ਼ਾ ਛੁਡਾਊ ਕੇਂਦਰ ਤੋਂ ਹੋਵੇਗੀ ਅਤੇ ਮਰੀਜ਼ ਦੇ ਘਰ ਤੱਕ ਪਹੁੰਚ ਬਣਾਈ ਜਾਵੇਗੀ। ਮਰੀਜ਼ ਨੂੰ ਡਾਕਟਰੀ ਤੌਰ 'ਤੇ ਫਿੱਟ ਕਰਾਰ ਦਿੱਤੇ ਜਾਣ ਤੋਂ ਬਾਅਦ ਵੀ ਉਸ ਦਾ ਇਲਾਜ ਪੇਸ਼ੇਵਰ ਨਿਗਰਾਨੀ ਹੇਠ ਘਰ ਵਿੱਚ ਹੀ ਜਾਰੀ ਰਹੇਗਾ।ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ, ਕਮਿਊਨਿਟੀ ਬ੍ਰਿਜ ਮਾਡਲ ਪੰਜਾਬ ਦੀ ਨਸ਼ਾ ਵਿਰੋਧੀ ਲੜਾਈ ਵਿੱਚ ਅਗਲਾ ਕਦਮ ਹੈ।ਇਹ ਪਹਿਲ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਿਆਂ ਖ਼ਿਲਾਫ਼ ਚੱਲ ਰਹੀ ਲੜਾਈ ਨੂੰ ਹੋਰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ। ਇਸ ਦਾ ਉਦੇਸ਼ ਨਸ਼ੇ ਦੀ ਲਤ ਤੋਂ ਉਭਰ ਰਹੇ ਵਿਅਕਤੀਆਂ ਨੂੰ ਇਲਾਜ ਤੋਂ ਬਾਅਦ ਵੀ ਯੋਜਨਾਬੱਧ ਅਤੇ ਲਗਾਤਾਰ ਸਹਾਇਤਾ ਮੁਹੱਈਆ ਕਰਵਾਉਣਾ ਹੈ।ਨਸ਼ਾ ਛੁਡਾਊ ਕੇਂਦਰਾਂ ਵਿੱਚ ਡੀਟੌਕਸੀਫਿਕੇਸ਼ਨ ਪੂਰਾ ਕਰਨ ਤੋਂ ਬਾਅਦ ਮਰੀਜ਼ਾਂ ਨੂੰ ਆਮ ਤੌਰ 'ਤੇ ਮੁੜ ਵਸੇਬਾ ਕੇਂਦਰਾਂ ਵਿੱਚ ਭੇਜਿਆ ਜਾਂਦਾ ਹੈ। ਜਿੱਥੇ ਕਈ ਮਰੀਜ਼ ਆਪਣਾ ਇਲਾਜ ਜਾਰੀ ਰੱਖਦੇ ਹਨ, ਪਰ ਕਈ ਆਪਣੇ ਘਰ ਵਾਪਸ ਚਲੇ ਜਾਂਦੇ ਹਨ, ਜਿੱਥੇ ਪਹਿਲਾਂ ਲਗਾਤਾਰ ਇਲਾਜ ਯਕੀਨੀ ਬਣਾਉਣ ਲਈ ਮੁਕਲਮ ਸੀ ਜਾਂ ਕਮਿਊਨਿਟੀ ਕੋਈ ਵਿਵਸਥਾ ਹੀ ਮੌਜੂਦ ਨਹੀਂ ਸੀ। ਹੁਣ ਕਮਿਊਨਿਟੀ ਬ੍ਰਿਜ ਮਾਡਲ ਤਹਿਤ ਨਸ਼ਾ ਛੁਡਾਊ ਕੇਂਦਰ ਵਿੱਚ ਇਲਾਜ ਪੂਰਾ ਕਰਨ ਤੋਂ ਬਾਅਦ ਮਰੀਜ਼ ਆਪਣੇ ਭਾਈਚਾਰੇ ਵਿੱਚ ਰਹਿੰਦੇ ਹੋਏ ਟੈਲੀ-ਕਾਉਂਸਲਿੰਗ ਅਤੇ ਪਰਿਵਾਰ ਦੀ ਸਰਗਰਮ ਭਾਗੀਦਾਰੀ ਰਾਹੀਂ ਆਪਣੀ ਰਿਕਵਰੀ ਜਾਰੀ ਰੱਖਣਗੇ। ਇਸ ਨਾਲ ਨਾ ਸਿਰਫ਼ ਇਲਾਜ ਦੀ ਨਿਰੰਤਰਤਾ ਬਣੀ ਰਹੇਗੀ ਸਗੋਂ ਪੂਰੀ ਤਰ੍ਹਾਂ ਸਿਹਤਯਾਬ ਹੋਣ ਦੀ ਸੰਭਾਵਨਾ ਵਧੇਗੀ।ਇਹ ਪਹਿਲ ਇਲਾਜ ਦੀ ਸਭ ਤੋਂ ਵੱਡੀ ਚੁਣੌਤੀ-ਡਿਸਚਾਰਜ ਤੋਂ ਬਾਅਦ ਦੇਖਭਾਲ ਦੀ ਨਿਰੰਤਰਤਾ ਕਾਇਮ ਰੱਖਣ ਅਤੇ ਮਰੀਜ਼ਾਂ ਨੂੰ ਮੁੜ ਨਸ਼ਿਆਂ ਵੱਲ ਜਾਣ ਤੋਂ ਰੋਕਣ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤੀ ਗਈ ਹੈ।

# ਬੀ. ਬੀ. ਐੱਸ. ਬੀ. ਦੇ ਵਿਹੜੇ 'ਚ ਲੱਗੀਆਂ ਤੀਆਂ ਦੀਆਂ ਰੌਣਕਾਂ



ਜਗਰਾਉਂ (ਅਮਿਤ ਖੰਨਾ)-ਕਸਬੇ ਦੀ ਨਾਮਵਰ ਵਿੱਦਿਅਕ ਸੰਸਥਾ ਬੀ. ਬੀ. ਐੱਸ. ਬੀ. ਕਾਨਵੈਂਟ ਸਕੂਲ ਸਿੱਧਵਾਂ ਬੇਟ ਵਿਖੇ ਹਰ ਸਾਲ ਦੀ ਤਰ੍ਹਾਂ ਤੀਆਂ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਉਰਮਿਲਾ ਦੇਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਸਕੂਲ ਪ੍ਰਿੰਸੀਪਲ ਮੈਡਮ ਸ੍ਰੀਮਤੀ ਮੋਨਾ ਠਾਕੁਰ ਦੀ ਅਗਵਾਈ ਹੇਠ ਸਕੂਲ ਦੇ ਹਾਲ ਨੂੰ ਬਾਗ, ਫੁਲਕਾਰੀਆਂ, ਪੀੜੀ ਕੱਢੀਆਂ ਚਾਦਰਾਂ, ਦਰੀਆਂ ਆਦਿ ਪੁਰਾਤਨ ਸਾਜ਼ੋ ਸਾਮਾਨ ਨਾਲ ਸ਼ਿੰਗਾਰਿਆ ਗਿਆ।ਸਕੂਲ ਦੀ ਸਟੇਜ ਉੱਪਰ ਪੰਜਾਬੀ ਵਿਰਸੇ ਨੂੰ ਦਰਸਾਉਂਦਾ ਹੋਇਆ ਸਾਜ਼ੋ ਪੇਸ਼ ਕੀਤਾ ਗਿਆ, ਜਿਸ ਵਿੱਚ ਚਰਖੇ, ਚੁੱਲੇ, ਪਿੱਤਲ ਦੇ ਭਾਂਡੇ, ਪੂਹ, ਚੂੜੀਆਂ ਆਦਿ ਨਾਲ ਇੱਕ ਮੇਲੇ ਦਾ ਦ੍ਰਿਸ਼ ਪੇਸ਼ ਕੀਤਾ ਗਿਆ।ਸਕੂਲ ਵਿੱਚ ਛੋਟੀ ਤੋਂ ਲੈ ਕੇ ਬਾਰ੍ਹਵੀਂ ਤੱਕ ਦੀਆਂ ਕੁੜੀਆਂ ਨੇ ਇਸ ਤਿਉਹਾਰ ਵਿੱਚ ਹਿੱਸਾ ਲਿਆ ਤੇ ਬੱਚੇ ਘੱਗਰੇ, ਫੁਲਕਾਰੀਆਂ, ਸੱਗੀ ਫੁੱਲ ਆਦਿ ਪੰਜਾਬੀ ਪੁਰਾਤਨ ਪਹਿਰਾਵੇ ਵਿੱਚ ਬੜੇ ਹੀ ਸੁੰਦਰ ਲੱਗ ਰਹੇ ਸਨ।ਬੱਚਿਆਂ ਦੇ ਨਾਲ ਸਕੂਲ ਅਧਿਆਪਕਾਵਾਂ ਵੀ ਪੰਜਾਬੀ ਪੁਰਾਤਨ ਪਹਿਰਾਵੇ ਵਿੱਚ ਆਈਆਂ ਹੋਈਆਂ ਸਨ।ਸਮਾਗਮ ਦੀ ਸ਼ੁਰੂਆਤ ਵਿੱਚ ਵੱਖ-ਵੱਖ ਤਰ੍ਹਾਂ ਦੇ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਛੇਵੀਂ ਤੋਂ ਬਾਰਵੀਂ ਜਮਾਤ ਦੇ ਮੁਕਾਬਲਿਆਂ ਵਿੱਚ ਮਿਸ ਤੀਜ ਦਾ ਖਿਤਾਬ ਜਪਨੀਤ ਕੌਰ, ਪਹਿਲਾ ਰਨਰ-ਅੱਪ ਗੁਰਲੀਨ ਕੌਰ, ਦੂਜਾ ਰਨਰ-ਅੱਪ ਕਿਰਨਦੀਪ ਕੌਰ, ਬੈਸਟ ਡਰੈੱਸ ਜਸਵਿੰਦਰ ਕੌਰ ਤੇ ਗੁਰਲੀਨ ਕੌਰ ਅਤੇ ਮਿਸ ਗੋਰਜੀਅਸ ਦਾ ਖਿਤਾਬ ਨਵਦੀਪ ਕੌਰ ਤੇ ਚਰਨਜੀਤ ਕੌਰ ਨੇ ਹਾਸਲ ਕੀਤਾ।ਇਸ ਮੌਕੇ ਪ੍ਰਿੰਸੀਪਲ ਮੈਡਮ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਤੇ ਬੱਚਿਆਂ ਦੁਆਰਾ ਪੇਸ਼ ਕੀਤੇ ਪ੍ਰੋਗਰਾਮ ਦੀ ਖੂਬ ਪ੍ਰਸ਼ੰਸਾ ਕੀਤੀ।ਇਸ ਮੌਕੇ ਸਕੂਲ ਮੈਨੇਜਮੈਂਟ ਮੈਂਬਰ, ਜਿਸ ਵਿੱਚ ਵਾਈਸ ਚੇਅਰਮੈਨ ਰਜਿੰਦਰ ਕੁਮਾਰ ਬਾਵਾ, ਪ੍ਰੈਜ਼ੀਡੈਂਟ ਹਰੀਕ੍ਰਿਸ਼ਨ ਭਗਵਾਨ ਦਾਸ, ਮੈਨੇਜਿੰਗ ਡਾਇਰੈਕਟਰ ਸ਼ਾਮ ਸੁੰਦਰ ਭਾਰਦਵਾਜ, ਜਨਰਲ ਸੈਕਟਰੀ ਅੰਜੂ ਬਾਲਾ ਤੇ ਗਗਨਦੀਪ ਬਾਵਾ ਹਾਜ਼ਰ ਸਨ।

# ਨਗਰ ਪੰਚਾਇਤ ਦੇ ਪ੍ਰਧਾਨ/ਉੱਪ ਪ੍ਰਧਾਨ ਦੀ ਚੋਣ ਨਾ ਹੋਣ 'ਤੇ ਸਰਕਾਰ ਨੂੰ ਨੋਟਿਸ

ਲਹਿਰਾ ਮੁਹੱਬਤ, (ਭੀਮ ਸੈਨ ਹਦਵਾਰੀਆ)-ਨਗਰ ਪੰਚਾਇਤ ਲਹਿਰਾ ਮੁਹੱਬਤ ਦੇ ਪ੍ਰਧਾਨ ਤੇ ਉੱਪ ਪ੍ਰਧਾਨ ਦੀ ਚੋਣ ਲੰਬੇ ਸਮੇਂ ਤੋਂ ਨਾ ਹੋਣ ਦੇ ਮਾਮਲੇ ਵਿੱਚ ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ ਕਰਦੇ ਹੋਏ 10 ਦਿਨਾਂ ਦੇ ਅੰਦਰ ਚੋਣ ਪ੍ਰਕਿਰਿਆ ਪੂਰੀ ਕਰਨ ਦਾ ਸ਼ਡਿਊਲ ਰਿਕਾਰਡ 'ਤੇ ਲਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਐਡਵੋਕੇਟ ਅਰਸ਼ਦੀਪ ਸਿੰਘ ਸਰਾਂ ਨੇ ਦੱਸਿਆ ਕਿ ਸਥਾਨਕ ਸਰਕਾਰਾਂ ਵਿਭਾਗ ਵੱਲੋਂ ਬੀਤੀ 26 ਮਈ ਨੂੰ ਲਹਿਰਾ ਮੁਹੱਬਤ ਨਗਰ ਪੰਚਾਇਤ ਦੀਆਂ ਚੋਣਾਂ ਕਰਵਾਈਆਂ ਗਈਆਂ ਸਨ, ਜਦਕਿ 29 ਮਈ ਨੂੰ ਲਹਿਰਾ ਮੁਹੱਬਤ ਨਗਰ ਪੰਚਾਇਤ ਦੇ ਚੋਣ ਨਤੀਜੇ ਐਲਾਨੇ ਗਏ, ਜਿਸ ਉਪਰੰਤ ਰਿਟਰਨਿੰਗ ਅਫਸਰ ਵੱਲੋਂ ਜੇਤੂ ਉਮੀਦਵਾਰਾਂ ਨੂੰ ਜਿੱਤ ਦੇ ਸਰਟੀਫਿਕੇਟ ਵੀ ਜਾਰੀ ਕਰ ਦਿੱਤੇ ਗਏ ਸਨ। ਇਸ ਮਾਮਲੇ ਨੂੰ ਲੈ ਕੇ ਜੇਤੂ ਕੌਂਸਲਰਾਂ ਵੱਲੋਂ ਪੰਜਾਬ ਤੇ ਹਰਿਆਣਾ ਹਾਈ ਕੋਰਟ ਵਿੱਚ ਪਟੀਸ਼ਨ ਦਾਇਰ ਕੀਤੀ ਗਈ। ਮੁੱਢਲੀ ਸੁਣਵਾਈ ਦੌਰਾਨ ਹਾਈ ਕੋਰਟ ਨੇ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ ਕਰਦੇ ਹੋਏ ਉਸ ਦਾ ਪੱਖ ਮੰਗਿਆ ਹੈ। ਦਲਜੀਤ ਸਿੰਘ ਲਹਿਰਾ ਮੁਹੱਬਤ (ਸਰਕਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਬਾਦਲ) ਨੇ ਦੱਸਿਆ ਕਿ ਨਗਰ ਪੰਚਾਇਤ ਲਹਿਰਾ ਮੁਹੱਬਤ ਦੇ ਕੁੱਲ 11 ਵਾਰਡਾਂ ਵਿੱਚ 6 ਕੌਂਸਲਰ ਸ਼੍ਰੋਮਣੀ ਅਕਾਲੀ ਦਲ ਦੇ ਜਿੱਤੇ ਹਨ ਤੇ 5 ਕੌਂਸਲਰ ਆਜ਼ਾਦ ਜਿੱਤੇ ਹਨ।ਆਜ਼ਾਦ ਕੌਂਸਲਰਾਂ 'ਚ ਇੱਕ ਕੌਂਸਲਰ ਨੇ ਸ਼੍ਰੋਮਣੀ ਅਕਾਲੀ ਦਲ ਦੇ ਕੌਂਸਲਰਾਂ ਨੂੰ ਸਮਰਥਨ ਦਿੱਤਾ ਹੈ।7 ਕੌਂਸਲਰ ਹੋਣ ਨਾਲ ਬਹੁਮੱਤ ਸ਼੍ਰੋਮਣੀ ਅਕਾਲੀ ਦਲ ਦਾ ਬਣਦਾ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਤੇ ਉੱਪ ਪ੍ਰਧਾਨ ਦੀ ਚੋਣ ਨਾ ਹੋਣ ਕਾਰਨ ਪਿੰਡ ਦੇ ਵਿਕਾਸ ਕਾਰਜਾਂ ਤੇ ਪ੍ਰਸ਼ਾਸਨਕ ਕੰਮਾਂ 'ਤੇ ਨਕਾਰਤਮਕ ਪ੍ਰਭਾਵ ਪੈ ਰਿਹਾ ਹੈ।

# ਐੱਸ.ਆਰ.ਐੱਸ. ਦੇ ਖਿਡਾਰੀਆਂ ਜ਼ੋਨਲ ਰੱਸਾਕਸ਼ੀ ਚੈਂਪੀਅਨਸ਼ਿਪ 'ਚ ਜਿੱਤੇ ਸੋਨ ਤਮਗੇ



ਸਮਾਣਾ, (ਗੁਰਦਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ) : ਇਲਾਕੇ ਦੀ ਪ੍ਰਮੁੱਖ ਵਿੱਦਿਅਕ ਸੰਸਥਾ ਐੱਸ.ਆਰ.ਐੱਸ. ਵਿਦਿਆਪੀਠ ਦੇ ਵਿਦਿਆਰਥੀਆਂ ਨੇ ਆਪਣੀ ਸ਼ਾਨਦਾਰ ਖੇਡ ਪ੍ਰਤਿਭਾ ਦਾ ਲੋਹਾ ਮਨਵਾਉਂਦਿਆਂ ਜ਼ੋਨਲ ਰੱਸਾਕਸੀ ਚੈਂਪੀਅਨਸ਼ਿਪ ਵਿੱਚ ਤਿੰਨ ਸੋਨੇ ਦੇ ਤਮਗੇ ਜਿੱਤ ਕੇ ਸਕੂਲ ਤੇ ਇਲਾਕੇ ਦਾ ਨਾਂ ਰੋਸ਼ਨ ਕੀਤਾ।ਜਾਣਕਾਰੀ ਅਨੁਸਾਰ ਸਕੂਲ ਦੀਆਂ ਟੀਮਾਂ ਨੇ ਗਰਲਜ਼ ਅੰਡਰ-17, ਗਰਲਜ਼ ਅੰਡਰ-19 ਤੇ ਬੋਇਜ਼ ਅੰਡਰ-17 ਵਰਗਾਂ ਵਿੱਚ ਵਿਰੋਧੀ ਟੀਮਾਂ ਨੂੰ ਪਛਾੜਦਿਆਂ ਇਹ ਤਿੰਨੇ ਗੋਲਡ ਮੈਡਲ ਆਪਣੇ ਨਾਂਅ ਕੀਤੇ।ਇਸ ਸ਼ਾਨਦਾਰ ਪ੍ਰਾਪਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸਕੂਲ ਪ੍ਰਬੰਧਕੀ ਕਮੇਟੀ ਦੇ ਚੇਅਰਮੈਨ ਸੀ. ਏ. ਅਮਿਤ ਸਿੰਗਲਾ, ਮੈਨੇਜਿੰਗ ਡਾਇਰੈਕਟਰ ਸੀ. ਏ. ਲਲਿਤ ਸਿੰਗਲਾ, ਵਾਈਸ ਚੇਅਰਪਰਸਨ ਸਮਿਧਾ ਸਿੰਗਲਾ ਤੇ ਪ੍ਰਿੰਸੀਪਲ ਡਾ. ਚੰਦਨਦੀਪ ਕੌਰ ਨੇ ਜੇਤੂ ਖਿਡਾਰੀਆਂ, ਉਨ੍ਹਾਂ ਦੇ ਮਾਪਿਆਂ ਤੇ ਕੋਚਿੰਗ ਸਟਾਫ਼ ਨੂੰ ਦਿਲੋਂ ਵਧਾਈ ਦਿੱਤੀ।ਪ੍ਰਬੰਧਕਾਂ ਨੇ ਆਖਿਆ ਕਿ ਐੱਸ.ਆਰ.ਐੱਸ. ਵਿਦਿਆਪੀਠ ਪੜ੍ਹਾਈ ਦੇ ਨਾਲ-ਨਾਲ ਖੇਡਾਂ ਨੂੰ ਵੀ ਬਰਾਬਰ ਮਹੱਤਵ ਦਿੰਦਾ ਹੈ, ਤਾਂ ਜੋ ਵਿਦਿਆਰਥੀਆਂ ਦਾ ਸਰਬਪੱਖੀ ਵਿਕਾਸ ਹੋ ਸਕੇ।ਖੇਡਾਂ ਨਾਲ ਬੱਚਿਆਂ ਵਿੱਚ ਨੈਤਿਕ, ਆਤਮ-ਵਿਸ਼ਵਾਸ, ਸਰੀਰਕ ਤੰਦਰੁਸਤੀ ਤੇ ਸਹਿਯੋਗ ਦੀ ਭਾਵਨਾ ਪੈਦਾ ਹੁੰਦੀ ਹੈ।ਸਕੂਲ ਪ੍ਰਬੰਧਕਾਂ ਨੇ ਜੇਤੂ ਖਿਡਾਰੀਆਂ ਨੂੰ ਆਗਾਮੀ ਜ਼ਿਲ੍ਹਾ ਤੇ ਰਾਜ ਪੱਧਰੀ ਪ੍ਰਤੀਯੋਗਿਤਾਵਾਂ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਤੇ ਵਿਸ਼ਵਾਸ ਦਿਵਾਇਆ ਕਿ ਸਕੂਲ ਭਵਿੱਖ ਵਿੱਚ ਵੀ ਨੌਜਵਾਨ ਪ੍ਰਤਿਭਾਵਾਂ ਨੂੰ ਨਿਖਾਰਨ ਲਈ ਹਰ ਸੰਭਵ ਸਹੂਲਤ ਪ੍ਰਦਾਨ ਕਰਦਾ ਰਹੇਗਾ।

# ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਨੌਜਵਾਨਾਂ ਨੂੰ ਅੱਗੇ ਆਉਣ ਦਾ ਸੱਦਾ

ਚੰਡੀਗੜ੍ਹ (ਗੁਰਜੀਤ ਬਿੱਲਾ)-ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਵਿਰੁੱਧ ਦੇਸ਼-ਵਿਆਪੀ ਮੁਹਿੰਮ ਨੂੰ ਹੋਰ ਮਜ਼ਬੂਤੀ ਦੇਣ ਦੇ ਉਦੇਸ਼ ਨਾਲ ਰਿਆਤ ਬਾਹਰਾ ਯੂਨੀਵਰਸਿਟੀ ਦੇ ਐਨਐੱਸਐੱਸ ਵਿਭਾਗ ਵੱਲੋਂ ਆਪਣੇ ਅਪਣਾਏ ਹੋਏ ਪਿੰਡਾਂ ਅਤੇ ਸਕੂਲਾਂ ਵਿੱਚ 'ਨਸ਼ਾ ਮੁਕਤ ਭਾਰਤ, ਵਿਕਸਿਤ ਭਾਰਤ ਦੀ ਹੈ ਪਹਿਚਾਣ' ਵਿਸ਼ੇ ਹੇਠ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਹ ਮੁਹਿੰਮ ਕੇਂਦਰੀ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਦੀ ਸਰਪ੍ਰਸਤੀ ਹੇਠ ਆਯੋਜਿਤ ਕੀਤੀ ਗਈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪ੍ਰੋ. (ਮੇਜਰ) ਦੇ ਐੱਸ ਚਾਹਲ, ਡਾਇਰੈਕਟਰ ਐੱਨ ਐੱਸ ਐੱਸ/ਐੱਨ ਐੱਸ ਐੱਸ ਨੇ ਦੱਸਿਆ ਕਿ ਇਹ ਪ੍ਰੋਗਰਾਮ ਰਿਆਤ ਬਾਹਰਾ ਯੂਨੀਵਰਸਿਟੀ ਦੇ ਚੇਅਰਮੈਨ ਗੁਰਵਿੰਦਰ ਸਿੰਘ ਬਾਹਰਾ ਅਤੇ ਵਾਈਸ ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ।

# ਦੋ ਦਰਜਨ ਪ੍ਰਵਾਸੀ ਪਰਵਾਰ ਕਾਂਗਰਸ 'ਚ ਸ਼ਾਮਲ

ਫਗਵਾੜਾ (ਡਾ. ਰਮਨ)-ਫਗਵਾੜਾ ਹਲਕੇ ਵਿੱਚ ਕਾਂਗਰਸ ਪਾਰਟੀ ਨੂੰ ਉਸ ਸਮੇਂ ਭਾਰੀ ਬਲ ਮਿਲਿਆ ਜਦੋਂ ਭਾਜਪਾ ਛੱਡ ਕੇ ਕਰੀਬ ਦੋ ਦਰਜਨ ਪ੍ਰਵਾਸੀ ਪਰਵਾਰਾਂ ਨੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ ਜਿਹਨਾਂ ਦਾ ਹਲਕਾ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਵੱਲੋਂ ਪਾਰਟੀ ਵਿੱਚ ਨਿੱਘਾ ਸਵਾਗਤ ਕੀਤਾ ਗਿਆ। ਮਹਿਲਾ ਕਾਂਗਰਸ ਦੀ ਸ਼ਹਿਰੀ ਪ੍ਰਧਾਨ ਰਣਜੀਤ ਕੌਰ ਰਾਣੀ ਪੀਪਾਰੰਗੀ ਅਤੇ ਨਰੇਸ਼ ਗੰਗੜ ਸ਼ਿਵਪੁਰੀ ਦੇ ਉਪਰਾਲੇ ਸਦਕਾ ਕਾਂਗਰਸ ਵਿੱਚ ਸ਼ਾਮਲ ਹੋਏ ਮੋਹਨ ਕੁਮਾਰ ਯਾਦਵ, ਮੋਤੀ ਲਾਲ ਮਹਿਤੋ, ਭਗਵਾਨ ਦਾਸ ਮਹਿਤੋ, ਅਨੁਜ ਸਿੰਘ, ਨਾਗੇਸ਼ਵਰ ਥਾਪਰ, ਹਰਵਿੰਦਰ ਥਾਪਰ, ਨਾਰਾਇਣ ਮਹਿਤੋ, ਔਸ਼ੋ ਲਾਲ ਯਾਦਵ, ਰਮੇਸ਼ ਯਾਦਵ, ਗਨੀ ਨਾਥ ਝਾਅ, ਰਵਿੰਦਰ ਕੁਮਾਰ ਯਾਦਵ, ਰਾਮ ਲਖਣ, ਰਵੀ ਸਾਹਨੀ, ਸਾਗਰ ਸਿੰਘ, ਸੰਤੋਸ਼, ਬਚਨ ਲਾਲ, ਮਹੰਤ ਕੁਮਾਰ ਯਾਦਵ ਅਤੇ ਸਮੂਹ ਪਰਵਾਰਾਂ ਨੂੰ ਪਾਰਟੀ ਵਿੱਚ ਸ਼ਾਮਲ ਕਰਦਿਆਂ ਵਿਧਾਇਕ ਧਾਲੀਵਾਲ ਨੇ ਕਾਂਗਰਸ ਪਾਰਟੀ ਦੀਆਂ ਨੀਤੀਆਂ, ਸਿਧਾਂਤਾਂ ਅਤੇ ਵਿਚਾਰਧਾਰਾ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ। ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ ਪਰਿਵਾਰਾਂ ਨੇ ਕਿਹਾ ਕਿ ਉਹ ਭਾਜਪਾ ਦੀਆਂ ਨੀਤੀਆਂ ਤੋਂ ਨਿਰਾਸ਼ ਹੋ ਕੇ ਕਾਂਗਰਸ ਦਾ ਹੱਥ ਫੜ ਰਹੇ ਹਨ।

# ਸੈਣੀ ਵੈੱਲਫੇਅਰ ਸੋਸਾਇਟੀ ਦੀ ਮੀਟਿੰਗ



ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)-ਸੈਣੀ ਵੈਲਫੇਅਰ ਸੋਸਾਇਟੀ (ਰਜਿ) ਟਾਂਡਾ ਉੜਮੁੜ ਦੀ ਮੀਟਿੰਗ ਹੋਈ ਜਿਸ ਵਿੱਚ ਵੱਖ-ਵੱਖ ਮੁੱਦਿਆਂ ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਸੋਸਾਇਟੀ ਦੇ ਚੀਫ ਸਰਪ੍ਰਸਤ ਮਾਸਟਰ ਅੰਮ੍ਰਿਤ ਪਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮਾਸਟਰ ਲਛਮਣ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿੱਚ ਸੋਸਾਇਟੀ ਨਾਲ ਸੰਬੰਧਿਤ ਵੱਖ-ਵੱਖ ਪਿੰਡਾਂ ਤੋਂ ਅਹੁਦੇਦਾਰਾਂ ਤੇ ਮੈਂਬਰਾਂ ਨੇ ਭਾਗ ਲਿਆ ਤੇ ਮਹੱਤਵਪੂਰਨ ਮੁੱਦਿਆਂ ਨੂੰ ਸਰਬਸੰਮਤੀ ਨਾਲ ਪਾਸ ਕੀਤਾ। ਮੀਟਿੰਗ ਦੌਰਾਨ ਵਾਤਾਵਰਨ ਨੂੰ ਬਚਾਉਣ ਲਈ ਹਰ ਸੈਣੀ ਪਰਵਾਰ ਇਕ-ਇਕ ਬੂਟਾ ਲਗਾਉਣ ਦਾ ਪ੍ਰਣ ਕੀਤਾ ਗਿਆ , ਈ-20 ਪੈਟਰੋਲ ਅਤੇ ਡੀਜ਼ਲ ਵਿੱਚ ਮਿਕਸ ਕਰਨ ਨਾਲ ਮਸ਼ੀਨਰੀ ਦਾ ਜਿੱਥੇ ਨੁਕਸਾਨ ਹੋ ਰਿਹਾ ਹੈ ਉੱਥੇ ਮਾਇਲੇਜ ਵੀ ਘੱਟ ਰਹੀ ਹੈ। ਇਸ ਲਈ ਈ 20 ਨੂੰ ਪੈਟਰੋਲ ਅਤੇ ਡੀਜ਼ਲ ਵਿੱਚ ਨਾ ਮਿਲਾਇਆ ਜਾਵੇ ਅਤੇ ਇਸ ਸੰਬੰਧੀ ਕੇਂਦਰ ਸਰਕਾਰ ਨੂੰ ਦਖਲ ਦੇਣ ਲਈ ਮੰਗ ਕੀਤੀ ਗਈ। ਇਸੇ ਤਰ੍ਹਾਂ ਹੀ ਜੰਤਰ ਮੰਤਰ ਤੇ ਵਿਦਿਆਰਥੀਆਂ ਵੱਲੋਂ ਸ਼ਾਂਤਮਈ ਢੰਗ ਨਾਲ ਪੇਪਰ ਲੀਕ ਹੋਣ ਦੇ ਸਬੰਧ ਵਿੱਚ ਪ੍ਰਦਰਸ਼ਨ ਦੌਰਾਨ ਪੁਲਿਸ ਦੀ ਲਾਠੀ ਚਾਰਜ ਨਾਲ ਜਖਮੀ ਹੋਏ ਵਿਦਿਆਰਥੀਆਂ ਤੋਂ ਇਲਾਵਾ ਬਰਨਾਲਾ ਵਿੱਚ ਸਫਾਈ ਸੇਵਕਾਂ ਨੂੰ ਆਪਣੀਆਂ ਮੰਗਾਂ ਪ੍ਰਤੀ ਪ੍ਰਦਰਸ਼ਨ ਕਰਨ ਤੇ ਪੰਜਾਬ ਪੁਲਿਸ ਵੱਲੋਂ ਦਿੱਤੇ ਗਏ ਲਾਠੀ ਚਾਰਜ ਸਖਤ ਸ਼ਬਦਾਂ ਵਿੱਚ ਨਿੰਦਿਆ ਕੀਤੀ ਗਈ। ਇਸ ਮੌਕੇ ਸੋਸਾਇਟੀ ਦੇ ਪ੍ਰਧਾਨ ਮਾਸਟਰ ਲਸਮਣ ਸਿੰਘ ਨੇ ਟਾਂਡਾ ਉੜਮੁੜ ਵਿੱਚ ਆਧੁਨਿਕ ਸਹੂਲਤਾਂ ਨਾਲ ਲੈਸ ਖੇਡ ਸਟੇਡੀਅਮ ਬਣਾਉਣ ਦੀ ਮੰਗ ਕੀਤੀ ਤਾਂ ਜੋ ਬੱਚਿਆਂ ਦੀ ਰੁਚੀ ਖੇਡਾਂ ਵਿੱਚ ਹੋਣ ਕਾਰਨ ਲਗਾਉਣ ਨਸ਼ੇ ਤੇ ਲਗਾਮ ਪਾਈ ਜਾ ਸਕੇ। ਇਸ ਮੌਕੇ ਸਿਮਰਨ ਸਿੰਘ ਸੈਣੀ, ਰਵਿੰਦਰ ਸਿੰਘ ਗੋਰਾ, ਮਹਾਂਵੀਰ ਮਸੀਤੀ, ਅਸ਼ੋਕ ਕੁਮਾਰ , ਜਸਵੀਰ ਸਿੰਘ ਖੁੱਡਾ, ਪ੍ਰੋਫੈਸਰ ਮਲਕੀਤ ਸਿੰਘ, ਮਾਸਟਰ ਗੁਰਚਰਨ ਸਿੰਘ, ਨਿਰੰਜਨ ਸਿੰਘ, ਜਗੀਰ ਸਿੰਘ, ਤਰਨਜੀਤ ਸਿੰਘ, ਭਾਗ ਸਿੰਘ, ਰਜਿੰਦਰ ਸਿੰਘ, ਅਮਰਜੀਤ ਸਿੰਘ, ਬਲਜੀਤ ਸਿੰਘ, ਨਰਿੰਦਰ ਸਿੰਘ, ਹਰਦੀਪ ਸਿੰਘ ਆਦਿ ਸ਼ਾਮਿਲ ਸਨ।

# ਵਿਧਾਇਕ ਅਸ਼ਵਨੀ ਸ਼ਰਮਾ ਦੇ ਘਰ ਦੇ ਬਾਹਰ ਜ਼ੋਰਦਾਰ ਧਮਾਕਾ

ਪਠਾਨਕੋਟ (ਦਵਿੰਦਰ ਸਿੰਘ)-ਦੁਪਹਿਰ 12:17 ਵਜੇ ਅਸ਼ਵਨੀ ਕੁਮਾਰ ਸ਼ਰਮਾ ਵਿਧਾਇਕ ਪਠਾਨਕੋਟ ਦੇ ਘਰ ਤੋਂ ਲੱਗਭੱਗ 150 ਮੀਟਰ ਦੀ ਦੂਰੀ 'ਤੇ ਸਥਿਤ ਇੱਕ ਖਾਲੀ ਪਲਾਟ ਤੋਂ ਇੱਕ ਜ਼ੋਰਦਾਰ ਧਮਾਕਾ ਸੁਣਾਈ ਦਿੱਤਾ।ਵਿਧਾਇਕ ਦੇ ਘਰ ਨੂੰ ਹਥਿਆਰਬੰਦ ਪੁਲਸ ਗਾਰਡਾਂ ਅਤੇ ਇੱਕ ਹਥਿਆਰਬੰਦ ਪੁਲਸ ਵਾਹਨ ਦੁਆਰਾ ਸੁਰੱਖਿਅਤ ਕੀਤਾ ਗਿਆ ਹੈ।ਧਮਾਕੇ ਦੀ ਆਵਾਜ਼ ਸੁਣ ਕੇ ਵਿਧਾਇਕ ਦੇ ਘਰ 'ਤੇ ਤਾਇਨਾਤ ਸੁਰੱਖਿਆ ਗਾਰਡਾਂ ਨੇ ਤੁਰੰਤ ਇੰਸਪੈਕਟਰ ਅਮਨਪ੍ਰੀਤ ਕੌਰ, ਐੱਸਐੱਚਓ, ਪੀਐੱਸ ਡਿਵੀਜ਼ਨ ਨੰਬਰ 01, ਪਠਾਨਕੋਟ ਨੂੰ ਸੂਚਿਤ ਕੀਤਾ, ਜਿਨ੍ਹਾਂ ਨੇ ਜਗਦੀਸ਼ ਰਾਜ ਅੱਤਰੀ, ਡੀਐੱਸਪੀ, ਸਿਟੀ ਦੇ ਨਾਲ ਤੁਰੰਤ ਮੌਕੇ 'ਤੇ ਪਹੁੰਚ ਗਏ।ਉਨ੍ਹਾਂ ਨੇ ਘਟਨਾ ਵਾਲੀ ਥਾਂ ਦਾ ਮੁਆਇਨਾ ਕੀਤਾ ਅਤੇ ਜ਼ਰੂਰੀ ਪੁੱਛਗਿੱਛ ਸ਼ੁਰੂ ਕੀਤੀ।ਤਸਦੀਕ ਦੌਰਾਨ ਨੇੜਲੇ ਕੈਮਰਿਆਂ ਤੋਂ ਸੀਸੀਟੀਵੀ ਫੁਟੇਜ ਇਕੱਠੀ ਕੀਤੀ ਗਈ ਅਤੇ ਜਾਂਚ ਕੀਤੀ ਗਈ।ਸੀਸੀਟੀਵੀ ਫੁਟੇਜ ਤੋਂ ਪਤਾ ਲੱਗਿਆ ਕਿ ਅਭਿਸ਼ੇਕ ਕਸ਼ਯਪ ਪੁੱਤਰ ਸੁਦਰਸ਼ਨ ਕੁਮਾਰ ਕਸ਼ਯਪ, ਨਿਵਾਸੀ ਬੈਂਕ ਕਲੋਨੀ, ਪਠਾਨਕੋਟ ਨੇ ਸ਼ੁਰੂ ਵਿੱਚ ਆਪਣੀ ਕਰਿਆਨੇ ਦੀ ਦੁਕਾਨ ਦੇ ਬਾਹਰ ਇੱਕ ਵੱਡਾ ਪਟਾਕਾ ਚਲਾਉਣ ਦੀ ਕੋਸ਼ਿਸ਼ ਕੀਤੀ ਪਰ ਅਸਫਲ ਰਿਹਾ। ਇਸ ਤੋਂ ਬਾਅਦ ਉਹ ਨਾਲ ਲੱਗਦੇ ਖਾਲੀ ਪਲਾਟ ਵਿੱਚ ਦਾਖਲ ਹੋਇਆ ਅਤੇ ਪਟਾਕੇ ਨੂੰ ਅੱਗ ਲਗਾ ਦਿੱਤੀ ਅਤੇ ਗਲੀ ਵਿੱਚ ਵਾਪਸ ਆ ਗਿਆ। ਕਰਿਆਨੇ ਦੀ ਦੁਕਾਨ ਉਸ ਖਾਲੀ ਪਲਾਟ ਦੇ ਨਾਲ ਲੱਗਦੀ ਹੈ ਜਿੱਥੇ ਧਮਾਕਾ ਹੋਇਆ ਸੀ।ਹੋਰ ਜਾਂਚ ਤੋਂ ਪਤਾ ਲੱਗਾ ਕਿ ਉਕਤ ਖਾਲੀ ਪਲਾਟ ਵੀ ਉਸਦੇ ਕਬਜ਼ੇ ਵਿੱਚ ਹੈ।ਪੁੱਛਗਿੱਛ ਦੌਰਾਨ ਅਭਿਸ਼ੇਕ ਕਸ਼ਯਪ ਨੇ ਖੁਲਾਸਾ ਕੀਤਾ ਕਿ ਉਸਨੇ ਸ਼੍ਰੀਮਤੀ ਕੋਹਲੀ ਦੇ ਘਰ ਤੋਂ ਪਟਾਕੇ ਲਏ ਸਨ, ਜਿਸਨੇ ਉਸਨੂੰ ਕਿਰਾਏ ਦੇ ਉਦੇਸ਼ਾਂ ਲਈ ਉਸਦੇ ਘਰ ਦੀਆਂ ਚਾਬੀਆਂ ਸੌਂਪੀਆਂ ਸਨ, ਕਿਉਂਕਿ ਉਹ ਸਥਾਨਕ ਘਰ ਅਤੇ ਦੁਕਾਨਾਂ ਕਿਰਾਏ 'ਤੇ ਲੈਣ ਦੇ ਕਾਰੋਬਾਰ ਵਿੱਚ ਰੁੱਝਾ ਹੋਇਆ ਹੈ।ਸ਼੍ਰੀਮਤੀ ਕੋਹਲੀ ਦੇ ਘਰ ਦੀ ਤਲਾਸ਼ੀ ਲਈ ਗਈ, ਜਿਸ ਦੌਰਾਨ ਪਟਾਕਿਆਂ ਦਾ ਇੱਕ ਡੱਬਾ ਅਤੇ ਉਸੇ ਤਰ੍ਹਾਂ ਦਾ ਇੱਕ ਖਾਲੀ ਡੱਬਾ ਬਰਾਮਦ ਹੋਇਆ। ਸ਼ੁਰੂ ਵਿੱਚ ਅਭਿਸ਼ੇਕ ਕਸ਼ਯਪ ਨੇ ਘਟਨਾ ਦੀ ਕਿਸੇ ਵੀ ਜਾਣਕਾਰੀ ਤੋਂ ਇਨਕਾਰ ਕੀਤਾ, ਹਾਲਾਂਕਿ ਜਦੋਂ ਸੀਸੀਟੀਵੀ ਫੁਟੇਜ ਦਾ ਸਾਹਮਣਾ ਕੀਤਾ ਗਿਆ ਤਾਂ ਉਸਨੇ ਮੰਨਿਆ ਕਿ ਉਸਨੇ ਪਟਾਕੇ ਚਲਾਏ ਸਨ।ਅਭਿਸ਼ੇਕ ਕਸ਼ਯਪ ਦੇ ਪਿਛੋਕੜ ਦੀ ਪੁਸ਼ਟੀ ਤੋਂ ਪਤਾ ਲੱਗਾ ਕਿ ਉਸਦਾ ਕੋਈ ਪਿਛਲਾ ਅਪਰਾਧਿਕ ਰਿਕਾਰਡ ਨਹੀਂ ਹੈ।ਸੀਸੀਟੀਵੀ ਫੁਟੇਜ, ਪੁੱਛਗਿੱਛ ਅਤੇ ਜਾਂਚ ਦੌਰਾਨ ਕੀਤੀ ਗਈ ਬਰਾਮਦਗੀ ਦੇ ਆਧਾਰ 'ਤੇ ਇਹ ਸਾਬਤ ਹੋਇਆ ਕਿ ਧਮਾਕਾ ਅਭਿਸ਼ੇਕ ਕਸ਼ਯਪ ਦੁਆਰਾ ਇੱਕ ਵੱਡੇ ਪਟਾਕੇ ਦੀ ਅੱਗ ਲਗਾਉਣ ਕਾਰਨ ਹੋਇਆ ਸੀ।ਹੋਰ ਜਾਂਚ ਜਾਰੀ ਹੈ।ਪ੍ਰੈੱਸ ਨੂੰ ਦਿੱਤੇ ਇੱਕ ਬਿਆਨ ਵਿੱਚ ਪਠਾਨਕੋਟ ਦੇ ਸੀਨੀਅਰ ਪੁਲਸ ਸੁਪਰਡੈਂਟ ਦਲਜਿੰਦਰ ਸਿੰਘ ਢਿੱਲੋਂ, ਪੀਪੀਐੱਸ ਨੇ ਕਿਹਾ ਕਿ ਜਨਤਾ ਨੂੰ ਸਿਰਫ਼ ਪ੍ਰਮਾਣਿਤ ਖ਼ਬਰਾਂ 'ਤੇ ਵਿਸ਼ਵਾਸ ਕਰਨਾ ਚਾਹੀਦਾ ਹੈ।ਅਸੀਂ ਆਪਣੇ ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਅਪਰਾਧੀਆਂ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਉਣ ਲਈ ਵਚਨਬੱਧ ਹਾਂ।

**ਕਰਿਆਨੇ ਦੀ ਦੁਕਾਨ ਕਰਨ ਵਾਲੇ ਨੇ ਚਲਾਇਆ ਸੀ ਪਟਾਕਾ**

# ਬਲਵੀਰ ਸਿੰਘ ਸ਼ਾਹਪੁਰ ਦੇ ਪਿਤਾ ਦੀ ਮੌਤ 'ਤੇ ਵੱਖ-ਵੱਖ ਆਗੂਆਂ ਨੇ ਕੀਤਾ ਦੁੱਖ ਸਾਂਝਾ



ਨੰਗਲ (ਸੁਰਜੀਤ ਸਿੰਘ ਢੇਰ)-ਪੰਜਾਬ ਟਰੱਕ ਅਪਰੇਟਰਜ਼ ਯੂਨੀਅਨ ਦੇ ਆਗੂ ਬਲਵੀਰ ਸਿੰਘ ਸ਼ਾਹਪੁਰ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਿਆ ਜਦੋਂ ਉਹਨਾਂ ਦੇ ਪਿਤਾ ਕੁਲਦੀਪ ਸਿੰਘ (85) ਦੀ ਬੀਤੇ ਦਿਨੀ ਮੌਤ ਹੋ ਗਈ। ਉਹ ਕੁਝ ਦਿਨਾਂ ਤੋਂ ਮੋਹਾਲੀ ਦੇ ਨਿਜੀ ਹਸਪਤਾਲ ਵਿੱਚ ਇਲਾਜ ਲਈ ਦਾਖਲ ਸਨ। ਪਰ ਲੰਘੀ 22 ਤਰੀਕ ਨੂੰ ਉਹ ਅਕਾਲ ਚਲਾਣਾ ਕਰ ਗਏ। ਇਸ ਦੁੱਖ ਦੀ ਘੜੀ ਵਿੱਚ ਉਹਨਾਂ ਨਾਲ ਆਲ ਇੰਡੀਆ ਮੋਟਰ ਟਰਾਂਸਪੋਰਟ ਕਾਂਗਰਸ ਦੇ ਕੇਂਦਰੀ ਆਗੂ ਪ੍ਰੇਮ ਸਿੰਘ ਘੜਾਮਾ ਪੰਜਾਬ ਟਰੱਕ ਅਪਰੇਟਰਜ ਯੂਨੀਅਨ ਦੇ ਆਗੂ ਮੱਘਰ ਸਿੰਘ ਰੋਪੜ, ਕਾਮਰੇਡ ਸੁਰਜੀਤ ਸਿੰਘ ਢੇਰ, ਗੁਰਜੰਟ ਸਿੰਘ ਬਨੂੜ, ਮਨਜੀਤ ਸਿੰਘ ਖੈਰਾਬਾਦ, ਬਲਵਿੰਦਰ ਸਿੰਘ ਰਿੰਪੀ, ਜਰਨੈਲ ਸਿੰਘ ਢੇਰ,ਸੰਗਤ ਸਿੰਘ ਠਿਕਰੀਵਾਲ, ਭੁਪਿੰਦਰ ਸਿੰਘ ਸੰਧੂ ਨਿਰਮਲ ਸਿੰਘ ਪੱਟੀ, ਹਰਜਾਪ ਸਿੰਘ ਹਾਜੀਪੁਰ, ਨਰਿੰਦਰ ਰਾਣਾ, ਨਿੱਕਾ ਸਿੰਘ ਮੱਟੂ, ਇਕਬਾਲ ਸਿੰਘ ਫੌਜੀ, ਸਾਬਕਾ ਪ੍ਰਧਾਨ ਟਰੱਕ ਯੂਨੀਅਨ ਦੇ ਸੁਨੀਲ ਪੂਰੀ, ਸਾਬਕਾ ਪ੍ਰਧਾਨ ਟਰੱਕ ਯੂਨੀਅਨ ਦੇ ਵਿਨੋਦ ਕੁਮਾਰ ਸ਼ਰਮਾ, ਸਾਬਕਾ ਪ੍ਰਧਾਨ ਪਿਆਰੇ ਲਾਲ ਜਸਵਾਲ,ਚਰਨ ਸਿੰਘ ਭਾਲੜੂ ,ਅਮਰਜੀਤ ਸਿੰਘ ਫੌਜੀ, ਸੋਮੀ ਪੂਰੀ, ਸੋਨੂ ਰਾਣਾ,ਰਾਣਾ ਰਕੇਸ਼ ਕੁਮਾਰ, ਹਰਪਾਲ ਸਿੰਘ ਖ਼ਾਨਪੁਰ, ਇੰਦਰਜੀਤ ਸਿੰਘ ਫੌਜੀ, ਪਿਆਰਾ ਸਿੰਘ ਬੀਕਾਪੁਰ ਨੇ ਬਲਵੀਰ ਸਿੰਘ ਦੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਜਿਥੇ ਉਨ੍ਹਾਂ ਦੀ ਮੌਤ ਨਾਲ ਪਰਿਵਾਰ ਨੂੰ ਨਾ ਪੂਰਾ ਹੋਣ ਘਾਟਾ ਪਿਆ ਉਥੇ ਟਰਾਂਸਪੋਰਟ ਲਹਿਰ ਨੂੰ ਵੀ ਭਾਰੀ ਘਾਟਾ ਪਿਆ। ਉਹਨਾਂ ਦੀ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਪੰਜ ਅਗਸਤ ਨੂੰ ਗੁਰਦੁਆਰਾ ਸ਼ਹੀਦ ਬੂੰਗਾ ਸਾਹਿਬ ਪਿੰਡ ਸ਼ਾਹਪੁਰਬੇਲਾ ਵਿਖੇ ਹੋਵੇਗਾ।

# ਵਿਸ਼ਵਾਸ ਮੈਡੀਟੇਸ਼ਨ ਸੈਂਟਰ ਵਿਖੇ ਬੂਟੇ ਲਗਾਏ



ਮੋਹਾਲੀ (ਗੁਰਜੀਤ ਬਿੱਲਾ)-ਵਾਤਾਵਰਣ ਸੁਰੱਖਿਆ ਅਤੇ ਸ਼ਹਿਰ ਨੂੰ ਹਰਿਆ ਭਰਿਆ ਬਣਾਉਣ ਦੇ ਸੰਦੇਸ਼ ਨੂੰ ਫੈਲਾਉਂਦੇ ਹੋਏ, ਵਿਸ਼ਵਾਸ ਫਾਊਂਡੇਸ਼ਨ ਨੇ ਵਿਸ਼ਵਾਸ ਮੈਡੀਟੇਸ਼ਨ ਸੈਂਟਰ, ਸੈਕਟਰ 66, ਮੋਹਾਲੀ ਵਿਖੇ ਰੁੱਖ ਲਗਾਓ ਅਤੇ ਵੰਡ ਪ੍ਰੋਗਰਾਮ ਦਾ ਆਯੋਜਨ ਕੀਤਾ। ਇਹ ਪ੍ਰੋਗਰਾਮ ਗੁਰੂਦੇਵ ਸਵਾਮੀ ਵਿਸ਼ਵਾਸ ਦੇ ਅਸ਼ੀਰਵਾਦ ਨਾਲ ਹਫਤਾਵਾਰੀ ਵਿਸ਼ਵਾਸ ਮੈਡੀਟੇਸ਼ਨ ਅਤੇ ਸਤਸੰਗ ਦੌਰਾਨ ਆਯੋਜਿਤ ਕੀਤਾ ਗਿਆ ਸੀ।ਹਫਤਾਵਾਰੀ ਮੀਟਿੰਗ ਵਿੱਚ ਸ਼ਾਮਲ ਸੰਗਤ, ਸ਼ਰਧਾਲੂਆਂ ਅਤੇ ਵਲੰਟੀਅਰਾਂ ਨੇ ਉਤਸ਼ਾਹ ਨਾਲ ਮੈਡੀਟੇਸ਼ਨ ਸੈਂਟਰ ਦੇ ਅਹਾਤੇ ਅਤੇ ਆਲੇ ਦੁਆਲੇ ਦੇ ਖੇਤਰਾਂ ਵਿੱਚ ਰੁੱਖ ਲਗਾਏ। ਪ੍ਰੋਗਰਾਮ ਦੌਰਾਨ ਕੁੱਲ 50 ਫਲਦਾਰ, ਛਾਂਦਾਰ ਅਤੇ ਔਸ਼ਧੀ ਵਾਲੇ ਰੁੱਖ ਲਗਾਏ ਗਏ ਅਤੇ ਸ਼ਰਧਾਲੂਆਂ ਨੂੰ ਵੰਡੇ ਗਏ। ਬੂਟੇ ਪ੍ਰਾਪਤ ਕਰਨ ਵਾਲੇ ਸ਼ਰਧਾਲੂਆਂ ਨੇ ਉਨ੍ਹਾਂ ਨੂੰ ਸੁਰੱਖਿਅਤ ਜਗ੍ਹਾ 'ਤੇ ਲਗਾਉਣ, ਉਨ੍ਹਾਂ ਨੂੰ ਨਿਯਮਿਤ ਤੌਰ 'ਤੇ ਪਾਣੀ ਦੇਣ ਅਤੇ ਉਨ੍ਹਾਂ ਦੀ ਦੇਖਭਾਲ ਕਰਨ ਦਾ ਪ੍ਰਣ ਕੀਤਾ ਜਦੋਂ ਤੱਕ ਉਹ ਰੁੱਖ ਨਹੀਂ ਬਣ ਜਾਂਦੇ। ਰੁੱਖ ਲਗਾਉਣ ਦਾ ਪ੍ਰੋਗਰਾਮ ਸੈਂਟਰ ਇੰਚਾਰਜ ਸ਼ਿਸ਼ੂਪਾਲ ਸਿੰਘ ਪਠਾਨੀਆ ਅਤੇ ਸੰਤੋਸ਼ ਪਠਾਨੀਆ ਦੀ ਨਿਗਰਾਨੀ ਹੇਠ ਕਰਵਾਇਆ ਗਿਆ।ਵਿਸ਼ਵਾਸ ਫਾਊਂਡੇਸ਼ਨ ਦੀ ਪ੍ਰਧਾਨ ਸਾਧਵੀ ਨੀਲਿਮਾ ਵਿਸ਼ਵਾਸ ਨੇ ਕਿਹਾ ਕਿ ਵਾਤਾਵਰਣ ਸੁਰੱਖਿਆ ਸਿਰਫ਼ ਸਰਕਾਰ ਜਾਂ ਕਿਸੇ ਸੰਗਠਨ ਦੀ ਜ਼ਿੰਮੇਵਾਰੀ ਨਹੀਂ ਹੈ, ਸਗੋਂ ਸਮਾਜ ਦੇ ਹਰ ਨਾਗਰਿਕ ਦਾ ਨੈਤਿਕ ਫਰਜ਼ ਹੈ। ਲਗਾਤਾਰ ਵਧ ਰਹੇ ਪ੍ਰਦੂਸ਼ਣ ਅਤੇ ਤਾਪਮਾਨ ਨੂੰ ਕੰਟਰੋਲ ਕਰਨ ਲਈ, ਹੋਰ ਰੁੱਖ ਲਗਾਉਣੇ ਅਤੇ ਮੌਜੂਦਾ ਰੁੱਖਾਂ ਦੀ ਰੱਖਿਆ ਕਰਨਾ ਜ਼ਰੂਰੀ ਹੈ। ਧਿਆਨ, ਅਧਿਆਤਮਿਕ ਪ੍ਰਵਚਨ ਅਤੇ ਮਨੁੱਖੀ ਸੇਵਾ ਦੇ ਨਾਲ-ਨਾਲ, ਵਿਸ਼ਵਾਸ ਫਾਊਂਡੇਸ਼ਨ ਵਾਤਾਵਰਣ ਸੁਰੱਖਿਆ ਲਈ ਲਗਾਤਾਰ ਰੁੱਖ ਲਗਾਉਣ ਅਤੇ ਰੁੱਖ ਵੰਡ ਮੁਹਿੰਮਾਂ ਦਾ ਆਯੋਜਨ ਕਰ ਰਿਹਾ ਹੈ। ਉਨ੍ਹਾਂ ਨੇ ਸਾਰੇ ਸ਼ਰਧਾਲੂਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰਾਂ, ਪਾਰਕਾਂ ਅਤੇ ਜਨਤਕ ਥਾਵਾਂ 'ਤੇ ਰੁੱਖ ਲਗਾ ਕੇ ਧਰਤੀ ਨੂੰ ਹਰਿਆਲੀ ਵਿੱਚ ਯੋਗਦਾਨ ਪਾਉਣ।ਵਿਸ਼ਵਾਸ ਫਾਊਂਡੇਸ਼ਨ ਦੇ ਸੰਯੁਕਤ ਸਕੱਤਰ ਰਿਸ਼ੀ ਸਰਲ ਵਿਸ਼ਵਾਸ ਨੇ ਕਿਹਾ ਕਿ ਜਿਸ ਤਰ੍ਹਾਂ ਧਿਆਨ ਮਨੁੱਖੀ ਮਨ ਨੂੰ ਸ਼ੁੱਧ ਅਤੇ ਸ਼ਾਂਤ ਕਰਦਾ ਹੈ, ਉਸੇ ਤਰ੍ਹਾਂ ਰੁੱਖ ਅਤੇ ਪੌਦੇ ਵਾਤਾਵਰਣ ਨੂੰ ਸਾਫ਼ ਕਰਕੇ ਧਰਤੀ ਨੂੰ ਜੀਵਨ ਪ੍ਰਦਾਨ ਕਰਦੇ ਹਨ। ਹਰ ਵਿਅਕਤੀ ਨੂੰ ਆਪਣੇ ਜੀਵਨ ਵਿੱਚ ਖਾਸ ਮੌਕਿਆਂ 'ਤੇ ਘੱਟੋ-ਘੱਟ ਇੱਕ ਰੁੱਖ ਲਗਾਉਣਾ ਚਾਹੀਦਾ ਹੈ ਅਤੇ ਇਸਦੀ ਦੇਖਭਾਲ ਇਸ ਤਰ੍ਹਾਂ ਕਰਨੀ ਚਾਹੀਦੀ ਹੈ ਜਿਵੇਂ ਇਹ ਪਰਵਾਰ ਦਾ ਮੈਂਬਰ ਹੋਵੇ।ਪ੍ਰੋਗਰਾਮ ਦੇ ਅੰਤ ਵਿੱਚ, ਸਾਰੇ ਸ਼ਰਧਾਲੂਆਂ ਨੇ ਵਾਤਾਵਰਣ ਦੀ ਰੱਖਿਆ, ਪਲਾਸਟਿਕ ਦੀ ਵਰਤੋਂ ਘਟਾਉਣ ਅਤੇ ਹੋਰ ਲੋਕਾਂ ਨੂੰ ਰੁੱਖ ਲਗਾਉਣ ਲਈ ਪ੍ਰੇਰਿਤ ਕਰਨ ਦਾ ਪ੍ਰਣ ਲਿਆ।

# ਜਸਵਿੰਦਰ ਸਿੰਘ ਨੂੰ ਨਮ ਅੱਖਾਂ ਨਾਲ ਦਿੱਤੀ ਅੰਤਿਮ ਵਿਦਾਇਗੀ



ਕਪੂਰਥਲਾ, (ਪ੍ਰੀਤ ਸੰਗੋਜਲਾ)-ਬੀਤੇ ਦਿਨੀਂ ਵਿਦੇਸ਼ ਅਰਮਾਨੀਆ ਚ ਸੜਕ ਹਾਦਸੇ ਵਿੱਚ ਮਾਰੇ ਗਏ ਪੰਜਾਬੀ ਨੌਜਵਾਨ ਜਸਵਿੰਦਰ ਸਿੰਘ ਪੁੱਤਰ ਕੁਲਵਿੰਦਰ ਸਿੰਘ ਦਾ ਅੰਤਿਮ ਸੰਸਕਾਰ ਉਹਨਾਂ ਨੇ ਜੱਦੀ ਪਿੰਡ ਸੰਗੋਜਲਾ ਵਿਖੇ ਕਰ ਦਿੱਤਾ ਗਿਆ । ਮੈਂਬਰ ਪਾਰਲੀਮੈਂਟ ਅਤੇ ਵਾਤਾਵਰਨ ਪ੍ਰੇਮੀ ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ ਦੇ ਯਤਨਾ ਸਦਕਾ ਜਿਵੇਂ ਹੀ ਨੌਜਵਾਨ ਦਾ ਮ੍ਰਿਤਕ ਸਰੀਰ ਪਿੰਡ ਪਹੁੰਚਿਆ ਤਾਂ ਇਲਾਕੇ ਭਰ ਵਿੱਚ ਸੋਗ ਦੀ ਲਹਿਰ ਫੈਲ ਗਈ। ਇਸ ਮੌਕੇ ਤੇ ਜਸਵਿੰਦਰ ਸਿੰਘ ਦੇ ਮ੍ਰਿਤਕ ਸਰੀਰ ਨੂੰ ਸ਼ਰਧਾਂਜਲੀ ਪਰਿਵਾਰਿਕ ਮੈਂਬਰਾਂ, ਰਿਸ਼ਤੇਦਾਰਾਂ, ,ਸਕੇ ਸਬੰਧੀਆ ਅਤੇ ਵੱਡੀ ਗਿਣਤੀ ਪਿੰਡ ਵਾਸੀਆਂ ਵਲੋ ਭੇਟ ਕੀਤੀ ਗਈ । ਇਸ ਮੌਕੇ ਤੇ ਪਰਿਵਾਰਿਕ ਮੈਂਬਰ, ਰਿਸ਼ਤੇਦਾਰ ਅਤੇ ਪਿੰਡ ਵਾਸੀ ਵੱਡੀ ਗਿਣਤੀ 'ਚ ਸ਼ਾਮਲ ਸਨ।

# ਝਾੜ ਸਾਹਿਬ ਕਾਲਜ ਵਿਖੇ ਓਰੀਐਂਟੇਸ਼ਨ ਪ੍ਰੋਗਰਾਮ ਆਯੋਜਿਤ

ਸਮਰਾਲਾ (ਸੁਰਜੀਤ ਸਿੰਘ)-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ ਝਾੜ ਸਾਹਿਬ ਵਿਖੇ ਸੁਖਮਿੰਦਰ ਸਿੰਘ (ਸਕੱਤਰ ਵਿੱਦਿਆ) ਦੇ ਦਿਸ਼ਾ ਨਿਰਦੇਸ਼ ਤੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਰਹਿਨੁਮਾਈ ਹੇਠ ਕਾਲਜ ਵਿੱਚ ਨਵੀਆਂ ਦਾਖਲ ਹੋਈਆਂ ਵਿਦਿਆਰਥਣਾਂ ਲਈ ਓਰੀਐਂਟੇਸ਼ਨ ਪ੍ਰੋਗਰਾਮ ਆਯੋਜਿਤ ਕੀਤਾ ਗਿਆ।ਪ੍ਰੋਗਰਾਮ ਦੇ ਆਰੰਭ ਵਿੱਚ ਡਾ. ਸੁਨੀਤਾ ਕੌਸ਼ਲ ਮੁਖੀ ਸਮਾਜ ਸ਼ਾਸਤਰ ਵਿਭਾਗ ਨੇ ਨਵੀਆਂ ਵਿਦਿਆਰਥਣਾਂ ਦਾ ਨਿੱਘਾ ਸਵਾਗਤ ਕਰਦਿਆਂ ਪ੍ਰੋਗਰਾਮ ਦੀ ਰੂਪ-ਰੇਖਾ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥਣਾਂ ਨੂੰ ਕਾਲਜ ਦੇ ਅਕਾਦਮਿਕ ਮਾਹੌਲ, ਵੱਖ-ਵੱਖ ਸਹੂਲਤਾਂ, ਅਨੁਸ਼ਾਸਨ, ਅਕਾਦਮਿਕ ਪ੍ਰਾਪਤੀਆਂ ਤੇ ਭਵਿੱਖ ਦੀਆਂ ਯੋਜਨਾਵਾਂ ਤੋਂ ਜਾਣੂ ਕਰਵਾਉਣਾ ਹੈ।ਇਸ ਉਪਰੰਤ ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਨੇ ਆਪਣੇ-ਆਪਣੇ ਵਿਭਾਗਾਂ ਦੀ ਕਾਰਗੁਜ਼ਾਰੀ, ਸਿਲੇਬਸ ਦੀ ਰੂਪ-ਰੇਖਾ, ਅਕਾਦਮਿਕ ਪ੍ਰਾਪਤੀਆਂ, ਵੱਖ-ਵੱਖ ਸਕਾਲਰਸ਼ਿਪ ਤੇ ਵਜ਼ੀਫਾ ਯੋਜਨਾਵਾਂ, ਕਾਲਜ ਵਿੱਚ ਉਪਲਬਧ ਸਹੂਲਤਾਂ, ਸੱਭਿਆਚਾਰਕ, ਧਾਰਮਿਕ ਤੇ ਖੇਡ ਗਤੀਵਿਧੀਆਂ, ਪਲੇਸਮੈਂਟ ਸੈੱਲ, ਯੂ.ਪੀ.ਐੱਸ.ਸੀ. ਤੇ ਐੱਨ.ਡੀ.ਏ. ਲਈ ਮੁਫ਼ਤ ਕੋਚਿੰਗ, ਐੱਨ. ਐੱਸ. ਐੱਸ, ਰੈੱਡ ਕਰਾਸ, ਰੈੱਡ ਰਿਬਨ ਕਲੱਬ, ਈਕੋ ਕਲੱਬ, ਵਿਭਾਗੀ ਸੁਸਾਇਟੀਆਂ, ਅਨੁਸ਼ਾਸਨ ਤੇ ਕਾਲਜ ਦੇ ਨਿਯਮਾਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਇਸ ਮੌਕੇ ਕਾਲਜ ਪ੍ਰਿੰਸੀਪਲ ਨੇ ਕਿਹਾ ਕਿ ਨਵੀਆਂ ਵਿਦਿਆਰਥਣਾਂ ਲਈ ਓਰੀਐਂਟੇਸ਼ਨ ਪ੍ਰੋਗਰਾਮ ਬਹੁਤ ਹੀ ਲਾਹੇਵੰਦ ਸਾਬਿਤ ਹੁੰਦਾ ਹੈ। ਇਸ ਪ੍ਰੋਗਰਾਮ ਦੌਰਾਨ ਨਵੀਆਂ ਵਿਦਿਆਰਥਣਾਂ ਵੱਲੋਂ ਆਪਣੀ ਲੁਕੀ ਹੋਈ ਪ੍ਰਤਿਭਾ ਦਾ ਵੀ ਸ਼ਾਨਦਾਰ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਡਾ. ਰਣਜੀਤ ਕੌਰ (ਮੁਖੀ ਹੋਮ ਸਾਇੰਸ ਵਿਭਾਗ), ਡਾ. ਮਹੀਪਿੰਦਰ ਕੌਰ (ਮੁਖੀ ਪੰਜਾਬੀ ਵਿਭਾਗ), ਡਾ. ਅਮਨਦੀਪ ਕੌਰ ਇੰਚਾਰਜ (ਆਈ.ਕਿਊ.ਏ.ਸੀ), ਪ੍ਰੋ. ਜਸਵੀਰ ਕੌਰ (ਕੰਟਰੋਲਰ ਪ੍ਰੀਖਿਆ), ਪ੍ਰੋ. ਹਰਪ੍ਰੀਤ ਕੌਰ (ਮੁਖੀ ਬੀ.ਐੱਸ.ਸੀ.ਐੱਫ.ਡੀ), ਮਨਦੀਪ ਕੌਰ (ਮੁਖੀ ਕਾਮਰਸ ਵਿਭਾਗ), ਮਿਸ ਨਵਨੀਤ ਕੌਰ (ਮੁਖੀ ਕੰਪਿਊਟਰ ਸਾਇੰਸ ਵਿਭਾਗ) ਤੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।



# ਫੀਸ ਸਟਰੱਕਚਰ ਪੋਰਟਲ 'ਤੇ ਜਾਣਕਾਰੀ ਅਪਲੋਡ ਨਾ ਕਰਨ ਵਾਲੇ ਸਕੂਲਾਂ ਖ਼ਿਲਾਫ਼ ਹੋਵੇਗੀ ਸਖਤ ਕਾਰਵਾਈ: ਜ਼ਿਲ੍ਹਾ ਸਿੱਖਿਆ ਅਫ਼ਸਰ

ਗੁਰਦਾਸਪੁਰ, ਧਾਰੀਵਾਲ (ਜਨਕ ਮਹਾਜਨ, ਮਨਦੀਪ ਵਿੱਕੀ)-ਪੰਜਾਬ ਸਰਕਾਰ ਵੱਲੋਂ ਸਿੱਖਿਆ ਪ੍ਰਣਾਲੀ ਵਿੱਚ ਪਾਰਦਰਸ਼ਤਾ, ਜਵਾਬਦੇਹੀ ਅਤੇ ਮਾਪਿਆਂ ਦੇ ਹਿੱਤਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਜਾਰੀ ਹਦਾਇਤਾਂ ਦੇ ਬਾਵਜੂਦ ਜ਼ਿਲ੍ਹਾ ਗੁਰਦਾਸਪੁਰ ਦੇ 56 ਨਿੱਜੀ ਸਕੂਲਾਂ ਵੱਲੋਂ ਹਾਲੇ ਤੱਕ ਆਪਣਾ ਫੀਸ ਸਟਰੱਕਚਰ ਅਤੇ ਹੋਰ ਲੋੜੀਂਦਾ ਡਾਟਾ ਸਿੱਖਿਆ ਵਿਭਾਗ ਦੇ ਪੋਰਟਲ 'ਤੇ ਅਪਲੋਡ ਨਹੀਂ ਕੀਤਾ ਗਿਆ, ਜਿਸ ਨੂੰ ਸਿੱਖਿਆ ਵਿਭਾਗ ਨੇ ਗੰਭੀਰਤਾ ਨਾਲ ਲਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਰਾਜੇਸ਼ ਕੁਮਾਰ ਸ਼ਰਮਾ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਗੁਰਦਾਸਪੁਰ ਫੀਸ ਰੈਗੂਲੇਟਰੀ ਕਮੇਟੀ ਦੇ ਚੇਅਰਮੈਨ ਹਨ ਅਤੇ ਉਨ੍ਹਾਂ ਵੱਲੋਂ ਇਸ ਸਾਰੀ ਪ੍ਰਕਿਰਿਆ ਦੀ ਸਮੇਂ-ਸਮੇਂ 'ਤੇ ਨਿੱਜੀ ਤੌਰ 'ਤੇ ਸਮੀਖਿਆ ਕੀਤੀ ਜਾ ਰਹੀ ਹੈ, ਤਾਂ ਜੋ ਸਰਕਾਰ ਦੀਆਂ ਹਦਾਇਤਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਬਾਕੀ ਰਹਿ ਗਏ ਸਕੂਲਾਂ ਦੀ ਸਹੂਲਤ ਲਈ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ), ਗੁਰਦਾਸਪੁਰ ਵਿਖੇ ਵਿਸ਼ੇਸ਼ ਮੀਟਿੰਗ ਕੀਤੀ ਗਈ ਸੀ।ਇਸ ਮੌਕੇ ਐੱਮ. ਆਈ. ਐੱਸ. ਕੋਆਰਡੀਨੇਟਰ ਅਤੇ ਉਨ੍ਹਾਂ ਦੀ ਟੀਮ ਸਾਰਾ ਦਿਨ ਮੌਜੂਦ ਰਹੀ ਤਾਂ ਜੋ ਸਕੂਲਾਂ ਨੂੰ ਪੋਰਟਲ 'ਤੇ ਡਾਟਾ ਅਪਲੋਡ ਕਰਨ ਸਬੰਧੀ ਕਿਸੇ ਵੀ ਤਰ੍ਹਾਂ ਦੀ ਤਕਨੀਕੀ ਸਮੱਸਿਆ ਦਾ ਤੁਰੰਤ ਹੱਲ ਕੀਤਾ ਜਾ ਸਕੇ।ਮੀਟਿੰਗ ਦੌਰਾਨ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਅਨਿਲ ਸ਼ਰਮਾ, ਡੀ. ਆਰ. ਸੀ. ਅਸ਼ੋਕ ਕੁਮਾਰ, ਰਾਹੁਲ, ਸੁਮਿਤ ਕੁਮਾਰ ਅਤੇ ਹੋਰ ਸਬੰਧਤ ਅਧਿਕਾਰੀ/ਕਰਮਚਾਰੀ ਵੀ ਮੌਜੂਦ ਰਹੇ।ਉਨ੍ਹਾਂ ਵੱਲੋਂ ਸਕੂਲ ਪ੍ਰਬੰਧਕਾਂ ਨੂੰ ਪੋਰਟਲ 'ਤੇ ਜਾਣਕਾਰੀ ਅਪਲੋਡ ਕਰਨ ਲਈ ਹਰ ਸੰਭਵ ਤਕਨੀਕੀ ਅਤੇ ਪ੍ਰਸ਼ਾਸਨਿਕ ਸਹਾਇਤਾ ਪ੍ਰਦਾਨ ਕੀਤੀ ਗਈ, ਪਰ ਅਫ਼ਸੋਸ ਦੀ ਗੱਲ ਹੈ ਕਿ ਇਸ ਦੇ ਬਾਵਜੂਦ ਬਹੁਤ ਘੱਟ ਸਕੂਲ ਪ੍ਰਬੰਧਕਾਂ ਨੇ ਮੀਟਿੰਗ ਵਿੱਚ ਸ਼ਮੂਲੀਅਤ ਕੀਤੀ ਅਤੇ ਵਿਭਾਗ ਵੱਲੋਂ ਦਿੱਤੀ ਜਾ ਰਹੀ ਸਹਾਇਤਾ ਦਾ ਲਾਭ ਲਿਆ।ਉਨ੍ਹਾਂ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਜੇਕਰ ਸੋਮਵਾਰ ਦੁਪਹਿਰ 12 ਵਜੇ ਤੱਕ ਸਬੰਧਤ ਸਕੂਲ ਆਪਣਾ ਫੀਸ ਸਟਰੱਕਚਰ ਅਤੇ ਲੋੜੀਂਦਾ ਡਾਟਾ ਪੋਰਟਲ ਤੇ ਅਪਲੋਡ ਨਹੀਂ ਕਰਦੇ, ਤਾਂ ਉਹ ਮਾਣਯੋਗ ਡਿਪਟੀ ਕਮਿਸ਼ਨਰ ਅਤੇ ਸਿੱਖਿਆ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਉਕਤ ਸਕੂਲਾਂ ਵਿਰੁੱਧ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਕਰਨ ਲਈ ਲਿਖਣ ਵਾਸਤੇ ਮਜਬੂਰ ਹੋਣਗੇ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਸਿੱਖਿਆ ਪ੍ਰਣਾਲੀ ਵਿੱਚ ਪੂਰੀ ਪਾਰਦਰਸ਼ਤਾ ਲਿਆਉਣ ਅਤੇ ਮਾਪਿਆਂ ਦੇ ਹਿੱਤਾਂ ਦੀ ਰੱਖਿਆ ਲਈ ਸਾਰੇ ਨਿੱਜੀ ਸਕੂਲਾਂ ਲਈ ਆਪਣਾ ਫੀਸ ਸਟਰੱਕਚਰ, ਹੋਰ ਲਾਜ਼ਮੀ ਵੇਰਵੇ ਅਤੇ ਲੋੜੀਂਦੀ ਜਾਣਕਾਰੀ ਨਿਰਧਾਰਤ ਸਮੇਂ ਅੰਦਰ ਪੋਰਟਲ 'ਤੇ ਅਪਲੋਡ ਕਰਨਾ ਲਾਜ਼ਮੀ ਕੀਤਾ ਗਿਆ ਹੈ।ਜ਼ਿਲ੍ਹਾ ਸਿੱਖਿਆ ਅਫ਼ਸਰ ਨੇ ਬਾਕੀ ਰਹਿੰਦੇ ਸਕੂਲਾਂ ਨੂੰ ਇੱਕ ਵਾਰ ਫਿਰ ਅਪੀਲ ਕੀਤੀ ਕਿ ਉਹ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਆਪਣੀ ਜਾਣਕਾਰੀ ਪੋਰਟਲ 'ਤੇ ਅਪਲੋਡ ਕਰਕੇ ਸਰਕਾਰੀ ਨਿਰਦੇਸ਼ਾਂ ਦੀ ਪਾਲਣਾ ਕਰਨ।ਉਨ੍ਹਾਂ ਸਪੱਸ਼ਟ ਕੀਤਾ ਕਿ ਸਮਾਂ ਸੀਮਾ ਸਮਾਪਤ ਹੋਣ ਉਪਰੰਤ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਸਕੂਲਾਂ ਨਾਲ ਕਿਸੇ ਵੀ ਤਰ੍ਹਾਂ ਦੀ ਢਿੱਲ ਨਹੀਂ ਵਰਤੀ ਜਾਵੇਗੀ ਅਤੇ ਉਨ੍ਹਾਂ ਖ਼ਿਲਾਫ਼ ਸਿੱਖਿਆ ਵਿਭਾਗ ਦੇ ਨਿਯਮਾਂ ਅਨੁਸਾਰ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।


## ਕਲਾਸੀਫਾਈਡ ਇਸ਼ਤਿਹਾਰ

### Change of Name

I, Kuldeep Singh S/o Harbans Singh R/o VPO. Alampur Bakka, Kartarpur (Rural), Jalandhar, Punjab-144801 have changed my name from Kuldeep Singh to Kuldip Singh. All concerned please note.

I, Sarbjeet Kaur W/o Kuldip Singh R/o VPO. Alampur Bakka, Kartarpur (Rural), PO: Kartarpur, District Jalandhar, Punjab-144801 have changed my name from Sarbjeet Kaur to Sarbjit Kaur. All concerned please note.

I, Gurlal Singh S/o Sukhdev Singh R/o Village Bhullar PO Bath District Tarn Taran have declare that Gurlal is my Given name and Singh is my Surname.

I, Mehakpreet Kaur D/o Palwinder Singh R/o H.No.G17, Bhalla Colony, Chheharta, Amritsar have declare that Mehakpreet is my Given name and Kaur is my Given name.

I, Manveer Singh S/o Paramjit Singh R/o H.no. C-215, Village Sofipind, PO. Sofi Pind, Distt. Jalandhar - 144024, Punjab have changed my name from Manveer Singh to Manveer as given name and Singh as surname. All concerned please note.

I, hitherto known as Jaswinder Kaur W/o Datar Singh residing at Village Siawal, PO. Kohala, Distt. Jalandhar - 144002, Punjab, India have changed my name and shall hereafter be known as Sarabjeet Kaur.

I, Surinder Singh Arora s/o Prem Singh r/o H.No.47-A, Raja Garden Ext., Peerdad, Jalandhar have changed my name from Surinder Singh Arora to Surinder Singh. All Please Note.

### PUBLIC NOTICE

It is humbly informed to all concerned that all old cheques issued by Ashok kumar P/o Pragati towers corporation, Hoshiarpur,will not be Paid today onwards in any case, Hence kindly change / Replace their old Cheques with New / Current dated cheques. # 7087985132

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

### ਆਮ ਸੂਚਨਾ

ਮੈਂ ਇੰਦਰ ਜੀਤ ਕੌਰ ਪਤਨੀ ਅਮਰਜੀਤ ਸਿੰਘ ਵਾਸੀ ਮਕਾਨ ਨੰਬਰ 10, ਨੇੜੇ ਬੇਦੀ ਸਕੂਲ, ਸੰਨ ਸਾਹਿਬ ਰੋਡ, ਵਡਾਲੀ ਰੋਡ, ਛੇਹਰਟਾ ਅੰਮ੍ਰਿਤਸਰ ਸੂਚਿਤ ਕਰਦੀ ਹਾਂ ਕਿ ਮੈਂ ਆਪਣੀ ਬਜ਼ੁਰਗ ਮਾਤਾ ਰਾਜਿੰਦਰ ਕੌਰ ਪਿਤਾ ਬਲਵਿੰਦਰ ਸਿੰਘ ਨੂੰ ਬਤੌਰ ਮਦਦ ਆਪਣੇ ਮਕਾਨ ਦੇ ਵਿੱਚ ਰੱਖਿਆ ਹੋਇਆ ਹੈ। ਇਸ ਮਕਾਨ ਦੀ ਮਾਲਕੀ ਮੇਰੇ ਨਾਮ ਤੇ ਮਹਿਕਮਾ ਮਾਲ ਤੋ ਤਸਦੀਕਸ਼ੁਦਾ ਹੈ। ਜੇਕਰ ਮੇਰਾ ਭਰਾ ਕੁਲਦੀਪ ਸਿੰਘ ਜਿਸਦਾ ਮੇਰੇ ਨਾਲ ਕੋਈ ਤਲਕਵਾਸਤਾ ਨਹੀ ਹੈ ਅਤੇ ਨਾ ਹੀ ਮੈਂ ਉਸਦੇ ਨਾਂਲ ਕੋਈ ਸਬੰਧ ਰੱਖਿਆ ਹੈ ਅਤੇ ਨਾ ਹੀ ਰੱਖਣਾ ਚਾਹੁੰਦੀ ਹੈ ਅਤੇ ਉਹ ਇਸ ਮਕਾਨ ਦੇ ਵਿੱਚ ਜਬਰੀ ਆਣ ਕੇ ਰਹਿਣ ਦੀ ਕੋਸ਼ਿਸ਼ ਕਰਦਾ ਹੈ ਤਾ ਮੈਂ ਉਸਦੇ ਖਿਲਾਫ਼ ਬਣਦੀ ਲੋੜੀਦੀ ਕਾਰਵਾਈ ਕਰਨ ਦੀ ਹੱਕਦਾਰ ਹੋਵਾਗੀ ਅਤੇ ਜਬਰੀ ਮਕਾਨ ਅੰਦਰ ਦਾਖਲ ਹੋਣ ਦੀ ਸ਼ਿਕਾਇਤ ਸਬੰਧਿਤ ਥਾਣਾ ਵਿਖੇ ਦਰਜ ਕਰਵਾਉਣ ਦੀ ਹੱਕਦਾਰ ਹੋਵਾਗੀ।

ਮੈਂ, ਰਵਿੰਦਰ ਸਿੰਘ ਪੁੱਤਰ ਅਵਤਾਰ ਸਿੰਘ ਪੁੱਤਰ ਵੀਰ ਸਿੰਘ, ਵਾਸੀ ਬਾਬਾ ਜਵਾਲਾ ਸਿੰਘ ਨਗਰ ਸੁਲਤਾਨਪੁਰ ਲੋਧੀ, ਤਹਿਸੀਲ ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ ਬਿਆਨ ਕਰਦਾ ਹਾਂ ਕਿ ਇਕ ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ ਏ ਪੀ 25/0625-ਐੱਮ, ਪੰਜ ਹਾਰਸ ਪਾਵਰ, ਜੋ ਕਿ ਲੇਟ ਸ੍ਰੀ ਗੁਰਦੀਪ ਸਿੰਘ ਪੁੱਤਰ ਬਚਨ ਸਿੰਘ ਵਾਕਿਆ ਰਕਬਾ ਪਿੰਡ ਮੀਰਾ, ਤਹਿਸੀਲ ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ ਦੇ ਨਾਂਅ 'ਤੇ ਚੱਲਦਾ ਹੈ, ਨੂੰ ਮੈਂ ਸਮੇਤ ਕੁਨੈਕਸ਼ਨ ਸਕਿਉਰਿਟੀ ਬੋਰ ਸਾਲਮ ਦੇ ਸੁਖਵਿੰਦਰ ਕੌਰ ਪੁੱਤਰੀ ਗੁਰਦੀਪ ਸਿੰਘ ਪੁੱਤਰ ਬਚਨ ਸਿੰਘ (ਪਤਨੀ ਫਰਾਂਸਿਸ) ਵਾਸੀ ਮਕਾਨ ਨੰ: 144 ਸੰਸਾਰਪੁਰ, ਜਲੰਧਰ, ਜ਼ਿਲ੍ਹਾ ਜਲੰਧਰ ਵਾ ਬਲਵਿੰਦਰ ਕੌਰ ਪੁੱਤਰੀ ਗੁਰਦੀਪ ਸਿੰਘ ਪੁੱਤਰ ਬਚਨ ਸਿੰਘ (ਪਤਨੀ ਪਰਮਜੀਤ ਸਿੰਘ) ਵਾਸੀ ਪਿੰਡ ਚਿੱਟੀ, ਤਹਿਸੀਲ ਵਾ ਜ਼ਿਲ੍ਹਾ ਜਲੰਧਰ ਪਾਸੋਂ ਖਰੀਦ ਲਿਆ ਹੈ। ਹੁਣ ਉਕਤ ਕੁਨੈਕਸ਼ਨ ਸਮੇਤ ਸਕਿਉਰਿਟੀ ਰਵਿੰਦਰ ਸਿੰਘ ਪੁੱਤਰ ਅਵਤਾਰ ਸਿੰਘ ਪੁੱਤਰ ਵੀਰ ਸਿੰਘ, ਵਾਸੀ ਬਾਬਾ ਜਵਾਲਾ ਸਿੰਘ ਨਗਰ ਸੁਲਤਾਨਪੁਰ ਲੋਧੀ, ਤਹਿਸੀਲ ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ ਦੇ ਨਾਂਅ ਬਦਲੀ ਹੋਣ 'ਤੇ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੈ ਤਾਂ ਉਹ ਸੰਬੰਧਤ ਬਿਜਲੀ ਦਫ਼ਤਰ ਨਾਲ ਸੰਪਰਕ ਕਰੇ।

### ਬੇਦਖਲੀ ਨੋਟਿਸ

ਮੈਂ ਰਾਜਿੰਦਰ ਕੌਰ ਪਤਨੀ ਬਲਵਿੰਦਰ ਸਿੰਘ ਵਾਸੀ ਸੰਨ ਸਾਹਿਬ ਰੋਡ, ਬਾਬਾ ਦੀਪ ਸਿੰਘ ਕਾਲੋਨੀ, ਨੇੜੇ ਬੇਦੀ ਸਕੂਲ, ਵਡਾਲੀ ਗੁਰੂ, ਛੇਹਰਟਾ ਅੰਮ੍ਰਿਤਸਰ ਆਪਣੇ ਬੇਟੇ ਕੁਲਦੀਪ ਸਿੰਘ ਅਤੇ ਨੂੰਹ ਵਿਸ਼ਾਲੀ ਜੋ ਮੇਰੇ ਕਹਿਣੇ ਵਿੱਚ ਨਹੀ ਹਨ, ਮੇਰੀ ਕੋਈ ਗੱਲ ਨਹੀਂ ਮੰਨਦੇ, ਆਪਣੀ ਮਰਜੀ ਕਰਦੇ ਹਨ ਨੂੰ ਆਪਣੀ ਚੱਲ ਅਚੱਲ, ਝੁੱਕਵੀ ਅਣਝੁਕਵੀ ਜਾਇਦਾਦ ਤੋ ਬੇਦਖਲ ਕਰਦੀ ਹਾਂ ।ਉਨਾਂ ਦੇ ਕਿਸੇ ਵੀ ਮਾੜੇ ਚੰਗੇ ਕੰਮ, ਨਫ਼ੇ ਨੁਕਸਾਨ, ਲੈਣ ਦੇਣ, ਲੜਾਈ ਝਗੜੇ ਦੇ ਲਈ ਮੈਂ ਅਤੇ ਮੇਰਾ ਪਰਿਵਾਰ ਜਿੰਮੇਵਾਰ ਨਹੀ ਹੋਵੇਗਾ। ਮੇਰਾ ਹੁਣ ਕੁਲਦੀਪ ਸਿੰਘ ਨਾਲ ਕੋਈ ਸਬੰਧ ਨਹੀ ਹੈ।

ਮੈਂ, ਸ਼ਾਮ ਸੁੰਦਰ ਪੁੱਤਰ ਰਾਜਪਾਲ ਸਰੀਨ ਵਾਸੀ ਬੀ. 32/360, ਮਿਸ਼ਰਾ ਮੁੱਹਲਾ, ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਸੁਰੇਸ਼ ਸਰੀਨ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਵਾ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸਬੰਧਿਤ ਨੋਟ ਕਰਨ।

ਮੈਂ, ਪੂਜਾ ਪਤਨੀ ਜੋਸਨ ਮਸੀਹ ਵਾਸੀ ਮਕਾਨ ਨੰ : 56, ਖੁਰਲਾ ਕਿੰਗਰਾ ਕਲੋਨੀ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਜੋਇਲ ਮਸੀਹ ਪ੍ਰਿੰਸ, ਉਸਦੀ ਪਤਨੀ ਮਮਤਾ ਅਤੇ ਇਨ੍ਹਾਂ ਦਾ ਲੜਕਾ ਜੋਨਾਥਨ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ, ਸਵਰਨ ਕੌਰ ਵਿਧਵਾ ਬਾਜ ਸਿੰਘ ਪੁੱਤਰ ਮੋਹਨ ਸਿੰਘ ਵਾਸੀ ਪਿੰਡ ਮਾਂਗਾ ਸਰਾਏ, ਤਹਿਸੀਲ ਮਜੀਠਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗੁਰਮੁੱਖ ਸਿੰਘ, ਜੋ ਮੇਰੇ ਕਹਿਣੇ ਤੋਂ ਬਾਹਰ ਹੈ, ਮੇਰੇ ਨਾਲ ਚੰਗਾ ਵਿਹਾਰ ਨਹੀਂ ਕਰਦਾ। ਸਮਝਾਉਣ ਦੇ ਬਾਵਜੂਦ ਨਹੀਂ ਸਮਝਿਆ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

### COURT NOTICE

(U/o 5 Rule 20 CPC)
In the Court of
Sh. Gaurav Gupta
Civil Judge (Junior Division), Ludhiana
CNR No. PBLD02-006126-2023
Next Date:- 24-08-2026
Neelam Khosla
Vs.
Johny Kumar
Publication Issued To:
General Public
: General Public

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 24-08-2026 at 10:00 a.m.

For details logon to https://highcourtchd.gov.in/?mod=district_notice&district=mogacourt

Civil Judge (Junior Division) Ludhiana
Dated, this day of 30-07-2026

### COURT NOTICE

(U/o 5 Rule 20 CPC)
In the Court of Sh. Gaurav Gupta Civil Judge (Junior Division), Ludhiana
CNR No. PBLD02-002040-2022
Next Date:- 11-08-2026
Union Bank Of India
Vs. Nivia Motors
Publication Issued To:

4. Gurbakshind Singh S/o Chanan Singh R/o 1066, Street No. 1-A, Janakpuri, Ludhiana. (Gurantor and Earlier Partner in M/S Nivia Motors)

2nd Address- 1902/45/23, Street No. 37, Shimlapuri, Ludhiana, 5. Balwant Singh S/o Bhishan Singh (Mortgagor Cum Gurantor)

6. Jeevan Singh S/o Chanan Ram (Mortgagor Cum Gurantor) Both R/o 1606, Street No. 14, Industrial Area-A, Janakpuri, Ludhiana, (Mortgagor Cum Gurantor)

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 11-08-2026 at 10:00 a.m.

For details logon to https://highcourtchd.gov.in/?mod=district_notice&district=mogacourt

Civil Judge (Junior Division) Ludhiana
Dated, this day of 30-07-2026

### COURT NOTICE

(U/o 5 Rule 20 CPC)
In the Court of Sh. Ashutosh Civil Judge (Junior Division) Ludhiana
Next Date, Purpose of case, Orders and Judgments as well as other case information is available on http://ecourts.gov.in
CNR No. PBLD02-006482-2025
Next Date:- 26-08-2026
Punjab State Power Corporation Limited
Vs. Ram Sarup
Suit For Recovery Of Rs 58892/-
Publication Issued To:
Ramsarup,
R/o Fateh Ganj, Benjamain Road, Ludhiana Ph. 98153-31592

Whereas it has been proved to the satisfaction of the Court that the defendant(s)/respondent(s) above named cannot be served in the ordinary way of service. Hence, this proclamation under order 5 Rule 20 CPC is hereby issued against him/them and should appear personally or through their counsel on 26-08-2026 at 10:00 a.m.

Take notice that, in default of his/their appearance on the day before mentioned, the above said case will be heard and determined in his/their absence according to law.

Given under my hand and the seal of the Court, this 30-07-2026.

Civil Judge (Junior Division) Ludhiana

### COURT NOTICE

(U/o 5 Rule 20 CPC)
In the Court of Sh. Manu Singla
Civil Judge (Junior Division), Ludhiana
CNR No. PBLD02-004692-2025
Next Date:- 24-08-2026
Manjeet Singh Vs. Thakur Singh
Suit For Recovery of Rs19,80,000/-
Publication Issued To:
1. Thakur Singh
Father : Kehar Singh
R/o Village Surapur, Shaheed Bhagat Singh Nagar Nawanshahar, 2. Harjinder Singh @ Gaggi S/o Jaswinder Singh, R/o Near Baghi Stand, Azad Nagar, Barota Road, Daba, Ldh. M.No. 7986006791, 3. Harnek Singh Saini S/o Gurdev Singh R/o 7473, St. No. 1, Maha Singh Nagar, Daba, Ludhiana, M.No. 98140-36663, 4. Baljinder Singh @ Mona S/o Gurnam Singh R/o St. No. 4, Guru Nanak Nagar, Daba, Ldh M.No. 88377-96001, 90569-59601

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 24-08-2026 at 10:00 a.m.

For details logon to https://highcourtchd.gov.in/?mod=district_notice&district=mogacourt

Civil Judge (Junior Division), Ludhiana
Dated, this day of 30-07-2026

### ਦੀ ਡੱਲਾ ਸਹਿਕਾਰੀ ਬਹੁਮੰਤਵੀ ਖੇਤੀਬਾੜੀ ਸਭਾ ਲਿਮ. ਪਿੰਡ ਡੱਲਾ, ਡਾਕਖਾਨਾ ਭੱਲੋਵਾਲ, ਤਹਿ. ਫਿਲੌਰ, ਜ਼ਿਲ੍ਹਾ ਜਲੰਧਰ

### ਨਿਲਾਮੀ ਨੋਟਿਸ

ਦੀ ਡੱਲਾ ਕੋ-ਆਪ੍ਰੇਟਿਵ ਐਗਰੀ: ਮਲਟੀਪਰਪਜ਼ ਸਭਾ ਲਿਮ: ਡੱਲਾ, ਡਾਕਖਾਨਾ ਭੱਲੋਵਾਲ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ ਸਰਵ ਸਾਧਾਰਨ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸੁਸਾਇਟੀ ਦੇ ਪੁਰਾਣੇ ਖੇਤੀਬਾੜੀ ਸੰਦਾਂ ਦੀ ਖੁੱਲ੍ਹੀ ਨਿਲਾਮੀ ਮਿਤੀ 19.08.2026 ਦਿਨ ਬੁੱਧਵਾਰ ਨੂੰ ਸਵੇਰੇ 10.30 ਵਜੇ ਸੁਸਾਇਟੀ ਦੇ ਦਫਤਰ ਪਿੰਡ ਡੱਲਾ ਵਿਖੇ ਕੀਤੀ ਜਾਵੇਗੀ।

ਨਿਲਾਮੀ ਕੀਤੇ ਜਾਣ ਵਾਲੇ ਸੰਦਾਂ ਦੀ ਸੂਚੀ:- 1. ਹੈਪੀ ਸੀਡਰ 10 ਟਾਈਨ - ਨੈਸ਼ਨਲ, 2. ਰੂਟਾਵੇਟਰ 7 ਫੁੱਟ ਵਿੱਧ ਡਰਿੱਲ - ਸਵੈਨ, 3. ਜਿੰਦਰਾ, 4. ਰੀਪਰ।

ਨੋਟ:- 1. ਨਿਲਾਮੀ ਵਿੱਚ ਹਿੱਸਾ ਲੈਣ ਵਾਲੇ ਵਿਅਕਤੀ ਨੂੰ ਮੌਕੇ 'ਤੇ ਜ਼ਮਾਨਤ ਰਾਸ਼ੀ ਜਮ੍ਹਾਂ ਕਰਵਾਉਣੀ ਪਵੇਗੀ, 2. ਸਾਰੇ ਖੇਤੀਬਾੜੀ ਸੰਦ 'ਜਿੱਥੇ ਹਨ' ਦੇ ਆਧਾਰ 'ਤੇ ਨਿਲਾਮ ਕੀਤੇ ਜਾਣਗੇ, 3. ਨਿਲਾਮੀ ਦੀਆਂ ਹੋਰ ਸ਼ਰਤਾਂ ਮੌਕੇ 'ਤੇ ਦੱਸੀਆਂ ਜਾਣਗੀਆਂ, 4. ਪ੍ਰਬੰਧਕੀ ਕਮੇਟੀ ਕੋਲ ਬਿਨਾਂ ਕਾਰਨ ਦੱਸੇ ਬੋਲੀ ਨੂੰ ਰੱਦ ਕਰਨ ਜਾਂ ਨਿਲਾਮੀ ਮੁਲਤਵੀ ਕਰਨ ਦਾ ਅਧਿਕਾਰ ਰਾਖਵਾਂ ਹੈ। ਚਾਹਵਾਨ ਖਰੀਦਦਾਰ ਨਿਲਾਮੀ ਵਾਲੇ ਦਿਨ ਸਮੇਂ ਸਿਰ ਪਹੁੰਚ ਕੇ ਸੰਦਾਂ ਦਾ ਨਿਰੀਖਣ ਕਰ ਸਕਦੇ ਹਨ।

ਪ੍ਰਧਾਨ: ਕੰਵਲਜੀਤ ਸਿੰਘ ਮੋਬਾ : 95014-41390
ਸਕੱਤਰ: ਕੁਲਵਿੰਦਰ ਸਿੰਘ 94173-72013

# 1.47 ਕਰੋੜ ਦੇ ਵਿਕਾਸ ਕਾਰਜਾਂ ਨਾਲ ਬੁਨਿਆਦੀ ਢਾਂਚਾ ਹੋਵੇਗਾ ਹੋਰ ਮਜ਼ਬੂਤ : ਡਾ. ਇਸ਼ਾਂਕ ਕੁਮਾਰ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**-ਹਲਕਾ ਚੱਬੇਵਾਲ ਦੇ ਪਿੰਡਾਂ ਵਿੱਚ ਵਿਕਾਸ ਕਾਰਜਾਂ ਨੂੰ ਲਗਾਤਾਰ ਗਤੀ ਦਿੰਦਿਆਂ ਵਿਧਾਇਕ ਡਾ. ਇਸ਼ਾਂਕ ਕੁਮਾਰ ਹਰ ਪਿੰਡ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕਰਨ ਲਈ ਨਿਰੰਤਰ ਯਤਨਸ਼ੀਲ ਹਨ। ਇਸੇ ਲੜੀ ਤਹਿਤ ਉਨ੍ਹਾਂ ਨੇ ਹਾਲ ਹੀ ਵਿੱਚ ਪਿੰਡ ਹਰਖੋਵਾਲ ਦਾ ਦੌਰਾ ਕਰਕੇ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ ਅਤੇ ਪਿੰਡ ਵਾਸੀਆਂ ਨਾਲ ਰੂਬਰੂ ਹੋਏ। ਇਸ ਮੌਕੇ ਉਨ੍ਹਾਂ ਜਾਣਕਾਰੀ ਦਿੱਤੀ ਕਿ ਹਰਖੋਵਾਲ ਵਿੱਚ ਲਗਭਗ 1.47 ਕਰੋੜ ਰੁਪਏ ਦੀ ਲਾਗਤ ਨਾਲ ਵੱਖ-ਵੱਖ ਵਿਕਾਸ ਕਾਰਜ ਚੱਲ ਰਹੇ ਹਨ ਅਤੇ ਕਈ ਮਹੱਤਵਪੂਰਨ ਪ੍ਰੋਜੈਕਟ ਮੁਕੰਮਲ ਵੀ ਹੋ ਚੁੱਕੇ ਹਨ, ਜਿਨ੍ਹਾਂ ਨਾਲ ਸੜਕਾਂ, ਸਿਹਤ, ਪੀਣ ਵਾਲੇ ਪਾਣੀ, ਬਿਜਲੀ ਅਤੇ ਹੋਰ ਬੁਨਿਆਦੀ ਸਹੂਲਤਾਂ ਵਿੱਚ ਵੱਡਾ ਸੁਧਾਰ ਆਇਆ ਹੈ। ਵਿਧਾਇਕ ਨੇ ਦੱਸਿਆ ਕਿ ਹਰਖੋਵਾਲ ਤੋਂ ਅੱਤੋਵਾਲ ਅੱਡਾ ਤੱਕ 1.33 ਕਿਲੋਮੀਟਰ ਲੰਬੀ ਸੜਕ ਦਾ ਨਿਰਮਾਣ 40 ਲੱਖ ਰੁਪਏ ਦੀ ਲਾਗਤ ਨਾਲ ਮੁਕੰਮਲ ਕੀਤਾ ਜਾ ਚੁੱਕਾ ਹੈ, ਜਿਸ ਨਾਲ ਸਥਾਨਕ ਲੋਕਾਂ ਅਤੇ ਰਾਹਗੀਰਾਂ ਨੂੰ ਬਿਹਤਰ ਅਤੇ ਸੁਚੱਜੀ ਆਵਾਜਾਈ ਦੀ ਸਹੂਲਤ ਮਿਲੀ ਹੈ। ਇਸ ਤੋਂ ਇਲਾਵਾ ਢੱਕੋਵਾਲ ਤੋਂ ਹਰਖੋਵਾਲ ਤੱਕ 1.52 ਕਿਲੋਮੀਟਰ ਲੰਬੀ ਸੜਕ ਦਾ ਕੰਮ 22.16 ਲੱਖ ਰੁਪਏ ਦੀ ਲਾਗਤ ਨਾਲ ਤੇਜ਼ੀ ਨਾਲ ਚੱਲ ਰਿਹਾ ਹੈ। ਪੰਡੋਰੀ ਬੀਬੀ ਤੋਂ ਹਰਖੋਵਾਲ ਤੱਕ 1.16 ਕਿਲੋਮੀਟਰ ਲੰਬੀ ਸੜਕ 20.30 ਲੱਖ ਰੁਪਏ ਦੀ ਲਾਗਤ ਨਾਲ ਬਣਾਈ ਜਾ ਰਹੀ ਹੈ, ਜਦਕਿ ਡੇਰਾ ਹਰਖੋਵਾਲ ਤੋਂ ਮਰਨਾਈਆਂ ਤੱਕ 0.70 ਕਿਲੋਮੀਟਰ ਲੰਬੀ ਸੜਕ ਦਾ ਨਿਰਮਾਣ 12 ਲੱਖ ਰੁਪਏ ਦੀ ਲਾਗਤ ਨਾਲ ਜਾਰੀ ਹੈ, ਜਿਸ ਨਾਲ ਡੇਰੇ ਵਿੱਚ ਆਉਣ ਵਾਲੇ ਸ਼ਰਧਾਲੂਆਂ ਨੂੰ ਵੀ ਆਸਾਨ ਆਵਾਜਾਈ ਦੀ ਸਹੂਲਤ ਮਿਲੇਗੀ। ਇਸ ਤੋਂ ਇਲਾਵਾ 10 ਲੱਖ ਰੁਪਏ ਦੀ ਲਾਗਤ ਨਾਲ ਪੀਣ ਵਾਲੇ ਪਾਣੀ ਲਈ ਟਿਊਬਵੈੱਲ ਵੀ ਲਗਾਇਆ ਗਿਆ ਹੈ, ਜਿਸ ਨੂੰ ਬਿਜਲੀ ਕੁਨੈਕਸ਼ਨ ਮਿਲਦੇ ਹੀ ਚਾਲੂ ਕਰ ਦਿੱਤਾ ਜਾਵੇਗਾ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਬਾਕੀ ਰਹਿੰਦੇ ਪ੍ਰੋਜੈਕਟ ਵੀ ਜਲਦ ਮੁਕੰਮਲ ਹੋਣਗੇ, ਜਿਸ ਨਾਲ ਹਰਖੋਵਾਲ ਦਾ ਬੁਨਿਆਦੀ ਢਾਂਚਾ ਹੋਰ ਵੀ ਮਜ਼ਬੂਤ ਹੋਵੇਗਾ।

# ਕੇਜਰੀਵਾਲ ਦੀ ਵੀਡੀਓ ਕਾਨਫਰੰਸ 'ਚ ਬੂਥ ਮੈਂਬਰ ਤੇ ਅਹੁਦੇਦਾਰ ਹੋਏ ਸ਼ਾਮਿਲ

**ਦਸੂਹਾ (ਕਰਨੈਲ ਮਾਂਗਟ)**-ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਵਲੋਂ ਈ 20 ਪੈਟਰੋਲ ਦੇ ਮੁੱਦੇ 'ਤੇ ਦੇਸ਼-ਵਿਆਪੀ ਰਾਸ਼ਟਰੀ ਟਾਊਨ ਹਾਲ ਵੀਡੀਓ ਕਾਨਫਰੰਸ ਨੂੰ ਸੰਬੋਧਨ ਕੀਤਾ ਗਿਆ। ਇਸ ਸਬੰਧੀ ਹਲਕਾ ਵਿਧਾਇਕ ਦਸੂਹਾ ਐਡਵੋਕੇਟ ਕਰਮਵੀਰ ਸਿੰਘ ਘੁੰਮਣ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਾਰਕੀਟ ਕਮੇਟੀ ਦਸੂਹਾ ਦੇ ਚੇਅਰਮੈਨ ਕੰਵਲਪ੍ਰੀਤ ਸਿੰਘ ਕੇ.ਪੀ. ਸੰਧੂ ਦੀ ਅਗਵਾਈ ਵਿੱਚ ਸਾਰੇ ਬੂਥ ਮੈਂਬਰ ਅਤੇ ਅਹੁਦੇਦਾਰ ਮੋਬਾਈਲ ਫੋਨਾਂ ਦੇ ਜ਼ਰੀਏ, ਇਸ ਵੀਡੀਓ ਕਾਨਫਰੰਸ ਵਿੱਚ ਸ਼ਾਮਲ ਹੋਏ। ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਨੂੰ ਲੈ ਕੇ ਕੇਂਦਰ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਮੌਜੂਦਾ ਅੰਤਰਰਾਸ਼ਟਰੀ ਕੱਚੇ ਤੇਲ ਦੀਆਂ ਕੀਮਤਾਂ ਦੇ ਹਿਸਾਬ ਨਾਲ ਦੇਸ਼ ਵਿੱਚ ਸ਼ੁੱਧ ਪੈਟਰੋਲ 82 ਰੁਪਏ ਪ੍ਰਤੀ ਲੀਟਰ ਅਤੇ ਈ-20 ਪੈਟਰੋਲ ਕਰੀਬ 70 ਰੁਪਏ ਪ੍ਰਤੀ ਲੀਟਰ ਮਿਲਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਸ ਸਮੇਂ 102 ਰੁਪਏ ਪ੍ਰਤੀ ਲੀਟਰ ਈ-20 ਪੈਟਰੋਲ ਵੇਚ ਕੇ ਲੋਕਾਂ 'ਤੇ ਬੇਲੋੜਾ ਆਰਥਿਕ ਬੋਝ ਪਾਇਆ ਜਾ ਰਿਹਾ ਹੈ। ਉਹਨਾਂ ਵੀਡੀਓ ਕਾਨਫਰੰਸ ਰਾਹੀਂ ਦੱਸਿਆ ਈ 20 ਤੇਲ ਆਉਣ ਦੇ ਨਾਲ ਵਾਹਨਾਂ ਦੀ ਮਾਇਲਜ ਡਿੱਗ ਗਈ ਹੈ ਅਤੇ ਇੰਜਨ ਖਰਾਬ ਹੋ ਰਹੇ ਹਨ ਜਿਸ ਕਾਰਨ ਵਾਹਨ ਚਾਲਕਾਂ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕੇਂਦਰ ਸਰਕਾਰ ਸੱਚ ਨੂੰ ਦੱਬ ਰਹੀ ਹੈ। ਉਨ੍ਹਾਂ ਕਿਹਾ ਈ 20 ਤੇਲ ਸ਼ੁੱਧ ਤੇਲ ਨਾਲੋਂ ਸਸਤਾ ਹੋਵੇ, 84 ਰੁਪਏ ਤੋਂ ਘੱਟ ਇਸ ਦਾ ਰੇਟ ਹੋਵੇ। ਵੀਡੀਓ ਕਾਨਫਰਸ ਤੋਂ ਬਾਅਦ ਮਾਰਕੀਟ ਕਮੇਟੀ ਦੇ ਚੇਅਰਮੈਨ ਕੰਵਲਜੀਤ ਸਿੰਘ ਸੰਧੂ ਨੇ ਪੰਜਾਬ ਸਰਕਾਰ, ਹਲਕਾ ਵਿਧਾਇਕ ਦਸੂਹਾ ਕਰਮਵੀਰ ਸਿੰਘ ਘੁੰਮਣ ਤੋਂ ਇਲਾਵਾ ਪਹੁੰਚੇ ਹੋਏ ਸਾਰੇ ਬੂਥ ਮੈਂਬਰਾਂ ਅਤੇ ਅਹੁਦੇਦਾਰਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਪੰਜਾਬ ਸਰਕਾਰ ਵੱਲੋਂ ਲੋਕ ਹਿੱਤ ਦੀ ਆਵਾਜ਼ ਨੂੰ ਹਮੇਸ਼ਾ ਹੀ ਬੁਲੰਦ ਕੀਤਾ ਗਿਆ, ਜਿਸ ਨਾਲ ਦੇਸ਼ ਦੇ ਹਰ ਵਰਗ ਨੂੰ ਫਾਇਦਾ ਹੋਇਆ ਹੈ। ਇਸ ਮੌਕੇ ਸਰਪੰਚ ਰਵਿੰਦਰ ਘੁੰਮਣ, ਸਰਪੰਚ ਬਿਕਰਮ ਸਿੰਘ, ਭੁੱਲਾ ਰਾਮ ਤੇਜੀ ਨੰਬਰਦਾਰ ਲਮੀਨ, ਹਰਭਜਨ ਸਿੰਘ ਹੈਪੀ ਮੀਆਂ ਦਾ ਪਿੰਡ ਪੰਜਾਬ ਸਪੋਰਟਸ ਵੈਲਫੇਅਰ ਬੋਰਡ ਦੇ ਚੇਅਰਮੈਨ, ਸਰਪੰਚ ਗੁਰਵਿੰਦਰ ਸਿੰਘ, ਸਰਪੰਚ ਬਲਵਿੰਦਰ ਸਿੰਘ, ਮਨਿੰਦਰ ਗਿੱਲ, ਅਮਨ ਅਰੋੜਾ, ਬਲਾਕ ਸੰਮਤੀ ਮੈਂਬਰ ਹਰਮਨਦੀਪ ਸਿੰਘ ਘੁੰਮਣ ਉਸਮਾਨ ਸ਼ਹੀਦ, ਇੰਦਰ, ਦਵਿੰਦਰ, ਹਰਪ੍ਰੀਤ ਸਿੰਘ ਆਦਿ ਹਾਜ਼ਰ ਸਨ।



# ਕੌਂਸਲਰਾਂ ਨੇ ਪ੍ਰਸ਼ਾਸਨ ਵੱਲੋਂ ਉਹਨਾਂ ਵਿਰੁੱਧ ਝੂਠੇ ਮੁਕੱਦਮੇ ਦਰਜ ਕਰਨ ਦੇ ਦੋਸ਼ ਲਗਾਏ

**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਨਗਰ ਕੌਂਸਲ ਦੀ ਪ੍ਰਧਾਨਗੀ ਨੂੰ ਲੈ ਕੇ ਮਾਨਯੋਗ ਹਾਈਕੋਰਟ ਵਿੱਚ ਚੱਲ ਰਹੀ ਪਟੀਸ਼ਨ ਦੇ ਦਰਮਿਆਨ ਕਾਂਗਰਸ ਪਾਰਟੀ ਨਾਲ ਸੰਬੰਧਿਤ ਕੌਂਸਲਰ ਮਨਦੀਪ ਸਿੰਘ ਬਾਜਵਾ ਤੇ ਉਹਨਾਂ ਦੇ ਸਾਥੀ ਕੌਂਸਲਰਾਂ ਨੇ ਪ੍ਰਸ਼ਾਸਨ ਵੱਲੋਂ ਉਹਨਾਂ ਵਿਰੁੱਧ ਝੂਠੇ ਮੁਕਦਮੇ ਦਰਜ ਕਰਨ ਤੇ ਦੋਸ਼ ਲਗਾਏ ਹਨ ਹਨ। ਇਸ ਸੰਬੰਧੀ ਜਾਣਕਾਰੀ ਦੇਂਦੇ ਕੌਂਸਲਰ ਮਨਦੀਪ ਸਿੰਘ ਬਾਜਵਾ ਨੇ ਦੱਸਿਆ ਕਿ ਉਹ ਲੋਕਾਂ ਲੋਕਾਂ ਦੁਆਰਾ ਜਿੱਤ ਕੇ ਕੌਂਸਲਰ ਬਣੇ ਹਨ ਅਤੇ ਲੋਕਾਂ ਨੂੰ ਸਾਡੇ ਤੋਂ ਉਮੀਦ ਹੈ ਕਿ ਸਾਡੇ ਵਾਰਡ ਅਤੇ ਸ਼ਹਿਰ ਦੇ ਵਿਕਾਸ ਲਈ ਕੁਝ ਵਧੀਆ ਕੀਤਾ ਜਾਵੇ ਪਰੰਤੂ ਪ੍ਰਸ਼ਾਸਨ ਵੱਲੋਂ ਨਗਰ ਕੌਂਸਲ ਦੀ ਪ੍ਰਧਾਨਗੀ ਬਹੁਤ ਗਿਣਤੀ ਕੌਂਸਲਰਾਂ ਦੀ ਸਹਿਮਤੀ ਨੂੰ ਛੱਡ ਕੇ ਕੁੱਲ ਛੇ ਕੌਂਸਲਰਾਂ ਨਾਲ ਹੀ ਦੇ ਦਿੱਤੀ ਗਈ ਤੇ ਇਸ ਦੌਰਾਨ ਸਾਡੇ ਕਿਸੇ ਵੀ ਕੌਂਸਲਰ ਨੂੰ ਅਹੁਦੇ ਦੀ ਸਹੁੰ ਤੱਕ ਨਹੀਂ ਚੁਕਾਈ ਗਈ ਸਗੋਂ ਪ੍ਰਸ਼ਾਸਨ ਵੱਲੋਂ ਧੱਕੇਸ਼ਾਹੀ ਕਰਦਿਆਂ ਮੇਰੇ ਸਮੇਤ ਸਾਡੇ ਕੌਂਸਲਰਾਂ ਨਾਲ ਕਥਿਤ ਕੁੱਟਮਾਰ ਕੀਤੀ ਗਈ ਜਿਸ ਦੇ ਵਿਰੁੱਧ ਮੇਰੇ ਸਮੇਤ ਨੌਂ ਕੌਂਸਲਰਾਂ ਵੱਲੋਂ ਮਾਨਯੋਗ ਹਾਈਕੋਰਟ ਵਿੱਚ ਅਪੀਲ ਦਾਇਰ ਕੀਤੀ ਗਈ। ਇਸ ਦੌਰਾਨ ਪੁਲਿਸ ਪ੍ਰਸ਼ਾਸਨ ਵੱਲੋਂ ਮੇਰੇ ਤੇ ਇੱਕ ਮੁਕਦਮਾ ਦਰਜ ਕਰ ਦਿੱਤਾ ਗਿਆ ਜਿਸ ਵਿੱਚ ਮੈਂ ਨਾ ਉਸ ਘਟਨਾ ਸਮੇਂ ਹਾਜ਼ਰ ਸੀ ਅਤੇ ਨਾ ਹੀ ਮੇਰਾ ਉਹਨਾਂ ਨਾਲ ਕੋਈ ਵੈਰ ਵਿਰੋਧ ਹੈ। ਇਹ ਸਭ ਕੁਝ ਮਾਨਯੋਗ ਹਾਈਕੋਰਟ ਵਿੱਚ ਸਾਡੇ ਵੱਲੋਂ ਕੀਤੀ ਗਈ ਅਪੀਲ ਦੇ ਤਹਿਤ ਕੌਂਸਲਰਾਂ ਨੂੰ ਡਰਾਉਣ ਲਈ ਕੀਤਾ ਜਾ ਰਿਹਾ ਹੈ। ਇਸ ਮੌਕੇ ਕੌਂਸਲਰ ਰਜੇਸ਼ ਕੁਮਾਰ ਸਸ਼ੋਧੀਆ, ਸੀਨੀਅਰ ਕਾਂਗਰਸੀ ਆਗੂ ਠੇਕੇਦਾਰ ਬਲਵੀਰ ਸਿੰਘ ਲਾਲਾ ਅਤੇ ਸ਼ਹਿਰੀ ਪ੍ਰਧਾਨ ਰਾਹੁਲ ਸ਼ਰਮਾ ਨੇ ਕਿਹਾ ਕਿ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਨਾਲ ਸੰਬੰਧਿਤ ਨੌਂ ਕੌਂਸਲਰ ਬਿਲਕੁਲ ਇੱਕ ਜੁੱਟ ਹਨ। ਇਸ ਮੌਕੇ ਕੌਂਸਲਰ ਸੁਰਿੰਦਰ ਕੌਰ, ਕੌਂਸਲਰ ਪਿੰਕੀ ਕੌਰ, ਕੌਂਸਲਰ ਨੇਹਾ ਸ਼ਰਮਾ, ਕੌਂਸਲਰ ਮਹਿੰਦਰ ਸਿੰਘ ਢਿੱਲੋਂ, ਕੌਂਸਲਰ ਕਮਲਜੀਤ ਕੌਰ ਬਾਜਵਾ, ਕੌਂਸਲਰ ਗੁੰਜਨ ਸੂਦ, ਕੌਂਸਲਰ ਸਕਿੰਦਰ ਕੌਰ ਸ਼ੇਰਗਿੱਲ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਗੁਰਵਿੰਦਰ ਸਿੰਘ ਕਕਰਾਲੀ, ਕਾਂਗਰਸੀ ਆਗੂ ਹਰਜੋਤ ਸਿੰਘ ਢੰਗਰਾਲੀ ਆਦਿ ਹਾਜ਼ਰ ਸਨ।



# ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਦੂਜੀ ਕਿਸ਼ਤ ਜਾਰੀ

**ਫਗਵਾੜਾ, ( ਜਸਵਿੰਦਰ ਢੱਡਾ )** ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਨੇ ਫਗਵਾੜਾ ਵਿਖੇ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਦੂਜੀ ਕਿਸ਼ਤ ਜਾਰੀ ਕਰਨ ਦੇ ਸਬੰਧ ਵਿੱਚ ਕਰਵਾਏ ਗਏ ਜ਼ਿਲ੍ਹਾ ਪੱਧਰੀ ਸਮਾਗਮ ਵਿੱਚ ਸ਼ਿਰਕਤ ਕੀਤੀ, ਜਿਸ ਤਹਿਤ ਕਪੂਰਥਲਾ ਜ਼ਿਲ੍ਹੇ ਦੀਆਂ 1,03,413 ਮਹਿਲਾ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਡਾਇਰੈਕਟ ਬੈਨੀਫਿਟ ਟਰਾਂਸਫਰ (ਡੀ.ਬੀ.ਟੀ.) ਪ੍ਰਣਾਲੀ ਰਾਹੀਂ 36.33 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਸਿੱਧੀ ਤਬਦੀਲ ਕੀਤੀ ਗਈ। ਕੁੱਲ ਲਾਭਪਾਤਰੀਆਂ ਵਿੱਚੋਂ ਜਨਰਲ ਸ਼੍ਰੇਣੀ ਦੀਆਂ 68,002 ਔਰਤਾਂ ਨੂੰ 20.40 ਕਰੋੜ ਰੁਪਏ, ਜਦੋਂ ਕਿ ਅਨੁਸੂਚਿਤ ਜਾਤੀ (ਐਸ.ਸੀ.) ਦੀਆਂ 35,411 ਔਰਤਾਂ ਨੂੰ 15.93 ਕਰੋੜ ਰੁਪਏ ਮਿਲੇ ਹਨ। ਡੀ.ਬੀ.ਟੀ. ਵਿਧੀ ਨੇ ਵਿੱਤੀ ਸਹਾਇਤਾ ਦੀ ਪਾਰਦਰਸ਼ੀ, ਮੁਸ਼ਕਲ ਰਹਿਤ ਅਤੇ ਸਮੇਂ ਸਿਰ ਵੰਡ ਨੂੰ ਯਕੀਨੀ ਬਣਾਇਆ। ਆਪਣੇ ਸੰਬੋਧਨ ਦੌਰਾਨ ਇਸ ਸਕੀਮ ਨੂੰ ਔਰਤਾਂ ਦੇ ਆਰਥਿਕ ਸਸ਼ਕਤੀਕਰਨ ਲਈ ਇੱਕ ਇਤਿਹਾਸਕ ਪਹਿਲਕਦਮੀ ਦੱਸਦਿਆਂ ਡਾ. ਚੱਬੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਅਤੇ ਗਾਰੰਟੀ ਨੂੰ ਪੂਰਾ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਵਚਨਬੱਧਤਾ ਅਨੁਸਾਰ ਸ਼ਨੀਵਾਰ ਨੂੰ ਦੂਜੀ ਕਿਸਤ ਸਿੱਧੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਜਮ੍ਹਾਂ ਕਰਵਾ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਇਹ ਸਕੀਮ ਪੰਜਾਬ ਦੀਆਂ ਮਾਵਾਂ-ਧੀਆਂ ਦੀ ਆਰਥਿਕ ਸੁਰੱਖਿਆ ਨੂੰ ਮਜ਼ਬੂਤ ਕਰਨ ਅਤੇ ਉਨ੍ਹਾਂ ਨੂੰ ਬਣਦਾ ਮਾਣ-ਸਤਿਕਾਰ, ਸਨਮਾਨ ਅਤੇ ਸਹਿਯੋਗ ਯਕੀਨੀ ਬਣਾਉਣ ਵੱਲ ਇੱਕ ਅਹਿਮ ਕਦਮ ਹੈ। ਹਰੇਕ ਯੋਗ ਔਰਤ ਨੂੰ ਇਸ ਸਕੀਮ ਦਾ ਲਾਭ ਮਿਲਣਾ ਯਕੀਨੀ ਬਣਾਉਣ ਲਈ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਡਾ. ਚੱਬੇਵਾਲ ਨੇ ਕਿਹਾ ਕਿ ਕੋਈ ਵੀ ਯੋਗ ਲਾਭਪਾਤਰੀ ਇਸ ਤੋਂ ਵਾਂਝਾ ਨਹੀਂ ਰਹੇਗਾ। ਉਨ੍ਹਾਂ ਸਬੰਧਤ ਵਿਭਾਗਾਂ, ਸੀ.ਡੀ.ਪੀ.ਓਜ਼, ਸੁਪਰਵਾਈਜ਼ਰਾਂ, ਆਂਗਣਵਾੜੀ ਵਰਕਰਾਂ ਅਤੇ ਮਹਿਲਾ ਸਤਿਕਾਰ ਸਖੀਆਂ ਨੂੰ ਰਜਿਸਟ੍ਰੇਸ਼ਨ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਅਤੇ ਇਸ ਨੂੰ ਪਾਰਦਰਸ਼ੀ, ਸੁਚਾਰੂ ਤੇ ਲਾਭਪਾਤਰੀ-ਪੱਖੀ ਬਣਾਉਣ ਦੇ ਨਿਰਦੇਸ਼ ਦਿੱਤੇ।



# ਲੋਕਾਂ ਨਾਲ ਰੂ-ਬ-ਰੂ ਹੋਏ ਵਿਧਾਇਕ, ਵਿਕਾਸ ਕਾਰਜਾਂ ਨੂੰ ਤੇਜ਼ ਕਰਨ ਦਾ ਦਿੱਤਾ ਭਰੋਸਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਪੰਜਾਬ ਦਾ ਇਕੋ ਨਾਅਰਾ ਭਗਵੰਤ ਮਾਨ ਦੁਬਾਰਾ ਮੁਹਿੰਮ ਤਹਿਤ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਡੇਰਾਬੱਸੀ ਦੇ ਵਾਰਡ ਨੰਬਰ 09 (ਗ੍ਰੀਨ ਇਸਟੇਟ), ਵਾਰਡ ਨੰਬਰ 05 (ਗੁਲਾਬਗੜ੍ਹ ਸਿਟੀ) ਅਤੇ ਵਾਰਡ ਨੰਬਰ 10 (ਗੁਲਾਬਗੜ੍ਹ ਰੋਡ) ਦਾ ਦੌਰਾ ਕਰਕੇ ਇਲਾਕਾ ਵਾਸੀਆਂ ਨਾਲ ਰੂ-ਬ-ਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ, ਸੁਝਾਅ ਅਤੇ ਵਿਕਾਸ ਨਾਲ ਸਬੰਧਤ ਮੁੱਦਿਆਂ ਬਾਰੇ ਵਿਸਥਾਰ ਨਾਲ ਗੱਲਬਾਤ ਕੀਤੀ। ਇਸ ਮੌਕੇ ਵਿਧਾਇਕ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਦਿਆਂ ਹਰ ਵਾਰਡ ਅਤੇ ਹਰ ਇਲਾਕੇ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਨ ਲਈ ਹਰ ਸੰਭਵ ਯਤਨ ਕੀਤੇ ਜਾਣਗੇ ਅਤੇ ਵਿਕਾਸ ਕਾਰਜਾਂ ਵਿੱਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਲੋਕਾਂ ਨਾਲ ਸਿੱਧਾ ਸੰਪਰਕ ਬਣਾਈ ਰੱਖਣਾ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਮੌਕੇ 'ਤੇ ਸੁਣ ਕੇ ਹੱਲ ਕਰਨਾ ਹੀ ਉਨ੍ਹਾਂ ਦੀ ਪਹਿਲ ਹੈ। ਲੋਕਾਂ ਵੱਲੋਂ ਮਿਲ ਰਿਹਾ ਪਿਆਰ, ਭਰੋਸਾ ਅਤੇ ਸਹਿਯੋਗ ਹੀ ਉਨ੍ਹਾਂ ਨੂੰ ਹੋਰ ਸਮਰਪਿਤ ਹੋ ਕੇ ਕੰਮ ਕਰਨ ਲਈ ਪ੍ਰੇਰਿਤ ਕਰਦਾ ਹੈ।ਇਸ ਮੌਕੇ ਵਾਰਡ ਨੰਬਰ 9 ਵਿੱਚ ਵਾਰਡ ਇੰਚਾਰਜ ਨਰਿੰਦਰ ਕੌਰ (ਪਤਨੀ ਮੋਹਨ ਸੈਣੀ), ਕੌਂਸਲਰ ਨਰੇਸ਼ ਉਪਨੇਜਾ ਅਤੇ ਮਾਸਟਰ ਕਰਮ ਚੰਦ ਹਾਜ਼ਰ ਸਨ। ਵਾਰਡ ਨੰਬਰ 05 ਵਿੱਚ ਵਾਰਡ ਇੰਚਾਰਜ ਬਬੀਤਾ (ਪਤਨੀ ਡਿੰਪਲ), ਕੌਂਸਲਰ ਨਰੇਸ਼ ਉਪਨੇਜਾ ਅਤੇ ਮਾਸਟਰ ਕਰਮ ਸਿੰਘ ਮੌਜੂਦ ਰਹੇ। ਇਸੇ ਤਰ੍ਹਾਂ ਵਾਰਡ ਨੰਬਰ 10 ਵਿੱਚ ਵਾਰਡ ਇੰਚਾਰਜ ਅਜੀਤ ਸਿੰਘ ਬਾਜਵਾ, ਕੌਂਸਲਰ ਨਰੇਸ਼ ਉਪਨੇਜਾ ਅਤੇ ਮਾਸਟਰ ਕਰਮ ਸਿੰਘ ਵੀ ਹਾਜ਼ਰ ਸਨ।



# ਗ੍ਰਾਮ ਪੰਚਾਇਤ ਵੱਲੋਂ ਪਿੰਡ ਵਾਸੀਆਂ ਨੂੰ ਰਾਸ਼ਨ ਕਿੱਟਾਂ ਦੀ ਵੰਡ

**ਨੰਗਲ/ਭਲਾਣ ਅਗਸਤ(ਹਰਭਜਨ ਸਿੰਘ ਢਿੱਲੋਂ)**-ਗ੍ਰਾਮ ਪੰਚਾਇਤ ਟੱਪਰੀਆਂ ਵੱਲੋਂ ਪਿੰਡ ਵਾਸੀਆਂ ਨੂੰ ਰਾਸ਼ਨ ਕਿੱਟਾਂ ਦੀ ਵੰਡ ਕੀਤੀ ਗਈ। ਇਸ ਮੌਕੇ ਪਿੰਡ ਦੇ ਲੋੜਵੰਦ ਅਤੇ ਯੋਗ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਪ੍ਰਦਾਨ ਕਰਦਿਆਂ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਰਾਸ਼ਨ ਕਿੱਟਾਂ ਪ੍ਰਾਪਤ ਕਰਨ ਵਾਲੇ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਅਤੇ ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ ਵਿਧਾਇਕ ਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਆਮ ਲੋਕਾਂ ਦੀ ਭਲਾਈ ਅਤੇ ਲੋੜਵੰਦ ਪਰਿਵਾਰਾਂ ਦੀ ਸਹਾਇਤਾ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸ ਮੌਕੇ ਦੀਪਕ ਸੋਨੀ ਜ਼ਿਲ੍ਹਾ ਚੇਅਰਮੈਨ ਅਰੋੜਾ (ਖੱਤਰੀ) ਵੈਲਫੇਅਰ ਬੋਰਡ ਨੇ ਪਿੰਡ ਵਾਸੀਆਂ ਨੂੰ ਪੰਜਾਬ ਸਰਕਾਰ ਦੀਆਂ ਵੱਖ-ਵੱਖ ਭਲਾਈ ਸਕੀਮਾਂ ਬਾਰੇ ਜਾਣੂ ਕਰਵਾਇਆ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨਵੇਂ ਰਾਸ਼ਨ ਕਾਰਡ ਬਣਾਉਣ ਦੀ ਪ੍ਰਕਿਰਿਆ ਜਾਰੀ ਹੈ। ਜਿਨ੍ਹਾਂ ਯੋਗ ਪਰਿਵਾਰਾਂ ਦੇ ਅਜੇ ਤੱਕ ਰਾਸ਼ਨ ਕਾਰਡ ਨਹੀਂ ਬਣੇ ਜਾਂ ਜਿਨ੍ਹਾਂ ਨੂੰ ਆਪਣੇ ਰਾਸ਼ਨ ਕਾਰਡ ਵਿੱਚ ਨਵੇਂ ਪਰਿਵਾਰਕ ਮੈਂਬਰਾਂ ਦੇ ਨਾਮ ਦਰਜ ਕਰਵਾਉਣੇ ਹਨ, ਉਹ ਸਬੰਧਤ ਵਿਭਾਗ ਨਾਲ ਸੰਪਰਕ ਕਰਕੇ ਇਹ ਪ੍ਰਕਿਰਿਆ ਪੂਰੀ ਕਰਵਾ ਸਕਦੇ ਹਨ। ਉਨ੍ਹਾਂ ਲੋਕਾਂ ਨੂੰ ਸਰਕਾਰੀ ਯੋਜਨਾਵਾਂ ਦਾ ਲਾਭ ਲੈਣ ਲਈ ਲੋੜੀਂਦੇ ਦਸਤਾਵੇਜ਼ ਸਮੇਂ ਸਿਰ ਜਮ੍ਹਾਂ ਕਰਵਾਉਣ ਦੀ ਅਪੀਲ ਵੀ ਕੀਤੀ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਮਹਿਲਾਵਾਂ ਦੀ ਭਲਾਈ ਅਤੇ ਸਨਮਾਨ ਲਈ ਵੀ ਕਈ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ। ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਯੋਗ ਲਾਭਪਾਤਰੀਆਂ ਨੂੰ ਲਾਭ ਮਿਲ ਰਿਹਾ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਸਬੰਧੀ ਸਹੀ ਜਾਣਕਾਰੀ ਹਾਸਲ ਕਰਨ ਅਤੇ ਯੋਗ ਹੋਣ ਦੀ ਸੂਰਤ ਵਿੱਚ ਇਨ੍ਹਾਂ ਯੋਜਨਾਵਾਂ ਦਾ ਲਾਭ ਜ਼ਰੂਰ ਲੈਣ। ਰਾਸ਼ਨ ਕਿੱਟਾਂ ਦੀ ਵੰਡ ਮੌਕੇ ਸਰਪੰਚ ਨੀਲਮ ਰਾਣੀ ਨੇ ਕਿਹਾ ਕਿ ਗ੍ਰਾਮ ਪੰਚਾਇਤ ਵੱਲੋਂ ਪਿੰਡ ਦੇ ਵਿਕਾਸ ਅਤੇ ਲੋਕਾਂ ਦੀ ਭਲਾਈ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ।ਇਸ ਮੌਕੇ ਹਲਕਾ ਖੱਤਰੀ ਵੈਲਫੇਅਰ ਬੋਰਡ ਦੇ ਚੇਅਰਮੈਨ ਰਾਹੁਲ ਸੋਨੀ ਪੰਚ ਲੀਲਾ ਦੇਵੀ, ਰਾਕੇਸ਼ ਕੁਮਾਰ ਗੋਗੀ, ਬਲਵੀਰ ਸਿੰਘ, ਪਿਆਰਾ ਸਿੰਘ, ਬੁੱਧ ਰਾਜ, ਡਿਪੂ ਹੋਲਡਰ ਸੰਜੀਵ ਕੁਮਾਰ, ਕੁਲਵਿੰਦਰ, ਨਿਰਮਲਾ ਦੇਵੀ, ਸੀਲਾ ਦੇਵੀ ਤੇ ਵੱਡੀ ਗਿਣਤੀ ਵਿੱਚ ਪਿੰਡ ਹਾਜ਼ਰ ਸਨ ।



# ਕੈਬਨਿਟ ਮੰਤਰੀ ਵੱਲੋਂ ਦਿਓਲ ਨਗਰ ਵਿਖੇ ਸੜਕਾਂ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਇਕਬਾਲ ਉੱਭ)**-ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਸਥਾਨਕ ਦਿਓਲ ਨਗਰ ਵਿਖੇ 38 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਸੜਕਾਂ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਉਂਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਉੱਚ ਦਰਜੇ ਦੀਆਂ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ 'ਤੇ ਜ਼ੋਰ ਦਿੱਤਾ ਜਾ ਰਿਹਾ ਹੈ। ਕੈਬਨਿਟ ਮੰਤਰੀ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਸੜਕੀ ਪ੍ਰਾਜੈਕਟ ਦੇ ਮੁਕੰਮਲ ਹੋਣ ਨਾਲ ਇਲਾਕੇ ਦੇ ਲੋਕਾਂ ਨੂੰ ਬਿਹਤਰ ਆਵਾਜਾਈ ਸਹੂਲਤਾਂ ਮਿਲਣਗੀਆਂ ਅਤੇ ਰੋਜ਼ਾਨਾ ਆਉਣ-ਜਾਣ ਵਾਲੇ ਲੋਕਾਂ ਨੂੰ ਵੀ ਸੌਖ ਹੋਵੇਗੀ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਗੁਣਵੱਤਾ ਦਾ ਪੂਰਾ ਧਿਆਨ ਰੱਖਦਿਆਂ ਨਿਰਮਾਣ ਕਾਰਜਾਂ ਨੂੰ ਨਿਰਧਾਰਤ ਸਮੇਂ ਦੇ ਅੰਦਰ ਮੁਕੰਮਲ ਕੀਤਾ ਜਾਵੇ। ਇਸ ਮੌਕੇ ਪੰਜਾਬ ਗਊ ਸੇਵਾ ਕਮਿਸ਼ਨ ਦੇ ਵਾਈਸ ਚੇਅਰਮੈਨ ਕੀਮਤੀ ਭਗਤ ਵੀ ਮੌਜੂਦ ਸਨ। ਭਗਤ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਬਿਨਾਂ ਕਿਸੇ ਪੱਖਪਾਤ ਦੇ ਜੰਗੀ ਪੱਧਰ 'ਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬਿਹਤਰ ਨਾਗਰਿਕ ਸੇਵਾਵਾਂ ਮੁਹੱਈਆ ਕਰਵਾਉਣਾ ਰਾਜ ਸਰਕਾਰ ਦੀ ਪਹਿਲੀ ਤਰਜੀਹ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਘਾਟ ਨਹੀਂ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਵੀ ਵਿਕਾਸ ਕੰਮ ਇਸੇ ਤਰ੍ਹਾਂ ਜਾਰੀ ਰਹਿਣਗੇ। ਇਲਾਕੇ ਦੇ ਲੋਕਾਂ ਨੇ ਕੈਬਨਿਟ ਮੰਤਰੀ ਦਾ ਸੜਕੀ ਪ੍ਰਾਜੈਕਟ ਲਈ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਇਸ ਉਪਰਾਲੇ ਸਦਕਾ ਸਥਾਨਕ ਲੋਕਾਂ ਲਈ ਆਵਾਜਾਈ ਸੁਖਾਲੀ ਹੋ ਜਾਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਇਲਾਕੇ ਦੇ ਵੱਡੀ ਗਿਣਤੀ ਲੋਕ ਵੀ ਮੌਜੂਦ ਸਨ।



# ਅਕਾਲੀ ਦਲ ਵਾਰਿਸ ਪੰਜਾਬ ਦੇ ਦਫ਼ਤਰ ਦਾ ਉਦਘਾਟਨ

**ਹੁਸ਼ਿਆਰਪੁਰ/ਟਾਂਡਾ ਉੜਮੁੜ (ਬਲਵੀਰ ਸਿੰਘ ਸੈਣੀ, ਮਿਥਲੇਸ਼ ਗਰਗ, ਜਸਵਿੰਦਰ ਸੰਧੂ)**-ਜ਼ਿਲ੍ਹਾ ਹੁਸ਼ਿਆਰਪੁਰ ਦੇ ਹਲਕਾ ਟਾਂਡਾ ਉੜਮੁੜ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਦਫ਼ਤਰ ਦਾ ਉਦਘਾਟਨ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਬਾਪੂ ਤਰਸੇਮ ਸਿੰਘ ਖਾਲਸਾ, ਦੁਆਬਾ ਜ਼ੋਨ ਇੰਚਾਰਜ ਸਰਦਾਰ ਪਰਮਜੀਤ ਸਿੰਘ ਜੌਹਲ ਅਤੇ ਪੰਜਾਬ ਯੂਥ ਪ੍ਰਧਾਨ ਸੁਖਦੇਵ ਸਿੰਘ ਕਾਦੀਆਂ ਵੱਲੋਂ ਕੀਤਾ ਗਿਆ। ਇਸ ਮੌਕੇ ਰੈਲੀ ਨੁਮਾ ਮੀਟਿੰਗ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਵਾਰਸ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਬਾਪੂ ਤਰਸੇਮ ਸਿੰਘ, ਦੋਆਬਾ ਇੰਚਾਰਜ ਪਰਮਜੀਤ ਸਿੰਘ ਜੌਹਲ, ਜਸਕਰਨ ਸਿੰਘ ਕਾਹਨ ਸਿੰਘ ਵਾਲਾ ਸੂਬਾ ਕਮੇਟੀ ਮੈਂਬਰ, ਪੰਜ ਮੈਂਬਰੀ ਕਮੇਟੀ ਪ੍ਰਧਾਨ ਅਮਰਜੀਤ ਸਿੰਘ ਵੰਨਚਿੜੀ, ਪੰਜਾਬ ਪ੍ਰਧਾਨ ਸੁਖਦੇਵ ਸਿੰਘ ਕਾਦੀਆਂ ਪਹੁੰਚੇ ਅਤੇ ਕਾਰਜਕਾਰੀ ਪ੍ਰਧਾਨ ਬਾਪੂ ਤਰਸੇਮ ਸਿੰਘ ਨੇ ਆਪਣੇ ਕਰ ਕਮਲਾਂ ਨਾਲ ਦਫਤਰ ਦਾ ਉਦਘਾਟਨ ਕੀਤਾ। ਇਸ ਮੌਕੇ ਵੱਖ-ਵੱਖ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਲੋਕ ਸ਼ਾਮਲ ਹੋਏ ਅਤੇ ਖਾਸ ਕਰਕੇ ਇਸ ਸਮਾਗਮ ਵਿੱਚ ਬਜ਼ੁਰਗਾਂ, ਨੌਜਵਾਨਾਂ ਅਤੇ ਮਾਵਾਂ-ਭੈਣਾਂ ਦੀ ਭਰਵੀਂ ਹਾਜ਼ਰੀ ਦੇਖਣ ਨੂੰ ਮਿਲੀ। ਪਾਰਟੀ ਦੇ ਪ੍ਰਮੁੱਖ ਆਗੂਆਂ ਨੇ ਆਪਣੇ ਸੰਬੋਧਨ ਦੌਰਾਨ ਪਾਰਟੀ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੰਦਿਆਂ ਪੰਜਾਬ ਦੇ ਮੌਜੂਦਾ ਹਾਲਾਤ ਅਤੇ ਭਵਿੱਖੀ ਯੋਜਨਾਵਾਂ ਬਾਰੇ ਵਿਸਥਾਰ ਨਾਲ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਪਾਰਟੀ ਦੇ ਪ੍ਰਮੁੱਖ ਏਜੰਡੇ ਉੱਪਰ ਪਹਿਲ ਦੇ ਆਧਾਰ ਤੇ ਬੰਦੀ ਸਿੰਘਾਂ ਨੂੰ ਰਿਹਾ ਕਰਵਾਉਣਾ,ਪਹਿਲ ਦੇ ਅਧਾਰ ਤੇ ਪਾਰਟੀ ਦਾ ਮੁੱਖ ਮੁੱਦਾ ਪੰਜਾਬ ਨੂੰ ਨਸ਼ਾ ਮੁਕਤ ਕਰਕੇ ਭਟਕੇ ਨੌਜਵਾਨਾਂ ਨੂੰ ਲੀਹਾਂ ਤੇ ਲਿਹਾ ਕੇ ਪੰਜਾਬੀ ਸੱਭਿਆਚਾਰ ਜੋੜਨਾ ਅਤੇ ਬੇਰੋਜ਼ਗਾਰੀ ਦਾ ਹੱਲ ਕਰਨਾ ਦੱਸਿਆ । ਉਨ੍ਹਾਂ ਨੇ ਹਾਜ਼ਰ ਸੰਗਤ ਨੂੰ ਪਾਰਟੀ ਦੀ ਵਿਚਾਰਧਾਰਾ ਅਤੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਇਕਜੁੱਟ ਹੋ ਕੇ ਕੰਮ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਬੁਲਾਰਿਆਂ ਨੇ ਕਿਹਾ ਕਿ ਉਹਨਾਂ ਨੂੰ ਭਰੋਸਾ ਹੈ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪਾਰਟੀ ਮਜ਼ਬੂਤੀ ਨਾਲ ਚੋਣ ਮੈਦਾਨ ਵਿੱਚ ਉਤਰੇਗੀ।ਸਮਾਗਮ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਬਾਪੂ ਤਰਸੇਮ ਸਿੰਘ, ਪੰਜ ਮੈਂਬਰੀ ਕਮੇਟੀ ਪੰਜਾਬ ਦੇ ਅਮਰਜੀਤ ਸਿੰਘ ਵੰਨਚੀੜੀ, ਦੋਆਬਾ ਇੰਚਾਰਜ ਪਰਮਜੀਤ ਸਿੰਘ ਜੌਹਲ, ਯੂਥ ਪ੍ਰਧਾਨ ਪੰਜਾਬ ਸੁਖਦੇਵ ਕਾਦੀਆਂ, ਆਈ ਟੀ ਸੈੱਲ ਇੰਚਾਰਜ ਹੁਸ਼ਿਆਰਪੁਰ ਗੁਰਜੀਤ ਸਿੰਘ, ਯੂਥ ਪ੍ਰਧਾਨ ਹੁਸ਼ਿਆਰਪੁਰ ਸੁਖਵਿੰਦਰ ਸਿੰਘ ਨੂਰਾ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਮਨਜਿੰਦਰ ਰੜਾ, ਮੀਤ ਪ੍ਰਧਾਨ ਮਨਦੀਪ ਤਗੜ, ਸਰਕਲ ਦਸੂਹਾ ਪ੍ਰਧਾਨ ਅਮਰੀਕ ਜਲੋਟਾ, ਸਰਕਲ ਕੰਧਾਲਾ ਜੱਟਾਂ ਪ੍ਰਧਾਨ ਜਸਵਿੰਦਰ ਚੌਹਾਨ, ਸਰਕਲ ਗੜਦੀਵਾਲਾ ਪ੍ਰਧਾਨ ਮਨਿੰਦਰ ਰੂਪੋਵਾਲ, ਬੀਬੀ ਰਣਜੀਤ ਕੌਰ, ਜਸਦੀਪ ਕੌਰ, ਸਿਮਰ ਰਾਣੀ, ਸੁਨੀਤਾ, ਲਵਪ੍ਰੀਤ ਕੌਰ, ਗੁਰਿੰਦਰ ਕੌਰ, ਸਿਮਰਨਜੀਤ ਕੌਰ, ਬਲਜੀਤ ਕੌਰ, ਅਮਨਦੀਪ ਕੌਰ, ਨਿਰਮਲ ਸਿੰਘ, ਗੁਰਪ੍ਰੀਤ ਟਾਂਡਾ, ਬਿਕਰਮ ਟਾਂਡਾ, ਸਰਬਜੀਤ ਟਾਂਡਾ, ਜਸਵੀਰ ਟਾਂਡਾ ਅਤੇ ਮਨਪ੍ਰੀਤ ਟਾਂਡਾ, ਸੁਰਤੀ ਰਾਮ, ਮਹਿੰਦਰ ਮੁਕੇਰੀਆ, ਰੂਮੀ ਹਾਜੀਪੁਰ, ਦਵਿੰਦਰ ਸਿੰਘ ਸਮੇਤ ਇਲਾਕੇ ਦੀਆਂ ਹੋਰ ਪ੍ਰਮੁੱਖ ਸ਼ਖਸੀਅਤਾਂ ਵੀ ਹਾਜ਼ਰ ਸਨ।



# ਡਰਾਈ ਫ੍ਰਾਈਡੇ ਹਰ ਸ਼ੁੱਕਰਵਾਰ ਮਨਾਇਆ ਜਾ ਰਿਹੈ : ਡਾ. ਹਰਪ੍ਰੀਤ



**ਟਾਂਡਾ ਉੜਮੁੜ (ਜਸਵਿੰਦਰ ਸੰਧੂ ਪੰਡਿਤ ਮਿਥਲੇਸ਼)**- ਸਿਵਲ ਸਰਜਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਿਹਤ ਵਿਭਾਗ ਵੱਲੋਂ ਡੇਂਗੂ ਦੀ ਰੋਕਥਾਮ ਲਈ ਹਰ ਸ਼ੁੱਕਰਵਾਰ ਡਰਾਈ ਫ੍ਰਾਈਡੇ ਮਨਾਇਆ ਜਾ ਰਿਹਾ ਹੈ। ਇਸ ਤਹਿਤ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਆਪਣੇ-ਆਪਣੇ ਖੇਤਰਾਂ ਵਿੱਚ ਘਰਾਂ, ਸਕੂਲਾਂ, ਸਰਕਾਰੀ ਦਫ਼ਤਰਾਂ ਅਤੇ ਹੋਰ ਜਨਤਕ ਥਾਵਾਂ ਦਾ ਦੌਰਾ ਕਰਕੇ ਪਾਣੀ ਖੜ੍ਹਾ ਹੋਣ ਵਾਲੀਆਂ ਥਾਵਾਂ ਦੀ ਜਾਂਚ ਕੀਤੀ ਗਈ ਅਤੇ ਲੋਕਾਂ ਨੂੰ ਡੇਂਗੂ ਤੋਂ ਬਚਾਅ ਲਈ ਜਾਗਰੂਕ ਕੀਤਾ ਗਿਆ। ਇਸ ਮੌਕੇ ਡਾ. ਹਰਪ੍ਰੀਤ ਨੇ ਕਿਹਾ ਕਿ ਡੇਂਗੂ ਦਾ ਮੱਛਰ ਸਾਫ਼ ਅਤੇ ਖੜ੍ਹੇ ਪਾਣੀ ਵਿੱਚ ਪੈਦਾ ਹੁੰਦਾ ਹੈ। ਇਸ ਲਈ ਹਰ ਹਫ਼ਤੇ ਘਰਾਂ ਵਿੱਚ ਪਾਣੀ ਵਾਲੇ ਬਰਤਨਾਂ, ਕੂਲਰਾਂ, ਗਮਲਿਆਂ, ਫਰਿੱਜ ਦੀਆਂ ਟ੍ਰੇਆਂ, ਪੁਰਾਣੇ ਟਾਇਰਾਂ ਅਤੇ ਹੋਰ ਪਾਣੀ ਇਕੱਠਾ ਕਰਨ ਵਾਲੀਆਂ ਵਸਤਾਂ ਨੂੰ ਖਾਲੀ ਕਰਕੇ ਸਾਫ਼ ਕਰਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਡੇਂਗੂ ਦੀ ਰੋਕਥਾਮ ਲਈ ਸਿਹਤ ਵਿਭਾਗ ਦਾ ਸਹਿਯੋਗ ਕਰਨ ਅਤੇ ਆਪਣੇ ਆਲੇ-ਦੁਆਲੇ ਸਫ਼ਾਈ ਬਣਾਈ ਰੱਖਣ।

# ਟੀਚਰਾਂ ਨਾਲ ਕੀਤਾ ਵਾਅਦਾ ਸਰਕਾਰ ਪੂਰਾ ਕਰੇ : ਪ੍ਰਵੀਨ ਬੰਗਾ



**ਬੰਗਾ (ਅਵਤਾਰ ਕਲੇਰ)**-ਬੰਗਾ ਹਲਕੇ ਦੇ ਪਿੰਡ ਜੰਡਿਆਲਾ ਵਿਖੇ 1500 ਤੋਂ ਵੱਧ ਵਿਦਿਆਰਥੀਆਂ ਨੂੰ ਸਿਖਿਆ ਦੇਣ ਵਾਲਾ ਆਦਰਸ਼ ਸਕੂਲ ਦੇ ਅਧਿਆਪਕਾਂ ਅਤੇ ਹੋਰ ਮੁਲਾਜ਼ਮਾਂ ਦਾ ਸੰਘਰਸ਼ ਹੋਇਆ ਤਿੱਖਾ। ਅਣਮਿੱਥੇ ਧਰਨੇ ਵਿੱਚ ਬਸਪਾ ਪੰਜਾਬ ਦੇ ਸੂਬਾਈ ਜਨਰਲ ਸਕੱਤਰ ਪ੍ਰਵੀਨ ਬੰਗਾ ਇੰਚਾਰਜ ਲੋਕ ਸਭਾ ਹਲਕਾ ਸ੍ਰੀ ਆਨੰਦਪੁਰ ਸਾਹਿਬ ਨੇ ਪਹੁੰਚ ਕੇ ਉਨ੍ਹਾਂ ਨਾਲ ਗਲਬਾਤ ਕੀਤੀ। ਟੀਚਰਾਂ ਨੇ ਦੱਸਿਆ ਬਹੁਤ ਘੱਟ ਤਨਖਾਹਾਂ ਤੇ ਅਸੀਂ ਬੱਚਿਆਂ ਨੂੰ ਪੜ੍ਹਾ ਰਹੇ ਹਾਂ। ਸੰਘਰਸ਼ ਕਰ ਰਹੀਆਂ ਭੈਣਾ, ਭਰਾਵਾਂ ਤੇ ਧੀਆਂ ਦੇ ਸੰਘਰਸ਼ ਦਾ ਬਸਪਾ ਦੀ ਪੰਜਾਬ ਸੰਭਾਲੋ ਮੁਹਿੰਮ ਵਲੋਂ ਸਮਰਥਨ ਕੀਤਾ। ਇਸ ਤਰਾਂ ਦੇ ਪੰਜਾਬ ਵਿੱਚ 22 ਆਦਰਸ਼ ਸਕੂਲਾਂ ਦੇ ਟੀਚਰਾਂ ਦੇ ਗੰਭੀਰ ਮਸਲੇ ਨੂੰ ਡਾ. ਨਛੱਤਰ ਪਾਲ ਵਿਧਾਇਕ ਹਲਕਾ ਨਵਾਂ ਸ਼ਹਿਰ ਰਾਹੀਂ ਵਿਧਾਨ ਸਭਾ ਤੱਕ ਪਹੁਚਾਉਣ ਦਾ ਭਰੋਸਾ ਦਿੱਤਾ।ਬਲਾਚੌਰ ਹਲਕੇ ਦੇ ਆਦਰਸ਼ ਸਕੂਲ ਦੇ ਸਟਾਫ ਨੂੰ ਹਕੀ ਮੰਗਾਂ ਲਈ ਧਰਨਾ ਪ੍ਰਦਰਸ਼ਨ ਕਰਨ ਦੇ ਖਿਲਾਫ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ। ਬਸਪਾ ਆਗੂ ਪ੍ਰਵੀਨ ਬੰਗਾ ਨੇ ਆਖਿਆ ਕਿ ਸੰਘਰਸ਼ ਕਰ ਰਹੇ ਅਧਿਆਪਕਾਂ ਦਾ ਸਹਿਯੋਗ ਕਰਨਾ ਚਾਹੀਦਾ ਹੈ। ਬਸਪਾ ਪੰਜਾਬ ਵਲੋਂ ਮੁਲਾਜ਼ਮਾਂ ਦੇ ਅੰਦੋਲਨ ਦਾ ਦ੍ਰਿੜ੍ਹਤਾ ਨਾਲ ਸਹਿਯੋਗ ਕਰਨ ਦਾ ਵਿਸ਼ਵਾਸ ਦਿਵਾਇਆ।

# ਤੀਆਂ ਦਾ ਤਿਉਹਾਰ ਮਨਾਇਆ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**-ਮਹੰਤ ਲਾਲ ਸਿੰਘ ਮਾਡਲ ਹਾਈ ਸਕੂਲ ਖੁੱਡਾ ਵਿਖੇ ਸਾਉਣ ਮਹੀਨੇ ਦਾ ਪ੍ਰਮੁੱਖ ਤੀਆਂ ਦਾ ਤਿਉਹਾਰ ਮਨਾਇਆ ਗਿਆ।ਪ੍ਰਿੰਸੀਪਲ ਰਾਜਵਿੰਦਰ ਕੌਰ ਦੀ ਦੇਖ ਰੇਖ ਹੇਠ ਮਨਾਏ ਗਏ ਇਸ ਤੀਆਂ ਦੇ ਪ੍ਰੋਗਰਾਮ ਵਿੱਚ ਸਕੂਲ ਦੇ ਸਮੂਹ ਸਟਾਫ ਮੈਂਬਰਾਂ ਤੇ ਵੱਖ-ਵੱਖ ਕਲਾਸਾਂ ਦੀਆਂ ਵਿਦਿਆਰਥਣਾਂ ਨੇ ਬੜੇ ਹੀ ਉਤਸਾਹ ਨਾਲ ਭਾਗ ਲਿਆ।ਇਸ ਸਮੇਂ ਪੰਜਾਬੀ ਪਹਿਰਾਵੇ ਵਿੱਚ ਸਕੂਲ ਦੀਆਂ ਵਿਦਿਆਰਥਣਾਂ ਨੇ ਗਿੱਧਾ ਅਤੇ ਪੰਜਾਬੀ ਸੱਭਿਆਚਾਰ ਪ੍ਰੋਗਰਾਮ ਪੇਸ਼ ਕਰਦੇ ਹੋਏ ਅਮੀਰ ਪੰਜਾਬੀ ਸੱਭਿਆਚਾਰ ਦੀ ਝਲਕ ਪੇਸ਼ ਕੀਤੀ।ਇਸ ਮੌਕੇ ਸੰਬੋਧਨ ਕਰਦੇ ਹੋਏ ਪ੍ਰਿੰਸੀਪਲ ਰਾਜਵਿੰਦਰ ਕੌਰ ਅਤੇ ਵਾਈਸ ਪ੍ਰਿੰਸੀਪਲ ਸਤਵਿੰਦਰ ਕੌਰ ਨੇ ਸਕੂਲ ਦੇ ਸਮੂਹ ਸਟਾਫ ਮੈਂਬਰਾਂ ਅਤੇ ਵਿਦਿਆਰਥਣਾ ਨੂੰ ਤੀਆਂ ਦੇ ਤਿਉਹਾਰ ਦੀ ਮੁਬਾਰਕਬਾਦ ਦਿੰਦੇ ਹੋਏ ਇਸ ਦੇ ਪਿਛੋਕੜ ਤੋਂ ਜਾਣੂ ਕਰਵਾਇਆ।ਸੱਭਿਆਚਾਰਕ ਪ੍ਰੋਗਰਾਮ ਦੌਰਾਨ ਸਾਉਣ ਮਹੀਨੇ ਵਿੱਚ ਬਣਾਏ ਜਾਣ ਵਾਲੇ ਪਕਵਾਨ ਵੀ ਤਿਆਰ ਕੀਤੇ ਗਏ। ਇਸ ਮੌਕੇ ਵਿਦਿਆਰਥ ਦੇ ਇਸ ਚੀਜ਼ ਦਾ ਮੁਕਾਬਲਾ ਵੀ ਕਰਵਾਇਆ ਗਿਆ ਜਿਸ ਦੌਰਾਨ ਜੇਤੂ ਰਹੀਆਂ ਵਿਦਿਆਰਥਣਾਂ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਦਵਿੰਦਰ ਕੌਰ, ਜਸਵੀਰ ਕੌਰ, ਗੁਰਵਿੰਦਰ ਕੌਰ, ਕਮਲਜੀਤ ਕੌਰ, ਰਜਿੰਦਰ ਕੌਰ ਖੁੱਡਾ, ਰੀਨਾ, ਰਜਿੰਦਰ ਕੌਰ ਜੱਕੋਵਾਲ, ਹਰਜਿੰਦਰ ਕੌਰ ਰੱਲਣ, ਰਜਿੰਦਰ ਕੌਰ, ਹਰਪ੍ਰੀਤ ਕੌਰ, ਪਰਮਜੀਤ ਕੌਰ ਜਸਵੀਰ ਕੌਰ ਖੁੱਡਾ ਵੀ ਹਾਜ਼ਰ ਸਨ।

# 7 ਦੀ ਰੈਲੀ ਦੇ ਸੰਬੰਧ 'ਚ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਦੀ ਮੀਟਿੰਗ

**ਮਾਹਿਲਪੁਰ (ਸ਼ਫ਼ਰੀ)**-ਸਰਕਾਰ ਦੀ ਟਾਲਮਟੋਲ ਦੀ ਨੀਤੀ ਤੋਂ ਤੰਗ ਆ ਕੇ ਪੈਨਸ਼ਨਰ ਅਤੇ ਮੁਲਾਜਮ ਸਾਂਝਾ ਫਰੰਟ ਪੰਜਾਬ ਵਲੋਂ 7 ਅਗਸਤ ਦੀ ਚੰਡੀਗੜ੍ਹ ਵਿਖੇ ਹੋ ਰਹੀ ਮਹਾਂਰੈਲੀ ਨੂੰ ਸਫਲ ਬਣਾਉਣ ਲਈ ਪੰਜਾਬ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਮਾਹਿਲਪੁਰ ਵੱਲੋਂ ਇੱਕ ਅਹਿਮ ਮੀਟਿੰਗ ਮੱਖਣ ਸਿੰਘ ਲੰਗੇਰੀ, ਮਲਕੀਤ ਸਿੰਘ ਬਾਹੋਵਾਲ, ਪ੍ਰਿੰਸੀਪਲ ਸੁਰਜੀਤ ਸਿੰਘ ਅਤੇ ਟਹਿਲ ਸਿੰਘ ਦੀ ਅਗਵਾਈ ਵਿੱਚ ਮਾਹਿਲਪੁਰ ਵਿਖੇ ਹੋਈ।ਇਸ ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਪੈਨਸ਼ਨਰਾਂ ਨੇ ਭਾਗ ਲਿਆ।ਇਸ ਮੀਟਿੰਗ ਵਿੱਚ ਸ਼ਾਮ ਸੁੰਦਰ ਕਪੂਰ ਨੇ ਵਿਸ਼ੇਸ਼ ਰੂਪ ਵਿੱਚ ਸ਼ਿਰਕਤ ਕੀਤੀ।ਆਗੂਆਂ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਦੀ ਮਿਆਦ ਪੂਰੀ ਹੋਣ ਵਿੱਚ ਕੁੱਝ ਕੁ ਮਹੀਨੇ ਬਾਕੀ ਰਹਿੰਦੇ ਹਨ ਪ੍ਰੰਤੂ ਮੁਲਾਜਮ ਅਤੇ ਪੈਨਸ਼ਨਰ ਸੜਕਾਂ ਉੱਪਰ ਸੰਘਰਸ਼ ਕਰ ਰਹੇ।ਆਗੂਆਂ ਨੇ ਕਿਹਾ ਕਿ ਫਰੰਟ ਦੀਆਂ ਮੁੱਖ ਮੰਗਾਂ ਜਿਸ ਵਿੱਚ ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫਾਰਸ਼ਾਂ ਅਨੁਸਾਰ ਪੈਨਸ਼ਨ ਸੋਧ ਦਾ 2.59 ਗੁਣਾਂਕ ਅਤੇ ਨੋਸ਼ਨਲ ਫਿਕਸੇਸ਼ਨ ਦੀ ਮੰਗ ਪੂਰਤੀ ਕੀਤੀ ਜਾਵੇ, ਮਿਤੀ 28 ਨਵੰਬਰ 2025 ਦਾ ਪੈਨਸ਼ਨ ਸੋਧ ਦਾ ਨੋਟੀਫਿਕੇਸ਼ਨ ਤੁਰੰਤ ਪ੍ਰਭਾਵ ਤੋਂ ਵਾਪਸ ਲਿਆ ਜਾਵੇ, 1 ਜਨਵਰੀ 16 ਤੋਂ 30 ਜੂਨ 21 ਤੱਕ ਦੇ ਪੇਅ ਕਮਿਸ਼ਨ ਅਤੇ ਮਹਿੰਗਾਈ ਭੱਤੇ ਦੇ ਬਕਾਏ ਯਕਮੁਸ਼ਤ ਦਿੱਤੇ ਜਾਣ, ਪੁਰਾਣੀ ਪੈਨਸ਼ਨ ਬਹਾਲ ਕਰਨ, ਹਰ ਪ੍ਰਕਾਰ ਦੇ ਕੱਚੇ ਮੁਲਾਜਮ ਪੱਕੇ ਕਰਨ, ਬੱਝਵਾ ਮੈਡੀਕਲ ਭੱਤਾ 2000 ਰੁਪਏ, ਅਰਧ ਸਰਕਾਰੀ ਅਦਾਰਿਆਂ ਦੇ ਉਪਰੋਕਤ ਬਕਾਏ ਨਿਯਮਿਤ ਰੂਪ ਵਿੱਚ ਦਿੱਤੇ ਜਾਣ, ਰਹਿੰਦੀ ਰਿਵਾਈਜ਼ਡ ਲੀਵ ਇਨਕੈਸ਼ਮੈਂਟ ਯਕਮੁਸ਼ਤ ਦੇਣ ਆਦਿ ਮੁੱਖ ਮੰਗਾਂ ਸਬੰਧੀ 7 ਅਗਸਤ ਚੰਡੀਗੜ੍ਹ ਵਿਖੇ ਮਹਾਂਰੈਲੀ ਵਿੱਚ ਮਾਹਿਲਪੁਰ ਤੋਂ ਵੱਡੀ ਗਿਣਤੀ ਵਿੱਚ ਪੈਨਸ਼ਨਰ ਸ਼ਾਮਿਲ ਹੋਣਗੇ।ਇਸ ਮੌਕੇ ਤਰਸੇਮ ਲਾਲ ਬੰਗਾ, ਸ਼ਿੰਦਰ ਪਾਲ, ਵਰਿੰਦਰ ਸ਼ਰਮਾ, ਰਾਮ ਆਸਰਾ, ਬਲਦੇਵ ਸਿੰਘ, ਗਿਆਨ ਚੰਦ, ਬਲਵੀਰ ਚੰਦ ਵਰਮਾ, ਸੋਹਣ ਲਾਲ, ਸਤਨਾਮ ਸਿੰਘ, ਜਸਵੰਤ ਸਿੰਘ, ਗੁਰਦੇਵ ਚੰਦ, ਮੋਹਨ ਲਾਲ, ਕਸ਼ਮੀਰੀ ਲਾਲ, ਜਰਨੈਲ ਸਿੰਘ, ਸੋਹਣ ਸਿੰਘ ਆਦਿ ਹਾਜ਼ਰ ਸਨ।



# ਧਾਰਮਿਕ ਸਮਾਗਮ ਦੀਆਂ ਤਿਆਰੀਆਂ ਆਰੰਭ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**-ਡੇਰਾ 108 ਸੰਤ ਬਾਬਾ ਹੰਸ ਰਾਜ ਮਹਾਰਾਜ ਜੀ ਰਜਿ. ਸ੍ਰੀ ਗੁਰੂ ਰਵਿਦਾਸ ਤੀਰਥ ਅਸਥਾਨ ਸੱਚਖੰਡ ਪੰਡਵਾਂ ਵਿਖੇ 57ਵੇਂ ਬਰਸੀ ਸਮਾਗਮ 108 ਸੰਤ ਬਾਬਾ ਹੰਸਰਾਜ ਮਹਾਰਾਜ ਜੀ ਅਤੇ 23ਵੇਂ ਸਥਾਪਨਾ ਦਿਵਸ ਸਰੋਵਰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਸਬੰਧ ਵਿੱਚ ਧਾਰਮਿਕ ਸਮਾਗਮ 23 ਅਗਸਤ ਦਿਨ ਜੇਠਾ ਐਤਵਾਰ (7 ਭਾਦੋਂ ) ਨੂੰ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਇਸ ਅਸਥਾਨ ਦੇ ਗੱਦੀ ਨਸ਼ੀਨ ਸੰਤ ਮਹਿੰਦਰ ਪਾਲ, ਸੰਤ ਬਿਮਲਾ ਰਾਣੀ, ਸੰਤ ਜਸਵਿੰਦਰ ਪਾਲ ਤੇ ਸੰਤ ਮੋਹਨ ਪਾਲ ਅਮਰੀਕਾ ਨਿਵਾਸੀ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਸਮਾਗਮ ਨੂੰ ਮੁੱਖ ਰੱਖਦਿਆਂ ਸ੍ਰੀ ਅਖੰਡ ਪਾਠਾਂ ਦੀ ਲੜੀ ਦੇ ਜਾਪ 19 ਅਗਸਤ ਦਿਨ ਬੁੱਧਵਾਰ ਤੋਂ 23 ਅਗਸਤ ਦਿਨ ਜੇਠੇ ਐਤਵਾਰ ਤੱਕ ਚੱਲਣਗੇ। 22 ਅਗਸਤ ਦਿਨ ਸ਼ਨੀਵਾਰ ਨੂੰ 108 ਸੰਤ ਬਾਬਾ ਹੰਸ ਰਾਜ ਮਹਾਰਾਜ ਜੀ ਦੇ ਪੂਜਯ ਪਿਤਾ ਪ੍ਰੀਤਮ ਦਾਸ ਜੀ ਦੇ 13ਵੇਂ ਬਰਸੀ ਸਮਾਗਮ ਅਤੇ ਪੂਜਯ ਮਾਤਾ ਦਲੀਪ ਕੌਰ ਜੀ ਦੇ 10ਵੇਂ ਬਰਸੀ ਸਮਾਗਮ ਦੇ ਸੰਬੰਧ ਵਿੱਚ ਅੰਗੀਠਾ ਸਾਹਿਬ ਤੇ ਚਾਦਰ ਦੀ ਰਸਮ ਕੀਤੀ ਜਾਵੇਗੀ। ਲੁਕਣ ਮਚਾਈ ਅਸਥਾਨ ਵਿਖੇ ਨਿਸ਼ਾਨ ਸਾਹਿਬ ਨੂੰ ਚੋਲਾ ਪਹਿਨਾਉਣ ਦੀ ਰਸਮ ਸਵੇਰੇ 9:30 ਵਜੇ ਹੋਵੇਗੀ। ਰਾਤ ਦੇ ਦੀਵਾਨ ਸ਼ਾਮ 7 ਤੋਂ ਰਾਤ ਦੇ 12 ਵਜੇ ਤੱਕ ਸੱਜਣਗੇ। 23 ਅਗਸਤ ਦਿਨ ਜੇਠੇ ਐਤਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਬਾਅਦ ਰਾਗੀ, ਢਾਡੀ, ਅਤੇ ਸੰਤ ਧਾਰਮਿਕ ਪ੍ਰਵਚਨ ਕਰਨਗੇ। ਉਹਨਾਂ ਦੱਸਿਆ ਕਿ ਢਾਡੀ ਫੌਜਾ ਸਿੰਘ ਫਕੀਰ ਲੁਧਿਆਣੇ ਵਾਲੇ ਤੇ ਬਾਬਾ ਜਤਿੰਦਰ ਸਿੰਘ ਪਿਪਲੀ ਸਾਹਿਬ ਵਾਲੇ 23 ਅਗਸਤ ਦਿਨ ਵੇਲੇ ਸੰਗਤਾਂ ਨੂੰ ਨਾਮ ਸਿਮਰਨ ਨਾਲ ਜੋੜਨਗੇ। 22 ਅਗਸਤ ਰਾਤ ਵੇਲੇ ਗਾਇਕ ਲਵਪ੍ਰੀਤ ਲਵ ਧਾਰਮਿਕ ਪ੍ਰੋਗਰਾਮ ਪੇਸ਼ ਕਰਨਗੇ। ਇਸ ਸਾਰੇ ਪ੍ਰੋਗਰਾਮ ਦੀ ਕਾਮਯਾਬੀ ਲਈ ਚੇਅਰਮੈਨ ਸਰਦਾਰ ਪਰਮਜੀਤ ਸਿੰਘ ਬੁੱਟਰ ਕਨੇਡਾ, ਪ੍ਰਧਾਨ ਮਾਸਟਰ ਗੁਰਨਾਮ ਚੰਦ, ਸੁਖਦੇਵ ਸਿੰਘ ਅਮਰੀਕਾ, ਪ੍ਰਗਟ ਸਿੰਘ ਉਪ ਪ੍ਰਧਾਨ, ਬਾਲ ਕ੍ਰਿਸ਼ਨ, ਸਰਬਜੀਤ ਕੁਮਾਰ, ਖਜਾਨਚੀ ਬਲਵੰਤ ਰਾਮ, ਹਰਦੇਵ ਲਾਲ, ਬਲਵੀਰ ਸਿੰਘ ਅਮਰੀਕਾ, ਕੁਲਵਿੰਦਰ ਸਿੰਘ ਕਨੇਡਾ, ਭੁਪਿੰਦਰ ਸਿੰਘ ਇੰਗਲੈਂਡ ਅਤੇ ਸਮੂਹ ਪ੍ਰਬੰਧਕ ਕਮੇਟੀ ਡੇਰਾ ਸੱਚਖੰਡ ਪੰਡਵਾ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਪੂਰਾ ਸਹਿਯੋਗ ਕਰ ਰਹੀਆਂ ਹਨ।ਗੁਰੂ ਕੇ ਲੰਗਰ ਅਤੁੱਟ ਚੱਲਣਗੇ। ਇਸ ਮੌਕੇ ਸੰਤਾਂ ਮਹਾਂਪੁਰਸ਼ਾਂ ਨੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਇਸ ਸਮਾਗਮ ਵਿੱਚ ਸ਼ਾਮਿਲ ਹੋ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦੀ ਬੇਨਤੀ ਕੀਤੀ।

# ਪੱਦੀ ਸੂਰਾ ਸਿੰਘ ਸਕੂਲ ਦੇ ਪ੍ਰਿੰਸੀਪਲ ਸਨਮਾਨਤ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**-ਪੰਜਾਬ ਸਰਕਾਰ ਨੇ ਪੰਜਾਬ ਦੇ ਉਹਨਾਂ ਸਰਕਾਰੀ ਸਕੂਲਾਂ ਦੇ ਪ੍ਰਿੰਸੀਪਲਾਂ ਨੂੰ ਸਨਮਾਨਿਤ ਕੀਤਾ ਜਿਹਨਾਂ ਸਕੂਲਾਂ ਦੇ ਸਾਇੰਸ ਗਰੁੱਪ ਦੇ ਘੱਟੋ ਘੱਟ ਪੰਜ ਵਿਦਿਆਰਥੀਆਂ ਨੇ ਜੇ ਈ ਈ ਅਤੇ ਨੀਟ ਪ੍ਰੀਖਿਆ 2026 ਨੂੰ ਪਾਸ ਕੀਤਾ । ਪੱਦੀ ਸੂਰਾ ਸਿੰਘ ਸਕੂਲ ਦੇ ਦੋ ਵਿਦਿਆਰਥੀ ਯੁਵਰਾਜ ਹੀਰਾ ਅਤੇ ਸੋਨਾਰਿਕਾ ਨੇ ਜੇ ਈ ਈ. ਪ੍ਰੀਖਿਆ ਅਤੇ ਚਾਰ ਵਿਦਿਆਰਥੀ ਪਰਮੇਸ਼ ਕੌਰ , ਮਨਦੀਪ ਕੌਰ , ਮੀਨਾਕਸ਼ੀ ਅਤੇ ਲਵਪ੍ਰੀਤ ਕੌਰ ਨੇ ਨੀਟ ਦੀ ਪ੍ਰੀਖਿਆ ਪਾਸ ਕੀਤੀ। ਇਹਨਾਂ ਵਿਦਿਆਰਥੀਆਂ ਨੇ ਇਹ ਪ੍ਰੀਖਿਆ ਪਾਸ ਕਰਕੇ ਸਕੂਲ ਦਾ, ਅਧਿਆਪਕਾਂ ਦਾ ਅਤੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ। ਇਸ ਮੌਕੇ ਤੇ ਸਕੂਲ ਪ੍ਰਿੰਸੀਪਲ ਹਰਬਲਾਸ ਬੰਗਾ ਨੇ ਦੱਸਿਆ ਕਿ ਇਸ ਪ੍ਰਾਪਤੀ ਵਿੱਚ ਬੱਚਿਆਂ ਦਾ, ਮਾਪਿਆਂ ਦਾ ਅਤੇ ਸਮੂਹ ਸਟਾਫ਼ ਦਾ ਯੋਗਦਾਨ ਰਿਹਾ । ਵਿਸ਼ੇਸ਼ ਤੌਰ ਤੇ ਸੁਨੀਤਾ ਕੁਮਾਰੀ ਲੈਕਚਰਾਰ ਫਿਜਿਕਸ , ਕਿਰਨ ਬਾਲਾ ਲੈਕਚਰਾਰ ਕਮਿਸਟਰੀ , ਰਾਜ ਕੁਮਾਰ ਲੈਕਚਰਾਰ ਬਾਇਓ , ਹਰਬਲਾਸ ਬੰਗਾ ਲੈਕਚਰਾਰ ਗਣਿਤ ਦਾ ਵਿਸ਼ੇਸ਼ ਤੌਰ ਤੇ ਯੌਗਦਾਨ ਰਿਹਾ , ਜਿਹਨਾਂ ਨੇ ਲੱਗਭਗ ਸਾਰਾ ਸਾਲ ਵੱਧ ਸਮਾਂ ਲਗਾ ਕੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਜੇ ਈ ਈ/ ਨੀਟ ਦੀ ਪ੍ਰੀਖਿਆ ਦੀ ਤਿਆਰੀ ਵੀ ਕਰਵਾਉਂਦੇ ਰਹੇ ।



# ਮਾਤਾ ਚਿੰਤਪੁਰਨੀ ਦੇ ਮੇਲੇ ਸੰਬੰਧੀ ਭੰਡਾਰਾ 13 ਤੋਂ

**ਆਦਮਪੁਰ (ਪਰਮਜੀਤ ਸਿੰਘ)**-ਸ੍ਰੀ ਦੁਰਗਾ ਲੰਗਰ ਪ੍ਰਬੰਧਕ ਕਮੇਟੀ (ਨੰਗਲ ਫਤਹਿ ਖਾਂ) ਜਲੰਧਰ ਦੇ ਸਮੂਹ ਮੈਂਬਰਾਂ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਜੈ ਮਾਤਾ ਚਿੰਤਪੂਰਨੀ ਸਾਵਣ, ਅਸ਼ਟਮੀ ਮੇਲੇ ਦੇ ਸਬੰਧ





ਵਿੱਚ 38ਵਾਂ ਸਾਲਾਨਾ ਵਿਸ਼ਾਲ ਭੰਡਾਰਾ ਮੁਬਾਰਕਪੁਰ (ਹਿਮਾਚਲ ਪ੍ਰਦੇਸ਼) ਤੋਂ 2 ਕਿਲੋਮੀਟਰ ਅੱਗੇ ਮੇਨ ਰੋਡ 'ਤੇ ਲਾਇਆ ਜਾ ਰਿਹਾ ਹੈ ਜੋ ਕਿ 13 ਅਗਸਤ ਤੋਂ ਅਰੰਭ ਹੋ ਕੇ 20 ਅਗਸਤ ਤੱਕ ਲਗਾਤਾਰ 24 ਘੰਟੇ ਚੱਲੇਗਾ।ਪ੍ਰੈਸ ਨੂੰ ਜਾਣਕਾਰੀ ਦਿੰਦੇ ਕਮੇਟੀ ਪ੍ਰਧਾਨ ਅਰੁੰਨ ਸ਼ਰਮਾ, ਹਰਸ਼ ਪਿੰਡ ਬੁਡਿਆਣਾ, ਰਾਕੇਸ਼ ਪਿੰਡ ਬੁਡਿਆਣਾ ਨੇ ਦਸਿਆ ਕਿ ਇਨ੍ਹਾਂ ਸਲਾਨਾ ਭੰਡਾਰੇ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਪਿੰਡ ਨੰਗਲ ਫਤਹਿ ਖਾਂ ਅਤੇ ਪਿੰਡ ਘੇਵਟ ਵੇਹੜ ਦੇ ਸਮੂਹ 'ਚ ਰਹਿੰਦੇ ਮਹਾਂਮਾਈ ਦੇ ਭਗਤਾਂ ਦੇ ਵਿਸ਼ੇਸ਼ ਸਹਿਯੋਗ ਨਾਲ ਹਰ ਸਾਲ ਇਹ ਭੰਡਾਰਾ ਲਗਾਇਆ ਜਾਂਦਾ ਹੈ। ਉਨ੍ਹਾਂ ਦਸਿਆ ਕਿ ਇਸ ਭੰਡਾਰੇ ਦੌਰਾਨ 18 ਅਗਸਤ ਨੂੰ ਕਰਵਾਏ ਜਾ ਰਹੇ ਮਹਾਂਮਾਈ ਦੇ ਜਗਰਾਤੇ 'ਚ ਮਹੰਤ ਅਸ਼ਵਨੀ ਸ਼ਰਮਾ, ਰਾਘਵ ਸ਼ਰਮਾ ਅਤੇ ਮਨੀ ਲਾਡਲਾ ਅੰਮ੍ਰਿਤਸਰ ਸੰਗਤਾਂ ਨੂੰ ਮਹਾਂਮਾਈ ਦੀ ਮਹਿਮਾ ਗਾ ਕੇ ਨਿਹਾਲ ਕਰਨਗੇ। ਪ੍ਰਬੰਧਕਾਂ ਨੇ ਦਸਿਆਂ ਕਿ ਮਾਤਾ ਚਿੰਤਪੁਰਨੀ ਜੀ ਦੇ ਦਰਸ਼ਨ ਨੂੰ ਜਾ ਰਹੇ ਸ਼ਰਧਾਲੂਆਂ ਲਈ 16 ਤੋਂ 19 ਅਗਸਤ ਤੱਕ ਫ੍ਰੀ ਮੈਡੀਕਲ ਕੈਂਪ ਵੀ ਲਗਾਇਆ ਜਾ ਰਿਹਾ ਹੈ ਜੋ ਕਿ ਗੁਰੂ ਨਾਨਕਪੁਰਾ ਮੈਡੀਕਲ ਕੈਂਪ ਕਮੇਟੀ ਵੱਲੋਂ ਡਾ. ਮੁਕੇਸ਼ ਵਾਲੀਆ ਦੀ ਅਗਵਾਈ ਵਿੱਚ ਲਗਾਇਆ ਜਾਵੇਗਾ। ਇਸ ਭੰਡਾਰੇ ਦੌਰਾਨ ਹਰਸ਼ ਤੇ ਰਾਕੇਸ਼ ਪਿੰਡ ਬੁਡਿਆਣਾ, ਭੌਰਾ ਢਿੱਲਵਾਂ ਰੋਡ, ਗੁਰਪ੍ਰੀਤ ਸਿੰਘ ਵਿੱਕੀ ਪਿੰਡ ਮਦਾਰਾ ਅਤੇ ਇਕਬਾਲ ਪਤਾਰਾ ਵੱਲੋਂ ਵੀ ਆਪਣੀਆਂ ਸੇਵਾਵਾਂ ਨਿਭਾਈਆਂ ਜਾਣਗੀਆਂ।

# ਮਾਤਾ ਭਜਨ ਕੌਰ ਨੂੰ ਭਰਪੂਰ ਸ਼ਰਧਾਂਜਲੀਆਂ

**ਸ਼ਾਹਕੋਟ (ਗਿਆਨ ਸੈਦਪੁਰੀ)**-ਬਲਵਿੰਦਰ ਸਿੰਘ ਬਾਂਸਲ, ਅਮਰਜੀਤ ਸਿੰਘ ਬਾਂਸਲ, ਗੁਰਦੀਪ ਸਿੰਘ ਬਾਂਸਲ ਅਤੇ ਹਰਵਿੰਦਰ ਸਿੰਘ ਬਾਂਸਲ ਦੀ ਮਾਤਾ ਭਜਨ ਕੌਰ ਨੂੰ ਵੱਖ ਵੱਖ ਆਗੂਆ ਨੇ ਸ਼ਰਧਾਂਜਲੀਆਂ ਭੇਟ ਕੀਤੀਆਂ। ਬੀਤੀ 24 ਜੁਲਾਈ ਨੂੰ



ਮਾਤਾ ਭਜਨ ਕੌਰ ਦਾ ਦੇਹਾਂਤ ਹੋ ਗਿਆ ਸੀ। ਐਤਵਾਰ ਨੂੰ ਗੁਰਦੁਆਰਾ ਸਿੰਘ ਸਭਾ ਸੈਦਪੁਰ ਝਿੜੀ ਵਿਖੇ ਵੈਰਾਗਮਈ ਕੀਰਤਨ, ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਹੋਇਆ। ਸ਼ਰਧਾਂਜਲੀ ਸਮਾਗਮ ਦੌਰਾਨ ਠੇਕੇਦਾਰ ਤਰਸੇਮ ਸਿੰਘ ਨੇ ਸਟੇਜ ਸਕੱਤਰ ਦੇ ਫਰਜ਼ ਨਿਭਾਉਂਦਿਆਂ ਬਾਂਸਲ ਪਰਵਾਰ ਅਤੇ ਮਾਤਾ ਭਜਨ ਕੌਰ ਵੱਲੋਂ ਪਰਵਾਰ ਨੂੰ ਦਿੱਤੇ ਸੰਸਕਾਰਾਂ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ। ਇਸ ਮੌਕੇ ਨਗਰ ਪੰਚਾਇਤ ਸ਼ਾਹਕੋਟ ਦੇ ਪ੍ਰਧਾਨ ਗੁਲਜ਼ਾਰ ਸਿੰਘ ਥਿੰਦ ਨੇ ਵੀ ਸ਼ਰਧਾਂਜਲੀ ਭੇਟ ਕੀਤੀ। ਸਮਾਗਮ ਵਿੱਚ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਨੇ ਸ਼ਰਧਾਂਜਲੀ ਭੇਟ ਕਰਦਿਆਂ ਬਾਂਸਲ ਪਰਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਉਨ੍ਹਾਂ ਨਾਲ ਆਪਣੇ ਪਰਿਵਾਰ ਦੀ ਪੁਰਾਣੀ ਸਾਂਝ ਨੂੰ ਵੀ ਯਾਦ ਕੀਤਾ। ਉਨ੍ਹਾਂ ਬਾਂਸਲ ਪਰਿਵਾਰ ਵੱਲੋਂ ਸਭ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਪਿੰਦਰ ਸਿੰਘ ਜੇ.ਈ, ਜਸਪਾਲ ਸਿੰਘ ਸੀਚੇਵਾਲ, ਬਚਿੱਤਰ ਸਿੰਘ ਬਿੱਟੂ ਸਾਬਕਾ ਸਰਪੰਚ ਮੂਲੇਵਾਲ ਖਹਿਰਾ, ਅਮਰੀਕ ਸਿੰਘ ਜੰਮੂ, ਗੁਰਮੇਜ ਲਾਲ ਹੀਰ ਅਧਿਆਪਕ ਆਗੂ, ਰਣਬੀਰ ਸਿੰਘ ਰਾਣਾ ਸਾਬਕਾ ਸਰਪੰਚ, ਸ਼ਰਨਜੀਤ ਸਿੰਘ ਥਿੰਦ, ਧਰਮਿੰਦਰ ਸਿੰਘ ਨੰਬਰਦਾਰ, ਮੇਲਾ ਸਿੰਘ ਸੇਵਾ ਮੁਕਤ ਤਹਿਸੀਲਦਾਰ, ਗੁਰਪ੍ਰੀਤ ਸਿੰਘ ਗੋਪੀ ਮੂਲੇਵਾਲ ਅਰਾਈਆ, ਪ੍ਰਸ਼ੋਤਮ ਕੁਮਾਰ ਮੂਲੇਵਾਲ ਅਰਾਈਆਂ, ਤਜਿੰਦਰ ਸਿੰਘ ਝੀਤਾ, ਯਾਕੂਬ ਅਲੀ,, ਸ਼ਾਮ ਲਾਲ, ਗੁਰਦਿਆਲ ਸਿੰਘ ਕੰਗ, ਅਮਨਦੀਪ ਸੈਦਪੁਰੀ, ਹਰਬੰਸ ਸਿੰਘ, ਕਰਨੈਲ ਸਿੰਘ ਚੰਦੀ, ਸੁਖਵਿੰਦਰ ਸਿੰਘ ਸੋਖਾ ਆਦਿ ਮੌਜੂਦ ਸਨ।

# ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰ ਯੂਨੀਅਨ ਨੇ ਵਿਧਾਇਕ ਨੂੰ ਦਿੱਤਾ ਮੰਗ ਪੱਤਰ

**ਦਸੂਹਾ (ਕਰਨੈਲ ਮਾਂਗਟ)**-ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰ ਯੂਨੀਅਨ ਰਜਿਸਟਰ ਨੰਬਰ 31 ਦੀ ਬਰਾਂਚ ਦਸੂਹਾ ਵੱਲੋਂ ਹਲਕਾ ਵਿਧਾਇਕ ਕਰਮਵੀਰ ਸਿੰਘ ਘੁੰਮਣ ਨੂੰ ਮੰਗ ਪੱਤਰ ਦਿੱਤਾ ਗਿਆ। ਜਥੇਬੰਦੀ ਵੱਲੋਂ ਮੰਗ ਕੀਤੀ ਗਈ ਹੈ ਕਿ ਜੋ ਸਰਕਾਰ ਵੱਲੋਂ ਮੁਲਾਜ਼ਮਾਂ ਨੂੰ ਵਿਭਾਗ ਵਿੱਚ ਸ਼ਾਮਿਲ ਕਰਨ ਲਈ ਆਊਟ ਸੋਰਸਿੰਗ ਪਰਸੋਨਲ ਬਿੱਲ ਅਤੇ ਪੰਜਾਬ ਕੰਟਰੈਕਟ ਬਿੱਲ 2026 ਲਿਆਂਦਾ ਜਾ ਰਿਹਾ ਹੈ ਜਲ ਸਪਲਾਈ ਅਤੇ ਸੈਨੀਟੇਸ਼ਨ ਡਿਪਾਰਟਮੈਂਟ ਵਿੱਚ ਕੰਮ ਕਰਦੇ 2800 ਇਨਲਿਸਟਮੈਂਟ ਕਾਮਿਆਂ ਨੂੰ ਉਸ ਬਿੱਲ ਦੇ ਵਿੱਚ ਸ਼ਾਮਿਲ ਕੀਤਾ ਜਾਵੇ ਅਤੇ ਸਿੱਧਾ ਵਿਭਾਗ ਦੇ ਵਿੱਚ ਸਰਕਾਰ ਵੱਲੋਂ ਕੰਟੈਕਟ ਕੀਤਾ ਜਾਵੇ ਜੇਕਰ ਇਹ ਚਲਦੇ ਸੈਸ਼ਨ ਦੇ ਵਿੱਚ ਸਰਕਾਰ ਵੱਲੋਂ ਇਹ ਫੈਸਲਾ ਨਹੀਂ ਲਿਆ ਗਿਆ ਤਾਂ ਜਥੇਬੰਦੀ ਵੱਲੋਂ ਲਿਆ ਗਿਆ ਫੈਸਲਾ ਜੋ ਕਿ 9 ਅਗਸਤ ਨੂੰ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਦੇ ਘਰ ਦੇ ਮੂਹਰੇ ਲਗਾਤਾਰ ਜਿਹੜਾ ਧਰਨਾ ਦਿੱਤਾ ਜਾ ਰਿਹਾ ਉਸ ਵਿੱਚ ਬਰਾਂਚ ਮੁਕੇਰੀਆਂ/ ਤਲਵਾੜਾ/ ਦਸੂਹਾ ਤੋਂ ਭਰਮੀ ਸ਼ਮੂਲੀਅਤ ਕੀਤੀ ਜਾਵੇਗੀ। ਮੰਗ ਪੱਤਰ ਦੇ ਜਰੀਏ ਸਰਕਾਰ ਤੱਕ ਇਹ ਗੱਲ ਹਲਕਾ ਵਿਧਾਇਕ ਨੂੰ ਬੇਨਤੀ ਕੀਤੀ ਜਾਵੇ ਕਿ ਜੇਕਰ ਸਾਡੀਆਂ ਮੰਗਾਂ ਤੇ ਮਸਲਿਆਂ ਦਾ ਹੱਲ ਨਾ ਕੀਤਾ ਗਿਆ ਤੇ ਫਿਰ ਆਉਣ ਵਾਲਾ ਸੰਘਰਸ਼ ਜਿਹੜਾ ਜਥੇਬੰਦੀ ਵੱਲੋਂ ਉਲੀਕਿਆ ਜਾਵੇਗਾ। ਇਸ ਸਮੇਂ ਵੱਡੀ ਗਿਣਤੀ ਦੇ ਵਿੱਚ ਸ਼ਾਮਿਲ ਇੰਨਲਿਸਟਮੈਂਟ ਵਰਕਰ ਜਿਸ ਵਿੱਚ ਬਰਾਂਚ ਪ੍ਰਧਾਨ ਰਜਤ ਕੁਮਾਰ ਅਤੇ ਬਰਾਂਚ ਪ੍ਰਧਾਨ ਬਲਵਿੰਦਰ ਸਿੰਘ ਸੰਧੂ, ਬਰਾਂਚ ਸਕੱਤਰ ਸਤੀਸ਼ ਕੁਮਾਰ, ਜ਼ਿਲ੍ਹਾ ਰਣਜੀਤ ਸਿੰਘ, ਜ਼ਿਲ੍ਹਾ ਆਗੂ ਮਨਜੀਤ ਸਿੰਘ , ਮਨਦੀਪ ਸਿੰਘ, ਰਜੇਸ਼ ਪਾਲ, ਸੁਖਵਿੰਦਰ ਸਿੰਘ ਅਮਰ ਰਾਣਾ, ਮਨਦੀਪ ਸਿੰਘ, ਹਰਸ਼ਦੀਪ ਤੋਂ ਇਲਾਵਾ ਵੱਡੀ ਗਿਣਤੀ 'ਚ ਸਾਥੀ ਸ਼ਾਮਲ ਸਨ।



# ਘਰੇਲੂ ਗੈਸ ਖਪਤਕਾਰਾਂ ਨੂੰ ਕੇ ਵਾਈ ਸੀ ਕਰਵਾਉਣ ਦੀ ਅਪੀਲ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਘਰੇਲੂ ਗੈਸ ਖਪਤਕਾਰਾਂ ਨੂੰ ਭਵਿੱਖ ਵਿੱਚ ਗੈਸ ਸਪਲਾਈ ਸੰਬੰਧੀ ਕਿਸੇ ਵੀ ਤਰ੍ਹਾਂ ਦੀ ਦਿੱਕਤ ਤੋਂ ਬਚਾਉਣ ਲਈ ਆਪਣੀ ਕੇ ਵਾਈ ਸੀ ਜਲਦ ਤੋਂ ਜਲਦ ਮੁਕੰਮਲ ਕਰਵਾਉਣ ਦੀ ਅਪੀਲ ਕੀਤੀ ਗਈ ਹੈ।ਇਸ ਸਬੰਧੀ ਸ੍ਰੀ ਅਨੰਦਪੁਰ ਸਾਹਿਬ ਗੈਸ ਸਰਵਿਸ ਦੇ ਪ੍ਰੋਪ੍ਰਾਇਟਰ ਜਸਵਿੰਦਰ ਸਿੰਘ ਢਿੱਲੋਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਈ ਗੈਸ ਖਾਤੇ ਅਜਿਹੇ ਹਨ ਜਿਨ੍ਹਾਂ ਦੇ ਖਾਤਾ ਧਾਰਕ ਵਿਦੇਸ਼ ਵਿੱਚ ਰਹਿ ਰਹੇ ਹਨ ਜਾਂ ਉਨ੍ਹਾਂ ਦੀ ਮੌਤ ਹੋ ਚੁੱਕੀ ਹੈ। ਅਜਿਹੇ ਮਾਮਲਿਆਂ ਵਿੱਚ ਗੈਸ ਕਨੈਕਸ਼ਨ ਨੂੰ ਨਿਯਮਾਂ ਅਨੁਸਾਰ ਕਾਨੂੰਨੀ ਵਾਰਸਾਂ ਦੇ ਨਾਂਅ 'ਤੇ ਤਬਦੀਲ ਕਰਵਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਇਸ ਲਈ ਲੋੜੀਂਦੇ ਦਸਤਾਵੇਜ਼ ਅਤੇ ਸਬੂਤ ਗੈਸ ਏਜੰਸੀ ਵਿੱਚ ਜਮ੍ਹਾਂ ਕਰਵਾਏ ਜਾਣ, ਤਾਂ ਜੋ ਰਿਕਾਰਡ ਅਪਡੇਟ ਕੀਤਾ ਜਾ ਸਕੇ ਅਤੇ ਭਵਿੱਖ ਵਿੱਚ ਗੈਸ ਸਿਲੰਡਰ ਦੀ ਸਪਲਾਈ ਜਾਂ ਹੋਰ ਸੇਵਾਵਾਂ ਲੈਣ ਸਮੇਂ ਕਿਸੇ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਸਮੂਹ ਖਪਤਕਾਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਕੇ ਵਾਈ ਸੀ ਅਤੇ ਹੋਰ ਜ਼ਰੂਰੀ ਕਾਰਵਾਈ ਸਮੇਂ ਸਿਰ ਪੂਰੀ ਕਰਵਾਉਣ। ਜਸਵਿੰਦਰ ਸਿੰਘ ਢਿੱਲੋਂ ਨੇ ਅੱਗੇ ਦੱਸਿਆ ਕਿ ਉੱਚ ਅਧਿਕਾਰੀਆਂ ਦੇ ਅਗਲੇ ਹੁਕਮਾਂ ਤੱਕ ਨਵੇਂ ਘਰੇਲੂ ਗੈਸ ਕਨੈਕਸ਼ਨ ਜਾਰੀ ਕਰਨ ਦੀ ਪ੍ਰਕਿਰਿਆ ਫਿਲਹਾਲ ਰੋਕੀ ਗਈ ਹੈ। ਹਾਲਾਂਕਿ, ਨਵੇਂ ਕਨੈਕਸ਼ਨ ਲੈਣ ਦੇ ਇੱਛੁਕ ਖਪਤਕਾਰਾਂ ਤੋਂ ਲੋੜੀਂਦੇ ਦਸਤਾਵੇਜ਼ ਪ੍ਰਾਪਤ ਕਰਕੇ ਉਨ੍ਹਾਂ ਦੀ ਰਜਿਸਟ੍ਰੇਸ਼ਨ ਕੀਤੀ ਜਾ ਰਹੀ ਹੈ। ਜਿਵੇਂ ਹੀ ਨਵੇਂ ਕਨੈਕਸ਼ਨ ਜਾਰੀ ਕਰਨ ਦੀ ਮਨਜ਼ੂਰੀ ਮਿਲੇਗੀ, ਰਜਿਸਟਰ ਹੋਏ ਬਿਨੈਕਾਰਾਂ ਨੂੰ ਨਿਯਮਾਂ ਅਨੁਸਾਰ ਕਨੈਕਸ਼ਨ ਜਾਰੀ ਕਰ ਦਿੱਤੇ ਜਾਣਗੇ।

# 'ਪੰਜਾਬ ਪੇ-ਸਕੇਲ, ਪੁਰਾਣੀ ਪੈਨਸ਼ਨ ਤੇ ਭੱਤੇ ਬਹਾਲੀ ਮੋਰਚੇ' ਵੱਲੋਂ 7 ਦੀ ਰੈਲੀ 'ਚ ਸ਼ਮੂਲੀਅਤ ਦਾ ਐਲਾਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** 'ਪੰਜਾਬ ਪੇ-ਸਕੇਲ, ਪੁਰਾਣੀ ਪੈਨਸ਼ਨ ਅਤੇ ਭੱਤੇ ਬਹਾਲੀ ਮੋਰਚੇ' ਵੱਲੋਂ 7 'ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਦੀ ਸਾਂਝੀ ਤਾਲਮੇਲ ਕਮੇਟੀ' ਵੱਲੋਂ



ਪੰਜਾਬ ਸਰਕਾਰ ਦੀਆਂ ਮੁਲਾਜ਼ਮ ਮਾਰੂ ਅਤੇ ਪੈਨਸ਼ਨਰ ਵਿਰੋਧੀ ਨੀਤੀਆਂ ਖ਼ਿਲਾਫ਼ 7 ਅਗਸਤ ਨੂੰ ਦਾਣਾ ਮੰਡੀ ਚੰਡੀਗੜ੍ਹ ਵਿਖੇ ਹੋਣ ਵਾਲ਼ੀ ਪੰਜਾਬ ਦੇ ਮੁਲਾਜ਼ਮਾਂ ਦੀ ਮਹਾਰੈਲੀ ਵਿੱਚ ਭਰਵੀਂ ਸ਼ਮੂਲੀਅਤ ਕਰਨ ਦਾ ਐਲਾਨ ਕੀਤਾ ਹੈ।ਇਸ ਸੰਬੰਧੀ 'ਪੰਜਾਬ ਪੇ-ਸਕੇਲ, ਪੁਰਾਣੀ ਪੈਨਸ਼ਨ ਅਤੇ ਭੱਤੇ ਬਹਾਲੀ ਮੋਰਚੇ' ਦੀ ਇੱਕ ਅਹਿਮ ਮੀਟਿੰਗ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ (ਡੀ.ਐੱਮ.ਐੱਫ਼.) ਦੇ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਦਸੂਹਾ, ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ (ਡੀ.ਟੀ.ਐੱਫ਼.) ਦੇ ਜ਼ਿਲ੍ਹਾ ਪ੍ਰਧਾਨ ਸੁਖਦੇਵ ਡਾਨਸੀਵਾਲ ਅਤੇ ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਦੇ ਜ਼ਿਲ੍ਹਾ ਜਨਰਲ ਸਕੱਤਰ ਬਲਜੀਤ ਸਿੰਘ ਮਹਿਮੋਵਾਲ ਆਦਿ ਆਗੂਆਂ ਦੀ ਪ੍ਰਧਾਨਗੀ ਹੇਠ ਕਾਮਰੇਡ ਚੰਨਣ ਸਿੰਘ ਧੂਤ ਭਵਨ ਹੁਸ਼ਿਆਰਪੁਰ ਵਿਖੇ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਪੰਜਾਬ ਦੇ ਦੋਆਬਾ ਜੋਨ ਦੇ ਕਨਵੀਨਰ ਇੰਦਰ ਸੁਖਦੀਪ ਸਿੰਘ ਓਢਰਾ, ਪੰਜਾਬ ਸਟੇਟ ਵੈਟਨਰੀ ਇੰਸਪੈਕਟਰ ਐਸੋਸ਼ੀਏਸ਼ਨ ਦੇ ਆਗੂ ਹਰਜੋਧ ਸਿੰਘ ਸੈਣੀ ਅਤੇ 4161 ਅਧਿਆਪਕ ਯੂਨੀਅਨ ਦੇ ਸੂਬਾ ਪ੍ਰਧਾਨ ਸੰਦੀਪ ਗਿੱਲ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਕਾਰਜਕਾਲ ਦੇ ਸਾਢੇ ਚਾਰ ਸਾਲਾਂ ਵਿੱਚ ਮੁਲਾਜ਼ਮਾਂ ਦੀਆਂ ਮੰਗਾਂ ਵੱਲ੍ਹ ਕੋਈ ਵੀ ਧਿਆਨ ਨਹੀਂ ਦਿੱਤਾ। ਇਸ ਮੌਕੇ ਜ਼ਿਲ੍ਹਾ ਜੁਆਇੰਟ ਸਕੱਤਰ ਪ੍ਰਵੀਨ ਸ਼ੇਰਪੁਰ, ਵਿੱਤ ਸਕੱਤਰ ਨੰਦ ਰਾਮ, ਜਥੇਬੰਦਕ ਸਕੱਤਰ ਰੇਸ਼ਮ ਸਿੰਘ ਧੁੱਗਾ, ਜਸਮੀਤ ਸਿੰਘ ਮਠਾਰੂ, ਰਾਕੇਸ਼ ਕੁਮਾਰ, ਦਿਨੇਸ਼ ਕੁਮਾਰ ਅਤੇ ਮਨਜੀਤ ਸਿੰਘ ਬਾਬਾ ਵੀ ਹਾਜ਼ਰ ਸਨ।

# ਪੰਜਾਬ ਦੇ ਕੁੱਲ ਜੀ ਐੱਸ ਟੀ ਮਾਲੀਏ 'ਚ 20 ਫੀਸਦੀ ਦਾ ਵਾਧਾ : ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਦੇ ਵਿੱਤ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਇਥੇ ਐਲਾਨ ਕੀਤਾ ਕਿ ਬਿਹਤਰ ਟੈਕਸ ਪਾਲਣਾ, ਖੁਫੀਆ ਜਾਣਕਾਰੀ ਅਧਾਰਿਤ ਕਾਰਵਾਈਆਂ ਅਤੇ ਤਕਨਾਲੋਜੀ-ਅਧਾਰਿਤ ਪ੍ਰਸ਼ਾਸਨ ਦੇ ਦਮ 'ਤੇ ਆਬਕਾਰੀ ਅਤੇ ਕਰ ਵਿਭਾਗ ਨੇ ਮੌਜੂਦਾ ਵਿੱਤੀ ਸਾਲ ਦੇ ਪਹਿਲੇ ਚਾਰ ਮਹੀਨਿਆਂ ਦੌਰਾਨ ਕੁੱਲ ਜੀ ਐੱਸ ਟੀ ਮਾਲੀਏ ਵਿੱਚ 20 ਫੀਸਦੀ ਦਾ ਸ਼ਾਨਦਾਰ ਵਾਧਾ ਦਰਜ ਕੀਤਾ ਹੈ।ਵਿਭਾਗ ਨੇ ਪਿਛਲੇ ਸਾਲ ਦੇ 8,708.48 ਕਰੋੜ ਰੁਪਏ ਦੇ ਮੁਕਾਬਲੇ 10,447.9 ਕਰੋੜ ਰੁਪਏ ਦਾ ਮਾਲੀਆ ਪ੍ਰਾਪਤ ਕੀਤਾ ਹੈ।ਇੱਥੇ ਜਾਰੀ ਇੱਕ ਪ੍ਰੈੱਸ ਬਿਆਨ ਵਿੱਚ ਇਹ ਜਾਣਕਾਰੀ ਸਾਂਝੀ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ, 'ਕੇਵਲ ਜੁਲਾਈ 2026 ਮਹੀਨੇ ਦੌਰਾਨ ਹੀ ਸੂਬੇ ਨੇ 2,614.45 ਕਰੋੜ ਰੁਪਏ ਦਾ ਕੁੱਲ ਜੀ.ਐੱਸ.ਟੀ. ਮਾਲੀਆ ਦਰਜ ਕੀਤਾ ਹੈ, ਜੋ ਕਿ ਸਾਲ-ਦਰ-ਸਾਲ ਦੇ ਅਧਾਰ 'ਤੇ 8.31 ਫੀਸਦੀ ਦਾ ਵਾਧਾ ਦਰਸਾਉਂਦਾ ਹੈ। ਇਸ ਦੇ ਨਾਲ ਹੀ ਬੋਗਸ ਬਿਲਿੰਗ ਨੈੱਟਵਰਕਾਂ ਵਿਰੁੱਧ ਸਖ਼ਤ ਕਾਰਵਾਈ ਅਤੇ ਪੁਰਾਣੇ ਕਰ ਬਕਾਏ ਦੀ ਵਸੂਲੀ ਦੇ ਦਮ 'ਤੇ ਐੱਸ.ਜੀ.ਐੱਸ.ਟੀ. ਕੈਸ਼ ਵਾਧੇ ਵਿੱਚ 16.23 ਫੀਸਦੀ ਤੋਂ ਵੱਧ ਦਾ ਵਾਧਾ ਦਰਜ ਕੀਤਾ ਗਿਆ ਹੈ, ਜੋ ਕਿ ਦੇਸ਼ ਭਰ ਵਿੱਚ ਸਭ ਤੋਂ ਵੱਧ ਹੈ।ਇਨ੍ਹਾਂ ਵਿੱਤੀ ਪ੍ਰਾਪਤੀਆਂ ਦਾ ਸਿਹਰਾ ਵਿਭਾਗ ਦੇ ਸੁਚੱਜੇ ਰੋਡਮੈਪ ਨੂੰ ਦਿੰਦਿਆਂ ਵਿੱਤ, ਆਬਕਾਰੀ ਅਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸੂਬੇ ਨੇ ਬਿਹਤਰ ਟੈਕਸ ਪਾਲਣਾ, ਖੁਫੀਆ ਜਾਣਕਾਰੀ 'ਤੇ ਅਧਾਰਿਤ ਕਾਰਵਾਈਆਂ ਅਤੇ ਤਕਨਾਲੋਜੀ-ਅਧਾਰਿਤ ਪ੍ਰਸ਼ਾਸਨ ਰਾਹੀਂ ਜੀ.ਐੱਸ.ਟੀ. ਉਗਰਾਹੀ ਵਿੱਚ ਵਧੀਆ ਵਾਧਾ ਦਰਜ ਕਰਕੇ ਮੌਜੂਦਾ ਵਿੱਤੀ ਸਾਲ ਦੌਰਾਨ ਆਪਣੀ ਮਜ਼ਬੂਤ ਮਾਲੀਆ ਕਾਰਗੁਜ਼ਾਰੀ ਨੂੰ ਬਰਕਰਾਰ ਰੱਖਿਆ ਹੈ। ਉਨ੍ਹਾਂ ਦੱਸਿਆ, 'ਜੁਲਾਈ 2026 ਦੌਰਾਨ ਪੰਜਾਬ ਨੇ 2,614.45 ਕਰੋੜ ਰੁਪਏ ਦਾ ਕੁੱਲ ਜੀ.ਐੱਸ.ਟੀ. ਸੰਗ੍ਰਹਿ ਕੀਤਾ, ਜਦੋਂ ਕਿ ਜੁਲਾਈ 2025 ਦੌਰਾਨ ਇਹ 2,413.91 ਕਰੋੜ ਰੁਪਏ ਸੀ, ਜੋ ਕਿ 200.54 ਕਰੋੜ ਰੁਪਏ (8.31%) ਦਾ ਵਾਧਾ ਦਰਸਾਉਂਦਾ ਹੈ।ਜੁਲਾਈ 2026 ਦੌਰਾਨ 200 ਕਰੋੜ ਰੁਪਏ ਤੋਂ ਵੱਧ ਦੇ ਜੀ.ਐੱਸ.ਟੀ. ਰਿਫੰਡ ਮਨਜ਼ੂਰ ਕੀਤੇ ਗਏ। ਵਿੱਤ ਮੰਤਰੀ ਚੀਮਾ ਨੇ ਕਿਹਾ, 'ਸੂਬੇ ਵਿੱਚ ਪਾਰਦਰਸ਼ਤਾ, ਜਵਾਬਦੇਹੀ ਅਤੇ ਕਾਰੋਬਾਰ ਨੂੰ ਸੁਖਾਲਾ ਬਣਾਉਣ ਨੂੰ ਯਕੀਨੀ ਬਣਾਉਂਦੇ ਹੋਏ ਮਾਲੀਆ ਵਧਾਉਣ ਦੇ ਉਦੇਸ਼ ਨਾਲ ਆਬਕਾਰੀ ਅਤੇ ਕਰ ਵਿਭਾਗ ਉੱਨਤ ਐਨਾਲਿਟਿਕਸ, ਨਿਸ਼ਾਨਾ-ਬੱਧ ਇਨਫੋਰਸਮੈਂਟ, ਡਿਜੀਟਲ ਗਵਰਨੈਂਸ ਅਤੇ ਟੈਕਸਦਾਤਾ-ਕੇਂਦਰਿਤ ਪਹਿਲਕਦਮੀਆਂ ਰਾਹੀਂ ਟੈਕਸ ਪਾਲਣਾ ਨੂੰ ਮਜ਼ਬੂਤ ਕਰਨਾ ਜਾਰੀ ਰੱਖੇਗਾ।'

# ਸੁਵਿਧਾ ਕੇਂਦਰ ਨੂੰ ਮੁੜ ਖੋਲ੍ਹਣ ਲਈ ਵਫਦ ਅਮਰਜੀਤ ਸਿੰਘ ਦੀ ਅਗਵਾਈ ਹੇਠ ਕੁਲਵੰਤ ਸਿੰਘ ਨੂੰ ਮਿਲਿਆ

**ਮੋਹਾਲੀ (ਗੁਰਜੀਤ ਬਿੱਲਾ)** ਫੇਜ਼-11 ਵਿੱਚ ਪਿਛਲੇ ਸਮੇਂ ਦੌਰਾਨ ਨਿਵਾਸੀਆਂ ਦੀ ਸਹੂਲਤ ਲਈ ਸੁਵਿਧਾ ਕੇਂਦਰ ਫੇਜ਼-11 ਦੀ ਸਿਵਲ ਡਿਸਪੈਂਸਰੀ ਦੇ



ਕੋਲ ਬਣਿਆ ਸੀ।ਇਸ ਸੁਵਿਧਾ ਕੇਂਦਰ ਦੀ ਫੇਜ਼ 10,11, ਸੈਕਟਰ 66,48ਸੀ ਅਤੇ ਹੋਰ ਨੇੜੇ ਦੇ ਪਿੰਡਾਂ ਅਤੇ ਇਲਾਕੇ ਨੂੰ ਵੱਡੀ ਸਹੂਲਤ ਮਿਲ ਰਹੀ ਸੀ।ਨਿਵਾਸੀ ਆਪਣੇ ਕੰਮ ਨੇੜੇ ਹੀ ਸੁਵਿਧਾ ਕੇਂਦਰਾਂ ਵਿੱਚੋਂ ਹੀ ਕਰਵਾ ਲੈਂਦੇ ਸਨ।ਫੇਜ਼-11 ਦੇ ਸੁਵਿਧਾ ਕੇਂਦਰ ਨੂੰ ਮੁੜ ਖੋਲ੍ਹਣ ਲਈ ਇਹ ਵਫਦ ਅਮਰਜੀਤ ਸਿੰਘ ਕੌਂਸਲਰ ਦੀ ਅਗਵਾਈ ਹੇਠ ਹਲਕਾ ਵਿਧਾਇਕ ਕੁਲਵੰਤ ਸਿੰਘ ਨੂੰ ਮਿਲਿਆ ਅਤੇ ਮੰਗ ਕੀਤੀ ਕਿ ਇਸ ਬੰਦ ਪਏ ਸੁਵਿਧਾ ਕੇਂਦਰ ਨੂੰ ਮੁੜ ਖੋਲ ਕੇ ਲੋਕਾਂ ਨੂੰ ਸਮਰਪਿਤ ਕੀਤਾ ਜਾਵੇ ਤਾਂ ਜੋ ਨਿਵਾਸੀਆਂ ਨੂੰ ਆਪਣੇ ਕੰਮ ਲਈ ਦੂਰ ਦੁਰਾਡੇ ਨਾ ਜਾਣਾ ਪਵੇ। ਉਹਨਾਂ ਨੇ ਦੱਸਿਆ ਕੇ ਇਹਨਾਂ ਸੁਵਿਧਾ ਕੇਂਦਰਾਂ ਵਿੱਚ ਲੱਗਭੱਗ 28 ਵਿਭਾਗ ਦੇ 300 ਤੋਂ ਵੱਧ ਕੰਮਾਂ ਦੇ ਕਾਗਜਾਤ, ਜਿਵੇਂ ਕੇ ਰਿਹਾਇਸ਼ੀ ਪਤੇ ਦਾ ਸਰਟੀਫਿਕੇਟ, ਜਾਤੀ ਸਰਟੀਫਿਕੇਟ, ਪੈਨਸ਼ਨ ਸਬੰਧੀ ਕੰਮ, ਪਾਸਪੋਰਟ, ਅਧਾਰ ਕਾਰਡ ਸਬੰਧੀ ਅਤੇ ਹਰ ਤਰਾਂ ਦੇ ਹਲਫਨਾਮੇ ਆਦਿ ਪਿਛਲੇ ਸਮੇਂ ਦੌਰਾਨ ਇਹਨਾਂ ਸੁਵਿਧਾ ਕੇਂਦਰ ਵਿੱਚ ਹੀ ਬਣਦੇ ਸਨ।ਹੁਣ ਕੇਵਲ ਸ਼ਹਿਰ ਵਿੱਚ ਕੇਵਲ 3 ਹੀ ਸੁਵਿਧਾ ਕੇਂਦਰ ਹਨ।ਹਲਕਾ ਵਿਧਾਇਕ ਨੇ ਵਫਦ ਨੂੰ ਭਰੋਸਾ ਦਵਾਇਆ ਕਿ ਲੋਕਾਂ ਦੀ ਸਹੂਲਤ ਲਈ ਇਸ ਨੂੰ ਜਲਦੀ ਸ਼ੁਰੂ ਕਰਵਾਇਆ ਜਾਵੇਗਾ। ਇਸ ਵਫਦ ਵਿੱਚ ਹੋਰਨਾਂ ਤੋਂ ਇਲਾਵਾ ਚਰਨਜੀਤ ਸਿੰਘ, ਆਰ.ਪੀ ਐਸ ਸੈਣੀ, ਸੁਰੇਸ਼ ਭਨੋਟ, ਹਾਕਮ ਸਿੰਘ, ਉਮਰਾਓ ਸਿੰਘ, ਸੁਰਿੰਦਰ ਸਿੰਘ, ਕਰਮ ਸਿੰਘ, ਦਿਨੇਸ਼ ਕੁਮਾਰ, ਹਰਦੇਵ ਸਿੰਘ, ਗੁਲਜ਼ਾਰ ਸਿੰਘ, ਅਰਵਿੰਦਰ ਪਾਲ ਸਿੰਘ, ਨਰਿੰਦਰ ਪਾਲ ਸਿੰਘ ਵੀ ਹਾਜ਼ਰ ਸਨ।

# ਕੰਗਣਾ ਤੇ ਪ੍ਰਹਿਲਾਦ ਦੇ ਬਿਆਨਾਂ ਵਿਰੁੱਧ ਮਹਿਲਾ ਕਾਂਗਰਸ ਵੱਲੋਂ ਪ੍ਰਦਰਸ਼ਨ

**ਜਲੰਧਰ (ਇਕਬਾਲ ਸਿੰਘ ਉੱਭੀ)** ਅਨੁਰਾਧਾ ਬੱਗਾ ਪ੍ਰਧਾਨ ਮਹਿਲਾ ਕਾਂਗਰਸ ਵੱਲੋਂ ਦੇਸ਼ ਦੀ ਮੌਜੂਦਾ ਸਿਆਸੀ ਹਾਲਤ ਸੰਬੰਧੀ ਮੀਟਿੰਗ ਬੁਲਾਈ ਗਈ। ਇਸ ਮੌਕੇ ਭਾਜਪਾ ਨੇਤਾ ਕੰਗਨਾ ਰਣੌਤ ਅਤੇ ਪ੍ਰਹਿਲਾਦ ਜੋਸ਼ੀ ਦੇ ਅਸੰਵੇਦਨਸ਼ੀਲ ਬਿਆਨਾਂ ਖ਼ਿਲਾਫ਼ ਜਲੰਧਰ ਮਹਿਲਾ ਕਾਂਗਰਸ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਕੌਂਸਲਰ ਉਮਾ ਬੇਰੀ, ਡਾਕਟਰ ਜਸਲੀਨ ਸੇਠੀ ਕੌਂਸਲਰ, ਡੌਲੀ ਸੈਣੀ, ਮਨਦੀਪ ਕੌਰ, ਸੁਰਜੀਤ ਕੌਰ, ਵੰਦਨਾ ਮਹਿਤਾ, ਰਣਜੀਤ ਕੌਰ, ਜਸਲੀਨ, ਪਰਵੀਨ ਪਲਵੀ, ਨੇਹਾ, ਮਨਜੀਤ ਕੌਰ, ਮਨਿੰਦਰ ਕੌਰ, ਜੋਤੀ ਵਰਮਾ, ਗੁਰਮੀਤ ਕੌਰ ਜੋਸ਼ੀ, ਰਾਜ਼ੀ, ਸ਼ਬਨਮ, ਸਰਬਜੀਤ, ਮੀਨਾ, ਸਰੋਜ ਉਬਰਾਏ, ਸੁਰਜੀਤ ਕੌਰ, ਆਸ਼ਾ ਰਾਣੀ, ਮੰਜੂ ਬਾਲਾ, ਸੁਖਵਿੰਦਰ ਕੌਰ, ਆਸ਼ਾ ਅਗਰਵਾਲ, ਚੰਦਰਕਾਂਤਾ, ਲਵਲੀ, ਰਾਣੀ, ਮੰਜੂ ਬਾਲਾ, ਸੁਖਵਿੰਦਰ ਕੌਰ, ਅਮਰਜੀਤ ਕੌਰ, ਐਨੀ ਆਦੀਆ, ਰਿਤੂ ਭੱਟੀ, ਗੀਤਾ, ਹਰਪਿੰਦਰ ਕੌਰ, ਰਜਨੀ ਸਿੱਬਲ, ਸ਼ਾਂਤੀ ਕੁਲਵਿੰਦਰ ਕੌਰ, ਅਰਚਨਾ ਰਾਣੀ, ਅੰਜਲੀ ਸਹੋਤਾ, ਅਨੂ ਗੁਪਤਾ ਅਤੇ ਹੋਰ ਮਹਿਲਾ ਕਾਂਗਰਸੀ ਆਗੂ ਅਤੇ ਵਰਕਰ ਹਾਜ਼ਰ ਸਨ।

# ਵਿਦਿਆਰਥਣਾਂ ਨੂੰ ਸਕੂਲ ਬੈਗ ਵੰਡੇ

**ਦੁਸਾਂਝ ਕਲਾਂ (ਸੁਰਿੰਦਰਪਾਲ)**-ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਪਿੰਡ ਦੁਸਾਂਝ ਕਲਾਂ ਵਿਖੇ 11ਵੀਂ ਅਤੇ 12ਵੀਂ ਜਮਾਤ ਦੇ ਵਿਦਿਆਰਥੀਣਾਂ ਨੂੰ ਸਕੂਲ ਬੈਗ ਵੰਡ ਗਏ। ਇਸ ਸਮਾਗਮ 'ਚ ਯੂਥ ਕੁਆਡੀਨੇਟਰ ਹਲਕਾ ਫਿਲੌਰ ਚੇਅਰਮੈਨ ਬ੍ਰਹਮਣ ਵੈਲਫੇਅਰ ਬੋਰਡ ਡਾ. ਵੈਭਵ ਸ਼ਰਮਾ ਉਚੇਚੇ ਤੌਰ ਤੇ ਪਹੁੰਚੇ ਕੇ ਵਿਦਿਆਰਥਣਾਂ ਨੂੰ ਸਕੂਲ ਵੰਡੇ ਗਏ। ਇਸ ਸਮਾਗਮ ਦੁਰਾਨ ਯੂਥ ਕੁਆਡੀਨੇਟਰ ਹਲਕਾ ਫਿਲੌਰ ਚੇਅਰਮੈਨ ਬ੍ਰਹਮਣ ਵੈਲਫੇਅਰ ਬੋਰਡ ਡਾ. ਵੈਭਵ ਸ਼ਰਮਾ, ਟਰੇਡ ਕਮਿਸ਼ਨ ਚੇਅਰਮੈਨ ਹਲਕਾ ਫਿਲੌਰ ਪਲਵਿੰਦਰ ਸਿੰਘ ਨੌਰਾ ਨੇ ਆਪਣੇ ਸੰਬੋਧਨ 'ਚ ਕਿਹਾ ਕਿ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਯਤਨਾਂ ਸਦਕਾ ਸਿਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਸ਼ਲਾਘਾਯੋਗ ਕਦਮ ਗਿਆਰਵੀਂ ਅਤੇ ਬਾਰਵੀਂ ਜਮਾਤ ਦੀਆਂ ਵਿਦਿਆਰਥਣਾਂ ਲਈ ਸਕੂਲ ਬੈਗ ਦੇਣ ਦਾ ਉੱਦਮ ਉਪਰਾਲਾ ਕੀਤਾ ਗਿਆ। ਇਸ ਸਕੂਲ ਇੰਚਾਰਜ ਕ੍ਰਿਸ਼ਨਾ ਦੇਵੀ, ਸਰਪੰਚ ਨਿਰਮਲ ਕੁਮਾਰ ਨਵੀਂ, ਬਲਾਕ ਸੰਮਤੀ ਮੈਂਬਰ ਸ਼੍ਰੀਮਤੀ ਗੁਰਪ੍ਰੀਤ ਕੌਰ, ਦਰਸ਼ਨ ਕੁਮਾਰ ਪੰਚ, ਦਰਸ਼ਨਾਂ ਕੁਮਰੀ ਪੰਚ, ਦਲਜਿੰਦਰ ਸਿੰਘ ਜੁਗਨੂੰ, ਬਲਾਕ ਪ੍ਰਧਾਨ ਜਗਦੇਵ ਸਿੰਘ, ਡਾ. ਓਮ ਪ੍ਰਕਾਸ਼ ਵਿਰਦੀ, ਬਲਜਿੰਦਰ ਕੌਰ ਤੋਂ ਇਲਾਵਾਂ ਸਮੂਹ ਸਕੂਲ ਸਟਾਫ ਆਦਿ ਹਾਜ਼ਰ ਸਨ।

# ਜਸਵਿੰਦਰ ਕੌਰ ਦਾ ਮਰਨ ਉਪਰੰਤ ਸਰੀਰ ਦਾਨ ਸਮਾਜ ਲਈ ਪ੍ਰੇਰਣਾਦਾਇਕ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰੋਟਰੀ ਆਈ ਬੈਂਕ ਐਂਡ ਕੋਰਨੀਆਲ ਟਰਾਂਸਪਲਾਂਟੇਸ਼ਨ ਸੋਸਾਇਟੀ ਵੱਲੋਂ ਪ੍ਰਧਾਨ ਜੇ.ਬੀ. ਬਹਿਲ ਦੀ ਅਗਵਾਈ ਹੇਠ ਤੇਰਾ ਆਸਰਾ ਸੇਵਾ ਘਰ, ਦਸ਼ਮੇਸ਼ ਨਗਰ ਦੀ ਵਸਨੀਕ ਜਸਵਿੰਦਰ ਕੌਰ ਦੇ ਦੇਹਾਂਤ ਉਪਰੰਤ ਉਨ੍ਹਾਂ ਦੀ ਆਖ਼ਰੀ ਇੱਛਾ ਅਨੁਸਾਰ ਨੇਤਰ ਅਤੇ ਸਰੀਰ ਦਾਨ ਦੀ ਪ੍ਰਕਿਰਿਆ ਤੁਰੰਤ ਸ਼ੁਰੂ ਕਰਵਾ ਦਿੱਤੀ ਗਈ। ਪ੍ਰਧਾਨ ਜੇ.ਬੀ. ਬਹਿਲ ਨੇ ਦੱਸਿਆ ਕਿ ਸੂਚਨਾ ਮਿਲਦੇ ਹੀ ਹਸਪਤਾਲ ਨਾਲ ਸੰਪਰਕ ਕੀਤਾ, ਜਿੱਥੇ ਡਾ. ਪ੍ਰਦੀਪ ਕੁਮਾਰ ਅਤੇ ਉਨ੍ਹਾਂ ਦੀ ਟੀਮ ਦੇ ਮੈਂਬਰ ਅਮਨਪ੍ਰੀਤ ਸਿੰਘ ਅਤੇ ਗੁਰਪ੍ਰੀਤ ਸਿੰਘ ਨੇ ਨੇਤਰ ਦਾਨ ਦੀ ਪ੍ਰਕਿਰਿਆ ਨੂੰ ਸਫ਼ਲਤਾਪੂਰਵਕ ਪੂਰਾ ਕੀਤਾ। ਇਸ ਤੋਂ ਬਾਅਦ ਜਸਵਿੰਦਰ ਕੌਰ ਦਾ ਸਰੀਰ ਖੋਜ ਕਾਰਜਾਂ ਲਈ ਰਾਜੀਵ ਗਾਂਧੀ ਸਰਕਾਰੀ ਪੋਸਟ ਗ੍ਰੇਜੂਏਟ ਆਯੁਰਵੇਦਿਕ ਕਾਲਜ, ਪਪਰੋਲਾ (ਜ਼ਿਲ੍ਹਾ ਕਾਂਗੜਾ, ਹਿਮਾਚਲ ਪ੍ਰਦੇਸ਼) ਭੇਜਿਆ ਗਿਆ। ਕਾਲਜ ਦੇ ਰਚਨਾ ਸਰੀਰ ਵਿਭਾਗ ਦੇ ਮੁਖੀ ਡਾ. ਰਾਮ ਮੋਹਨ ਕੁਸ਼ਵਾਹ ਅਤੇ ਉਨ੍ਹਾਂ ਦੀ ਟੀਮ ਨੇ ਸਰੀਰ ਨੂੰ ਪੂਰੇ ਸਨਮਾਨ ਨਾਲ ਸਵੀਕਾਰ ਕੀਤਾ। ਇਸ ਮੌਕੇ ਸੋਸਾਇਟੀ ਦੇ ਸਕੱਤਰ ਪ੍ਰੋ. ਦਲਜੀਤ ਸਿੰਘ ਨੇ ਦੱਸਿਆ ਕਿ ਤੇਰਾ ਆਸਰਾ ਸੇਵਾ ਘਰ ਵਿੱਚ ਇਸ ਵੇਲੇ 38 ਬੇਸਹਾਰਾ ਬਜ਼ੁਰਗ ਰਹਿ ਰਹੇ ਹਨ ਅਤੇ ਸਾਰਿਆਂ ਨੇ ਨੇਤਰ ਦਾਨ ਅਤੇ ਸਰੀਰ ਦਾਨ ਦੇ ਪ੍ਰਣ ਪੱਤਰ ਭਰੇ ਹੋਏ ਹਨ, ਜੋ ਸਮਾਜ ਲਈ ਇੱਕ ਪ੍ਰੇਰਨਾਦਾਇਕ ਅਤੇ ਸ਼ਲਾਘਾਯੋਗ ਉਪਰਾਲਾ ਹੈ। ਇਸ ਮੌਕੇ ਚੇਅਰਮੈਨ ਅਤੇ ਪ੍ਰਮੁੱਖ ਸਮਾਜ ਸੇਵੀ ਸੰਜੀਵ ਅਰੋੜਾ ਨੇ ਕਿਹਾ ਕਿ ਤੇਰਾ ਆਸਰਾ ਸੇਵਾ ਘਰ ਵੱਲੋਂ ਇਹ ਤੀਜਾ ਮਰਨ ਉਪਰੰਤ ਸਰੀਰ ਦਾਨ ਹੈ, ਜੋ ਰਾਜੀਵ ਗਾਂਧੀ ਸਰਕਾਰੀ ਟਰਾਂਸਪਲਾਂਟ ਰਾਹੀਂ ਨਵੀਂ ਰੌਸ਼ਨੀ ਪ੍ਰਦਾਨ ਕੀਤੀ ਜਾ ਚੁੱਕੀ ਹੈ। ਸੰਜੀਵ ਅਰੋੜਾ ਨੇ ਕਿਹਾ ਕਿ ਨੇਤਰ ਦਾਨ ਅਤੇ ਸਰੀਰ ਦਾਨ ਅਜਿਹਾ ਮਹਾਨ ਦਾਨ ਹੈ ਜੋ ਮਰਨ ਉਪਰੰਤ ਹੀ ਕੀਤਾ ਜਾ ਸਕਦਾ ਹੈ। ਇਸ



ਪੋਸਟ ਗ੍ਰੇਜੂਏਟ ਆਯੁਰਵੇਦਿਕ ਕਾਲਜ ਪਪੋਰਲਾ ਨੂੰ ਖੋਜ ਅਤੇ ਮੈਡੀਕਲ ਸਿੱਖਿਆ ਲਈ ਭੇਜਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਸੋਸਾਇਟੀ ਹੁਣ ਤੱਕ 32 ਮਰਨ ਉਪਰੰਤ ਸਰੀਰ ਵੱਖ-ਵੱਖ ਮੈਡੀਕਲ ਕਾਲਜਾਂ ਨੂੰ ਖੋਜ ਕਾਰਜਾਂ ਲਈ ਦਾਨ ਕਰਵਾ ਚੁੱਕੀ ਹੈ। ਇਸ ਤੋਂ ਇਲਾਵਾ 250 ਤੋਂ ਵੱਧ ਵਿਅਕਤੀਆਂ ਨੇ ਸਰੀਰ ਦਾਨ ਲਈ ਰਜਿਸਟ੍ਰੇਸ਼ਨ ਕਰਵਾਈ ਹੈ ਅਤੇ 4,169 ਨੇਤਰਹੀਣ ਵਿਅਕਤੀਆਂ ਨੂੰ ਕੋਰਨੀਆ (ਪੁਤਲੀ) ਲਈ ਜੀਵਨ ਦੌਰਾਨ ਹੀ ਪ੍ਰਣ ਪੱਤਰ ਭਰਨਾ ਬਹੁਤ ਜ਼ਰੂਰੀ ਹੈ ਤਾਂ ਜੋ ਬਾਅਦ ਵਿੱਚ ਕਿਸੇ ਤਰ੍ਹਾਂ ਦੀ ਰੁਕਾਵਟ ਨਾ ਆਵੇ। ਤੇਰਾ ਆਸਰਾ ਸੇਵਾ ਘਰ ਦੀ ਸੰਚਾਲਿਕਾ ਰਜਿੰਦਰ ਕੌਰ ਨੇ ਦੱਸਿਆ ਕਿ ਇੱਥੇ ਸਿਰਫ਼ ਬੇਸਹਾਰਾ ਬਜ਼ੁਰਗਾਂ ਦੀ ਨਿਸ਼ਕਾਮ ਭਾਵਨਾ ਨਾਲ ਸੇਵਾ ਕੀਤੀ ਜਾਂਦੀ ਹੈ।ਇਸ ਮੌਕੇ ਸ਼ੰਗਾਰਾ ਸਿੰਘ, ਪ੍ਰੋ. ਰਾਜੀਵ ਸ਼ਰਮਾ, ਅਸ਼ਵਨੀ ਕੁਮਾਰ ਦੱਤਾ ਅਤੇ ਹੋਰ ਹਾਜ਼ਰ ਸਨ।

# ਈ 20 ਪੈਟਰੋਲ ਨੂੰ ਲੈ ਕੇ ਕੇਂਦਰ ਸਰਕਾਰ ਲੋਕਾਂ ਦੀਆਂ ਚਿੰਤਾਵਾਂ ਦਾ ਹੱਲ ਕਰੇ : ਸੰਜੀਵ ਭਗਤ

**ਜਲੰਧਰ (ਸ਼ੈਲੀ ਐਲਬਰਟ)**- ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਮੀਡੀਆ ਇੰਚਾਰਜ ਜਲੰਧਰ ਸ਼ਹਿਰੀ ਸੰਜੀਵ ਭਗਤ ਨੇ ਈ 20 ਪੈਟਰੋਲ ਨੂੰ ਲੈ ਕੇ ਕੇਂਦਰ ਸਰਕਾਰ 'ਤੇ ਸਵਾਲ ਖੜ੍ਹੇ ਕਰਦਿਆਂ ਕਿਹਾ ਕਿ ਇਸ ਨੂੰ ਲਾਗੂ ਕਰਨ ਤੋਂ ਪਹਿਲਾਂ ਆਮ ਲੋਕਾਂ ਅਤੇ ਵਾਹਨ ਮਾਲਕਾਂ ਦੀਆਂ ਚਿੰਤਾਵਾਂ ਦਾ ਹੱਲ ਕੀਤਾ ਜਾਣਾ ਚਾਹੀਦਾ ਹੈ।ਸੰਜੀਵ ਭਗਤ ਨੇ ਕਿਹਾ ਕਿ ਦੇਸ਼ ਵਿੱਚ ਅਜੇ ਵੀ ਲੱਖਾਂ ਦੋਪਹੀਆ ਅਤੇ ਚਾਰ ਪਹੀਆ ਵਾਹਨ ਅਜਿਹੇ ਹਨ ਜੋ ਈ 20 ਪੈਟਰੋਲ ਲਈ ਪੂਰੀ ਤਰ੍ਹਾਂ ਅਨੁਕੂਲ ਨਹੀਂ ਹਨ। ਅਜਿਹੇ ਵਾਹਨਾਂ ਵਿੱਚ ਈ 20 ਪੈਟਰੋਲ ਦੀ ਵਰਤੋਂ ਨਾਲ ਇੰਜਣ ਦੀ ਕਾਰਗੁਜ਼ਾਰੀ, ਮਾਈਲੇਜ ਅਤੇ ਰੱਖ-ਰਖਾਅ ਦੇ ਖਰਚੇ 'ਤੇ ਅਸਰ ਪੈ ਸਕਦਾ ਹੈ, ਜਿਸ ਦਾ ਸਿੱਧਾ ਆਰਥਿਕ ਬੋਝ ਆਮ ਲੋਕਾਂ 'ਤੇ ਪਵੇਗਾ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਇਸ ਮੁੱਦੇ 'ਤੇ ਵਾਹਨ ਨਿਰਮਾਤਾ ਕੰਪਨੀਆਂ, ਤਕਨੀਕੀ ਮਾਹਰਾਂ ਅਤੇ ਆਮ ਲੋਕਾਂ ਨਾਲ ਸਲਾਹ-ਮਸ਼ਵਰਾ ਕਰਨਾ ਚਾਹੀਦਾ ਹੈ। ਲੋਕਾਂ ਨੂੰ ਪੂਰੀ ਜਾਣਕਾਰੀ ਅਤੇ ਭਰੋਸਾ ਦਿੱਤੇ ਬਿਨਾਂ ਅਜਿਹੀਆਂ ਨੀਤੀਆਂ ਲਾਗੂ ਕਰਨਾ ਉਚਿਤ ਨਹੀਂ।ਸੰਜੀਵ ਭਗਤ ਨੇ ਕਿਹਾ ਕਿ ਆਮ ਆਦਮੀ ਪਾਰਟੀ ਹਮੇਸ਼ਾ ਲੋਕਾਂ ਦੇ ਹਿੱਤਾਂ ਦੀ ਗੱਲ ਕਰਦੀ ਹੈ ਅਤੇ ਹਰ ਉਹ ਨੀਤੀ ਦਾ ਸਮਰਥਨ ਕਰਦੀ ਹੈ ਜੋ ਜਨਤਾ ਦੇ ਭਲੇ ਲਈ ਹੋਵੇ। ਪਰ ਜੇਕਰ ਕਿਸੇ ਫ਼ੈਸਲੇ ਨਾਲ ਆਮ ਪਰਵਾਰਾਂ 'ਤੇ ਵਾਧੂ ਆਰਥਿਕ ਬੋਝ ਪੈਂਦਾ ਹੈ, ਤਾਂ ਉਸ ਬਾਰੇ ਮੁੜ ਵਿਚਾਰ ਕੀਤਾ ਜਾਣਾ ਚਾਹੀਦਾ ਹੈ।



# ਸੇਂਟ ਸੋਲਜਰ ਕਾਲਜ ਦੇ ਵਿਦਿਆਰਥੀਆਂ ਵੱਲੋਂ ਪ੍ਰੀਖਿਆਵਾਂ 'ਚ ਸ਼ਾਨਦਾਰ ਪ੍ਰਦਰਸ਼ਨ

**ਜਲੰਧਰ (ਇਕਬਾਲ ਸਿੰਘ ਉੱਭੀ)**- ਸੇਂਟ ਸੋਲਜਰ ਕਾਲਜ (ਕੋ-ਐਡ) ਦੇ ਵਿਦਿਆਰਥੀਆਂ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀਆਂ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਨਤੀਜੇ ਹਾਸਲ ਕਰਕੇ ਸੰਸਥਾ ਦਾ ਨਾਮ ਰੌਸ਼ਨ ਕੀਤਾ ਹੈ। ਡਾਇਰੈਕਟਰ ਡਾ. ਵੀਨਾ ਦਾਦਾ ਨੇ ਦੱਸਿਆ ਕਿ ਤਰਨਦੀਪ ਨੇ 7.38 ਸੀ ਜੀ ਪੀ ਏ ਪ੍ਰਾਪਤ ਕਰਕੇ ਪਹਿਲਾ ਸਥਾਨ, ਤਾਉਸ ਨੇ 7.31 ਸੀ ਜੀ ਪੀ ਏ ਨਾਲ ਦੂਜਾ ਸਥਾਨ ਅਤੇ ਵੰਦਨਾ ਕੁਮਾਰੀ ਨੇ 7.23 ਸੀ ਜੀ ਪੀ ਏ ਹਾਸਲ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।ਉਨ੍ਹਾਂ ਦੱਸਿਆ ਕਿ ਬਾਕੀ ਸਾਰੇ ਵਿਦਿਆਰਥੀਆਂ ਨੇ 6.5 ਤੋਂ ਵੱਧ ਸੀ ਜੀ ਪੀ ਏ ਪ੍ਰਾਪਤ ਕੀਤਾ, ਜੋ ਉਨ੍ਹਾਂ ਦੀ ਲਗਾਤਾਰ ਮਿਹਨਤ, ਸਮਰਪਣ ਅਤੇ ਅਕਾਦਮਿਕ ਪ੍ਰਤੀਬੱਧਤਾ ਦਾ ਪ੍ਰਮਾਣ ਹੈ। ਇਸ ਮੌਕੇ ਸੇਂਟ ਸੋਲਜਰ ਗਰੁੱਪ ਦੀ ਚੇਅਰਪਰਸਨ ਸ੍ਰੀਮਤੀ ਸੰਗੀਤਾ ਚੋਪੜਾ ਨੇ ਸਾਰੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਇਸ ਸ਼ਾਨਦਾਰ ਪ੍ਰਾਪਤੀ ਲਈ ਦਿਲੋਂ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।



# ਡੀ ਐੱਨ ਟੀ ਟਾਸਕ ਫੋਰਸ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੀ ਮੀਟਿੰਗ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਬਲਦੇਵ ਨਗਰ ਮੋਰਿੰਡਾ ਵਿਖੇ ਡੀ ਐਨ ਟੀ ਟਾਸਕ ਫੋਰਸ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਪੀਪੀਸੀਸੀ ਦੇ ਜ਼ਿਲ੍ਹਾ ਅਹੁਦੇਦਾਰਾਂ ਦੀ



ਬੈਠਕ ਹੋਈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਡੀ ਐਨ ਟੀ ਟਾਸਕ ਫੋਰਸ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਵਰਕਿੰਗ ਚੇਅਰਮੈਨ ਸੁਰਿੰਦਰ ਕੁਮਾਰ ਬਿੱਲਾ ਨੇ ਬੈਠਕ ਦੀ ਅਗਵਾਈ ਕਰਦੇ ਹੋਏ ਦੱਸਿਆ ਕਿ ਇਸ ਬੈਠਕ ਵਿੱਚ ਐਸ ਪੀ ਸਿੰਘ ਲੁਬਾਣਾ ਨੈਸ਼ਨਲ ਕੋਆਰਡੀਨੇਟਰ ਆਲ ਇੰਡੀਆ ਕਾਂਗਰਸ ਕਮੇਟੀ ਅਤੇ ਇੰਚਾਰਜ ਡੀ ਐਨ ਟੀ ਟਾਸਕ ਫੋਰਸ ਨੇ ਇਸ ਬੈਠਕ ਵਿੱਚ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਇਸ ਮੌਕੇ ਐਸ ਪੀ ਸਿੰਘ ਲੁਬਾਣਾ ਨੇ ਕਿਹਾ ਕਿ 10% ਕੋਟਾ ਛੋਟੀਆਂ ਕੌਮਾਂ ਨੂੰ ਲੈ ਕੇ ਦੇਵਾਂਗਾ ਅਤੇ ਕਾਂਗਰਸ ਸਰਕਾਰ ਬਣਨ ਤੇ ਜਿਨਾਂ ਕੋਲ ਮਕਾਨ ਨਹੀਂ ਹਨ ਉਹਨਾਂ ਨੂੰ ਮਕਾਨ ਬਣਾਉਣ ਦੀ ਮੰਗ ਹਾਈ ਕਮਾਂਡ ਕੋਲ ਲੈ ਕੇ ਜਾਵਾਂਗਾ। ਇਸ ਮੌਕੇ ਪਹੁੰਚੇ ਸਾਬਕਾ ਪ੍ਰਧਾਨ ਵਿਜੇ ਕੁਮਾਰ ਟਿੰਕੂ ਨਗਰ ਕੌਂਸਲ ਮੋਰਿੰਡਾ ਅਤੇ ਹਲਕਾ ਇੰਚਾਰਜ ਖਰੜ ਨੇ ਸੁਰਿੰਦਰ ਕੁਮਾਰ ਬਿੱਲਾ ਨੂੰ ਡੀ ਐਨ ਟੀ ਟਾਸਕ ਫੋਰਸ ਦੇ ਵਰਕਿੰਗ ਚੇਅਰਮੈਨ ਬਣਨ ਤੇ ਵਧਾਈ ਦਿੱਤੀ ਅਤੇ ਕਿਹਾ ਕਿ ਕਾਂਗਰਸ ਪਾਰਟੀ ਵਿੱਚ ਕੰਮ ਕਰਨ ਵਾਲੇ ਹਰੇਕ ਵਰਕਰ ਦਾ ਬਣਦਾ ਮਾਨ ਸਨਮਾਨ ਕਰਦੀ ਹੈ। ਉਹਨਾਂ ਕਿਹਾ ਕਿ ਬਿੱਲਾ ਬਲਦੇਵ ਨਗਰ ਦੀ ਲੰਮੇ ਸਮੇਂ ਤੋਂ ਕਾਂਗਰਸ ਪਾਰਟੀ ਵੱਲੋਂ ਅਗਵਾਈ ਕਰਦੇ ਆ ਰਹੇ ਹਨ। ਇਸ ਮੌਕੇ ਵੱਖ ਵੱਖ ਆਗੂਆਂ ਨੇ ਡੀ ਐਨ ਟੀ ਟਾਸਕ ਫੋਰਸ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸੰਗਠਨ ਦੇ ਮਜ਼ਬੂਤੀ ਨਾਲ ਹੀ ਕਾਂਗਰਸ ਪਾਰਟੀ ਪੰਜਾਬ ਵਿੱਚ ਸਰਕਾਰ ਬਣਾਉਣ ਵਿੱਚ ਕਾਮਯਾਬ ਹੋਵੇਗੀ। ਇਸ ਬੈਠਕ ਵਿੱਚ ਲੱਖਾ ਰਾਮ ਚੇਅਰਮੈਨ ਡੀਐਨਟੀ, ਮੇਵਾ ਸਿੰਘ ਵਰਕਿੰਗ ਚੇਅਰਮੈਨ ਡੀ ਐਨ ਟੀ ਗੁਰਮੀਤ ਸਿੰਘ ਚੌਹਾਨ ਵਰਕਿੰਗ ਚੇਅਰਮੈਨ ਡੀ ਐਨ ਟੀ ਸਤਪਾਲ ਸਿੰਘ ਜਨਰਲ ਸੈਕਟਰੀ ਡੀਐਨਟੀ, ਸੁਰਜੀਤ ਸਿੰਘ ਮੰਗਾ ਸਟੇਟ ਕੋਆਰਡੀਨੇਟਰ ਡੀ ਐਨ ਟੀ, ਸੀਮਾ ਦੇਵੀ ਵਾਈਸ ਚੇਅਰਮੈਨ ਡੀ ਐਨ ਟੀ ਖਰੈਤੀ ਰਾਮ ਵਾਈਸ ਚੇਅਰਮੈਨ ਰੋਪੜ ਡੀ ਐਨ ਟੀ, ਸਾਬਕਾ ਕੌਂਸਲਰ ਸੁੱਚਾ ਰਾਮ, ਮੈਡੀਕਲ ਐਸੋਸੀਏਸ਼ਨ ਦੇ ਪ੍ਰਧਾਨ ਬਚਨ ਲਾਲ ਵਰਮਾ, ਕਾਂਗਰਸ ਦੇ ਸਾਬਕਾ ਸ਼ਹਿਰੀ ਪ੍ਰਧਾਨ ਧਰਮਪਾਲ ਥੰਮਣ, ਸਮਾਜ ਸੇਵੀ ਕੁਲਵਿੰਦਰ ਸਿੰਘ, ਯੂਥ ਵਿੰਗ ਦੇ ਆਗੂ ਵਿੱਕੀ, ਬਿੱਟਾ ਪਾਸਟਰ, ਤਰਸੇਮ ਸਿੰਘ, ਸਾਬਕਾ ਸਰਪੰਚ ਖਰੈਤੀ ਰਾਮ ਅਤੇ ਜੈਮਲ ਸਿੰਘ, ਮੇਵਾ ਸਿੰਘ ਘਨੌਤ, ਪਿੰਕੀ ਲਾਲਕਾ, ਚਰਨ ਸਿੰਘ, ਜਸਵੀਰ ਸਿੰਘ, ਭਿੱਲੇ, ਤਿਰਲੋਚਨ ਸਿੰਘ ਨੰਬਰਦਾਰ ਡੂਮਛੇੜੀ, ਬੱਬੂ ਡੂਮਛੇੜੀ ਹਾਜ਼ਰ ਸਨ। ਅੰਤ ਵਿੱਚ ਵਰਕਿੰਗ ਚੇਅਰਮੈਨ ਸੁਰਿੰਦਰ ਕੁਮਾਰ ਬਿੱਲਾ ਨੇ ਆਏ ਪਤਵੰਤਿਆਂ ਦਾ ਧੰਨਵਾਦ ਕੀਤਾ ਤੇ ਕਾਂਗਰਸ ਪਾਰਟੀ ਨੂੰ ਮਜ਼ਬੂਤ ਕਰਨ ਲਈ ਪੁਰਜ਼ੋਰ ਅਪੀਲ ਕੀਤੀ।

# ਐਡਵੋਕੇਟ ਸੰਜੀਵ ਚੇਚੀ ਨੇ ਲੋਕ ਮਿਲਣੀ ਕਰਕੇ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ

**ਬਲਾਚੌਰ, (ਜਸਵਿੰਦਰ ਬੈਂਸ )**- ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਜ਼ਿਲ੍ਹਾ ਪ੍ਰਧਾਨ ਅਤੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਐਡਵੋਕੇਟ ਸੰਜੀਵ ਚੇਚੀ ਵੱਲੋਂ ਪਿੰਡ ਨਵਾਂ ਪਿੰਡ ਟੱਪਰੀਆਂ ਵਿਖੇ ਲੋਕ ਮਿਲਣੀ ਪ੍ਰੋਗਰਾਮ ਕਰਵਾਇਆ ਗਿਆ। ਇਸ ਦੌਰਾਨ ਉਨ੍ਹਾਂ ਨੇ ਪਿੰਡ ਵਾਸੀਆਂ ਨਾਲ ਸਿੱਧਾ ਸੰਵਾਦ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ, ਮੰਗਾਂ ਅਤੇ ਸੁਝਾਵਾਂ ਨੂੰ ਧਿਆਨ ਨਾਲ ਸੁਣਿਆ ਅਤੇ ਸਬੰਧਤ ਮਸਲਿਆਂ ਦੇ ਤਰਜੀਹੀ ਅਧਾਰ 'ਤੇ ਹੱਲ ਦਾ ਭਰੋਸਾ ਦਿੱਤਾ।ਇਸ ਮੌਕੇ ਐਡਵੋਕੇਟ ਸੰਜੀਵ ਚੇਚੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਇਮਾਨਦਾਰੀ ਨਾਲ ਪੂਰਾ ਕਰਨ ਲਈ ਨਿਰੰਤਰ ਕੰਮ ਕਰ ਰਹੀ ਹੈ। ਸਰਕਾਰ ਦਾ ਮੁੱਖ ਮਕਸਦ ਵਿਕਾਸ ਦੇ ਲਾਭ ਸਮਾਜ ਦੇ ਹਰ ਵਰਗ ਅਤੇ ਹਰ ਪਿੰਡ ਤੱਕ ਪਹੁੰਚਾਉਣਾ ਹੈ ਉਨ੍ਹਾਂ ਪਿੰਡ ਵਾਸੀਆਂ ਨੂੰ ਸਿੱਖਿਆ, ਸਿਹਤ, ਬਿਜਲੀ, ਸੜਕਾਂ, ਪੀਣ ਵਾਲੇ ਪਾਣੀ, ਬੁਨਿਆਦੀ ਢਾਂਚੇ ਅਤੇ ਹੋਰ ਜਨ-ਭਲਾਈ ਯੋਜਨਾਵਾਂ ਸਬੰਧੀ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਹਰ ਯੋਜਨਾ ਦਾ ਉਦੇਸ਼ ਆਮ ਲੋਕਾਂ ਦੀ ਜ਼ਿੰਦਗੀ ਨੂੰ ਸੁਖਾਲਾ ਅਤੇ ਬਿਹਤਰ ਬਣਾਉਣਾ ਹੈ।



ਐਡਵੋਕੇਟ ਸੰਜੀਵ ਚੇਚੀ ਨੇ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੀਆਂ ਲੋਕ-ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਕਿਸੇ ਵੀ ਸਮੱਸਿਆ ਲਈ ਆਪਣੇ ਚੁਣੇ ਹੋਏ ਨੁਮਾਇੰਦਿਆਂ ਨਾਲ ਬੇਝਿਜਕ ਸੰਪਰਕ ਕਰਨ। ਲੋਕ ਮਿਲਣੀ ਦੌਰਾਨ ਪਿੰਡ ਦੇ ਪਤਵੰਤੇ ਵਿਅਕਤੀਆਂ, ਨੌਜਵਾਨਾਂ, ਮਹਿਲਾਵਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਪਿੰਡ ਦੇ ਵਿਕਾਸ ਨਾਲ ਸਬੰਧਤ ਕਈ ਅਹਿਮ ਮਸਲਿਆਂ 'ਤੇ ਵਿਚਾਰ-ਵਟਾਂਦਰਾ ਹੋਇਆ ਅਤੇ ਲੋਕਾਂ ਨੇ ਆਪਣੀਆਂ ਮੰਗਾਂ ਵੀ ਰੱਖੀਆਂ, ਜਿਨ੍ਹਾਂ ਦੇ ਜਲਦੀ ਨਿਪਟਾਰੇ ਲਈ ਐਡਵੋਕੇਟ ਸੰਜੀਵ ਚੇਚੀ ਨੇ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਤਰਜੀਹ ਲੋਕਾਂ ਦੇ ਦਰਵਾਜ਼ੇ ਤੱਕ ਸੁਵਿਧਾਵਾਂ ਪਹੁੰਚਾਉਣਾ ਅਤੇ ਹਰ ਪਿੰਡ ਦਾ ਸਰਬਪੱਖੀ ਵਿਕਾਸ ਯਕੀਨੀ ਬਣਾਉਣਾ ਹੈ, ਜਿਸ ਲਈ ਸਰਕਾਰ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ।

# ਹਰਿਆਲੀ ਸੰਸਥਾ ਪੰਜਾਬ ਵੱਲੋਂ ਮਿਸ਼ਨ ਗਰੀਨ ਦੀ ਸ਼ੁਰੂਆਤ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਮੌਜੂਦਾ ਸਮੇਂ ਦੌਰਾਨ ਵਾਤਾਵਰਨ ਦੀ ਸੇਵਾ ਸੰਭਾਲ ਨੂੰ ਮੁੱਖ ਰੱਖਦੇ ਹੋਏ ਹਰਿਆਲੀ ਸੰਸਥਾ ਦਸੂਹਾ ਪੰਜਾਬ ਵੱਲੋਂ ਮਿਸ਼ਨ ਗਰੀਨ ਦੀ ਆਰੰਭਤਾ ਸਰਕਾਰੀ ਹਾਈ ਸਕੂਲ ਗਿਲਜੀਆਂ ਤੋਂ ਕੀਤੀ ਗਈ।ਹਰਿਆਲੀ ਸੰਸਥਾ ਦਸੂਹਾ ਦੇ ਮੁੱਖ ਪ੍ਰਬੰਧਕ ਹਰਜਿੰਦਰ ਸਿੰਘ ਅਤੇ ਗੁਰਵੀਰ ਕੌਰ ਭਾਰਦਵਾਜ ਦੀ ਦੇਖ-ਰੇਖ ਹੇਠ ਮੁੱਖ ਅਧਿਆਪਕਾ ਅਨੁਰਾਧਾ ਦੀ ਅਗਵਾਈ ਵਿੱਚ ਸ਼ੁਰੂ ਕੀਤੀ ਗਈ ਇਸ ਮੁਹਿੰਮ ਦੇ ਦੌਰਾਨ ਸਕੂਲ ਦੇ ਚੌਗਿਰਦੇ ਵਿੱਚ ਵੱਖ-ਵੱਖ ਤਰਹਾਂ ਦੇ ਲਗਾਏ ਗਏ।ਇਸ ਮੌਕੇ ਸਕੂਲ ਦੇ ਬੱਚਿਆਂ ਨੂੰ ਮੌਕਾ ਅਧਿਆਪਕਾ ਅਨੁਰਾਧਾ ਮਨੋਤਾ ਨੇ ਹਰਜਿੰਦਰ ਸਿੰਘ ਅਤੇ ਗੁਰਵੀਰ ਕੌਰ ਵੱਲੋਂ ਚਲਾਈ ਜਾ ਰਹੀ ਹਰਿਆਲੀ ਸੰਸਥਾ ਦਸੂਹਾ ਦੇ ਇਸ ਮਿਸ਼ਨ ਦੀ ਸ਼ਲਾਘਾ ਕੀਤੀ।

ਇਸ ਮੌਕੇ ਹਰਿਆਲੀ ਸੰਸਥਾ ਦਸੂਹਾ ਦੇ ਪ੍ਰਬੰਧਕ ਹਰਜਿੰਦਰ ਸਿੰਘ ਤੇ ਗੁਰਵੀਰ ਕੌਰ ਭਾਰਦਵਾਜ਼ ਨੇ ਦੱਸਿਆ ਕਿ ਹਰ ਸਾਲ ਹੀ ਬਰਸਾਤ ਦੇ ਦਿਨਾਂ ਵਿੱਚ ਹਰਿਆਲੀ ਸੰਸਥਾ ਵੱਲੋਂ ਵਾਤਾਵਰਨ ਦੀ ਸੇਵਾ ਸੰਭਾਲ ਦੇ ਮੱਦੇ ਨਜ਼ਰ ਫਲਦਾਰ, ਛਾਂਦਾਰ ਅਤੇ ਮੈਡੀਸਨਲ ਪੌਦੇ ਲਗਾਏ ਜਾਂਦੇ ਹਨ।ਇਸ ਮੌਕੇ ਰਮਨਜੀਤ ਕੁਮਾਰ, ਕਿਰਨਜੀਤ ਕੌਰ, ਜਯੋਤੀ ਟਾਕ, ਇੰਦਰਜੀਤ ਕੌਰ, ਸੁਖਦੇਵ ਸਿੰਘ, ਨਰਿੰਦਰਪਾਲ ਸਿੰਘ, ਨਰਿੰਦਰ ਸਿੰਘ, ਰੇਖਾ ਰਾਣੀ ਵੀ ਹਾਜ਼ਰ ਸਨ।


# ਜਿੰਪਾ ਨੇ ਚੌਹਾਲ ਸਕੂਲ ਦੇ ਵਿਦਿਆਰਥੀਆਂ ਨੂੰ ਸਕੂਲ ਬੈਗ ਵੰਡੇ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਸ਼ਨੀਵਾਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੌਹਾਲ ਵਿਖੇ ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਸਿੱਖਿਆ ਵਿਭਾਗ ਵੱਲੋਂ ਸੀਨੀਅਰ ਜਮਾਤਾਂ ਦੇ ਵਿਦਿਆਰਥੀਆਂ ਨੂੰ ਸਕੂਲ ਬੈਗ ਵੰਡੇ। ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਨੂੰ ਬਿਹਤਰ ਭਵਿੱਖ ਲਈ ਸਿੱਖਿਆ ਦੀ ਮਹੱਤਤਾ ਬਾਰੇ ਦੱਸਦਿਆਂ ਪੂਰੀ ਲਗਨ ਅਤੇ ਮਿਹਨਤ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ। ਵਿਧਾਇਕ ਜਿੰਪਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਿੱਖਿਆ ਪ੍ਰਣਾਲੀ ਨੂੰ ਹੋਰ ਮਜ਼ਬੂਤ ਬਣਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਵਿਦਿਆਰਥੀਆਂ ਨੂੰ ਲੋੜੀਂਦੀਆਂ ਸਹੂਲਤਾਂ ਪ੍ਰਦਾਨ ਕਰਨਾ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ, ਤਾਂ ਜੋ ਕਿਸੇ ਵੀ ਵਿਦਿਆਰਥੀ ਦੀ ਪੜ੍ਹਾਈ ਸਾਧਨਾਂ ਦੀ ਘਾਟ ਕਾਰਨ ਪ੍ਰਭਾਵਿਤ ਨਾ ਹੋਵੇ।ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ, ਸਿੱਖਿਆ ਦੇ ਖੇਤਰ ਵਿੱਚ ਨਵੀਆਂ ਉਚਾਈਆਂ ਹਾਸਲ ਕਰਨ ਅਤੇ ਆਪਣੇ ਮਾਪਿਆਂ, ਸਕੂਲ ਅਤੇ ਜ਼ਿਲ੍ਹੇ ਦਾ ਨਾਂਅ ਰੌਸ਼ਨ ਕਰਨ। ਇਸ ਮੌਕੇ ਬਲਾਕ ਪ੍ਰਧਾਨ ਬਖ਼ਤਾਵਰ ਸਿੰਘ, ਸਰਪੰਚ ਜੀਵਨ ਕੁਮਾਰ, ਕਾਰਜਕਾਰੀ ਪ੍ਰਿੰਸੀਪਲ ਡਾ. ਬਲਵਿੰਦਰ ਕੌਰ ਬਰਿਆਣਾ, ਅੰਕੁਰ ਸ਼ਰਮਾ (ਨੋਡਲ ਅਫ਼ਸਰ ਸਵੀਪ, ਹੁਸ਼ਿਆਰਪੁਰ) ਸਮੇਤ ਸਕੂਲ ਦਾ ਸਮੂਹ ਸਟਾਫ਼ ਹਾਜ਼ਰ ਸੀ।



# ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੀ ਮੀਟਿੰਗ ਹੋਈ

**ਬੰਗਾ (ਅਵਤਾਰ ਕਲੇਰ)** ਮੈਡੀਕਲ ਪ੍ਰੈਕਟੀਸ਼ਨਰ ਪੰਜਾਬ ਬਲਾਕ ਬੰਗਾ ਦੀ ਮਹੀਨਾਵਾਰ ਮੀਟਿੰਗ ਕਾਜਰਕਾਰੀ ਪ੍ਰਧਾਨ ਡਾ. ਅਨੂਪਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਬੰਗਾ ਵਿਖੇ ਹੋਈ ਜਿਸ ਵਿੱਚ ਵੱਖ ਵੱਖ ਪਹਿਲੂਆਂ ਤੇ ਵਿਚਾਰ ਵਟਾਂਦਰਾ ਕੀਤਾ ਗਿਆ।ਮੀਟਿੰਗ ਸ਼ਹੀਦ ਉਧਮ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕੀਤੀ ਗਈ। ਉਨਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ ਅਤੇ ਹਮੇਸ਼ਾ ਹੀ ਇਨ੍ਹਾਂ ਦੀ ਕੁਰਬਾਨੀ ਨੂੰ ਯਾਦ ਕੀਤਾ ਜਾਵੇਗਾ। ਜ਼ਿਲ੍ਹਾ ਕਮੇਟੀ ਮੈਂਬਰ ਡਾ ਅਨੂੰਪਿਦਰ ਸਿੰਘ ਨੂੰ ਬਲਾਕ ਦਾ ਕਾਰਜਕਾਰੀ ਪ੍ਰਧਾਨ ਤੇ ਡਾ. ਸੁਧੀਰ ਬੰਗਾ ਨੂੰ ਜ਼ਿਲ੍ਹਾ ਕਮੇਟੀ ਮੈਂਬਰ ਚੁਣਿਆ ਗਿਆ।ਮੀਟਿੰਗ ਵਿੱਚ ਪ੍ਰਧਾਨ ਅਨੂੰਪਿੰਦਰ ਸਿੰਘ ਲੇਖ ਰਾਜ, ਸੀਤਾ ਰਾਮ ਅਸ਼ੋਕ ਗਾਬਾ, ਮੱਖਣ ਲਾਲ, ਧਰਮ ਪਾਲ ਬੱਗਾ, ਰਣਜੀਤ ਸਿੰਘ, ਕੁਲਵਿੰਦਰ ਸਿੰਘ, ਗੁਰਮੇਲ ਮਜਾਰੀ, ਰਤਨ ਸਿੰਘ, ਨਰਿੰਦਰ ਸਿੰਘ, ਜਸਵੀਰ ਸਿੰਘ, ਸਿੰਦਰ ਪਾਲ ਹੀਰਾ, ਬਘੇਲ ਸਿੰਘ, ਗੀਤਾ, ਸੰਦੀਪ ਕੌਰ, ਸੁਧੀਰ ਕੁਮਾਰ ਹਾਜ਼ਰ ਹੋਏ।



# 'ਇੱਕ ਸ਼ਾਮ ਭਗਵਾਨ ਸ਼ਿਵ ਦੇ ਨਾਮ' 11 ਨੂੰ




**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਵਿਧਾਇਕ ਬ੍ਰਮ ਸ਼ੰਕਰ ਜਿੰਪਾ ਅਤੇ ਪੰਜਾਬ ਦੇ ਸੈਰ-ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਦੱਸਿਆ ਕਿ ਭਗਵਾਨ ਸ਼ਿਵ ਨੂੰ ਸਮਰਪਿਤ ਵਿਸ਼ਾਲ ਧਾਰਮਿਕ ਸਮਾਗਮ 'ਇੱਕ ਸ਼ਾਮ ਭਗਵਾਨ ਸ਼ਿਵ ਦੇ ਨਾਮ' ਦਾ ਆਯੋਜਨ 11 ਅਗਸਤ ਨੂੰ ਦੁਸਹਿਰਾ ਗਰਾਊਂਡ, ਹੁਸ਼ਿਆਰਪੁਰ ਵਿਖੇ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ 11 ਅਗਸਤ ਨੂੰ ਸ਼ਾਮ 6:30 ਵਜੇ ਸ਼ੁਰੂ ਹੋਣ ਵਾਲੇ ਇਸ ਵਿਸ਼ਾਲ ਧਾਰਮਿਕ ਸਮਾਗਮ ਵਿੱਚ ਦੇਸ਼ ਦੇ ਪ੍ਰਸਿੱਧ ਗਾਇਕ ਕੈਲਾਸ਼ ਖੇਰ ਆਪਣੀ ਭਗਤੀਮਈ ਪੇਸ਼ਕਾਰੀ ਦੇਣਗੇ। ਵਿਧਾਇਕ ਬ੍ਰਮ ਸ਼ੰਕਰ ਜਿੰਪਾ ਅਤੇ ਦੀਪਕ ਬਾਲੀ ਨੇ ਸ਼ਨੀਵਾਰ ਨੂੰ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਦੁਸਹਿਰਾ ਗਰਾਊਂਡ ਦਾ ਦੌਰਾ ਕਰਕੇ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਅਤੇ ਵੱਖ-ਵੱਖ ਪ੍ਰਬੰਧਾਂ ਦੀ ਸਮੀਖਿਆ ਕੀਤੀ। ਵਿਧਾਇਕ ਜਿੰਪਾ ਨੇ ਕਿਹਾ ਕਿ ਇਹ ਸਮਾਗਮ ਕਿਸੇ ਇੱਕ ਸੰਸਥਾ ਦਾ ਨਹੀਂ, ਸਗੋਂ ਪੂਰੇ ਖੇਤਰ ਦੀ ਆਸਥਾ ਅਤੇ ਲੋਕ ਸਹਿਯੋਗ ਦਾ ਪ੍ਰਤੀਕ ਹੈ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਸਾਰੇ ਲੋੜੀਂਦੇ ਪ੍ਰਬੰਧਾਂ ਵਿੱਚ ਸਹਿਯੋਗ ਪ੍ਰਦਾਨ ਕਰ ਰਹੀ ਹੈ, ਜਦਕਿ ਸਥਾਨਕ ਮੰਦਰ ਕਮੇਟੀਆਂ, ਧਾਰਮਿਕ ਸੰਸਥਾਵਾਂ ਅਤੇ ਸਮਾਜ ਸੇਵੀ ਸੰਸਥਾਵਾਂ ਆਪਸੀ ਤਾਲਮੇਲ ਨਾਲ ਇਸ ਸਮਾਗਮ ਨੂੰ ਸਫਲ ਬਣਾਉਣ ਲਈ ਕੰਮ ਕਰ ਰਹੇ ਹਨ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਨਿਧੀ ਕੁਮੁਦ ਬੰਬਾਹ, ਐਸ ਪੀ ਨਵਨੀਤ ਕੌਰ ਤੋਂ ਇਲਾਵਾ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

# 'ਮੇਰੀ ਰਸੋਈ' ਸਕੀਮ ਤਹਿਤ ਚੱਬੇਵਾਲ ਨੇ 200 ਰਾਸ਼ਨ ਕਿੱਟਾਂ ਵੰਡੀਆਂ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਭੁੰਗਰਨੀ ਵਿਖੇ ਮੇਰੀ ਰਸੋਈ ਸਕੀਮ ਤਹਿਤ ਹਲਕਾ ਵਿਧਾਇਕ ਚੱਬੇਵਾਲ ਡਾਕਟਰ ਇਸ਼ਾਕ ਕੁਮਾਰ ਵੱਲੋਂ 200 ਰਾਸ਼ਨ ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਡਾਕਟਰ ਇਸ਼ਾਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਆਪ ਦੀ ਸਰਕਾਰ ਵੱਲੋਂ ਲੋਕ ਭੁਲਾਈ ਸਕੀਮਾਂ ਚੱਲ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਬਿਜਲੀ ਦੇ ਬਿੱਲ ਮੁਆਫ, ਮੁੱਖ ਮੰਤਰੀ ਤੀਰਥ ਯਾਤਰਾ, ਬੀਬੀਆ ਨੂੰ 1000-1500 ਸਤਿਕਾਰ ਸਕੀਮ, ਮੇਰੀ ਰਸੋਈ ਸਕੀਮ ਤਹਿਤ ਰਾਸ਼ਨ ਕਿੱਟਾਂ ਵੰਡੀਆਂ, ਰਾਸ਼ਨ ਕਾਰਡ ਨਵੇਂ ਬਣਾਉਣਾ, ਦੱਸ ਲੱਖ ਰੁਪਏ ਦਾ ਸਿਹਤ ਬੀਮਾ ਅਤੇ ਹੋਰ ਕਈ ਸਕੀਮਾਂ ਚੱਲ ਰਹੀਆਂ ਹਨ। ਉਨ੍ਹਾਂ ਦੱਸਿਆ ਕਿ 2027 ਆਉਣ ਵਾਲੀਆਂ ਚੋਣਾਂ ਵਿੱਚ ਆਪ ਆਦਮੀ ਪਾਰਟੀ ਦੀ ਸਰਕਾਰ ਦੁਆਰਾ ਬਣੇਗੀ। ਇਸ ਮੌਕੇ ਬਾਬਾ ਸੁਖਚੈਨ ਸਿੰਘ ਹੈਂਡ ਗ੍ਰੰਥੀ ਭੁੰਗਰਨੀ, ਪੱਤਰਕਾਰ ਜਗਤਾਰ ਸਿੰਘ ਭੁੰਗਰਨੀ, ਬਲਵੀਰ ਸਿੰਘ ਤੰਬੜ,ਸੁਰਜੀਤ ਕੁਮਾਰ ਹੈਪੀ ਸਾਬਕਾ ਪੰਚ, ਬਲਵਿੰਦਰ ਸਿੰਘ,ਅਮਨਦੀਪ ਸਿੰਘ, ਮਿੰਟਾਂ ਭੁੰਗਰਨੀ, ਦਵਿੰਦਰ ਸਿੰਘ ਪੰਚ, ਕੁਲਜੀਤ ਸਿੰਘ ਫੂਡ ਇੰਸਪੈਕਟਰ ਹੁਸ਼ਿਆਰਪੁਰ, ਸਰਪੰਚ ਗੁਰਦੀਪ ਕੌਰ, ਇੰਦਰਜੀਤ ਕੌਰ ਪੰਚ, ਸੁਖਵਿੰਦਰ ਸਿੰਘ ਪੰਚ, ਸਤਨਾਮ ਸਿੰਘ ਪਰਹਾਰ ਪੰਚ, ਡਾਕਟਰ ਕੁਲਦੀਪ ਕੌਰ, ਊਸ਼ਾ ਰਾਣੀ ਸਾਬਕਾ ਸਰਪੰਚ, ਮਨਜੀਤ ਸਿੰਘ ਪ੍ਰਧਾਨ ਗੁਰਦੁਆਰਾ ਸ਼੍ਰੀ ਗੁਰੂ ਰਵਿਦਾਸ ਜੀ ਮਹਾਰਾਜ ਭੁੰਗਰਨੀ, ਧਰਮਪਾਲ ਸਿੰਘ, ਸੁਰਿੰਦਰ ਸਿੰਘ ਲੰਬੜਦਾਰ, ਜਸਵੀਰ ਕੌਰ ਸਹਿਗਲ, ਮਿਸਤਰੀ ਜੋਗਿੰਦਰ ਸਿੰਘ, ਪਿਆਰਾ ਸਿੰਘ ਆਦਿ ਹਾਜ਼ਰ ਸਨ।




# ਕਾਂਗਰਸ ਤੇ ਹੋਰਨਾਂ ਪਾਰਟੀਆਂ ਨੂੰ ਛੱਡ ਕੇ ਲੋਕ 'ਆਪ' 'ਚ ਸ਼ਾਮਲ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਹਲਕਾ ਨਕੋਦਰ ਵਿੱਚ ਵਿਧਾਇਕ ਇੰਦਰਜੀਤ ਕੌਰ ਮਾਨ ਦੀ ਲੋਕਾਂ ਤੱਕ ਪਹੁੰਚ ਨੂੰ ਦੇਖਦਿਆਂ ਨੂਰਮਹਿਲ ਵਿਖੇ ਵੱਡੀ ਗਿਣਤੀ ਵਿੱਚ ਲੋਕ ਕਾਂਗਰਸ ਅਤੇ ਹੋਰਨਾਂ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਵਿੱਚ ਸ਼ਾਮਲ ਹੋਏ ਹਨ ਜਿਹਨਾਂ ਵਿੱਚ ਆਯੁਸ਼ਮਾਨ ਬਾਵਾ, ਅਭਿਮਨਿਊ ਬਾਵਾ, ਕੁਸ਼ਲ ਭੱਟੀ, ਕੁਸ਼ਲ ਸੋਂਧੀ, ਆਕਾਸ਼ ਸਿੱਧੂ, ਅਰੁਣਦੀਪ ਸਿੰਘ ਚੀਮਾ, ਕਰਨ, ਆਕਾਸ਼ ਦੀਪ, ਮਨਦੀਪ ਸਿੰਘ, ਪੁਸ਼ਪਿੰਦਰ, ਲਵ ਚੀਮਾ, ਜੱਗੀ ਤਲਵਣ, ਸੁੱਖੀ ਤਲਵਣ, ਅਵਿਨਾਸ਼ ਪ੍ਰਧਾਨ, ਬਲਕਾਰ ਸਹੋਤਾ, ਮਨਜੀਤ,ਆਕਾਸ਼ ਢਿੱਲੋਂ, ਬੱਬੂ ਮਲਸੀਆ, ਨਵੀਨ ਭੱਟੀ, ਕੁਨਾਲ ਭੱਟੀ, ਤੁਸ਼ਾਰ ਸੋਢੀ, ਹਰੀਸ਼ ਜੌਹਲ, ਰਘੂ ਜੌਹਰ, ਸੌਰਵ, ਅੰਕਾਸ਼ੂ, ਅਨਮੋਲ ਸਿੰਘ, ਜੀਤਾ ਜੈਲਦਾਰ, ਦੀਪਾ ਜੈਲਦਾਰ, ਜਸਕਰਨ, ਰੋਹਿਤ ,ਅਮਨ, ਲਵ ਸ਼ਾਦੀਪੁਰ, ਜੱਸੀ, ਰਿਤਸ਼, ਭਰਮਦੀਪ ਸਿੰਘ, ਸ਼ੰਮੀ ਚੀਮਾ, ਵਿਨੈ ਸੋਂਧੀ, ਜਿਤੀ ਸਾਗਰਪੁਰੀਆ, ਕਮਲ ਸਾਹਿਲ, ਦਲੀਪ, ਸੰਦੀਪ, ਜਤਿਨ, ਬਾਜ, ਦਿਵਾਸ਼ੂ, ਅੰਮ੍ਰਿਤ, ਸਮਰਾ, ਜਤਿਨ ਮਹਿਰਾ, ਹੈਰੀ ਉੱਪਲ, ਮਨੀ ਉੱਪਲ, ਨਿਸ਼ਾਂਤ, ਰੋਹਿਤ, ਯੁਵੀ, ਜੁਗਰਾਜ ਸ਼ਰਮਾ, ਰੋਹਿਤ ਤਿਵਾੜੀ, ਤੁਸ਼ਾਰ, ਸੋਬੀ ਸੰਧੂ, ਬੋਵੀ ਸੰਧੂ, ਦੀਪੂ ਸੰਧੂ, ਰੋਹਿਨ ਭੰਡਾਰੀ, ਪਰਵੇਸ਼ ਮਹਿਰਾ, ਕੁੰਦਾਲਾ, ਨਵਯੋਤ ਮਹਿਰਾ, ਦਿਲਰਾਜ ਕੋਟਲਾ, ਜਸਕਰਨ ਤਲਵਣ, ਗੁਰਜੀਤ, ਕਰਨ ਸੋਹਲ, ਪਵਨਦੀਪ ਉੱਪਲ, ਸ਼ਾਮ ਉੱਪਲ ਸ਼ਾਮਲ ਸਨ ਜਿਹਨਾਂ ਨੂੰ ਬੀਬੀ ਮਾਨ ਨੇ ਇਹਨਾਂ ਦਾ ਜੋਰਦਾਰ ਸਵਾਗਤ ਕਰਦਿਆ ਜੀ ਆਇਆ ਆਖਿਆ ਤੇ ਪਾਰਟੀ ਵਿੱਚ ਸਤਿਕਾਰ ਦੇਣ ਦਾ ਭਰੋਸਾ ਦਿੱਤਾ। ਇਸ ਸਮੇਂ ਚੇਅਰਮੈਨ ਲਖਵੀਰ ਸਿੰਘ ਸ਼ੀਰ, ਰਾਕੇਸ਼ ਰਿੰਕੂ ਦੀਪਕ, ਸਾਹਿਲ ਗੱਗੀ,ਪ੍ਰਧਾਨ ਰਚਨਾ ਨਈਅਰ, ਸੁਭਾਸ਼ ਸ਼ਰਮਾ ਆਦਿ ਸ਼ਾਮਲ ਸਨ।

# ਨਸ਼ਾ ਮੁਕਤ ਯੁਵਾ ਵਿਕਸਿਤ ਭਾਰਤ ਮੁਹਿੰਮ ਤਹਿਤ ਆਨਲਾਈਨ ਸਹੁੰ ਚੁੱਕ ਸਮਾਗਮ

**ਡੇਰਾਬੱਸੀ (ਵਿਨੈ ਕੁਮਾਰ ਜੈਨ)**-ਰਾਜਕੀ ਮਹਾਂਵਿਦਿਆਲਾ, ਡੇਰਾਬੱਸੀ ਦੇ ਐੱਨ ਐੱਸ ਐੱਸ ਵਿਭਾਗ ਵੱਲੋਂ ਭਾਰਤ ਸਰਕਾਰ ਦੇ ਯੁਵਕ ਮਾਮਲੇ ਅਤੇ ਖੇਡ ਮੰਤਰਾਲੇ ਦੀਆਂ ਹਦਾਇਤਾਂ ਅਨੁਸਾਰ ਨੌਜਵਾਨਾਂ ਨੂੰ ਹਰ ਤਰ੍ਹਾਂ ਦੇ ਨਸ਼ਿਆਂ ਤੋਂ ਦੂਰ ਰੱਖਣ ਲਈ ਰਾਸ਼ਟਰੀ ਪੱਧਰ 'ਤੇ ਚਲਾਈ ਜਾ ਰਹੀ ਮੁਹਿੰਮ 'ਨਸ਼ਾ ਮੁਕਤ ਯੁਵਾ ਵਿਕਸਿਤ ਭਾਰਤ 2.0' ਤਹਿਤ ਇੱਕ ਵਿਸ਼ੇਸ਼ ਆਨਲਾਈਨ ਸਹੁੰ ਚੁੱਕ ਸਮਾਗਮ ਦਾ ਆਯੋਜਨ




ਕੀਤਾ ਗਿਆ। ਇਸ ਰਾਸ਼ਟਰੀ ਸੰਕਲਪ ਅਭਿਆਨ ਦੀ ਸ਼ੁਰੂਆਤ 2 ਅਗਸਤ 2026 ਤੋਂ ਕੀਤੀ ਗਈ ਹੈ। ?ਇਸ ਸਮਾਗਮ ਵਿੱਚ ਕਾਲਜ ਦੇ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ। ਸਮਾਗਮ ਦੌਰਾਨ ਐੱਨ ਐੱਸ ਐੱਸ ਪ੍ਰੋਗਰਾਮ ਅਫ਼ਸਰ ਡਾ. ਸ਼ਕੁੰਤਲਾ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਸਹੁੰ ਚੁਕਾਈ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਵਿਨੀਤਾ ਰਾਓ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਅਪੀਲ ਕੀਤੀ ਕਿ ਉਹ ਖ਼ੁਦ ਹਰ ਪ੍ਰਕਾਰ ਦੇ ਨਸ਼ੇ ਤੋਂ ਦੂਰ ਰਹਿਣ ਅਤੇ ਹੋਰਨਾਂ ਨੂੰ ਵੀ ਇਸ ਬੁਰਾਈ ਵਿਰੁੱਧ ਜਾਗਰੂਕ ਕਰਨ।ਸਮੁੱਚੇ ਪ੍ਰੋਗਰਾਮ ਦਾ ਮੰਚ ਸੰਚਾਲਨ ਪ੍ਰੋ. ਰਵਿੰਦਰ ਸਿੰਘ ਵੱਲੋਂ ਸੁਚੱਜੇ ਢੰਗ ਨਾਲ ਕੀਤਾ ਗਿਆ। ਇਸ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਵਿੱਚ ਵਾਈਸ ਪ੍ਰਿੰਸੀਪਲ ਰਾਜਬੀਰ ਕੌਰ, ਰਜਿਸਟਰਾਰ ਸਵਿਤਾ ਗੁਪਤਾ ਅਤੇ ਐੱਨ ਐੱਸ ਐੱਸ ਕੋਆਰਡੀਨੇਟਰ ਪ੍ਰੋ. ਮੋਹਨੀਸ਼ ਆਰੀਆ ਨੇ ਵਿਸ਼ੇਸ਼ ਅਤੇ ਸ਼ਲਾਘਾਯੋਗ ਯੋਗਦਾਨ ਪਾਇਆ।


# ਸਰਕਾਰ ਬਣਨ 'ਤੇ ਬੰਦੀ ਸਿੰਘਾਂ ਦੀ ਰਿਹਾਈ ਤੇ ਨਸ਼ਾ ਮੁਕਤ ਪੰਜਾਬ ਸਾਡਾ ਟੀਚਾ : ਬਾਪੂ ਤਰਸੇਮ ਸਿੰਘ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਪੰਡਤ ਮਿਥਲੇਸ਼)**- ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਟਾਂਡਾ ਵਿਖੇ ਪਾਰਟੀ ਦੇ ਨਵੇਂ ਦਫ਼ਤਰ ਦਾ ਉਦਘਾਟਨ ਕੀਤਾ ਗਿਆ।ਇਸ ਸਮਾਗਮ ਵਿੱਚ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਅਤੇ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਉਨ੍ਹਾਂ ਦੇ ਨਾਲ ਦੋਆਬਾ ਜ਼ੋਨ ਇੰਚਾਰਜ ਪਰਮਜੀਤ ਸਿੰਘ ਜੌਹਲ, ਪੰਜਾਬ ਪੰਜ ਮੈਂਬਰੀ ਕਮੇਟੀ ਦੇ ਪ੍ਰਧਾਨ ਅਮਰਜੀਤ ਸਿੰਘ ਵੰਨਚਿੜੀ, ਯੂਥ ਪ੍ਰਧਾਨ ਸੁਖਦੇਵ ਸਿੰਘ ਕਾਦੀਆਂ ਅਤੇ ਹਲਕਾ ਟਾਂਡਾ ਇੰਚਾਰਜ ਤੇ ਜ਼ਿਲ੍ਹਾ ਪ੍ਰਧਾਨ ਅਵਤਾਰ ਸਿੰਘ ਸੇਖੋਂ ਸਮੇਤ ਵੱਡੀ ਗਿਣਤੀ ਵਿੱਚ ਆਗੂ ਅਤੇ ਵਰਕਰ ਮੌਜੂਦ ਸਨ।ਸਮਾਗਮ ਨੂੰ ਸੰਬੋਧਨ ਕਰਦਿਆਂ ਬਾਪੂ ਤਰਸੇਮ ਸਿੰਘ ਨੇ ਕਿਹਾ ਕਿ ਮੌਜੂਦਾ ਸਰਕਾਰ ਆਪਣੇ ਚੋਣ ਵਾਅਦੇ ਪੂਰੇ ਕਰਨ ਵਿੱਚ ਨਾਕਾਮ ਰਹੀ ਹੈ।ਉਨ੍ਹਾਂ ਦੋਸ਼ ਲਗਾਇਆ ਕਿ ਪੰਜਾਬ ਵਿੱਚ ਨਸ਼ੇ ਦੀ ਸਮੱਸਿਆ ਗੰਭੀਰ ਬਣੀ ਹੋਈ ਹੈ ਅਤੇ ਪਾਰਟੀ ਲਗਾਤਾਰ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਅਤੇ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਕਰਦੀ ਆ ਰਹੀ ਹੈ।ਦੋਆਬਾ ਜ਼ੋਨ ਇੰਚਾਰਜ ਪਰਮਜੀਤ ਸਿੰਘ ਜੌਹਲ ਅਤੇ ਯੂਥ ਪ੍ਰਧਾਨ ਸੁਖਦੇਵ ਸਿੰਘ ਕਾਦੀਆਂ ਨੇ ਕਿਹਾ ਕਿ ਪਾਰਟੀ ਸੂਬੇ ਭਰ ਵਿੱਚ ਜਨਸੰਪਰਕ ਮੁਹਿੰਮਾਂ ਅਤੇ ਨੁੱਕੜ ਮੀਟਿੰਗਾਂ ਰਾਹੀਂ ਆਪਣੀਆਂ ਨੀਤੀਆਂ ਲੋਕਾਂ ਤੱਕ ਪਹੁੰਚਾ ਰਹੀ ਹੈ। ਉਨ੍ਹਾਂ ਦਾਅਵਾ ਕੀਤਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸਰਕਾਰ ਬਣਨ 'ਤੇ ਪੰਜਾਬ ਵਿੱਚ ਅਮਨ-ਸ਼ਾਂਤੀ ਕਾਇਮ ਕਰਨ, ਗੈਂਗਸਟਰਾਂ ਅਤੇ ਮਾਫੀਆ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਅਤੇ ਨੌਜਵਾਨਾਂ ਨੂੰ ਸੁਰੱਖਿਅਤ ਮਾਹੌਲ ਮੁਹੱਈਆ ਕਰਵਾਉਣ ਲਈ ਕੰਮ ਕੀਤਾ ਜਾਵੇਗਾ। ਜ਼ਿਲ੍ਹਾ ਪ੍ਰਧਾਨ ਅਤੇ ਹਲਕਾ ਟਾਂਡਾ ਇੰਚਾਰਜ ਅਵਤਾਰ ਸਿੰਘ ਸੇਖੋਂ ਨੇ ਕਿਹਾ ਕਿ ਪਾਰਟੀ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਸੰਗਠਨ ਨਾਲ ਜੋੜਨਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਬਣਨ 'ਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਯਤਨ ਕੀਤੇ ਜਾਣਗੇ ਅਤੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਠੋਸ ਕਦਮ ਚੁੱਕੇ ਜਾਣਗੇ।ਇਸ ਮੌਕੇ ਆਈ.ਟੀ. ਸੈੱਲ ਇੰਚਾਰਜ ਹੁਸ਼ਿਆਰਪੁਰ ਗੁਰਜੀਤ ਸਿੰਘ, ਯੂਥ ਪ੍ਰਧਾਨ ਹੁਸ਼ਿਆਰਪੁਰ ਸੁਖਵਿੰਦਰ ਸਿੰਘ ਨੂਰਾ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਮਨਜਿੰਦਰ ਰੜਾ, ਮੀਤ ਪ੍ਰਧਾਨ ਮਨਦੀਪ ਤਗੜ, ਸਰਕਲ ਦਸੂਹਾ ਪ੍ਰਧਾਨ ਅਮਰੀਕ ਜਲੋਟਾ, ਸਰਕਲ ਕੰਦਾਲਾ ਜੱਟਾਂ ਪ੍ਰਧਾਨ ਜਸਵਿੰਦਰ ਚੌਹਾਨ, ਸਰਕਲ ਗੜ੍ਹਦੀਵਾਲਾ ਪ੍ਰਧਾਨ ਮਨਿੰਦਰ ਰੂਪੋਵਾਲ, ਬੀਬੀ ਰਣਜੀਤ ਕੌਰ, ਜਸਦੀਪ ਕੌਰ, ਸਿਮਰ ਰਾਣੀ, ਸੁਨੀਤਾ, ਲਵਪ੍ਰੀਤ ਕੌਰ, ਗੁਰਿੰਦਰ ਕੌਰ, ਸਿਮਰਨਜੀਤ ਕੌਰ, ਬਲਜੀਤ ਕੌਰ, ਅਮਨਦੀਪ ਕੌਰ, ਨਿਰਮਲ ਸਿੰਘ, ਗੁਰਪ੍ਰੀਤ ਟਾਂਡਾ, ਬਿਕਰਮ ਟਾਂਡਾ, ਸਰਬਜੀਤ ਟਾਂਡਾ, ਜਸਵੀਰ ਟਾਂਡਾ, ਮਨਪ੍ਰੀਤ ਟਾਂਡਾ, ਸੁਰਤੀ ਰਾਮ, ਮਹਿੰਦਰ ਮੁਕੇਰੀਆਂ, ਰੂਮੀ ਹਾਜੀਪੁਰ, ਦਵਿੰਦਰ ਸਿੰਘ ਅਤੇ ਹੋਰ ਵਰਕਰ ਹਾਜ਼ਰ ਸਨ।




# ਬੀਬੀ ਮਨਜੀਤ ਕੌਰ ਦਾ ਸੇਵਾ-ਮੁਕਤੀ 'ਤੇ ਸਨਮਾਨ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਿਛਲੇ ਲੰਬੇ ਸਮੇਂ ਤੋਂ ਸੇਵਾਵਾਂ ਨਿਭਾ ਰਹੀ ਬੀਬੀ ਮਨਜੀਤ ਕੌਰ ਦਾ ਸੇਵਾ ਮੁਕਤੀ 'ਤੇ ਵਿਸ਼ੇਸ਼ ਸਨਮਾਨ ਕੀਤਾ ਗਿਆ।ਬੀਬੀ ਮਨਜੀਤ ਕੌਰ ਵੱਲੋਂ 2006 ਤੋਂ ਸਕੂਲ ਵਿਖੇ ਸੇਵਾਵਾਂ ਸ਼ੁਰੂ ਕੀਤੀਆਂ ਸਨ ਅਤੇ ਉਹ 20 ਸਾਲ ਦੀ ਸੇਵਾ ਉਪਰੰਤ ਸੇਵਾ ਮੁਕਤ ਹੋਏ ਹਨ।ਸਕੂਲ ਕੰਪਲੈਕਸ ਵਿਖੇ ਕਰਵਾਏ ਗਏ ਸਮਾਗਮ ਵਿੱਚ ਬੋਲਦਿਆਂ ਸਕੂਲ ਮੁਖੀ ਪ੍ਰਿੰਸੀਪਲ ਗੁਰਿੰਦਰ ਕੌਰ ਕਪੂਰ ਨੇ ਕਿਹਾ ਕਿ ਬੀਬੀ ਮਨਜੀਤ ਕੌਰ ਇੱਕ ਅਜਿਹੀ ਸ਼ਖ਼ਸ਼ੀਅਤ ਹੈ ਜਿਨਾਂ ਹਮੇਸ਼ਾ ਸਮੇਂ ਦੀ ਕਦਰ ਕੀਤੀ ਅਤੇ ਡਿਊਟੀ ਨੂੰ ਸੇਵਾ ਸਮਝ ਕੇ ਕੀਤਾ ਹੈ ਜਿਸ ਤੋਂ ਹੋਰ ਸਟਾਫ਼ ਨੂੰ ਵੀ ਸਬਕ ਲੈਣਾ ਚਾਹੀਦਾ ਹੈ।ਉਹਨਾਂ ਕਿਹਾ ਕਿ ਬੀਬੀ ਮਨਜੀਤ ਕੌਰ ਦੀਆਂ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ ਕਿਉਂਕਿ ਇਹਨਾਂ ਆਪਣੇ 20 ਸਾਲ ਦੀ ਸੇਵਾ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਈ ਹੈ।ਪ੍ਰਿੰਸੀਪਲ ਗੁਰਿੰਦਰ ਕੌਰ ਕਪੂਰ ਨੇ ਬੀਬੀ ਮਨਜੀਤ ਕੌਰ ਦੀ ਸੇਵਾ ਮੁਕਤੀ ਤੋਂ ਬਾਅਦ ਦੀ ਜ਼ਿੰਦਗੀ ਲਈ ਉਹਨਾਂ ਨੂੰ ਸ਼ੁਭਕਾਮਨਾਵਾਂ ਭੇਟ ਕੀਤੀਆਂ ਅਤੇ ਤੰਦਰੁਸਤ ਜੀਵਨ ਦੀ ਕਾਮਨਾ ਕੀਤੀ।ਇਸ ਤੋਂ ਬਾਅਦ ਸਕੂਲ ਸਟਾਫ ਵੱਲੋਂ ਉਹਨਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ।ਇਸ ਮੌਕੇ ਉਹਨਾਂ ਦੇ ਪਤੀ ਭਗਵੰਤ ਸਿੰਘ, ਮੈਡਮ ਸਤਿੰਦਰ ਕੌਰ, ਮੈਡਮ ਰਜਿੰਦਰ ਕੌਰ, ਮੈਡਮ ਸ਼ਾਂਤੀ ਦੇਵੀ, ਮੈਡਮ ਦੀਪਾਂਜਲੀ ਸ਼ਰਮਾ, ਮੈਡਮ ਕੰਵਲਜੀਤ ਕੌਰ, ਮੈਡਮ ਨਰਿੰਦਰ ਕੌਰ, ਮੈਡਮ ਸੰਦੀਪ ਕੌਰ, ਮੈਡਮ ਮਮਤਾ ਦੇਵੀ, ਮੈਡਮ ਆਂਸ਼ੂ, ਮੈਡਮ ਸਪਨਾ ਰਾਣੀ, ਮੈਡਮ ਜਸਪ੍ਰੀਤ ਕੌਰ, ਮੈਡਮ ਦਲਜੀਤ ਕੌਰ, ਮੈਡਮ ਡੇਜ਼ੀ ਗੌਤਮ ਕਲਰਕ, ਮੈਡਮ ਅਮਰਜੀਤ ਕੌਰ, ਕਰਮਜੀਤ ਕੌਰ, ਹਰਜਿੰਦਰ ਕੌਰ, ਰਕੇਸ਼ ਕੁਮਾਰ ਬੇਦੀ ਆਦਿ ਹਾਜ਼ਰ ਸਨ।



# ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੀ ਰੈਲੀ 5 ਨੂੰ

**ਜਲੰਧਰ, (ਰਾਜੇਸ਼ ਥਾਪਾ, ਲਖਵਿੰਦਰ ਸਿੰਘ ਆਧੀ, )**-ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਮੰਨੀਆਂ ਹੋਈਆਂ ਮੰਗਾਂ ਦੀ ਅਣਦੇਖੀ ਕਰਨ ਵਿਰੁੱਧ 5 ਅਗਸਤ ਨੂੰ ਦੇਸ਼ ਭਗਤ ਯਾਦਗਾਰ ਜਲੰਧਰ ਵਿਖੇ ਹੋ ਰਹੀ ਸੂਬਾਈ ਰੈਲੀ ਤੇ ਮੁੱਖ ਮੰਤਰੀ ਦੀ ਜਲੰਧਰ ਸਥਿਤ ਰਿਹਾਇਸ਼ ਵੱਲ ਮਾਰਚ ਵਿੱਚ ਸ਼ਾਮਲ ਹੋਣ ਲਈ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਹੈਡ ਕੁਆਟਰ ਸ਼ਹੀਦ ਸਰਵਨ ਸਿੰਘ ਚੀਮਾ ਭਵਨ ਪੁੱਜੀਆਂ



ਰਿਪੋਰਟਾਂ ਅਨੁਸਾਰ ਸਭਾ ਦੇ ਸੂਬਾ ਪ੍ਰਧਾਨ ਦਰਸ਼ਨ ਨਾਹਰ, ਸੂਬਾ ਜਨਰਲ ਸਕੱਤਰ ਗੁਰਨਾਮ ਸਿੰਘ ਦਾਊਦ, ਸੂਬਾ ਪ੍ਰੈਸ ਸਕੱਤਰ ਬਲਦੇਵ ਸਿੰਘ ਨੂਰਪੁਰੀ ਅਤੇ ਸੂਬਾ ਵਿੱਤ ਸਕੱਤਰ ਸ਼ਮਸ਼ੇਰ ਸਿੰਘ ਬਟਾਲਾ ਨੇ ਸਾਂਝੇ ਪ੍ਰੈਸ ਬਿਆਨ ਰਾਹੀਂ ਦੱਸਿਆ ਕਿ ਜਲੰਧਰ, ਅੰਮ੍ਰਿਤਸਰ, ਤਰਨਤਾਰਨ,ਗੁਰਦਾਸਪੁਰ, ਸ਼ਹੀਦ ਭਗਤ ਸਿੰਘ ਨਗਰ, ਕਪੂਰਥਲਾ, ਬਠਿੰਡਾ , ਮੁਕਤਸਰ ਸਾਹਿਬ, ਫਰੀਦਕੋਟ, ਲੁਧਿਆਣਾ, ਪਟਿਆਲਾ ਅਤੇ ਫਾਜ਼ਿਲਕਾ ਤੋਂ ਦਿਹਾਤੀ ਮਜ਼ਦੂਰ ਸਭਾ ਦੇ ਆਗੂਆਂ ਅਤੇ ਵਰਕਰਾਂ ਵਲੋਂ ਸੈਂਕੜੇ ਪਿੰਡਾਂ, ਕਸਬਿਆਂ ਅਤੇ ਮੁਹੱਲਿਆ ਵਿੱਚ ਪਬਲਿਕ ਮੀਟਿੰਗਾਂ,ਜਲਸੇ ਕਰਕੇ ਰੈਲੀ ਦੀਆਂ ਜ਼ੋਰ-ਸ਼ੋਰ ਨਾਲ ਤਿਆਰੀਆਂ ਕੀਤੀਆਂ ਗਈਆਂ ਹਨ। ਰੈਲੀ ਵਿਚ ਸ਼ਾਮਲ ਹੋਣ ਲਈ ਮਜ਼ਦੂਰਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਉਪਰੋਕਤ ਆਗੂਆਂ ਨੇ ਕਿਹਾ ਕਿ ਇਸ ਰੈਲੀ ਵਿਚ ਕੇਂਦਰ ਤੇ ਪੰਜਾਬ ਸਰਕਾਰ ਨਾਲ ਸਬੰਧਤ ਮੁੱਦੇ ਉਠਾਏ ਜਾਣਗੇ, ਜਿਨਾਂ ਵਿੱਚ ਵੀ ਬੀ ਜੀ ਰਾਮ ਜੀ ਕਾਨੂੰਨ ਰੱਦ ਕਰਕੇ ਮਗਨਰੇਗਾ ਕਾਨੂੰਨ ਬਹਾਲ ਕਰਨ, ਸਾਰਾ ਸਾਲ ਕੰਮ ਅਤੇ 700 ਰੁਪਏ ਦਿਹਾੜੀ ਦੇਣ,ਬੁਢਾਪਾ,ਵਿਧਵਾ, ਅੰਗਹੀਣ, ਆਸ਼ਰਿਤਾਂ ਦੀ ਪੈਨਸ਼ਨ 5000 ਰੁਪਏ ਕਰਨ ਅਤੇ ਉਮਰ ਹੱਦ ਮਰਦ ਦੀ 58 ਅਤੇ ਔਰਤ ਲਈ 55 ਸਾਲ ਕਰਨ,ਮਜ਼ਦੂਰਾਂ ਸਿਰ ਚੜ੍ਹਿਆ ਸਰਕਾਰੀ, ਗੈਰ ਸਰਕਾਰੀ, ਸਹਿਕਾਰੀ ਅਤੇ ਮਾਈਕਰੋ ਫਾਇਨਾਂਸ ਕੰਪਨੀਆਂ ਦਾ ਕਰਜ਼ਾ ਮੁਆਫ ਕਰਨ, ਬੇਘਰੇ ਅਤੇ ਲੋੜਵੰਦਾਂ ਨੂੰ 10-10 ਮਰਲੇ ਦੇ ਰਿਹਾਇਸ਼ੀ ਪਲਾਟ, ਮਕਾਨ ਬਣਾਉਣ ਲਈ ਪੰਜ ਲੱਖ ਰੁਪਏ ਗਰਾਂਟ ਦੇਣ, ਸੰਘਰਸ਼ ਕਰਦੇ ਮਜ਼ਦੂਰਾਂ ਅਤੇ ਹੋਰ ਸੰਘਰਸ਼ਸ਼ੀਲ ਲੋਕਾਂ ਉਪਰ ਬਣਾਏ ਕੇਸ ਵਾਪਸ ਲਏ ਜਾਣ,ਜਨਤਕ ਵੰਡ ਪ੍ਰਣਾਲੀ ਰਾਹੀਂ ਸਰਕਾਰੀ ਡੀਪੂ ਖੋਲ੍ਹ ਕੇ ਨਿਤ ਵਰਤੋਂ ਦੀਆਂ ਜ਼ਰੂਰੀ ਵਸਤਾਂ ਸਸਤੇ ਭਾਅ ਤੇ ਮੁਹੱਈਆ ਕਰਨ ਆਦਿ ਦੀ ਪ੍ਰਾਪਤੀ ਤੱਕ ਸੰਘਰਸ਼ ਜਾਰੀ ਰਹੇਗਾ।

## ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਕਾਂਗਰਸੀ ਵਰਕਰਾਂ ਵੱਲੋਂ ਸ਼ਰਧਾਂਜਲੀ ਭੇਟ



**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**-ਮਹਾਨ ਆਜ਼ਾਦੀ ਦੇ ਸੈਨਾਨੀ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਗੁਰੂ ਹਰਸਹਾਏ ਦੇ ਸਮੂਹ ਕਾਂਗਰਸੀ ਵਰਕਰਾਂ ਵੱਲੋਂ ਉਨ੍ਹਾਂ ਦੇ ਬੁੱਤ 'ਤੇ ਫੁੱਲ ਮਾਲਾਵਾਂ ਭੇਟ ਕਰਕੇ ਸ਼ਰਧਾਂਜਲੀ ਅਰਪਿਤ ਕੀਤੀ ਗਈ।ਇਸ ਮੌਕੇ ਸ਼ਹੀਦ ਊਧਮ ਸਿੰਘ ਦੇ ਦੇਸ਼ ਲਈ ਦਿੱਤੇ ਗਏ ਅਦੁੱਤੀ ਬਲਿਦਾਨ ਨੂੰ ਯਾਦ ਕਰਦਿਆਂ ਉਨ੍ਹਾਂ ਦੇ ਜੀਵਨ ਤੋਂ ਪ੍ਰੇਰਣਾ ਲੈਣ ਦਾ ਸੰਦੇਸ਼ ਦਿੱਤਾ ਗਿਆ।ਇਸ ਮੌਕੇ ਕੌਂਸਲਰ ਬ੍ਰਿਜ ਭੂਸ਼ਣ ਭਾਰਦਵਾਜ, ਕੌਂਸਲਰ ਅਮਨ ਦੁੱਗਲ, ਕੌਂਸਲਰ ਰਜਿੰਦਰ ਕੁਮਾਰ, ਆਤਮਜੀਤ ਸਿੰਘ ਡੇਵਿਡ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰ ਹਾਜ਼ਰ ਸਨ।ਇਸ ਮੌਕੇ ਸੰਬੋਧਨ ਕਰਦਿਆਂ ਕੌਂਸਲਰ ਬ੍ਰਿਜ ਭੂਸ਼ਣ ਭਾਰਦਵਾਜ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਦਾ ਜੀਵਨ ਦੇਸ਼-ਪ੍ਰੇਮ, ਨਿੱਡਰਤਾ ਤੇ ਕੁਰਬਾਨੀ ਦੀ ਅਮਰ ਮਿਸਾਲ ਹੈ।ਉਨ੍ਹਾਂ ਆਪਣੀ ਜਾਨ ਦੀ ਪ੍ਰਵਾਹ ਕੀਤੇ ਬਿਨਾਂ ਦੇਸ਼ ਦੀ ਆਜ਼ਾਦੀ ਲਈ ਜੋ ਬਲਿਦਾਨ ਦਿੱਤਾ, ਉਹ ਹਰ ਭਾਰਤੀ ਲਈ ਪ੍ਰੇਰਣਾ ਸਰੋਤ ਹੈ।ਉਨ੍ਹਾਂ ਕਿਹਾ ਕਿ ਅੱਜ ਦੇ ਨੌਜਵਾਨਾਂ ਨੂੰ ਸ਼ਹੀਦਾਂ ਦੇ ਜੀਵਨ ਤੋਂ ਸਿੱਖਿਆ ਲੈ ਕੇ ਦੇਸ਼ ਦੀ ਏਕਤਾ, ਅਖੰਡਤਾ ਤੇ ਭਾਈਚਾਰੇ ਨੂੰ ਮਜ਼ਬੂਤ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਸਾਡਾ ਫ਼ਰਜ਼ ਹੈ ਕਿ ਅਸੀਂ ਸ਼ਹੀਦਾਂ ਦੇ ਸੁਪਨਿਆਂ ਦਾ ਭਾਰਤ ਬਣਾਉਣ ਲਈ ਇਮਾਨਦਾਰੀ, ਮਿਹਨਤ ਤੇ ਸਮਾਜ ਸੇਵਾ ਦੇ ਰਾਹ 'ਤੇ ਚੱਲੀਏ।ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ ਅਤੇ ਆਉਣ ਵਾਲੀਆਂ ਪੀੜ੍ਹੀਆਂ ਤੱਕ ਉਨ੍ਹਾਂ ਦੇ ਬਲਿਦਾਨ ਦੀ ਗਾਥਾ ਪਹੁੰਚਾਉਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ।ਸਮਾਗਮ ਦੇ ਅੰਤ ਵਿੱਚ ਹਾਜ਼ਰ ਸਮੂਹ ਕਾਂਗਰਸੀ ਵਰਕਰਾਂ ਨੇ 'ਸ਼ਹੀਦ ਊਧਮ ਸਿੰਘ ਅਮਰ ਰਹੇ' ਦੇ ਨਾਅਰੇ ਲਗਾ ਕੇ ਮਹਾਨ ਸ਼ਹੀਦ ਨੂੰ ਭਾਵਭਿੰਨੀ ਸ਼ਰਧਾਂਜਲੀ ਭੇਟ ਕੀਤੀ।

## ਵਰਲਡ ਯੂਨੀਵਰਸਿਟੀ ਵਿਖੇ ਫਿਕਸ਼ਨ ਫਿਲਮ ਵਰਕਸ਼ਾਪ



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫ਼ਤਿਹਗੜ੍ਹ ਸਾਹਿਬ ਦੇ ਅੰਗਰੇਜ਼ੀ ਵਿਭਾਗ ਵੱਲੋਂ ਫਿਕਸ਼ਨ ਫਿਲਮ ਵਰਕਸ਼ਾਪ (27-31 ਜੁਲਾਈ 2026) ਦਾ ਆਯੋਜਨ ਸੈਂਟਰ ਫਾਰ ਲਿਟਰੇਚਰ ਐਂਡ ਫਿਲਮ ਸਟਡੀਜ਼ ਵਿੱਚ ਕੀਤਾ ਗਿਆ।ਇਸ ਵਰਕਸ਼ਾਪ ਦਾ ਉਦੇਸ਼ ਸਾਹਿਤ ਤੇ ਸਿਨੇਮਾ ਦੇ ਗਹਿਰੇ ਸੰਬੰਧਾਂ ਨੂੰ ਸਮਝਣਾ ਸੀ।ਇਸ ਦੌਰਾਨ ਸਾਹਿਤਕ ਤੇ ਜੀਵਨੀਆਤਮਕ ਰਚਨਾਵਾਂ 'ਤੇ ਅਧਾਰਤ ਪੰਜ ਫਿਲਮਾਂ ਦੀ ਸਕ੍ਰੀਨਿੰਗ ਕੀਤੀ ਗਈ, ਜਿਨ੍ਹਾਂ 'ਤੇ ਬਾਅਦ ਥੀਮਜ਼, ਕੈਰੈਕਟਰਾਈਜ਼ੇਸ਼ਨ, ਸਿੰਬੋਲਿਜ਼ਮ, ਨੈਰੇਟਿਵ ਟੈਕਨੀਕਸ, ਵਿਜ਼ੂਅਲ ਲੈਂਗੁਏਜ ਤੇ ਅਡੈਪਟੇਸ਼ਨ ਵਰਗੇ ਵਿਸ਼ਿਆਂ 'ਤੇ ਵਿਸਤ੍ਰਿਤ ਚਰਚਾਵਾਂ ਹੋਈਆਂ।ਡਾ. ਅੰਕਦੀਪ ਕੌਰ ਅਟਵਾਲ, ਮੁਖੀ, ਅੰਗਰੇਜ਼ੀ ਵਿਭਾਗ ਨੇ ਸਮਾਗਮ ਦਾ ਉਦਘਾਟਨ ਕੀਤਾ ਤੇ ਸਾਹਿਤ ਦੇ ਨਾਲ-ਨਾਲ ਸਿਨੇਮਾ ਦੇ ਅਧਿਐਨ ਦੀ ਮਹੱਤਤਾ ਉੱਤੇ ਜ਼ੋਰ ਦਿੰਦਿਆਂ ਵਿਦਿਆਰਥੀਆਂ ਨੂੰ ਆਲੋਚਨਾਤਮਕ ਸੋਚ ਵਿਕਸਿਤ ਕਰਨ ਲਈ ਪ੍ਰੇਰਿਤ ਕੀਤਾ।ਸਹਾਇਕ ਪ੍ਰੋਫੈਸਰ ਅੰਗਰੇਜ਼ੀ ਵਿਭਾਗ ਨੇ ਐਲਿਸ ਇਨ ਵੰਡਰਲੈਂਡ, ਮਾਡਰਨ ਟਾਈਮਜ਼ ਤੇ ਦੇ ਬਿਊਟੀਫੁਲ ਮਾਈਂਡ ਉੱਤੇ ਸੈਸ਼ਨਜ਼ ਲਏ, ਜਿਨ੍ਹਾਂ ਵਿੱਚ ਸਿਨੇਮੈਟਿਕ ਟੈਕਨੀਕਸ ਤੇ ਅਡੈਪਟੇਸ਼ਨ ਦੇ ਪੱਖਾਂ ਨੂੰ ਉਜਾਗਰ ਕੀਤਾ ਗਿਆ।ਡਾ. ਬਲਜੀਤ ਕੌਰ, ਸਹਾਇਕ ਪ੍ਰੋਫੈਸਰ ਅੰਗਰੇਜ਼ੀ ਵਿਭਾਗ ਨੇ ਪਿੰਜਰ ਅਤੇ ਦ ਲਿਟਲ ਪ੍ਰਿੰਸ 'ਤੇ ਚਰਚਾ ਕਰਦਿਆਂ ਥੀਮੈਟਿਕ ਤੇ ਸਮਾਜ-ਸੰਸਕ੍ਰਿਤਕ ਪੱਖਾਂ ਨੂੰ ਰੋਸ਼ਨ ਕੀਤਾ।ਵੈਲੇਡਿਕਟਰੀ ਸੈਸ਼ਨ ਵਿੱਚ ਡਾ. ਸੁਖਵਿੰਦਰ ਕੌਰ ਨੇ ਭਾਗੀਦਾਰਾਂ ਦੀ ਸਰਾਹਨਾ ਕੀਤੀ ਤੇ ਕਿਹਾ ਕਿ ਸਿਨੇਮਾ ਸਾਹਿਤ ਨੂੰ ਨਵੇਂ ਰੂਪ ਵਿੱਚ ਪੇਸ਼ ਕਰਨ ਦੀ ਸਮਰੱਥਾ ਰੱਖਦਾ ਹੈ।ਸਮਾਗਮ ਦਾ ਅੰਤ ਵਿਨੈ ਕੁਮਾਰ ਸਹਾਇਕ ਪ੍ਰੋਫੈਸਰ ਅੰਗਰੇਜ਼ੀ ਵਿਭਾਗ ਵੱਲੋਂ ਧੰਨਵਾਦ ਮਤੇ ਨਾਲ ਕੀਤਾ ਗਿਆ।

## ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ 'ਚ 'ਬਲੂ ਡੇ' ਮਨਾਇਆ



**ਹਠੂਰ (ਨਛੱਤਰ ਸੰਧੂ)**-ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਦੇ ਪ੍ਰੀ-ਪ੍ਰਾਇਮਰੀ ਵਿੰਗ ਵਿੱਚ 'ਬਲੂ ਡੇ' ਬੜੇ ਹੀ ਉਤਸ਼ਾਹ ਤੇ ਰੰਗ-ਬਿਰੰਗੇ ਮਾਹੌਲ ਵਿੱਚ ਮਨਾਇਆ ਗਿਆ।ਇਸ ਮੌਕੇ ਨਰਸਰੀ, ਐੱਲ.ਕੇ.ਜੀ. ਤੇ ਯੂ.ਕੇ.ਜੀ. ਦੇ ਵਿਦਿਆਰਥੀ ਨੀਲੇ ਰੰਗ ਦੇ ਸੁੰਦਰ ਪਹਿਰਾਵਿਆਂ ਵਿੱਚ ਸਜ ਕੇ ਸਕੂਲ ਪਹੁੰਚੇ।ਬੱਚਿਆਂ ਨੇ ਨੀਲੇ ਰੰਗ ਨਾਲ ਸੰਬੰਧਤ ਵੱਖ-ਵੱਖ ਗਤੀਵਿਧੀਆਂ ਜਿਵੇਂ ਕਿ ਕਵਿਤਾਵਾਂ, ਗੀਤਾਂ ਵਿੱਚ ਭਾਗ ਲਿਆ।ਅਧਿਆਪਕਾਂ ਨੇ ਬੱਚਿਆਂ ਨੂੰ ਨੀਲੇ ਰੰਗ ਦੀ ਮਹੱਤਤਾ ਤੇ ਕੁਦਰਤ ਵਿੱਚ ਇਸ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਕਲਾਸਰੂਮ ਨੂੰ ਵੀ ਨੀਲੇ ਰੰਗ ਦੀਆਂ ਆਕਰਸ਼ਕ ਸਜਾਵਟਾਂ ਨਾਲ ਸਜਾਇਆ ਗਿਆ, ਜਿਸ ਨੇ ਸਮਾਗਮ ਦੀ ਰੌਣਕ ਹੋਰ ਵਧਾ ਦਿੱਤੀ।ਸਕੂਲ ਦੇ ਪ੍ਰਧਾਨ ਕਰਨ ਸਿੰਘ, ਚੇਅਰਮੈਨ ਯੋਗਿੰਦਰ ਪ੍ਰਸਾਦ ਸ਼ਰਮਾ, ਪ੍ਰਿੰਸੀਪਲ ਕੁੰਜੂਮੋਲ ਜੋਅ ਤੇ ਵਾਇਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਵਿਦਿਆਰਥੀਆਂ ਤੇ ਅਧਿਆਪਕਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਬੱਚਿਆਂ ਦੇ ਸਰਵਪੱਖੀ ਵਿਕਾਸ, ਰੰਗਾਂ ਦੀ ਪਛਾਣ ਤੇ ਸਿੱਖਣ ਪ੍ਰਤੀ ਰੁਚੀ ਨੂੰ ਹੋਰ ਮਜ਼ਬੂਤ ਬਣਾਉਂਦੀਆਂ ਹਨ।

## ਗੁਰੂ ਰਵਿਦਾਸ ਜੀ ਦੇ ਜੀਵਨ 'ਤੇ ਅਧਾਰਤ ਡਾਕੂਮੈਂਟਰੀ ਵਿਖਾਈ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਉਨ੍ਹਾਂ ਦੇ ਜੀਵਨ, ਫਲਸਫ਼ੇ ਤੇ ਮਹਾਨ ਸਿੱਖਿਆਵਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਚਲਾਈ ਜਾ ਰਹੀ ਵਿਸ਼ੇਸ਼ ਜਾਗਰੂਕਤਾ ਮੁਹਿੰਮ ਤਹਿਤ ਵਿਧਾਨ ਸਭਾ ਹਲਕਾ ਮਹਿਲ ਕਲਾਂ ਦੇ ਪਿੰਡਾਂ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਵਿਚਾਰਧਾਰਾ ਤੇ ਉਪਦੇਸ਼ਾਂ 'ਤੇ ਅਧਾਰਤ 30 ਮਿੰਟ ਦੀ ਪ੍ਰੇਰਣਾਦਾਇਕ ਡਾਕੂਮੈਂਟਰੀ ਦਿਖਾਈ ਜਾ ਰਹੀ ਹੈ।ਇਹ ਡਾਕੂਮੈਂਟਰੀ ਬੀਤੇ ਦਿਨੀਂ ਪਿੰਡ ਖਿਆਲੀ, ਮਨਾਲ, ਸਹੌਰ, ਪੰਡੋਰੀ, ਕੁਰੜ ਸਮੇਤ ਵੱਖ ਵੱਖ ਪਿੰਡਾਂ ਵਿਚ ਦਿਖਾਈ ਗਈ।ਇਸ ਮੌਕੇ ਪਿੰਡਾਂ ਦੇ ਵੱਡੀ ਗਿਣਤੀ ਵਿੱਚ ਲੋਕਾਂ, ਨੌਜਵਾਨਾਂ, ਮਹਿਲਾਵਾਂ ਤੇ ਬਜ਼ੁਰਗਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕਰਦਿਆਂ ਬੜੀ ਦਿਲਚਸਪੀ ਨਾਲ ਦੇਖਿਆ ਤੇ ਗੁਰੂ ਸਾਹਿਬ ਦੇ ਜੀਵਨ ਤੋਂ ਪ੍ਰੇਰਨਾ ਹਾਸਲ ਕੀਤੀ।ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਇਸ ਵਿਲੱਖਣ ਪਹਿਲ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲਿਆਂ ਨਾਲ ਨੌਜਵਾਨ ਪੀੜ੍ਹੀ ਨੂੰ ਆਪਣੇ ਮਹਾਨ ਗੁਰੂਆਂ ਦੇ ਜੀਵਨ, ਵਿਚਾਰਾਂ ਤੇ ਸਮਾਜ ਨੂੰ ਦਿੱਤੇ ਅਮੁੱਲੇ ਯੋਗਦਾਨ ਬਾਰੇ ਜਾਣਕਾਰੀ ਮਿਲ ਰਹੀ ਹੈ।

## ਐੱਨ ਐੱਸ ਕਿਊ ਐੱਫ਼ ਦੇ ਗ੍ਰਿਫ਼ਤਾਰ ਆਗੂਆਂ ਦੀ ਰਿਹਾਈ ਕਰਵਾਈ



**ਧੂਰੀ (ਸੁਖਦੇਵ ਧੂਰੀ)**-ਐੱਨ ਐੱਸ ਕਿਊ ਐੱਫ਼ ਵੋਕੇਸ਼ਨਲ ਟੀਚਰ ਫਰੰਟ ਪੰਜਾਬ ਵੱਲੋਂ ਸੰਗਰੂਰ ਵਿਖੇ ਮੁੱਖ ਮੰਤਰੀ ਦੀ ਰਿਹਾਇਸ਼ 'ਤੇ ਕੀਤੇ ਘਿਰਾਓ ਦੌਰਾਨ ਸਮੂਹ ਸੰਘਰਸ਼ਸ਼ੀਲ ਅਧਿਆਪਕ ਨੂੰ ਗ੍ਰਿਫ਼ਤਾਰ ਕਰਕੇ ਧੂਰੀ ਸਮੇਤ ਵੱਖ ਵੱਖ ਥਾਣਿਆਂ ਵਿੱਚ ਡੱਕ ਦੇ ਲਿਆਂਦਾ ਗਿਆ ਸੀ।ਜਥੇਬੰਦੀ ਵੱਲੋਂ ਇਸ ਸੰਘਰਸ਼ ਦੌਰਾਨ ਸਾਥ ਦੇਣ ਵਾਲੀਆਂ ਸਮੂਹ ਭਰਾਤਰੀ ਜਥੇਬੰਦੀਆਂ ਦਾ ਦਿਲੋਂ ਧੰਨਵਾਦ ਕੀਤਾ ਗਿਆ।ਫਰੰਟ ਨੇ ਕਿਹਾ ਕਿ ਅਧਿਆਪਕ ਜਥੇਬੰਦੀ ਡੀ.ਟੀ.ਐੱਫ਼., ਕਿਸਾਨ ਜਥੇਬੰਦੀਆਂ, ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਧੂਰੀ, ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਤੇ ਹੋਰ ਸਹਿਯੋਗੀ ਜਥੇਬੰਦੀਆਂ ਨੇ ਸੰਘਰਸ਼ ਦੌਰਾਨ ਮੋਢੇ ਨਾਲ ਮੋਢਾ ਜੋੜ ਕੇ ਸਾਥ ਨਿਭਾਇਆ ਤੇ ਥਾਣਿਆਂ ਵਿੱਚੋਂ ਗ੍ਰਿਫ਼ਤਾਰ ਸਾਥੀਆਂ ਦੀ ਰਿਹਾਈ ਲਈ ਅਹਿਮ ਭੂਮਿਕਾ ਨਿਭਾਈ।ਫਰੰਟ ਵੱਲੋਂ ਵਿਸ਼ੇਸ਼ ਤੌਰ 'ਤੇ ਡੀਟੀਐੱਫ ਦੇ ਸਾਥੀ ਦਾਤਵਿੰਦਰ ਪਾਲ, ਅਮਰਿੰਦਰ ਸਿੰਘ, ਸੁਖਪਾਲ ਸਿੰਘ, ਅਸ਼ਵਨੀ ਕੁਮਾਰ ਤੇ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ, ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਧੂਰੀ ਦੇ ਸਾਥੀ ਚਰਨਜੀਤ ਸਿੰਘ ਕੈਂਥ, ਡਾ. ਅਮਰਜੀਤ ਸਿੰਘ ਤੇ ਜਮਹੂਰੀ ਅਧਿਕਾਰ ਸਭਾ ਪੰਜਾਬ ਦੇ ਆਗੂ ਵਿਸ਼ਵਾ ਸਿੰਘ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ, ਜਿਨ੍ਹਾਂ ਨੇ ਮੌਕੇ 'ਤੇ ਪਹੁੰਚ ਕੇ ਸਾਡੇ ਸਾਥੀਆਂ ਦੀ ਥਾਣਿਆਂ ਵਿੱਚੋਂ ਰਿਹਾਈ ਲਈ ਅਹਿਮ ਯੋਗਦਾਨ ਪਾਇਆ।ਫਰੰਟ ਨੇ ਦੁਹਰਾਇਆ ਕਿ ਜਦੋਂ ਤੱਕ ਵੋਕੇਸ਼ਨਲ ਟੀਚਰਾਂ ਦੀਆਂ ਜਾਇਜ਼ ਮੰਗਾਂ ਦਾ ਠੋਸ ਹੱਲ ਨਹੀਂ ਹੁੰਦਾ, ਉਦੋਂ ਤੱਕ ਸੰਘਰਸ਼ ਪੂਰੀ ਮਜ਼ਬੂਤੀ ਨਾਲ ਜਾਰੀ ਰਹੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਰਣਜੀਤ ਸਿੰਘ ਨਵਾਂ ਸ਼ਹਿਰ, ਭੁਪਿੰਦਰ ਸਿੰਘ ਰੂਪ ਨਗਰ, ਰਣਜੀਤ ਸਿੰਘ ਬਠਨਾਲਾ, ਗੁਰਮੀਤ ਸਿੰਘ ਬਠਿੰਡਾ, ਸੁਖਬੀਰ ਸਿੰਘ ਤਰਨ ਤਾਰਨ, ਸਰਬਜੀਤ ਕੌਰ ਬਠਿੰਡਾ, ਵਿਜ਼ਜੀਤ ਕੌਰ ਤਰਨ ਤਾਰਨ, ਜਸਵਿੰਦਰ ਕੌਰ ਜਲੰਧਰ, ਮੈਡਮ ਰੇਖੀ ਪਟਿਆਲਾ, ਨਵਨੀਤ ਕੌਰ ਪਟਿਆਲਾ ਹਾਜ਼ਰ ਸਨ।

## ਖੇਤੀਬਾੜੀ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੀ ਮੀਟਿੰਗ



**ਲੁਧਿਆਣਾ (ਸਤੀਸ਼ ਸਚਦੇਵਾ)**-ਪੈਨਸ਼ਨਰ ਭਵਨ ਲੁਧਿਆਣਾ ਵਿਖੇ ਖੇਤੀਬਾੜੀ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੀ ਮੀਟਿੰਗ ਸ੍ਰੀ ਸੁਸ਼ੀਲ ਕੁਮਾਰ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਪੰਜਾਬ ਸਰਕਾਰ ਖਿਲਾਫ਼ ਚੰਡੀਗੜ੍ਹ ਵਿੱਚ ਹੋਣ ਵਾਲੀ ਰੋਸ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਖੇਤੀਬਾੜੀ ਵਿਭਾਗ ਤੋਂ ਸੇਵਾਮੁਕਤ ਪੈਨਸ਼ਨਰ ਸ਼ਾਮਲ ਹੋਣਗੇ।ਪੈਨਸ਼ਨਰਾਂ ਵਿੱਚ ਪੰਜਾਬ ਸਰਕਾਰ ਖ਼ਿਲਾਫ਼ ਮਹਿੰਗਾਈ ਭੱਤਾ 60 ਕਰਨ ਤੇ ਡੀ ਏ ਦੇ ਬਕਾਇਆ ਏਰੀਅਰ ਦੀ ਅਦਾਇਗੀ ਤੇ 2.59 ਦੇ ਗੁਣਾਂਕ ਨਾਲ ਪੈਨਸ਼ਨ ਫਿਕਸ ਨਾ ਕਰਨ ਖਿਲਾਫ਼ ਭਾਰੀ ਰੋਸ ਪਾਇਆ ਜਾ ਰਿਹਾ ਹੈ।ਇਸ ਮੀਟਿੰਗ ਵਿੱਚ ਇੰਦਰਪਾਲ ਸਿੰਘ, ਜਰਨੈਲ ਸਿੰਘ, ਅਵਤਾਰ ਸਿੰਘ, ਦੇਵਿੰਦਰ ਪੁਰੀ, ਧਰਮਪਾਲ ਸਿੰਘ, ਜਗਤਾਰ ਸਿੰਘ, ਰੰਗੀਲ ਸਿੰਘ, ਮਹਿੰਦਰ ਕੁਮਾਰ ਸ਼ਾਰਦਾ, ਰਾਜਿੰਦਰ ਮੋਹਨ, ਹਰਚੰਦ ਸਿੰਘ, ਇੰਦਰ ਸਿੰਘ, ਦਰਸ਼ਨ ਸਿੰਘ ਆਦਿ ਸ਼ਾਮਲ ਹੋਏ।

# ਸਰਕਾਰ ਨੇ ਸਿੱਖਿਆ, ਸਿਹਤ, ਬਿਜਲੀ ਤੇ ਰੁਜ਼ਗਾਰ ਦੇ ਖੇਤਰ 'ਚ ਇਤਿਹਾਸਕ ਫੈਸਲੇ ਲਏ : ਕਾਕਾ ਬਰਾੜ

### ਵਿਧਾਇਕ ਕਾਕਾ ਬਰਾੜ ਨੇ ਕੀਤੀਆਂ ਵੱਖ-ਵੱਖ ਪਿੰਡਾਂ ਵਿੱਚ ਲੋਕ ਮਿਲਣੀਆਂ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੂਬੇ ਵਿੱਚ ਕੀਤੇ ਜਾ ਰਹੇ ਕੰਮਾਂ ਨੂੰ ਜਨ ਜਨ ਤੱਕ ਪਹੁੰਚਾਉਣ ਲਈ ਵਿੱਢੀ ਮੁਹਿੰਮ ਲੋਕ ਮਿਲਣੀ ਦੌਰਾਨ ਵੱਖ ਵੱਖ ਪਿੰਡਾਂ ਵਿੱਚ ਮੀਟਿੰਗਾਂ ਕਰਨ ਦਾ ਸਿਲਸਿਲਾ ਲਗਾਤਾਰ ਜਾਰੀ ਹੈ।ਇਸ ਲੜੀ ਤਹਿਤ ਅੱਜ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਹਲਕੇ ਦੇ ਪਿੰਡ ਭੰਗੇਵਾਲਾ, ਕਾਨਿਆਂਵਾਲੀ, ਸ਼ਿਵਪੁਰ ਕੁੱਕਰੀਆਂ ਤੇ ਨੂਰਪੁਰ ਕ੍ਰਿਪਾਲਕੇ ਵਿਖੇ ਲੋਕ ਮਿਲਣੀਆਂ ਦਾ ਪ੍ਰੋਗਰਾਮ ਕੀਤਾ ਗਿਆ। ਜਿਸ ਵਿੱਚ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਹਾਜ਼ਰੀ ਲਗਵਾਈ।ਇਸ ਮੌਕੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਲਈ ਦਿਨ-ਰਾਤ ਇੱਕ ਕਰ ਰਹੀ ਹੈ।ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਨੇ ਸਿੱਖਿਆ, ਸਿਹਤ, ਬਿਜਲੀ ਤੇ ਰੁਜ਼ਗਾਰ ਦੇ ਖੇਤਰ ਵਿੱਚ ਇਤਿਹਾਸਕ ਫੈਸਲੇ ਲਏ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ 600 ਯੂਨਿਟ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ, ਜਿਸ ਨਾਲ ਲੱਖਾਂ ਪਰਿਵਾਰਾਂ ਨੂੰ ਵੱਡੀ ਰਾਹਤ ਮਿਲੀ ਹੈ।ਇਸ ਤੋਂ ਇਲਾਵਾ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦਾ ਪੱਧਰ ਉੱਚਾ ਚੁੱਕਣ ਲਈ ਕਈ ਸੁਧਾਰ ਕੀਤੇ ਗਏ ਹਨ ਅਤੇ ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ, ਜਿੱਥੇ ਲੋਕਾਂ ਨੂੰ ਮੁਫ਼ਤ ਤੇ ਵਧੀਆ ਸਿਹਤ ਸੇਵਾਵਾਂ ਮਿਲ ਰਹੀਆਂ ਹਨ।ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸੂਬਾ ਸਰਕਾਰ ਦੀਆਂ ਨੀਤੀਆਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਸਰਕਾਰ ਨੂੰ ਆਪਣਾ ਪੂਰਾ ਸਹਿਯੋਗ ਦੇਣ।ਵਿਧਾਇਕ ਕਾਕਾ ਬਰਾੜ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਸਮੇਂ ਸਰਕਾਰੀ ਸਕੂਲਾਂ ਨੂੰ ਨਜ਼ਰਅੰਦਾਜ਼ ਕੀਤਾ ਗਿਆ ਸੀ ਪਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਰਕਾਰੀ ਸਕੂਲਾਂ ਨੂੰ ਮਾਡਲ ਸਕੂਲਾਂ ਵਿੱਚ ਤਬਦੀਲ ਕਰਨ ਦਾ ਬੀੜਾ ਚੁੱਕਿਆ ਹੈ।ਇਸ ਤੋਂ ਇਲਾਵਾ ਮਾਰਕਿਟ ਕਮੇਟੀ ਚੇਅਰਮੈਨ ਸੁਰਜੀਤ ਸਿੰਘ ਸੰਧੂ ਨੇ ਦੱਸਿਆ ਕਿ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਵਿੱਚ ਸੁਧਾਰ ਕੀਤਾ ਜਾ ਰਿਹਾ ਹੈ, ਨਵੇਂ ਕਲਾਸਰੂਮ ਬਣਾਏ ਜਾ ਰਹੇ ਹਨ, ਸਮਾਰਟ ਬੋਰਡ ਲਗਾਏ ਜਾ ਰਹੇ ਹਨ ਤੇ ਅਧਿਆਪਕਾਂ ਨੂੰ ਆਧੁਨਿਕ ਤਕਨੀਕਾਂ ਨਾਲ ਸਿੱਖਿਅਤ ਕੀਤਾ ਜਾ ਰਿਹਾ ਹੈ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦਾ ਸੁਪਨਾ ਹੈ ਕਿ ਪੰਜਾਬ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਇਆ ਜਾਵੇ ਤੇ ਇਸ ਸੁਪਨੇ ਨੂੰ ਪੂਰਾ ਕਰਨ ਲਈ ਸਰਕਾਰ ਪੂਰੀ ਤਨਦੇਹੀ ਨਾਲ ਕੰਮ ਕਰ ਰਹੀ ਹੈ।ਉਨ੍ਹਾਂ ਪਿੰਡ ਵਾਸੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਸਰਕਾਰ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਹੱਲ ਕਰਨ ਲਈ ਹਮੇਸ਼ਾ ਤਿਆਰ ਹੈ।

ਇਸ ਮੌਕੇ ਪਿੰਡ ਭੰਗੇਵਾਲਾ ਸਰਪੰਚ ਰਮਨਦੀਪ ਸਿੰਘ, ਹਰਵਿੰਦਰ ਸਿੰਘ ਪੰਚ, ਸਾਬਕਾ ਸਰਪੰਚ ਇਕਬਾਲ ਸਿੰਘ, ਗੁਰਭਿੰਦਰ ਸਿੰਘ ਬਾਠ, ਸਰਬਜੀਤ ਸਿੰਘ, ਗੁਰਵਿੰਦਰ ਸਿੰਘ, ਸ਼ਮਿੰਦਰ ਸਿੰਘ ਪੰਚ, ਕੈਪਟਨ ਹਰਭਜਨ ਸਿੰਘ, ਗਗਨਦੀਪ ਸਿੰਘ ਖੀਵਾ, ਸੁਖਦੇਵ ਸਿੰਘ ਜਟਾਣਾ, ਬਲਜੀਤ ਸਿੰਘ ਜਟਾਣਾ, ਅੰਮ੍ਰਿਤਪਾਲ ਸਿੰਘ, ਨੰਬਰਦਾਰ ਇਕਬਾਲ ਸਿੰਘ, ਸੁਖਮਨਜੀਤ ਸਿੰਘ ਸੰਧੂ, ਮਨਪ੍ਰੀਤ ਸਿੰਘ, ਸੰਧੂ, ਦਰਸ਼ਨ ਸਿੰਘ ਸੰਧੂ, ਅਮਰਜੀਤ ਸਿੰਘ, ਕਾਨਿਆਂਵਾਲੀ ਸਰਪੰਚ ਬਿੱਕਰ ਸਿੰਘ, ਸਾਬਕਾ ਸਰਪੰਚ ਹਰਪਾਲ ਸਿੰਘ ਆਦਿ ਹਾਜ਼ਰ ਸਨ।

# ਫਿਰੋਜ਼ਪੁਰ ਕੇਂਦਰੀ ਜੇਲ੍ਹ 'ਚ ਮੋਬਾਇਲ ਪਹੁੰਚਾਉਣ ਦੇ ਦੋਸ਼ 'ਚ ਅਸਿਸਟੈਂਟ ਜੇਲ੍ਹ ਸੁਪਰਡੈਂਟ ਗ੍ਰਿਫ਼ਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੀ ਕੇਂਦਰੀ ਜੇਲ੍ਹ ਇੱਕ ਵਾਰ ਫਿਰ ਤੋਂ ਸ਼ੱਕ ਦੇ ਘੇਰੇ ਵਿੱਚ ਆ ਗਈ ਹੈ। ਜੇਲ੍ਹ ਅੰਦਰ ਬੰਦ ਹਵਾਲਾਤੀਆਂ ਤੇ ਕੈਦੀਆਂ ਤੱਕ ਗੈਰ-ਕਾਨੂੰਨੀ ਤਰੀਕੇ ਨਾਲ ਮੋਬਾਈਲ ਫ਼ੋਨ ਪਹੁੰਚਾਉਣ ਦੇ ਇੱਕ ਵੱਡੇ ਮਾਮਲੇ ਵਿੱਚ ਪੁਲਸ ਨੇ ਸ਼ਿਕੰਜਾ ਕੱਸਦਿਆਂ ਜੇਲ੍ਹ ਦੇ ਅਸਿਸਟੈਂਟ ਸੁਪਰਡੈਂਟ ਬਿੰਨੀ ਟਾਂਗ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਇਸ ਗ੍ਰਿਫ਼ਤਾਰੀ ਤੋਂ ਬਾਅਦ ਜੇਲ੍ਹ ਪ੍ਰਸ਼ਾਸਨ ਅਤੇ ਪੁਲਿਸ ਮਹਿਕਮੇ ਵਿੱਚ ਹੜਕੰਪ ਮਚ ਗਿਆ ਹੈ। ਪੁਲਸ ਮੁਤਾਬਕ ਜੇਲ੍ਹ ਦੇ ਅੰਦਰ ਪੈਸੇ ਲੈ ਕੇ ਮੋਬਾਈਲ ਫ਼ੋਨ ਤੇ ਹੋਰ ਸ਼ੱਕੀ ਸਮੱਗਰੀ ਪਹੁੰਚਾਉਣ ਦਾ ਇੱਕ ਪੂਰਾ ਨੈੱਟਵਰਕ ਚੱਲ ਰਿਹਾ ਸੀ, ਜਿਸ 'ਤੇ ਹੁਣ ਸ਼ਿਕੰਜਾ ਕੱਸਿਆ ਜਾ ਰਿਹਾ ਹੈ। ਪ੍ਰਾਪਤ ਹੋਈ ਜਾਣਕਾਰੀ ਅਨੁਸਾਰ, ਇਸ ਮਾਮਲੇ ਦੀ ਸ਼ੁਰੂਆਤ 29 ਜੁਲਾਈ 2026 ਨੂੰ ਹੋਈ ਸੀ, ਜਦੋਂ ਪੁਲਸ ਨੇ ਕੇਂਦਰੀ ਜੇਲ੍ਹ ਦੇ ਵਾਰਡਨ ਰਾਹੁਲ ਖ਼ਿਲਾਫ਼ ਮਾਮਲਾ ਦਰਜ ਕੀਤਾ ਸੀ। ਵਾਰਡਨ ਕੋਲੋਂ ਪੁੱਛਗਿੱਛ ਤੇ ਜਾਂਚ ਦੌਰਾਨ ਕੁਝ ਅਜਿਹੇ ਠੋਸ ਸਬੂਤ ਤੇ ਤੱਥ ਸਾਹਮਣੇ ਆਏ, ਜਿਨ੍ਹਾਂ ਨੇ ਜੇਲ੍ਹ ਦੇ ਉੱਚ ਅਧਿਕਾਰੀਆਂ ਦੀ ਭੂਮਿਕਾ 'ਤੇ ਵੀ ਸਵਾਲੀਆ ਨਿਸ਼ਾਨ ਲਗਾ ਦਿੱਤੇ। ਇਨ੍ਹਾਂ ਮਿਲੇ ਸਬੂਤਾਂ ਦੇ ਆਧਾਰ 'ਤੇ ਹੀ ਪੁਲਸ ਨੇ ਕਾਰਵਾਈ ਨੂੰ ਅੱਗੇ ਵਧਾਉਂਦਿਆਂ ਅਸਿਸਟੈਂਟ ਜੇਲ੍ਹ ਸੁਪਰਡੈਂਟ ਬਿੰਨੀ ਟਾਂਗ ਨੂੰ ਨਾਮਜ਼ਦ ਕਰਕੇ ਗ੍ਰਿਫ਼ਤਾਰ ਕਰ ਲਿਆ। ਸ਼ੁਰੂਆਤੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਜੇਲ੍ਹ ਅੰਦਰ ਹਵਾਲਾਤੀਆਂ ਤੱਕ ਮੋਬਾਈਲ ਫ਼ੋਨ ਪਹੁੰਚਾਉਣ ਲਈ ਮੋਟੀਆਂ ਰਕਮਾਂ (ਰਿਸ਼ਵਤ) ਲਈਆਂ ਜਾਂਦੀਆਂ ਸਨ। ਮਾਮਲੇ ਬਾਰੇ ਜਾਣਕਾਰੀ ਦਿੰਦਿਆਂ ਐੱਸ.ਪੀ.ਡੀ. ਮਨਜੀਤ ਸਿੰਘ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਅਸਿਸਟੈਂਟ ਸੁਪਰਡੈਂਟ ਬਿੰਨੀ ਟਾਂਗ ਨੂੰ ਅਦਾਲਤ ਵਿੱਚ ਪੇਸ਼ ਕਰਕੇ ਉਸ ਦਾ ਪਲਿਸ ਰਿਮਾਂਡ ਹਾਸਲ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਦੀ ਜਾਂਚ ਡੀ.ਐੱਸ.ਪੀ. ਪੱਧਰ ਦੇ ਅਧਿਕਾਰੀ ਵੱਲੋਂ ਕੀਤੀ ਜਾ ਰਹੀ ਹੈ। ਐੱਸ.ਪੀ.ਡੀ. ਨੇ ਦੱਸਿਆ ਕਿ ਪੁਲਸ ਇਸ ਗੱਲ ਦਾ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੀ ਹੈ ਕਿ ਜੇਲ੍ਹ ਅੰਦਰ ਮੋਬਾਈਲ ਫ਼ੋਨ ਪਹੁੰਚਾਉਣ ਲਈ ਕਿੰਨੇ ਪੈਸਿਆਂ ਦਾ ਲੈਣ-ਦੇਣ ਹੁੰਦਾ ਸੀ? ਇਸ ਗੈਰ-ਕਾਨੂੰਨੀ ਧੰਦੇ ਤੇ ਨੈੱਟਵਰਕ ਵਿੱਚ ਹੋਰ ਕਿਹੜੇ-ਕਿਹੜੇ ਕਰਮਚਾਰੀ ਜਾਂ ਬਾਹਰੀ ਵਿਅਕਤੀ ਸ਼ਾਮਲ ਹਨ? ਹੁਣ ਤੱਕ ਕਿੰਨੇ ਹਵਾਲਾਤੀਆਂ/ਕੈਦੀਆਂ ਨੂੰ ਇਹ ਸੁਵਿਧਾ ਮੁਹੱਈਆ ਕਰਵਾਈ ਗਈ ਸੀ? ਪੁਲਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਮਾਮਲੇ ਦੀ ਹਰ ਪੱਖ ਤੋਂ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਜਾਂਚ ਦੌਰਾਨ ਜੋ ਵੀ ਤੱਥ ਸਾਹਮਣੇ ਆਉਣਗੇ, ਉਸ ਅਨੁਸਾਰ ਬਣਦੀ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਆਉਣ ਵਾਲੇ ਦਿਨਾਂ ਵਿੱਚ ਰਿਮਾਂਡ ਦੌਰਾਨ ਜੇਲ੍ਹ ਪ੍ਰਸ਼ਾਸਨ ਦੇ ਕੁਝ ਹੋਰ ਵੱਡੇ ਚਿਹਰੇ ਵੀ ਨੰਗੇ ਹੋਣ ਦੀ ਪੂਰੀ ਸੰਭਾਵਨਾ ਹੈ।

## ਧੋਖਾਧੜੀ ਦੇ ਮਾਮਲੇ 'ਚ 3 ਖਿਲਾਫ ਮੁਕੱਦਮਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਰੇਲਵੇ ਰੋਡ ਜਲਾਲਾਬਾਦ ਦੇ ਕੋਲ ਪਲਾਂਟ ਤੇ ਦੁਕਾਨ ਦਾ ਇਕਰਾਰਨਾਮਾ ਕਰਕੇ ਰਜਿਸਟਰੀ ਨਾ ਕਰਨ ਦੇ ਦੋਸ਼ ਵਿੱਚ 3 ਲੋਕਾਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਐੱਸ. ਆਈ. ਸ਼ਮੀਨਾ ਕੰਬੋਜ ਨੇ ਦੱਸਿਆ ਕਿ ਸ਼ਿਕਾਇਤਕਰਤਾ ਮਦਨ ਲਾਲ ਪੁੱਤਰ ਹਰਬੰਸ ਲਾਲ ਵਾਸੀ ਗਾਂਧੀ ਨਗਰ ਜਲਾਲਾਬਾਦ ਵੱਲੋਂ ਕਪਿਲ ਕੁਮਾਰ ਉਰਫ ਕਪਿਲ ਦੇਵ ਵਗੈਰਾ ਖਿਲਾਫ ਦਰਖਾਸਤ ਦਿੱਤੀ ਗਈ ਸੀ ਕਿ ਕਪਿਲ ਕੁਮਾਰ ਵਗੈਰਾ ਨੇ ਉਸ ਨਾਲ ਧੋਖਾਧੜੀ ਕਰਦੇ ਹੋਏ ਪਲਾਂਟ ਤੇ ਦੁਕਾਨ ਦਾ ਇਕਰਾਰਨਾਮਾ ਮਿਤੀ 21-03-2020 ਨੂੰ 25 ਲੱਖ ਰੁਪਏ ਵਿੱਚ ਕੀਤਾ ਗਿਆ ਸੀ ਤੇ ਬਤੌਰ ਸਾਈ ਵਜੋਂ 7 ਲੱਖ ਰੁਪਏ ਦੋ ਚੈਕਾਂ ਰਾਹੀ ਵਸੂਲ ਪਾਈ ਗਈ ਹੈ ਤੇ ਰਜਿਸਟਰੀ ਕਰਵਾਉਣ ਦੀ ਤਾਰੀਖ 19-03-2026 ਨੂੰ ਤਹਿਸੀਲਦਾਰ ਦੇ ਦਫਤਰ ਵਿੱਚ ਹਾਜ਼ਰ ਨਾ ਹੋਏ, ਜਿਸ ਦੇ ਬਾਅਦ ਮਿਤੀ 21-03-2021 ਨੂੰ ਪ੍ਰੇਮ ਸਿੰਘ ਨੇ ਇਸ ਪਲਾਂਟ ਦੀ ਰਜਿਸਟਰੀ ਆਪਣੀ ਭਰਜਾਈ ਕ੍ਰਿਸ਼ਨਾ ਰਾਣੀ ਦੇ ਹੱਕ ਵਿੱਚ ਕਰ ਦਿੱਤੀ ਅਤੇ ਇਸ ਪਲਾਂਟ ਦਾ ਇਕਰਾਰਨਾਮਾ (ਸੌਦਾ) ਬਾ-ਹੱਕ ਜਰਨੈਲ ਸਿੰਘ ਨੂੰ ਮਿਤੀ 27-02-2020 ਨੂੰ ਦਿੱਤਾ ਗਿਆ, ਜਿਸ 'ਤੇ ਪੁਲਸ ਵੱਲੋਂ ਮੁਦੱਈ ਮਦਨ ਲਾਲ ਦੇ ਬਿਆਨਾਂ ਦੇ ਅਧਾਰ 'ਤੇ ਉਸਦੇ ਨਾਲ ਧੋਖਾਧੜੀ ਕਰਨ ਦੇ ਦੋਸ਼ ਵਿੱਚ ਕਪਿਲ ਕੁਮਾਰ ਉਰਫ ਕਪਿਲ ਦੇਵ, ਸ਼ਾਮ ਲਾਲ ਉਰਫ ਸ਼ਾਮ ਸੁੰਦਰ ਪੁਤਰ ਟਹਿਲਾ ਰਾਮ ਵਾਸੀਆਨ ਗਲੀ ਨੰਬਰ ਪੰਜਾਬ ਨੈਸ਼ਨਲ ਬੈਂਕ ਵਾਲੀ ਜਲਾਲਾਬਾਦ ਅਤੇ ਪ੍ਰੇਮ ਸਿੰਘ ਪੁੱਤਰ ਸੁਰੇਣ ਸਿੰਘ ਵਾਸੀ ਸੰਤੋਖ ਸਿੰਘ ਵਾਲਾ ਦੇ ਵਿਰੁੱਧ ਥਾਣਾ ਸਿਟੀ ਜਲਾਲਾਬਾਦਾ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ। ਪੁਲਸ ਵੱਲੋਂ ਇਸ ਮੁਕੱਦਮੇ ਸਬੰਧੀ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

## ਪ੍ਰਧਾਨ ਨਿੱਕਾ ਖੇੜਾ ਨੇ ਪੁੱਤਰ ਦੇ ਜਨਮ ਦਿਨ ਮੌਕੇ ਬੂਟੇ ਲਗਾਏ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪਿੰਡ ਖੇੜਾ ਦੇ ਵਾਸੀ ਕਾਮਰੇਡ ਨਿੱਕਾ ਸਿੰਘ ਖੇੜਾ ਵੱਲੋਂ ਆਪਣੇ ਪੁੱਤਰ ਸ਼ਰਨਦੀਪ ਸਿੰਘ ਦਾ 5ਵਾਂ ਜਨਮ ਦਿਨ ਬੂਟੇ ਲਗਾ ਕੇ ਮਨਾਇਆ। ਉਨ੍ਹਾਂ ਪਿੰਡ ਖੇੜਾ ਵਿਖੇ ਛਾਂਦਾਰ ਬੂਟੇ ਲਗਾਉਂਦਿਆਂ ਕਿਹਾ ਕਿ ਅੱਜ ਸਮੇਂ ਦੀ ਜ਼ਰੂਰਤ ਹੈ ਕਿ ਪ੍ਰਦੂਸ਼ਤ ਹੋ ਰਹੇ ਵਾਤਾਵਰਨ ਨੂੰ ਬਚਾਉਣ ਲਈ ਹਰੇਕ ਵਿਅਕਤੀ ਆਪਣੇ ਧੀ-ਪੁੱਤਰ ਦੇ ਜਨਮ ਦਿਨ ਮੌਕੇ ਇੱਕ-ਇੱਕ ਬੂਟਾ ਜ਼ਰੂਰ ਲਗਾਵੇ। ਉਨ੍ਹਾਂ ਕਿਹਾ ਕਿ ਸਾਡੇ ਵਲੋਂ ਲਗਾਇਆ ਬੂਟਾ ਆਉਣ ਵਾਲੀਆਂ ਪੀੜ੍ਹੀਆਂ ਲਈ ਲਾਹੇਵੰਦ ਸਾਬਿਤ ਹੋਵੇਗਾ।

ਇਸ ਮੌਕੇ ਮਾਤਾ ਗੁਰਪ੍ਰੀਤ ਕੌਰ, ਰਵਿੰਦਰ ਕੌਰ, ਪ੍ਰੀਤਮ ਕੌਰ, ਨਰਿੰਦਰ ਕੌਰ, ਪਿੰਕੀ ਰਾਣੀ, ਪਰਮਜੀਤ ਕੌਰ, ਰਾਣੀ ਕੁਮਾਰ, ਚਰਨਜੀਤ ਕੌਰ, ਮਾਇਆ ਕੌਰ, ਹਰਬੰਸ ਕੌਰ, ਚਰਨਪ੍ਰੀਤ ਕੌਰ, ਬਚਨੀ ਦੇਵੀ, ਪੂਨਮ ਕੌਰ, ਸੀਰਤ ਕੌਰ, ਰੋਹਿਤਪ੍ਰੀਤ ਕੌਰ, ਅਸ਼ੋਕ ਖੇੜਾ, ਸਿਮਰਨ ਕੌਰ, ਦਰਸ਼ਨਾ ਦੇਵੀ, ਬਲਵਿੰਦਰ ਕੌਰ, ਲਾਡੀ ਰਾਣੀ, ਹਰਜਿੰਦਰ ਕੌਰ, ਪ੍ਰਿੰਸ ਖੇੜਾ ਹਾਜ਼ਰ ਸਨ।

# ਸੜਕ ਨਿਰਮਾਣ ਮਾਮਲੇ 'ਚ ਲੋਕਾਂ ਨੇ ਮੁੱਖ ਮੰਤਰੀ ਤੋਂ ਮਿਸਾਲੀ ਕਾਰਵਾਈ ਮੰਗੀ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਪਣੇ ਵਿਧਾਨ ਸਭਾ ਹਲਕਾ ਧੂਰੀ ਵਿੱਚ ਕਰੋੜਾਂ ਰੁਪਏ ਦੀ ਲਾਗਤ ਨਾਲ ਕਰਵਾਏ ਜਾ ਰਹੇ ਵਿਕਾਸ ਕਾਰਜ ਇਸ ਵੇਲੇ ਵਿਵਾਦਾਂ ਦੇ ਘੇਰੇ ਵਿੱਚ ਆ ਗਏ ਹਨ।ਹਲਕੇ ਵਿੱਚ ਚੱਲ ਰਹੇ ਵੱਖ-ਵੱਖ ਪ੍ਰੋਜੈਕਟਾਂ ਦੌਰਾਨ ਕਥਿਤ ਤੌਰ 'ਤੇ ਵਰਤੀ ਜਾ ਰਹੀ ਘਟੀਆ ਸਮੱਗਰੀ ਤੇ ਅਣਗਹਿਲੀ ਨੇ ਪ੍ਰਸ਼ਾਸਨਕ ਕਾਰਗੁਜ਼ਾਰੀ ਤੇ ਸਰਕਾਰ ਦੇ ਦਾਅਵਿਆਂ 'ਤੇ ਵੱਡੇ ਸਵਾਲੀਆ ਚਿੰਨ੍ਹ ਲਗਾ ਦਿੱਤੇ ਹਨ, ਜਿਸ ਕਾਰਨ ਸਥਾਨਕ ਲੋਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਮਿਲੀ ਜਾਣਕਾਰੀ ਅਨੁਸਾਰ ਹਲਕੇ ਦੀਆਂ ਕਈ ਮੁੱਖ ਲਿੰਕ ਸੜਕਾਂ ਦੇ ਨਿਰਮਾਣ ਵਿੱਚ ਮਿਆਰੀ ਸ਼ਰਤਾਂ ਦੀਆਂ ਧੱਜੀਆਂ ਉਡਾਉਣ ਦੇ ਗੰਭੀਰ ਦੋਸ਼ ਲੱਗੇ ਹਨ। ਇਹਨਾਂ ਵਿੱਚ ਕੁੰਬੜਵਾਲ ਤੋਂ ਰੰਗੀਆਂ, ਕਾਤਰੋਂ ਤੋਂ ਹਥਨ, ਘਨੌਰੀ ਕਲਾਂ ਤੋਂ ਰੰਗੀਆਂ ਤੇ ਸ਼ੇਰਪੁਰ-ਧੂਰੀ ਮੁੱਖ ਮਾਰਗ ਤੋਂ ਨਿਕਲਦੀਆਂ ਲਿੰਕ ਸੜਕਾਂ (ਜਿਵੇਂ ਕਿ ਘਨੌਰ ਕਲਾਂ ਤੋਂ ਘਨੌਰ ਖੁਰਦ ਤੇ ਘਨੌਰ ਕਲਾਂ ਤੋਂ ਕਲੇਰਾਂ) ਸ਼ਾਮਲ ਹਨ।ਹੁਣ ਤਾਜ਼ਾ ਮਾਮਲੇ ਵਿੱਚ ਭੋਜੋਵਾਲੀ ਤੋਂ ਸਾਰੋ ਸੜਕ ਦੀ ਖਸਤਾ ਹਾਲਤ ਦਾ ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਵੱਲੋਂ 'ਲਾਈਵ' ਹੋ ਕੇ ਖੁਲਾਸਾ ਕੀਤਾ ਗਿਆ ਹੈ, ਜਿਸ ਨਾਲ ਘਟੀਆ ਨਿਰਮਾਣ ਦੀ ਪੋਲ ਖੁੱਲ੍ਹ ਕੇ ਸਾਹਮਣੇ ਆਈ ਹੈ।ਮੁੱਖ ਮੰਤਰੀ ਦੇ ਆਪਣੇ ਹਲਕੇ ਵਿੱਚ ਵਿਕਾਸ ਕਾਰਜਾਂ ਦਾ ਇਹ ਹਾਲ ਨਾ ਸਿਰਫ਼ ਸਰਕਾਰ ਦਾ ਅਕਸ ਧੁੰਦਲਾ ਕਰ ਰਿਹਾ ਹੈ, ਸਗੋਂ ਆਮ ਜਨਤਾ ਦੇ ਸਰਕਾਰੀ ਪ੍ਰਬੰਧਾਂ 'ਤੇ ਭਰੋਸੇ ਨੂੰ ਵੀ ਠੇਸ ਪਹੁੰਚਾ ਰਿਹਾ ਹੈ।ਲੋਕਾਂ ਦਾ ਕਹਿਣਾ ਹੈ ਕਿ ਮੁੱਖ ਮੰਤਰੀ ਦੇ ਹਲਕਾ ਦੌਰੇ ਦੌਰਾਨ ਵੀ ਇੱਕ ਪਤਵੰਤੇ ਸੱਜਣ ਨੇ ਨਵੀਂ ਬਣੀ ਸੜਕ ਵਿੱਚੋਂ ਕੁੱਝ ਹੀ ਦਿਨਾਂ ਵਿੱਚ ਘਾਹ ਉੱਗ ਆਉਣ ਦੀ ਸ਼ਿਕਾਇਤ ਕੀਤੀ ਸੀ।ਉਸ ਸਮੇਂ ਮੁੱਖ ਮੰਤਰੀ ਨੇ ਮੌਕੇ 'ਤੇ ਹੀ ਸਬੰਧਤ ਠੇਕੇਦਾਰ ਨੂੰ ਬਲੈਕਲਿਸਟ ਕਰਨ ਤੇ ਕਾਨੂੰਨੀ ਕਾਰਵਾਈ ਦੇ ਹੁਕਮ ਦਿੱਤੇ ਸਨ, ਪਰ ਅਫ਼ਸੋਸ ਦੀ ਗੱਲ ਹੈ ਕਿ ਲੰਮਾ ਸਮਾਂ ਬੀਤ ਜਾਣ ਦੇ ਬਾਵਜੂਦ ਅਜੇ ਤੱਕ ਕੋਈ ਠੋਸ ਕਾਰਵਾਈ ਸਾਹਮਣੇ ਨਹੀਂ ਆਈ।ਹਲਕਾ ਵਾਸੀਆਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੋਂ ਮੰਗ ਕੀਤੀ ਹੈ ਕਿ ਉਹ ਖ਼ੁਦ ਇਸ ਮਾਮਲੇ ਦਾ ਗੰਭੀਰ ਨੋਟਿਸ ਲੈਣ। ਨਿਰਪੱਖ ਤਕਨੀਕੀ ਮਾਹਿਰਾਂ ਦੀ ਟੀਮ ਬੁਲਾ ਕੇ ਇਨ੍ਹਾਂ ਸੜਕਾਂ ਦੀ ਜਾਂਚ ਕਰਵਾਈ ਜਾਵੇ ਤੇ ਦੋਸ਼ੀ ਠੇਕੇਦਾਰਾਂ ਤੇ ਲਾਪ੍ਰਵਾਹ ਅਧਿਕਾਰੀਆਂ ਖ਼ਿਲਾਫ਼ ਮਿਸਾਲੀ ਕਾਰਵਾਈ ਕੀਤੀ ਜਾਵੇ, ਤਾਂ ਜੋ ਭਵਿੱਖ ਵਿੱਚ ਸਰਕਾਰੀ ਖ਼ਜ਼ਾਨੇ ਦੀ ਦੁਰਵਰਤੋਂ ਰੋਕੀ ਜਾ ਸਕੇ।

# ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ ਪੰਜ ਕਰੋੜ ਦੀਆਂ ਗ੍ਰਾਂਟਾਂ ਜਾਰੀ

### ਆਪ ਸਰਕਾਰ ਪਿੰਡਾਂ ਦੇ ਵਿਕਾਸ ਲਈ ਵਚਨਬੱਧ : ਵਿਧਾਇਕ ਬਾਜ਼ੀਗਰ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**


ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵੱਲੋਂ ਪੰਜਾਬ ਸਰਕਾਰ ਦੀ ਰੰਗਲਾ ਪੰਜਾਬ ਸਕੀਮ ਤਹਿਤ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ 61 ਪੰਚਾਇਤਾਂ ਨੂੰ ਪੰਜ ਕਰੋੜ ਰੁਪਏ ਦੀਆਂ ਗਰਾਂਟਾਂ ਜਾਰੀ ਕੀਤੀਆਂ ਗਈਆਂ।ਇਸ ਸਬੰਧੀ ਵਿਧਾਇਕ ਵੱਲੋਂ ਮਨਜ਼ੂਰੀ ਪੱਤਰ ਵੱਖ ਵੱਖ ਪਿੰਡਾਂ ਦੀਆਂ ਪੰਚਾਇਤਾਂ ਦੇ ਸਰਪੰਚਾਂ ਪੰਚਾਂ ਨੂੰ ਸੌਂਪੇ ਗਏ। ਪੰਚਾਇਤਾਂ ਨੂੰ ਮਨਜ਼ੂਰੀ ਪੱਤਰ ਸੌਂਪਣ ਉਪਰੰਤ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਪੰਜਾਬ ਦੀਆਂ ਤਤਕਾਲੀ ਅਕਾਲੀ ਭਾਜਪਾ ਤੇ ਕਾਂਗਰਸ ਦੀਆਂ ਸਰਕਾਰਾਂ ਨੇ ਪੰਜਾਬ ਨੂੰ ਤਬਾਹੀ ਦੇ ਕੰਢੇ ਲਿਆ ਖੜਾ ਕੀਤਾ ਸੀ, ਜਿਸ ਕਰਕੇ ਸੂਬੇ ਵਿੱਚ ਵਿਕਾਸ ਕਾਰਜ ਪਿਛਲੇ ਲੰਬੇ ਸਮੇਂ ਤੋਂ ਠੱਪ ਵਰਗੇ ਹਾਲਾਤਾਂ ਵਿੱਚੋਂ ਲੰਘ ਰਹੇ ਸਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸੂਬੇ ਨੂੰ ਮੁੜ ਤੋਂ ਹਰਾ ਭਰਾ ਤੇ ਖੁਸ਼ਹਾਲ ਬਣਾਉਣ ਦੇ ਮਕਸਦ ਨਾਲ ਰੰਗਲਾ ਪੰਜਾਬ ਮੁਹਿੰਮ ਦੀ ਸ਼ੁਰੂਆਤ ਕੀਤੀ ਸੀ, ਜਿਸ ਦੇ ਤਹਿਤ ਹਲਕਾ ਸ਼ੁਤਰਾਣਾ ਵਿਚਲੇ ਪਿੰਡਾਂ ਦੀਆਂ ਪੰਚਾਇਤਾਂ ਨੂੰ ਦੂਜੀ ਕਿਸ਼ਤ ਵਜੋਂ 61 ਪੰਚਾਇਤਾਂ ਨੂੰ ਪੰਜ ਕਰੋੜ ਰੁਪਏ ਦੀਆਂ ਗਰਾਂਟਾਂ ਜਾਰੀ ਕੀਤੀਆਂ ਗਈਆਂ ਹਨ।ਇਸ ਤੋਂ ਇਲਾਵਾ 11 ਪੰਚਾਇਤਾਂ ਨੂੰ ਇਕ ਕਰੋੜ ਰੁਪਏ ਵੱਖਰੇ ਤੌਰ ਉੱਤੇ ਜ਼ਿਲ੍ਹਾ ਪ੍ਰੀਸ਼ਦ ਪਟਿਆਲਾ ਦੇ ਫੰਡ ਵਿੱਚੋਂ ਦਿੱਤੇ ਗਏ ਹਨ।ਇਸ ਤੋਂ ਪਹਿਲਾਂ ਵੀ ਪੰਜ ਕਰੋੜ ਰੁਪਏ ਹਲਕੇ ਨੂੰ ਦੇ ਪਿੰਡਾਂ ਨੂੰ ਮਿਲ ਚੁੱਕੇ ਹਨ ਤੇ ਆਉਣ ਵਾਲੇ ਕੁਝ ਦਿਨਾਂ ਵਿੱਚ ਪੰਜ ਕਰੋੜ ਰੁਪਏ ਹੋਰ ਬਾਕੀ ਰਹਿੰਦੀਆਂ ਪੰਚਾਇਤਾਂ ਲਈ ਵੀ ਜਾਰੀ ਕੀਤੇ ਜਾਣਗੇ।ਉਨ੍ਹਾਂ ਦਾਅਵਾ ਕੀਤਾ ਕਿ ਇਸ ਤੋਂ ਇਲਾਵਾ ਹਲਕੇ ਵਿੱਚ ਸੈਂਕੜੇ ਕਿਲੋਮੀਟਰ ਲੰਬੀਆਂ ਲਿੰਕ ਸੜਕਾਂ ਦੀ ਮੁਰੰਮਤ ਤੇ ਵੱਡੇ ਪੱਧਰ ਉੱਤੇ ਨਹਿਰੀ ਖਾਲਾ ਤੇ ਰਜਬਾਹਿਆਂ ਦਾ ਨਵੀਨੀਕਰਨ ਕਰਕੇ 68 ਏਕੜ ਤੋਂ ਵੱਧ ਖੇਤਾਂ ਨੂੰ ਨਹਿਰੀ ਪਾਣੀ ਪਹੁੰਚਾਇਆ ਗਿਆ ਹੈ।ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕ ਮੁੜ ਤੋਂ ਭਗਵੰਤ ਮਾਨ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਲਈ ਉਤਸੁਕ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਪੰਚ ਚਰਨਜੀਤ ਸਿੰਘ ਸੰਧੂ, ਅਵਤਾਰ ਸਿੰਘ ਕੰਬੋਜ, ਸਰਪੰਚ ਅੰਗਰੇਜ ਸਿੰਘ, ਠੇਕੇਦਾਰ ਅਮਰੀਕ ਸਿੰਘ, ਨਿਸ਼ਾਨ ਸਿੰਘ ਬਾਬਾ, ਜਸਵਿੰਦਰ ਸਿੰਘ ਸ਼ੇਰਗੜ੍ਹ ਤੇ ਸਾਬਕਾ ਸਰਪੰਚ ਕਾਰਜ ਸਿੰਘ ਬਕਰਾਹਾ ਆਦਿ ਹਾਜ਼ਰ ਸਨ।

## ਵਿਦੇਸ਼ ਭੇਜਣ ਦੇ ਨਾਂਅ 'ਤੇ ਨੌਜਵਾਨ ਨਾਲ ਠੱਗੀ, ਮਾਮਲਾ ਦਰਜ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਪੁਲਸ ਵੱਲੋਂ ਇੱਕ ਸ਼ਿਕਾਇਤ ਦੇ ਅਧਾਰ 'ਤੇ ਸਾਊਥ ਕੋਰੀਆ ਭੇਜਣ ਲਈ ਠੱਗੀ ਮਾਰਨ ਦੇ ਕਥਿਤ ਦੋਸ਼ ਹੇਠ ਏਜੰਟ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ।

ਮੁਲਜ਼ਮ ਦੀ ਪਹਿਚਾਣ ਅਜੈਪਾਲ ਸਿੰਘ ਵਾਸੀ ਗੋਬਿੰਦਗੜ੍ਹ ਵਜੋਂ ਹੋਈ ਹੈ। ਪਿੰਡ ਧਨੂਰ ਦੇ ਵਿਅਕਤੀ ਲਖਵਿੰਦਰ ਸਿੰਘ ਨੇ ਪੁਲਸ ਉੱਚ ਅਧਿਕਾਰੀਆਂ ਨੂੰ ਸ਼ਿਕਾਇਤ ਕੀਤੀ ਕਿ ਅਜੈਪਾਲ ਸਿੰਘ ਚੰਡੀਗੜ੍ਹ ਵਿਖੇ ਟਰੈਵਲ ਏਜੰਟ ਦਾ ਕੰਮ ਕਰਦਾ ਹੈ ਜੋ ਕਿ ਵਿਦੇਸ਼ ਭੇਜਣ ਵਾਲੀ ਕੰਪਨੀ ਨਾਲ ਕੰਮ ਕਰਦਾ ਹੈ। ਸ਼ਿਕਾਇਕਰਤਾ ਅਨੁਸਾਰ ਸਾਊਥ ਕੋਰੀਆ ਭੇਜਣ ਲਈ ਉਸਦੀ ਟਰੈਵਲ ਏਜੰਟ ਨਾਲ 7.50 ਲੱਖ ਰੁਪਏ ਵਿਚ ਗੱਲ ਤੈਅ ਹੋਈ, ਜਿਸ ਨੇ 2.48 ਲੱਖ ਰੁਪਏ ਵੱਖ-ਵੱਖ ਮਿਤੀਆਂ ਨੂੰ ਖਾਤੇ ਵਿੱਚ ਗੂਗਲ ਪੇਅ ਰਾਹੀਂ ਅਦਾ ਕਰ ਦਿੱਤੇ। ਪੈਸੇ ਵਸੂਲਣ ਤੋਂ ਬਾਅਦ ਉਹ ਵਿਦੇਸ਼ ਭੇਜਣ ਲਈ ਲਾਰਾ ਲੱਪਾ ਲਗਾਉਂਦੇ ਰਹੇ ਤੇ ਫਿਰ ਉਸ ਨੇ ਫੋਨ ਚੁੱਕਣਾ ਬੰਦ ਕਰ ਦਿੱਤਾ। ਪੁਲਸ ਅਧਿਕਾਰੀਆਂ ਵੱਲੋਂ ਸ਼ਿਕਾਇਤ ਦੀ ਜਾਂਚ ਦੌਰਾਨ ਸਾਹਮਣੇ ਆਇਆ ਕਿ ਲੱਖ ਰੁਪਏ ਟਰੈਵਲ ਏਜੰਟ ਨੇ ਮੋੜ ਦਿੱਤਾ, ਜਦਕਿ ਬਾਕੀ ਰਕਮ ਅਦਾ ਨਹੀਂ ਕੀਤੀ। ਪੁਲਸ ਨੇ ਵਿਦੇਸ਼ ਭੇਜਣ ਦੇ ਨਾਮ 'ਤੇ ਠੱਗੀ ਮਾਰਨ ਦੇ ਕਥਿਤ ਦੋਸ਼ ਹੇਠ ਟਰੈਵਲ ਏਜੰਟ ਅਜੈਪਾਲ ਸਿੰਘ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ।

# ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਨੇ ਮੁੱਖ ਮੰਤਰੀ ਨੂੰ ਭੇਜਿਆ ਮੰਗ-ਪੱਤਰ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਬਰਾਂਚ ਕਮੇਟੀ ਗੁਰੂ ਹਰਸਹਾਏ ਵੱਲੋਂ ਐੱਮ.ਐੱਲ.ਏ. ਫੌਜਾ ਸਿੰਘ ਸਰਾਰੀ ਨੂੰ ਪੰਜਾਬ ਦੇ ਮੁੱਖ ਮੰਤਰੀ ਦੇ ਨਾਂਅ 'ਤੇ ਮੰਗ ਪੱਤਰ ਦਿੱਤਾ ਗਿਆ।ਇਥੇ ਇਸ ਸਬੰਧੀ ਪ੍ਰੈੱਸ ਨੋਟ ਜਾਰੀ ਕਰਦਿਆਂ ਸੂਬਾ ਆਗੂ ਰੁਪਿੰਦਰ ਸਿੰਘ, ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ, ਜ਼ਿਲ੍ਹਾ ਜਨਰਲ ਸਕੱਤਰ ਹਰਜਿੰਦਰ ਸਿੰਘ, ਬ੍ਰਾਂਚ ਪ੍ਰਧਾਨ ਮਲਕੀਤ ਚੰਦ, ਜਨਰਲ ਸਕੱਤਰ ਮਲਕੀਤ ਸਿੰਘ ਨੇ ਕਿਹਾ ਕਿ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਪੰਜਾਬ ਦੀਆਂ ਜਲ ਸਪਲਾਈ ਸਕੀਮਾਂ ਰਾਹੀ ਲੋਕਾਂ ਦੇ ਘਰ-ਘਰ ਪਹੁੰਚਾਉਣ ਲਈ, ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਆਊਟਸੋਰਸ ਅਧੀਨ ਇਕ ਵਰਕਰ ਦੇ ਰੂਪ ਵਿੱਚ ਕਾਮਿਆਂ ਦੀ ਭਰਤੀ ਕੀਤੀ ਗਈ ਸੀ, ਵਿਭਾਗ ਦੇ ਅਧਿਕਾਰੀਆਂ ਵੱਲੋਂ ਉਪਰੋਕਤ ਵਰਕਰਾਂ ਨੂੰ ਇਨਲਿਸਟਮੈਂਟ ਪਾਲਸੀ ਅਧੀਨ ਵਰਕਰਾਂ ਨੂੰ ਖੁਦ ਠੇਕੇਦਾਰ ਬਣਾ ਦਿੱਤਾ ਗਿਆ।ਵਰਤਮਾਨ ਸਮੇਂ ਦੌਰਾਨ ਵੀ ਇਨਲਿਸਟਮੈਂਟ ਪਾਲਸੀ ਅਧੀਨ ਰੈਗੂਲਰ ਮੁਲਾਜ਼ਮਾਂ ਵਾਂਗ ਹੀ ਲਗਾਤਾਰ ਸੇਵਾਵਾਂ ਨਿਭਾਅ ਰਹੇ ਹਨ।ਇਸ ਸਮੇਂ ਵਿਭਾਗ 'ਚ ਇਨਲਿਸਟਮੈਂਟ ਤੇ ਆਊਟਸੋਰਸ ਅਧੀਨ ਕਾਮੇ ਸੇਵਾਵਾਂ ਦੇ ਰਹੇ ਹਨ।ਪੰਜਾਬ ਸਰਕਾਰ ਵੱਲੋਂ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਲਈ ਲਿਆਂਦੇ ਜਾ ਰਹੇ ਆਰਡੀਨੈਂਸ ਵਿੱਚ ਇਨਲਿਸਟਮੈਂਟ ਵਰਕਰਾਂ ਨੂੰ ਸ਼ਾਮਲ ਨਹੀਂ ਕੀਤਾ ਗਿਆ ਹੈ।ਅੱਜ ਸੂਬਾ ਕਮੇਟੀ ਦੇ ਫੈਸਲੇ ਤਹਿਤ ਵਿਧਾਇਕਾਂ/ਮੰਤਰੀਆਂ ਰਾਹੀ ਪੰਜਾਬ ਦੇ ਮੁੱਖ ਮੰਤਰੀ ਨੂੰ ਮੰਗ-ਪੱਤਰ ਭੇਜੇ ਜਾ ਰਹੇ ਹਨ ਤੇ ਮੰਗ ਕੀਤੀ ਜਾ ਰਹੀ ਹੈ ਕਿ 3 ਅਗਸਤ 2026 ਤੋਂ 10 ਅਗਸਤ 2026 ਤੱਕ ਹੋਣ ਵਾਲੇ ਪੰਜਾਬ ਵਿਧਾਨ ਸਭਾ ਦੇ ਸੈਸ਼ਨ ਦੇ ਦੌਰਾਨ ਪੰਜਾਬ ਸਰਕਾਰ ਵੱਲੋਂ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਲਈ ਪਾਸ ਕੀਤੇ ਜਾ ਰਹੇ ਪੰਜਾਬ ਰਾਜ ਆਊਟਸੋਰਸ ਪ੍ਰਸੋਨਲ ਬਿੱਲ-2026 ਤੇ ਪੰਜਾਬ ਕੰਟਰੈਕਚੂਅਲ ਪ੍ਰਸੋਨਲ ਬਿੱਲ 2026 ਵਿੱਚ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ 'ਚ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਵਰਕਰਾਂ ਨੂੰ ਵੀ ਸ਼ਾਮਲ ਕੀਤਾ ਜਾਵੇ।ਵਿਭਾਗ 'ਚ ਕੰਮ ਕਰਦੇ ਇਨਲਿਸਟਮੈਂਟ ਅਤੇ ਆਊਟਸੋਰਸ ਵਰਕਰਾਂ ਤੇ ਉਕਤ ਕਾਨੂੰਨ ਨੂੰ ਤੁਰੰਤ ਲਾਗੂ ਕੀਤਾ ਜਾਵੇ।ਵਿਧਾਨ ਸਭਾ ਸੈਸ਼ਨ ਵਿੱਚ ਇਹ ਕਾਨੂੰਨ ਪਾਸ ਕਰਕੇ ਤੁਰੰਤ ਪ੍ਰਭਾਵ ਨਾਲ ਇਨਲਿਸਟਮੈਂਟ/ਆਊਟਸੋਰਸ ਵਰਕਰਾਂ ਤੇ ਤੁਰੰਤ ਲਾਗੂ ਕਰਨ ਲਈ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇ।ਇਨਲਿਸਟਮੈਂਟ/ਆਊਟਸੋਰਸ ਠੇਕਾ ਮੁਲਾਜ਼ਮਾਂ ਨੂੰ ਘੱਟੋ-ਘੱਟ ਉਜਰਤ ਦੇ ਕਾਨੂੰਨ 1948 ਵਿੱਚ 15ਵੀਂ ਲੇਬਰ ਕਾਨਫਰੰਸ ਦੀਆਂ ਸਿਫਾਰਸ਼ਾਂ ਨੂੰ ਸ਼ਾਮਲ ਕਰਕੇ ਤਨਖਾਹ ਨਿਸ਼ਚਿਤ ਕੀਤੀ ਜਾਵੇ।ਆਊਟਸੋਰਸ ਕਾਮਿਆਂ ਦੀਆਂ ਰੁਕੀਆਂ ਤਨਖਾਹਾਂ ਤੁਰੰਤ ਪ੍ਰਭਾਵ ਨਾਲ ਜਾਰੀ ਕੀਤੀ ਜਾਣ।ਇਸ ਦੇ ਨਾਲ ਹੀ ਸੂਬਾ ਕਮੇਟੀ ਵੱਲੋਂ ਫੈਸਲਾ ਕੀਤਾ ਗਿਆ ਕਿ ਪੰਜਾਬ ਵਿਧਾਨ ਸਭਾ ਦੇ ਸੈਸ਼ਨ ਦੌਰਾਨ ਜੇਕਰ ਮੰਗਾਂ ਦਾ ਹੱਲ ਨਹੀਂ ਕੀਤਾ ਗਿਆ ਤਾਂ ਜੱਥੇਬੰਦੀ ਵੱਲੋਂ ਮਜਬੂਰਨ ਪੁਰਅਮਨ ਢੰਗ ਨਾਲ ਅੰਦੋਲਨ ਕੀਤਾ ਜਾਵੇਗਾ।ਇਸੇ ਕੜੀ ਤਹਿਤ ਇੰਨਲਿਸਟਮੈਂਟ ਤੇ ਆਊਟਸੋਰਸ ਵਰਕਰਾਂ ਨੂੰ ਵਿਭਾਗ 'ਚ ਮਰਜ ਕਰਕੇ ਪੱਕਾ ਤੇ ਸੁਰੱਖਿਅਤ ਰੁਜ਼ਗਾਰ ਕਰਵਾਉਣ ਲਈ 9 ਅਗਸਤ 2026 ਤੋਂ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਪੰਜਾਬ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆ ਦੇ ਵਿਧਾਨ ਸਭਾ ਹਲਕੇ ਸਾਹਨੇਵਾਲ ਵਿੱਚ ਵਰਕਰਾਂ ਵੱਲੋਂ ਆਪਣੇ ਪਰਵਾਰਾਂ-ਬੱਚਿਆਂ ਸਮੇਤ ਲਗਾਤਾਰ ਮੋਰਚਾ ਲਾਇਆ ਜਾਵੇਗਾ, ਜਿਸ ਦੇ ਨਿੱਕਲਣ ਵਾਲੇ ਨਤੀਜਿਆਂ ਦੀ ਜ਼ੁੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

## ਸੀਨੀਅਰ ਸਿਟੀਜ਼ਨ ਵੈੱਲਫੇਅਰ ਐਸੋਸੀਏਸ਼ਨ ਨੇ ਸ਼ਹਿਰ ਪੱਖੀ ਮੁੱਦੇ ਵਿਚਾਰੇ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਸੀਨੀਅਰ ਸਿਟੀਜ਼ਨ ਆਫ਼ ਧੂਰੀ ਵੈੱਲਫੇਅਰ ਐਸੋਸੀਏਸ਼ਨ ਰਾਮ ਬਾਗ ਪਾਰਕ ਦੀ ਮਹੀਨਾਵਾਰ ਮੀਟਿੰਗ ਯੋਗਾ ਹਾਲ ਵਿਖੇ ਸੁਖਵੀਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਸਟੇਜ ਸਕੱਤਰ ਜਸਪਾਲ ਸਿੰਘ ਭੁੱਲਰ ਨੇ ਐਸੋਸੀਏਸ਼ਨ ਦੇ ਸਮਾਜ ਸੇਵੀ ਕਾਰਜਾਂ 'ਤੇ ਚਾਨਣਾ ਪਾਉਂਦਿਆਂ ਦੱਸਿਆ ਕਿ ਮਹਿਜ਼ 100 ਰੁਪਏ 'ਚ ਕੋਈ ਵੀ ਵਿਅਕਤੀ ਲਾਈਫ ਟਾਈਮ ਮੈਂਬਰਸ਼ਿਪ ਹਾਸਲ ਕਰ ਸਕਦਾ ਹੈ।ਮੀਟਿੰਗ ਦੌਰਾਨ ਬਲਦੇਵ ਸਿੰਘ, ਸੁਖਵਿੰਦਰ ਸਿੰਘ ਤੇ ਜਸਪਾਲ ਸਿੰਘ ਭੁੱਲਰ ਦਾ ਜਨਮ ਦਿਨ ਤੇ ਬਲਵੀਰ ਸਿੰਘ ਨੇਵੀ ਦੀ ਵਿਆਹ ਦੀ ਵਰ੍ਹੇਗੰਢ ਖੁਸ਼ੀ-ਖੁਸ਼ੀ ਮਨਾਈ ਗਈ। ਇਨ੍ਹਾਂ ਸਤਿਕਾਰਯੋਗ ਮੈਂਬਰਾਂ ਦਾ ਹਾਰ ਪਾ ਕੇ ਤੇ ਤੋਹਫ਼ੇ ਦੇ ਕੇ ਸਨਮਾਨ ਕੀਤਾ ਗਿਆ।ਇਸ ਮੌਕੇ ਤਿੰਨ ਨਵੇਂ ਮੈਂਬਰਾਂ ਦਰਸ਼ਨ ਸਿੰਘ (ਮੈਨੇਜਰ ਕੋਆਪ੍ਰੇਟਿਵ ਬੈਂਕ), ਜਾਗਰ ਸਿੰਘ (ਖੇਤੀਬਾੜੀ) ਤੇ ਸਰਬਜੀਤ ਸਿੰਘ (ਰਿਟਾ. ਡੀ.ਈ.ਓ.) ਦਾ ਐਸੋਸੀਏਸ਼ਨ ਵਿੱਚ ਜੀ ਆਇਆਂ ਕੀਤਾ ਗਿਆ।ਸਮਾਗਮ ਦੌਰਾਨ ਸੁਖਦੇਵ ਸ਼ਰਮਾ, ਚਰਨਜੀਤ ਕੈਂਥ ਤੇ ਮਨਜੀਤ ਬਖ਼ਸ਼ੀ ਨੇ ਸ਼ਹੀਦ ਊਧਮ ਸਿੰਘ ਦੀ ਕੁਰਬਾਨੀ ਬਾਰੇ ਵਿਚਾਰ ਸਾਂਝੇ ਕੀਤੇ, ਜਦਕਿ ਰਣਜੀਤ ਕਾਂਝਲਾ ਤੇ ਬਲਜੀਤ ਬਾਂਸਲ ਨੇ ਰਚਨਾਵਾਂ ਪੇਸ਼ ਕੀਤੀਆਂ।ਅਖੀਰ ਵਿੱਚ ਪ੍ਰੀਤਮ ਸਿੰਘ ਨੇ ਸਾਰੇ ਪਹੁੰਚੇ ਹੋਏ ਮੈਂਬਰਾਂ ਦਾ ਧੰਨਵਾਦ ਕੀਤਾ।ਇਸ ਮੌਕੇ ਬਲਵਿੰਦਰ ਸਿੰਘ, ਜਗਰਾਜ ਸਿੰਘ, ਸੁਰਜੀਤ ਸਿੰਘ, ਨਛੱਤਰ ਸਿੰਘ, ਨਰਿੰਦਰ ਬਖ਼ਸ਼ੀ, ਫ਼ਕੀਰ ਸਿੰਘ, ਗੁਰਦਾਸ ਬਾਂਸਲ ਸਮੇਤ ਕਈ ਪਤਵੰਤੇ ਸੱਜਣ ਹਾਜ਼ਰ ਸਨ।

## ਸਵਨਾ ਨੇ ਊਧਮ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ



**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਦੇਸ਼ ਦੇ ਮਹਾਨ ਇਨਕਲਾਬੀ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ 'ਤੇ ਵੀਰਵਾਰ ਨੂੰ ਫਾਜ਼ਿਲਕਾ ਦੇ ਵਿਧਾਇਕ ਸ੍ਰ. ਨਰਿੰਦਰਪਾਲ ਸਿੰਘ ਸਵਨਾ ਵੱਲੋਂ ਸ਼ਹੀਦੇ ਆਜ਼ਮ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ ਤੇ ਫਾਜ਼ਿਲਕਾ ਦੇ ਸ਼ਹੀਦ ਊਧਮ ਸਿੰਘ ਚੌਕ ਪਹੁੰਚ ਕੇ ਸ਼ਹੀਦ ਦੇ ਬੁੱਤ 'ਤੇ ਫੁੱਲ ਮਾਲਾ ਪਾਈਆਂ ਗਈਆਂ।ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਨੇ ਸ਼ਹੀਦ ਊਧਮ ਸਿੰਘ ਨੂੰ ਸਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਸ਼ਹੀਦ ਊਧਮ ਸਿੰਘ ਨੇ 13 ਮਾਰਚ 1940 ਨੂੰ ਲੰਦਨ ਵਿੱਚ ਮਾਈਕਲ ਓਡਵਾਇਰ ਦੀ ਹੱਤਿਆ ਕਰਕੇ 1919 ਦੇ ਜਲ੍ਹਿਆਂਵਾਲਾ ਬਾਗ ਕਤਲੇਆਮ ਦਾ ਬਦਲਾ ਲਿਆ ਸੀ।31 ਜੁਲਾਈ 1940 ਨੂੰ ਉਨ੍ਹਾਂ ਨੂੰ ਲੰਡਨ ਦੇ ਪੈਂਟਨਵਿਲਾ ਜੇਲ੍ਹ ਵਿੱਚ ਫਾਂਸੀ ਦਿੱਤੀ ਗਈ।ਉਨ੍ਹਾਂ ਦੀ ਇਹ ਕੁਰਬਾਨੀ ਨਾ ਸਿਰਫ ਪੰਜਾਬੀ, ਸਗੋਂ ਸਾਰੀ ਦੁਨੀਆ ਦੇ ਅਜ਼ਾਦੀ ਪਸੰਦ ਲੋਕਾਂ ਲਈ ਪ੍ਰੇਰਣਾ ਦਾ ਸਰੋਤ ਬਣੀ।ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਨੇ ਇਕ ਵਾਰ ਫਿਰ ਲੋਕਾਂ ਨੂੰ ਯਾਦ ਦਿਵਾਇਆ ਹੈ ਕਿ ਦੇਸ਼ ਦੇ ਮਹਾਨ ਸਪੂਤਾਂ ਦੀ ਕੁਰਬਾਨੀ ਤੋਂ ਬਿਨਾਂ ਅਜ਼ਾਦੀ ਸੌਖੀ ਨਹੀਂ ਸੀ।ਉਨ੍ਹਾਂ ਕਿਹਾ ਕਿ ਇਨ੍ਹਾਂ ਸ਼ਹੀਦਾਂ ਦੀਆਂ ਕੁਰਬਾਨੀਆਂ ਸਦਕਾ ਹੀ ਅਸੀਂ ਅੱਜ ਆਜ਼ਾਦ ਫਿਜ਼ਾ ਦਾ ਆਨੰਦ ਮਾਣ ਰਹੇ ਹਾਂ।ਉਨ੍ਹਾਂ ਕਿਹਾ ਕਿ ਸਾਡੇ ਸਾਰੇ ਮਹਾਨ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ।

## ਦੇਸ਼ ਭਗਤ ਯੂਨੀਵਰਸਿਟੀ ਨੇ ਮੁਕਤਸਰ ਵਿਕਾਸ ਮਿਸ਼ਨ ਨੂੰ ਕੀਤਾ ਸਨਮਾਨਤ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਪਰਮਜੀਤ ਸਿੰਘ)**-ਦੇਸ਼ ਭਗਤ ਯੂਨੀਵਰਸਿਟੀ ਮੰਡੀ ਗੋਬਿੰਦਗੜ੍ਹ ਦੇ ਚਾਂਸਲਰ ਡਾ. ਜ਼ੋਰਾ ਸਿੰਘ ਦੀ ਯੋਗ ਅਗਵਾਈ, ਉਨ੍ਹਾਂ ਦੀ ਧਰਮ ਪਤਨੀ ਪ੍ਰੋ ਚਾਂਸਲਰ ਡਾ. ਤੇਜਿੰਦਰ ਕੌਰ ਦੀ ਦੂਰ ਅੰਦੇਸ਼ੀ ਤੇ ਸਪੁੱਤਰ ਮੈਨੇਜਰ ਡਾ. ਸੰਦੀਪ ਸਿੰਘ ਦੀ ਵਧੀਆ ਕਾਰਜਸ਼ੈਲੀ ਸਦਕਾ ਯੂਨੀਵਰਸਿਟੀ ਵੱਲੋਂ ਮੈਡੀਕਲ, ਸਿੱਖਿਆ ਤੇ ਸਮਾਜ ਸੇਵਾ ਦੇ ਖੇਤਰਾਂ ਵਿੱਚ ਸ਼ਲਾਘਾਯੋਗ ਯੋਗਦਾਨ ਪਾਇਆ ਜਾ ਰਿਹਾ ਹੈ।ਪ੍ਰੋ ਚਾਂਸਲਰ ਡਾ. ਤੇਜਿੰਦਰ ਕੌਰ ਵੱਲੋਂ ਛੇੜੀ ਗਈ ਰੁੱਖ ਲਗਾਓ ਮੁਹਿੰਮ ਅਧੀਨ ਲੱਖਾਂ ਦੀ ਗਿਣਤੀ ਵਿੱਚ ਪੌਦੇ ਲਗਾ ਕੇ ਵਾਤਾਵਰਨ ਨੂੰ ਪ੍ਰਦੂਸ਼ਤ ਹੋਣ ਤੋਂ ਬਚਾਇਆ ਗਿਆ ਹੈ।ਯੂਨੀਵਰਸਿਟੀ ਵੱਲੋਂ ਸਥਾਨਕ ਦੇਸ਼ ਭਗਤ ਗਲੋਬਲ ਸਕੂਲ ਵਿਖੇ ਇੱਕ ਵਿਲੱਖਣ ਤੇ ਸ਼ਾਨਦਾਰ ਸਮਾਰੋਹ ਕਰਵਾ ਕੇ ਗੈਰ-ਸਰਕਾਰੀ ਸਮਾਜ ਸੇਵੀ ਸੰਸਥਾਵਾਂ ਨੂੰ ਸਨਮਾਨਤ ਕੀਤਾ ਗਿਆ। ਉਕਤ ਸਕੂਲ ਦੇ ਪ੍ਰਿੰ. ਡਾ. ਸੰਜੀਵ ਜਿੰਦਲ ਦੇ ਉਪਰਾਲੇ ਤੇ ਗੈਰ-ਸਰਕਾਰੀ ਸਮਾਜ ਸੰਸਥਾਵਾਂ ਦੇ ਕੋਆਰਡੀਨੇਟਰ ਡਾ. ਨਰੇਸ਼ ਪਰੂਥੀ ਦੇ ਵਿਸ਼ੇਸ਼ ਸਹਿਯੋਗ ਨਾਲ ਇਸ ਸਮਾਰੋਹ ਦੌਰਾਨ ਸਮਾਜ ਦੇ ਭਲੇ ਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਵਰਕਿੰਗ ਗੈਰ-ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਸਮੇਤ ਹੋਰ ਕਈ ਸੰਸਥਾਵਾਂ ਨੂੰ ਵੀ ਸਨਮਾਨਤ ਕੀਤਾ ਗਿਆ।ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ ਚਾਂਸਲਰ ਡਾ. ਤੇਜਿੰਦਰ ਕੌਰ ਵੱਲੋਂ ਮਿਸ਼ਨ ਦੀ ਟੀਮ ਨੂੰ ਸ਼ਾਨਦਾਰ ਮੋਮੈਂਟੋ ਵੀ ਭੇਟ ਕੀਤਾ ਗਿਆ। ਮਿਸ਼ਨ ਦੀ ਇਸ ਟੀਮ ਵਿੱਚ ਪ੍ਰਧਾਨ ਜਗਦੀਸ਼ ਰਾਏ ਢੋਸੀਵਾਲ ਤੋਂ ਇਲਾਵਾ ਚੀਫ ਪੈਟਰਨ ਇੰਸ. ਜਗਸੀਰ ਸਿੰਘ, ਚੇਅਰਮੈਨ ਨਿਰੰਜਣ ਸਿੰਘ ਰੱਖਰਾ, ਡਾ. ਸੁਰਿੰਦਰ ਗਿਰਧਰ ਤੇ ਪ੍ਰਦੀਪ ਧੁੜੀਆ (ਦੋਵੇਂ ਪੈਟਰਨ) ਸਮੇਤ ਨਰਿੰਦਰ ਕਾਕਾ ਤੇ ਸਕੂਲ ਪ੍ਰਿੰ. ਡਾ. ਜਿੰਦਲ ਵੀ ਮੌਜੂਦ ਸਨ।

## ਬੀ ਕੇ ਯੂ ਏਕਤਾ ਡਕੌਂਦਾ ਧਨੇਰ ਬਲਾਕ ਰਾਮਪੁਰਾ ਦੀ ਮੀਟਿੰਗ




**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਧਨੇਰ ਬਲਾਕ ਰਾਮਪੁਰਾ ਦੀ ਮੀਟਿੰਗ ਬਲਾਕ ਪ੍ਰਧਾਨ ਸਰਦੂਲ ਸਿੰਘ ਰਾਮਨਿਵਾਸ ਦੀ ਪ੍ਰਧਾਨਗੀ ਹੇਠ ਪਿੰਡ ਰਾਮਪੁਰਾ ਵਿਖੇ ਹੋਈ।ਮੀਟਿੰਗ ਵਿੱਚ ਪਿੰਡ ਇਕਾਈਆਂ ਦੇ ਅਹੁਦੇਦਾਰਾਂ ਤੋਂ ਇਲਾਵਾ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਤੇ ਮੀਟਿੰਗ ਵਿੱਚ ਜਲ੍ਹਿਆਂਵਾਲਾ ਬਾਗ ਕਤਲੇਆਮ ਦਾ ਬਦਲਾ ਲੈਣ ਵਾਲੇ ਮਹਾਨ ਕ੍ਰਾਂਤੀਕਾਰੀ ਸ਼ਹੀਦ ਊਧਮ ਸਿੰਘ ਨੂੰ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਉਪਰੰਤ ਮੀਟਿੰਗ ਵਿੱਚ ਸ਼ਹੀਦ ਕਿਰਨਜੀਤ ਕੌਰ ਯਾਦਗਾਰ ਕਮੇਟੀ ਵੱਲੋਂ ਸ਼ਹੀਦ ਕਿਰਨਜੀਤ ਕੌਰ ਦਾ 29ਵਾਂ ਯਾਦਗਾਰੀ ਸਮਾਗਮ, ਜੋ 12 ਅਗਸਤ ਨੂੰ ਮਹਿਲ ਕਲਾਂ ਵਿਖੇ ਕਰਵਾਇਆ ਜਾ ਰਿਹਾ ਹੈ, ਵਿੱਚ ਬਲਾਕ ਰਾਮਪੁਰਾ 'ਚੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਵਾਉਣ ਦਾ ਫੈਸਲਾ ਕੀਤਾ ਗਿਆ ਤੇ ਪਿੰਡ ਝੰਡੂਕੇ ਦੇ ਬਜ਼ੁਰਗ ਕਿਸਾਨ ਦੀ ਜ਼ਮੀਨ ਦੇ ਮਸਲੇ ਨੂੰ ਵੀ ਗੰਭੀਰਤਾ ਨਾਲ ਵਿਚਾਰਿਆ ਗਿਆ। ਬਲਾਕ ਆਗੂ ਜਗਦੀਸ਼ ਸਿੰਘ ਰਾਮਪੁਰਾ, ਸੁਖਜਿੰਦਰ ਸਿੰਘ ਸੁੱਖੀ, ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ ਤੇ ਸੁਰਜੀਤ ਸਿੰਘ ਰੋਮਾਣਾ ਨੇ ਇਨਸਾਫਪਸੰਦ ਲੋਕਾਂ ਨੂੰ ਕਿਸਾਨੀ ਅਤੇ ਖੇਤੀ 'ਤੇ ਤਿੱਖੇ ਹੋ ਰਹੇ ਕਾਰਪੋਰੇਟ ਹਮਲੇ ਖ਼ਿਲਾਫ਼, ਵਧ ਰਹੀ ਮਹਿੰਗਾਈ, ਬੇਰੁਜ਼ਗਾਰੀ, ਗਰੀਬੀ, ਭੁੱਖਮਰੀ ਖਿਲਾਫ ਅਤੇ ਮੋਦੀ ਤੇ ਭਗਵੰਤ ਮਾਨ ਸਰਕਾਰ ਵੱਲੋਂ ਹੱਕਾਂ ਲਈ ਜੂਝਦੇ ਲੋਕਾਂ 'ਤੇ ਢਾਹੇ ਜਾ ਰਹੇ ਪੁਲਸ ਜਬਰ ਖਿਲਾਫ ਸੰਘਰਸ਼ਾਂ ਦੇ ਪਿੜ ਮੱਲਣ ਲਈ ਸੱਦਾ ਦਿੱਤਾ। ਇਸ ਮੌਕੇ ਜੰਟਾ ਸਿੰਘ, ਹੇਮ ਰਾਜ ਬਾਲਿਆਂਵਾਲੀ, ਪਰਮਜੀਤ ਸਿੰਘ ਰਾਮਪੁਰਾ, ਮੱਖਣ ਸਿੰਘ ਖੋਖਰ ਆਦਿ ਹਾਜ਼ਰ ਸਨ।

## ਬਰੌਡਵੇ ਸਕੂਲ ਮਨਾਲ ਵੱਲੋਂ ਵਿਦਿਆਰਥੀਆਂ ਦਾ ਵਿੱਦਿਅਕ ਦੌਰਾ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਬਰੌਡਵੇ ਪਬਲਿਕ ਸਕੂਲ ਮਨਾਲ ਵੱਲੋਂ ਦਸਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਲਈ 'ਦਿ ਟ੍ਰਿਬਿਊਨ' ਚੰਡੀਗੜ੍ਹ ਦਾ ਵਿੱਦਿਅਕ ਦੌਰਾ ਕਰਵਾਇਆ ਗਿਆ।ਇਸ ਵਿੱਦਿਅਕ ਦੌਰੇ ਵਿੱਚ ਕੁੱਲ 116 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਇਸ ਦੌਰਾਨ ਵਿਦਿਆਰਥੀਆਂ ਨੇ ਅਖ਼ਬਾਰ ਦੀ ਛਪਾਈ ਦੀ ਪ੍ਰਕਿਰਿਆ, ਸੰਪਾਦਕੀ ਕਾਰਜਪ੍ਰਣਾਲੀ, ਆਧੁਨਿਕ ਛਪਾਈ ਤਕਨੀਕ ਤੇ ਅਖ਼ਬਾਰ ਦੇ ਉਤਪਾਦਨ ਨਾਲ ਜੁੜੀਆਂ ਵੱਖ-ਵੱਖ ਗਤੀਵਿਧੀਆਂ ਬਾਰੇ ਪ੍ਰਤੱਖ ਜਾਣਕਾਰੀ ਹਾਸਲ ਕੀਤੀ।ਇਹ ਤਜਰਬਾ ਵਿਦਿਆਰਥੀਆਂ ਲਈ ਬੇਹੱਦ ਜਾਣਕਾਰੀ ਭਰਪੂਰ ਤੇ ਪ੍ਰੇਰਣਾਦਾਇਕ ਰਿਹਾ।ਇਸ ਪੂਰੇ ਵਿੱਦਿਅਕ ਦੌਰੇ ਦਾ ਸਫ਼ਲਤਾਪੂਰਵਕ ਸਮੁੱਚਾ ਤਾਲਮੇਲ ਮੁੱਖ ਪ੍ਰਬੰਧਕ ਸ੍ਰੀ ਨਿਤੀਸ਼ ਜੈਨ, ਕਾਮਰਸ ਕੋਆਰਡੀਨੇਟਰ ਤੇ ਸ਼੍ਰੀਮਤੀ ਨਿਸ਼ਾ ਯੁਵਾ ਕਲੱਬ ਦੇ ਮੁਖੀ ਵੱਲੋਂ ਕੀਤਾ ਗਿਆ।ਸਕੂਲ ਦੇ ਚੇਅਰਮੈਨ ਸ੍ਰ. ਰਣਜੀਤ ਸਿੰਘ ਚੀਮਾ, ਡਾਇਰੈਕਟਰ ਸ੍ਰੀਮਤੀ ਨਵਰੀਤ ਕੌਰ ਚੀਮਾ ਤੇ ਪ੍ਰਿੰਸੀਪਲ ਮੁਹੰਮਦ ਆਰਿਫ਼ ਸੈਫ਼ੀ ਨੇ ਕਾਮਰਸ ਵਿਭਾਗ ਤੇ ਯੁਵਾ ਕਲੱਬ ਦੇ ਸਮੂਹ ਮੈਂਬਰਾਂ ਦੇ ਸੁਹਿਰਦ ਯਤਨਾਂ ਦੀ ਸ਼ਲਾਘਾ ਕੀਤੀ।ਉਨ੍ਹਾਂ ਆਯੋਜਕ ਟੀਮ ਨੂੰ ਇਸ ਸਫ਼ਲ ਵਿੱਦਿਅਕ ਦੌਰੇ ਲਈ ਵਧਾਈ ਦਿੱਤੀ ਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਭਵਿੱਖ ਵਿੱਚ ਵੀ ਅਜਿਹੀਆਂ ਗਿਆਨਵਰਧਕ ਤੇ ਤਜਰਬੇ-ਅਧਾਰਤ ਗਤੀਵਿਧੀਆਂ ਲਗਾਤਾਰ ਕਰਵਾਉਣ ਲਈ ਉਤਸ਼ਾਹਤ ਕੀਤਾ।

## ਸੈਣ ਸਮਾਜ ਵੈੱਲਫੇਅਰ ਬੋਰਡ ਦੇ ਜ਼ਿਲ੍ਹਾ ਪ੍ਰਧਾਨ ਦਾ ਸਨਮਾਨ



**ਕੋਟਕਪੂਰਾ (ਰਛਪਾਲ ਭੁੱਲਰ)**-ਸ੍ਰ. ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਵਿਧਾਨ ਸਭਾ ਨੇ ਸੈਣ ਸਮਾਜ ਵੈੱਲਫੇਅਰ ਬੋਰਡ ਦੇ ਨਵੇਂ ਜ਼ਿਲ੍ਹਾ ਚੇਅਰਮੈਨ ਸ੍ਰੀ ਬੂਟਾ ਸਿੰਘ ਰੱਤੀ ਰੋੜੀ ਤੇ ਅਸੈਂਬਲੀ ਪੱਧਰ ਦੇ ਚੇਅਰਮੈਨ ਸ੍ਰੀ ਗੁਰਨਾਮ ਸਿੰਘ ਨੂੰ ਸਨਮਾਨਤ ਕੀਤਾ ਤੇ ਉਨ੍ਹਾਂ ਨੂੰ ਵਧਾਈ ਦਿੱਤੀ।ਇਸ ਮੌਕੇ ਉਨ੍ਹਾਂ ਵਿਕਾਸ ਨਾਲ ਸੰਬੰਧਤ ਮਸਲਿਆਂ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ।ਉਨ੍ਹਾਂ ਕਿਹਾ ਕਿ ਵਿਕਾਸ ਦੇ ਕੰਮਾਂ ਵਿੱਚ ਕਿਸੇ ਤਰ੍ਹਾਂ ਦੀ ਕੋਈ ਅੜਚਣ ਨਾ ਆਵੇ, ਇਸ ਲਈ ਸਾਰੇ ਇਕਜੁੱਟ ਹੋ ਕੇ ਕੰਮ ਕਰਨ।ਉਨ੍ਹਾਂ ਜ਼ਿਲ੍ਹਾ ਪ੍ਰਧਾਨਾਂ ਨੂੰ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਵੱਲੋਂ ਚੁਣੀ ਗਈ ਲੋਕਾਂ ਦੀ ਆਪਣੀ ਸਰਕਾਰ ਹੈ।ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਪ੍ਰੇਸ਼ਾਨੀ ਨਾ ਆਉਣ ਦਿੱਤੀ ਜਾਵੇ।ਪੰਜਾਬ ਸਰਕਾਰ ਵਿਕਾਸ ਦੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਕਰ ਰਹੀ ਹੈ।ਇਸ ਲਈ ਸਰਕਾਰ ਕੋਲ ਫੰਡਾਂ ਦੀ ਕੋਈ ਘਾਟ ਨਹੀਂ ਹੈ।

# ਖੇਤੀ ਅਧਾਰਿਤ ਸਨਅਤਾਂ ਨਾਲ ਹੀ ਪੰਜਾਬ ਦੀ ਤਰੱਕੀ ਸੰਭਵ: ਐੱਸ ਕੇ ਐੱਮ

*** ਖੰਡ ਮਿੱਲ ਸੇਰੋਂ ਵਿਖੇ ਲੱਗਾ ਕਿਸਾਨਾਂ ਦਾ ਪੱਕਾ ਮੋਰਚਾ 74ਵੇਂ ਦਿਨ 'ਚ ਦਾਖਲ**



ਵਲਟੋਹਾ (ਰਣਜੀਤ ਸਿੰਘ ਵਲਟੋਹਾ)- ਖੰਡ ਮਿੱਲ ਸੇਰੋਂ ਮੋਰਚੇ ਦੇ 74ਵੇਂ ਦਿਨ ਇਕੱਠੇ ਹੋਏ ਕਿਸਾਨਾਂ ਨੇ ਮੰਗ ਕੀਤੀ ਕਿ ਭਗਵੰਤ ਮਾਨ ਕੀਤੇ ਵਾਅਦੇ ਅਨੁਸਾਰ ਸੇਰੋਂ ਖੰਡ ਮਿੱਲ ਮੁੜ ਚਾਲੂ ਕਰਨ।ਤਰਨ ਤਾਰਨ ਜ਼ਿਲ੍ਹਾ ਨਿਰੋਲ ਪੇਂਡੂ ਖੇਤਰ ਹੈ,ਇਸ ਕਰਕੇ ਇੱਥੇ ਖੇਤੀ ਆਧਾਰਿਤ ਵੱਧ ਤੋਂ ਵੱਧ ਸਨਅਤ ਲਗਾ ਕੇ ਇੱਥੋਂ ਦੇ ਵੱਡੀ ਪੱਧਰ ਤੇ ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਮਿਲ ਸਕਦਾ ਹੈ।ਖੇਤੀ ਆਧਾਰਿਤ ਸਨਅਤ ਲੱਗਣ ਨਾਲ ਕਿਸਾਨਾਂ ਨੂੰ ਆਰਥਿਕ ਲਾਭ ਵੀ ਹੋਵੇਗਾ।ਇਸ ਮੌਕੇ ਕਿਸਾਨ ਆਗੂਆਂ ਮਨਜੀਤ ਸਿੰਘ ਬੱਗੂ, ਤਰਸੇਮ ਸਿੰਘ ਲੁਹਾਰ, ਨਛੱਤਰ ਸਿੰਘ ਪੰਨੂ, ਗੁਰਪ੍ਰੀਤ ਸਿੰਘ ਗੰਡੀਵਿੰਡ, ਹਰਜਿੰਦਰ ਸਿੰਘ ਟਾਂਡਾ, ਗੁਰਦਿਆਲ ਸਿੰਘ ਵਰਨਾਲਾ, ਇੰਦਰਜੀਤ ਸਿੰਘ ਮਹਿਰਾਣਾ, ਦਲਬੀਰ ਸਿੰਘ ਬਿਦਾਦਪੁਰ ਨੇ ਕਿਹਾ ਕਿ ਤਰਨ ਤਾਰਨ ਜ਼ਿਲ੍ਹੇ ਵਿੱਚ ਬਿਆਸ ਦਰਿਆ ਦੇ ਕੰਢੇ ਪਵਿੱਤਰ ਅਸਥਾਨ ਗੋਇੰਦਵਾਲ ਸਾਹਿਬ ਨੂੰ ਰਾਜੀਵ ਗਾਂਧੀ ਵੇਲੇ ਕੇਂਦਰ ਸਰਕਾਰ ਨੇ ਸਨਅਤੀ ਨਿਊਕਲੀਅਰ ਕੇਂਦਰ ਬਣਾ ਕੇ ਵੱਡੀ ਪੱਧਰ 'ਤੇ ਸਨਅਤ ਲਾਉਣ ਦੀ ਯੋਜਨਾ ਬਣਾਈ ਸੀ।ਇਸ ਕੰਮ ਲਈ ਹਜ਼ਾਰਾਂ ਏਕੜ ਜ਼ਮੀਨ ਵੀ ਪ੍ਰਾਪਤ ਕਰਕੇ ਕੁੱਝ ਫੈਕਟਰੀਆਂ ਲਾਈਆਂ, ਪਰ ਵੱਡੇ ਪੱਧਰ ਤੇ ਫੈਕਟਰੀਆਂ ਲਈ ਪ੍ਰਾਪਤ ਜਗ੍ਹਾ ਖਾਲੀ ਪਈ ਹੋਈ ਹੈ।ਕਿਸਾਨ ਆਗੂਆਂ ਮੰਗ ਕੀਤੀ ਕਿ ਕੇਂਦਰ ਸਰਕਾਰ ਇਸ ਇਲਾਕੇ ਨੂੰ ਨੇਪਰੇ ਚਾੜ੍ਹ ਕੇ ਇਸ ਪਛੜੇ ਇਲਾਕੇ ਨੂੰ ਰਾਹਤ ਦੇਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਬੀਰ ਸਿੰਘ ਨਿੱਜਰਪੁਰਾ, ਰਣਜੀਤ ਸਿੰਘ ਬਹਾਦਰ ਨਗਰ, ਸੁਖਬਾਜ ਸਿੰਘ ਸਿੱਧੂ, ਪਾਲ ਸਿੰਘ ਲੋਹਗੜ੍ਹ, ਸ਼ਿੰਗਾਰਾ ਸਿੰਘ ਸੱਤੋਵਾਲ, ਕੇਹਰ ਸਿੰਘ ਮੁਗ਼ਲ ਚੱਕ, ਖਜ਼ਾਨ ਸਿੰਘ ਸਰਪੰਚ, ਗੁਰਸ਼ਰਨ ਸਿੰਘ ਜਾਮਾਰਾਏ, ਰੇਸ਼ਮ ਸਿੰਘ ਫੈਲੋਕੇ, ਅਮਰੀਕ ਸਿੰਘ ਸੇਰੋਂ, ਕਸ਼ਮੀਰ ਸਿੰਘ ਸੇਰੋਂ, ਤਰਸੇਮ ਸਿੰਘ ਲਾਖਣਾ, ਮੰਗਲ ਸਿੰਘ ਸਰਹਾਲੀ, ਬਲਕਾਰ ਸਿੰਘ ਵਲਟੋਹਾ, ਦਵਿੰਦਰ ਸੋਹਲ, ਬੂਟਾ ਸਿੰਘ ਮਾਨ, ਵਿਰਸਾ ਸਿੰਘ ਸਰਹਾਲੀ ਸਮੇਤ ਕਈ ਆਗੂ ਹਾਜ਼ਰ ਸਨ।

# ਪੰਜਾਬ ਸਰਕਾਰ ਵੱਲੋਂ ਵਪਾਰਕ ਬਾਜ਼ਾਰਾਂ ਦੇ ਵਿਕਾਸ ਲਈ 40 ਕਰੋੜ ਰੁਪਏ ਦਾ ਵਿਸ਼ੇਸ਼ ਫੰਡ ਮਨਜ਼ੂਰ



ਅੰਮ੍ਰਿਤਸਰ(ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਪੰਜਾਬ ਸਰਕਾਰ ਵੱਲੋਂ ਸੂਬੇ ਦੇ ਵਪਾਰਕ ਬਾਜ਼ਾਰਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਵਪਾਰੀਆਂ ਦੀਆਂ ਲੰਬੇ ਸਮੇਂ ਤੋਂ ਲੰਬਿਤ ਮੰਗਾਂ ਦੇ ਹੱਲ ਲਈ ਮਹੱਤਵਪੂਰਨ ਫੈਸਲਾ ਲੈਂਦਿਆਂ 40 ਕਰੋੜ ਰੁਪਏ ਦਾ ਵਿਸ਼ੇਸ਼ ਫੰਡ ਮਨਜ਼ੂਰ ਕੀਤਾ ਗਿਆ ਹੈ। ਇਸ ਤਹਿਤ ਅੰਮ੍ਰਿਤਸਰ ਸ਼ਹਿਰੀ ਅਤੇ ਦਿਹਾਤੀ ਖੇਤਰ ਲਈ 2 ਕਰੋੜ ਰੁਪਏ ਅਤੇ ਤਰਨ ਤਾਰਨ ਜ਼ਿਲ੍ਹੇ ਲਈ ਵੀ 2 ਕਰੋੜ ਰੁਪਏ ਦੀ ਰਕਮ ਰਾਖਵੀਂ ਕੀਤੀ ਗਈ ਹੈ।ਪੰਜਾਬ ਸਟੇਟ ਟ੍ਰੇਡਰਜ਼ ਕਮਿਸ਼ਨ ਦੇ ਮੈਂਬਰ ਅਤੇ ਮਾਝਾ ਜ਼ੋਨ ਇੰਚਾਰਜ ਸ਼ੀਤਲ ਜੁਨੇਜਾ, ਡਾਇਰੈਕਟਰ ਤਰਨ ਤਾਰਨ ਦੇ ਚੇਅਰਮੈਨ ਹਰਮਨਦੀਪ ਸਿੰਘ ਮੱਟੀ ਅਤੇ ਡਾਇਰੈਕਟਰੀ ਦੇ ਵਾਈਸ ਚੇਅਰਮੈਨ ਅਭਿਸ਼ੇਕ ਬਾਂਸਲ ਨੇ ਪੰਜਾਬ ਦੇ ਮੁੱਖ ਮੰਤਰੀ ਮਾਨ, ਵਿੱਤ ਮੰਤਰੀ ਅਤੇ ਪੰਜਾਬ ਸਟੇਟ ਟ੍ਰੇਡਰਜ਼ ਕਮਿਸ਼ਨ ਦੇ ਚੇਅਰਮੈਨ ਹਰਪਾਲ ਸਿੰਘ ਚੀਮਾ ਅਤੇ ਅਨਿਲ ਠਾਕੁਰ ਦਾ ਇਸ ਮਹੱਤਵਪੂਰਨ ਫੈਸਲੇ ਲਈ ਦਿਲੋਂ ਧੰਨਵਾਦ ਕੀਤਾ। ਸ਼੍ਰੀ ਜੁਨੇਜਾ ਨੇ ਕਿਹਾ ਕਿ ਇਸ ਵਿਸ਼ੇਸ਼ ਫੰਡ ਨਾਲ ਵਪਾਰਕ ਬਾਜ਼ਾਰਾਂ ਵਿੱਚ ਲੰਬੇ ਸਮੇਂ ਤੋਂ ਚੱਲ ਰਹੀਆਂ ਬੁਨਿਆਦੀ ਸਮੱਸਿਆਵਾਂ ਦਾ ਹੱਲ ਕੀਤਾ ਜਾਵੇਗਾ।ਇਸ ਅਧੀਨ ਬਾਜ਼ਾਰਾਂ ਵਿੱਚ ਆਧੁਨਿਕ ਵਾਸ਼ਰੂਮਾਂ ਦੀ ਉਸਾਰੀ, ਸੜਕਾਂ ਦੀ ਮੁਰੰਮਤ ਅਤੇ ਨਿਰਮਾਣ, ਬਿਜਲੀ ਨਾਲ ਸਬੰਧਤ ਸਮੱਸਿਆਵਾਂ ਦੇ ਹੱਲ ਸਮੇਤ ਹੋਰ ਲੋੜੀਂਦੀਆਂ ਸਹੂਲਤਾਂ ਦਾ ਵਿਕਾਸ ਕੀਤਾ ਜਾਵੇਗਾ, ਜਿਸ ਨਾਲ ਵਪਾਰੀਆਂ ਅਤੇ ਆਮ ਲੋਕਾਂ ਨੂੰ ਵੱਡਾ ਲਾਭ ਮਿਲੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਪਾਰੀਆਂ ਦੀ ਭਲਾਈ ਅਤੇ ਬਾਜ਼ਾਰਾਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਇਹ ਫੰਡ ਉਸੇ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ।

# ਜਮਹੂਰੀ ਕਿਸਾਨ ਸਭਾ ਤੇ ਪੰਜਾਬ ਕਿਸਾਨ ਯੂਨੀਅਨ ਦਾ ਰਲੇਵਾਂ 20 ਸਤੰਬਰ ਨੂੰ



ਧਾਰੀਵਾਲ, (ਮਨਦੀਪ ਵਿੱਕੀ)-ਜਮਹੂਰੀ ਕਿਸਾਨ ਸਭਾ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਦੀ ਕਾਰਜਕਾਰਨੀ ਕਮੇਟੀ ਦੀ ਇੱਕ ਭਰਵੀਂ ਮੀਟਿੰਗ ਜ਼ਿਲ੍ਹਾ ਪ੍ਰਧਾਨ ਸਾਥੀ ਰਣਜੀਤ ਸਿੰਘ ਕਾਹਲੋਂ ਦੀ ਪ੍ਰਧਾਨਗੀ ਹੇਠ ਸ਼ਹੀਦ ਬਲਜੀਤ ਸਿੰਘ ਭਵਨ ਗੁਰਦਾਸਪੁਰ ਵਿਖੇ ਹੋਈ।ਮੀਟਿੰਗ ਵਿੱਚ ਸੂਬਾ ਪ੍ਰਧਾਨ ਸਤਨਾਮ ਸਿੰਘ ਅਜਨਾਲਾ ਉਚੇਚੇ ਤੌਰ 'ਤੇ ਸ਼ਾਮਿਲ ਹੋਏ।ਮੀਟਿੰਗ ਨੂੰ ਹੋਰਨਾਂ ਦੇ ਇਲਾਵਾ ਮੱਖਣ ਸਿੰਘ ਕੁਹਾੜ, ਅਜੀਤ ਸਿੰਘ ਹੁੰਦਲ, ਜਗੀਰ ਸਿੰਘ ਸਲਾਚ, ਰਘਬੀਰ ਸਿੰਘ ਚਾਹਲ, ਅਵਤਾਰ ਸਿੰਘ ਠੱਠਾ, ਮੱਖਣ ਸਿੰਘ ਤਿੱਬੜ, ਹਰਦੇਵ ਸਿੰਘ ਰਵਾਲ, ਕੁਲਜੀਤ ਸਿੰਘ ਤਿੱਬੜ, ਮਲਕੀਤ ਸਿੰਘ ਬੁੱਢਾਕੋਟ, ਕੁਲਜੀਤ ਸਿੰਘ ਸਿਧਵਾ ਜਮੀਤਾ ਆਦਿ ਨੇ ਵੀ ਆਪਣੇ ਵਿਚਾਰ ਰੱਖੇ। ਸਾਥੀ ਸਤਨਾਮ ਸਿੰਘ ਨੇ ਕਿਸਾਨਾਂ ਤੇ ਮਜ਼ਦੂਰਾਂ ਦੀਆਂ ਮੰਗਾਂ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਵਿਸ਼ਵ ਵਪਾਰ ਸੰਸਥਾ 'ਚੋਂ ਬਾਹਰ ਨਿਕਲਣਾ ਅਤੇ ਮੋਦੀ ਵੱਲੋਂ ਅਮਰੀਕਾ ਨਾਲ ਕੀਤੇ ਜਾ ਰਹੇ ਵਪਾਰ ਸਮਝੌਤੇ 'ਚੋਂ ਖੇਤੀ ਉਤਪਾਦ ਅਤੇ ਪਰਚੂਨ ਵਪਾਰ ਨੂੰ ਬਾਹਰ ਰੱਖਣਾ, ਕਰਜ਼ਾ ਮੁਆਫੀ, ਐੱਮਐੱਸਪੀ ਦੀ ਗਰੰਟੀ, ਪੁਰਾਣੇ ਮਨਰੇਗਾ ਦੀ ਬਹਾਲੀ, ਮਜ਼ਦੂਰਾਂ ਦੀ ਦਿਹਾੜੀ ਮੁੜ ਅੱਠ ਘੰਟੇ ਕਰਨਾ, 2013 ਵਾਲੀ ਲੈਂਡ ਪੋਲਿੰਗ ਨੀਤੀ ਬਿਨਾਂ ਜਮੀਨ ਅਕਵਾਇਰ ਨਾ ਕਰਨਾ, ਭਾਖੜਾ ਦਾ ਪ੍ਰਬੰਧ ਪਾਣੀਆਂ ਦੇ ਅਤੇ ਬੇਰੁਜ਼ਗਾਰੀ ਦੇ ਮਸਲੇ ਆਦਿ ਪ੍ਰਮੁੱਖ ਮੁੱਦੇ ਹਨ, ਜਿਨ੍ਹਾਂ ਦੀ ਲੜਾਈ ਤਿੱਖੀ ਕਰਨੀ ਹੈ। ਅਜਨਾਲੇ ਹੋਰਾਂ ਨੇ ਵੱਡੀ ਖੁਸ਼ਖਬਰੀ ਦਿੱਤੀ ਕਿ ਜਮਹੂਰੀ ਕਿਸਾਨ ਸਭਾ ਅਤੇ ਪੰਜਾਬ ਕਿਸਾਨ ਯੂਨੀਅਨ ਦਾ ਦੇਸ਼ ਪੱਧਰ 'ਤੇ ਰਲੇਵਾਂ ਹੋਣ ਜਾ ਰਿਹਾ ਹੈ।ਇਸ ਸਬੰਧੀ 20 ਤੇ 21 ਸਤੰਬਰ ਨੂੰ ਜਲੰਧਰ ਦੇ ਦੇਸ਼ ਭਗਤ ਹਾਲ ਵਿਖੇ ਦੋ ਦਿਨਾਂ ਦੀ ਵਿਸ਼ਾਲ ਕਨਵੈਨਸ਼ਨ ਕੀਤੀ ਜਾਣੀ ਹੈ ।ਉਸ ਤੋਂ ਪਹਿਲਾਂ 20 ਸਤੰਬਰ ਨੂੰ ਜਲੰਧਰ ਵਿਖੇ ਹੀ ਕੁਲਹਿੰਦ ਪੱਧਰ ਦਾ ਬਹੁਤ ਵੱਡਾ ਇਤਿਹਾਸਿਕ ਇਕੱਠ ਕੀਤਾ ਜਾਵੇਗਾ।ਇਸ ਪ੍ਰੋਗਰਾਮ ਨੂੰ ਸਿਰੇ ਚਾੜ੍ਹਨ ਲਈ ਜ਼ਿਲ੍ਹੇ 'ਚੋਂ ਘੱਟੋ-ਘੱਟ 20 ਬੱਸਾਂ ਜਮਹੂਰੀ ਕਿਸਾਨ ਸਭਾ ਵੱਲੋਂ ਲਿਜਾਣ ਦਾ ਪ੍ਰਬੰਧ ਕੀਤਾ ਗਿਆ।ਖਰਚੇ ਦੇ ਕੋਟੇ ਵੀ ਤੈਅ ਕੀਤੇ ਗਏ।ਇਸਦੀ [illegible] ਨੂੰ ਜਲੰਧਰ ਵਿਖੇ ਜ਼ਿਲ੍ਹਾ ਕਾਰਜਕਾਰਨੀਆਂ ਦੀ ਇਕੱਤਰਤਾ ਹੋਵੇਗੀ।ਅਜਨਾਲੇ ਹੋਰਾਂ ਨੇ ਦੱਸਿਆ ਕਿ ਐੱਸਕੇਐੱਮ ਦੇ ਦਿੱਲੀ ਮੋਰਚੇ ਦੇ ਬਾਅਦ ਹੁਣੇ ਹੁਣੇ ਸੀ ਜੇ ਪੀ ਵਿਦਿਆਰਥੀਆਂ ਅਤੇ ਨੌਜਵਾਨਾਂ ਵੱਲੋਂ ਲੜੀ ਗਈ ਲੜਾਈ ਨੇ ਵੱਡਾ ਇਤਿਹਾਸ ਸਿਰਜਿਆ ਹੈ ਅਤੇ ਸਾਰੇ ਦੇਸ਼ ਦੇ ਲੋਕਾਂ ਨੂੰ ਉਤਸ਼ਾਹਿਤ ਕੀਤਾ ਹੈ।ਉਨ੍ਹਾਂ ਨੇ ਦੱਸਿਆ ਐੱਸ ਕੇ ਐੱਮ ਦੇ 10 ਅਗਸਤ ਦੇ ਪ੍ਰੋਗਰਾਮ ਨੂੰ ਪੂਰੀ ਤਨਦੇਹੀ ਨਾਲ ਸਿਰੇ ਚਾੜ੍ਹਿਆ ਜਾਵੇਗਾ ਅਤੇ ਭਾਰਤ ਅਮਰੀਕਾ ਵਪਾਰ ਸਮਝੌਤੇ ਦਾ ਡਟ ਕੇ ਵਿਰੋਧ ਕੀਤਾ ਜਾਵੇਗਾ।ਮੀਟਿੰਗ ਵਿੱਚ ਪੁੱਜੇ ਜ਼ਿਲ੍ਹਾ ਆਗੂਆਂ ਨੇ ਦੋਹਾਂ ਜਥੇਬੰਦੀਆਂ ਦੇ ਏਕੇ ਪ੍ਰਤੀ ਬਹੁਤ ਖ਼ੁਸ਼ੀ ਦਾ ਇਜ਼ਹਾਰ ਕੀਤਾ ਅਤੇ 20 ਤੇ 21 ਸਤੰਬਰ ਲਈ ਭਾਰੀ ਉਤਸ਼ਾਹ ਦਿਖਾਇਆ।ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਰਣਬੀਰ ਸਿੰਘ ਵਡਾਲਾ ਬਾਂਗਰ, ਲਖਵਿੰਦਰ ਸਿੰਘ, ਵੀਰ ਸਿੰਘ, ਮੋਹਣ ਸਿੰਘ, ਰਛਪਾਲ ਸਿੰਘ, ਰਵੇਲ ਸਿੰਘ, ਹਰਦੀਪ ਸਿੰਘ, ਰੋਸ਼ਨ ਲਾਲ ਕਲਾਨੌਰ, ਜਗਤਾਰ ਸਿੰਘ, ਰਾਜਪਾਲ ਸਿੰਘ ਆਦਿ ਹੋਰ ਵੀ ਬਹੁਤ ਸਾਰੇ ਸਾਥੀ ਹਾਜ਼ਰ ਸਨ।

# ਹਲਕਾ ਇੰਚਾਰਜ ਗਿੱਲ ਵੱਲੋਂ 10.5 ਕਿਲੋਮੀਟਰ ਲੰਬੀ ਸੜਕ ਦਾ ਉਦਘਾਟਨ



**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਸੜਕੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਚਲਾਈ ਜਾ ਰਹੀ ਵਿਕਾਸ ਯੋਜਨਾ ਤਹਿਤ ਆਮ ਆਦਮੀ ਪਾਰਟੀ ਦੇ ਹਲਕਾ ਮਜੀਠਾ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਪਿੰਡ ਟਾਹਲੀ ਸਾਹਿਬ ਵਾਇਆ ਰਾਮ ਦਿਵਾਲੀ ਮੁਸਲਮਾਨਾਂ, ਭੋਏਵਾਲ, ਚੰਨਣਕੇ ਅਤੇ ਸੂਰੋ ਪੱਡਾ ਤੋਂ ਅੰਮ੍ਰਿਤਸਰ-ਮਹਿਤਾ ਰੋਡ ਤੱਕ ਬਣਨ ਵਾਲੀ 18 ਫੁੱਟ ਚੌੜੀ ਅਤੇ 10.5 ਕਿਲੋਮੀਟਰ ਲੰਬੀ ਨਵੀਂ ਸੜਕ ਦੇ ਨਿਰਮਾਣ ਕਾਰਜ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਕਰੀਬ 9 ਕਰੋੜ 65 ਲੱਖ ਦੀ ਲਾਗਤ ਨਾਲ ਤਿਆਰ ਹੋਣ ਵਾਲਾ ਇਹ ਮਹੱਤਵਪੂਰਨ ਪ੍ਰੋਜੈਕਟ ਇਲਾਕੇ ਦੇ ਹਜ਼ਾਰਾਂ ਲੋਕਾਂ ਲਈ ਆਵਾਜਾਈ ਨੂੰ ਹੋਰ ਸੁਖਾਲਾ, ਸੁਰੱਖਿਅਤ ਅਤੇ ਤੇਜ਼ ਬਣਾਏਗਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ ਅਤੇ ਵਿਕਾਸ ਕਾਰਜ ਲਗਾਤਾਰ ਜਾਰੀ ਹਨ।ਉਨ੍ਹਾਂ ਕਿਹਾ ਕਿ ਇਸ ਸੜਕ ਦੇ ਨਿਰਮਾਣ ਨਾਲ ਪੇਂਡੂ ਖੇਤਰਾਂ ਦੀ ਆਪਸੀ ਕਨੈਕਟੀਵਿਟੀ ਹੋਰ ਮਜ਼ਬੂਤ ਹੋਵੇਗੀ, ਵਪਾਰ ਅਤੇ ਖੇਤੀਬਾੜੀ ਨੂੰ ਨਵਾਂ ਹੁਲਾਰਾ ਮਿਲੇਗਾ ਅਤੇ ਆਮ ਲੋਕਾਂ ਨੂੰ ਆਵਾਜਾਈ ਵਿੱਚ ਵੱਡੀ ਸਹੂਲਤ ਪ੍ਰਾਪਤ ਹੋਵੇਗੀ।ਇਲਾਕਾ ਵਾਸੀਆਂ ਨੇ ਵੀ ਇਸ ਵਿਕਾਸ ਕਾਰਜ ਲਈ ਪੰਜਾਬ ਸਰਕਾਰ ਅਤੇ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦਾ ਧੰਨਵਾਦ ਪ੍ਰਗਟਾਇਆ।

# ਜੋਬਨ ਰੰਧਾਵਾ ਨੂੰ ਹਲਕਾ ਇੰਚਾਰਜ ਬਣਨ 'ਤੇ ਮੁਬਾਰਕਾਂ



ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਵਿਧਾਨ ਸਭਾ ਹਲਕਾ ਫਤਿਹਗੜ੍ਹ ਚੂੜੀਆਂ ਵਿੱਚ ਆਮ ਆਦਮੀ ਪਾਰਟੀ ਵੱਲੋਂ ਨੌਜਵਾਨ ਆਗੂ ਜੋਬਨ ਰੰਧਾਵਾ ਨੂੰ ਹਲਕਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ ਜਿਸ ਨੂੰ ਲੈ ਕੇ ਪਾਰਟੀ ਵਰਕਰਾਂ ਵਿੱਚ ਖੁਸ਼ੀ ਤੇ ਉਤਸ਼ਾਹ ਦਾ ਮਾਹੌਲ ਵੇਖਣ ਨੂੰ ਮਿਲ ਰਿਹਾ ਹੈ।

ਪਿੰਡ ਭਾਲੋਵਾਲੀ ਦੇ ਸਰਪੰਚ ਜਸਬੀਰ ਸਿੰਘ ਨੇ ਵਧਾਈ ਦਿੰਦੇ ਹੋਏ ਕਿਹਾ ਕੇ ਜੋਬਨ ਰੰਧਾਵਾ ਇਕ ਇਮਾਨਦਾਰ ਤੇ ਹਰਮਨਪਿਆਰਾ ਲੀਡਰ ਸਾਬਤ ਹੋਇਆ ਹੈ ਤੇ ਵੱਡੀ ਪੱਧਰ 'ਤੇ ਨੌਜਵਾਨ ਉਨ੍ਹਾਂ ਨਾਲ ਜੁੜ ਰਹੇ ਹਨ, ਜਿਸ ਨਾਲ ਆਉਣ ਵਾਲੀ ਇਲੈਕਸ਼ਨ ਦੌਰਾਨ ਪਾਰਟੀ ਨੂੰ ਹੋਰ ਜ਼ਿਆਦਾ ਬਲ ਮਿਲੇਗਾ ਤੇ ਯਕੀਨਨ ਸ਼ਾਨਦਾਰ ਜਿੱਤ ਪ੍ਰਾਪਤ ਹੋਵੇਗੀ।ਜੋਬਨ ਰੰਧਾਵਾ ਦੀ ਇਮਾਨਦਾਰ ਛਵੀ ਤੇ ਉਨ੍ਹਾਂ ਵੱਲੋਂ ਕੀਤੀ ਗਈ ਮਿਹਨਤ ਨੂੰ ਵੇਖਦੇ ਹੋਏ ਜੋ ਪਾਰਟੀ ਹਾਈਕਮਾਂਡ ਵੱਲੋਂ ਉਨ੍ਹਾਂ ਨੂੰ ਹਲਕੇ ਦਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ, ਇਸ ਨਾਲ ਆਮ ਆਦਮੀ ਪਾਰਟੀ ਦੇ ਵਰਕਰਾਂ ਦਾ ਮਨੋਬਲ ਹੋਰ ਉੱਚਾ ਉੱਠੇਗਾ।ਸਰਪੰਚ ਜਸਬੀਰ ਸਿੰਘ ਭਾਲੋਵਾਲੀ ਨੇ ਖੁਸ਼ੀ ਜ਼ਾਹਿਰ ਕਰਦਿਆਂ ਸਮੁੱਚੀ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਦਾ ਧੰਨਵਾਦ ਕਰਦੇ ਹੋਏ ਕਿਹਾ ਕੇ ਹੁਣ ਆਉਣ ਵਾਲੀ ਇਲੈਕਸ਼ਨ ਨਵੇਂ ਉਤਸ਼ਾਹ ਤੇ ਜੋਸ਼ ਨਾਲ ਲੜੀ ਜਾਵੇਗੀ ਤੇ ਯਕੀਨਨ ਇਸ ਵਾਰ ਜਿੱਤ ਜੋਬਨ ਰੰਧਾਵਾ ਦੀ ਹੋਵੇਗੀ।

# ਪੰਜਾਬ ਪੁਲਸ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਸੰਧੂ ਗਰੁੱਪ ਵੱਲੋਂ ਇਕੱਤਰਤਾ



ਚੋਹਲਾ ਸਾਹਿਬ (ਰਮਨ ਚੱਢਾ)-ਪੰਜਾਬ ਪੁਲਸ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਸੰਧੂ ਗਰੁੱਪ ਤਰਨ ਤਾਰਨ ਦੀ ਮੀਟਿੰਗ ਪ੍ਰਧਾਨ ਇੰਸਪੈਕਟਰ ਸੁਖਚੈਨ ਸਿੰਘ ਪੰਨੂ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਐੱਸ ਆਈ ਮਨਮੋਹਨ ਸਿੰਘ, ਇੰਸਪੈਕਟਰ ਜਗਤਾਰ ਸਿੰਘ, ਇੰਸਪੈਕਟਰ ਲਖਵਿੰਦਰ ਸਿੰਘ, ਹੌਲਦਾਰ ਚਰਨ ਸਿੰਘ ਵੇਈਂਪੂਈਂ, ਹੌਲਦਾਰ ਦਰਸ਼ਨ ਸਿੰਘ, ਇੰਸਪੈਕਟਰ ਨਾਜਰ ਸਿੰਘ ਢੋਟੀਆਂ, ਏ ਐੱਸ ਆਈ ਸੁਖਚੈਨ ਸਿੰਘ ਸਭਰਾ, ਏ ਐੱਸ ਆਈ ਕੁਲਦੀਪ ਸਿੰਘ, ਏ ਐੱਸ ਆਈ ਪਰਗਟ ਸਿੰਘ, ਏ ਐੱਸ ਆਈ ਭੁਪਿੰਦਰ ਸਿੰਘ, ਏ ਐੱਸ ਆਈ ਪ੍ਰਭ ਸਿੰਘ, ਏ ਐੱਸ ਆਈ ਕੁਲਬੀਰ ਸਿੰਘ ਧੂੰਦਾ, ਇੰਸਪੈਕਟਰ ਅਜਮੇਰ ਸਿੰਘ, ਐੱਸ ਆਈ ਅਨੋਖ ਸਿੰਘ, ਏ ਐੱਸ ਆਈ ਸਕੱਤਰ ਸਿੰਘ ਖਡੂਰ ਸਾਹਿਬ, ਐੱਸ ਆਈ ਸਤਨਾਮ ਸਿੰਘ, ਏ ਐੱਸ ਆਈ ਜਗਜੀਤ ਸਿੰਘ, ਏ ਐੱਸ ਆਈ ਜ਼ਸਬੀਰ ਸਿੰਘ, ਏ ਐੱਸ ਆਈ ਪਰਗਟ ਸਿੰਘ, ਏ ਐੱਸ ਆਈ ਇੰਦਰਜੀਤ ਸਿੰਘ ਬਾਗੜੀਆਂ, ਏ ਐੱਸ ਆਈ ਕਸ਼ਮੀਰ ਸਿੰਘ, ਏ ਐੱਸ ਆਈ, ਏ ਐੱਸ ਆਈ ਮਲੂਕ ਸਿੰਘ, ਏ ਐੱਸ ਆਈ ਲਖਵਿੰਦਰ ਸਿੰਘ, ਏ ਐੱਸ ਆਈ ਸਵਿੰਦਰ ਸਿੰਘ, ਏ ਐੱਸ ਆਈ ਗੁਰਦਿਆਲ ਸਿੰਘ, ਏ ਐੱਸ ਆਈ ਗੁਰਮੀਤ ਸਿੰਘ, ਏ ਐੱਸ ਆਈ ਭੁਪਿੰਦਰ ਸਿੰਘ, ਏ ਐੱਸ ਆਈ ਕੁਲਦੀਪ ਸਿੰਘ, ਏ ਐੱਸ ਆਈ ਸਖਦੇਵ ਸਿੰਘ, ਐੱਸ ਆਈ ਵਿਰਸਾ ਸਿੰਘ, ਏ ਐੱਸ ਆਈ ਬਖਸ਼ੀਸ਼ ਸਿੰਘ, ਏ ਐੱਸ ਆਈ ਤਰਲੋਚਨ ਸਿੰਘ, ਏ ਐੱਸ ਆਈ ਕੁਲਦੀਪ ਸਿੰਘ ਢੋਟੀਆਂ, ਏ ਐੱਸ ਆਈ ਹੀਰਾ ਸਿੰਘ, ਇੰਸਪੈਕਟਰ ਪਰਗਟ ਸਿੰਘ, ਇੰਸਪੈਕਟਰ ਨਿਸ਼ਾਨ ਸਿੰਘ, ਐੱਸ ਆਈ ਨਰਿੰਦਰ ਸਿੰਘ, ਐੱਸ ਆਈ ਸਰਬਜੀਤ ਸਿੰਘ ਸੈਦੋਂ ਚੋਹਲਾ ਸਾਹਿਬ, ਐੱਸ ਆਈ ਸੁਰਜੀਤ ਸਿੰਘ, ਐੱਸ ਆਈ ਲਖਵੀਰ ਸਿੰਘ, ਐੱਸ ਆਈ ਰਤਨ ਸਿੰਘ, ਏ ਐੱਸ ਆਈ ਸਰਬਜੀਤ ਸਿੰਘ,ਇੰਸਪੈਕਟਰ ਬਲਵਿੰਦਰ ਸਿੰਘ, ਐਸ ਆਈ ਲਖਵਿੰਦਰ ਸਿੰਘ, ਐੱਸ ਆਈ ਹਰਚੰਦ ਸਿੰਘ, ਇੰਸਪੈਕਟਰ ਮਨਜੀਤ ਸਿੰਘ, ਇੰਸਪੈਕਟਰ ਸਵਰਨ ਸਿੰਘ, ਐੱਸ ਆਈ ਸਵਿੰਦਰ ਸਿੰਘ, ਇੰਸਪੈਕਟਰ ਬਲਰਾਜ ਸਿੰਘ,ਏ ਐਸ ਆਈ ਕਰਮ ਸਿੰਘ,ਏ ਐਸ ਆਈ ਬਲਵਿੰਦਰ ਸਿੰਘ,ਏ ਐਸ ਆਈ ਸਤਬੀਰ ਸਿੰਘ, ਐੱਸ ਆਈ ਸੁਖਰਾਜ ਸਿੰਘ, ਐੱਸ ਆਈ ਜਗਜੀਤ ਸਿੰਘ ਆਦਿ ਨੇ ਹਿੱਸਾ ਲਿਆ।

ਇਸ ਸਮੇਂ ਇੰਸਪੈਕਟਰ ਸੁਖਚੈਨ ਸਿੰਘ ਪੰਨੂ, ਨਾਜਰ ਸਿੰਘ ਢੋਟੀਆਂ, ਜਗਤਾਰ ਸਿੰਘ ਸਰਲੀ ਅਤੇ ਏ ਐੱਸ ਆਈ ਰਤਨ ਸਿੰਘ ਨੇ ਮੀਟਿੰਗ ਨੂੰ ਸੰਬੋਧਨ ਕੀਤਾ ਅਤੇ ਸਰਕਾਰ ਪਾਸੋਂ ਮੰਗ ਕੀਤੀ ਕਿ ਉਹ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ 18 ਪ੍ਰਤੀਸ਼ਤ ਡੀ ਏ ਜਲਦੀ ਜਾਰੀ ਕੀਤਾ ਜਾਵੇ। ਮੈਡੀਕਲ ਬਿੱਲ ਜੋ ਕਾਫੀ ਸਮੇਂ ਤੋਂ ਪੈਂਡਿੰਗ ਹਨ, ਦਾ ਨਿਪਟਾਰਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਹਰਿਆਣਾ ਸਰਕਾਰ ਦੀ ਤਰਜ਼ ਤੇ ਪੰਜਾਬ ਦੇ ਮੁਲਾਜ਼ਮਾਂ ਦਾ ਮੈਡੀਕਲ ਭੱਤਾ ਵੀ ਵਧਾਇਆ ਜਾਵੇ।

# ਚਾਕਾਂਵਾਲੀ ਦੇ ਕਈ ਕੱਟੜ ਕਾਂਗਰਸੀ ਪਰਿਵਾਰਾਂ ਨੇ 'ਆਪ' ਦਾ ਪੱਲਾ ਫੜਿਆ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਚਾਕਾਂਵਾਲੀ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਹੋਰ ਮਜ਼ਬੂਤੀ ਮਿਲੀ, ਜਦੋਂ ਕਾਂਗਰਸ ਪਾਰਟੀ ਨਾਲ ਸਬੰਧਤ ਕਈ ਪ੍ਰਮੁੱਖ ਸਾਥੀਆਂ ਨੇ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਜੋਗਿੰਦਰ ਸਿੰਘ, ਸਤਨਾਮ ਸਿੰਘ, ਗੁਰਦਾਸ ਸਿੰਘ (ਸਾਬਕਾ ਸਰਪੰਚ), ਬਾਵਾ ਸਿੰਘ, ਹਰਵਿੰਦਰ ਸਿੰਘ, ਪਲਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਨਰਿੰਦਰ ਸਿੰਘ (ਲੰਬੜਦਾਰ), ਨਰਿੰਦਰ ਸਿੰਘ, ਸਤਨਾਮ ਸਿੰਘ ਅਤੇ ਬਲਰਾਜ ਸਿੰਘ ਹਾਜ਼ਰ ਸਨ।ਇਸ ਮੌਕੇ ਆਮ ਆਦਮੀ ਪਾਰਟੀ ਵਿੱਚ ਨਵੇਂ ਸ਼ਾਮਲ ਹੋਏ ਸਾਥੀਆਂ ਦਾ ਆਮ ਆਦਮੀ ਪਾਰਟੀ ਦੇ ਪਰਿਵਾਰ ਵਿੱਚ ਨਿੱਘਾ ਸਵਾਗਤ ਕਰਦਿਆਂ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਪਾਰਟੀ ਹਰ ਵਰਗ ਦੀ ਭਲਾਈ ਅਤੇ ਪੰਜਾਬ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ।ਪਾਰਟੀ ਵਿੱਚ ਸ਼ਾਮਲ ਹੋਏ ਸਾਥੀਆਂ ਨੇ ਵੀ ਲੋਕ ਹਿੱਤ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਆਮ ਆਦਮੀ ਪਾਰਟੀ ਨਾਲ ਚੱਲਣ ਦਾ ਵਿਸ਼ਵਾਸ ਪ੍ਰਗਟਾਇਆ। ਰੰਧਾਵਾ ਨੇ ਕਿਹਾ ਕਿ ਲੋਕਾਂ ਦਾ ਲਗਾਤਾਰ ਵੱਧ ਰਿਹਾ ਭਰੋਸਾ ਇਸ ਗੱਲ ਦਾ ਸਬੂਤ ਹੈ ਕਿ ਪੰਜਾਬ ਦੇ ਲੋਕ ਵਿਕਾਸ, ਪਾਰਦਰਸ਼ਤਾ ਅਤੇ ਇਮਾਨਦਾਰ ਰਾਜਨੀਤੀ ਦੇ ਨਾਲ ਖੜ੍ਹੇ ਹਨ।ਰੰਧਾਵਾ ਨੇ ਪਾਰਟੀ ਨਾਲ ਜੁੜਨ ਵਾਲੇ ਸਾਰੇ ਸਾਥੀਆਂ ਨੂੰ ਵਧਾਈ ਦਿੰਦਿਆਂ ਭਰੋਸਾ ਦਿੱਤਾ ਗਿਆ ਕਿ ਉਨ੍ਹਾਂ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਮਿਲ ਕੇ ਹਲਕੇ ਦੇ ਵਿਕਾਸ ਅਤੇ ਲੋਕ ਸੇਵਾ ਲਈ ਹੋਰ ਵੀ ਸਮਰਪਿਤ ਹੋ ਕੇ ਕੰਮ ਕੀਤਾ ਜਾਵੇਗਾ।ਇਸ ਮੌਕੇ ਸਾਬਕਾ ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ, ਸੰਮਤੀ ਮੈਂਬਰ ਬਲਵਿੰਦਰ ਸਿੰਘ ਗੋਰਾਇਆ ਆਦਿ ਹਾਜ਼ਰ ਸਨ ।

# ਅੰਤਰਰਾਸ਼ਟਰੀ ਓਪਨ ਵਾਟਰ ਤੈਰਾਕੀ ਚੈਂਪੀਅਨ ਵਿਨਾਇਕਾ ਮਹਾਜਨ ਨੂੰ ਕੀਤਾ ਸਨਮਾਨਤ



ਪਠਾਨਕੋਟ, (ਦਵਿੰਦਰ ਸਿੰਘ)-ਪੰਜਾਬ ਰਾਜ ਅਤੇ ਪੂਰੇ ਭਾਰਤ ਦਾ ਨਾਂਅ ਵਿਸ਼ਵ ਪੱਧਰ 'ਤੇ ਰੌਸ਼ਨ ਕਰਨ ਵਾਲੇ ਉੱਭਰਦੇ ਅੰਤਰਰਾਸ਼ਟਰੀ ਓਪਨ ਵਾਟਰ ਤੈਰਾਕ ਵੀਨਾਇਕਾ ਮਹਾਜਨ ਦੀ ਇਤਿਹਾਸਕ ਪ੍ਰਾਪਤੀ ਦੀ ਖੁਸ਼ੀ ਵਿੱਚ ਰੈਫਰ ਐੱਨ ਜੀ ਓ ਵੱਲੋਂ ਆਪਣੇ ਮੁੱਖ ਦਫ਼ਤਰ ਵਿਖੇ ਇੱਕ ਵਿਸ਼ੇਸ਼ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਸੰਸਥਾ ਵੱਲੋਂ ਵਿਨਾਇਕਾ ਮਹਾਜਨ ਨੂੰ ਸਿਰੋਪਾਓ ਅਤੇ ਯਾਦਗਾਰੀ ਚਿੰਨ੍ਹ (ਮੋਮੈਂਟੋ) ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਖੁਸ਼ੀ ਦੇ ਮੌਕੇ ਵਿਨਾਇਕਾ ਮਹਾਜਨ ਦੇ ਨਾਲ ਉਨ੍ਹਾਂ ਦੇ ਮਾਤਾ ਮੇਘਨਾ ਮਹਾਜਨ ਅਤੇ ਉਨ੍ਹਾਂ ਦੇ ਕੋਚ ਚੰਦਨ ਮਹਾਜਨ (ਨਿਵਾਸੀ ਪਠਾਨਕੋਟ) ਵੀ ਉਚੇਚੇ ਤੌਰ 'ਤੇ ਮੌਜੂਦ ਸਨ।ਜਿਨੇਵਾ (ਸਵਿਟਜ਼ਰਲੈਂਡ) ਵਿਖੇ ਲੇਕ ਜਿਨੇਵਾ ਸਵਿਮਿੰਗ ਐਸੋਸੀਏਸ਼ਨ ਵੱਲੋਂ ਕਰਵਾਈ ਗਈ ਪ੍ਰਸਿੱਧ 13 ਕਿਲੋਮੀਟਰ ਲੇਕ ਜਨੀਵਾ ਕਲਾਸਿਕ ਓਪਨ ਵਾਟਰ ਅੰਤਰਰਾਸ਼ਟਰੀ ਚੈਂਪੀਅਨਸ਼ਿਪ ਵਿੱਚ ਵਿਨਾਇਕਾ ਨੇ 14 ਦੇਸ਼ਾਂ ਦੇ ਬਿਹਤਰੀਨ ਤੈਰਾਕਾਂ ਨੂੰ ਪਛਾੜਦਿਆਂ ਪਹਿਲਾ ਸਥਾਨ ਹਾਸਲ ਕੀਤਾ। ਸਵਿਟਜ਼ਰਲੈਂਡ ਤੋਂ ਫਰਾਂਸ ਤੱਕ ਦੀ ਇਹ ਚੁਣੌਤੀਪੂਰਨ ਦੂਰੀ 3 ਘੰਟੇ 19 ਮਿੰਟ 6 ਸਕਿੰਟ ਵਿੱਚ ਪੂਰੀ ਕਰਕੇ ਉਹ ਇਸ ਮੁਕਾਬਲੇ ਨੂੰ ਜਿੱਤਣ ਵਾਲਾ ਪਹਿਲਾ ਭਾਰਤੀ ਅਤੇ ਇਸ ਈਵੈਂਟ ਦਾ ਸਭ ਤੋਂ ਤੇਜ਼ ਤੈਰਾਕ ਬਣਿਆ।ਉਹ ਪੰਜਾਬ ਦਾ ਵੀ ਸਰਬਉੱਤਮ ਤੈਰਾਕ ਰਹਿ ਚੁੱਕਾ।1500 ਮੀਟਰ ਫ੍ਰੀਸਟਾਈਲ ਵਿੱਚ ਨਵਾਂ ਸਟੇਟ ਰਿਕਾਰਡ ਕਾਇਮ ਕਰ ਚੁੱਕਾ ਅਤੇ ਉਹ ਪੰਜਾਬ ਸਵਿਮਿੰਗ ਐਸੋਸੀਏਸ਼ਨ ਵੱਲੋਂ ਸਵਿਮਿੰਗ ਫੈਡਰੇਸ਼ਨ ਆਫ ਇੰਡੀਆ ਨੂੰ ਦੋ ਵਾਰ ਸਿਫ਼ਾਰਿਸ਼ ਕੀਤੇ ਜਾਣ ਵਾਲਾ ਪੰਜਾਬ ਦਾ ਇਕੱਲਾ ਓਪਨ ਵਾਟਰ ਤੈਰਾਕ ਹੈ।ਪਿਛਲੇ ਮਹੀਨੇ ਵੀ ਯੂਪੀਐਸਸੀ ਸੀਡੀਐੱਸ ਪ੍ਰੀਖਿਆ ਵਿੱਚੋਂ ਦੇਸ਼ ਭਰ 'ਚੋਂ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੇ ਹੋਣਹਾਰ ਨੌਜਵਾਨ ਜਸਨੂਰ ਸਿੰਘ ਨੂੰ ਵੀ ਸਨਮਾਨਿਤ ਕੀਤਾ ਗਿਆ ਸੀ।ਸਮਾਰੋਹ ਦੌਰਾਨ ਰੈਫਰ ਐੱਨ ਜੀ ਓ ਦੇ ਪ੍ਰਧਾਨ ਦੀਪਕ ਗੁਪਤਾ, ਸਕੱਤਰ ਐਡਵੋਕੇਟ ਸਵਾਸਤਿਕ, ਐਡਵੋਕੇਟ ਸ਼ੈਲਿੰਦਰ ਰਤਨ ਪਾਲ, ਐਡਵੋਕੇਟ ਪਵਨ ਧੀਮਾਨ, ਦਵਿੰਦਰ ਸਿੰਘ, ਸੌਰਵ ਪਰਿਹਾਰ ਅਤੇ ਗੌਰਵ ਪਰਿਹਾਰ ਨੇ ਵਿਨਾਇਕ ਮਹਾਜਨ ਨੂੰ ਸਨਮਾਨਿਤ ਕਰਦਿਆਂ ਉਨ੍ਹਾਂ ਦੇ ਉਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਪਾਵਰਮੋਰ ਨੇ ਅਦਾਕਾਰ ਸਚਿਨ ਖੁਰਾਨਾ ਨੂੰ ਬਣਾਇਆ ਬ੍ਰਾਂਡ ਅੰਬੈਸਡਰ

ਲੁਧਿਆਣਾ-ਕਾਰੋਬਾਰਾਂ ਲਈ ਸੂਰਜੀ ਊਰਜਾ ਹੱਲ ਮੁਹੱਈਆ ਕਰਵਾਉਣ ਵਾਲੀ ਕੰਪਨੀ ਪਾਵਰਮੋਰ ਨੇ ਅਦਾਕਾਰ ਸਚਿਨ ਖੁਰਾਨਾ ਨੂੰ ਆਪਣਾ ਬ੍ਰਾਂਡ ਐਂਬੈਸਡਰ ਨਿਯੁਕਤ ਕੀਤਾ ਹੈ।ਕੰਪਨੀ ਨੇ ਕਿਹਾ ਕਿ ਇਸ ਸਾਂਝੇਦਾਰੀ ਰਾਹੀਂ ਉਹ ਭਾਰਤ ਵਿੱਚ ਸਾਫ਼ ਊਰਜਾ ਨੂੰ ਉਤਸ਼ਾਹਿਤ ਕਰਨ ਅਤੇ ਕਾਰੋਬਾਰਾਂ ਲਈ ਸੂਰਜੀ ਊਰਜਾ ਅਪਨਾਉਣ ਦੀ ਪ੍ਰਕਿਰਿਆ ਨੂੰ ਹੋਰ ਆਸਾਨ, ਤੇਜ਼ ਅਤੇ ਆਰਥਿਕ ਤੌਰ ਤੇ ਲਾਭਕਾਰੀ ਬਣਾਉਣ ਲਈ ਕੰਮ ਕਰੇਗੀ।ਕੰਪਨੀ ਅਨੁਸਾਰ ਸਚਿਨ ਖੁਰਾਨਾ ਦੀ ਭਰੋਸੇਯੋਗ ਛਵੀ ਪਾਵਰਮੋਰ ਦੇ ਗੁਣਵੱਤਾ, ਭਰੋਸੇ ਅਤੇ ਲੰਬੇ ਸਮੇਂ ਦੀ ਕਾਰਗੁਜ਼ਾਰੀ ਦੇ ਵਾਅਦੇ ਨੂੰ ਹੋਰ ਮਜ਼ਬੂਤ ਕਰੇਗੀ।ਪਾਵਰਮੋਰ ਦੇ ਸੇਲਜ਼ ਡਾਇਰੈਕਟਰ (ਨਾਰਥ) ਹਿਮਾਂਸ਼ੂ ਸ਼ਰਮਾ ਨੇ ਕਿਹਾ ਕਿ ਕਿਸੇ ਵੀ ਕਾਰੋਬਾਰ ਲਈ ਸੂਰਜੀ ਊਰਜਾ ਸਿਰਫ਼ ਇੱਕ ਖਰੀਦ ਨਹੀਂ, ਸਗੋਂ ਲੰਬੇ ਸਮੇਂ ਦਾ ਨਿਵੇਸ਼ ਹੈ।ਹਰ ਕਾਰੋਬਾਰ ਦੀਆਂ ਲੋੜਾਂ ਵੱਖਰੀਆਂ ਹੁੰਦੀਆਂ ਹਨ। ਇਸ ਲਈ ਕੰਪਨੀ ਗਾਹਕਾਂ ਨੂੰ ਸਹੀ ਫੈਸਲਾ ਲੈਣ ਵਿੱਚ ਮਦਦ ਕਰਦੀ ਹੈ ਤਾਂ ਜੋ ਉਹ ਆਪਣੇ ਬਿਜਲੀ ਦੇ ਖਰਚੇ ਘਟਾ ਸਕਣ ਅਤੇ ਲੰਬੇ ਸਮੇਂ ਵਿੱਚ ਵਧੀਆ ਲਾਭ ਪ੍ਰਾਪਤ ਕਰ ਸਕਣ।ਅਦਾਕਾਰ ਸਚਿਨ ਖੁਰਾਨਾ ਨੇ ਕਿਹਾ ਕਿ ਭਾਰਤ ਦੇ ਕਾਰੋਬਾਰ ਤੇਜ਼ੀ ਨਾਲ ਵਿਕਸਤ ਹੋ ਰਹੇ ਹਨ ਅਤੇ ਊਰਜਾ ਦੀ ਵਰਤੋਂ ਦੇਸ਼ ਦੇ ਭਵਿੱਖ ਨੂੰ ਪ੍ਰਭਾਵਿਤ ਕਰੇਗੀ।ਉਨ੍ਹਾਂ ਕਿਹਾ ਕਿ ਪਾਵਰਮੋਰ ਸੂਰਜੀ ਊਰਜਾ ਨੂੰ ਸਿਰਫ਼ ਵਾਤਾਵਰਣ ਸੁਰੱਖਿਆ ਨਹੀਂ, ਸਗੋਂ ਕਾਰੋਬਾਰ ਲਈ ਇੱਕ ਸਮਝਦਾਰ ਅਤੇ ਲਾਭਦਾਇਕ ਨਿਵੇਸ਼ ਵਜੋਂ ਪੇਸ਼ ਕਰਦੀ ਹੈ।ਇਸ ਮੁਹਿੰਮ ਨਾਲ ਜੁੜ ਕੇ ਉਹ ਖੁਸ਼ ਹਨ।

# 7 ਦੀ ਸੂਬਾ ਪੱਧਰੀ ਰੈਲੀ 'ਚ ਵੱਡੀ ਗਿਣਤੀ 'ਚ ਪੈਨਸ਼ਨਰ ਹੋਣਗੇ ਸ਼ਾਮਲ



ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)-ਗੌਰਮਿੰਟ ਪੈਨਸ਼ਨਰ ਯੂਨੀਅਨ ਪੰਜਾਬ (ਸੀਟੂ) ਦੀ ਮਹੀਨਾਵਾਰ ਮੀਟਿੰਗ ਸਾਥੀ ਹਰਪਾਲ ਸਿੰਘ ਦੀ ਪ੍ਰਧਾਨਗੀ ਹੇਠ ਕੰਪਨੀ ਬਾਗ ਅੰਮ੍ਰਿਤਸਰ ਵਿੱਚ ਹੋਈ। ਮੀਟਿੰਗ ਦਾ ਏਜੰਡਾ ਪੇਸ਼ ਕਰਦਿਆਂ ਸਾਥੀ ਸਵਿੰਦਰ ਸਿੰਘ ਅਦਲੀਵਾਲ ਨੇ ਪੰਜਾਬ ਸਰਕਾਰ ਦੀਆਂ ਪੈਨਸ਼ਨਰ ਵਿਰੋਧੀ ਨੀਤੀਆਂ ਬਾਰੇ ਦੱਸਿਆ। ਮੀਟਿੰਗ ਵਿਚ ਕਾਮਰੇਡ ਸੁੱਚਾ ਸਿੰਘ ਅਜਨਾਲਾ ਵਿਸ਼ੇਸ਼ ਤੌਰ 'ਤੇ ਪੁੱਜੇ ਤੇ ਉਨ੍ਹਾਂ ਪੰਜਾਬ ਸਰਕਾਰ ਦੀ ਮੁਲਾਜ਼ਮ ਤੇ ਪੈਨਸ਼ਨਰ ਵਿਰੋਧੀ ਨੀਤੀਆਂ ਦੀ ਕਰੜੇ ਸ਼ਬਦਾਂ ਵਿਚ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਦੌਰਾਨ ਸਫ਼ਾਈ ਸੇਵਕਾਂ 'ਤੇ ਬੜੀ ਬੇਰਹਿਮੀ ਨਾਲ ਲਾਠੀਚਾਰਜ ਕੀਤਾ ਗਿਆ। ਇਸੇ ਤਰ੍ਹਾਂ ਮਨਰੇਗਾ ਵਰਕਰਾਂ ਨੂੰ ਲਾਠੀਆਂ ਨਾਲ ਕੁੱਟਿਆ ਗਿਆ ਅਤੇ ਅਥਰੂ ਗੈਸ ਦੇ ਗੋਲੇ ਤੇ ਪਾਣੀ ਦੀਆਂ ਬੁਛਾੜਾਂ ਮਾਰੀਆਂ ਗਈਆਂ। ਆਮ ਲੋਕਾਂ ਵਿਚ ਏਨਾ ਗੁੱਸਾ ਸੀ ਕਿ ਸਫ਼ਾਈ ਸੇਵਕਾਂ ਦੇ ਸੱਦੇ 'ਤੇ ਸਾਰਾ ਪੰਜਾਬ ਬੰਦ ਹੋ ਗਿਆ। ਡੀਏ ਨਾ ਮਿਲਣ ਕਰਕੇ ਪੈਨਸ਼ਨਰਾਂ ਤੇ ਮੁਲਾਜ਼ਮਾਂ ਅੰਦਰ ਭਾਰੀ ਰੋਸ ਪਾਇਆ ਜਾ ਰਿਹਾ ਹੈ। 2.59 ਗੁਣਾਂਕ ਨਾਲ ਗ੍ਰੇਡ ਫਿਕਸ ਨਾ ਕਰਕੇ ਪੈਨਸ਼ਨਰਾਂ ਨਾਲ ਧੱਕਾ ਕੀਤਾ ਜਾ ਰਿਹਾ। ਮੀਟਿੰਗ ਵਿਚ ਸੁਵਿੰਦਰ ਸਿੰਘ ਮੀਰਾਂਕੋਟ, ਧਿਆਨ ਚੰਦ, ਸੇਵਾ ਸਿੰਘ ਨੰਬਰਦਾਰ, ਸੁਲੱਖਣ ਸਿੰਘ, ਚਰਨਜੀਤ ਮਜੀਠਾ, ਰਮੇਸ਼ ਸਿੰਘ, ਬਲਜਿੰਦਰ ਸਿੰਘ, ਸੰਤੋਖ ਸਿੰਘ, ਸਵਿੰਦਰ ਸਿੰਘ, ਆਦਰਸ਼ਪਾਲ, ਕੁਲਦੀਪ ਸਿੰਘ, ਦਲਜੀਤ ਸਿੰਘ ਭੋਮਾ, ਲੱਖਾ ਸਿੰਘ, ਰਾਜਵਿੰਦਰ ਸਿੰਘ ਆਦਿ ਸ਼ਾਮਿਲ ਸਨ। ਬੁਲਾਰਿਆਂ ਨੇ ਕਿਹਾ ਕਿ ਸਰਕਾਰ ਵਿਰੋਧੀ ਸਾਂਝੇ ਮੋਰਚੇ ਵੱਲੋਂ 7 ਅਗਸਤ ਨੂੰ ਮੋਹਾਲੀ ਹੋ ਰਹੀ ਰੈਲੀ ਵਿਚ ਵੱਧ-ਚੜ੍ਹ ਕੇ ਹਿੱਸਾ ਲਿਆ ਜਾਵੇ। ਜੇਕਰ ਸਰਕਾਰ ਨੇ ਪੈਨਸ਼ਨਾਂ ਦੀਆਂ ਮੰਗਾਂ ਪ੍ਰਵਾਨ ਨਾ ਕੀਤੀਆਂ ਤਾਂ ਪੰਜਾਬ ਸਰਕਾਰ ਨੂੰ ਆਉਣ ਵਾਲੀਆਂ ਚੋਣਾਂ ਵਿਚ ਪੈਨਸ਼ਨਰ ਸਬਕ ਸਿਖਾਉਣਗੇ।

# ਅੰਡਰ-14,17 ਤੇ 19 ਵਾਲੀਬਾਲ ਮੁਕਾਬਲਿਆਂ ਦਾ ਸ਼ਾਨਦਾਰ ਆਗਾਜ਼



ਝਬਾਲ, (ਹਰਜਿੰਦਰ ਸਿੰਘ ਸੋਨੀ)-ਬਾਬਾ ਬੁੱਢਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਬੀੜ ਸਾਹਿਬ ਵਿਖੇ ਪ੍ਰਿੰਸੀਪਲ ਮੈਡਮ ਸਰਬਜੀਤ ਕੌਰ ਜਫਰਵਾਲ ਦੀ ਦੇਖ-ਰੇਖ ਹੇਠ ਜੋਨ ਬੀੜ ਬਾਬਾ ਬੁੱਢਾ ਸਾਹਿਬ ਦੇ ਅੰਡਰ-14, ਅੰਡਰ-17 ਅਤੇ ਅੰਡਰ-19 ਲੜਕਿਆਂ ਦੇ ਵਾਲੀਬਾਲ ਮੁਕਾਬਲਿਆਂ ਦੀ ਸ਼ਾਨਦਾਰ ਸ਼ੁਰੂਆਤ ਕੀਤੀ ਗਈ।

ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ ਸ਼ਹੀਦ ਬਾਬਾ ਚਰਨ ਸਿੰਘ ਬੀੜ ਸਾਹਿਬ ਵਾਲਿਆਂ ਦੇ ਸਪੁੱਤਰ ਬਾਬਾ ਪ੍ਰਗਟ ਸਿੰਘ ਬੀੜ ਸਾਹਿਬ ਨੇ ਸਮੂਹ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ ਅਤੇ ਉਨ੍ਹਾਂ ਦਾ ਹੌਸਲਾ ਵਧਾਇਆ।ਸਕੂਲ ਪਹੁੰਚਣ ਤੇ ਪ੍ਰਿੰ. ਸਰਬਜੀਤ ਕੌਰ ਜਫਰਵਾਲ, ਡੀਪੀਈ ਗੁਰਮੀਤ ਸਿੰਘ ਅਤੇ ਜਗਜੀਤ ਸਿੰਘ ਵੱਲੋਂ ਬਾਬਾ ਪ੍ਰਗਟ ਸਿੰਘ ਜੀ ਦਾ ਨਿੱਘਾ ਸਵਾਗਤ ਕਰਦਿਆਂ ਵਿਸ਼ੇਸ਼ ਤੌਰ ਤੇ ਸਨਮਾਨ ਵੀ ਕੀਤਾ ਗਿਆ।ਸੰਬੋਧਨ ਦੌਰਾਨ ਬਾਬਾ ਪ੍ਰਗਟ ਸਿੰਘ ਬੀੜ ਸਾਹਿਬ ਵਾਲਿਆਂ ਨੇ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਦਾ ਅਹਿਮ ਹਿੱਸਾ ਹਨ, ਕਿਉਂਕਿ ਖੇਡਾਂ ਨਾ ਸਿਰਫ਼ ਸਰੀਰ ਨੂੰ ਤੰਦਰੁਸਤ ਅਤੇ ਮਨ ਨੂੰ ਮਜ਼ਬੂਤ ਬਣਾਉਂਦੀਆਂ ਹਨ, ਸਗੋਂ ਅਨੁਸ਼ਾਸਨ, ਟੀਮ ਭਾਵਨਾ, ਲੀਡਰਸ਼ਿਪ ਅਤੇ ਸੰਘਰਸ਼ ਕਰਨ ਦੀ ਭਾਵਨਾ ਵੀ ਪੈਦਾ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਅੱਜ ਅਨੇਕਾਂ ਖਿਡਾਰੀ ਆਪਣੀ ਮਿਹਨਤ ਅਤੇ ਖੇਡਾਂ ਦੇ ਸਦਕਾ ਉਚ ਅਹੁਦਿਆਂ 'ਤੇ ਬਿਰਾਜਮਾਨ ਹੋ ਕੇ ਦੇਸ਼ ਦੀ ਸੇਵਾ ਕਰ ਰਹੇ ਹਨ, ਜੋ ਨੌਜਵਾਨਾਂ ਲਈ ਪ੍ਰੇਰਨਾ ਸਰੋਤ ਹਨ।ਮੁਕਾਬਲਿਆਂ ਦੇ ਪਹਿਲੇ ਦਿਨ ਬਾਬਾ ਬੁੱਢਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬੀੜ ਸਾਹਿਬ, ਖਾਲਸਾ ਸੀਨੀਅਰ ਸੈਕੰਡਰੀ ਸਕੂਲ ਬੀੜ ਸਾਹਿਬ, ਗੁਰੂ ਤੇਗ ਬਹਾਦਰ ਸਕੂਲ ਝਬਾਲ, ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਝਬਾਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਝਬਾਲ, ਸਰਕਾਰੀ ਸਕੂਲ ਗੱਗੂਬੋਆ, ਸਰਕਾਰੀ ਸਕੂਲ ਸੋਹਲ, ਸਰਕਾਰੀ ਸਕੂਲ ਭੁੱਚਰ ਅਤੇ ਦਸਮੇਸ਼ ਪਰਿਵਾਰ ਸਕੂਲ ਐਮਾ ਕਲਾਂ ਦੀਆਂ ਅੰਡਰ-14 ਅਤੇ ਅੰਡਰ-17 ਟੀਮਾਂ ਵਿਚਾਲੇ ਰੋਮਾਂਚਕ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਖਿਡਾਰੀਆਂ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ।ਇਸ ਮੌਕੇ ਡੀਪੀਈ ਗੁਰਮੀਤ ਸਿੰਘ, ਡੀਪੀਈ ਅਵਤਾਰ ਸਿੰਘ, ਜ਼ਿਲ੍ਹਾ ਕਬੱਡੀ ਕੋਚ ਸੰਦੀਪ ਸਿੰਘ, ਪਵਨਪ੍ਰੀਤ ਸਿੰਘ, ਡੀਪੀਈ ਹਰਜੀਤ ਕੌਰ (ਗੱਗੂਬੋਆ), ਡੀਪੀਈ ਚਮਕੌਰ ਸਿੰਘ (ਭੁੱਚਰ), ਡੀਪੀਈ ਗੁਰਵਿੰਦਰ ਸਿੰਘ (ਝਬਾਲ), ਰਣਧੀਰ ਸਿੰਘ, ਸੁੱਖਾ ਸਿੰਘ ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

# ਮੰਨਾ ਵੱਲੋਂ ਰੱਖੜ ਪੁੰਨਿਆ ਮੌਕੇ ਕਾਨਫਰੰਸ ਸੰਬੰਧੀ ਰਈਆ, ਸਠਿਆਲਾ ਤੇ ਖਿਲਚੀਆਂ ਸਰਕਲ ਦੀ ਮੀਟਿੰਗ



ਬਿਆਸ/ ਰਈਆ (ਪਰਮਜੀਤ ਸਿੰਘ ਰੱਖੜਾ, ਡੀ ਕੇ ਰੈਡੀ) -ਪਿੰਡ ਮੀਆਂਵਿੰਡ ਵਿਖੇ ਸਾਬਕਾ ਚੀਫ ਪਾਰਲੀਮਾਨੀ ਸਕੱਤਰ ਤੇ ਭਾਜਪਾ ਅੰਮ੍ਰਿਤਸਰ ਦਿਹਾਤੀ ਦੇ ਕਾਰਜਕਾਰੀ ਪ੍ਰਧਾਨ ਮਨਜੀਤ ਸਿੰਘ ਮੰਨਾ ਦੀ ਅਗਵਾਈ ਹੇਠ ਬਾਬਾ ਬਕਾਲਾ ਸਾਹਿਬ ਵਿਖੇ ਰੱਖੜ ਪੁੰਨਿਆ ਦੀ ਹੋਣ ਵਾਲੀ ਕਾਨਫਰੰਸ ਦੇ ਸੰਬੰਧ ਵਿੱਚ ਤਿੰਨ ਸਰਕਲਾਂ ਰਈਆ, ਸਠਿਆਲਾ, ਖਿਲਚੀਆਂ ਦੇ ਪ੍ਰਧਾਨਾਂ, ਅਹੁਦੇਦਾਰਾਂ ਤੇ ਵਰਕਰਾਂ ਨਾਲ ਮੀਟਿੰਗ ਹੋਈ । ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਮੰਨਾ ਨੇ ਕਿਹਾ ਕਿ ਭਾਜਪਾ ਵੱਲੋਂ ਰੱਖੜ ਪੁੰਨਿਆ ਦੇ ਮੇਲੇ 'ਤੇ ਇਹ ਪਹਿਲੀ ਵਾਰ ਕਾਨਫਰੰਸ ਕਰਵਾਈ ਜਾ ਰਹੀ ਹੈ, ਜੋ ਕਿ ਇੱਕ ਇਤਿਹਾਸਕ ਕਾਨਫਰੰਸ ਹੋਵੇਗੀ, ਜਿਸ ਵਿੱਚ ਕੇਂਦਰ ਤੋਂ ਮੰਤਰੀ ਅਤੇ ਪੰਜਾਬ ਤੋਂ ਵੱਡੇ-ਵੱਡੇ ਲੀਡਰ ਇਸ ਕਾਨਫਰੰਸ ਵਿੱਚ ਪਹੁੰਚਣਗੇ। ਇਸ ਮੌਕੇ ਅੰਮ੍ਰਿਤਸਰ ਦਿਹਾਤੀ ਦੇ ਜਨਰਲ ਸੈਕਟਰੀ ਰਾਜੇਸ਼ ਟਾਂਗਰੀ, ਸਰਕਲ ਪ੍ਰਧਾਨ ਰਾਜੇਸ਼ ਦਨਿਆਲ, ਸਰਕਲ ਪ੍ਰਧਾਨ ਕਰਮ ਸਿੰਘ, ਸਰਕਲ ਪ੍ਰਧਾਨ ਗੁਰਚਰਨ ਸਿੰਘ, ਸਰਕਲ ਪ੍ਰਧਾਨ ਸਰਬਿੰਦਰ ਸਿੰਘ, ਗੋਗੀ ਤਿੰਮੋਵਾਲ, ਦਲਬੀਰ ਸਿੰਘ, ਚਰਨਜੀਤ ਸਿੰਘ, ਸਾਹਿਬ ਸਿੰਘ, ਹਰਪ੍ਰੀਤ ਸਿੰਘ, ਗਾਂਧੀ ਭਿੰਡਰ, ਬਿਕਰਮਜੀਤ ਸਿੰਘ, ਗੁਰਨਾਮ ਸਿੰਘ, ਮੰਗਲ ਸਿੰਘ, ਸੁਖਦੇਵ ਸਿੰਘ, ਜਸ ਭੋਰਸ਼ੀ, ਗਿਆਨ ਸਿੰਘ, ਲਖਬੀਰ ਸਿੰਘ, ਮਲੂਕ ਸਿੰਘ ਮੱਧ, ਗੋਲਡੀ, ਪ੍ਰਦੀਪ ਸਿੰਘ, ਆਸ਼ੂ ਰਈਆ, ਰਣਜੀਤ ਸਿੰਘ ਫੌਜੀ, ਅਮਰੀਕ ਸਿੰਘ, ਸੁਖਦੇਵ ਸਿੰਘ, ਬਲਵਿੰਦਰ ਸਿੰਘ, ਵਿਜੇ ਕੁਮਾਰ ਜੋਸ਼ੀ, ਮਨਦੀਪ ਸਿੰਘ ਬਾਬਾ ਬਕਾਲਾ ਸਾਹਿਬ, ਅਵਤਾਰ ਸਿੰਘ, ਗੁਰਦੀਪ ਸਿੰਘ, ਸੁਲੱਖਣ ਸਿੰਘ, ਰਵੀ ਟਪਿਆਲਾ, ਹਰਪ੍ਰੀਤ ਸਿੰਘ ਹੈਪੀ ਖੱਖ, ਪਿੰਦਰ ਦੌਲੋਨੰਗਲ ਆਦਿ ਬਹੁਤ ਸਾਰੇ ਭਾਜਪਾ ਦੇ ਵਰਕਰ ਹਾਜ਼ਰ ਸਨ।

# ਸੀ ਸੀ ਟੀ ਵੀ ਕੈਮਰੇ ਦੀਆਂ ਤਾਰਾਂ ਤੋੜ ਕੇ ਦੁਕਾਨ 'ਚੋਂ ਨਗਦੀ ਚੋਰੀ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਬੀਤੀ ਰਾਤ ਮੁਹੱਲਾ ਧਰਮਪੁਰਾ ਕਾਦੀਆਂ ਵਿੱਚ ਅੰਮ੍ਰਿਤ ਕਰਿਆਨਾ ਸਟੋਰ ਦਾ ਸ਼ਟਰ ਤੋੜ ਕੇ ਗੱਲੇ ਵਿੱਚ ਪਈ ਕਰੀਬ ਤਿੰਨ ਤੋਂ ਚਾਰ ਹਜ਼ਾਰ ਰੁਪਏ ਦੀ ਨਗਦੀ ਚੋਰਾਂ ਵੱਲੋਂ ਚੋਰੀ ਕਰਨ ਦਾ ਸਮਾਚਾਰ ਮਿਲਿਆ ਹੈ।ਜਾਣਕਾਰੀ ਦਿੰਦੇ ਹੋਏ ਦੁਕਾਨ ਮਾਲਕ ਅੰਮ੍ਰਿਤ ਨੇ ਦੱਸਿਆ ਕਿ ਉਹ ਰੋਜ਼ਾਨਾ ਦੀ ਤਰ੍ਹਾਂ ਆਪਣੀ ਦੁਕਾਨ ਨੂੰ ਬੰਦ ਕਰਕੇ ਰਾਤ ਨੂੰ ਘਰ ਚਲਾ ਗਿਆ।

ਉਸਨੂੰ ਸਵੇਰੇ ਆ ਕੇ ਪਤਾ ਲੱਗਾ ਕਿ ਉਸ ਦੀ ਦੁਕਾਨ ਦਾ ਸ਼ਟਰ ਟੁੱਟਿਆ ਹੋਇਆ ਹੈ।ਸੀਸੀਟੀਵੀ ਕੈਮਰਾ ਵੀ ਚੋਰਾਂ ਵੱਲੋਂ ਤੋੜ ਦਿੱਤਾ ਗਿਆ ਸੀ।ਦੁਕਾਨ ਮਾਲਕ ਨੇ ਦੱਸਿਆ ਕਿ ਇਸ ਸਬੰਧੀ ਉਸ ਨੇ ਪੁਲਸ ਨੂੰ ਸੂਚਿਤ ਕਰ ਦਿੱਤਾ ਹੈ ਅਤੇ ਆਸ ਪਾਸ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਨੂੰ ਚੈੱਕ ਕੀਤਾ ਜਾ ਰਿਹਾ ਹੈ।ਦੁਕਾਨ ਮਾਲਕ ਨੇ ਦੱਸਿਆ ਕਿ ਪਹਿਲਾਂ ਵੀ ਆਸ-ਪਾਸ ਕਈ ਚੋਰੀ ਦੀਆਂ ਵਾਰਦਾਤਾਂ ਹੋ ਚੁੱਕੀਆਂ ਹਨ। ਚੋਰਾਂ ਦੇ ਹੌਸਲੇ ਬੜੇ ਬੁਲੰਦ ਹਨ।

ਇਕੱਤਰ ਹੋਏ ਆਸ ਪਾਸ ਦੇ ਦੁਕਾਨਦਾਰਾਂ ਨੇ ਵੀ ਦੱਸਿਆ ਕਿ ਇਲਾਕੇ ਵਿੱਚ ਹੋ ਰਹੀਆਂ ਚੋਰੀ ਦੀਆਂ ਘਟਨਾਵਾਂ ਨੂੰ ਲੈ ਕੇ ਦੁਕਾਨਦਾਰਾਂ ਦੀਆਂ ਦੁਕਾਨਾਂ ਸੁਰੱਖਿਅਤ ਨਹੀਂ ਹਨ।ਉਨ੍ਹਾਂ ਨੇ ਪੁਲਸ ਜ਼ਿਲਾ ਬਟਾਲਾ ਤੇ ਐੱਸਐੱਸਪੀ ਦੇ ਕੋਲੋਂ ਮੰਗ ਕੀਤੀ ਹੈ ਕਿ ਪੁਲਸ ਦੀ ਗਸ਼ਤ ਨੂੰ ਤੇਜ਼ ਕੀਤਾ ਜਾਵੇ ਤਾਂ ਜੋ ਭਵਿੱਖ ਵਿੱਚ ਮੁੜ ਅਜਿਹੀ ਘਟਨਾ ਨਾ ਵਾਪਰ ਸਕੇ।

# ਵਾਲਮੀਕਿ ਭਾਈਚਾਰੇ ਨੇ ਵਿਧਾਇਕ ਡਾ. ਗੁਪਤਾ ਨੂੰ ਸੌਂਪਿਆ ਮੰਗ ਪੱਤਰ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਕੇਂਦਰੀ ਵਿਧਾਨ ਸਭਾ ਹਲਕੇ ਤੋਂ ਵਿਧਾਇਕ ਡਾ. ਅਜੇ ਗੁਪਤਾ ਨੇ ਭੰਡਾਰੀ ਪੁਲ 'ਤੇ ਵਾਲਮੀਕਿ ਭਾਈਚਾਰੇ ਦੇ ਆਗੂਆਂ ਨਾਲ ਮੁਲਾਕਾਤ ਕੀਤੀ। ਆਗੂਆਂ ਨੇ ਆਪਣੀਆਂ ਮੰਗਾਂ ਸਬੰਧੀ ਵਿਧਾਇਕ ਡਾ. ਅਜੇ ਗੁਪਤਾ ਨੂੰ ਮੰਗ ਪੱਤਰ ਸੌਂਪਿਆ। ਇਸ ਮੌਕੇ ਵਿਧਾਇਕ ਡਾ. ਅਜੇ ਗੁਪਤਾ ਨੇ ਕਿਹਾ ਕਿ ਵਾਲਮੀਕਿ ਭਾਈਚਾਰੇ ਦੀਆਂ ਸਾਰੀਆਂ ਮੰਗਾਂ ਜਾਇਜ਼ ਹਨ।

ਉਨ੍ਹਾਂ ਕਿਹਾ ਕਿ ਇਹ ਸਾਰੀਆਂ ਮੰਗਾਂ ਅੱਜ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਵਿਚਾਰ-ਵਟਾਂਦਰੇ ਰਾਹੀਂ ਪੇਸ਼ ਕੀਤੀਆਂ ਜਾਣਗੀਆਂ। ਉਨ੍ਹਾਂ ਭਰੋਸਾ ਦਿੱਤਾ ਕਿ ਵਾਲਮੀਕਿ ਭਾਈਚਾਰੇ ਦੀਆਂ ਇਨ੍ਹਾਂ ਮੰਗਾਂ ਨੂੰ ਜਲਦੀ ਹੀ ਪੂਰਾ ਕੀਤਾ ਜਾਵੇਗਾ। ਵਿਧਾਇਕ ਡਾ. ਗੁਪਤਾ ਨੇ ਕਿਹਾ ਕਿ ਸਫਾਈ ਕਰਮਚਾਰੀ ਸਰਕਾਰ ਦੀ ਰੀੜ੍ਹ ਦੀ ਹੱਡੀ ਹਨ। ਪੰਜਾਬ ਸਰਕਾਰ ਸਫਾਈ ਕਰਮਚਾਰੀਆਂ ਦੇ ਨਾਲ ਡਟ ਕੇ ਖੜ੍ਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸਫਾਈ ਕਰਮਚਾਰੀਆਂ ਦੀ ਮੰਗ ਨੂੰ ਪੂਰਾ ਕਰਦੇ ਹੋਏ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਹੈ ਕਿ ਆਊਟਸੋਰਸ ਕੀਤੇ ਸਫਾਈ ਕਰਮਚਾਰੀਆਂ ਅਤੇ ਸੀਵਰਮੈਨਾਂ ਨੂੰ ਠੇਕਾ ਅਧਾਰਤ ਰੁਜ਼ਗਾਰ ਅਤੇ ਠੇਕਾ ਅਧਾਰਤ ਸਫਾਈ ਕਰਮਚਾਰੀਆਂ ਅਤੇ ਸੀਵਰਮੈਨਾਂ ਨੂੰ ਸਥਾਈ ਰੁਜ਼ਗਾਰ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਵਾਲਮੀਕਿ ਭਾਈਚਾਰੇ ਦੀਆਂ ਬਾਕੀ ਸਾਰੀਆਂ ਮੰਗਾਂ ਨੂੰ ਜਲਦੀ ਹੀ ਪੂਰਾ ਕੀਤਾ ਜਾਵੇਗਾ।

# ਸਿਲਾਈ ਸੈਂਟਰ ਕੋਠੇ ਉਧੀਪੁਰ 'ਚ ਲੱਗੀਆਂ ਤੀਆਂ ਦੀਆਂ ਰੌਣਕਾਂ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਆਦਰਸ਼ ਸੋਸ਼ਲ ਵੈੱਲਫੇਅਰ ਸੁਸਾਇਟੀ ਗੁਰਦਾਸਪੁਰ ਵੱਲੋਂ ਪਿੰਡ ਕੋਠੇ ਉਧੀਪੁਰ, ਦੀਨਾਨਗਰ ਵਿਖੇ ਚਲਾਏ ਜਾ ਰਹੇ ਸਿਲਾਈ ਸੈਂਟਰ ਵਿੱਚ ਤੀਆਂ ਦਾ ਤਿਉਹਾਰ ਬੜੇ ਹੀ ਉਤਸ਼ਾਹ ਅਤੇ ਰਵਾਇਤੀ ਢੰਗ ਨਾਲ ਮਨਾਇਆ ਗਿਆ।ਇਸ ਮੌਕੇ ਸੁਸਾਇਟੀ ਦੀ ਚੇਅਰਪਰਸਨ ਮੈਡਮ ਰੀਨਾ ਸਮਯਾਲ ਨੇ ਤੀਆਂ ਦੇ ਤਿਉਹਾਰ ਦੀ ਸੱਭਿਆਚਾਰਕ ਅਤੇ ਸਮਾਜਿਕ ਮਹੱਤਤਾ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਅਜਿਹੇ ਤਿਉਹਾਰ ਸਾਡੀ ਵਿਰਾਸਤ ਅਤੇ ਸੱਭਿਆਚਾਰ ਨੂੰ ਸੰਭਾਲਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਉਨ੍ਹਾਂ ਨੇ ਸਾਰਿਆਂ ਨੂੰ ਆਪਣੀਆਂ ਰਵਾਇਤਾਂ ਨਾਲ ਜੁੜੇ ਰਹਿਣ ਦਾ ਸੰਦੇਸ਼ ਦਿੱਤਾ।ਇਸ ਸਮਾਗਮ ਵਿੱਚ ਸੁਸਾਇਟੀ ਪ੍ਰਧਾਨ ਸਤਨਾਮ ਸਿੰਘ, ਸੁਸਾਇਟੀ ਕੋਆਰਡੀਨੇਟਰ ਇੰਦਰਜੀਤ ਕੌਰ, ਸਿਲਾਈ ਅਧਿਆਪਕਾ ਦੀਕਸ਼ਾ ਭਾਰਤੀ ਅਤੇ ਪਿੰਡ ਦੇ ਮੌਜੂਦਾ ਸਰਪੰਚ ਮਨਜੀਤ ਕੌਰ ਸਮੇਤ ਹੋਰ ਪਤਵੰਤੇ ਵੀ ਹਾਜ਼ਰ ਸਨ।ਸਮਾਗਮ ਦੌਰਾਨ ਸਿਖਿਆਰਥਣਾਂ ਨੇ ਤੀਆਂ ਨਾਲ ਸੰਬੰਧਿਤ ਗੀਤ ਗਾਏ ਅਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ।

# ਬੀ ਕੇ ਯੂ ਏਕਤਾ ਉਗਰਾਹਾਂ ਵੱਲੋਂ ਸਬ-ਤਹਿਸੀਲ ਝਬਾਲ ਵਿਖੇ ਧਰਨੇ ਦਾ ਐਲਾਨ



ਸਰਾਏ ਅਮਾਨਤ ਖਾਂ (ਮੱਖਣ ਮਨੋਜ)- 60 ਸਾਲ ਪਹਿਲਾਂ ਮਰੇ ਹੋਏ ਵਿਅਕਤੀ ਨੂੰ ਜਿਉਂਦਾ ਦਿਖਾ ਕੇ ਸਬ-ਤਹਿਸੀਲ ਝਬਾਲ ਵਿਖੇ ਰਜਿਸਟਰੀ ਕਰਵਾਉਣ ਦਾ ਮਾਮਲਾ ਉਜਾਗਰ ਹੋਣ ਤੋਂ ਬਾਅਦ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜਥੇਬੰਦੀ ਪੀੜਤ ਪਰਿਵਾਰ ਦੇ ਹੱਕ ਵਿੱਚ ਆਈ ਹੈ।ਇਸ ਮੌਕੇ ਬੀਕੇਯੂ ਏਕਤਾ ਉਗਰਾਹਾਂ ਦੇ ਜ਼ਿਲਾ ਪ੍ਰਧਾਨ ਗੁਰਬਾਜ ਸਿੰਘ ਸਿੱਧਵਾਂ, ਜ਼ਿਲਾ ਆਗੂ ਸੁਖਬੀਰ ਸਿੰਘ ਗੱਗੋਬੂਹਾ, ਬਾਬਾ ਬਲਜਿੰਦਰ ਸਿੰਘ ਕਾਲਾ, ਬਲਾਕ ਪ੍ਰਧਾਨ ਧਿਆਨ ਸਿੰਘ ਫ਼ੌਜੀ ਨੇ ਦੱਸਿਆ ਕਿ ਪਿੰਡ ਠੱਠਾ ਵਿਖੇ ਪਿਛਲੇ ਲੱਗਭੱਗ 60 ਸਾਲ ਪਹਿਲਾਂ ਫੌਤ ਹੋਏ ਕਿਸ਼ਨ ਸਿੰਘ ਪੁੱਤਰ ਸ਼ਾਮ ਸਿੰਘ ਵਾਸੀ ਠੱਠਾ ਦੀ ਜਿਉਂਦਾ ਦਿਖਾ ਕੇ ਅਤੇ ਬਾਹਰਲੇ ਪਿੰਡਾਂ ਦੇ ਨੰਬਰਦਾਰਾਂ ਦੀ ਗਵਾਹੀ ਪਵਾ ਕੇ ਕੁੱਝ ਵਿਅਕਤੀਆਂ ਨੇ ਲੱਗਭੱਗ 30 ਮਰਲੇ ਜ਼ਮੀਨ ਦੀ ਰਜਿਸਟਰੀ ਕਰਵਾ ਲਈ।ਉਨ੍ਹਾਂ ਦੱਸਿਆ ਉਕਤ ਜਗ੍ਹਾ ਪਿੰਡ ਠੱਠਾ ਦੇ ਪਿਛਲੇ 35-40 ਸਾਲ ਤੋਂ ਰਹਿ ਰਹੇ ਪਰਿਵਾਰਾਂ ਦੇ ਵੱਡ ਵਡੇਰਿਆਂ ਨੇ ਖਰੀਦੀ ਸੀ।ਕਿਸਾਨ ਆਗੂਆਂ ਨੇ ਕਿਹਾ ਕਿ ਕਾਬਜ਼ ਪਰਿਵਾਰਾਂ ਨਾਲ ਧੱਕਾ ਨਹੀਂ ਹੋਣ ਦਿੱਤਾ ਜਾਵੇਗਾ।

ਉਨਾਂ ਨੇ ਪੁਲਸ ਪ੍ਰਸ਼ਾਸਨ ਤੇ ਮਾਲ ਮਹਿਕਮੇ ਦੇ ਉੱਚ ਅਧਿਕਾਰੀਆਂ ਕੋਲੋਂ ਸਾਰੇ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਨ ਤੇ ਚੰਦ ਕੌਡੀਆਂ ਦੀ ਖਾਤਰ ਰਜਿਸਟਰੀ ਕਰਨ ਤੇ ਕਰਵਾਉਣ ਵਾਲੇ ਵਿਅਕਤੀਆਂ ਖਿਲਾਫ ਕਾਨੂੰਨੀ ਕਾਰਵਾਈ ਦੀ ਮੰਗ ਕਰਦਿਆਂ ਕਿਹਾ ਕਿ ਜੇਕਰ ਪ੍ਰਸ਼ਾਸਨ ਵੱਲੋਂ ਕੋਈ ਕਾਰਵਾਈ ਨਾ ਕੀਤੀ ਗਈ ਤਾਂ ਸਬ-ਤਹਿਸੀਲ ਝਬਾਲ ਦੇ ਬਹਾਰ ਧਰਨਾ ਲਗਾ ਦਿੱਤਾ ਜਾਵੇਗਾ।

# ਚੇਅਰਮੈਨ ਹਰਜੀਤ ਸਿੰਘ ਬੁੱਟਰ ਦਾ ਸੰਤ ਬਾਬਾ ਸੱਜਣ ਸਿੰਘ ਵੱਲੋਂ ਸਨਮਾਨ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਹਰਜੀਤ ਸਿੰਘ ਬੁੱਟਰ ਜਿਨਾਂ ਨੂੰ ਆਮ ਆਦਮੀ ਪਾਰਟੀ ਵੱਲੋਂ ਬਾਜ਼ੀਗਰ ਵੈੱਲਫੇਅਰ ਬੋਰਡ ਹਲਕਾ ਜੰਡਿਆਲਾ ਗੁਰੂ ਦਾ ਚੇਅਰਮੈਨ ਬਣਾਇਆ ਗਿਆ, ਗੁਰੂ ਘਰ ਦਾ ਸ਼ੁਕਰਾਨਾ ਕਰਨ ਵਾਸਤੇ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਪਾਤਸ਼ਾਹੀ ਛੇਵੀਂ ਬੋਪਾਰਾਏ ਸਾਹਿਬ ਵਿਖੇ ਪਹੁੰਚੇ ਅਤੇ ਗੁਰੂ ਘਰ ਵਿੱਚ ਅਰਦਾਸ ਬੇਨਤੀ ਕਰਨ ਉਪਰੰਤ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਵੱਲੋਂ ਹਰਜੀਤ ਸਿੰਘ ਬੁੱਟਰ ਅਤੇ ਹੋਰ ਆਗੂਆਂ ਨੂੰ ਸਰੋਪੇ ਦੇ ਕੇ ਸਨਮਾਨਿਤ ਕਰਦਿਆਂ ਆਸ਼ੀਰਵਾਦ ਦਿੱਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਹਰਜੀਤ ਸਿੰਘ ਬੁੱਟਰ ਨੇ ਕਿਹਾ ਕਿ ਉਹ ਹਲਕਾ ਜੰਡਿਆਲਾ ਗੁਰੂ ਦੇ ਵਿਧਾਇਕ ਅਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਦੇ ਸਦਾ ਹੀ ਰਿਣੀ ਰਹਿਣਗੇ ਜਿਨ੍ਹਾਂ ਨੇ ਇਸ ਨਿਮਾਣੇ ਨੂੰ ਮਾਣ ਬਖਸ਼ਿਆ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬੂਟਾ ਸਿੰਘ ਜਲਾਲ ਮੀਡੀਆ ਇੰਚਾਰਜ, ਸੁਖਮਨ ਸਿੰਘ, ਜਗਜੀਤ ਸਿੰਘ, ਡਾਕਟਰ ਸਕੱਤਰ ਸਿੰਘ, ਜੋਬਨਜੀਤ ਸਿੰਘ, ਨਿੰਦਰ ਸਿੰਘ ਭੋਏ, ਰਣਜੀਤ ਸਿੰਘ ਰਾਣਾ ਬਾਬੋਵਾਲ, ਜਗਰੂਪ ਸਿੰਘ ਬੋਪਾਰਾਏ, ਕੁਲਦੀਪ ਸਿੰਘ, ਰਾਜਾ ਸਿੰਘ ਬੁਲਾਰਾ, ਜੱਸਾ ਸਿੰਘ, ਅਰਸ ਬੇਰ ਸਾਹਿਬ ਅਤੇ ਬਾਜ ਸਿੰਘ ਆਦਿ ਵੀ ਹਾਜ਼ਰ ਸਨ।

# ਭਾਜਪਾ ਵਾਅਦਿਆਂ ਦੀ ਬਜਾਏ ਕੰਮ ਕਰਨ 'ਚ ਵਿਸ਼ਵਾਸ ਰੱਖਦੀ : ਰਾਜਵਿੰਦਰ ਕੌਰ



ਛੇਹਰਟਾ/ ਖਾਸਾ,(ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚਾ ਪੰਜਾਬ ਦੇ ਸੱਕਤਰ ਰਾਜਵਿੰਦਰ ਕੌਰ ਐਤਵਾਰ ਨੂੰ ਆਦਰਸ਼ ਨਗਰ, ਕੋਟ ਖ਼ਾਲਸਾ ਸਥਿਤ ਚੋਖਾ ਜੀਵਨ ਸਤਿਸੰਗ ਭਵਨ ਵਿਖੇ ਵਿਸ਼ੇਸ਼ ਤੌਰ 'ਤੇ ਪੁੱਜੇ ਤੇ ਪ੍ਰਾਰਥਨਾ ਵਿੱਚ ਸ਼ਿਰਕਤ ਕੀਤੀ।

ਪਾਸਟਰ ਰਾਜਵਿੰਦਰ ਸਹੋਤਾ ਦੀ ਅਗਵਾਈ ਵਿਚ ਸੰਗਤ ਨੇ ਉਨ੍ਹਾਂ ਦਾ ਭਵਨ ਵਿਚ ਪੁੱਜਣ 'ਤੇ ਨਿੱਘਾ ਸਵਾਗਤ ਕੀਤਾ। ਇਸ ਮੌਕੇ ਰਾਜਵਿੰਦਰ ਕੌਰ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਸਾਨੂੰ ਅਜਿਹਾ ਸਮਾਜ ਸਿਰਜਣ ਦੀ ਜ਼ਰੂਰਤ ਹੈ, ਜਿਥੇ ਪਿਆਰ, ਭਾਈਚਾਰਕ ਸਾਂਝ ਤੇ ਅਮਨ-ਸ਼ਾਂਤੀ ਹੋਵੇ। ਉਨ੍ਹਾਂ ਕਿਹਾ ਕਿ ਭਾਜਪਾ ਵਾਅਦੇ ਕਰਨ ਦੀ ਬਜਾਏ ਕੰਮ ਵਿਚ ਵਿਸ਼ਵਾਸ ਰੱਖਦੀ ਹੈ। ਪਾਰਟੀ ਦੇਸ਼ ਦੇ ਵਿਕਾਸ, ਖੁਸ਼ਹਾਲੀ ਤੇ ਮਜ਼ਬੂਤੀ ਲਈ ਲਗਾਤਾਰ ਕੰਮ ਕਰ ਰਹੀ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਲਗਾਤਾਰ ਵਿਕਾਸ ਤੇ ਉਨਤੀ ਦਾ ਨਵਾਂ ਇਤਿਹਾਸ ਸਿਰਜ ਰਿਹਾ ਹੈ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਸੂਬੇ ਵਿਚ ਭਾਜਪਾ ਦੀ ਸਰਕਾਰ ਬਣਨ 'ਤੇ ਇਸਾਈ ਭਾਈਚਾਰੇ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਵੱਲ ਉਚੇਚਾ ਧਿਆਨ ਦਿੱਤਾ ਜਾਵੇਗਾ। ਇਸ ਮੌਕੇ ਪਾਸਟਰ ਰਾਜਵਿੰਦਰ ਸਹੋਤਾ ਨੇ ਰਾਜਵਿੰਦਰ ਕੌਰ ਨੂੰ ਹਰ ਪ੍ਰਕਾਰ ਦੇ ਸਮਰਥਨ ਦਾ ਭਰੋਸਾ ਦਿਵਾਇਆ ਤੇ ਉਨ੍ਹਾਂ ਦੇ ਸਿਆਸੀ ਜੀਵਨ ਦੀ ਸਫ਼ਲਤਾ ਲਈ ਪ੍ਰਾਰਥਾਨ ਵੀ ਕੀਤੀ। ਇਸ ਮੌਕੇ ਬਲਜਿੰਦਰ ਕੌਰ, ਦਾਰਾ ਸਿੰਘ, ਰਜਤਪ੍ਰੀਤ ਸਿੰਘ, ਜਗਤਜੀਤ ਸਿੰਘ, ਕਰਨਦੀਪ ਸਿੰਘ, ਵੰਸ਼ ਸਹੋਤਾ, ਰਾਕੇਸ਼ ਕੁਮਾਰ, ਪਵਨਦੀਪ ਸਿੰਘ, ਸਿਮਰਨ ਸਿੰਘ, ਜੈ ਬਿਧਪਾਲ, ਸੰਨੀ ਕੁਮਾਰ, ਪ੍ਰਿੰਸ ਕੁਮਾਰ, ਰਾਜਿੰਦਰ ਕੁਮਾਰ, ਰਮਨ ਕੁਮਾਰ, ਰਛਪਾਲ ਸਿੰਘ ਆਦਿ ਮੌਜੂਦ ਸਨ।

# ਪ੍ਰਧਾਨ ਮੰਤਰੀ ਦੇ ਵਰਚੁਅਲ ਸੰਬੋਧਨ ਦਾ ਸਿੱਧਾ ਪ੍ਰਸਾਰਣ ਕਰਵਾਇਆ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਭਾਰਤ ਸਰਕਾਰ ਦੇ ਯੁਵਾ ਕਾਰਜ ਅਤੇ ਖੇਡ ਮੰਤਰਾਲੇ ਅਧੀਨ ਮੇਰਾ ਯੁਵਾ ਭਾਰਤ ਵੱਲੋਂ ਚਲਾਏ ਜਾ ਰਹੇ 'ਨਸ਼ਾ ਮੁਕਤ ਯੁਵਾ ਲਈ ਵਿਕਸਿਤ ਭਾਰਤ ਸੰਕਲਪ ਅਭਿਆਨ' ਦੇ ਤਹਿਤ ਐੱਸ. ਐੱਸ. ਐੱਮ. ਕਾਲਜ, ਦੀਨਾਨਗਰ ਵਿਖੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਦੇਸ਼ ਭਰ ਦੇ ਨੌਜਵਾਨਾਂ ਨਾਲ ਵਰਚੁਅਲ ਸੰਬੋਧਨ ਦਾ ਸਿੱਧਾ ਪ੍ਰਸਾਰਣ ਕਰਵਾਇਆ ਗਿਆ।ਇਸ ਅਭਿਆਨ ਦਾ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਕੇ ਨਸ਼ਾ ਮੁਕਤ ਭਾਰਤ ਅਤੇ ਵਿਕਸਿਤ ਭਾਰਤ ਦੇ ਸੰਕਲਪ ਨੂੰ ਸਾਕਾਰ ਕਰਨਾ ਹੈ।ਇਸ ਮੌਕੇ ਡਾ. ਆਰ. ਕੇ. ਤੁਲੀ, ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨੌਜਵਾਨ ਦੇਸ਼ ਦੀ ਸਭ ਤੋਂ ਵੱਡੀ ਤਾਕਤ ਹਨ ਅਤੇ ਨਸ਼ਿਆਂ ਤੋਂ ਦੂਰ ਰਹਿ ਕੇ ਹੀ ਉਹ ਆਪਣੇ ਅਤੇ ਦੇਸ਼ ਦੇ ਉੱਜਵਲ ਭਵਿੱਖ ਦੀ ਸਿਰਜਣਾ ਕਰ ਸਕਦੇ ਹਨ।ਪ੍ਰੋ. ਸੁਸ਼ਮਾ (ਐੱਨ.ਐੱਸ.ਐੱਸ. ਅਫ਼ਸਰ), ਪ੍ਰੋ. ਸੁਬੀਰ ਰਾਗਬੋਤਰਾ (ਐੱਨ.ਐੱਸ.ਐੱਸ. ਅਫ਼ਸਰ), ਪ੍ਰੋ. ਅਮਿਤ (ਐੱਨ.ਸੀ.ਸੀ. ਅਫ਼ਸਰ) ਅਤੇ ਪ੍ਰੋ. ਸੋਨੂ, ਮੁਖੀ ਸੰਗੀਤ ਵਿਭਾਗ ਨੇ ਵੀ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਦਿਆਂ ਸਿਹਤਮੰਦ ਅਤੇ ਅਨੁਸ਼ਾਸਿਤ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕੀਤਾ।ਪ੍ਰੋਗਰਾਮ ਦੌਰਾਨ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ, ਐੱਨ.ਐੱਸ.ਐੱਸ. ਅਤੇ ਐੱਨ.ਸੀ.ਸੀ. ਵਲੰਟੀਅਰਾਂ ਅਤੇ ਫੈਕਲਟੀ ਮੈਂਬਰਾਂ ਨੇ ਭਾਗ ਲਿਆ ਅਤੇ ਨਸ਼ਾ ਮੁਕਤ ਭਾਰਤ ਦੇ ਸੰਕਲਪ ਨੂੰ ਦੁਹਰਾਉਂਦਿਆਂ ਸਮਾਜ ਵਿੱਚ ਜਾਗਰੂਕਤਾ ਫੈਲਾਉਣ ਦਾ ਪ੍ਰਣ ਲਿਆ।

# ਸੁਸ਼ਮਾ ਇਨਫਿਨੀਅਮ ਦੇ ਕਾਰੋਬਾਰੀਆਂ ਨੂੰ ਵੱਡੀ ਰਾਹਤ

## ਸਿੰਗਲ ਪੁਆਇੰਟ ਬਿਜਲੀ ਕੁਨੈਕਸ਼ਨ ਦਾ ਰਾਹ ਸਾਫ਼, ਬਿਲਡਰ ਖ਼ਿਲਾਫ਼ ਕਾਰਵਾਈ ਦੇ ਹੁਕਮ

**ਜ਼ੀਰਕਪੁਰ, (ਜਤਿੰਦਰ ਕੁਮਾਰ)**-ਜ਼ੀਰਕਪੁਰ ਸਥਿਤ ਸੁਸ਼ਮਾ ਇਨਫਿਨੀਅਮ ਪ੍ਰੋਜੈਕਟ ਦੇ ਸੈਂਕੜੇ ਦੁਕਾਨਦਾਰਾਂ ਅਤੇ ਵਪਾਰਕ ਯੂਨਿਟ ਮਾਲਕਾਂ ਨੂੰ ਵੱਡੀ ਰਾਹਤ ਦਿੰਦਿਆਂ ਪੰਜਾਬ ਸਟੇਟ ਇਲੈਕਟ੍ਰਿਸਿਟੀ ਰੈਗੂਲੇਟਰੀ ਕਮਿਸ਼ਨ (ਪੀ ਐੱਸ ਈ ਆਰ ਸੀ) ਨੇ ਇੱਕ ਅਹਿਮ ਫ਼ੈਸਲਾ ਸੁਣਾਇਆ ਹੈ। ਕਮਿਸ਼ਨ ਨੇ ਆਪਣੇ ਅੰਤਿਮ ਹੁਕਮ ਵਿੱਚ ਸਪੱਸ਼ਟ ਕੀਤਾ ਹੈ ਕਿ ਬਿਲਡਰ ਦੀ ਲਾਪਰਵਾਹੀ ਦਾ ਖ਼ਮਿਆਜ਼ਾ ਖਰੀਦਦਾਰਾਂ ਨੂੰ ਨਹੀਂ ਭੁਗਤਣਾ ਪਵੇਗਾ। ਵਿਸ਼ੇਸ਼ ਹਾਲਾਤਾਂ ਨੂੰ ਦੇਖਦੇ ਹੋਏ ਕਮਿਸ਼ਨ ਨੇ ਸੁਸ਼ਮਾ ਇਨਫਿਨੀਅਮ ਓਨਰਜ਼ ਵੈਲਫੇਅਰ ਐਸੋਸੀਏਸ਼ਨ ਨੂੰ ਬਿਲਡਰ ਦੀ ਥਾਂ ਲੋੜੀਂਦੀਆਂ ਕਾਰਵਾਈਆਂ ਪੂਰੀਆਂ ਕਰਕੇ ਸਿੰਗਲ ਪੁਆਇੰਟ ਬਿਜਲੀ ਕੁਨੈਕਸ਼ਨ ਲੈਣ ਦੀ ਇਜਾਜ਼ਤ ਦੇ ਦਿੱਤੀ ਹੈ। ਇਹ ਹੁਕਮ 29 ਜੁਲਾਈ 2026 ਨੂੰ ਜਾਰੀ ਕੀਤਾ ਗਿਆ। ਐਸੋਸੀਏਸ਼ਨ ਨੇ ਆਪਣੀ ਪਟੀਸ਼ਨ ਵਿੱਚ ਕਿਹਾ ਸੀ ਕਿ ਪ੍ਰੋਜੈਕਟ ਵਿੱਚ ਕੁੱਲ 989 ਵਪਾਰਕ ਯੂਨਿਟ ਹਨ, ਜਿਨ੍ਹਾਂ ਵਿੱਚੋਂ ਲਗਭਗ 450 ਇਸ ਸਮੇਂ ਚੱਲ ਰਹੀਆਂ ਹਨ। ਇਸ ਦੇ ਬਾਵਜੂਦ ਪੱਕੀ ਅਤੇ ਭਰੋਸੇਯੋਗ ਬਿਜਲੀ ਸਪਲਾਈ ਨਾ ਹੋਣ ਕਾਰਨ ਕਾਰੋਬਾਰ ਪ੍ਰਭਾਵਿਤ ਹੋ ਰਿਹਾ ਹੈ। ਐਸੋਸੀਏਸ਼ਨ ਦਾ ਦੋਸ਼ ਸੀ ਕਿ ਮੂਲ ਪ੍ਰਮੋਟਰ ਸੁਸ਼ਮਾ ਬਿਲਡਟੈਕ ਲਿਮਿਟਿਡ ਪ੍ਰੋਜੈਕਟ ਨੂੰ ਅਧੂਰਾ ਛੱਡ ਕੇ ਚਲਾ ਗਿਆ। ਪ੍ਰਮੋਟਰ ਨੇ ਸਿੰਗਲ ਪੁਆਇੰਟ ਬਿਜਲੀ ਕੁਨੈਕਸ਼ਨ ਲਈ ਅਰਜ਼ੀ ਤਾਂ ਦਿੱਤੀ, ਪਰ ਲਾਜ਼ਮੀ 35 ਫੀਸਦੀ ਬੈਂਕ ਗਾਰੰਟੀ ਜਮ੍ਹਾਂ ਨਾ ਕਰਵਾਉਣ ਕਾਰਨ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਿਡ (ਪੀ ਐੱਸ ਪੀ ਸੀ ਐੱਲ) ਵੱਲੋਂ ਐੱਨਓਸੀ ਜਾਰੀ ਨਹੀਂ ਕੀਤੀ ਗਈ।ਸੁਣਵਾਈ ਦੌਰਾਨ ਪੀ ਐੱਸ ਪੀ ਸੀ ਐੱਲ ਨੇ ਕਮਿਸ਼ਨ ਨੂੰ ਦੱਸਿਆ ਕਿ ਪ੍ਰੋਜੈਕਟ ਦਾ ਲੋਕਲ ਡਿਸਟ੍ਰੀਬਿਊਸ਼ਨ ਸਿਸਟਮ ਉਸ ਦੀ ਨਿਗਰਾਨੀ ਹੇਠ ਨਹੀਂ ਲਗਾਇਆ ਗਿਆ ਅਤੇ ਐੱਨ ਓ ਸੀ ਜਾਰੀ ਕਰਨ ਤੋਂ ਪਹਿਲਾਂ ਬੈਂਕ ਗਾਰੰਟੀ ਸਮੇਤ ਸਾਰੀਆਂ ਨਿਯਮਤ ਸ਼ਰਤਾਂ ਪੂਰੀਆਂ ਕਰਨਾ ਲਾਜ਼ਮੀ ਹੈ। ਕਮਿਸ਼ਨ ਨੇ ਮੰਨਿਆ ਕਿ ਪੀ ਐੱਸ ਪੀ ਸੀ ਐੱਲ ਦਾ ਕਾਨੂੰਨੀ ਪੱਖ ਸਹੀ ਹੈ, ਪਰ ਨਾਲ ਹੀ ਇਹ ਵੀ ਕਿਹਾ ਕਿ ਬਿਲਡਰ ਦੀ ਗੰਭੀਰ ਲਾਪਰਵਾਹੀ ਕਾਰਨ ਸੈਂਕੜੇ ਯੂਨਿਟ ਮਾਲਕਾਂ ਨੂੰ ਬੁਨਿਆਦੀ ਸਹੂਲਤ ਤੋਂ ਵਾਂਝਾ ਨਹੀਂ ਰੱਖਿਆ ਜਾ ਸਕਦਾ। ਕਮਿਸ਼ਨ ਨੇ ਆਪਣੇ ਹੁਕਮ ਵਿੱਚ ਕਿਹਾ ਹੈ ਕਿ ਹੁਣ ਓਨਰਜ਼ ਵੈਲਫੇਅਰ ਐਸੋਸੀਏਸ਼ਨ ਬਿਲਡਰ ਦੀ ਥਾਂ ਸਾਰੀਆਂ ਤਕਨੀਕੀ, ਵਿੱਤੀ ਅਤੇ ਪ੍ਰਕਿਰਿਆਵਾਂ ਨਾਲ ਸੰਬੰਧਿਤ ਸ਼ਰਤਾਂ ਪੂਰੀਆਂ ਕਰਨੀਆਂ ਹੋਣਗੀਆਂ। ਇਸ ਵਿੱਚ ਬੈਂਕ ਗਾਰੰਟੀ, ਫੀਸਾਂ, ਐੱਨਓਸੀ ਅਤੇ ਹੋਰ ਲੋੜੀਂਦੀਆਂ ਰਸਮੀਆਂ ਸ਼ਾਮਲ ਹਨ। ਇਸ ਦੇ ਨਾਲ ਹੀ ਪੀਐੱਸਪੀਸੀਐੱਲ ਨੂੰ ਹੁਕਮ ਦਿੱਤੇ ਗਏ ਹਨ ਕਿ ਉਹ ਸਥਾਨਕ ਸਰਕਾਰ ਵਿਭਾਗ ਰਾਹੀਂ ਨਗਰ ਕੌਂਸਲ ਜ਼ੀਰਕਪੁਰ ਵੱਲੋਂ ਪੀ ਐੱਸ ਪੀ ਸੀ ਐੱਲ ਦੀ ਐੱਨ ਓ ਸੀ ਅਤੇ ਲੋੜੀਂਦੀ ਬਿਜਲੀ ਵਿਵਸਥਾ ਤੋਂ ਬਿਨਾਂ ਮੁਕੰਮਲਤਾ ਸਰਟੀਫਿਕੇਟ ਜਾਰੀ ਕਰਨ ਦੇ ਮਾਮਲੇ ਨੂੰ ਵੀ ਉਚਿਤ ਅਥਾਰਟੀ ਦੇ ਧਿਆਨ ਵਿੱਚ ਲਿਆਵੇ ਅਤੇ ਬਿਲਡਰ ਖ਼ਿਲਾਫ਼ ਕਾਨੂੰਨੀ ਕਾਰਵਾਈ ਅੱਗੇ ਵਧਾਈ ਜਾਵੇ। ਕਮਿਸ਼ਨ ਨੇ ਇਹ ਵੀ ਕਿਹਾ ਕਿ ਜੇ ਭਵਿੱਖ ਵਿੱਚ ਬਿਲਡਰ ਤੋਂ ਕੋਈ ਰਕਮ ਵਸੂਲ ਕੀਤੀ ਜਾਂਦੀ ਹੈ ਤਾਂ ਉਹ ਨਿਯਮਾਂ ਅਨੁਸਾਰ ਓਨਰਜ਼ ਵੈਲਫੇਅਰ ਐਸੋਸੀਏਸ਼ਨ ਨੂੰ ਵਾਪਸ ਕੀਤੀ ਜਾਵੇ। ਇਸ ਫ਼ੈਸਲੇ ਨੂੰ ਸੁਸ਼ਮਾ ਇਨਫਿਨੀਅਮ ਦੇ ਸੈਂਕੜੇ ਕਾਰੋਬਾਰੀਆਂ ਲਈ ਵੱਡੀ ਰਾਹਤ ਵਜੋਂ ਦੇਖਿਆ ਜਾ ਰਿਹਾ ਹੈ, ਕਿਉਂਕਿ ਇਸ ਨਾਲ ਸਥਾਈ ਬਿਜਲੀ ਕੁਨੈਕਸ਼ਨ ਮਿਲਣ ਦਾ ਰਾਹ ਖੁੱਲ੍ਹ ਗਿਆ ਹੈ।

### 5 ਦੀ ਰੈਲੀ 'ਚ ਸ਼ਮੂਲੀਅਤ ਕਰਨਗੇ ਦਿਹਾਤੀ ਮਜ਼ਦੂਰ : ਕੁਲਦੀਪ ਵਾਲੀਆ

**ਬਿਲਗਾ (ਵਿਜੇ ਕੁਮਾਰ)**-ਦਿਹਾਤੀ ਮਜ਼ਦੂਰ ਸਭਾ ਦੀ ਤਹਿਸੀਲ ਕਮੇਟੀ ਵੱਲੋਂ ਪਿੰਡ ਬੋੜਾਪੁਰ ਵਿਚ 5 ਅਗਸਤ ਦੀ ਤਿਆਰੀ ਸਬੰਧੀ ਮੀਟਿੰਗ ਕੀਤੀ ਗਈ।ਸਭਾ ਦੇ ਤਹਿਸੀਲ ਸਕੱਤਰ ਗੁਰਦੀਪ ਗੋਗੀ ਨੇ ਕਿਹਾ ਕਿ ਮਹਿੰਗਾਈ ਨੇ ਗਰੀਬਾਂ ਅਤੇ ਆਮ ਲੋਕਾਂ ਦਾ ਜਿਊਣਾ ਦੁੱਭਰ ਕਰ ਦਿੱਤਾ ਹੈ। ਰਹਿਣੀ ਕਰਕ ਪੈਟਰੋਲ, ਡੀਜ਼ਲ ਅਤੇ ਗੈਸ ਦੀਆਂ ਕੀਮਤਾਂ ਵਿੱਚ ਬੇਤਹਾਸ਼ਾ ਵਾਧਾ ਕਰਕੇ ਪੂਰੀ ਕਰ ਦਿੱਤੀ ਹੈ। ਬੇਰੁਜ਼ਗਾਰੀ ਸਭ ਹੱਦਾਂ ਬੰਨੇ ਪਾਰ ਕਰ ਗਈ ਹੈ। ਮਨਰੇਗਾ ਕਾਨੂੰਨ ਨੂੰ ਖ਼ਤਮ ਕਰਕੇ ਵਿਕਸਤ ਭਾਰਤ ਜੀ ਰਾਮ ਜੀ ਕਾਨੂੰਨ ਬਣਾ ਕੇ ਮਜ਼ਦੂਰਾਂ ਦੇ ਬਲਦੇ ਚੁੱਲ੍ਹੇ ਠੰਡੇ ਪਾ ਦਿੱਤੇ ਹਨ। ਮੀਟਿੰਗ ਦੇ ਫ਼ੈਸਲੇ ਨੂੰ ਜਾਰੀ ਕਰਦਿਆਂ ਜ਼ਿਲ੍ਹਾ ਕਮੇਟੀ ਮੈਂਬਰ ਕੁਲਦੀਪ ਵਾਲੀਆ ਨੇ ਦੱਸਿਆ ਕਿ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਦਿਹਾਤੀ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਨੂੰ ਪੰਜਾਬ ਸਰਕਾਰ ਵੱਲੋਂ ਲਗਾਤਾਰ ਅਣਗੌਲਿਆ ਕਰਨ ਵਿਰੁੱਧ 5 ਅਗਸਤ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸੂਬਾ ਪੱਧਰੀ ਵਿਸ਼ਾਲ ਰੈਲੀ ਕਰਕੇ, ਮੁੱਖ ਮੰਤਰੀ ਦੀ ਜਲੰਧਰ ਸਥਿਤ ਰਿਹਾਇਸ਼ ਵੱਲ ਮਾਰਚ ਕੀਤਾ ਜਾਵੇਗਾ।ਇਸ ਸਮੇਂ ਤਹਿਸੀਲ ਕਮੇਟੀ ਮੈਂਬਰ ਕੁਲਦੀਪ ਸਿਆਣ, ਕੇਵਲ ਕੁਮਾਰ, ਬਿਸ਼ਨ ਦਾਸ, ਸੰਤੋਸ਼ ਦੇਵੀ, ਰੇਸ਼ਮ ਕੌਰ, ਦਰਸ਼ਨ ਕੌਰ, ਸੋਨੂੰ, ਕਾਂਤਾ, ਪਾਲੋ, ਸ਼ਿੰਗਾਰਾ ਰਾਮ ਮਹਿਮੀ, ਸਤਨਾਮ ਭੰਗਾ, ਸੁਖਵਿੰਦਰ ਕੌਰ, ਰਾਣੋ ਸੁਰਜੀਤ ਕੌਰ, ਜਿੰਦਰ ਪਾਲ, ਬੰਸੋ, ਹਰਬੰਸ ਕੌਰ, ਮਮਤਾ ਤੇ ਹੋਰ ਮਜ਼ਦੂਰ ਸਾਥੀ ਹਾਜ਼ਰ ਸਨ।

# ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਸਮਾਗਮ

**ਜਲੰਧਰ (ਸ਼ੈਲੀ ਐਲਬਰਟ)**-ਹੰਸ ਰਾਜ ਮਹਿਲਾ ਮਹਾ ਵਿਦਿਆਲਿਆ, ਜਲੰਧਰ ਵਿਖੇ ਸ਼ਹੀਦ ਸਰਦਾਰ ਊਧਮ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ। ਹੰਸ ਰਾਜ ਮਹਿਲਾ ਮਹਾ ਵਿਦਿਆਲਿਆ, ਜਲੰਧਰ ਵਿਖੇ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਇੱਕ ਪ੍ਰਭਾਵਸ਼ਾਲੀ ਸਮਾਗਮ ਆਯੋਜਿਤ ਕੀਤਾ ਗਿਆ। ਇਸ ਸਮਾਗਮ ਦਾ ਉਦੇਸ਼ ਮਹਾਨ ਸ਼ਹੀਦ ਦੀ ਅਦੁੱਤੀ ਕੁਰਬਾਨੀ, ਬਹਾਦਰੀ ਅਤੇ ਦੇਸ਼-ਪ੍ਰੇਮ ਨੂੰ ਸ਼ਰਧਾਂਜਲੀ ਭੇਟ ਕਰਨਾ ਸੀ। ਇਹ ਸਮਾਗਮ ਵਿਦਿਆਰਥੀ ਕੌਂਸਲ ਵੱਲੋਂ ਰਾਜਨੀਤੀ ਸ਼ਾਸਤਰ ਵਿਭਾਗ ਦੇ ਸਹਿਯੋਗ ਨਾਲ ਪ੍ਰਿੰਸੀਪਲ ਡਾ. ਏਕਤਾ ਖੋਸਲਾ ਦੀ ਯੋਗ ਅਗਵਾਈ ਹੇਠ ਕਰਵਾਇਆ ਗਿਆ। ਇਸ ਮੌਕੇ ਆਪਣੇ ਸੰਬੋਧਨ ਦੌਰਾਨ ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਦਾ ਜੀਵਨ ਅਡੋਲ ਹਿੰਮਤ, ਨਿਸ਼ਚਾ, ਦੇਸ਼-ਪ੍ਰੇਮ ਅਤੇ ਦ੍ਰਿੜ੍ਹ ਇਰਾਦੇ ਦੀ ਇੱਕ ਪ੍ਰੇਰਣਾਦਾਇਕ ਮਿਸਾਲ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਇਮਾਨਦਾਰੀ, ਸਮਰਪਣ ਅਤੇ ਰਾਸ਼ਟਰ ਸੇਵਾ ਦੇ ਮੁੱਲਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦੀ ਪ੍ਰੇਰਣਾ ਦਿੱਤੀ।ਉਨ੍ਹਾਂ ਕਿਹਾ ਕਿ ਦੇਸ਼ ਦੇ ਨੌਜਵਾਨਾਂ ਦੀ ਇਹ ਜ਼ਿੰਮੇਵਾਰੀ ਹੈ ਕਿ ਉਹ ਆਜ਼ਾਦੀ ਦੇ ਮਹਾਨ ਯੋਧਿਆਂ ਦੇ ਆਦਰਸ਼ਾਂ ਨੂੰ ਸਾਂਭਦੇ ਹੋਏ ਇੱਕ ਮਜ਼ਬੂਤ ਅਤੇ ਪ੍ਰਗਤੀਸ਼ੀਲ ਰਾਸ਼ਟਰ ਦੀ ਸਿਰਜਣਾ ਵਿੱਚ ਆਪਣਾ ਯੋਗਦਾਨ ਪਾਉਣ।ਸਮਾਗਮ ਦੇ ਸੰਚਾਲਨ ਡਾ. ਉਰਵਸ਼ੀ ਮਿਸ਼ਰਾ, ਡੀਨ ਵਿਦਿਆਰਥੀ ਕੌਂਸਲ ਨਾਲ। ਮੰਚ ਸੰਚਾਲਨ



ਅਰਚਿਤਾ ਮਹੰਤਰਾ (ਬੀ ਏ ਸਮੈਸਟਰ-5) ਨੇ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਕੀਤਾ। ਭਾਵਨਾ (ਐਮ ਏ ਰਾਜਨੀਤੀ ਸ਼ਾਸਤਰ, ਸਮੈਸਟਰ-3) ਨੇ ਸ਼ਹੀਦ ਸਰਦਾਰ ਊਧਮ ਸਿੰਘ ਦੇ ਜੀਵਨ, ਸੰਘਰਸ਼ ਅਤੇ ਵਿਰਾਸਤ 'ਤੇ ਭਾਸ਼ਣ ਦਿੰਦਿਆਂ ਭਾਰਤ ਦੀ ਆਜ਼ਾਦੀ ਲਈ ਉਨ੍ਹਾਂ ਦੇ ਅਮੁੱਲ ਯੋਗਦਾਨ ਨੂੰ ਉਜਾਗਰ ਕੀਤਾ। ਇਸ ਉਪਰੰਤ ਰੰਗਿਕਾ ਮਨਹਾਸ (ਬੀ ਏ ਸਮੈਸਟਰ-5) ਨੇ ਦੇਸ਼-ਭਗਤੀ ਨਾਲ ਓਤ-ਪੋਤ ਇੱਕ ਕਵਿਤਾ ਪੇਸ਼ ਕੀਤੀ। ਵਿਚਾਰ-ਵਟਾਂਦਰੇ ਦੇ ਸੈਸ਼ਨ ਦੌਰਾਨ ਅਰਸ਼ਦੀਪ (ਬੀ ਐੱਸ ਸੀ ਬਾਇਓਟੈਕਨਾਲੋਜੀ) ਅਤੇ ਆਕਾਂਸ਼ੀ (ਬੀ.ਏ. ਸਮੈਸਟਰ-5) ਨੇ ਆਜ਼ਾਦੀ ਦੇ ਸੂਰਮਿਆਂ ਅਤੇ ਰਾਸ਼ਟਰ ਨਿਰਮਾਣ ਵਿੱਚ ਨੌਜਵਾਨਾਂ ਦੀ ਭੂਮਿਕਾ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਦੀਆ ਸ਼ਰਮਾ (ਬੀ ਏ ਸਮੈਸਟਰ-5) ਨੇ ਪ੍ਰਣਾਲੀ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਨੂਰਜੋਤ ਕੌਰ (ਬੀ ਐੱਸ ਸੀ ਮੈਡੀਕਲ, ਸਮੈਸਟਰ-3) ਨੇ ਆਪਣੇ ਘਰ ਤੋਂ ਹੀ ਸਕਾਰਾਤਮਕ ਬਦਲਾਅ ਦੀ ਸ਼ੁਰੂਆਤ ਕਰਕੇ ਜ਼ਿੰਮੇਵਾਰ ਨਾਗਰਿਕ ਬਣਨ ਦਾ ਸੰਦੇਸ਼ ਦਿੱਤਾ। ਅਨੰਨਿਕਾ (ਬੀ ਏ ਸਮੈਸਟਰ-3) ਨੇ ਭ੍ਰਿਸ਼ਟਾਚਾਰ ਅਤੇ ਸਮਾਜ ਉੱਤੇ ਇਸ ਦੇ ਮਾੜੇ ਪ੍ਰਭਾਵਾਂ ਬਾਰੇ ਆਪਣੇ ਵਿਚਾਰ ਰੱਖੇ, ਜਦਕਿ ਤਨਵੀ (ਬੀ.ਏ. ਸਮੈਸਟਰ-3) ਨੇ ਆਜ਼ਾਦੀ ਦੇ ਸੂਰਮਿਆਂ ਅਤੇ ਦੇਸ਼ ਦੇ ਵਿਕਾਸ ਸਬੰਧੀ ਆਪਣੇ ਵਿਚਾਰ ਪ੍ਰਗਟ ਕੀਤੇ। ਸਮਾਗਮ ਦੇ ਅੰਤ ਵਿੱਚ ਸਿਮਰਨਜੀਤ ਕੌਰ (ਬੀ.ਏ. ਸਮੈਸਟਰ-5) ਨੇ ਦੇਸ਼-ਭਗਤੀ ਨਾਲ ਭਰਪੂਰ ਕਵਿਤਾ ਪੇਸ਼ ਕਰਕੇ ਸਮਾਗਮ ਨੂੰ ਯਾਦਗਾਰ ਬਣਾਇਆ। ਇਸ ਸਮਾਗਮ ਦਾ ਸਫਲ ਸੰਚਾਲਨ ਡਾ. ਉਰਵਸ਼ੀ ਮਿਸ਼ਰਾ, ਡੀਨ ਵਿਦਿਆਰਥੀ ਕੌਂਸਲ ਅਤੇ ਸ਼੍ਰੀਮਤੀ ਅਲਕਾ ਸ਼ਰਮਾ, ਮੁਖੀ, ਰਾਜਨੀਤੀ ਸ਼ਾਸਤਰ ਵਿਭਾਗ ਨੇ ਕੀਤਾ।

# ਵਿਧਾਇਕ ਨੇ ਰਾਸ਼ਨ ਕਿੱਟਾਂ ਵੰਡੀਆਂ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਪਿੰਡ ਭੁੰਗਰਨੀ ਵਿਖੇ ਮੇਰੀ ਰਸੋਈ ਸਕੀਮ ਤਹਿਤ ਹਲਕਾ ਵਿਧਾਇਕ ਚੱਬੇਵਾਲ ਡਾਕਟਰ ਇਸ਼ਾਂਕ ਕੁਮਾਰ ਵੱਲੋਂ 200 ਰਾਸ਼ਨ ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਡਾਕਟਰ ਇਸ਼ਾਂਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ



ਦੱਸਿਆ ਕਿ ਆਪ ਦੀ ਸਰਕਾਰ ਵੱਲੋਂ ਲੋਕ ਭਲਾਈ ਸਕੀਮਾਂ ਚੱਲ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਬਿਜਲੀ ਦੇ ਬਿੱਲ ਮੁਆਫ, ਮੁੱਖ ਮੰਤਰੀ ਤੀਰਥ ਯਾਤਰਾ, ਬੀਬੀਆਂ ਨੂੰ 1000-1500 ਸਤਿਕਾਰ ਸਕੀਮ,ਮੇਰੀ ਰਸੋਈ ਸਕੀਮ ਤਹਿਤ ਰਾਸ਼ਨ ਕਿੱਟਾਂ ਵੰਡੀਆਂ, ਰਾਸ਼ਨ ਕਾਰਡ ਨਵੇਂ ਬਣਾਉਣਾ, ਦੱਸ ਲੱਖ ਰੁਪਏ ਦਾ ਸਿਹਤ ਬੀਮਾ ਅਤੇ ਹੋਰ ਕਈ ਸਕੀਮਾਂ ਚੱਲ ਰਹੀਆਂ ਹਨ। ਉਨ੍ਹਾਂ ਦੱਸਿਆ ਕਿ 2027 ਆਉਣ ਵਾਲੀਆਂ ਚੋਣਾਂ ਵਿੱਚ ਆਪ ਆਦਮੀ ਪਾਰਟੀ ਦੀ ਸਰਕਾਰ ਦੁਆਰਾ ਬਣੇਗੀ। ਇਸ ਮੌਕੇ ਬਾਬਾ ਸੁਖਦੇਵ ਸਿੰਘ ਹੈੱਡ ਗ੍ਰੰਥੀ ਭੁੰਗਰਨੀ, ਪੱਤਰਕਾਰ ਜਗਤਾਰ ਸਿੰਘ ਭੁੰਗਰਨੀ, ਬਲਵੀਰ ਸਿੰਘ ਤੇਖੜ, ਸੁਰਜੀਤ ਕੁਮਾਰ ਹੈਪੀ ਸਾਬਕਾ ਪੰਚ, ਬਲਵਿੰਦਰ ਸਿੰਘ,ਅਮਨਦੀਪ ਸਿੰਘ, ਮਿੰਟਾਂ ਭੁੰਗਰਨੀ, ਦਵਿੰਦਰ ਸਿੰਘ ਪੰਚ, ਕੁਲਜੀਤ ਸਿੰਘ ਫੂਡ ਇੰਸਪੈਕਟਰ ਹੁਸ਼ਿਆਰਪੁਰ, ਸਰਪੰਚ ਗੁਰਦੀਪ ਕੌਰ, ਇੰਦਰਜੀਤ ਕੌਰ ਪੰਚ, ਸੁਖਵਿੰਦਰ ਸਿੰਘ ਪੰਚ, ਸਤਨਾਮ ਸਿੰਘ ਪਰਹਾਰ ਪੰਚ, ਡਾਕਟਰ ਕੁਲਦੀਪ ਕੌਰ, ਉਸ਼ਾ ਰਾਣੀ ਸਾਬਕਾ ਸਰਪੰਚ,ਮਨਜੀਤ ਸਿੰਘ ਪ੍ਰਧਾਨ ਗੁਰਦੁਆਰਾ ਸ਼੍ਰੀ ਗੁਰੂ ਰਵਿਦਾਸ ਜੀ ਮਹਾਰਾਜ ਭੁੰਗਰਨੀ, ਧਰਮਪਾਲ ਸਿੰਘ, ਸੁਰਿੰਦਰ ਸਿੰਘ ਲੰਬੜਦਾਰ, ਜਸਵੀਰ ਕੌਰ ਸਹਿਗਲ, ਮਿਸਤਰੀ ਜੋਗਿੰਦਰ ਸਿੰਘ, ਪਿਆਰਾ ਸਿੰਘ ਆਦਿ ਹਾਜ਼ਰ ਸਨ।

# ਫਾਲਕਨ ਇੰਟਰਨੈਸ਼ਨਲ ਸਕੂਲ 'ਚ ਲੇਖ ਲਿਖਨ ਦੀ ਪ੍ਰਤੀਯੋਗਤਾ

**ਸੁਲਤਾਨਪੁਰ ਲੋਧੀ, (ਹਨੀ)**-ਫਾਲਕਨ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਵਿਖੇ ਲਿਖਣ ਦੀ ਕਲਾ, ਰਚਨਾਤਮਕ ਸੋਚ ਅਤੇ ਆਤਮ-ਵਿਸ਼ਵਾਸ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਪਹਿਲੀ ਤੋਂ ਤੀਜੀ ਜਮਾਤ ਦੇ ਵਿਦਿਆਰਥੀਆਂ ਲਈ ਐੱਸੇ ਰਾਈਟਿੰਗ ਕੰਪੀਟੀਸ਼ਨ ਦਾ ਆਯੋਜਨ ਕੀਤਾ ਗਿਆ। ਵਿਦਿਆਰਥੀਆਂ ਨੇ ਉਤਸ਼ਾਹ, ਲਗਨ ਅਤੇ ਆਤਮ-ਵਿਸ਼ਵਾਸ ਨਾਲ ਭਾਗ ਲੈਂਦਿਆਂ ਆਪਣੀ ਸਿਰਜਣਾਤਮਕ ਲਿਖਣ ਕਲਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਹ ਪ੍ਰਤੀਯੋਗਤਾ ਸਕੂਲ ਦੇ ਚੇਅਰਮੈਨ ਕਰਨਲ ਮਨਜੀਤ ਸਿੰਘ ਢਿੱਲੋਂ, ਮੈਨੇਜਿੰਗ ਡਾਇਰੈਕਟਰ ਨਵਦੀਪ ਕੌਰ ਢਿੱਲੋਂ ਤੇ ਵਾਇਸ ਪ੍ਰਿੰਸੀਪਲ ਰਵਿੰਦਰਜੀਤ ਕੌਰ ਦੀ ਅਗਵਾਈ ਹੇਠ ਅਤੇ ਐਕਟੀਵਿਟੀ ਇੰਚਾਰਜ ਸ਼ਰਨਜੀਤ ਕੌਰ ਦੀ ਸੁਚੱਜੀ ਦੇਖ-ਰੇਖ ਹੇਠ ਸਫਲਤਾਪੂਰਵਕ ਸੰਪੰਨ ਹੋਈ।ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਦੇ ਨਤੀਜੇ ਬਹੁਤ ਹੀ ਸ਼ਾਨਦਾਰ ਰਹੇ। ਪਹਿਲੀ ਦੀ ਵਿਦਿਆਰਥਣ ਜਸਲੀਨ ਕੌਰ ਨੇ ਪਹਿਲਾ, ਪਿਊਸ਼ ਨੇ ਦੂਜਾ ਅਤੇ ਜਸਲੀਨ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ, ਜਦਕਿ ਗੁਰਸ਼ਰਨ ਕੌਰ ਅਤੇ ਜਸਲੀਨ ਕੌਰ ਨੂੰ ਕੌਂਸੋਲੇਸ਼ਨ ਸਥਾਨ ਹਾਸਲ ਹੋਇਆ। ਕਲਾਸ ਦੂਜੀ ਏ ਦੀ ਵਿਦਿਆਰਥਣ ਪਰਨੀਤ ਕੌਰ ਨੇ ਪਹਿਲਾ, ਕਾਵਿਆ ਨੇ ਦੂਜਾ ਅਤੇ ਮਨਸੀਰਤ



ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਮਨਕੀਰਤ ਕੌਰ ਤੇ ਸਿਮਰਨਜੀਤ ਕੌਰ ਨੂੰ ਕੌਂਸੋਲੇਸ਼ਨ ਸਥਾਨ ਹਾਸਲ ਕੀਤਾ। ਕਲਾਸ ਦੂਜੀ ਬੀ ਦੀ ਵਿਦਿਆਰਥਣ ਐਸ਼ਲੀਨ ਕੌਰ ਨੇ ਪਹਿਲਾ, ਕਾਇਰਾ ਕਾਲਰਾ ਨੇ ਦੂਜਾ ਅਤੇ ਮੋਹਿਤ ਕੁਮਾਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਗੁਰਨੂਰ ਕੌਰ ਅਤੇ ਗੁਰਸਹਜ ਸਿੰਘ ਨੂੰ ਕੌਂਸੋਲੇਸ਼ਨ ਸਥਾਨ ਮਿਲਿਆ। ਇਸੇ ਤਰ੍ਹਾਂ ਹੀ ਕਲਾਸ ਤੀਜੀ ਦੇ ਹੋਣਹਾਰ ਵਿਦਿਆਰਥੀ ਆਭਾਸ ਨੇ ਪਹਿਲਾ, ਗੁਰਕੀਰਤ ਸਿੰਘ ਨੇ ਦੂਜਾ ਅਤੇ ਸੋਨਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ, ਜਦਕਿ ਗੁਰਫਤਿਹ ਸਿੰਘ ਅਤੇ ਦਕਸ਼ਿਤਾ ਸ਼ਰਮਾ ਨੇ ਕੌਂਸੋਲੇਸ਼ਨ ਸਥਾਨ ਹਾਸਲ ਕੀਤਾ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਨਵਦੀਪ ਕੌਰ ਢਿੱਲੋਂ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੀਆਂ ਸਾਹਿਤਕ ਅਤੇ ਬੌਧਿਕ ਗਤੀਵਿਧੀਆਂ ਵਿਦਿਆਰਥੀਆਂ ਦੀ ਸੋਚਣ-ਸਮਝਣ ਦੀ ਸਮਰੱਥਾ, ਭਾਸ਼ਾ ਉੱਤੇ ਪਕੜ ਅਤੇ ਸਿਰਜਣਾਤਮਕ ਅਭਿਵਿਅਕਤੀ ਨੂੰ ਨਿਖਾਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਨੇ ਸਮੂਹ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਸ਼ਲਾਘਾ ਕਰਦਿਆਂ ਭਵਿੱਖ ਵਿੱਚ ਵੀ ਅਜਿਹੀਆਂ ਪ੍ਰਤੀਯੋਗਤਾਵਾਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਰਸ਼ਮੀ ਸ਼ਰਮਾ, ਪੂਜਾ, ਕਰਮਦੀਪ ਕੌਰ ਅਤੇ ਐਕਟੀਵਿਟੀ ਇੰਚਾਰਜ ਸ਼ਰਨਜੀਤ ਕੌਰ ਆਦਿ ਸਟਾਫ ਮੈਂਬਰ ਹਾਜ਼ਰ ਸਨ। ਅੰਤ ਵਿੱਚ ਜੇਤੂ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ।

# ਕੁਇਜ਼ ਮੁਕਾਬਲਾ ਕਰਵਾਇਆ

**ਕਪੂਰਥਲਾ (ਹਨੀ)**-ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਪ੍ਰਸ਼ਾਸਕ ਇੰਜੀ. ਨਿਮਰਤਾ ਕੌਰ ਦੀ ਅਗਵਾਈ ਵਿਚ ਕਪੂਰਥਲਾ ਸਹੋਦਿਆ ਇੰਟਰ-ਸਕੂਲ ਗਿਆਨ ਅਤੇ ਜਾਗਰੂਕਤਾ (ਜੀ ਕੇ) ਕੁਇਜ਼ ਮੁਕਾਬਲਾ ਕਰਵਾਇਆ ਗਿਆ। ਵਿਦਿਆਰਥੀਆਂ ਦੇ ਬੌਧਿਕ ਵਿਕਾਸ ਅਤੇ ਗਿਆਨ ਵਿੱਚ ਵਾਧਾ ਕਰਨ ਦੇ ਉਦੇਸ਼ ਨਾਲ ਕਰਵਾਏ ਗਏ ਇਸ ਮੁਕਾਬਲੇ ਵਿੱਚ ਕਪੂਰਥਲਾ ਸਹੋਦਿਆ ਨਾਲ ਸੰਬੰਧਿਤ ਲਗਭਗ 15 ਸਕੂਲਾਂ ਦੀਆਂ ਟੀਮਾਂ ਨੇ ਭਾਗ ਲਿਆ। ਸਮਾਗਮ ਦੀ ਸ਼ੁਰੂਆਤ ਸ਼ਬਦ ਗਾਇਨ ਅਤੇ ਸ਼ਮਾ ਰੋਸ਼ਨ ਦੀ ਰਸਮ ਨਾਲ ਹੋਈ। ਮੁਕਾਬਲੇ ਦੌਰਾਨ ਵਿਸ਼ਾਲ ਸੇਠੀ ਅਤੇ ਰੋਹਿਤ ਚਤਰਥ ਨੇ ਜੱਜ ਵਜੋਂ ਆਪਣੀਆਂ ਸੇਵਾਵਾਂ ਨਿਭਾਈਆਂ। ਮੁਕਾਬਲਾ ਦੋ ਪੜਾਵਾਂ ਵਿੱਚ ਕਰਵਾਇਆ ਗਿਆ। ਪਹਿਲੇ ਪੜਾਅ ਵਿੱਚ ਲਿਖਤੀ ਪ੍ਰੀਖਿਆ ਰਾਹੀਂ ਸਰਵੋਤਮ ਪ੍ਰਦਰਸ਼ਨ ਕਰਨ ਵਾਲੀਆਂ ਪੰਜ ਟੀਮਾਂ ਨੂੰ ਅੰਤਿਮ ਦੌਰ ਲਈ ਚੁਣਿਆ ਗਿਆ। ਅੰਤਿਮ ਪੜਾਅ ਵਿੱਚ ਗਣਿਤ, ਵਿਗਿਆਨ, ਸਮਾਜਿਕ



ਵਿਗਿਆਨ, ਆਮ ਗਿਆਨ, ਮੌਜੂਦਾ ਘਟਨਾਕ੍ਰਮ ਅਤੇ ਬੁੱਧੀ-ਸ਼ਕਤੀ ਨਾਲ ਸੰਬੰਧਤ ਰੋਚਕ ਸਵਾਲ ਪੁੱਛੇ ਗਏ, ਜਿਨ੍ਹਾਂ ਦਾ ਵਿਦਿਆਰਥੀਆਂ ਨੇ ਬੜੇ ਆਤਮ-ਵਿਸ਼ਵਾਸ ਨਾਲ ਜਵਾਬ ਦਿੱਤਾ।ਸੈਨਿਕ ਸਕੂਲ ਪਹਿਲੇ, ਐਮ.ਜੀ.ਐਮ. ਸਕੂਲ ਕਪੂਰਥਲਾ ਦੂਜੇ ਅਤੇ ਗੁਰੂ ਅਮਰ ਦਾਸ ਪਬਲਿਕ ਸਕੂਲ, ਉੱਚਾ ਬੇਟ ਤੀਜੇ ਸਥਾਨ 'ਤੇ ਰਿਹਾ। ਜੇਤੂ ਅਤੇ ਉਪ-ਜੇਤੂ ਟੀਮਾਂ ਨੂੰ ਟਰਾਫੀਆਂ, ਤਗਮਿਆਂ ਅਤੇ ਸਰਟੀਫਿਕੇਟਾਂ ਨਾਲ ਸਨਮਾਨਤ ਕੀਤਾ ਗਿਆ।ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਇੰਜੀ. ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਸਕੂਲ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਅਤੇ ਸਕੂਲ ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਨੇ ਜੇਤੂ ਟੀਮਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਦੀ ਗਿਆਨ-ਸਮਰੱਥਾ, ਤਰਕਸ਼ੀਲ ਸੋਚ ਅਤੇ ਆਤਮ-ਵਿਸ਼ਵਾਸ ਨੂੰ ਨਿਖਾਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

# ਮਿਸ਼ਨ ਹਰਿਆਲੀ ਤਹਿਤ ਬੂਟੇ ਲਗਾਉਣ ਦੀ ਮੁਹਿੰਮ ਜਾਰੀ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**-ਹਰਿਆਲੀ ਸੰਸਥਾ ਪੰਜਾਬ ਵੱਲੋਂ ਸ਼ੁਰੂ ਕੀਤੇ ਗਏ ਮਿਸ਼ਨ ਗਰੀਨ ਦੇ ਤਹਿਤ ਸਰਕਾਰੀ ਹਾਈ ਸਕੂਲ ਆਲਮਪੁਰ ਵਿਖੇ ਬੂਟੇ ਲਗਾ ਕੇ ਵਾਤਾਵਰਨ ਦੀ ਸੇਵਾ ਸੰਭਾਲ ਦਾ



ਸੰਦੇਸ਼ ਦਿੱਤਾ ਗਿਆ।ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650 ਸਾਲਾ ਸ਼ਤਾਬਦੀ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਇਸ ਮੁਹਿੰਮ ਦੇ ਦੌਰਾਨ ਮੁੱਖ ਅਧਿਆਪਕ ਮਨੋਜ ਕੁਮਾਰ ਦੀ ਅਗਵਾਈ ਵਿੱਚ ਸੰਸਥਾ ਦੇ ਪ੍ਰਬੰਧਕ ਹਰਜਿੰਦਰ ਸਿੰਘ ਤੇ ਗੁਰਵੀਰ ਕੌਰ ਭਾਰਦਵਾਜ ਨੇ ਸਮੂਹ ਸਟਾਫ ਤੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਸਕੂਲ ਦੇ ਚੌਗਿਰਦੇ ਵਿੱਚ ਵੱਖ-ਵੱਖ ਤਰ੍ਹਾਂ ਦੇ ਪੌਦੇ ਲਗਾਏ। ਇਸ ਮੌਕੇ ਸਕੂਲ ਮੁਖੀ ਮਨੋਜ ਕੁਮਾਰ ਨੇ ਹਰਿਆਲੀ ਸੰਸਥਾ ਪੰਜਾਬ ਵੱਲੋਂ ਸ਼ੁਰੂ ਕੀਤੇ ਗਏ ਇਸ ਉੱਦਮ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਸ ਉਦਮ ਦੇ ਨਾਲ ਜਿੱਥੇ ਪ੍ਰਦੂਸ਼ਿਤ ਹੋਏ ਵਾਤਾਵਰਣ ਦੀ ਸੇਵਾ ਸੰਭਾਲ ਹੋਵੇਗੀ ਉਥੇ ਹੀ ਮਹਾਨ ਰਹਿਬਰ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਮਹਾਨ ਸਿੱਖਿਆਵਾਂ ਦਾ ਪ੍ਰਚਾਰ ਤੇ ਪ੍ਰਸਾਰ ਵੀ ਹੋਵੇਗਾ। ਇਸ ਮੌਕੇ ਉਨਾਂ ਹਰਿਆਲੀ ਸੰਸਥਾ ਦੇ ਪ੍ਰਬੰਧਕ ਹਰਜਿੰਦਰ ਸਿੰਘ ਅਤੇ ਮੈਡਮ ਗੁਰਵੀਰ ਕੌਰ ਨੂੰ ਭਰੋਸਾ ਦਵਾਇਆ ਕਿ ਇਸ ਮਹਾਨ ਕਾਰਜ ਉਹਨਾਂ ਦਾ ਸਹਿਯੋਗ ਕੀਤਾ ਜਾਵੇਗਾ। ਇਸ ਸਮੇਂ ਪ੍ਰਬੰਧਕ ਹਰਜਿੰਦਰ ਸਿੰਘ ਨੇ ਦੱਸਿਆ ਕਿ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650 ਸ਼ਤਾਬਦੀ ਪ੍ਰਕਾਸ਼ ਉਤਸਵ, ਮੌਨਸੂਨ ਅਤੇ ਵਾਤਾਵਰਨ ਦੀ ਸੇਵਾ ਸੰਭਾਲ ਦੇ ਮੱਦੇ ਨਜ਼ਰ ਸ਼ੁਰੂ ਕੀਤੀ ਗਈ ਇਸ ਮੁਹਿੰਮ ਦੇ ਦੌਰਾਨ 6 ਅਗਸਤ ਨੂੰ ਜੀ ਆਰ ਡੀ ਇੰਟਰਨੈਸ਼ਨਲ ਕਾਲਜ ਆਫ ਨਰਸਿੰਗ ਟਾਂਡਾ ਵਿਖੇ ਕਾਲਜ ਦੇ ਸਮੂਹ ਪ੍ਰਬੰਧਕਾਂ ਤੇ ਸਟਾਫ ਦੇ ਸਹਿਯੋਗ ਨਾਲ ਪੌਦੇ ਲਗਾਏ ਜਾਣਗੇ ਅਤੇ ਇਸ ਮੌਕੇ ਵਿਸ਼ੇਸ਼ ਸੈਮੀਨਾਰ ਵੀ ਕਰਵਾਇਆ ਜਾਵੇਗਾ। ਇਸ ਮੌਕੇ ਸਵਰਨ ਸਿੰਘ, ਜਗਦੀਪ ਸਿੰਘ, ਰਾਜਕੁਮਾਰ, ਹਰਜੀਤ ਸਿੰਘ ਭੱਟੀ, ਨਵਨੀਤ ਕੌਰ, ਰਣਜੀਤ ਕੌਰ, ਰਾਜਕੁਮਾਰ, ਕੁਲਦੀਪ ਸਿੰਘ ਵੀ ਹਾਜ਼ਰ ਸਨ।

# ਸੰਤ ਬਾਬਾ ਬਖਸ਼ੀਸ਼ ਸਿੰਘ ਦੀ ਯਾਦ 'ਚ ਸਾਲਾਨਾ ਸੰਤ ਸਮਾਗਮ ਕਰਵਾਏ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਪਿੰਡ ਸ਼ੇਰਪੁਰ ਖ਼ਾਮ ਵਿਖੇ ਸ੍ਰੀਮਾਨ ਸੰਤ ਬਾਬਾ ਬਖਸ਼ੀਸ਼ ਸਿੰਘ ਜੀ ਕੁਟੀਆ ਵਾਲਿਆ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਸ਼੍ਰੀਮਾਨ ਸੰਤ ਬਾਬਾ ਬਖਸ਼ੀਸ਼ ਸਿੰਘ ਦੀ ਯਾਦ ਵਿੱਚ ਸਲਾਨਾ 31ਵਾਂ ਮਹਾਨ ਸੰਤ ਸਮਾਗਮ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਹਰਪ੍ਰੀਤ ਸਿੰਘ ਦੀ ਅਗਵਾਈ ਹੇਠ ਸ਼ਰਧਾ ਭਾਵਨਾ ਨਾਲ ਕਰਵਾਏ ਗਏ। ਇਸ ਮੌਕੇ



ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਹਰਪ੍ਰੀਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਾਲਾਨਾ ਸਮਾਗਮ ਮੌਕੇ 5 ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਦੀਵਾਨ ਹਾਲ ਵਿੱਚ ਸਿੰਘ ਸਾਹਿਬ ਜਥੇਦਾਰ ਬਾਬਾ ਗੁਰਦੇਵ ਸਿੰਘ ਮੁੱਖੀ ਸਹਿਬਜਾਦਾ ਬਾਬਾ ਫਹਤਿ ਸਿੰਘ ਜੀ ਤਰਨਾ ਦਲ ਬਜਵਾੜਾ ਕਲਾਂ, ਸੰਤ ਬਾਬਾ ਪਰਮਿੰਦਰ ਸਿੰਘ ਪੂਬੋਵਾਲ, ਸੰਤ ਬਾਬਾ ਜਨਕ ਸਿੰਘ ਜੱਬੜ, ਸੰਤ ਬਾਬਾ ਸਰਵਣ ਸਿੰਘ ਜੱਬੜ, ਸੰਤ ਬਾਬਾ ਜਗਜੀਤ ਸਿੰਘ ਬੈਰਾੜੀ, ਸੰਤ ਬਾਬਾ ਰਣਜੀਤ ਸਿੰਘ ਸੂਸਾ, ਸੰਤ ਬਾਬਾ ਅਵਤਾਰ ਸਿੰਘ ਭੀਲੋਵਾਲ,ਸੰਤ ਬਾਬਾ ਮਹਾਂਵੀਰ ਸਿੰਘ ਤਾਜੇਵਾਲ, ਸੰਤ ਬਾਬਾ ਬਲਬੀਰ ਸਿੰਘ ਲੰਗੇਰੀ, ਸੰਤ ਬਾਬਾ ਪ੍ਰੀਤਮ ਸਿੰਘ ਬਾੜੀਆ, ਸੰਤ ਬਾਬਾ ਬ੍ਰਿਕਮਜੀਤ ਸਿੰਘ ਨੰਗਲ ਖੁਰਦ, ਮਹੰਤ ਪ੍ਰਿਤਪਾਲ ਸਿੰਘ ਮਿੱਠਾ ਟਿਵਾਣਾ ਹੁਸ਼ਿਆਰਪੁਰ, ਸੰਤ ਬਾਬਾ ਸੰਤੋਖ ਸਿੰਘ ਪਾਲਦੀ, ਸੰਤ ਬਾਬਾ ਪਰਮਿੰਦਰ ਸਿੰਘ ਡਗਾਣਾ ਕਲਾਂ, ਸੰਤ ਬੀਬੀ ਹਰਜੀਤ ਕੌਰ ਹੁਸ਼ਿਆਰਪੁਰ, ਸੰਤ ਬਾਬਾ ਜਗਜੀਤ ਸਿੰਘ ਹਰਿਆਣਾ, ਬਾਬਾ ਗੁਰਨਾਮ ਸਿੰਘ ਉਦੇਸੀਆ, ਬਾਬਾ ਸਿਮਰਨ ਸਿੰਘ ਧਾਮੀਆਂ, ਸੰਤ ਬਾਬਾ ਰਣਜੀਤ ਸਿੰਘ ਜੀ ਸੂਸਾਂ ਵਾਲੇ, ਭਾਈ ਗੁਰਸਾਹਿਬ ਸਿੰਘ ਜਫ਼ਰਵਾਲ ਵਾਲੇ, ਭਾਈ ਦਲਜੀਤ ਸਿੰਘ ਮਹਿੰਗਰੋਵਾਲ ਦੋਆਬਾ ਵਾਲੇ, ਭਾਈ ਮਨਪ੍ਰੀਤ ਸਿੰਘ ਸ਼ੇਰਪੁਰ ਵਾਲੇ ਆਦਿ ਨੇ ਗੁਰਬਾਣੀ ਗੁਰਇਤਿਹਾਸ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਹਰਪ੍ਰੀਤ ਸਿੰਘ ਸ਼ੇਰਪੁਰ ਖ਼ਾਮ ਨੇ ਆਏ ਸੰਤ ਮਹਾਂਪੁਰਸ਼, ਰਾਗੀ ਜੱਥੇ, ਪ੍ਰਮੁੱਖ ਸਖਸ਼ੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਮਾਗਮ ਦੌਰਾਨ ਹਰਦੇਵ ਸਿੰਘ ਕੋਮਲ, ਬੀਬੀ ਇੰਦਰਜੀਤ ਕੌਰ ਕੋਮਲ, ਸਤਨਾਮ ਸਿੰਘ ਵਾਇਸ ਚੇਅਰਮੈਨ, ਉਂਕਾਰ ਸਿੰਘ ਭੋਗਪੁਰ, ਅਵਤਾਰ ਸਿੰਘ ਲੁਧਿਆਣਾ, ਸੁਖਵੀਰ ਕੁਮਾਰ ਲੁਧਿਆਣਾ, ਸਤਿੰਦਰ ਪਾਲ ਸਿੰਘ ਭੋਗਪੁਰ, ਪ੍ਰੇਮ ਸਿੰਘ, ਜਰਨੈਲ ਸਿੰਘ, ਰਾਮਜੀਤ ਸਿੰਘ, ਰਣਵੀਰ ਸਿੰਘ, ਸੁਖਜਿੰਦਰ ਸਿੰਘ, ਜਸਵੰਤ ਸਿੰਘ,ਮੋਹਣ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।ਇਸ ਮੌਕੇ ਸਮਾਗਮ ਦੌਰਾਨ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਗਏ।

# ਸੰਤ ਬਾਬਾ ਸੁਤੇਹ ਪ੍ਰਕਾਸ਼ ਦੀ ਬਰਸੀ ਮਨਾਈ

**ਅੱਡਾ ਸਰਾਂ (ਜਸਵੀਰ ਕਾਜਲ)**-ਸੰਤ ਬਾਬਾ ਸੁਤੇਹ ਪ੍ਰਕਾਸ਼ ਜੀ ਦੀ 53 ਵੀ ਬਰਸੀ 1 ਅਗਸਤ ਨੂੰ ਉਹਨਾਂ ਦੇ ਤੱਪ ਅਸਥਾਨ ਸੰਤ ਬਾਬਾ ਸੁਤੇਹ ਪ੍ਰਕਾਸ਼ ਜੀ ਪਿੰਡ ਖੁਣਖੁਣ ਖੁਰਦ ਵਿਖੇ ਪੂਰੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹੋਇਆਂ ਸੰਤ ਬਾਬਾ ਭੁਪਿੰਦਰ ਦਾਸ ਜੀ ਤੇ ਸੇਵਾਦਾਰ ਸਤਨਾਮ ਸਿੰਘ ਨੇ ਦੱਸਿਆ ਕਿ ਇਸ ਸਮਾਗਮ ਸਬੰਧੀ 28 ਜੁਲਾਈ ਤੋ ਰਾਤਰੀ ਦੀਵਾਨ ਸਜਾਏ ਜਾ ਰਹੇ ਸਨ। ਇਹਨਾਂ ਦੀਵਾਨਾ ਵਿਚ ਪੰਥ ਪ੍ਰਸਿੱਧ ਰਾਗੀ ਢਾਡੀ ਕਵੀਸ਼ਰਾ ਨੇ ਆਪਣੀ ਹਾਜ਼ਰੀ ਲਗਵਾਈ। ਇਸੇ ਲੜੀ ਤਹਿਤ ਗਿਆਨੀ ਮਨਜਿੰਦਰ ਸਿੰਘ ਰਸੂਲਪੁਰ, ਭਾਈ ਜਸਵੰਤ ਸਿੰਘ, ਸਤਨਾਮ ਸਿੰਘ ਕਾਹਲੋ, ਬਲਵੰਤ ਸਿੰਘ ਟਾਂਡੇ ਵਾਲੇ, ਕਰਨੈਲ ਸਿੰਘ ਕੋਮਲ ਆਦਿ ਜਥਿਆਂ ਨੇ ਸੰਗਤਾਂ ਨੂੰ ਗੁਰਬਾਣੀ ਨਾਲ ਨਿਹਾਲ ਕੀਤਾ। ਜਦਕਿ 1 ਅਗਸਤ ਨੂੰ ਦਿਨ ਸ਼ਨੀਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਲੜੀ ਦੇ ਭੋਗ ਉਪਰੰਤ ਪੰਥ ਪ੍ਰਸਿੱਧ ਕੀਰਤਨੀ ਜਥੇ ਗਿਆਨੀ ਹੀਰਾ ਸਿੰਘ ਰਤਨ ਦੇ ਜਥੇ, ਬਾਬਾ ਹਰਜੀਤ ਸਿੰਘ ਗੋਬਿੰਦਗੜ੍ਹ ਵਾਲੇ, ਢਾਡੀ ਦਰਵੇਸ਼ ਪਿੰਡ ਵਾਲੀਆ ਬੀਬੀਆ ਦਾ ਜਥਾ, ਤੇ ਪੰਥ ਪ੍ਰਸਿੱਧ ਜਥੇ, ਕਵੀਸ਼ਰੀ ਜਥੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ।ਇਸ ਸਮਾਗਮ ਵਿੱਚ ਬਾਬਾ ਹਰਦੀਪ ਸਿੰਘ ਲਵਲੀ ਜਾਜੇ ਵਾਲੇ, ਬਾਬਾ ਸ਼ਰਨਜੀਤ ਸਿੰਘ ਹਰੀਗੜ੍ਹ ਵਾਲੇ, ਸੰਤ ਗੁਰਮੁਖ ਦਾਸ ਗੜ੍ਹਦੀਵਾਲ, ਐਮ ਐਲ ਏ ਕਰਮਵੀਰ ਸਿੰਘ ਘੁੰਮਣ, ਕਮਲਜੀਤ ਸਿੰਘ ਕੁਲਾਰ, ਚੌਧਰੀ ਰਾਜਵਿੰਦਰ ਸਿੰਘ ਰਾਜਾ, ਤਰਲੋਕ ਸਿੰਘ ਸਾਹੀ, ਸੁਖਵਿੰਦਰ ਸਿੰਘ ਮੂਨਕ, ਰਸ਼ਪਾਲ ਸਿੰਘ ਗਿੱਲ, ਅਮਨ ਗਿੱਲ, ਜ਼ੋਰਾ ਸਿੰਘ ਚੀਮਾ ਪ੍ਰਧਾਨ, ਗੁਰਵਿੰਦਰ ਸਿੰਘ ਮੋਹਕਮਗੜ੍ਹ, ਦਵਿੰਦਰ ਸਿੰਘ ਰਾਏਪੁਰ, ਜਦਕਿ ਸੰਤ ਰੰਗੀ ਰਾਮ ਜਾਜਾ ਹਸਪਤਾਲ ਵਾਲਿਆਂ ਵੱਲੋਂ ਮੁਫ਼ਤ ਮੈਡੀਕਲ ਕੈਂਪ ਵੀ ਲਗਾਇਆ ਗਿਆ।ਬਰਸੀ ਸਮਾਗਮ ਵਿੱਚ ਦੇਸ਼ ਵਿਦੇਸ਼ ਤੋਂ ਉਚੇਚੇ ਤੌਰ ਤੇ ਪਹੁੰਚ ਕੇ ਸੰਗਤਾਂ ਨੇ ਹਾਜ਼ਰੀ ਲਗਵਾਈ। ਸਟੇਜ ਸਕੱਤਰ ਦੀ ਭੂਮਿਕਾ ਪ੍ਰਿਥੀਪਾਲ ਸਿੰਘ ਦਾਤਾ ਨੇ ਬਾਖੂਬੀ



ਨਿਭਾਈ।ਇਸ ਮੌਕੇ ਸਮਾਜ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੀਆਂ ਅਹਿਮ ਸ਼ਖ਼ਸੀਅਤਾਂ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮਨੋਹਰ ਲਾਲ ਥਾਣੇਦਾਰ, ਗੁਰਨਾਮ ਸਿੰਘ, ਨਿਰਮਲ ਸਿੰਘ, ਸੋਹਣ ਲਾਲ ਪ੍ਰਧਾਨ, ਪੂਰਨ ਸਿੰਘ ਥੇਦਾ ਚਿਪੜਾ, ਦੇਵਰਾਜ ਸਿੰਘ, ਬਿਹਾਰੀ ਲਾਲ, ਹਰਬਲਾਸ ਸਿੰਘ, ਸੂਬੇ ਸੁਰਜੀਤ ਸਿੰਘ, ਸੋਢੀ ਸੀਕਰੀ, ਪ੍ਰਦੀਪ ਸਿੰਘ, ਅਮਰੀਕ ਸਿੰਘ, ਗੜ੍ਹਦੀਵਾਲਾ, ਹੈਪੀ ਮੂਨਕਾਂ, ਮਾ ਪਰਮਜੀਤ ਸਿੰਘ, ਮਾ ਸਰਬਜੀਤ ਸਿੰਘ, ਡਾ ਕੁਲਦੀਪ ਸਿੰਘ, ਸੂਬੇ ਸ਼ਿੰਦਰਪਾਲ ਸਿੰਘ, ਡਾ ਸਹੋਤਾ, ਡਾ ਸਤਵਿੰਦਰ ਸਿੰਘ ਤਰਨ ਆਦਿ ਹਾਜ਼ਰ ਸਨ। ਬਰਸੀ ਸਮਾਗਮ ਵਿੱਚ ਛੋਲੇ ਭਟੂਰੇ, ਟਿੱਕੀਆਂ, ਨੂਡਲਜ਼ ,ਠੰਡੇ ਮਿੱਠੇ ਜਲ ਦੀ ਛਬੀਲ ਤੇ ਅਤੁੱਟ ਲੰਗਰ ਵਰਤਾਇਆ ਗਿਆ।

# ਸੀਚੇਵਾਲ ਵੱਲੋਂ ਚਿੱਟਾ ਮੁਕਤ ਪਿੰਡ ਮੁਹਿੰਮ ਦੀ ਸ਼ੁਰੂਆਤ

**ਸ਼ਾਹਕੋਟ/ਸੁਲਤਾਨਪੁਰ ਲੋਧੀ (ਗਿਆਨ ਸੈਦਪੁਰੀ, ਬਲਵਿੰਦਰ ਸਿੰਘ ਧਾਲੀਵਾਲ)**-ਰਾਜ ਸਭਾ ਮੈਂਬਰ ਅਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਪਿੰਡ ਸੀਚੇਵਾਲ ਤੋਂ 'ਚਿੱਟਾ ਮੁਕਤ ਪਿੰਡ' ਮੁਹਿੰਮ ਦੀ ਸ਼ੁਰੂਆਤ ਕਰਦਿਆਂ ਨਸ਼ਿਆਂ ਖ਼ਿਲਾਫ਼ ਸਮਾਜਕ ਭਾਗੀਦਾਰੀ ਦਾ ਸੱਦਾ ਦਿੱਤਾ। ਨਿਰਮਲ ਕੁਟੀਆ ਸੀਚੇਵਾਲ ਵਿਖੇ ਹੋਏ ਵਿਸ਼ਾਲ ਇਕੱਠ ਵਿੱਚ ਕਰੀਬ 32 ਪਿੰਡਾਂ ਦੇ ਸਰਪੰਚਾਂ, ਪੰਚਾਂ, ਮੋਹਤਬਰ ਵਿਅਕਤੀਆਂ ਅਤੇ ਪੁਲਸ ਅਧਿਕਾਰੀਆਂ ਨੇ ਸ਼ਮੂਲੀਅਤ ਕਰਦਿਆਂ ਆਪਣੇ-ਆਪਣੇ ਪਿੰਡਾਂ ਵਿੱਚ ਠੀਕਰੀ ਪਹਿਰੇ ਲਗਾਉਣ, ਸੀ ਸੀ ਟੀ ਵੀ ਕੈਮਰੇ ਸਥਾਪਤ ਕਰਨ ਅਤੇ ਪੁਲਸ ਪ੍ਰਸ਼ਾਸਨ ਨਾਲ ਵਟਸਐਪ ਗਰੁੱਪਾਂ ਰਾਹੀਂ ਲਗਾਤਾਰ ਤਾਲਮੇਲ ਬਣਾਈ ਰੱਖਣ ਦਾ ਅਹਿਦ ਲਿਆ।ਇਸ ਮੌਕੇ ਸੰਬੋਧਨ ਕਰਦਿਆਂ ਸੰਤ



ਸੀਚੇਵਾਲ ਨੇ ਕਿਹਾ ਕਿ ਪੰਜਾਬ ਦਾ ਭਵਿੱਖ ਬਚਾਉਣ ਲਈ ਹੁਣ ਸਮਾਜ ਨੂੰ ਵੀ ਖੁਦ ਅੱਗੇ ਆਉਣ ਪਵੇਗਾ। ਉਨ੍ਹਾਂ ਕਿਹਾ ਕਿ ਨਸ਼ਾ ਖਰੀਦਣ ਅਤੇ ਵੇਚਣ ਵਾਲਿਆਂ ਦੀ ਆਪਸੀ ਕੜੀ ਤੋੜੇ ਬਿਨਾਂ ਚਿੱਟੇ ਵਰਗੇ ਮਾਰੂ ਨਸ਼ੇ 'ਤੇ ਕਾਬੂ ਨਹੀਂ ਪਾਇਆ ਜਾ ਸਕਦਾ। ਉਨ੍ਹਾਂ ਕਿਹਾ ਕਿ ਚਿੱਟੇ ਦੀ ਲਤ ਕਾਰਨ ਨੌਜਵਾਨ ਚੋਰੀਆਂ, ਲੁੱਟਾਂ-ਖੋਹਾਂ ਅਤੇ ਹੋਰ ਅਪਰਾਧਾਂ ਵੱਲ ਧੱਕੇ ਜਾ ਰਹੇ ਹਨ, ਜਿਸ ਨਾਲ ਪਰਿਵਾਰ ਅਤੇ ਸਮਾਜ ਦੋਵੇਂ ਤਬਾਹ ਹੋ ਰਹੇ ਹਨ। ਸੰਤ ਸੀਚੇਵਾਲ ਨੇ ਪਿੰਡਾਂ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ੇ ਦੀ ਲਤ ਦਾ ਸ਼ਿਕਾਰ ਨੌਜਵਾਨਾਂ ਨਾਲ ਨਫ਼ਰਤ ਨਹੀਂ, ਸਗੋਂ ਹਮਦਰਦੀ ਦਾ ਰਵੱਈਆ ਅਪਣਾਇਆ ਜਾਵੇ ਅਤੇ ਪਿੰਡ ਪੱਧਰ ਤੇ ਉਨ੍ਹਾਂ ਨੂੰ ਮੁੜ ਸਿਹਤਮੰਦ ਜੀਵਨ ਵੱਲ ਲਿਆਉਣ ਲਈ ਪਰਿਵਾਰਾਂ, ਖ਼ਾਸ ਕਰਕੇ ਮਾਵਾਂ, ਦੀ ਭੂਮਿਕਾ ਨੂੰ ਮਜਬੂਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਥਾਣਿਆਂ ਵਿੱਚ ਪੁਲਿਸ ਮੁਲਾਜ਼ਮਾਂ ਦੀ ਗਿਣਤੀ ਸੀਮਤ ਹੈ, ਇਸ ਲਈ ਲੋਕਾਂ ਦੇ ਸਹਿਯੋਗ ਤੋਂ ਬਿਨਾਂ ਨਸ਼ਿਆਂ ਅਤੇ ਅਪਰਾਧਾਂ 'ਤੇ ਪੂਰੀ ਤਰ੍ਹਾਂ ਕਾਬੂ ਪਾਉਣਾ ਸੰਭਵ ਨਹੀਂ। ਇਸ ਲਈ ਹਰ ਪਿੰਡ ਵਿੱਚ ਠੀਕਰੀ ਪਹਿਰੇ, ਸੀ ਸੀ ਟੀ ਵੀ ਨਿਗਰਾਨੀ, ਸ਼ੱਕੀ ਵਿਅਕਤੀਆਂ ਦੀ ਸੂਚਨਾ ਅਤੇ ਪਿੰਡਾਂ ਦਰਮਿਆਨ ਤੁਰੰਤ ਸੰਪਰਕ ਪ੍ਰਣਾਲੀ ਵਟਸਐਪ ਗੁਰੱਪ ਬਣਾਉਣ ਦੀ ਲੋੜ ਹੈ। ਸੁਲਤਾਨਪੁਰ ਲੋਧੀ ਤੋਂ ਏ ਐਸ ਪੀ ਐਸ ਡੀ ਧੀਰੇਂਦਰ ਵਰਮਾ ਨੇ ਸੰਤ ਸੀਚੇਵਾਲ ਦੀ ਇਸ ਪਹਿਲ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਨਸ਼ਿਆਂ ਖ਼ਿਲਾਫ਼ ਲੜਾਈ ਲੋਕਾਂ ਦੇ ਸਹਿਯੋਗ ਤੋਂ ਬਿਨਾਂ ਨਹੀਂ ਜਿੱਤੀ ਜਾ ਸਕਦੀ। ਇਸ ਮੌਕੇ ਸੰਤ ਸੁਖਜੀਤ ਸਿੰਘ, ਸੰਤ ਗੁਰਮੀਤ ਸਿੰਘ, ਸੁਲਤਾਨਪੁਰ ਲੋਧੀ ਤੋਂ ਐਸ.ਐਚ.ਓ ਦਵਿੰਦਰਪਾਲ ਸਿੰਘ, ਲੋਹੀਆਂ ਤੋਂ ਐਸ ਐਚ ਓ ਸੁਖਵਿੰਦਰ ਸਿੰਘ, ਸੁਰਜੀਤ ਸਿੰਘ ਸ਼ੰਟੀ, ਹਰਦੇਵ ਸਿੰਘ, ਹਰਜਿੰਦਰ ਸਿੰਘ ਸ਼ੇਰਪੁਰ, ਸੂਬਾ ਸਿੰਘ, ਗੁਰਦੇਵ ਸਿੰਘ ਫੌਜੀ, ਕੁਲਵਿੰਦਰ ਸਿੰਘ, ਬੂਟਾ ਸਿੰਘ, ਸੁਖਜਿੰਦਰ ਸਿੰਘ, ਪ੍ਰਭਜੋਤ ਸਿੰਘ, ਸੁਰਜੀਤ ਸਿੰਘ, ਜੋਗਾ ਸਿੰਘ, ਅਮਰੀਕ ਸਿੰਘ, ਦਲਜੀਤ ਸਿੰਘ ਸਮੇਤ ਪਿੰਡ ਸੀਚੇਵਾਲ, ਚੱਕ ਚੇਲਾ, ਮਾਲੂਪੁਰ, ਮੋਤੀਪੁਰ, ਕੋਟਲੀ ਗਾਜਰਾਂ, ਬਦਲੀ, ਸਿਹਾਰੀਵਾਲ, ਰਾਈਵਾਲ ਦੋਨਾ, ਵਾੜਾ ਜਗੀਰ, ਉੱਗੀ, ਮਲਸੀਆਂ, ਟੁਰਨਾ, ਮੁਰੀਦਵਾਲ, ਤਲਵੰਡੀ ਮਾਧੋ, ਬਿੱਲੀ ਚਾਓ, ਕੋਟਲੀ ਕੰਬੋਜ, ਡਡਵਿੰਡੀ, ਬਿੱਲੀ ਬੜੈਚ, ਗਿੱਦੜਪਿੰਡੀ, ਸਿੱਧਵਾਂ ਦੋਨਾ, ਭਾਣੋਲੰਗਾ, ਮੱਲੀਵਾਲ, ਸ਼ੇਰਪੁਰ ਦੋਨਾ, ਮਿਰਾਜਵਾਲ, ਫੌਜੀ ਕਲੋਨੀ, ਸ਼ੇਖਮਾਂਗਾ, ਸਰੂਪਵਾਲ, ਕੰਨੀਆਂ ਖੁਰਦ, ਨੰਗਲ ਅੰਬੀਆਂ, ਥਿਗਲੀ, ਦੌਧਰ ਸਮੇਤ ਵੱਖ-ਵੱਖ ਪਿੰਡਾਂ ਦੇ ਸਰਪੰਚਾਂ, ਪੰਚਾਂ ਅਤੇ ਮੋਹਤਬਰ ਵਿਅਕਤੀਆਂ ਨੇ ਮੁਹਿੰਮ ਨੂੰ ਪੂਰਾ ਸਮਰਥਨ ਦੇਣ ਦਾ ਭਰੋਸਾ ਦਿੱਤਾ।

# ਕੈਬਨਿਟ ਮੰਤਰੀ ਵੱਲੋਂ ਪਾਣੀ ਦੀ ਟੈਂਕੀ ਦਾ ਉਦਘਾਟਨ

**ਹੁਸ਼ਿਆਰਪੁਰ, (ਓ ਪੀ ਰਾਣਾ, ਬਲਬੀਰ ਸਿੰਘ ਸੈਣੀ)**-ਪੰਜਾਬ ਦੇ ਜੇਲ੍ਹ ਅਤੇ ਪ੍ਰਵਾਸੀ ਭਾਰਤੀ ਮਾਮਲਿਆਂ ਦੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਸ਼ਾਮਚੁਰਾਸੀ ਹਲਕੇ ਦੇ ਪਿੰਡ ਪੰਡੋਰੀ ਬਾਵਾ ਦਾਸ ਵਿਖੇ ਕਰਵਾਈ ਗਈ ਲੋਕ ਮਿਲਣੀ ਦੌਰਾਨ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਮੌਕੇ 'ਤੇ ਹੀ ਕਈ ਮਸਲਿਆਂ ਦੇ ਹੱਲ ਲਈ ਸਬੰਧਿਤ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕੀਤੇ। ਇਸ ਮੌਕੇ ਪਿੰਡ ਵਾਸੀਆਂ ਦੀ ਲੰਮੇ ਸਮੇਂ ਤੋਂ ਚੱਲ ਰਹੀ ਮੰਗ ਨੂੰ ਪੂਰਾ ਕਰਦਿਆਂ 50,000 ਲੀਟਰ



ਸਮਰੱਥਾ ਵਾਲੀ ਪੀਣ ਵਾਲੇ ਪਾਣੀ ਦੀ ਨਵੀਂ ਟੈਂਕੀ ਦਾ ਵੀ ਉਦਘਾਟਨ ਕੀਤਾ ਗਿਆ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਇਸ ਪ੍ਰਾਜੈਕਟ ਨਾਲ ਪਿੰਡ ਦੇ ਲੋਕਾਂ ਨੂੰ ਸਾਫ਼ ਪੀਣ ਵਾਲੇ ਪਾਣੀ ਦੀ ਨਿਰੰਤਰ ਸਪਲਾਈ ਯਕੀਨੀ ਬਣੇਗੀ ਅਤੇ ਪਾਣੀ ਦੀ ਕਮੀ ਦੀ ਸਮੱਸਿਆ ਤੋਂ ਵੱਡੀ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਸਰਕਾਰ ਦੀ ਪਹਿਲੀ ਜ਼ਿੰਮੇਵਾਰੀ ਹੈ ਅਤੇ ਇਸ ਦਿਸ਼ਾ ਵਿੱਚ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ।ਇਸ ਮੌਕੇ ਉਨ੍ਹਾਂ ਵੱਲੋਂ ਮੁੱਖ ਮੰਤਰੀ ਮੇਰੀ ਰਸੋਈ ਸਕੀਮ ਅਧੀਨ ਲੋੜਵੰਦ ਪਰਿਵਾਰਾਂ ਨੂੰ ਸਮਾਰਟ ਕਾਰਡ ਅਤੇ ਰਾਸ਼ਨ ਕਿੱਟਾਂ ਵੀ ਵੰਡੀਆਂ ਗਈਆਂ।ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਯੋਗ ਅਤੇ ਲੋੜਵੰਦ ਪਰਵਾਰ ਸਰਕਾਰੀ ਭਲਾਈ ਸਕੀਮਾਂ ਤੋਂ ਵਾਂਝਾ ਨਾ ਰਹੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮੇਰੀ ਰਸੋਈ ਸਕੀਮ ਰਾਹੀਂ ਲੋੜਵੰਦ ਪਰਿਵਾਰਾਂ ਨੂੰ ਸਨਮਾਨ ਨਾਲ ਜ਼ਰੂਰੀ ਖੁਰਾਕੀ ਸਹਾਇਤਾ ਮੁਹੱਈਆ ਕਰਵਾਈ ਜਾ ਰਹੀ ਹੈ, ਜਿਸ ਨਾਲ ਉਨ੍ਹਾਂ ਨੂੰ ਵੱਡੀ ਰਾਹਤ ਮਿਲ ਰਹੀ ਹੈ।ਕੈਬਨਿਟ ਮੰਤਰੀ ਨੇ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਕਿਸੇ ਵੀ ਸਮੱਸਿਆ ਸਬੰਧੀ ਬੇਝਿਜਕ ਆਪਣੇ ਨੁਮਾਇੰਦਿਆਂ ਜਾਂ ਪ੍ਰਸ਼ਾਸਨ ਨਾਲ ਸੰਪਰਕ ਕਰਨ।

# ਸ਼ਰਧਾਲੂਆਂ ਨੂੰ ਸਹੂਲਤਾਂ ਪ੍ਰਦਾਨ ਕਰਨ ਲਈ ਤਿਆਰੀਆਂ ਸ਼ੁਰੂ : ਰਵੀ ਗਾਂਧੀ


**ਟਾਂਡਾ ਉੜਮੁੜ (ਮਿਥਲੇਸ ਗਰਗ, ਜਸਵਿੰਦਰ ਸੰਧੂ)**-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਾਵਨ ਮਹੀਨੇ ਵਿੱਚ ਮਾਤਾ ਚਿੰਤਪੁਰਨੀ ਦੇ ਦਰਬਾਰ ਵਿੱਚ ਮੱਥਾ ਟੇਕਣ ਲਈ ਲੱਖਾਂ ਸ਼ਰਧਾਲੂ ਢੋਲਵਾਹਾ ਜਨੌੜੀ ਦੇ ਰਸਤੇ ਪੈਦਲ ਤੇ ਆਪਣੇ ਵਾਹਨਾਂ ਰਾਹੀਂ ਜਾਂਦੇ ਹਨ ਅਤੇ ਇਨ੍ਹਾਂ ਸ਼ਰਧਾਲੂਆਂ ਦੇ ਖਾਣ ਪੀਣ ਲਈ ਲੰਗਰ ਆਦੀ ਤੋਂ ਇਲਾਵਾ ਆਰਾਮ ਕਰਨ ਲਈ ਮਾਂ ਮਾਤੇਸ਼ਵਰੀ ਚਿੰਤਪੁਰਨੀ ਮੰਦਿਰ ਢੋਲਵਾਹਾ ਦੇ ਸੰਸਥਾਪਕ ਤੇ ਮੰਦਰ ਕਮੇਟੀ ਦੇ ਸਰਪ੍ਰਸਤ ਠਾਕੁਰ ਰਵੀ ਗਾਂਧੀ ਦੀ ਅਗਵਾਈ ਵਿੱਚ ਸ਼ੁਰੂ ਕੀਤੀਆਂ ਗਈਆਂ ਤਿਆਰੀਆਂ ਵਿੱਚ ਹੋਰ ਤੇਜ਼ੀ ਲਿਆਉਣ ਸੰਬੰਧੀ ਵਿਚਾਰ ਵਟਾਂਦਰਾ ਕਰਨ ਲਈ ਰਵੀ ਗਾਂਧੀ ਦੀ ਅਗਵਾਈ ਵਿੱਚ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵੱਖ-ਵੱਖ ਸੰਸਥਾਵਾਂ ਦੇ ਆਗੂਆਂ ਨੇ ਭਾਗ ਲਿਆ। ਹਾਜ਼ਰ ਇਕੱਠ ਨਾ ਸੰਬੋਧਨ ਕਰਦੇ ਹੋਏ ਠਾਕੁਰ ਰਵੀ ਗਾਂਧੀ ਨੇ ਕਿਹਾ ਕਿ ਢੋਲਵਾਹਾ ਮੰਦਿਰ ਤੋਂ ਢੋਲਵਾਹਾ ਡੈਮ ਤੱਕ 4 ਕਿਲੋਮੀਟਰ ਲੰਬੀ ਸੜਕ ਦੇ ਕਿਨਾਰਿਆਂ ਤੇ ਉੱਘੀਆਂ ਝਾੜੀਆਂ ਦੀ 2 ਕਿਲੋਮੀਟਰ ਤੱਕ ਸਫ਼ਾਈ ਕਰ ਦਿੱਤੀ ਗਈ ਹੈ ਅਤੇ ਬਾਕੀ



ਰਹਿੰਦੀ ਸਫ਼ਾਈ ਦਾ ਕੰਮ ਵੀ ਜਲਦ ਪੂਰਾ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮਾਤਾ ਜੀ ਦੇ ਸ਼ਰਧਾਲੂਆਂ ਨੂੰ ਕਿਸੇ ਵੀ ਪ੍ਰਕਾਰ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ ਦੇ ਲਈ ਮੰਦਿਰ ਕਮੇਟੀ ਵੱਲੋਂ ਹਰ ਪ੍ਰਕਾਰ ਦੀ ਸਹੂਲਤ ਪ੍ਰਧਾਨ ਕਰਨ ਦੇ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਢੋਲਵਾਹਾ ਜਨੌੜੀ ਮੰਦਿਰ ਤੋਂ ਲੈ ਕੇ ਢੋਲਵਾਹਾ ਡੈਮ ਤੱਕ ਜਾਣ ਵਾਲੀ ਸੜਕ ਦੀ ਹਾਲਤ ਬਹੁਤ ਖਰਾਬ ਹੋਈ ਪਈ ਹੈ ਭਾਵੇਂ ਕਿ ਸੰਬੰਧਿਤ ਸੜਕ ਨਿਰਮਾਣ ਵਿਭਾਗ ਵੱਲੋਂ ਇਸ ਸੜਕ ਦੀ ਮੁਰੰਮਤ ਦਾ ਕੰਮ ਸ਼ੁਰੂ ਕੀਤਾ ਹੋਇਆ ਹੈ, ਪਰ ਮੁਰੰਮਤ ਦੀ ਰਫ਼ਤਾਰ ਢਿੱਲੀ ਹੋਣ ਕਾਰਨ ਸਬੰਧਿਤ ਵਿਭਾਗ ਨੂੰ ਅਪੀਲਾਂ ਕੀਤੀਆਂ ਜਾ ਚੁੱਕੀਆਂ ਹਨ ਕਿ ਸੜਕ ਦੀ ਮੁਰੰਮਤ ਜਲਦ ਮੁਕੰਮਲ ਕੀਤੀ ਜਾਵੇ ਤਾਂ ਜੋ ਸ਼ਰਧਾਲੂਆਂ ਨੂੰ ਕਿਸੇ ਵੀ ਪ੍ਰਕਾਰ ਦੀ ਔਕੜ ਦਾ ਸਾਹਮਣਾ ਨਾ ਕਰਨਾ ਪਵੇ। ਠਾਕੁਰ ਰਵੀ ਗਾਂਧੀ ਨੇ ਕਿਹਾ ਕਿ ਮੰਦਿਰ ਕਮੇਟੀ ਵੱਲੋਂ ਸ਼ੁਰੂ ਕਰਵਾਈ ਗਈ ਸੜਕ ਦੀ ਸਫ਼ਾਈ ਵਿੱਚ ਇਲਾਕੇ ਦੇ ਵੱਖ-ਵੱਖ ਪਿੰਡਾਂ ਦੇ ਲੋਕਾਂ ਵਲੋਂ ਭਰਭੂਰ ਸਹਿਯੋਗ ਮਿਲ ਰਿਹਾ ਹੈ। ਇਸ ਮੌਕੇ ਤੇ ਬਾਪੂ ਗਾਂਧੀ ਰਾਮ, ਹਰਭਜਨ ਸਿੰਘ, ਹੀਰਾ ਲਾਲ, ਰਮਨਦੀਪ ਸਿੰਘ, ਇੰਦੂ ਭਾਟੀਆ, ਰਾਜਵਿੰਦਰ, ਹਰਦੀਪ ਸਾਬੀ, ਪੰਡਿਤ ਹੀਰਾ ਲਾਲ, ਮਨੋਜ ਕੁਮਾਰ, ਮਨਜੀਤ ਸਿੰਘ, ਦਿਲਬਾਗ ਕਾਜਲ, ਸੋਨੂੰ, ਦਲੀਪ ਸਿੰਘ, ਅਮਨ ਜਾਜਾ, ਇਸ਼ਾਂਤ ਡਡਵਾਲ, ਮਨਜੀਤ ਸਿੰਘ, ਬਿਮਲ, ਦਵਿੰਦਰ, ਅਤੇ ਧਰਮ ਪਾਲ ਤੋਂ ਇਲਾਵਾ ਹੋਰ ਹਾਜ਼ਰ ਸਨ।

# ਖੂਨਦਾਨ ਕੈਂਪ 'ਚ 107 ਯੂਨਿਟ ਖੂਨ ਇਕੱਤਰ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ?ਸਮਾਜ ਸੇਵਾ ਅਤੇ ਮਾਨਵਤਾ ਦੇ ਜਜ਼ਬੇ ਨੂੰ ਸਮਰਪਿਤ ਸੇਵਾ ਭਾਰਤੀ ਡੇਰਾਬੱਸੀ, ਭਾਰਤ ਵਿਕਾਸ ਪਰਿਸ਼ਦ ਅਤੇ ਸੰਸਕ੍ਰਿਤੀ ਸੰਗਠਨ (ਜੀ ਬੀ ਪੀ ਗਰੁੱਪ) ਵੱਲੋਂ ਐਤਵਾਰ ਨੂੰ ਸ੍ਰੀ ਰਾਮ ਮੰਦਰ ਵਿਖੇ ਇੱਕ ਵਿਸ਼ਾਲ



ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਵਿੱਚ ਇਲਾਕੇ ਦੇ ਨੌਜਵਾਨਾਂ ਅਤੇ ਸਮਾਜ ਸੇਵੀਆਂ ਨੇ ਭਾਰੀ ਉਤਸ਼ਾਹ ਨਾਲ ਹਿੱਸਾ ਲਿਆ। ਮੈਡੀਕਲ ਜਾਂਚ ਤੋਂ ਬਾਅਦ ਕੁੱਲ 130 ਸਵੈ-ਇੱਛੁਕਾਂ ਵਿੱਚੋਂ 107 ਯੂਨਿਟ ਖੂਨ ਇਕੱਤਰ ਕੀਤਾ ਗਿਆ, ਜੋ ਕਿ ਲੋੜਵੰਦ ਮਰੀਜ਼ਾਂ ਦੀ ਜਾਨ ਬਚਾਉਣ ਲਈ ਵਰਤਿਆ ਜਾਵੇਗਾ।ਸਰਕਾਰੀ ਹਸਪਤਾਲ ਸੈਕਟਰ-32, ਚੰਡੀਗੜ੍ਹ ਤੋਂ ਡਾ. ਅਸ਼ਮਿਤਾ ਦੀ ਅਗਵਾਈ ਹੇਠ ਪਹੁੰਚੀ ਵਿਸ਼ੇਸ਼ ਮੈਡੀਕਲ ਟੀਮ ਨੇ ਖ਼ੂਨ ਇਕੱਤਰ ਕਰਨ ਦੀ ਪੂਰੀ ਪ੍ਰਕਿਰਿਆ ਨੂੰ ਸੁਚੱਜੇ ਅਤੇ ਸੁਰੱਖਿਅਤ ਢੰਗ ਨਾਲ ਸੰਪੰਨ ਕਰਵਾਇਆ।ਕੈਂਪ ਦੀ ਮੁੱਖ ਵਿਸ਼ੇਸ਼ਤਾ ਡੇਰਾਬੱਸੀ ਦੇ ਜਾਣੇ-ਪਛਾਣੇ ਸਮਾਜ ਸੇਵੀ ਲਖਵਿੰਦਰ ਸਿੰਘ ਲੱਕੀ ਰਹੇ, ਜਿਨ੍ਹਾਂ ਨੇ ਆਪਣੇ ਜੀਵਨ ਦਾ 150ਵਾਂ ਖ਼ੂਨਦਾਨ ਕਰਕੇ ਸਮਾਜ ਲਈ ਇੱਕ ਅਨੋਖੀ ਮਿਸਾਲ ਕਾਇਮ ਕੀਤੀ। ਉਨ੍ਹਾਂ ਦੇ ਪਰਵਾਰਕ ਮੈਂਬਰਾਂ ਨੇ ਵੀ ਇਸ ਨੇਕ ਕਾਰਜ ਵਿੱਚ ਹਿੱਸਾ ਲੈਂਦਿਆਂ ਖ਼ੂਨਦਾਨ ਕੀਤਾ। ਸੇਵਾ ਭਾਰਤੀ ਦੇ ਪ੍ਰਧਾਨ ਡਾ. ਰਾਜੀਵ ਗੁਪਤਾ, ਭਾਰਤ ਵਿਕਾਸ ਪਰਿਸ਼ਦ ਦੇ ਹਿਤੇਂਦਰ ਮੋਹਨ ਅਤੇ ਸੰਸਕ੍ਰਿਤੀ ਸੰਗਠਨ ਦੇ ਅਰਵਿੰਦ ਕੁੰਡੂ ਨੇ ਦੱਸਿਆ ਕਿ ਇਸ ਸਾਂਝੇ ਉਪਰਾਲੇ ਦਾ ਮੁੱਖ ਮਕਸਦ ਹਸਪਤਾਲਾਂ ਵਿੱਚ ਖ਼ੂਨ ਦੀ ਕਮੀ ਨੂੰ ਦੂਰ ਕਰਨਾ ਅਤੇ ਆਮ ਲੋਕਾਂ ਨੂੰ ਖ਼ੂਨਦਾਨ ਪ੍ਰਤੀ ਜਾਗਰੂਕ ਕਰਨਾ ਹੈ। ?ਕੈਂਪ ਦੌਰਾਨ ਖ਼ੂਨਦਾਨੀਆਂ ਦੀ ਹੌਸਲਾ ਅਫ਼ਜ਼ਾਈ ਕਰਨ ਲਈ ਵੱਖ-ਵੱਖ ਰਾਜਨੀਤਿਕ ਅਤੇ ਸਮਾਜਿਕ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ ਜਿਨ੍ਹਾਂ ਵਿੱਚ ਕੁਲਜੀਤ ਸਿੰਘ ਰੰਧਾਵਾ (ਹਲਕਾ ਵਿਧਾਇਕ), ?ਐੱਨ ਕੇ ਸ਼ਰਮਾ (ਸਾਬਕਾ ਵਿਧਾਇਕ), ਦੀਪਇੰਦਰ ਸਿੰਘ ਢਿੱਲੋਂ (ਕਾਂਗਰਸ ਹਲਕਾ ਇੰਚਾਰਜ), ਗੁਰਦਰਸ਼ਨ ਸਿੰਘ ਸੈਣੀ (ਭਾਜਪਾ ਆਗੂ), ਐੱਸ ਐੱਮ ਐੱਸ ਸੰਧੂ ਅਤੇ ਮਨਪ੍ਰੀਤ ਸਿੰਘ ਬਨੀ ਸੰਧੂ, ਹਰਪ੍ਰੀਤ ਸਿੰਘ ਅਮਲਾਲਾ (ਵਾਰਸ ਪੰਜਾਬ ਪਾਰਟੀ) ?ਵਾਰਸ ਪੰਜਾਬ ਪਾਰਟੀ ਦੇ ਆਗੂ ਹਰਪ੍ਰੀਤ ਸਿੰਘ ਅਮਲਾਲਾ ਅਤੇ ਵਾਰਡ ਨੰਬਰ 6 ਦੇ ਕਾਂਗਰਸੀ ਕੌਂਸਲਰ ਮਨੀਸ਼ ਸੈਣੀ ਨੇ ਖੁਦ ਵੀ ਖ਼ੂਨਦਾਨ ਕਰਕੇ ਨੌਜਵਾਨਾਂ ਨੂੰ ਪ੍ਰੇਰਿਤ ਕੀਤਾ।ਪ੍ਰੋਗਰਾਮ ਦੇ ਅੰਤ ਵਿੱਚ ਪ੍ਰਬੰਧਕਾਂ ਵੱਲੋਂ ਸਾਰੇ ਖ਼ੂਨਦਾਨੀਆਂ ਅਤੇ ਸਹਿਯੋਗੀਆਂ ਨੂੰ ਪ੍ਰਸ਼ੰਸਾ ਪੱਤਰ ਅਤੇ ਯਾਦਗਾਰੀ ਚਿੰਨ੍ਹ (ਮੋਮੈਂਟੋ) ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

# ਨਸ਼ਾ ਮੁਕਤ ਯੁਵਾ ਵਿਕਸਿਤ ਭਾਰਤ ਮੁਹਿੰਮ ਤਹਿਤ ਜਾਗਰੂਕਤਾ ਪ੍ਰੋਗਰਾਮ


**ਆਦਮਪੁਰ (ਪਰਮਜੀਤ ਸਿੰਘ)**-ਪੂਜਨੀਕ ਸੰਤਾਂ ਦੇ ਆਸ਼ੀਰਵਾਦ ਨਾਲ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਖਿਆਲਾ ਵਿਖੇ ਭਾਰਤ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਨਸ਼ਾ ਮੁਕਤ ਯੁਵਾ ਵਿਕਸਿਤ ਭਾਰਤ ਸੰਕਲਪ ਅਭਿਆਨ ਤਹਿਤ ਇੱਕ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਸਮਾਗਮ ਵਿਚ ਮਾਨਯੋਗ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਆਨਲਾਈਨ ਸੰਬੋਧਨ ਰਿਹਾ ਜਿਸ ਵਿੱਚ ਉਨ੍ਹਾਂ ਨੇ ਦੇਸ਼ ਭਰ ਦੇ



ਨੌਜਵਾਨਾਂ ਨੂੰ ਨਸ਼ਿਆਂ ਦੀ ਲਾਹਨਤ ਤੋਂ ਦੂਰ ਰਹਿ ਕੇ ਇੱਕ ਮਜ਼ਬੂਤ ਅਤੇ ਸਮਰੱਥ ਭਾਰਤ ਦੇ ਨਿਰਮਾਣ ਵਿੱਚ ਆਪਣਾ ਯੋਗਦਾਨ ਪਾਉਣ ਦਾ ਸੱਦਾ ਦਿੱਤਾ। ਇਸ ਸਮਾਗਮ ਦਾ ਮੁੱਖ ਮਨੋਰਥ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰੱਖਣਾ ਅਤੇ ਇੱਕ ਸੁਚੱਜੇ ਤੇ ਵਿਕਸਿਤ ਭਾਰਤ ਦੇ ਨਿਰਮਾਣ ਵਿੱਚ ਉਨ੍ਹਾਂ ਦੀ ਭਾਗੀਦਾਰੀ ਯਕੀਨੀ ਬਣਾਉਣਾ ਸੀ।ਸਮਾਗਮ ਦੌਰਾਨ ਯੂਨੀਵਰਸਿਟੀ ਦੇ ਵਿਦਿਆਰਥੀਆਂ, ਫੈਕਲਟੀ ਮੈਂਬਰਾਂ ਅਤੇ ਸਟਾਫ ਨੇ ਇਕੱਠੇ ਹੋ ਕੇ ਸਹੁੰ ਚੁੱਕੀ ਅਤੇ ਦੇਸ਼ ਨੂੰ ਨਸ਼ਾ ਮੁਕਤ ਬਣਾਉਣ ਦਾ ਦ੍ਰਿੜ ਸੰਕਲਪ ਲਿਆ। ਪ੍ਰੋਗਰਾਮ ਵਿੱਚ ਵਿਦਿਆਰਥੀਆਂ ਨੂੰ ਮੇਰਾ ਭਾਰਤ ਪੋਰਟਲ 'ਤੇ ਰਜਿਸਟਰ ਕਰਨ ਅਤੇ ਵਲੰਟੀਅਰ ਵਜੋਂ ਦੇਸ਼ ਸੇਵਾ ਅਤੇ ਸਮਾਜਿਕ ਸੁਧਾਰ ਅਭਿਆਨਾਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ ਗਿਆ। ਯੂਨੀਵਰਸਿਟੀ ਦੇ ਬੁਲਾਰਿਆਂ ਨੇ ਨਸ਼ਿਆਂ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਪ੍ਰਭਾਵਾਂ 'ਤੇ ਚਾਨਣਾ ਪਾਇਆ।ਸੰਤ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੇਸ਼ ਨੂੰ ਨਸ਼ਾ-ਮੁਕਤ ਬਣਾਉਣ ਦੇ ਇਸ ਰਾਸ਼ਟਰੀ ਸੰਕਲਪ ਵਿੱਚ ਪੂਰਨ ਸਹਿਯੋਗ ਦੇਣ ਲਈ ਵਚਨਬੱਧ ਹੈ। ਇਸ ਸਮਾਗਮ ਵਿਚ ਰੂਪ ਸਿੰਘ (ਡਿਪਟੀ ਰਜਿਸਟਰਾਰ)ਡਾ. ਵਿਜੈ ਧੀਰ (ਡੀਨ ਅਕਾਦਮਿਕਸ), ਡਾ. ਮਨਦੀਪ ਸਿੰਘ (ਡੀਨ ਯੂ ਆਈ ਐੱਚ) ਅਤੇ ਪ੍ਰੋਫ਼ੈਸਰ ਸਹਿਬਾਨ ਹਾਜ਼ਰ ਸਨ।

# ਪ ਸ ਸ ਫ ਦੀ ਮੀਟਿੰਗ 5 ਨੂੰ

**ਜਲੰਧਰ (ਰਾਜੇਸ਼ ਥਾਪਾ)**-ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਵੱਲੋਂ 7 ਅਗਸਤ ਨੂੰ ਚੰਡੀਗੜ੍ਹ ਵਿਖੇ ਕੀਤੀ ਜਾ ਰਹੀ ਸੂਬਾ ਪੱਧਰੀ ਰੈਲੀ ਦੀ ਤਿਆਰੀਆਂ ਵਜੋਂ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਜ਼ਿਲ੍ਹਾ ਕਮੇਟੀ ਜਲੰਧਰ ਦੀ ਇੱਕ ਜ਼ਰੂਰੀ ਮੀਟਿੰਗ 5 ਅਗੱਸਤ ਦਿਨ ਬੁੱਧਵਾਰ ਨੂੰ 2:00 ਵਜੇ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕੀਤੀ ਜਾ ਰਹੀ ਹੈ।ਇਸ ਸੰਬੰਧੀ



ਜਾਣਕਾਰੀ ਦਿੰਦਿਆਂ ਪ ਸ ਸ ਫ ਦੇ ਜ਼ਿਲ੍ਹਾ ਪ੍ਰਧਾਨ ਪੁਸ਼ਪਿੰਦਰ ਕੁਮਾਰ ਵਿਰਦੀ,ਜਨਰਲ ਸਕੱਤਰ ਮਨੋਜ ਕੁਮਾਰ ਸਰੋਏ, ਕੈਸ਼ੀਅਰ ਓਮ ਪ੍ਰਕਾਸ਼ ਅਤੇ ਪ੍ਰੈਸ ਸਕੱਤਰ ਕਰਮਜੀਤ ਸਿੰਘ ਸੋਨੂ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਆਪਣੀਆਂ ਹੱਕੀ ਅਤੇ ਜਾਇਜ਼ ਮੰਗਾਂ ਨੂੰ ਮਨਵਾਉਣ ਲਈ 7 ਅਗਸਤ ਨੂੰ ਚੰਡੀਗੜ੍ਹ ਵਿਖੇ ਕੀਤੀ ਜਾ ਰਹੀ ਸੂਬਾ ਪੱਧਰੀ ਰੈਲੀ ਦੀਆਂ ਤਿਆਰੀਆਂ ਸੰਬੰਧੀ ਵਿਚਾਰ ਵਿਟਾਂਦਰਾ ਕੀਤਾ ਜਾਵੇਗਾ। ਮੀਟਿੰਗ ਵਿੱਚ ਮੁਲਾਜ਼ਮ ਲਹਿਰ ਪਰਚੇ ਅਤੇ ਪ ਸ ਸ ਫ ਦੇ ਲੰਬਾ ਸਮਾਂ ਰਹੇ ਸੂਬਾ ਜਨਰਲ ਸਕੱਤਰ ਸਵਰਗੀ ਸਾਥੀ ਵੇਦ ਪ੍ਰਕਾਸ਼ ਦੀ 23 ਅਗਸਤ ਨੂੰ ਨੂਰਪੁਰ ਬੇਦੀ ਜ਼ਿਲ੍ਹਾ ਰੋਪੜ ਵਿਖੇ ਮਨਾਈ ਜਾ ਰਹੀ ਦੂਸਰੀ ਬਰਸੀ ਸੰਬੰਧੀ ਵੀ ਵਿਚਾਰ ਵਟਾਂਦਰਾ ਕੀਤਾ ਜਾਵੇਗਾ।

# ਭੱਲੜੀ ਸਵਾਂ ਨਦੀ 'ਤੇ ਖਵਾਜਾ ਪੀਰ ਦਾ ਬੇੜਾ ਛੱਡਿਆ



**ਭਲਾਣ (ਹਰਭਜਨ ਢਿੱਲੋ)**-ਖਵਾਜਾ ਪੀਰ (ਜਿਨ੍ਹਾਂ ਨੂੰ ਖਵਾਜਾ ਖਿਜਰ ਵੀ ਕਿਹਾ ਜਾਂਦਾ ਹੈ ) ਦਾ ਦਲੀਆ ਵੰਡਣਾ ਪੰਜਾਬੀ ਸੱਭਿਆਚਾਰ ਤੇ ਲੋਕਧਾਰਾ ਦੀ ਇੱਕ ਬਹੁਤ ਪੁਰਾਣੀ ਅਤੇ ਪਵਿੱਤਰ ਰਵਾਇਤ ਹੈ। ਖਵਾਜਾ ਪੀਰ ਨੂੰ ਜਲ (ਪਾਣੀ) ਦੇ ਦੇਵਤਾ ਮੰਨਿਆ ਜਾਂਦਾ ਹੈ। ਇਸ ਰੀਤ ਤੇ ਇਸ ਦੇ ਮਹੱਤਵ ਨਾਲ ਜੁੜੇ ਲੋਕ ਅਕਸਰ ਬਰਸਾਤ ਦੇ ਦਿਨਾਂ ਵਿੱਚ ਸਵਾਂ ਨਦੀ, ਦਰਿਆ ਅਤੇ ਨਹਿਰਾਂ ਦੇ ਕੰਢਿਆਂ ਤੇ ਦਲੀਆ ਵੰਡਦੇ ਹਨ। ਇਸੇ ਤਰ੍ਹਾਂ ਇੱਥੋਂ ਨਜ਼ਦੀਕ ਪਿੰਡ ਭੱਲੜੀ ਦੇ ਲੋਕ ਪਿਛਲੇ ਲੰਮੇ ਸਮੇਂ ਤੋਂ ਹਰ ਸਾਲ ਸਵਾਂ ਨਦੀ ਉੱਤੇ ਬਰਸਾਤ ਦੇ ਦਿਨਾਂ ਵਿੱਚ ਦਲੀਆ ਵੰਡਦੇ ਹਨ। ਇਸ ਮੌਕੇ ਖਵਾਜਾ ਪੀਰ ਦਾ ਬੱਕਰਾ ਛੱਡਿਆ ਗਿਆ ਅਤੇ ਚਲਦੇ ਪਾਣੀ ਵਿੱਚ ਇੱਕ ਸੁੰਦਰ ਬੇੜਾ ਛੱਡਿਆ ਗਿਆ। ਇਸ ਮੌਕੇ ਸਾਰੇ ਪਿੰਡ ਵਾਸੀਆਂ ਨੂੰ ਸਵਾਂ ਨਦੀ ਦੇ ਨਜ਼ਦੀਕ ਦਲੀਆ ਵੰਡਿਆ ਗਿਆ। ਇਸ ਮੌਕੇ ਸਾਬਕਾ ਸੂਬੇਦਾਰ ਹਰਪਾਲ ਸਿੰਘ, ਬੰਤ ਸਿੰਘ ਸੈਣੀ, ਮਹਿੰਦਰ ਸਿੰਘ ਦਿਆਲ, ਏ ਐਸ ਆਈ ਹਰਜਾਪ ਸਿੰਘ ਭਾਲਤੂ, ਪ੍ਰੀਤਮ ਸਿੰਘ ਸੈਣੀ, ਸਤਨਾਮ ਸਿੰਘ। ਦੀਦਾਰ ਸਿੰਘ, ਸੁੱਚਾ ਸਿੰਘ ਸੈਣੀ, ਹਰਦੇਵ ਸਿੰਘ ਫੌਜੀ, ਭਾਗ ਸਿੰਘ ਝਾਂਗਰਾ, ਕਮਲ ਸਿੰਘ, ਬੰਤ ਸਿੰਘ ਰਾਮਗੜ੍ਹੀਆ ਤੋਂ ਇਲਾਵਾ ਪਿੰਡ ਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।